ਕੇਂਦਰ ਸਰਕਾਰ,
ਪੰਜਾਬ ਸਰਕਾਰ,
ਹਰਿਆਣਾ ਸਰਕਾਰ
ਤੋਂ ਹਰ ਤਰ੍ਹਾਂ ਦੇ ਸਰਕਾਰੀ ਇਸ਼ਤਿਹਾਰਾਂ ਲਈ ਮਨਜ਼ੂਰ। ਇਸ਼ਤਿਹਾਰ ਪ੍ਰਕਾਸ਼ਿਤ ਕਰਵਾਉਣ ਲਈ ਸੰਪਰਕ ਕਰੋ।
email: advtdeshpardesh.com

ਰੋਜ਼ਾਨਾ
# ਦੇਸ਼ ਪ੍ਰਦੇਸ਼
ਸੱਚੀ ਖ਼ਬਰ, ਸਹੀ ਡਗਰ, ਸਦਾ ਨਿਡਰ
ਪ੍ਰਕਾਸ਼ਨ ਦਾ 35ਵਾਂ ਸਾਲ
ਚੰਡੀਗੜ੍ਹ-ਹਰਿਆਣਾ ਐਡੀਸ਼ਨ
CHANDIGARH-HARYANA EDITION
Email - deshpardeshchd@gmail.com
ਮੁੱਖ ਸੰਪਾਦਕ
ਸ਼ਸ਼ੀ ਪਾਲ ਜੈਨ
Des Pardes


ਸੀਐਮ ਸੈਣੀ ਨੇ ਨਵੀਂ ਦਿੱਲੀ 'ਚ ਇੰਡਸਟਰੀਜ਼ ਤੇ ਵਪਾਰਕ ਸੰਗਠਨਾਂ ਦੇ ਨੁਮਾਇੰਦਿਆਂ ਨਾਲ ਕੀਤੀ ਮੀਟਿੰਗ 03

ਸਾਲ 1, ਅੰਕ 236 Ph (Mohali Office) : 0160-2990739; (M) : +91-98156-16078 ਸਨਿਚਰਵਾਰ, 23 ਮਈ 2026 ( 9 ਜੇਠ, ਨਾਨਕਸ਼ਾਹੀ ਸੰਮਤ 558 ) RNI NO. CHPUN/25/A1263. ਸਫ਼ੇ - 8 ਮੁੱਲ : ₹ 2

# ਪ੍ਰਧਾਨ ਮੰਤਰੀ ਮੋਦੀ ਦੀ ਸਾਈਪ੍ਰਸ ਦੇ ਰਾਸ਼ਟਰਪਤੀ ਨਾਲ ਮੁਲਾਕਾਤ

## ਸਮੇਂ ਦੀ ਪ੍ਰੀਖਿਆ 'ਤੇ ਖਰੇ ਉਤਰੇ ਸਬੰਧ : ਪੀਐਮ ਮੋਦੀ



**ਦੇਸ਼ ਪ੍ਰਦੇਸ਼** ਦਿੱਲੀ, 22 ਮਈ (ਦੇਸ਼ ਪ੍ਰਦੇਸ਼ ਬਿਊਰੋ) : ਭਾਰਤ ਅਤੇ ਸਾਈਪ੍ਰਸ ਵਿਚਾਲੇ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਸਾਈਪ੍ਰਸ ਦੇ ਰਾਸ਼ਟਰਪਤੀ ਨਿਕੋਸ ਕ੍ਰਿਸਟੋਡੌਲਾਈਡਸ ਨੇ ਸ਼ੁੱਕਰਵਾਰ ਨੂੰ ਨਵੀਂ ਦਿੱਲੀ ਦੇ ਹੈਦਰਾਬਾਦ ਹਾਊਸ ਵਿਖੇ ਦੁਵੱਲੀ ਗੱਲਬਾਤ ਕੀਤੀ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਦੋਵਾਂ ਦੇਸ਼ਾਂ ਵਿਚਕਾਰ ਦੋਸਤੀ ਨਾ ਸਿਰਫ਼ ਮਜ਼ਬੂਤ ਹੈ, ਸਗੋਂ ਭਵਿੱਖ ਦੀਆਂ ਜ਼ਰੂਰਤਾਂ ਅਤੇ ਮੌਕਿਆਂ ਨਾਲ ਵੀ ਜੁੜੀ ਹੋਈ ਹੈ। ਦੋਵਾਂ ਦੇਸ਼ਾਂ ਦੇ ਸੀਨੀਅਰ ਅਧਿਕਾਰੀ, ਜਿਨ੍ਹਾਂ ਵਿੱਚ ਵਿਦੇਸ਼ ਮੰਤਰੀ ਐਸ. ਜੈਸ਼ੰਕਰ, ਰਾਸ਼ਟਰੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਅਤੇ ਵਿਦੇਸ਼ ਸਕੱਤਰ ਵਿਕਰਮ ਮਿਸਰੀ ਸ਼ਾਮਲ ਹਨ, ਮੀਟਿੰਗ ਵਿੱਚ ਮੌਜੂਦ ਸਨ।

ਪ੍ਰਧਾਨ ਮੰਤਰੀ ਮੋਦੀ ਅਤੇ ਸਾਈਪ੍ਰਸ ਦੇ ਰਾਸ਼ਟਰਪਤੀ ਨੇ ਇੱਕ ਸਾਂਝੀ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕੀਤਾ। ਇਸ ਸਮਾਗਮ ਦੌਰਾਨ, ਪ੍ਰਧਾਨ ਮੰਤਰੀ ਮੋਦੀ ਨੇ ਟਿੱਪਣੀ ਕੀਤੀ ਕਿ ਦੋਵਾਂ ਦੇਸ਼ਾਂ ਵਿਚਕਾਰ ਸਬੰਧ ਵਾਰ-ਵਾਰ ਸਮੇਂ ਦੀ ਪਰੀਖਿਆ 'ਤੇ ਖਰੇ ਉਤਰੇ ਹਨ, ਅਤੇ ਹੁਣ ਇਸਨੂੰ ਇੱਕ ਨਵੀਂ ਦਿਸ਼ਾ ਦੇਣ ਲਈ ਇੱਕ ਰਣਨੀਤਕ ਭਾਈਵਾਲੀ ਦੇ ਪੱਧਰ ਤੱਕ ਉੱਚਾ ਚੁੱਕਿਆ ਜਾ ਰਿਹਾ ਹੈ।

ਰਾਸ਼ਟਰਪਤੀ ਨਿਕੋਸ ਕ੍ਰਿਸਟੋਡੌਲਾਈਡਸ ਅਤੇ ਉਨ੍ਹਾਂ ਦੇ ਵਫ਼ਦ ਦਾ ਭਾਰਤ ਵਿੱਚ ਸਵਾਗਤ ਕਰਦੇ ਹੋਏ, ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਭਾਰਤ ਪਿਛਲੇ ਸਾਲ ਸਾਈਪ੍ਰਸ ਦੀ ਆਪਣੀ ਯਾਤਰਾ ਦੌਰਾਨ ਮਿਲੇ ਨਿੱਘੇ ਸਵਾਗਤ ਅਤੇ ਸਨਮਾਨ ਨੂੰ ਕਦੇ ਨਹੀਂ ਭੁੱਲੇਗਾ। ਉਨ੍ਹਾਂ ਅੱਗੇ ਕਿਹਾ ਕਿ ਸਾਈਪ੍ਰਸ ਦੁਆਰਾ ਉਨ੍ਹਾਂ ਨੂੰ ਦਿੱਤਾ ਗਿਆ ਸਰਵਉੱਚ ਨਾਗਰਿਕ ਸਨਮਾਨ ਭਾਰਤ ਨੂੰ ਦਿੱਤੇ ਗਏ ਸਤਿਕਾਰ ਅਤੇ ਦੋਵਾਂ ਦੇਸ਼ਾਂ ਵਿਚਕਾਰ ਡੂੰਘੇ ਸਬੰਧਾਂ ਦਾ ਪ੍ਰਤੀਕ ਹੈ।

ਪ੍ਰਧਾਨ ਮੰਤਰੀ ਮੋਦੀ ਨੇ ਇਸ ਗੱਲ ਦੀ ਪੁਸ਼ਟੀ ਕੀਤੀ ਕਿ ਭਾਰਤ ਅਤੇ ਸਾਈਪ੍ਰਸ ਵਿਚਕਾਰ ਭਾਈਵਾਲੀ ਲੋਕਤੰਤਰ, ਕਾਨੂੰਨ ਦਾ ਰਾਜ, ਅਤੇ ਪ੍ਰਭੂਸੱਤਾ ਅਤੇ ਖੇਤਰੀ ਅਖੰਡਤਾ ਦੇ ਸਤਿਕਾਰ ਵਰਗੇ ਸਾਂਝੇ ਮੁੱਲਾਂ 'ਤੇ ਟਿਕੀ ਹੋਈ ਹੈ। ਉਨ੍ਹਾਂ ਸਪੱਸ਼ਟ ਤੌਰ 'ਤੇ ਕਿਹਾ ਕਿ ਭਾਰਤ ਹਮੇਸ਼ਾ ਇਨ੍ਹਾਂ ਸਿਧਾਂਤਾਂ ਪ੍ਰਤੀ ਪੂਰੀ ਤਰ੍ਹਾਂ ਵਚਨਬੱਧ ਰਹੇਗਾ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਪਿਛਲੇ ਦਹਾਕੇ ਦੌਰਾਨ, ਸਾਈਪ੍ਰਸ ਤੋਂ ਭਾਰਤ ਵਿੱਚ ਨਿਵੇਸ਼ ਲਗਭਗ ਦੁੱਗਣਾ ਹੋ ਗਿਆ ਹੈ - ਇੱਕ ਰੁਝਾਨ ਜੋ ਦੋਵਾਂ ਦੇਸ਼ਾਂ ਵਿਚਕਾਰ ਵਧ ਰਹੇ ਆਪਸੀ ਵਿਸ਼ਵਾਸ ਨੂੰ ਦਰਸਾਉਂਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਬਾਕੀ ਸਫ਼ਾ 7 'ਤੇ

# ਸਾਈਪ੍ਰਸ ਸਰਹੱਦ ਪਾਰ ਅੱਤਵਾਦ ਵਿਰੁੱਧ ਭਾਰਤ ਦੇ ਰੁਖ਼ ਦਾ ਸਮਰਥਨ ਕਰਦੈ

## ਦੋਵਾਂ ਦੇਸ਼ਾਂ ਵਿਚਕਾਰ ਛੇ ਸਮਝੌਤਿਆਂ 'ਤੇ ਦਸਤਖ਼ਤ



**ਦੇਸ਼ ਪ੍ਰਦੇਸ਼** ਦਿੱਲੀ, 22 ਮਈ (ਦੇਸ਼ ਪ੍ਰਦੇਸ਼ ਬਿਊਰੋ) : ਸਾਈਪ੍ਰਸ ਦੇ ਰਾਸ਼ਟਰਪਤੀ ਨਿਕੋਸ ਕ੍ਰਿਸਟੋਡੂਲਾਈਡਜ਼ ਇਸ ਸਮੇਂ ਭਾਰਤ ਦੇ ਦੌਰੇ 'ਤੇ ਹਨ। ਅੱਜ ਉਨ੍ਹਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਮੁਲਾਕਾਤ ਕੀਤੀ। ਇਸ ਮੁਲਾਕਾਤ ਦੌਰਾਨ ਦੋਵਾਂ ਨੇਤਾਵਾਂ ਨੇ ਦੁਵੱਲੇ ਸਬੰਧਾਂ 'ਤੇ ਚਰਚਾ ਕੀਤੀ। ਇਸ ਦੌਰਾਨ, ਵਿਦੇਸ਼ ਮੰਤਰਾਲੇ ਦੇ ਸਕੱਤਰ (ਪੱਛਮ) ਸਿਬੀ ਜਾਰਜ ਨੇ ਇੱਕ ਬਿਆਨ ਜਾਰੀ ਕੀਤਾ। ਇਸ ਵਿੱਚ, ਉਨ੍ਹਾਂ ਕਿਹਾ, 'ਸਾਈਪ੍ਰਸ ਨੇ ਸਰਹੱਦ ਪਾਰ ਅੱਤਵਾਦ ਵਿਰੁੱਧ ਲੜਾਈ ਵਿੱਚ ਭਾਰਤ ਦਾ ਲਗਾਤਾਰ ਸਮਰਥਨ ਕੀਤਾ ਹੈ।' ਉਨ੍ਹਾਂ ਅੱਗੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਅਤੇ ਸਾਈਪ੍ਰਸ ਦੇ ਰਾਸ਼ਟਰਪਤੀ ਨੇ ਅੱਜ ਹੈਦਰਾਬਾਦ ਹਾਊਸ ਵਿਖੇ ਆਪਣੀ ਮੁਲਾਕਾਤ ਦੌਰਾਨ ਵਿਆਪਕ ਚਰਚਾ ਕੀਤੀ। ਚਰਚਾਵਾਂ ਵਪਾਰ ਅਤੇ ਨਿਵੇਸ਼, ਰੱਖਿਆ, ਸਮੁੰਦਰੀ ਸੁਰੱਖਿਆ, ਵਿੱਤੀ ਸੰਪਰਕ, ਤਕਨਾਲੋਜੀ ਅਤੇ ਨਵੀਨਤਾ, ਗਤੀਸ਼ੀਲਤਾ, ਸਿੱਖਿਆ, ਸੱਭਿਆਚਾਰ ਅਤੇ ਭਾਰਤ-ਯੂਰਪੀ ਸੰਘ ਸਬੰਧਾਂ ਦੇ ਖੇਤਰਾਂ ਵਿੱਚ ਸਹਿਯੋਗ ਵਧਾਉਣ 'ਤੇ ਕੇਂਦ੍ਰਿਤ ਸਨ। ਦੋਵਾਂ ਨੇਤਾਵਾਂ ਨੇ ਸਰਹੱਦ ਪਾਰ ਅੱਤਵਾਦ ਸਮੇਤ ਅੱਤਵਾਦ ਦੇ ਸਾਰੇ ਰੂਪਾਂ ਅਤੇ ਪ੍ਰਗਟਾਵੇ ਦਾ ਮੁਕਾਬਲਾ ਕਰਨ ਲਈ ਆਪਣੀ ਵਚਨਬੱਧਤਾ ਦੁਹਰਾਈ। 'ਇਹ ਦੌਰਾ ਭਾਰਤ-ਸਾਈਪ੍ਰਸ ਸਬੰਧਾਂ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਹੈ, ਕਿਉਂਕਿ ਦੋਵਾਂ ਨੇਤਾਵਾਂ ਨੇ ਆਪਣੇ ਦੁਵੱਲੇ ਸਬੰਧਾਂ ਨੂੰ ਰਣਨੀਤਕ ਭਾਈਵਾਲੀ ਦੇ ਪੱਧਰ ਤੱਕ ਉੱਚਾ ਚੁੱਕਣ ਦਾ ਫੈਸਲਾ ਕੀਤਾ ਹੈ।' ਦੋਵਾਂ ਆਗੂਆਂ ਨੇ ਪਿਛਲੇ ਸਾਲ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਦੇ ਨਾਲ-ਨਾਲ ਲਾਲ ਕਿਲ੍ਹੇ ਨੇੜੇ ਹੋਈ ਅੱਤਵਾਦੀ ਘਟਨਾ ਦੀ ਸਖ਼ਤ ਨਿੰਦਾ ਕੀਤੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਨ੍ਹਾਂ ਹਮਲਿਆਂ ਲਈ ਜ਼ਿੰਮੇਵਾਰ ਲੋਕਾਂ ਨੂੰ ਬਾਕੀ ਸਫ਼ਾ 7 'ਤੇ

# ਅਮਿਤ ਸ਼ਾਹ ਨੇ 'ਸਮਾਰਟ ਬਾਰਡਰ' ਪ੍ਰੋਜੈਕਟ ਦਾ ਐਲਾਨ ਕੀਤਾ

## ਘੁਸਪੈਠੀਆਂ ਨੂੰ ਬਾਹਰ ਕੱਢਣ ਲਈ ਜ਼ੀਰੋ-ਟੌਲਰੈਂਸ ਨੀਤੀ ਅਪਣਾਏਗੀ ਸਰਕਾਰ



**ਦੇਸ਼ ਪ੍ਰਦੇਸ਼** ਦਿੱਲੀ, 22 ਮਈ (ਦੇਸ਼ ਪ੍ਰਦੇਸ਼ ਬਿਊਰੋ) : ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਐਲਾਨ ਕੀਤਾ ਕਿ ਸਰਕਾਰ ਸਰਹੱਦ ਪਾਰੋਂ ਘੁਸਪੈਠ ਪ੍ਰਤੀ ਜ਼ੀਰੋ-ਟੌਲਰੈਂਸ ਨੀਤੀ ਅਪਣਾਏਗੀ। ਉਨ੍ਹਾਂ ਕਿਹਾ ਕਿ ਦੇਸ਼ ਦੀਆਂ ਸਰਹੱਦਾਂ ਨੂੰ ਸੀਲ ਕਰਨ ਅਤੇ ਸਾਰੇ ਗੈਰ-ਕਾਨੂੰਨੀ ਪ੍ਰਵਾਸੀਆਂ ਨੂੰ ਦੇਸ਼ ਨਿਕਾਲਾ ਦੇਣ ਲਈ ਇਸ ਸਾਲ ਇੱਕ ਵਿਆਪਕ 'ਸਮਾਰਟ ਬਾਰਡਰ' ਪ੍ਰੋਜੈਕਟ ਸ਼ੁਰੂ ਕੀਤਾ ਜਾਵੇਗਾ। ਸ਼ਾਹ ਨੇ ਜ਼ੋਰ ਦੇ ਕੇ ਕਿਹਾ ਕਿ ਗੈਰ-ਕਾਨੂੰਨੀ ਪ੍ਰਵਾਸ ਇੱਕ ਗਿਣੀ-ਮਿਥੀ ਸਾਜ਼ਿਸ਼ ਹੈ ਜੋ ਜਨਸੰਖਿਆ ਵਿੱਚ ਤਬਦੀਲੀਆਂ ਲਿਆਉਣ ਲਈ ਬਣਾਈ ਗਈ ਹੈ, ਅਤੇ ਸਰਕਾਰ ਹਰ ਇੱਕ ਘੁਸਪੈਠੀਏ ਦੀ ਪਛਾਣ ਕਰਕੇ ਉਸਨੂੰ ਦੇਸ਼ ਨਿਕਾਲਾ ਦੇਵੇਗੀ। ਸ਼ਾਹ ਨੇ ਇਹ ਟਿੱਪਣੀਆਂ ਵਿਗਿਆਨ ਭਵਨ ਵਿਖੇ ਸੀਮਾ ਸੁਰੱਖਿਆ ਬਲ ਦੇ ਨਿਵੇਸ਼ ਸਮਾਰੋਹ 2026 ਨੂੰ ਸੰਬੋਧਨ ਕਰਦਿਆਂ ਕੀਤੀਆਂ। ਗ੍ਰਹਿ ਮੰਤਰਾਲਾ ਦੇਸ਼ ਦੀਆਂ 6,000 ਕਿਲੋਮੀਟਰ ਲੰਬੀਆਂ ਅੰਤਰਰਾਸ਼ਟਰੀ ਸਰਹੱਦਾਂ ਦੇ ਨਾਲ ਇੱਕ ਅਦੁੱਤੀ ਸੁਰੱਖਿਆ ਗਰਿੱਡ ਲਾਗੂ ਕਰੇਗਾ। ਉਨ੍ਹਾਂ ਐਲਾਨ ਕੀਤਾ ਕਿ ਅਗਲੇ ਸਾਲ ਦੇ ਅੰਦਰ, 'ਸਮਾਰਟ ਬਾਰਡਰ' ਸੰਕਲਪ ਦੇ ਤਹਿਤ, ਬੀਐਸਐਫ ਨੂੰ ਡਰੋਨ, ਰਾਡਾਰ ਅਤੇ ਉੱਨਤ ਕੈਮਰੇ ਸਮੇਤ ਆਧੁਨਿਕ ਤਕਨਾਲੋਜੀ ਨਾਲ ਲੈਸ ਕੀਤਾ ਜਾਵੇਗਾ। ਗ੍ਰਹਿ ਮੰਤਰੀ ਨੇ ਬੀਐਸਐਫ ਨੂੰ ਘੁਸਪੈਠ ਅਤੇ ਪਸ਼ੂ ਤਸਕਰੀ ਲਈ ਵਰਤੇ ਜਾਣ ਵਾਲੇ ਰਸਤਿਆਂ ਦੀ ਪਛਾਣ ਕਰਨ ਅਤੇ ਰੋਕਣ ਲਈ ਰਾਜ ਪੁਲਿਸ, ਜ਼ਿਲ੍ਹਾ ਕੁਲੈਕਟਰਾਂ ਅਤੇ ਪਿੰਡ ਬਾਕੀ ਸਫ਼ਾ 7 'ਤੇ

# ਸੀਐਮ ਸੈਣੀ ਨੇ ਜਾਪਾਨ ਦੇ ਨਿਵੇਸ਼ਕਾਂ ਨੂੰ ਦਿੱਤਾ ਪ੍ਰਦੇਸ਼ 'ਚ ਪਾਰਟਨਰਸ਼ਿਪ ਦਾ ਸੱਦਾ

## ਸੀਐਮ ਨਾਇਬ ਸਿੰਘ ਸੈਣੀ ਨੇ ਨਵੀਂ ਦਿੱਲੀ ਵਿੱਚ ਇੰਡੋ ਜਾਪਾਨ ਕਾਨਕਲੇਵ ਨੂੰ ਕੀਤਾ ਸੰਬੋਧਿਤ





**ਦੇਸ਼ ਪ੍ਰਦੇਸ਼** ਚੰਡੀਗੜ੍ਹ, 22 ਮਈ (ਦੇਸ਼ ਪ੍ਰਦੇਸ਼ ਬਿਊਰੋ) : ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਭਾਰਤ ਅਤੇ ਜਾਪਾਨ ਦੇ ਵਿਚਕਾਰ ਸਾਲਾਂ ਤੋਂ ਮਜ਼ਬੂਤ ਰਣਨੀਤਕ ਅਤੇ ਆਰਥਿਕ ਸਾਝੇਦਾਰੀ ਰਹੀ ਹੈ। ਨੈਕਸਟ ਜਨਰੇਸ਼ਨ ਇੰਡਸਟਰੀਅਲ ਈਕੋਸਿਸਟਮ ਤਿਆਰ ਕਰਨ ਲਈ ਜਾਪਾਨ ਦੇ ਨਾਲ ਮਿਲ ਕੇ ਰੇਸੀਲੀਐਂਟ ਸਪਲਾਈ ਚੇਨਜ਼ ਬਣ ਸਕਦੀਆਂ ਹਨ ਜਿਸ ਨਾਲ ਸਮਾਰਟਰ, ਗ੍ਰੀਨਰ ਅਤੇ ਖੁਸ਼ਹਾਲ ਭਵਿੱਖ ਦਾ ਨਿਰਮਾਣ ਹੋਵੇਗਾ। ਮੁੱਖ ਮੰਤਰੀ ਨੇ ਇਹ ਗੱਲ ਸ਼ੁੱਕਰਵਾਰ ਨੂੰ ਨਵੀਂ ਦਿੱਲੀ ਵਿੱਚ ਆਯੋਜਿਤ ਇੰਡੋ-ਜਾਪਾਨ ਕਾਨਕਲੇਵ ਵਿੱਚ ਆਪਣੇ ਸੰਬੋਧਨ ਦੌਰਾਨ ਕਹੀ। ਹਰਿਆਣਾ ਦੇ ਉਦਯੋਗ ਅਤੇ ਵਣਜ ਮੰਤਰੀ ਰਾਓ ਨਰਬੀਰ ਸਿੰਘ ਵੀ ਪ੍ਰੋਗਰਾਮ ਵਿੱਚ ਮੌਜੂਦ ਰਹੇ। ਨਾਇਬ ਸਿੰਘ ਸੈਣੀ ਨੇ ਸੰਮੇਲਨ ਵਿੱਚ ਪਹੁੰਚੇ ਜਾਪਾਨ ਦੇ ਨਿਵੇਸ਼ਕਾਂ ਨੂੰ ਹਰਿਆਣਾ ਦੇ ਨਾਲ ਪਾਰਟਨਰਸ਼ਿਪ ਕਰਨ ਦਾ ਸੱਦਾ ਦਿੱਤਾ। ਇਹ ਪਾਰਟਨਰਸ਼ਿਪ ਨਵੀਨਤਾ, ਨਿਰਮਾਣ, ਤਕਨਾਲੋਜੀ, ਸਥਿਰਤਾ ਅਤੇ ਭਵਿੱਖ ਲਈ ਹੋਵੇਗੀ। ਉਨ੍ਹਾਂ ਕਿਹਾ ਕਿ ਦੇਸ਼ ਦੇ ਵੱਖ-ਵੱਖ ਪ੍ਰਮੁੱਖ ਵਿਕਾਸ ਪ੍ਰੋਜੈਕਟਾਂ ਵਿੱਚ ਜਾਪਾਨ ਦੀ ਉੱਨਤ ਤਕਨੀਕ ਅਤੇ ਸਹਿਯੋਗ ਮਹੱਤਵਪੂਰਨ ਭੂਮਿਕਾ ਨਿਭਾ ਰਹੇ ਹਨ। ਉਨ੍ਹਾਂ ਕਿਹਾ ਕਿ ਜੇਕਰ ਭਾਰਤ-ਜਾਪਾਨ ਸਾਝੇਦਾਰੀ ਦਾ ਸਭ ਤੋਂ ਜੀਵੰਤ ਅਤੇ ਸਫਲ ਮਾਡਲ ਕਿਸੇ ਰਾਜ ਵਿੱਚ ਦਿਖਾਈ ਦਿੰਦਾ ਹੈ, ਤਾਂ ਉਹ ਹਰਿਆਣਾ ਹੈ, ਜਿੱਥੇ ਜਾਪਾਨੀ ਨਿਵੇਸ਼, ਉਦਯੋਗਿਕ ਵਿਕਾਸ ਅਤੇ ਤਕਨੀਕੀ ਸਹਿਯੋਗ ਨੇ ਵਿਕਾਸ ਨੂੰ ਨਵੀਂ ਗਤੀ ਦਿੱਤੀ ਹੈ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਾਨਕਲੇਵ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਹਰਿਆਣਾ ਭਾਰਤ ਵਿੱਚ ਜਾਪਾਨੀ ਉਦਯੋਗਾਂ ਦਾ ਸਭ ਤੋਂ ਵੱਡਾ ਕੇਂਦਰ ਬਣ ਚੁੱਕਾ ਹੈ। ਪ੍ਰਦੇਸ਼ ਵਿੱਚ ਲਗਭਗ 394 ਜਾਪਾਨੀ ਉਦਯੋਗ ਅਤੇ 600 ਤੋਂ ਵੱਧ ਜਾਪਾਨੀ ਵਪਾਰਕ ਅਦਾਰੇ ਕਾਰਜਸ਼ੀਲ ਹਨ। ਇੰਨਾ ਹੀ ਨਹੀਂ, ਭਾਰਤ-ਜਾਪਾਨ ਦੀ ਇਹ ਸਾਝੇਦਾਰੀ ਲਗਾਤਾਰ ਹੋਰ ਮਜ਼ਬੂਤ ਹੋ ਰਹੀ ਹੈ। ਮੁੱਖ ਮੰਤਰੀ ਨੇ ਪਿਛਲੇ ਸਾਲ ਅਕਤੂਬਰ ਵਿੱਚ ਆਪਣੀ ਜਾਪਾਨ ਯਾਤਰਾ ਦਾ ਜ਼ਿਕਰ ਕਰਦਿਆਂ ਕਿਹਾ ਕਿ ਉਸ ਦੌਰਾਨ ਜਾਪਾਨੀ ਕੰਪਨੀਆਂ ਤੋਂ ਬਹੁਤ ਹੀ ਸਕਾਰਾਤਮਕ ਬਾਕੀ ਸਫ਼ਾ 7 'ਤੇ

# ਦਿੱਲੀ ਦੇ ਅਫ਼ਸਰਾਂ ਵਲੋਂ ਗੁਰਦਾਸਪੁਰ 'ਚ ਛਾਪਾ, 34 ਤੋਤੇ ਬਰਾਮਦ, ਪਰਚਾ ਦਰਜ਼



**ਦੇਸ਼ ਪ੍ਰਦੇਸ਼** ਗੁਰਦਾਸਪੁਰ, 22 ਮਈ (ਗੁਲਸ਼ਨ ਰਣੀਆਂ) : ਜੰਗਲੀ ਜੀਵ ਵਿਭਾਗ ਦੀ ਦਿੱਲੀ ਤੋਂ ਆਈ ਇਕ ਸਪੈਸ਼ਲ ਟੀਮ ਨੇ ਗੁਪਤ ਸੂਚਨਾ ਦੇ ਅਧਾਰ ਤੇ ਪੁਲਿਸ ਸਹਾਇਤਾ ਦੇ ਨਾਲ ਗੁਰਦਾਸਪੁਰ ਦੇ ਸੰਗਲਪੁਰਾ ਰੋਡ ਵਿਖੇ ਸਥਿਤ ਇੱਕ ਘਰ ਵਿੱਚ ਰੇਡ ਕਰਕੇ 34 ਦੇ ਕਰੀਬ ਤੋਤੇ ਬਰਾਮਦ ਕੀਤੇ ਹਨ ਅਤੇ ਵੱਖ-ਵੱਖ ਧਰਾਵਾਂ ਤਹਿਤ ਘਰ ਦੇ ਮਾਲਕ ਰਜਿੰਦਰ ਕੁਮਾਰ ਦੇ ਉੱਪਰ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਅਨੁਸਾਰ ਵਾਇਲਡ ਲਾਈਫ ਪ੍ਰੋਟੈਕਸ਼ਨ ਦੇ ਅਧਿਕਾਰੀ ਸਾਹਿਲ ਸ਼ਰਮਾ ਵਿਸ਼ੇਸ਼ ਤੌਰ ਤੇ ਦਿੱਲੀ ਤੋਂ ਇੱਕ ਗੁਪਤ ਸੂਚਨਾ ਦੇ ਅਧਾਰ ਤੇ ਇਸ ਕਾਰਵਾਈ ਨੂੰ ਸਿਰੇ ਚਾੜਨ ਲਈ ਗੁਰਦਾਸਪੁਰ ਪਹੁੰਚੇ ਸਨ ਜਿੱਥੇ ਉਹਨਾਂ ਨੇ ਵਾਈਲਡ ਆਫ ਬਾਕੀ ਸਫ਼ਾ 7 'ਤੇ

# ਅਵਾਰਾ ਕੁੱਤਿਆਂ ਬਾਰੇ ਸੁਪਰੀਮ ਕੋਰਟ ਦੇ ਹੁਕਮਾਂ ਨੂੰ ਪੰਜਾਬ ਸਰਕਾਰ ਪੂਰੇ ਸੂਬੇ ਵਿੱਚ ਇਨ-ਬਿਨ ਲਾਗੂ ਕਰੇਗੀ : ਸੀਐਮ ਮਾਨ



**ਦੇਸ਼ ਪ੍ਰਦੇਸ਼** ਚੰਡੀਗੜ੍ਹ, 22 ਮਈ (ਦੇਸ਼ ਪ੍ਰਦੇਸ਼ ਬਿਊਰੋ) : ਪੰਜਾਬ ਦੇ ਕਈ ਹਿੱਸਿਆਂ ਵਿੱਚ ਅਵਾਰਾ ਕੁੱਤਿਆਂ ਦੇ ਹਮਲਿਆਂ ਦੀਆਂ ਵਧਦੀਆਂ ਘਟਨਾਵਾਂ ਬਾਰੇ ਵਧਦੀਆਂ ਚਿੰਤਾਵਾਂ ਵਿਚਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਪੰਜਾਬ ਸਰਕਾਰ, ਲੋਕਾਂ ਦੀ ਸੁਰੱਖਿਆ ਦੇ ਨਾਲ-ਨਾਲ ਜਾਨਵਰਾਂ ਦੀ ਸਾਂਭ-ਸੰਭਾਲ ਨੂੰ ਯਕੀਨੀ ਬਣਾਉਂਦੇ ਹੋਏ ਅਵਾਰਾ ਕੁੱਤਿਆਂ ਬਾਰੇ ਸੁਪਰੀਮ ਕੋਰਟ ਦੇ ਨਿਰਦੇਸ਼ਾਂ ਨੂੰ ਇੰਨ-ਬਿੰਨ ਲਾਗੂ ਕਰੇਗੀ। ਬੱਚਿਆਂ, ਬਜ਼ੁਰਗਾਂ ਅਤੇ ਪਰਿਵਾਰਾਂ ਨੂੰ ਜਨਤਕ ਥਾਵਾਂ 'ਤੇ ਬਿਨਾਂ ਕਿਸੇ ਡਰ ਤੋਂ ਘੁੰਮਣ-ਫਿਰਨ ਦੇ ਯੋਗ ਬਣਾਉਣ ਲਈ ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਅਵਾਰਾ ਕੁੱਤਿਆਂ ਨੂੰ ਵੱਧ ਭੀੜ-ਭੜੱਕੇ ਵਾਲੀਆਂ ਥਾਵਾਂ ਤੋਂ ਤਬਦੀਲ ਕੀਤਾ ਜਾਵੇਗਾ ਅਤੇ ਉਨ੍ਹਾਂ ਦੀ ਸਹੀ ਦੇਖਭਾਲ ਲਈ ਲੋੜੀਂਦੇ ਆਸਰਾ ਘਰ ਬਣਾਏ ਅਤੇ ਚਲਾਏ ਜਾਣਗੇ। ਉਨ੍ਹਾਂ ਮਨੁੱਖੀ ਜਾਨਾਂ ਤੇ ਜਾਨਵਰਾਂ ਦੀ ਭਲਾਈ ਦੋਵਾਂ ਦੀ ਸੁਰੱਖਿਆ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਦੁਹਰਾਈ। ਸੁਪਰੀਮ ਕੋਰਟ ਵੱਲੋਂ 19 ਮਈ 2026 ਨੂੰ ਜਾਰੀ ਕੀਤੇ ਗਏ ਨਿਰਦੇਸ਼ਾਂ ਦਾ ਹਵਾਲਾ ਦਿੰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਭਰ ਵਿੱਚ ਇਨ੍ਹਾਂ ਹੁਕਮਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣ ਲਈ ਪਹਿਲਾਂ ਹੀ ਲੋੜੀਂਦੇ ਨਿਰਦੇਸ਼ ਜਾਰੀ ਕਰ ਦਿੱਤੇ ਹਨ। ਉਨ੍ਹਾਂ ਅੱਗੇ ਕਿਹਾ, "ਸੁਪਰੀਮ ਕੋਰਟ ਦੇ ਨਿਰਦੇਸ਼ਾਂ ਅਨੁਸਾਰ, ਬਾਕੀ ਸਫ਼ਾ 7 'ਤੇ

# ਪੰਜਾਬ ਦੇ ਸਰਕਾਰੀ ਦਫ਼ਤਰਾਂ ਤੇ ਸਾਰੇ ਸਕੂਲਾਂ ਦਾ ਬਦਲਿਆ ਸਮਾਂ



ਚੰਡੀਗੜ੍ਹ, 22 ਮਈ (ਦੇਸ਼ ਪ੍ਰਦੇਸ਼ ਬਿਊਰੋ) : ਪੰਜਾਬ ਵਿੱਚ ਲਗਾਤਾਰ ਵਧ ਰਹੀ ਭਿਆਨਕ ਗਰਮੀ ਅਤੇ ਲੂ ਦੇ ਪ੍ਰਕੋਪ ਨੂੰ ਦੇਖਦੇ ਹੋਏ ਸੂਬਾ ਸਰਕਾਰ ਨੇ ਇੱਕ ਬਹੁਤ ਹੀ ਅਹਿਮ ਫੈਸਲਾ ਲਿਆ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ ਐਲਾਨ ਕੀਤਾ ਹੈ ਕਿ ਜਨਤਾ ਅਤੇ ਮੁਲਾਜ਼ਮਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਆਉਣ ਵਾਲੇ ਸੋਮਵਾਰ ਯਾਨੀ 25 ਮਈ ਤੋਂ ਸੂਬੇ ਦੇ ਸਾਰੇ ਸਰਕਾਰੀ ਦਫ਼ਤਰਾਂ ਅਤੇ ਸਕੂਲਾਂ ਦਾ ਸਮਾਂ ਪੂਰੀ ਤਰ੍ਹਾਂ ਬਦਲ ਦਿੱਤਾ ਜਾਵੇਗਾ। ਮੁੱਖ ਮੰਤਰੀ ਦਫ਼ਤਰ ਵੱਲੋਂ ਜਾਰੀ ਜਾਣਕਾਰੀ ਅਨੁਸਾਰ, 25 ਮਈ ਤੋਂ ਬਾਕੀ ਸਫ਼ਾ 7 'ਤੇ

# ਨੈਸ਼ਨਲ ਹਾਈਵੇ 'ਤੇ ਟੂਰਿਸਟ ਬੱਸ ਪਲਟੀ, ਪਿੱਛੋਂ ਆ ਵੱਜੀਆਂ ਤਿੰਨ ਚਾਰ ਗੱਡੀਆਂ



ਗੁਰਦਾਸਪੁਰ, 22 ਮਈ (ਗੁਲਸ਼ਨ ਕੁਮਾਰ ਰਣੀਆਂ) : ਜਿਲਾ ਗੁਰਦਾਸਪੁਰ ਦੇ ਪਿੰਡ ਕਲੇਰ ਖੁਰਦ ਦੇ ਨਜ਼ਦੀਕ ਪਠਾਨਕੋਟ ਨੈਸ਼ਨਲ ਹਾਈਵੇ ਤੇ ਵੱਡਾ ਸੜਕ ਹਾਦਸਾ ਹੋਇਆ ਹੈ ਜਿੱਥੇ ਇੱਕ ਟੂਰਿਸਟ ਬੱਸ ਪਲਟਨ ਕਾਰਨ ਪਿੱਛੋਂ ਆ ਕੇ ਉਸਦੇ ਵਿੱਚ ਤਿੰਨ ਚਾਰ ਗੱਡੀਆਂ ਆ ਟਕਰਾਈਆਂ। ਦੁਰਘਟਨਾ ਵਿੱਚ ਤਿੰਨ ਵਿਦਿਆਰਥੀਆਂ ਦੀ ਮੌਤ ਹੋਣ ਦੀ ਖਬਰ ਹੈ ਜਦਕਿ ਪੰਜ ਹੋਰ ਜ਼ਖਮੀ ਦੱਸੇ ਜਾ ਰਹੇ ਹਨ। ਦੱਸਿਆ ਜਾ ਰਿਹਾ ਹੈ ਕਿ ਬੱਸ ਦਾ ਸੰਤੁਲਨ ਵਿਗੜਨ ਕਾਰਨ ਇਹ ਹਾਦਸਾ ਵਾਪਰਿਆ ਬੱਸ ਪਲਟਣ ਤੋਂ ਬਾਅਦ ਬਾਕੀ ਸਫ਼ਾ 7 'ਤੇ

# ਹਰ ਪੱਖੋਂ ਗਿਆਨਵਾਨ, ਅਕਾਲੀ ਦਲ ਪ੍ਰਤੀ ਵਫਾਦਾਰ ਤੇ ਲੋਕ ਸੇਵਾ ਨੂੰ ਸਮਰਪਿਤ ਸ਼ਖਸੀਅਤ ਸਨ ਜਥੇ: ਤੋਤਾ ਸਿੰਘ : ਸੁਖਬੀਰ ਸਿੰਘ ਬਾਦਲ



**ਦੇਸ਼ ਪ੍ਰਦੇਸ਼** ਧਰਮਕੋਟ, 22 ਮਈ (ਜਗਰਾਜ ਸਿੰਘ ਸੰਘਾ) : ਸ਼੍ਰੋਮਣੀ ਅਕਾਲੀ ਦਲ ਦੇ ਰੌਸ਼ਨ ਦਿਮਾਗ, ਪੰਥ ਦੀ ਸਿਰਮੌਰ ਸਖਸ਼ੀਅਤ ਸਾਬਕਾ ਮੰਤਰੀ ਜਥੇ. ਤੋਤਾ ਸਿੰਘ ਦੀ ਚੌਥੀ ਬਰਸੀ ਗੁਰਦੁਆਰਾ ਹਜ਼ੂਰ ਸਾਹਿਬ ਨੇੜੇ ਧਰਮਕੋਟ ਵਿਖੇ ਸ਼ਰਧਾ ਪੂਰਵਕ ਅਤੇ ਸੰਗਤਾਂ ਦੇ ਵੱਡੇ ਇਕੱਠ 'ਚ ਮਨਾਈ ਗਈ ਹਰ ਪਿੰਡ 'ਚੋਂ ਲੋਕ ਵਹੀਰਾਂ ਘੱਤ ਕੇ ਸ਼ਰਧਾਂਜਲੀ ਸਮਾਗਮ 'ਚ ਪਹੁੰਚੇ। ਅੱਜ ਦੇ ਇਕੱਠ ਨੇ ਜਿੱਥੇ ਬਰਜਿੰਦਰ ਸਿੰਘ ਬਰਾੜ ਹਲਕਾ ਇੰਚਾਰਜ ਦਾ ਹੌਸਲਾ ਵਧਾਇਆ ਉਥੇ ਆਪਣੇ ਮਹਿਬੂਬ ਨੇਤਾ ਨੂੰ ਯਾਦ ਵੀ ਕੀਤਾ। ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਜਥੇ ਵੱਲੋਂ ਕੀਰਤਨ ਕੀਤਾ ਗਿਆ। ਜਥੇਦਾਰ ਤੋਤਾ ਸਿੰਘ ਨਮਿੱਤ ਅਰਦਾਸ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਮੁੱਖ ਅਰਦਾਸੀਏ ਭਾਈ ਪ੍ਰੇਮ ਸਿੰਘ ਜੀ ਨੇ ਕੀਤੀ। ਸਮਾਗਮ 'ਚ ਬਾਬਾ ਮੰਗਾ ਸਿੰਘ ਜੀ ਹਜ਼ੂਰ ਸਾਹਿਬ ਵਾਲਿਆਂ ਨੇ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਬਰਜਿੰਦਰ ਸਿੰਘ ਬਰਾੜ ਹਲਕਾ ਇੰਚਾਰਜ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਨਿਹਾਲ ਸਿੰਘ ਭੁੱਲਰ ਜ਼ਿਲ੍ਹਾ ਪ੍ਰਧਾਨ ਨੇ ਸ਼ਰਧਾਂਜਲੀ ਸਮਾਗਮ ਦੀ ਮੰਚ ਦਾ ਸੰਚਾਲਨ ਕੀਤਾ। ਸ਼ਰਧਾਂਜਲੀ ਸਮਾਗਮ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਸਾਬਕਾ ਉੱਪ ਮੁੱਖ ਮੰਤਰੀ ਪੰਜਾਬ ਨੇ ਜਥੇਦਾਰ ਤੋਤਾ ਸਿੰਘ ਨੂੰ ਯਾਦ ਕਰਦਿਆਂ ਕਿਹਾ ਕਿ ਉਹਨਾਂ ਦੀਆਂ ਕੌਮ ਪ੍ਰਤੀ ਸੇਵਾਵਾਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਜਥੇਦਾਰ ਤੋਤਾ ਸਿੰਘ ਇੱਕ ਧਾਰਮਿਕ ਸੋਚ ਵਾਲੇ ਰਾਜਨੀਤਿਕ ਆਗੂ ਅਤੇ ਲੋਕ ਸੇਵਾ ਨੂੰ ਸਮਰਪਿਤ ਸ਼ਖ਼ਸੀਅਤ ਸਨ। ਉਹਨਾਂ ਕਿਹਾ ਕਿ ਅੱਜ ਉਹਨਾਂ ਦਾ ਪਰਿਵਾਰ ਵੀ ਉਹਨਾਂ ਦੇ ਨਕਸ਼ੇ ਕਦਮਾਂ 'ਤੇ ਚੱਲਦਿਆਂ ਸ਼੍ਰੋਮਣੀ ਅਕਾਲੀ ਦਲ ਦੀ ਸੇਵਾ ਕਰਨ ਦੇ ਨਾਲ ਨਾਲ ਹਲਕਾ ਬਾਕੀ ਸਫ਼ਾ 7 'ਤੇ



# ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਗੁਰਦੇਵ ਹਸਪਤਾਲ ਵਿੱਚ ਵੱਖ-ਵੱਖ ਬਿਮਾਰੀਆਂ ਦਾ ਇਲਾਜ ਸ਼ੁਰੂ

**• ਹੁਣ ਲੋਕਾਂ ਨੂੰ ਵੱਖ-ਵੱਖ ਬਿਮਾਰੀਆਂ ਦਾ ਇਲਾਜ ਮਿਲੇਗਾ ਮੁਫਤ ਚ: ਡਾਕਟਰ ਗੁਰਦੇਵ**

ਨੂਰਪੁਰਬੇਦੀ 22 ਮਈ (ਮਨਦੀਪ ਬਾਲੀ) ਨੂਰਪੁਰਬੇਦੀ ਇਲਾਕੇ ਦੇ ਪ੍ਰਮੁੱਖ ਸਿਹਤ ਕੇਂਦਰ ਗੁਰਦੇਵ ਹਸਪਤਾਲ ਵੱਲੋਂ ਲੋਕਾਂ ਨੂੰ ਆਧੁਨਿਕ ਅਤੇ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੇ ਮੰਤਵ ਨਾਲ ਕਈ ਨਵੀਆਂ ਮੈਡੀਕਲ ਸੇਵਾਵਾਂ ਦੀ ਸ਼ੁਰੂਆਤ ਕੀਤੀ ਗਈ ਹੈ। ਹਸਪਤਾਲ ਦੇ ਐਮ.ਡੀ. ਡਾਕਟਰ ਗੁਰਦੇਵ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਲਾਕੇ ਦੇ ਲੋਕਾਂ ਨੂੰ ਵੱਡੇ ਸ਼ਹਿਰਾਂ ਵਿੱਚ ਇਲਾਜ ਲਈ ਭਟਕਣਾ ਨਾ ਪਵੇ, ਇਸ ਲਈ ਗੁਰਦੇਵ ਹਸਪਤਾਲ ਵਿੱਚ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਤਹਿਤ ਵੱਖ-ਵੱਖ ਬਿਮਾਰੀਆਂ ਦੇ ਇਲਾਜ ਲਈ ਮਾਹਿਰ ਡਾਕਟਰਾਂ ਅਤੇ ਆਧੁਨਿਕ ਮਸ਼ੀਨਾਂ ਨਾਲ ਸੇਵਾਵਾਂ ਸ਼ੁਰੂ ਕੀਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਹਸਪਤਾਲ ਵਿੱਚ ਹੁਣ ਨਵਜੰਮੇ ਬੱਚਿਆਂ ਦੇ ਇਲਾਜ ਲਈ ਵਿਸ਼ੇਸ਼ ਸਹੂਲਤਾਂ ਉਪਲਬਧ ਹਨ, ਜਿੱਥੇ ਵੈਂਟੀਲੇਟਰ ਸਮੇਤ ਹੋਰ ਜ਼ਰੂਰੀ ਸਾਜ਼-ਸਾਮਾਨ ਦੀ ਸਹੂਲਤ ਦਿੱਤੀ ਗਈ ਹੈ। ਇਸ ਤੋਂ ਇਲਾਵਾ ਹੱਡੀਆਂ ਦੇ ਰੋਗ, ਪਿੱਤੇ ਅਤੇ ਗੁਰਦੇ ਦੀ ਪੱਥਰੀ, ਗਲੈਂਡ ਅਤੇ ਥਾਇਰਾਇਡ ਨਾਲ ਸੰਬੰਧਿਤ ਬਿਮਾਰੀਆਂ, ਪੇਟ ਅਤੇ ਅੰਤੜੀਆਂ ਦੇ ਰੋਗਾਂ ਦਾ ਇਲਾਜ ਵੀ ਤਜਰਬੇਕਾਰ ਡਾਕਟਰਾਂ ਦੀ ਦੇਖਰੇਖ ਹੇਠ ਕੀਤਾ ਜਾ ਰਿਹਾ ਹੈ। ਡਾਕਟਰ ਗੁਰਦੇਵ ਸਿੰਘ ਨੇ ਦੱਸਿਆ ਕਿ ਹਸਪਤਾਲ ਵਿੱਚ ਬਵਾਸੀਰ, ਕੁਲ੍ਹਿਆਂ ਅਤੇ ਗੋਡਿਆਂ ਦੀਆਂ ਸਮੱਸਿਆਵਾਂ, ਨੱਕ-ਕੰਨ-ਗਲਾ ਰੋਗਾਂ ਦਾ ਇਲਾਜ, ਕੈਂਸਰ ਦੀ ਕੀਮੋਥੈਰੇਪੀ ਅਤੇ ਸਕਰੀਨਿੰਗ, ਰੀੜ੍ਹ ਦੀ ਹੱਡੀ ਨਾਲ ਸੰਬੰਧਿਤ ਬਿਮਾਰੀਆਂ, ਦਿਲ ਦੇ ਰੋਗ ਅਤੇ ਦਿਲ ਦੀ ਜਾਂਚ ਲਈ ਵੀ ਖਾਸ ਵਿਭਾਗ ਬਣਾਏ ਗਏ ਹਨ। ਇਸ ਦੇ ਨਾਲ ਹੀ ਡਾਇਲਿਸਿਸ ਦੀ ਸਹੂਲਤ ਵੀ ਸ਼ੁਰੂ ਕੀਤੀ ਗਈ ਹੈ ਤਾਂ ਜੋ ਗੁਰਦੇ ਦੇ ਮਰੀਜ਼ਾਂ ਨੂੰ ਸਮੇਂ ਸਿਰ ਇਲਾਜ ਮਿਲ ਸਕੇ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਹਸਪਤਾਲ ਵਿੱਚ ਵੱਖ-ਵੱਖ ਗੰਭੀਰ ਬਿਮਾਰੀਆਂ ਦਾ ਇਲਾਜ ਮੁਫਤ ਕੀਤਾ ਜਾ ਰਿਹਾ ਹੈ, ਜਿਸ ਨਾਲ ਆਰਥਿਕ ਤੌਰ 'ਤੇ ਕਮਜ਼ੋਰ ਅਤੇ ਲੋੜਵੰਦ ਮਰੀਜ਼ਾਂ ਨੂੰ ਵੱਡੀ ਰਾਹਤ ਮਿਲ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀ ਇਸ ਯੋਜਨਾ ਦਾ ਵੱਧ ਤੋਂ ਵੱਧ ਲਾਭ ਲੋਕਾਂ ਤੱਕ ਪਹੁੰਚਾਉਣ ਲਈ ਹਸਪਤਾਲ ਵੱਲੋਂ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਹੋਰ ਦੱਸਿਆ ਕਿ ਔਰਤਾਂ ਨਾਲ ਸੰਬੰਧਿਤ ਹਰ ਕਿਸਮ ਦੀਆਂ ਬਿਮਾਰੀਆਂ ਦਾ ਇਲਾਜ, ਗਰਭ ਅਵਸਥਾ ਸੰਬੰਧੀ ਦੇਖਭਾਲ ਅਤੇ ਪਲਾਸਟਿਕ ਸਰਜਰੀ ਦੀਆਂ ਸੇਵਾਵਾਂ ਵੀ ਹਸਪਤਾਲ ਵਿੱਚ ਉਪਲਬਧ ਹਨ। ਹਸਪਤਾਲ ਪ੍ਰਬੰਧਕਾਂ ਵੱਲੋਂ ਐਮਰਜੈਂਸੀ ਮਰੀਜ਼ਾਂ ਲਈ 24 ਘੰਟੇ ਸੇਵਾਵਾਂ ਯਕੀਨੀ ਬਣਾਈਆਂ ਗਈਆਂ ਹਨ। ਡਾਕਟਰ ਗੁਰਦੇਵ ਸਿੰਘ ਨੇ ਕਿਹਾ ਕਿ ਗੁਰਦੇਵ ਹਸਪਤਾਲ ਦਾ ਮੁੱਖ ਉਦੇਸ਼ ਇਲਾਕੇ ਦੇ ਲੋਕਾਂ ਨੂੰ ਇੱਕ ਹੀ ਛੱਤ ਹੇਠ ਉੱਚ ਪੱਧਰੀ ਅਤੇ ਸਸਤਾ ਇਲਾਜ ਮੁਹੱਈਆ ਕਰਵਾਉਣਾ ਹੈ ਤਾਂ ਜੋ ਹਰ ਵਰਗ ਦੇ ਲੋਕ ਆਧੁਨਿਕ ਸਿਹਤ ਸੇਵਾਵਾਂ ਦਾ ਲਾਭ ਲੈ ਸਕਣ।



## ਇੱਕ ਨਜ਼ਰ...

### ਵਿਦੇਸ਼ਾਂ ਦੇ ਵਿੱਚ ਪਾਰਟੀ ਪ੍ਰਤੀ ਪ੍ਰਚਾਰ ਕਰਨ ਉਪਰੰਤ ਵਾਪਸ ਪਰਤੇ ਅਕਾਲੀ ਆਗੂ ਦਿੱਲੋਂ ਦਾ ਅਕਾਲੀ ਜਥਾ ਸ਼ਹਿਰੀ ਵੱਲੋਂ ਕੀਤਾ ਗਿਆ ਸਨਮਾਨ

**ਪਰਵਾਸੀ ਪੰਜਾਬੀਆਂ ਨੇ ਪੰਜਾਬ ਦੇ ਭਵਿੱਖ ਨੂੰ ਲੈ ਕੇ ਜਤਾਈ ਚਿੰਤਾ-ਢਿੱਲੋਂ**



ਸਰਬਜੀਤ ਸੂਫੀ ਲੁਧਿਆਣਾ, - ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਰਣਜੀਤ ਸਿੰਘ ਢਿੱਲੋਂ ਆਪਣੇ ਕਰੀਬ ਦੋ ਮਹੀਨਿਆਂ ਦੇ ਵਿਦੇਸ਼ੀ ਦੌਰੇ ਤੋਂ ਵਾਪਸ ਪੰਜਾਬ ਪਰਤਣ ਤੇ ਅਕਾਲੀ ਜੱਥਾ ਸ਼ਹਿਰੀ ਵੱਲੋਂ ਗਰਮ ਜੋਸ਼ੀ ਦੇ ਨਾਲ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ ਗਿਆ। ਗੱਲਬਾਤ ਦੌਰਾਨ ਰਣਜੀਤ ਢਿੱਲੋਂ ਨੇ ਦੱਸਿਆ ਕਿ ਕਨੇਡਾ ਦੇ ਵਿੱਚ ਗੱਲ ਪੰਜਾਬ ਦੀ ਪ੍ਰੋਗਰਾਮ ਦੇ ਤਹਿਤ ਕਨੇਡਾ ਦੇ ਵੱਖ-ਵੱਖ ਸ਼ਹਿਰਾਂ ਵਿੱਚ ਪੰਜਾਬੀਆਂ ਨਾਲ ਹੋਈਆਂ ਮੁਲਾਕਾਤਾਂ ਅਤੇ ਵਿਚਾਰਾਂ ਦੌਰਾਨ ਪੰਜਾਬ ਦੇ ਮੌਜੂਦਾ ਹਾਲਾਤ, ਨੌਜਵਾਨਾਂ ਦੇ ਭਵਿੱਖ, ਖੇਤੀਬਾੜੀ, ਪੰਜਾਬੀ ਭਾਸ਼ਾ ਅਤੇ ਸੱਭਿਆਚਾਰ ਵਰਗੇ ਅਹਿਮ ਮੁੱਦਿਆਂ ਉੱਤੇ ਖੁੱਲ੍ਹ ਕੇ ਚਰਚਾ ਹੋਈ। ਉਨ੍ਹਾਂ ਦੱਸਿਆ ਕਿ ਦੌਰੇ ਦੌਰਾਨ ਉਨ੍ਹਾਂ ਨੇ ਕੈਨੇਡਾ ਦੇ ਵੱਖ-ਵੱਖ ਸ਼ਹਿਰਾਂ ਵਿੱਚ ਵਸਦੇ ਪੰਜਾਬੀ ਭਾਈਚਾਰੇ ਨਾਲ ਸੰਪਰਕ ਕਰਕੇ ਸ਼੍ਰੋਮਣੀ ਅਕਾਲੀ ਦਲ ਦੀ ਵਿਚਾਰਧਾਰਾ ਅਤੇ ਪੰਜਾਬ ਦੇ ਹੱਕਾਂ ਲਈ ਪਾਰਟੀ ਵੱਲੋਂ ਕੀਤੇ ਜਾ ਰਹੇ ਸੰਘਰਸ਼ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਕੈਨੇਡਾ ਵਿੱਚ ਹੋਈਆਂ ਮੀਟਿੰਗਾਂ ਦੌਰਾਨ ਬਹੁਤ ਸਾਰੇ ਲੋਕਾਂ ਨੇ ਪੰਜਾਬ ਦੀ ਮੌਜੂਦਾ ਰਾਜਨੀਤਿਕ ਅਤੇ ਸਮਾਜਿਕ ਸਥਿਤੀ ਨੂੰ ਲੈ ਕੇ ਚਿੰਤਾ ਜ਼ਾਹਿਰ ਕੀਤੀ ਅਤੇ ਕਿਹਾ ਕਿ ਪੰਜਾਬ ਦੀ ਵਿਲੱਖਣ ਪਹਿਚਾਣ, ਸੱਭਿਆਚਾਰ ਅਤੇ ਪੰਥਕ ਮੁੱਲਾਂ ਦੀ ਰਾਖੀ ਲਈ ਮਜ਼ਬੂਤ ਖੇਤਰੀ ਸੋਚ ਦੀ ਲੋੜ ਹੈ। ਉਨ੍ਹਾਂ ਦੱਸਿਆ ਕਿ ਉੱਥੇ ਦੇ ਪੰਜਾਬੀਆਂ ਦਾ ਮੰਨਣਾ ਹੈ ਕਿ ਪੰਜਾਬ ਦੇ ਮੁੱਦਿਆਂ ਦਾ ਹੱਲ ਪੰਜਾਬ ਦੀ ਧਰਤੀ ਨਾਲ ਜੁੜੀਆਂ ਤਾਕਤਾਂ ਹੀ ਕਰ ਸਕਦੀਆਂ ਹਨ। ਢਿੱਲੋਂ ਨੇ ਕਿਹਾ ਕਿ ਕੈਨੇਡਾ ਵਿੱਚ ਵਸਿਹੋਏ ਪੰਜਾਬੀਆਂ ਨੇ ਸ਼੍ਰੋਮਣੀ ਅਕਾਲੀ ਦਲ ਦੇ ਇਤਿਹਾਸਕ ਯੋਗਦਾਨ ਨੂੰ ਯਾਦ ਕਰਦਿਆਂ ਕਿਹਾ ਕਿ ਪਾਰਟੀ ਨੇ ਹਮੇਸ਼ਾ ਪੰਜਾਬ, ਪੰਜਾਬੀਅਤ ਅਤੇ ਪੰਥ ਦੀ ਆਵਾਜ਼ ਨੂੰ ਬੁਲੰਦ ਕੀਤਾ ਹੈ। ਉਨ੍ਹਾਂ ਕਿਹਾ ਕਿ ਵਿਦੇਸ਼ਾਂ ਵਿੱਚ ਵਸਦੇ ਪੰਜਾਬੀ ਚਾਹੁੰਦੇ ਹਨ ਕਿ ਪੰਜਾਬ ਮੁੜ ਵਿਕਾਸ, ਅਮਨ ਅਤੇ ਖੁਸ਼ਹਾਲੀ ਦੇ ਰਾਹ ਉੱਤੇ ਅੱਗੇ ਵਧੇ ਅਤੇ ਨੌਜਵਾਨਾਂ ਨੂੰ ਆਪਣੇ ਸੂਬੇ ਵਿੱਚ ਹੀ ਬਿਹਤਰ ਮੌਕੇ ਮਿਲਣ। ਰਣਜੀਤ ਸਿੰਘ ਢਿੱਲੋਂ ਨੇ ਕਿਹਾ ਕਿ ਵਿਦੇਸ਼ ਦੌਰੇ ਦੌਰਾਨ ਮਿਲੇ ਪਿਆਰ, ਸਤਿਕਾਰ ਅਤੇ ਸਮਰਥਨ ਨੇ ਉਨ੍ਹਾਂ ਨੂੰ ਹੋਰ ਉਤਸ਼ਾਹਿਤ ਕੀਤਾ ਹੈ। ਉਨ੍ਹਾਂ ਕਿਹਾ ਕਿ ਉਹ ਪੰਜਾਬ ਵਿੱਚ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਅਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਹੋਰ ਵੱਧ ਤਨਦੇਹੀ ਨਾਲ ਕੰਮ ਕਰਨਗੇ। ਉਨ੍ਹਾਂ ਇਹ ਵੀ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੇ ਲੋਕਾਂ ਦੀਆਂ ਭਾਵਨਾਵਾਂ ਅਤੇ ਹੱਕਾਂ ਦੀ ਰਾਖੀ ਲਈ ਵਚਨਬੱਧ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਪਾਰਟੀ ਨੂੰ ਹੋਰ ਮਜ਼ਬੂਤ ਬਣਾਉਣ ਲਈ ਜਨ ਆਧਾਰ ਨੂੰ ਵਿਸ਼ਾਲ ਕੀਤਾ ਜਾਵੇਗਾ।

### ਘੱਟ ਖਰਚ ਵੱਧ ਮੁਨਾਫਾ : ਬੱਕਰੀ ਪਾਲਨ ਪ੍ਰਤੀ ਕਿਸਾਨਾਂ ਵਿੱਚ ਉਤਸ਼ਾਹ

ਬਠਿੰਡਾ, 22 ਮਈ (ਰਾਣਾ ਸ਼ਰਮਾ): ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਬਠਿੰਡਾ ਵਿਖੇ ਪੇਂਡੂ ਨੌਜਵਾਨਾਂ, ਕਿਸਾਨਾਂ ਅਤੇ ਕਿਸਾਨ ਬੀਬੀਆਂ ਲਈ ਮਿਤੀ 18 ਮਈ ਤੋਂ 22 ਮਈ 2026 ਤੱਕ ਪੰਜ ਦਿਨਾਂ ਦਾ ਹੁਨਰ ਵਿਕਾਸ ਸਿਖਲਾਈ ਕੋਰਸ ਡਾ. ਗੁਰਦੀਪ ਸਿੰਘ ਸਿੱਧੂ, ਉਪ ਨਿਰਦੇਸ਼ਕ (ਸਿਖਲਾਈ) ਦੀ ਅਗਵਾਈ ਹੇਠ ਲਗਾਇਆ ਗਿਆ। ਜਿਸ ਵਿੱਚ ਬਠਿੰਡਾ ਜ਼ਿਲ੍ਹੇ ਦੇ ਕੁੱਲ 37 ਸਿੱਖਿਆਰਥੀਆਂ ਨੇ ਭਾਗ ਲਿਆ ਜਿਨ੍ਹਾਂ ਵਿਚ ਚਾਰ ਕਿਸਾਨ ਬੀਬੀਆਂ ਵੀ ਸ਼ਾਮਿਲ ਸਨ। ਇਸ ਮੌਕੇ ਡਾ. ਗੁਰਦੀਪ ਸਿੰਘ ਸਿੱਧੂ ਨੇ ਨੌਜਵਾਨਾਂ ਨੂੰ ਬੱਕਰੀ ਪਾਲਣ ਦੇ ਕਿੱਤੇ ਨੂੰ ਵਿਗਿਆਨਕ ਢੰਗ ਨਾਲ ਕਰਨ ਅਤੇ ਵਪਾਰਕ ਪੱਧਰ ਤੇ ਅਪਣਾਉਣ ਲਈ ਪ੍ਰੇਰਿਤ ਕੀਤਾ। ਉਹਨਾਂ ਨੇ ਸਿੱਖਿਆਰਥੀਆਂ ਨੂੰ ਕ੍ਰਿਸ਼ੀ ਵਿਗਿਆਨ ਕੇਂਦਰ ਦੀਆਂ ਸੇਵਾਵਾਂ ਅਤੇ ਉਦੇਸ਼ ਬਾਰੇ ਜਾਣਕਾਰੀ ਦਿੱਤੀ। ਉਹਨਾਂ ਨੇ ਉੱਦਮੀ ਕਿਸਾਨਾਂ ਦਾ ਉਦਾਹਰਣਾਂ ਦੇ ਕੇ ਸਿੱਖਿਆਰਥੀਆਂ ਦਾ ਮਨੋਬਲ ਵਧਾਇਆ। ਡਾ. ਗੁਰਲਾਲ ਸਿੰਘ ਗਿੱਲ ਸਹਾਇਕ ਪ੍ਰੋਫੈਸਰ (ਪਸ਼ੂ ਵਿਗਿਆਨ), ਕੇ.ਵੀ.ਕੇ ਬਠਿੰਡਾ ਨੇ ਬੱਕਰੀਆਂ ਦੀਆਂ ਵੱਖ-ਵੱਖ ਪ੍ਰਜਾਤੀਆਂ ਦੀ ਵਿਗਿਆਨਕ ਢੰਗ ਨਾਲ ਸਾਂਭ ਸੰਭਾਲ ਕਰਨ ਦੇ ਨੁਕਤੇ ਦੱਸੇ। ਉਹਨਾਂ ਦੱਸਿਆ ਕਿ ਬੱਕਰੀ ਪਾਲਣ ਨੂੰ ਲਾਹੇਵੰਦ ਬਣਾਉਣ ਲਈ ਚੰਗੀ ਨਸਲ ਦੇ ਪਸ਼ੂ, ਘੱਟ ਲਾਗਤ ਵਾਲੀ ਸੰਤੁਲਿਤ ਖੁਰਾਕ ਅਤੇ ਬਿਮਾਰੀਆਂ ਤੋਂ ਬਚਾਅ ਬਹੁਤ ਜ਼ਰੂਰੀ ਹੈ। ਇਸ ਤੋਂ ਇਲਾਵਾ ਮੌਸਮੀ ਪ੍ਰਬੰਧਨ, ਟੀਕਾਕਰਨ, ਬਿਮਾਰੀਆਂ ਅਤੇ ਉਨ੍ਹਾਂ ਦੀ ਰੋਕਥਾਮ ਬਾਰੇ ਵੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੇ ਦੱਸਿਆ ਕਿ ਸਿਧਾਂਤਕ ਗਿਆਨ ਤੋਂ ਇਲਾਵਾ ਬੱਕਰੀਆਂ ਦੇ ਸੰਭਾਲ ਬਾਰੇ ਵਿਹਾਰਕ ਸਿਖਲਾਈ, ਤਾਪਮਾਨ ਨੂੰ ਮਾਪਣ, ਤੰਦਰੁਸਤ ਜਾਨਵਰਾਂ ਦੀ ਪਛਾਣ, ਦੰਦ ਦੇਖ ਕੇ ਉਮਰ ਨਿਰਧਾਰਨ ਅਤੇ ਖੁਰਲੀ ਬਾਰੇ ਜਾਣਕਾਰੀ ਵੀ ਸਿੱਖਿਆਰਥੀਆਂ ਨੂੰ ਪ੍ਰਦਾਨ ਕੀਤੀ ਗਈ। ਇਸ ਸਿਖਲਾਈ ਕੋਰਸ ਨੂੰ ਪ੍ਰਭਾਵਸ਼ਾਲੀ ਬਣਾਉਣ ਲਈ ਵੱਖ-ਵੱਖ ਵਿਸ਼ਿਆਂ ਦੇ ਮਾਹਿਰਾਂ ਦਾ ਸਹਿਯੋਗ ਲਿਆ ਗਿਆ, ਜਿਸ ਵਿੱਚ ਡਾ. ਗੁਰਪ੍ਰੀਤ ਕੌਰ, ਵੈਟਨਰੀ ਅਫ਼ਸਰ, ਵੈਟਨਰੀ ਪੌਲੀਟੈਕਨਿਕ ਅਤੇ ਖੇਤਰੀ ਖੋਜ ਸਿਖਲਾਈ ਕੇਂਦਰ, ਕਾਲਝਰਾਣੀ ਨੇ ਆਪਣੇ ਭਾਸ਼ਣ ਵਿੱਚ ਬੱਕਰੀਆਂ ਲਈ ਅਰਧਅਧਾਰਿਤ ਸ਼ੈਡ ਦੀ ਬਣਾਵਟ, ਕਿਸਮਾਂ ਅਤੇ ਬੱਕਰੀਆਂ ਦੇ ਪ੍ਰਬੰਧਨ ਬਾਰੇ ਜਾਣਕਾਰੀ ਦਿੱਤੀ। ਡਾ. ਸੰਦੀਪ ਸਿੰਘ ਧਾਲੀਵਾਲ, ਸਹਾਇਕ ਪ੍ਰੋਫੈਸਰ, ਕਾਲਜ ਆਫ ਵੈਟਰਨਰੀ ਸਾਇੰਸ, ਰਾਮਪੁਰਾ ਫੂਲ ਨੇ ਸਿੱਖਿਆਰਥੀਆਂ ਨੂੰ ਬੱਕਰੀ ਉਤਪਾਦ ਮੀਟ, ਦੁੱਧ ਦੀ ਗੁਣਵੱਤਾ ਵਧਾਉਣ ਬਾਰੇ ਜਾਣਕਾਰੀ ਦਿੰਦੇ ਹੋਏ ਵਧੇਰੇ ਆਮਦਨ ਲਈ ਇਸ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ। ਇਸ ਸਿਖਲਾਈ ਕੋਰਸ ਦੌਰਾਨ ਸਿੱਖਿਆਰਥੀਆਂ ਨੂੰ ਬੱਕਰੀ ਬ੍ਰੀਡਿੰਗ ਫਾਰਮ ਵੈਟਰਨਰੀ ਪੌਲੀਟੈਕਨਿਕ ਅਤੇ ਖੇਤਰੀ ਖੋਜ ਸਿਖਲਾਈ ਕੇਂਦਰ, ਕਾਲਝਰਾਣੀ ਦਾ ਦੌਰਾ ਵੀ ਕਰਵਾਇਆ ਗਿਆ, ਇਸ ਦੌਰੇ ਦੌਰਾਨ ਡਾ. ਰਾਮ ਪਾਲ ਮਿੱਤਲ, ਪ੍ਰਿੰਸੀਪਲ ਕਮ ਸੰਯੁਕਤ ਨਿਰਦੇਸ਼ਕ ਨੇ ਸਿੱਖਿਆਰਥੀਆਂ ਦਾ ਬੱਕਰੀ ਪਾਲਣ ਕਿੱਤੇ ਵਿੱਚ ਮਨੋਬਲ ਵਧਾਇਆ। ਉਹਨਾਂ ਨੇ ਸਿੱਖਿਆਰਥੀਆਂ ਨੂੰ ਵੈਟਰਨਰੀ ਪੌਲੀਟੈਕਨਿਕ ਕਾਲਜ, ਕਾਲਝਰਾਣੀ ਦੀਆਂ ਸੇਵਾਵਾਂ ਅਤੇ ਉਦੇਸ਼ ਬਾਰੇ ਜਾਣਕਾਰੀ ਦਿੱਤੀ। ਉਹਨਾਂ ਨੇ ਬੱਕਰੀ ਪਾਲਣ ਵਿੱਚ ਟੀਕਾਕਰਨ ਅਤੇ ਮਲੱਪ ਰਹਿਤ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਇਸ ਦੌਰਾਨ ਡਾ. ਰਜਨੀਸ਼ ਕੁਮਾਰ (ਵੈਟਰਨਰੀ ਅਫਸਰ) ਨੇ ਹੀਟ ਚੈੱਕ, ਪ੍ਰਜਨਨ ਕਿਰਿਆ ਅਤੇ ਗਰਭਕਾਲ ਦੌਰਾਨ ਰੱਖਣ ਵਾਲੀਆਂ ਸਾਵਧਾਨੀਆਂ ਬਾਰੇ ਵੱਡਮੁੱਲੀ ਜਾਣਕਾਰੀ ਸਾਂਝੀ ਕੀਤੀ। ਇਸ ਸਿਖਲਾਈ ਕੈਂਪ ਦੌਰਾਨ ਲੀਡ ਬੈਂਕ ਦੇ ਜ਼ਿਲ੍ਹਾ ਮੈਨੇਜਰ ਕੁਲਭੂਸ਼ਣ ਬਾਂਸਲ ਨੇ ਬੈਂਕ ਲੋਨ ਸਬੰਧੀ ਸਕੀਮਾਂ ਬਾਰੇ ਸਿੱਖਿਆਰਥੀਆਂ ਨੂੰ ਜਾਣੂੰ ਕਰਵਾਇਆ।



### ਚੋਣ ਦਫ਼ਤਰ ਦੇ ਉਦਘਾਟਨ ਮੌਕੇ ਲੋਕਾਂ ਦਾ ਭਰਵਾਂ ਸਮਰਥਨ ਮਿਲਿਆ : ਅਮੀਸ਼ਾ ਬਾਂਸਲ



ਭੁੱਚੋ ਮੰਡੀ 22 ਮਈ (ਚਰਨਜੀਤ ਭੁਲਮੀ) ਭੁੱਚੋ ਮੰਡੀ ਦੇ ਵਾਰਡ ਨੰਬਰ 3 ਤੋਂ ਕਾਂਗਰਸ ਪਾਰਟੀ ਦੀ ਉਮੀਦਵਾਰ ਅਮੀਸ਼ਾ ਬਾਂਸਲ ਧਰਮ ਪਤਨੀ ਮਨੀ ਬਾਂਸਲ ਵੱਲੋਂ ਆਪਣੇ ਚੋਣ ਦਫ਼ਤਰ ਦਾ ਸ਼ਾਨਦਾਰ ਉਦਘਾਟਨ ਕੀਤਾ ਗਿਆ। ਇਸ ਮੌਕੇ ਇਲਾਕੇ ਦੇ ਵੱਡੀ ਗਿਣਤੀ ਵਿੱਚ ਲੋਕਾਂ ਅਤੇ ਕਾਂਗਰਸੀ ਆਗੂਆਂ ਨੇ ਸ਼ਿਰਕਤ ਕਰਕੇ ਆਪਣਾ ਭਰਵਾਂ ਸਮਰਥਨ ਦਿੱਤਾ। ਉਦਘਾਟਨ ਸਮਾਗਮ ਦੌਰਾਨ ਮਨੀ ਬਾਂਸਲ ਨੇ ਕਿਹਾ ਕਿ ਸਮਾਜ ਸੇਵਾ ਕਰਨਾ ਉਹਨਾਂ ਦਾ ਪਹਿਲਾ ਧਰਮ ਹੈ ਅਤੇ ਉਹ ਹਮੇਸ਼ਾ ਲੋਕਾਂ ਦੇ ਦੁੱਖ-ਸੁੱਖ ਵਿੱਚ ਨਾਲ ਖੜ੍ਹੇ ਰਹੇ ਹਨ। ਉਨ੍ਹਾਂ ਕਿਹਾ ਕਿ ਵਾਰਡ ਨੰਬਰ 3 ਦੇ ਵਿਕਾਸ, ਸਾਫ-ਸਫਾਈ, ਬਿਹਤਰ ਸੜਕਾਂ, ਪੀਣ ਵਾਲੇ ਪਾਣੀ ਅਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਪਹਿਲ ਦੇ ਆਧਾਰ 'ਤੇ ਪੂਰੀ ਇਮਾਨਦਾਰੀ ਨਾਲ ਕੰਮ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਲੋਕਾਂ ਦੇ ਪਿਆਰ ਅਤੇ ਅਸ਼ੀਰਵਾਦ ਨਾਲ ਉਹਨਾਂ ਨੂੰ ਭਾਰੀ ਸਮਰਥਨ ਮਿਲ ਰਿਹਾ ਹੈ ਅਤੇ ਜਿੱਤ ਤੋਂ ਬਾਅਦ ਵਾਰਡ ਦੇ ਹਰ ਇਕ ਘਰ ਦੀ ਸਮੱਸਿਆ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਇਸ ਮੌਕੇ ਮੁਕੇਸ਼ ਸ਼ਰਮਾ ਸ਼ਹਿਰੀ ਪ੍ਰਧਾਨ, ਤੇਜਾ ਸਿੰਘ ਦੰਦੀਵਾਲ ਸਾਬਕਾ ਚੇਅਰਮੈਨ ਸਮੇਤ ਹੋਰ ਕਾਂਗਰਸੀ ਆਗੂ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਮੌਜੂਦ ਸਨ। ਸਮਾਗਮ ਦੌਰਾਨ ਲੋਕਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।

### ਪੁਨਰ ਸੁਰਜੀਤ ਅਕਾਲੀ ਦਲ ਦੀ ਫਰੀਦਕੋਟ ਜ਼ਿਲ੍ਹਾ ਜਥੇਬੰਦੀ ਦੇ ਆਗੂਆਂ ਨੇ ਇਯਾਲੀ ਨਾਲ ਕੀਤੀ ਮੁਲਾਕਾਤ



ਮੋਗਾ22 ਮਈ (ਜਗਰਾਜ ਸੰਘਾ ) ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਫਰੀਦਕੋਟ ਦੀ ਜ਼ਿਲ੍ਹਾ ਜੱਥੇਬੰਦੀ ਦੇ ਆਗੂਆਂ ਨੇ ਸ਼ਹਿਰੀ ਪ੍ਰਧਾਨ ਸਰਦਾਰ ਮਨਪ੍ਰੀਤ ਸਿੰਘ ਭੋਲੂਵਾਲਾ ਦੀ ਅਗਵਾਹੀ ਹੇਠ ਸਰਦਾਰ ਮਨਪ੍ਰੀਤ ਸਿੰਘ ਇਯਾਲੀ ਨਾਲ ਓਹਨਾਂ ਦੀ ਰਿਹਾਇਸ਼ ਮੁੱਲਾਂਪੁਰ ਦਾਖਾ ਵਿਖੇ ਵਿਸ਼ੇਸ਼ ਮੀਟਿੰਗ ਕੀਤੀ। ਇਸ ਦੌਰਾਨ ਪੰਥਕ ਏਕਤਾ, ਪੰਜਾਬ ਦੇ ਹੱਕਾਂ ਅਤੇ ਭਵਿੱਖ ਦੀ ਸਿਆਸੀ ਦਿਸ਼ਾ ਨੂੰ ਲੈ ਕੇ ਵਿਸਥਾਰ ਨਾਲ ਵਿਚਾਰ-ਚਰਚਾ ਹੋਈ। ਇਸ ਮੌਕੇ ਸਮੂਹ ਆਗੂਆਂ ਨੇ ਆਪਣੇ ਵਿਚਾਰ ਰੱਖਦੇ ਹੋਏ ਕਿਹਾ ਕਿ, ਪੰਜਾਬ ਦੇ ਮੌਜੂਦਾ ਹਾਲਾਤਾਂ ਵਿੱਚ ਇੱਕ ਅਜਿਹੀ ਸੋਚ ਦੀ ਲੋੜ ਹੈ ਜੋ ਪੰਥਕ ਮੁੱਦਿਆਂ, ਪੰਜਾਬ ਦੇ ਅਧਿਕਾਰਾਂ ਅਤੇ ਨੌਜਵਾਨ ਪੀੜ੍ਹੀ ਦੀਆਂ ਆਸਾਂ ਉੱਤੇ ਪਹਿਰਾ ਦੇ ਸਕੇ। ਆਗੂਆਂ ਨੇ ਸਰਦਾਰ ਇਯਾਲੀ ਨੂੰ ਅਪੀਲ ਕੀਤੀ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੀ ਅਵਾਜ਼ ਨੂੰ ਮਜ਼ਬੂਤੀ ਨਾਲ ਉਠਾਉਣ ਅਤੇ ਪੰਥਕ ਏਕਤਾ ਨੂੰ ਮਜ਼ਬੂਤ ਕਰਨ ਲਈ ਸਾਂਝੇ ਯਤਨ ਜਾਰੀ ਰੱਖਣ ਤਾਂ ਜੋ ਪੰਜਾਬ ਅਤੇ ਪੰਥ ਨੂੰ ਮਜ਼ਬੂਤ ਅਗਵਾਈ ਮਿਲ ਸਕੇ। ਇਸ ਮੌਕੇ ਸਰਦਾਰ ਇਯਾਲੀ ਨੇ ਭਰੋਸਾ ਦਿੱਤਾ ਕਿ ਭਵਿੱਖ ਵਿੱਚ ਪੰਜਾਬ ਅਤੇ ਪੰਥਕ ਭਾਵਨਾਵਾਂ ਮੁਤਾਬਕ ਫੈਸਲਾ ਕਰਕੇ ਓਹ ਪੰਜਾਬ ਦੇ ਵਢੇਰੇ ਹਿੱਤਾਂ ਦੀ ਪੂਰਤੀ ਲਈ ਸੰਘਰਸ਼ੀਲ ਰਹਿਣਗੇ। ਅੱਜ ਜਿੰਨਾ ਆਗੂਆਂ ਵਲੋ ਮੀਟਿੰਗ ਕੀਤੀ ਗਈ ਓਹਨਾ ਵਿੱਚ ਖਾਸ ਤੌਰ ਤੇ ਮਨਪ੍ਰੀਤ ਸਿੰਘ ਭੋਲੂਵਾਲਾ ਜ਼ਿਲਾ ਸ਼ਹਿਰੀ ਪ੍ਰਧਾਨ , ਪ੍ਰਿਤਪਾਲ ਸਿੰਘ ਕੋਹਲੀ ਜ਼ਿਲਾ ਸੀਨੀਅਰ ਮੀਤ ਪ੍ਰਧਾਨ ਸ਼ਹਿਰੀ , ਭਾਈ ਜਸਵੰਤ ਸਿੰਘ ਮੀਤ ਪ੍ਰਧਾਨ , ਗੁਰਜੰਟ ਸਿੰਘ ਗਿੱਲ ਸਿਰਸੜੀ ਸੀਨੀਅਰ ਜ਼ਿਲਾ ਸੀਨੀਅਰ ਮੀਤ ਪ੍ਰਧਾਨ , ਸੇਵਕ ਸਿੰਘ ਜ਼ਿਲਾ ਸਕੱਤਰ, ਵੀਰ ਸਿੰਘ ਮੀਤ ਪ੍ਰਧਾਨ ਸ਼ਹਿਰੀ , ਜਗਦੇਵ ਸਿੰਘ ਸਰਕਲ ਪ੍ਰਧਾਨ ਸਿਟੀ 1 , ਅਮਰਦੀਪ ਸਿੰਘ ਸਰਕਲ ਪ੍ਰਧਾਨ ਕੋਟਕਪੂਰਾ, ਲਾਲਜੀਤ ਸਿੰਘ ਜੱਟਾਨਾ ਜ਼ਿਲਾ ਜਨਰਲ ਸਕੱਤਰ , ਜਸਵਿੰਦਰ ਸਿੰਘ ਹੈਪੀ ਬਰਾੜ ਸ਼ਾਮਿਲ ਸਨ।

### ਕਾਂਗਰਸ ਪਾਰਟੀ ਵਲੋਂ ਦਿੱਤੀ ਜ਼ਿਮੇਵਾਰੀ ਤਨਦੇਹੀ ਨਾਲ ਨਿਭਾਵਾਂਗਾ:ਗੁਰਦੀਪ ਜਿਉਂਦ



ਬਠਿੰਡਾ,ਮੰਡ ਮੰਡੀ,22 ਮਈ (ਗੁਰਪ੍ਰੀਤ ਖੋਖਰ)ਕਾਂਗਰਸ ਹਾਈ ਕਮਾਂਡ ਸ੍ਰੀਮਤੀ ਸੋਨੀਆ ਗਾਂਧੀ,ਸ੍ਰੀ ਰਾਹੁਲ ਗਾਂਧੀ, ਭੁਪੇਸ਼ ਬਘੇਲ ਇੰਚਾਰਜ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ, ਅਮਰਿੰਦਰ ਸਿੰਘ ਰਾਜਾ ਵੜਿੰਗ ਪ੍ਰਧਾਨ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ,ਪ੍ਰਤਾਪ ਸਿੰਘ ਬਾਜਵਾ ਨੇਤਾ ਵਿਰੋਧੀ ਧਿਰ, ਚਰਨਜੀਤ ਸਿੰਘ ਚੰਨੀ ਸਾਬਕਾ ਮੁੱਖ ਮੰਤਰੀ ਪੰਜਾਬ, ਗੁਰਪ੍ਰੀਤ ਸਿੰਘ ਲੱਕੀ ਪੱਖੋਂ ਚੇਅਰਮੈਨ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਐਸ ਸੀ ਡਿਪਾਰਟਮੈਂਟ ਅਤੇ ਪ੍ਰੀਤਮ ਸਿੰਘ ਕੋਟ ਭਾਈ ਸਾਬਕਾ ਐਮ ਐਲ ਏ ਭੁੱਚੋ ਜ਼ਿਲ੍ਹਾ ਪ੍ਰਧਾਨ ਬਠਿੰਡਾ ਦਿਹਾਤੀ ਕਾਂਗਰਸ ਦਾ ਧੰਨਵਾਦ ਕਰਦਿਆਂ ਹਲਕਾ ਮੌੜ ਦੇ ਸੀਨੀਅਰ ਟਕਸਾਲੀ ਕਾਂਗਰਸੀ ਆਗੂ ਗੁਰਦੀਪ ਸਿੰਘ ਸਾਬਕਾ ਸਰਪੰਚ ਜਿਉਂਦ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜੋ ਮੈਨੂੰ ਕਾਂਗਰਸ ਪਾਰਟੀ ਨੇ ਪੰਜਾਬ ਕਾਂਗਰਸ ਪਾਰਟੀ ਦਾ ਸਟੇਟ ਸਕੱਤਰ ਐਸ ਸੀ ਡਿਪਾਰਟਮੈਂਟ ਪੰਜਾਬ ਦਾ ਅਹੁਦਾ ਦੇ ਕੇ ਜੋ ਜਿੰਮੇਵਾਰੀ ਦਿੱਤੀ ਹੈ ਉਸਨੂੰ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਵਾਂਗਾ ਤੇ ਕਾਂਗਰਸ ਪਾਰਟੀ ਨੂੰ ਜ਼ਮੀਨੀ ਲੈਵਲ ਤੇ ਹੋਰ ਮਜ਼ਬੂਤ ਕਰਨ ਮਿਹਨਤ ਕਰਾਂਗਾ ਇਸ ਮੌਕੇ ਉਨ੍ਹਾਂ ਨਾਲ ਹਰਲਾਲ ਸਿੰਘ ਲਾਲੀ ਜ਼ਿਲ੍ਹਾ ਇੰਨਚਾਰਜ਼ੀ ਮੈਂਬਰ ਜ਼ਿਲ੍ਹਾ ਬਠਿੰਡਾ ਦਿਹਾਤੀ ਕਾਂਗਰਸ, ਸਾਬਕਾ ਸਰਪੰਚ ਸੁਖਵਿੰਦਰ ਸਿੰਘ ਜੈਦ ਜ਼ਿਲ੍ਹਾ ਜਰਨਲ ਸੈਕਟਰੀ ਬਠਿੰਡਾ ਦਿਹਾਤੀ, ਸਾਬਕਾ ਸਰਪੰਚ ਅਵਤਾਰ ਸਿੰਘ ਕਰਾੜਵਾਲਾ ਜ਼ਿਲ੍ਹਾ ਜਰਨਲ ਸੈਕਟਰੀ ਬਠਿੰਡਾ ਦਿਹਾਤੀ, ਜਗਮੀਤ ਸਿੰਘ ਘੁੜੈਲੀ ਜ਼ਿਲ੍ਹਾ ਸੈਕਟਰੀ ਬਠਿੰਡਾ ਦਿਹਾਤੀ, ਕਮਲਜੀਤ ਸਿੰਘ ਨੰਬਰਦਾਰ ਜਿਉਂਦ ਸੀਨੀਅਰ ਕਾਂਗਰਸੀ ਆਗੂ, ਦਰਸ਼ਨ ਸਿੰਘ ਜਿਉਂਦ ਸੀਨੀਅਰ ਕਾਂਗਰਸੀ ਆਗੂ, ਬਲਦੇਵ ਸਿੰਘ ਬਦਿਆਲਾ ਸੀਨੀਅਰ ਕਾਂਗਰਸੀ ਆਗੂ, ਪ੍ਰਿਤਪਾਲ ਸਿੰਘ ਪਿੰਡ ਰਾਮਪੁਰਾ ਸੀਨੀਅਰ ਕਾਂਗਰਸੀ ਆਗੂ, ਮਾਸਟਰ ਵਿਰਸਾ ਸਿੰਘ ਰਾਮਪੁਰਾ ਸੀਨੀਅਰ ਕਾਂਗਰਸੀ ਆਗੂ, ਮਾਤਾ ਮਹਿੰਦਰ ਕੌਰ ਗਿੱਲ ਸੀਨੀਅਰ ਕਾਂਗਰਸੀ ਤੇ ਦਰਸ਼ਨ ਸਿੰਘ ਘੁੜੈਲਾ ਆਦਿ ਕਾਂਗਰਸੀ ਹਾਜਰ ਸਨ।

### 2027 ਵਿੱਚ ਪੰਜਾਬ ਚ ਪ੍ਰਧਾਨ ਮੰਤਰੀ ਮੋਦੀ ਦੀ ਯੋਗ ਅਗਵਾਈ ਹੇਠ ਭਾਜਪਾ ਦੀ ਡਬਲ ਇੰਜਨ ਸਰਕਾਰ ਬਣੇਗੀ : ਸ਼ਮਸ਼ੇਰ ਕੈਲਾ



ਧਰਮਕੋਟ 22 ਮਈ (ਜਗਰਾਜ ਸਿੰਘ ਸੰਘਾ) ਪ੍ਰੈਸ ਕਲੱਬ ਧਰਮਕੋਟ (ਰਜਿ) ਦੇ ਪੱਤਰਕਾਰਾਂ ਦੇ ਨਾਲ ਗਲਬਾਤ ਕਰਦਿਆਂ ਹੋਇਆਂ ਭਾਜਪਾ ਦੇ ਧਰਮਕੋਟ ਤੋਂ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਕੈਲਾ ਨੇ ਕਿਹਾ ਕਿ ਪਹਿਲਾਂ 5 ਸਾਲ ਕਾਂਗਰਸ ਅਤੇ ਹੁਣ ਆਮ ਆਦਮੀ ਪਾਰਟੀ ਨੇ ਭ੍ਰਿਸ਼ਟਾਚਾਰ ਕਰਕੇ ਪੰਜਾਬ ਦੇ ਲੋਕਾਂ ਨੂੰ ਸਿਉਂਕ ਵਾਂਗ ਨੁਕਸਾਨ ਪਹੁੰਚਾਇਆ ਹੈ ਸ਼ਮਸ਼ੇਰ ਸਿੰਘ ਕੈਲਾ ਨੇ ਕਿਹਾ ਕਿ ਅੱਜ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਮਾੜੇ ਪ੍ਰਸ਼ਾਸਨ ਕਾਰਨ ਭਿਆਨਕ ਸੰਕਟ ਵਿੱਚ ਫਸ ਗਿਆ ਹੈ ਅਤੇ ਵੱਡੀ ਗਿਣਤੀ ਵਿੱਚ ਨੌਜਵਾਨ ਵਪਾਰੀ ਉਦਯੋਗਪਤੀ ਤੇ ਕਿਸਾਨ ਪੰਜਾਬ ਛੱਡ ਕੇ ਜਾ ਰਹੇ ਹਨ ਉਹਨਾਂ ਕਿਹਾ ਕਿ ਆਪ ਦੇ ਦਿੱਲੀ ਚੋਣਾਂ ਵਿੱਚ ਹਾਰੇ ਹੋਏ ਆਗੂ ਆਪਣੇ ਨਿਜੀ ਸਵਾਰਥਾਂ ਨੂੰ ਪੂਰੇ ਕਰਨ ਲਈ ਪੰਜਾਬ ਵਿੱਚ ਡੇਰੇ ਲਾਈ ਬੈਠੇ ਹਨ ਅਤੇ ਪੰਜਾਬ ਨੂੰ ਲੁੱਟਣ ਲੱਗੇ ਹੋਏ ਹਨ ਸ਼ਮਸ਼ੇਰ ਸਿੰਘ ਕੈਲਾ ਨੇ ਕਿਹਾ ਕਿ ਪਹਿਲਾਂ ਕਾਂਗਰਸ ਸਰਕਾਰ ਨੇ ਪੰਜਾਬ ਦੀ ਜਨਤਾ ਨੂੰ ਲੁੱਟਿਆ ਇਸੇ ਕਾਰਨ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਉਸ ਨੂੰ ਹਾਰ ਮਿਲੀ ਅਤੇ ਉਸ ਤੋਂ ਬਾਅਦ ਪੰਜਾਬ ਆਪ ਦੇ ਬਦਲਾਅ ਦੇ ਝੂਠੇ ਵਾਅਦਿਆਂ ਨਾਲ ਗੁਮਰਾਹ ਹੋਇਆ ਜਿਸ ਦੇ ਭਰਿਸ਼ਟਾਚਾਰ ਕਰਨ ਵਿਕਾਸ ਤਾਂ ਨਹੀਂ ਵੇਖਿਆ ਪਰ ਇਸ ਦੇ ਆਗੂਆਂ ਦੇ ਪਰਿਵਾਰਾਂ ਤੇ ਨਿਜੀ ਕਾਰੋਬਾਰਾਂ ਦਾ ਵਿਕਾਸ ਹੋਇਆ ਸ਼ਮਸ਼ੇਰ ਸਿੰਘ ਕੈਲਾ ਨੇ ਕਿਹਾ ਕਿ 2027 ਵਿੱਚ ਪੰਜਾਬ ਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸੁਸ਼ਾਸਨ ਸਦਕਾ ਭਾਜਪਾ ਦੀ ਡਬਲ ਇੰਜਨ ਸਰਕਾਰ ਬਣੇਗੀ

### ਵਿਧਾਇਕ ਬਲਕਾਰ ਸਿੱਧੂ ਨੇ ਮਾਵਾਂ ਭੈਣਾਂ ਸਤਿਕਾਰ ਯੋਜਨਾ ਦੀ ਰਾਮਪੁਰਾ ਫੂਲ 'ਚ ਕੀਤੀ ਸ਼ੁਰੂਆਤ

**ਸਰਕਾਰ ਵੱਲੋਂ ਨਿਯੁਕਤ ਸਖੀਆਂ ਨੂੰ ਆਈ.ਡੀ. ਨੰਬਰ ਜਾਰੀ ਕਰਕੇ ਫਾਰਮ ਭਰਨ ਦੀ ਕਰਵਾਈ ਸ਼ੁਰੂਆਤ**




ਰਾਮਪੁਰਾ ਫੂਲ, 21 ਮਈ (ਕੁਲਜੀਤ ਸਿੰਘ ਢੀਂਗਰਾ/ਸੁਰੇਸ਼ ਗਰਗ)- ਵਿਧਾਇਕ ਬਲਕਾਰ ਸਿੱਧੂ ਨੇ ਮਾਵਾਂ ਭੈਣਾਂ ਸਤਿਕਾਰ ਯੋਜਨਾ ਤਹਿਤ ਹਲਕਾ ਰਾਮਪੁਰਾ ਫੂਲ ਵਿੱਚ ਯੋਜਨਾ ਦੀ ਸ਼ੁਰੂਆਤ ਕਰਦਿਆਂ ਸ਼ਹਿਰ ਦੀਆਂ ਸਖੀਆਂ ਨੂੰ ਆਈਡੀ ਨੰਬਰ ਜਾਰੀ ਕਰਕੇ ਫਾਰਮ ਭਰਨ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਵੱਲੋਂ ਮਹਿਲਾਵਾਂ ਦੇ ਸਤਿਕਾਰ, ਆਰਥਿਕ ਸੁਰੱਖਿਆ ਅਤੇ ਖੁਦਮੁਖਤਿਆਰੀ ਨੂੰ ਯਕੀਨੀ ਬਣਾਉਣ ਲਈ ਇਹ ਇੱਕ ਇਤਿਹਾਸਕ ਕਦਮ ਚੁੱਕਿਆ ਗਿਆ ਹੈ। ਵਿਧਾਇਕ ਬਲਕਾਰ ਸਿੱਧੂ ਨੇ ਕਿਹਾ ਕਿ ਸਤਿਕਾਰ ਸਖੀ ਯੋਜਨਾ ਸਿਰਫ਼ ਇੱਕ ਆਰਥਿਕ ਮਦਦ ਨਹੀਂ, ਸਗੋਂ ਪੰਜਾਬ ਦੀਆਂ ਮਾਵਾਂ, ਭੈਣਾਂ ਅਤੇ ਧੀਆਂ ਦੇ ਸਨਮਾਨ ਨਾਲ ਜੁੜੀ ਹੋਈ ਯੋਜਨਾ ਹੈ। ਉਨ੍ਹਾਂ ਕਿਹਾ ਕਿ ਜਰਨਲ ਵਰਗ ਦੀਆਂ ਮਹਿਲਾਵਾਂ ਨੂੰ ਹਰ ਮਹੀਨੇ 1000 ਰੁਪਏ ਅਤੇ ਅਨੁਸੂਚਿਤ ਵਰਗਾਂ ਦੀਆਂ ਮਹਿਲਾਵਾਂ ਨੂੰ 1500 ਰੁਪਏ ਦੀ ਸਹਾਇਤਾ ਰਾਸ਼ੀ ਦੇ ਕੇ ਸਰਕਾਰ ਉਨ੍ਹਾਂ ਦੇ ਘਰੇਲੂ ਜੀਵਨ ਨੂੰ ਮਜ਼ਬੂਤ ਕਰਨ ਦਾ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਆਮ ਪਰਿਵਾਰਾਂ ਦੀਆਂ ਮਹਿਲਾਵਾਂ ਘਰ ਦੀ ਰੀੜ੍ਹ ਦੀ ਹੱਡੀ ਹੁੰਦੀਆਂ ਹਨ। ਉਹ ਘਰ ਦਾ ਖਰਚਾ ਚਲਾਉਣ ਤੋਂ ਲੈ ਕੇ ਬੱਚਿਆਂ ਦੀ ਪੜ੍ਹਾਈ, ਬਜ਼ੁਰਗਾਂ ਦੀ ਸੰਭਾਲ ਅਤੇ ਰੋਜ਼ਾਨਾ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਅਜਿਹੇ ਵਿੱਚ ਇਹ ਰਾਸ਼ੀ ਉਨ੍ਹਾਂ ਲਈ ਵੱਡਾ ਸਹਾਰਾ ਸਾਬਤ ਹੋਵੇਗੀ। ਇਸ ਨਾਲ ਮਹਿਲਾਵਾਂ ਨੂੰ ਆਪਣੇ ਛੋਟੇ-ਮੋਟੇ ਖਰਚਿਆਂ ਲਈ ਕਿਸੇ ਹੋਰ ਉੱਤੇ ਨਿਰਭਰ ਨਹੀਂ ਰਹਿਣਾ ਪਵੇਗਾ ਅਤੇ ਉਹ ਆਤਮ ਵਿਸ਼ਵਾਸ ਨਾਲ ਆਪਣੀ ਜ਼ਿੰਦਗੀ ਦੇ ਫੈਸਲੇ ਲੈ ਸਕਣਗੀਆਂ। ਵਿਧਾਇਕ ਬਲਕਾਰ ਸਿੱਧੂ ਨੇ ਕਿਹਾ ਕਿ ਮਾਨ ਸਰਕਾਰ ਦੀ ਸੋਚ ਹੈ ਕਿ ਹਰ ਘਰ ਦੀ ਮਹਿਲਾ ਨੂੰ ਸਨਮਾਨ ਅਤੇ ਆਰਥਿਕ ਸੁਰੱਖਿਆ ਮਿਲੇ। ਇਸ ਮੌਕੇ ਵੱਡੀ ਗਿਣਤੀ ਵਿੱਚ ਸਖੀਆਂ, ਮਹਿਲਾਵਾਂ ਅਤੇ ਇਲਾਕੇ ਦੇ ਪਤਵੰਤੇ ਹਾਜ਼ਰ ਸਨ।

### ਡਾ. ਰਵਜੋਤ ਗਰੇਵਾਲ ਦੀਆਂ ਸੇਵਾਵਾਂ ਮਿਲਣਾ ਸੰਗਰੂਰ ਲਈ ਮਾਣ ਵਾਲੀ ਗੱਲ : ਜਸਵੰਤ ਸਿੰਘ ਖਹਿਰਾ

**• ਅਕਾਲ ਕਾਲਜ ਕੌਂਸਲ ਵੱਲੋਂ ਨਵ-ਨਿਯੁਕਤ ਐਸਐਸਪੀ ਦਾ ਨਿੱਘਾ ਸਵਾਗਤ, ਗੁਲਦਸਤਾ ਭੇਂਟ ਕਰਕੇ ਦਿੱਤੀਆਂ ਸ਼ੁੱਭਕਾਮਨਾਵਾਂ**



ਸੰਗਰੂਰ, 22 ਮਈ (ਜਸਪਾਲ ਸਰਾਓ ) - ਜ਼ਿਲ੍ਹਾ ਸੰਗਰੂਰ ਵਿੱਚ ਨਵ-ਨਿਯੁਕਤ ਐਸਐਸਪੀ ਮੈਡਮ ਡਾ. ਰਵਜੋਤ ਕੌਰ ਗਰੇਵਾਲ ਦੇ ਸਨਮਾਨ ਵਿੱਚ ਅਕਾਲ ਕਾਲਜ ਕੌਂਸਲ ਵੱਲੋਂ ਵਿਸ਼ੇਸ਼ ਮੁਲਾਕਾਤ ਕੀਤੀ ਗਈ। ਕੌਂਸਲ ਦੇ ਸਕੱਤਰ ਸ਼੍ਰੀ ਜਸਵੰਤ ਸਿੰਘ ਖਹਿਰਾ ਦੀ ਅਗਵਾਈ ਹੇਠ ਪਹੁੰਚੇ ਕੌਂਸਲ ਮੈਂਬਰਾਂ ਨੇ ਮੈਡਮ ਗਰੇਵਾਲ ਨੂੰ ਨਿੱਘਾ ਜੀ ਆਇਆਂ ਆਖਦਿਆਂ ਗੁਲਦਸਤਾ ਭੇਂਟ ਕਰਕੇ ਸ਼ੁੱਭ ਇੱਛਾਵਾਂ ਪ੍ਰਗਟ ਕੀਤੀਆਂ। ਇਸ ਮੌਕੇ ਗੱਲਬਾਤ ਕਰਦਿਆਂ ਸ਼੍ਰੀ ਜਸਵੰਤ ਸਿੰਘ ਖਹਿਰਾ ਨੇ ਕਿਹਾ ਕਿ ਡਾ. ਰਵਜੋਤ ਗਰੇਵਾਲ ਵਰਗੀ ਮਿਹਨਤੀ, ਇਮਾਨਦਾਰ ਅਤੇ ਲੋਕ-ਪੱਖੀ ਅਧਿਕਾਰੀ ਦੀਆਂ ਸੇਵਾਵਾਂ ਸੰਗਰੂਰ ਜ਼ਿਲ੍ਹੇ ਲਈ ਮਾਣ ਅਤੇ ਖੁਸ਼ਕਿਸਮਤੀ ਦੀ ਗੱਲ ਹੈ। ਉਨ੍ਹਾਂ ਕਿਹਾ ਕਿ ਮੈਡਮ ਗਰੇਵਾਲ ਦੇ ਤਜ਼ਰਬੇ ਅਤੇ ਦੂਰਅੰਦੇਸ਼ ਸੋਚ ਨਾਲ ਜ਼ਿਲ੍ਹੇ ਵਿੱਚ ਕਾਨੂੰਨ ਵਿਵਸਥਾ ਹੋਰ ਮਜ਼ਬੂਤ ਹੋਵੇਗੀ ਅਤੇ ਲੋਕਾਂ ਦਾ ਪੁਲਿਸ ਪ੍ਰਸ਼ਾਸਨ ਪ੍ਰਤੀ ਭਰੋਸਾ ਹੋਰ ਵਧੇਗਾ। ਮੁਲਾਕਾਤ ਦੌਰਾਨ ਸਮਾਜਿਕ, ਵਿਦਿਅਕ ਅਤੇ ਧਾਰਮਿਕ ਗਤੀਵਿਧੀਆਂ ਸਬੰਧੀ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਕੌਂਸਲ ਮੈਂਬਰਾਂ ਨੇ ਸਮਾਜ ਵਿੱਚ ਅਮਨ-ਸ਼ਾਂਤੀ, ਨੌਜਵਾਨਾਂ ਦੀ ਭਲਾਈ ਅਤੇ ਨਸ਼ਾ ਮੁਕਤ ਪੰਜਾਬ ਲਈ ਮਿਲਜੁਲ ਕੇ ਕੰਮ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਮੈਡਮ ਡਾ. ਗਰੇਵਾਲ ਵੱਲੋਂ ਅਕਾਲ ਕਾਲਜ ਕੌਂਸਲ ਦੇ ਸਕੱਤਰ ਸ੍ਰੀ ਜਸਵੰਤ ਸਿੰਘ ਖਹਿਰਾ ਅਤੇ ਉਨਾਂ ਨਾਲ ਆਏ ਸਮੁੱਚੇ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਪ੍ਰਗਟ ਕੀਤਾ ਗਿਆ। ਇਸ ਮੌਕੇ ਸੀਨੀਅਰ ਕੌਂਸਲ ਮੈਂਬਰ ਗੁਰਜੰਟ ਸਿੰਘ ਦੁੱਗਾਂ, ਮਨਜੀਤ ਸਿੰਘ ਬਾਲੀਆ, ਬਲਦੇਵ ਸਿੰਘ ਭੰਮਾਬੱਦੀ ਅਤੇ ਸੁਪਰਡੈਂਟ ਸੁਖਪਾਲ ਸਿੰਘ ਉਚੇਚੇ ਤੌਰ ਤੇ ਹਾਜ਼ਰ ਸਨ।

### ਫਤਿਹ ਗਰੁੱਪ ਆਫ ਇੰਸਟੀਚਿਊਸ਼ਨਜ਼ ਰਾਮਪੁਰਾ ਵੱਲੋਂ 819 ਮੈਰੀਟੋਰੀਅਸ ਵਿਦਿਆਰਥੀ ਐਫ.ਜੀ.ਆਈ. ਅਕਾਦਮਿਕ ਐਕਸੀਲੈਂਸ ਐਵਾਰਡ ਨਾਲ ਸਨਮਾਨਿਤ

**ਅਧਿਆਪਕ ਯੋਗਤਾ ਟੈਸਟ-2025 ਪਾਸ ਫਤਿਹ ਕਾਲਜ ਦੀਆਂ 119 ਵਿਦਿਆਰਥਣਾਂ ਵੀ ਸਨਮਾਨਿਤ**



ਰਾਮਪੁਰਾ ਫੂਲ, 22 ਮਈ (ਕੁਲਜੀਤ ਸਿੰਘ ਢੀਂਗਰਾ/ਸੁਰੇਸ਼ ਗਰਗ)-ਇਲਾਕੇ ਵਿੱਚ ਗੁਣਵੱਤਾ ਭਰਪੂਰ ਸਿੱਖਿਆ, ਸੱਭਿਆਚਾਰ ਅਤੇ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਨਵੀਆਂ ਉਚਾਈਆਂ ਤੱਕ ਪਹੁੰਚਾਉਣ ਲਈ ਪ੍ਰਸਿੱਧ ਫਤਿਹ ਗਰੁੱਪ ਆਫ ਇੰਸਟੀਚਿਊਸ਼ਨਜ਼ ਰਾਮਪੁਰਾ ਵੱਲੋਂ ਐਫ.ਜੀ.ਆਈ. ਅਕਾਦਮਿਕ ਐਕਸੀਲੈਂਸ ਐਵਾਰਡ- 2026 ਸਮਾਰੋਹ ਬੜੀ ਸ਼ਾਨੋ-ਸ਼ੌਕਤ, ਉਤਸ਼ਾਹ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਕਰਵਾਇਆ ਗਿਆ। ਸਮਾਗਮ ਦੌਰਾਨ ਦਸਵੀਂ ਅਤੇ ਬਾਰ੍ਹਵੀਂ ਜਮਾਤ ਵਿੱਚ 80 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 819 ਮੈਰੀਟੋਰੀਅਸ ਵਿਦਿਆਰਥੀਆਂ ਨੂੰ ਐਫ.ਜੀ.ਆਈ. ਅਕਾਦਮਿਕ ਐਕਸੀਲੈਂਸ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਮੰਚ 'ਤੇ ਸਨਮਾਨ ਪ੍ਰਾਪਤ ਕਰਦੇ ਵਿਦਿਆਰਥੀਆਂ ਦੇ ਚਮਕਦੇ ਚਿਹਰੇ ਮਾਪਿਆਂ ਅਤੇ ਅਧਿਆਪਕਾਂ ਲਈ ਮਾਣ ਦਾ ਪ੍ਰਤੀਕ ਬਣੇ ਰਹੇ। ਇਸ ਮੌਕੇ ਮੁੱਖ ਮਹਿਮਾਨ ਵਜੋਂ ਮੌੜ ਹਲਕੇ ਦੇ ਵਿਧਾਇਕ ਸੁਖਵੀਰ ਸਿੰਘ ਮਾਈਸਰਖਾਨਾ ਅਤੇ ਪੰਜਾਬ ਸਕੂਲ ਸਿੱਖਿਆ ਬੋਰਡ ਮੋਹਾਲੀ ਦੇ ਕੰਟਰੋਲਰ ਪ੍ਰੀਖਿਆਵਾਂ ਲਵਿਸ਼ ਚਾਵਲਾ (ਪੀ.ਈ.ਐਸ.-1) ਨੇ ਸ਼ਿਰਕਤ ਕੀਤੀ। ਉਨ੍ਹਾਂ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਸਿੱਖਿਆ ਹੀ ਉਹ ਤਾਕਤ ਹੈ ਜੋ ਸਮਾਜ ਅਤੇ ਦੇਸ਼ ਦੀ ਤਸਵੀਰ ਬਦਲ ਸਕਦੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਅਨੁਸ਼ਾਸਨ, ਲਗਨ ਅਤੇ ਮਿਹਨਤ ਨਾਲ ਅੱਗੇ ਵਧਣ ਦੀ ਪ੍ਰੇਰਣਾ ਦਿੱਤੀ। ਸਮਾਗਮ ਵਿੱਚ ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ) ਮਮਤਾ ਖੁਰਾਨਾ ਨੇ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰੀ ਭਰੀ, ਜਦਕਿ ਡਿਪਟੀ ਜ਼ਿਲ੍ਹਾ ਸਿੱਖਿਆ ਅਫਸਰ ਸਰਦਾਰ ਚਮਕੌਰ ਸਿੰਘ ਨੇ ਵੀ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਨੌਜਵਾਨ ਦੇਸ਼ ਦਾ ਚਮਕਦਾ ਭਵਿੱਖ ਹਨ। ਇਸ ਦੌਰਾਨ ਅਧਿਆਪਕ ਯੋਗਤਾ ਟੈਸਟ-2026 ਪਾਸ ਕਰਨ ਵਾਲੀਆਂ ਫਤਿਹ ਕਾਲਜ ਦੀਆਂ 119 ਵਿਦਿਆਰਥਣਾਂ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਸਿੱਖਿਆ ਖੇਤਰ ਵਿੱਚ ਸ਼ਾਨਦਾਰ ਯੋਗਦਾਨ ਪਾਉਣ ਵਾਲੇ 102 ਅਧਿਆਪਕਾਂ ਨੂੰ ਸੂਰਜ ਸਮਾਜ ਐਵਾਰਡ ਨਾਲ ਸਨਮਾਨਿਤ ਕਰਕੇ ਉਨ੍ਹਾਂ ਦੀਆਂ ਸੇਵਾਵਾਂ ਨੂੰ ਨਮਨ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਸਕੂਲਾਂ ਦੇ ਮੁਖੀ ਸਾਹਿਬਾਨ ਅਤੇ ਅਧਿਆਪਕ ਵਰਗ ਦੀ ਹਾਜ਼ਰੀ ਨੇ ਸਮਾਗਮ ਨੂੰ ਹੋਰ ਵੀ ਗੌਰਵਮਈ ਬਣਾ ਦਿੱਤਾ। ਫਤਿਹ ਗਰੁੱਪ ਦੇ ਚੇਅਰਮੈਨ ਸਰਦਾਰ ਐਸ.ਐਸ. ਚੱਠਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸੰਸਥਾ ਦਾ ਮਕਸਦ ਕੇਵਲ ਡਿਗਰੀਆਂ ਪ੍ਰਦਾਨ ਕਰਨਾ ਨਹੀਂ, ਸਗੋਂ ਵਿਦਿਆਰਥੀਆਂ ਵਿੱਚ ਉੱਚੇ ਨੈਤਿਕ ਮੁੱਲ, ਆਤਮਵਿਸ਼ਵਾਸ ਅਤੇ ਸਮਾਜ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨਾ ਹੈ। ਇਸ ਮੌਕੇ ਐਮ.ਡੀ. ਮਨਜੀਤ ਕੌਰ ਚੱਠਾ, ਡੀਨ ਅਕਾਦਮਿਕ ਡਾ. ਜਗਵਿੰਦਰ ਸਿੰਘ ਸਿੱਧੂ, ਪ੍ਰਿੰਸੀਪਲ ਬਘੇਲ ਸਿੰਘ, ਸਹਾਇਕ ਡਾਇਰੈਕਟਰ ਹਰਪ੍ਰੀਤ ਸ਼ਰਮਾ, ਪ੍ਰੋ. ਸੰਦੀਪ ਕੌਰ, ਪ੍ਰੋ. ਕੁਮਾਰੀ ਸ਼ੈਲਜਾ, ਪ੍ਰੋ. ਵਰਿੰਦਰ ਕੌਰ, ਪ੍ਰੋ. ਸੋਨੀਆ,ਅਨੀਤਾ,ਅਨੀਕਾ,ਪ੍ਰੋ. ਕੁਲਦੀਪ ਸਿੰਘ, ਪ੍ਰੋ. ਸਮੀਰ ਕੁਮਾਰ, ਅਸੀਸ ਤਿਵਾੜੀ , ਆਈਟੀ ਸੈਲ ਮੁਖੀ ਪ੍ਰੋ. ਸੋਨਵਿੰਦਰ ਸਿੰਘ, ਫੈਸ਼ਨ ਟੈਕਨਾਲੋਜੀ ਦੇ ਮੁਖੀ ਪ੍ਰੋ. ਹਰਪ੍ਰੀਤ ਕੌਰ, ਪ੍ਰੋ. ਨਵਨੀਤ ਸਮੇਤ ਸਮੂਹ ਸਟਾਫ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ। ਇਹ ਸਮਾਰੋਹ ਇਲਾਕੇ ਵਿੱਚ ਸਿੱਖਿਆ ਪ੍ਰਤੀ ਨਵਾਂ ਉਤਸ਼ਾਹ ਅਤੇ ਵਿਸ਼ਵਾਸ ਪੈਦਾ ਕਰ ਗਿਆ।

### ਜ਼ਿਲ੍ਹਾ ਸੰਗਰੂਰ ਵਿਖੇ ਤਾਇਨਾਤ 33 ਪੁਲਿਸ ਅਧਿਕਾਰੀਆਂ/ਕਰਮਚਾਰੀਆਂ ਦਾ ਵਧੀਆ ਕਾਰਗੁਜ਼ਾਰੀ ਲਈ ਡੀ.ਜੀ.ਪੀ. ਡਿਸਕਾਂ ਨਾਲ ਸਨਮਾਨ




ਸੰਗਰੂਰ, 22 ਮਈ (ਜਸਪਾਲ ਸਰਾਓ) ਡਾ. ਰਵਜੋਤ ਗਰੇਵਾਲ, ਐਸ.ਐਸ.ਪੀ., ਸੰਗਰੂਰ ਵਲੋਂ ਜ਼ਿਲ੍ਹਾ ਪੁਲਿਸ ਵਿੱਚ ਤਾਇਨਾਤ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਆਪਣੀ ਡਿਊਟੀ ਬਹੁਤ ਮਿਹਨਤ, ਲਗਨ ਤੇ ਇਮਾਨਦਾਰੀ ਨਾਲ ਨਿਭਾਉਣ ਅਤੇ ਵਧੀਆ ਕਾਰਗੁਜਾਰੀ ਸਬੰਧੀ 33 ਅਧਿਕਾਰੀਆਂ/ਕਰਮਚਾਰੀਆਂ ਨੂੰ ਡੀ.ਜੀ.ਪੀ. ਡਿਸਕਾਂ ਦੇ ਕੇ ਸਨਮਾਨਿਤ ਕੀਤਾ ਗਿਆ। ਜ਼ਿਲ੍ਹਾ ਪੁਲਿਸ ਮੁਖੀ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਅਤੇ ਪਿੰਡਾਂ ਦੇ ਪਹਿਰੇਦਾਰ ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਮਿਤੀ 01.05.2026 ਤੋਂ 20.05.2026 ਤੱਕ ਡਰੱਗ ਦੇ 63 ਮੁਕੱਦਮੇਂ ਦਰਜ ਕਰ ਕੇ 98 ਕਥਿਤ ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ, ਉਨ੍ਹਾਂ ਪਾਸੋਂ 623 ਗ੍ਰਾਮ ਹੈਰੋਇਨ, 40 ਕਿੱਲੋ ਭੁੱਕੀ ਚੂਰਾ ਪੋਸਤ, 25 ਨਸ਼ੀਲੇ ਟੀਕੇ ਅਤੇ 1638 ਨਸ਼ੀਲੀਆਂ ਗੋਲੀਆਂ ਕਰਵਾਈਆਂ ਗਈਆਂ। ਇਸ ਅਰਸੇ ਦੌਰਾਨ ਐਨ.ਡੀ.ਪੀ.ਐਸ ਐਕਟ ਦੇ 01 ਨਸ਼ਾ ਤਸਕਰ ਦੀ ਕੁੱਲ 2,70,000/- ਰੁਪਏ ਦੇ ਮੁੱਲ ਦੀ ਪ੍ਰਾਪਰਟੀ ਫਰੀਜ ਕਰਵਾਈ ਗਈ। ਨਸ਼ੇ ਦਾ ਸੇਵਨ ਕਰਨ ਵਾਲੇ 73 ਵਿਅਕਤੀਆਂ ਨੂੰ ਨਸ਼ਾ ਛੁਡਾਊ ਕੇਂਦਰਾਂ ਵਿੱਚ ਇਲਾਜ ਲਈ ਦਾਖਲ/ਦਵਾਈ ਦਿਵਾਈ ਗਈ। ਨਸ਼ੇ ਦੀ ਰੋਕਥਾਮ ਲਈ 90 ਜਾਗਰੂਕ ਸੈਮੀਨਾਰ/ਮੀਟਿੰਗਾਂ ਕੀਤੀਆਂ ਗਈਆਂ।ਸ਼ਰਾਬ ਦਾ ਧੰਦਾ ਕਰਨ ਵਾਲਿਆਂ ਖਿਲਾਫ 25 ਮੁਕੱਦਮੇ ਦਰਜ ਕਰ ਕੇ 28 ਕਥਿਤ ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਅਤੇ ਉਨ੍ਹਾਂ ਪਾਸੋਂ 450.750 ਲੀਟਰ ਸ਼ਰਾਬ ਠੇਕਾ ਦੇਸੀ, 48.750 ਲੀਟਰ ਸ਼ਰਾਬ ਨਜਾਇਜ਼, 24.750 ਲੀਟਰ ਸ਼ਰਾਬ ਅੰਗਰੇਜ਼ੀ ਅਤੇ 60 ਲੀਟਰ ਲਾਹਣ ਬ੍ਰਾਮਦ ਕਰਵਾਈ ਗਈ। ਇਸ ਤੋਂ ਇਲਾਵਾ ਅਸਲਾ ਐਕਟ ਤਹਿਤ 02 ਮੁਕੱਦਮੇ ਦਰਜ ਕਰਕੇ 02 ਕਥਿਤ ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ, ਜਿਨ੍ਹਾਂ ਪਾਸੋਂ 03 ਦੇਸੀ ਪਿਸਟਲ ਅਤੇ 04 ਜਿੰਦਾ ਕਾਰਤੂਸ ਬ੍ਰਾਮਦ ਕਰਵਾਏ ਗਏ। ਜੂਆ ਐਕਟ ਤਹਿਤ 01 ਮੁਕੱਦਮਾ ਦਰਜ ਕਰਕੇ 01 ਕਥਿਤ ਦੋਸ਼ੀ ਨੂੰ ਗ੍ਰਿਫਤਾਰ ਕਰਕੇ ਉਸ ਪਾਸੋਂ 830 ਰੁਪਏ ਬ੍ਰਾਮਦ ਕਰਵਾਏ ਗਏ। ਪਬਲਿਕ ਦੀ ਸੁਣਵਾਈ ਕਰਦੇ ਹੋਏ ਕੁੱਲ 510 ਦਰਖਾਸਤਾਂ ਦਾ ਨਿਪਟਾਰਾ ਕੀਤਾ ਗਿਆ। ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ ਕੁੱਲ 05 ਭਗੌੜੇ (POs) ਗ੍ਰਿਫਤਾਰ ਕੀਤੇ ਗਏ।

### ਸ਼੍ਰੀਮਤੀ ਜਸਵਿੰਦਰ ਕੌਰ ਨੇ ਨਨਕਾਣਾ ਸਾਹਿਬ ਪਬਲਿਕ ਸਕੂਲ ਸਮਰਾਲਾ ਦੇ ਪ੍ਰਿੰਸੀਪਲ ਵਜੋਂ ਅਹੁਦਾ ਸੰਭਾਲਿਆ



ਸ੍ਰੀ ਮਾਛੀਵਾੜਾ ਸਾਹਿਬ :- ਦਰਸ਼ਨ ਚੋਪੜਾ, ਰਾਜੀਵ ਕੁਮਾਰ ਰੋਜ਼ੀ, ਨਰੇਸ਼ ਭਾਟੀਆ,- ਇਲਾਕੇ ਦੇ ਨਾਮਵਰ ਵਿੱਦਿਅਕ ਸੰਸਥਾ ਨਨਕਾਣਾ ਸਾਹਿਬ ਪਬਲਿਕ ਸਕੂਲ ਸਮਰਾਲਾ ਵਿਖੇ ਸ਼੍ਰੀਮਤੀ ਜਸਵਿੰਦਰ ਕੌਰ ਨੇ ਪ੍ਰਿੰਸੀਪਲ ਵਜੋਂ ਅਹੁਦਾ ਸੰਭਾਲਿਆ। ਇਸ ਮੌਕੇ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਸਕੱਤਰ ਪਰਮਜੀਤ ਸਿੰਘ ਢਿੱਲੋਂ , ਸੀਨੀਅਰ ਮੀਤ ਪ੍ਰਧਾਨ ਹਰਜਤਿੰਦਰ ਸਿੰਘ ਬਾਜਵਾ, ਮੀਤ ਪ੍ਰਧਾਨ ਡਾ. ਪਰਵਿੰਦਰ ਸਿੰਘ ਬੱਲੀ , ਉਜਾਗਰ ਸਿੰਘ ਬੈਨੀਪਾਲ, ਕੁਲਦੀਪ ਸਿੰਘ ਜਾਤੀਵਾਲ, ਸੁਰਿੰਦਰ ਸਿੰਘ ਬੇਦੀ, ਹਰਜੀਤ ਸਿੰਘ ਸ਼ੇਰੀਆਂ, ਰੁਪਿੰਦਰ ਕੌਰ ਬਲਾਲਾ, ਪ੍ਰਕਾਸ਼ ਕੌਰ, ਕੁਲਮਿੰਦਰ ਸਿੰਘ ਅਤੇ ਅੰਮ੍ਰਿਤਪਾਲ ਸਿੰਘ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਸ਼੍ਰੀਮਤੀ ਜਸਵਿੰਦਰ ਕੌਰ ਨੇ ਪੰਜਾਬੀ, ਅੰਗਰੇਜ਼ੀ ਅਤੇ ਮਨੋਵਿਗਿਆਨ ਵਿਸ਼ਿਆਂ ਵਿੱਚ ਐੱਮ. ਏ. ਦੀ ਡਿਗਰੀ ਪ੍ਰਾਪਤ ਕੀਤੀ ਹੋਈ ਹੈ। ਉਹਨਾਂ ਕੋਲ ਅਧਿਆਪਨ ਦੇ ਖੇਤਰ ਵਿੱਚ 12 ਸਾਲ ਦਾ ਤਜਰਬਾ ਹੈ। ਉਹ ਪਿਛਲੇ 10 ਸਾਲਾਂ ਤੋਂ ਬਤੌਰ ਪ੍ਰਿੰਸੀਪਲ ਸੇਵਾਵਾਂ ਨਿਭਾ ਰਹੇ ਹਨ। ਇਸ ਵਿੱਚ 6 ਸਾਲ ਨਨਕਾਣਾ ਸਾਹਿਬ ਪਬਲਿਕ ਸਕੂਲ (ਈਸੜੂ) ਅਤੇ 4 ਸਾਲ ਐੱਸ. ਬੀ. ਆਰ. ਡੀ. ਏ. ਵੀ. ਸਕੂਲ, ਤਲਵੰਡੀ ਭਾਈ ਕੇ (ਫਿਰੋਜ਼ਪੁਰ) ਵਿੱਚ ਪ੍ਰਿੰਸੀਪਲ ਵਜੋਂ ਸਫਲ ਕਾਰਜਕਾਲ ਸ਼ਾਮਿਲ ਹੈ। ਸਿੱਖਿਆ ਵਿੱਚ ਵਡਮੁੱਲੇ ਯੋਗਦਾਨ ਲਈ ਉਹਨਾਂ ਨੂੰ ਹਾਲ ਹੀ ਵਿੱਚ ਵੱਕਾਰੀ @ਰਵਿੰਦਰ ਨਾਥ ਟੈਗੋਰ@ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਉਹ ਆਪਣੇ ਕੈਰੀਅਰ ਦੌਰਾਨ ਕਈ ਹੋਰ ਵੱਕਾਰੀ ਇਨਾਮ ਵੀ ਜਿੱਤ ਚੁੱਕੇ ਹਨ। ਉਹ ਵਿਦਿਆਰਥੀਆਂ ਦੇ ਮਾਰਗਦਰਸ਼ਨ ਲਈ ਇੱਕ ਕੁਸ਼ਲ ਅਕੈਡਮਿਕ ਕੌਂਸਲਰ ਵਜੋਂ ਵੀ ਕੰਮ ਕਰਦੇ ਹਨ। ਪ੍ਰਿੰਸੀਪਲ ਵਜੋਂ ਅਹੁਦਾ ਸੰਭਾਲਣ ਤੋਂ ਬਾਅਦ ਸ਼੍ਰੀਮਤੀ ਜਸਵਿੰਦਰ ਕੌਰ ਨੇ ਕਿਹਾ ਕਿ ਅੱਜ - ਕੱਲ੍ਹ ਦੇ ਬੱਚੇ ਮੋਬਾਇਲ ਫੋਨਾਂ ਵਿੱਚ ਬਹੁਤ ਜ਼ਿਆਦਾ ਰੁੱਝੇ ਰਹਿਣ ਕਾਰਨ ਲਿਖਣ ਅਤੇ ਪੜ੍ਹਨ ਦੀ ਆਦਤ ਨੂੰ ਭੁੱਲਦੇ ਜਾ ਰਹੇ ਹਨ। ਉਹਨਾਂ ਨੇ ਮਾਪਿਆਂ ਨਾਲ਼ ਵਾਇਦਾ ਕੀਤਾ ਕਿ ਉਹਨਾਂ ਦਾ ਮੁੱਖ ਟੀਚਾ ਬੱਚਿਆਂ ਵਿੱਚ ਮੁੜ ਤੋਂ ਪੜ੍ਹਨ ਅਤੇ ਲਿਖਣ ਦੀ ਰੁਚੀ ਪੈਦਾ ਕਰਨਾ ਹੈ। ਉਹ ਸਕੂਲ ਦੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਵਚਨਬਧ ਹਨ । ਸਕੂਲ ਦੀ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਨੇ ਸ਼੍ਰੀਮਤੀ ਜਸਵਿੰਦਰ ਕੌਰ ਦਾ ਪ੍ਰਿੰਸੀਪਲ ਵਜੋਂ ਅਹੁਦਾ ਸੰਭਾਲਣ ਤੇ ਨਿੱਘਾ ਸਵਾਗਤ ਕੀਤਾ ਅਤੇ ਭਵਿੱਖ ਵਿੱਚ ਉਹਨਾਂ ਵੱਲੋਂ ਸਕੂਲ ਨੂੰ ਨਵੀਆਂ ਬੁਲੰਦੀਆਂ ਤੱਕ ਪਹੁੰਚਾਉਣ ਲਈ ਸ਼ੁਭਕਾਮਨਾਵਾਂ ਦਿੱਤੀਆਂ।

### ਸ਼੍ਰੋਮਣੀ ਰਾਗੀ ਗ੍ਰੰਥੀ ਸਭਾ, ਭਾਈ ਕਲਿਆਣਾ ਜੀ ਗੁਰਮਤਿ ਗ੍ਰੰਥੀ ਸਭਾ ਵਲੋਂ ਵੱਖ-ਵੱਖ ਸਭਾਵਾਂ ਨੂੰ ਦਿੱਤਾ ਸੱਦਾ ਪੱਤਰ

ਮੋਗਾ 22 ਮਈ (ਜਗਰਾਜ ਸਿੰਘ ਸੰਘਾ) ਭਾਈ ਹਰਜਿੰਦਰ ਸਿੰਘ ਬੱਟੂਵਾਲਾ ਮੈਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜੋ ਕਾਨੂੰਨ ਬਣਾਇਆ ਗਿਆ ਹੈ ਜਿਸ ਵਿੱਚ ਕੋਈ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਬਦੀ ਕਰ ਜਾਵੇ ਉਸ ਵਿੱਚ ਸਿੱਧਾ ਹੀ ਗ੍ਰੰਥੀ ਸਿੰਘ ਕਸੂਰਵਾਰ ਮੰਨਿਆ ਜਾਵੇਗਾ ਇਸ ਕਾਨੂੰਨ ਦੀ ਸੋਧ ਕਰਵਾਉਣ ਵਾਸਤੇ ਇੱਕ ਬਹੁਤ ਵੱਡਾ ਇਕੱਠ ਮਿਤੀ 25 ਮਈ ਦਿਨ ਸੋਮਵਾਰ ਨੂੰ ਗੁਰਦੁਆਰਾ ਬੀਬੀ ਕਾਹਨ ਕੌਰ ਵਿਖੇ ਸਵੇਰੇ 10 ਵਜੇ ਗ੍ਰੰਥੀ ਸਿੰਘਾਂ ਦੀ ਇਕੱਤਰਤਾ ਸੱਦੀ ਗਈ ਹੈ ਇਸ ਵਿੱਚ ਸਾਰੀਆਂ ਹੀ ਸਭਾਵਾਂ ਅਤੇ ਸਮੂੰਹ ਗ੍ਰੰਥੀ ਸਿੰਘਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਆਪ ਜੀ ਨੇ ਸਮੇਂ ਸਿਰ ਦਾ ਸੱਦਾ ਸ਼੍ਰੋਮਣੀ ਰਾਗੀ ਗ੍ਰੰਥੀ ਸਭਾ ਰਜਿ ਪੰਜਾਬ ਜ਼ਿਲ੍ਹਾ ਪ੍ਰਧਾਨ ਗਿਆਨੀ ਸੁਖਵੰਤ ਸਿੰਘ ਕਥਾਵਾਚਕ,ਭਾਈ ਕਲਿਆਣਾ ਜੀ ਗੁਰਮਤਿ ਰਾਗੀ ਗ੍ਰੰਥੀ ਸਭਾ ਰਜਿ ਪੰਜਾਬ ਜ਼ਿਲ੍ਹਾ ਮੋਗਾ ਸਰਪ੍ਰਸਤ ਭਾਈ ਹਰਨੇਕ ਸਿੰਘ ਬਲਖੰਡੀ, ਪੰਜਾਬ ਪ੍ਰਧਾਨ ਭਾਈ ਲਖਵੀਰ ਸਿੰਘ ਬੱਗੇ ਅਤੇ ਸਮੂੰਹ ਅਹੁਦੇਦਾਰਾਂ ਮੈਂਬਰ ਸਾਹਿਬਾਨਾਂ ਵੱਲੋਂ ਇਕਜੁੱਟ ਹੋ ਕੇ ਇਸ ਕਨੂੰਨ ਨੂੰ ਰੱਦ ਕਰਵਾਈਏ ਇਸ ਮੌਕੇ ਤੇ ਪੰਜਾਬ ਪ੍ਰਧਾਨ ਗਿਆਨੀ ਸਵਰਨ ਸਿੰਘ ਜ਼ਿਲ੍ਹਾ ਪ੍ਰਧਾਨ ਗਿਆਨੀ ਸੁਖਵੰਤ ਸਿੰਘ ਕਥਾਵਾਚਕ, ਸ਼ਹਿਰੀ ਪ੍ਰਧਾਨ ਭਾਈ ਇਕਬਾਲ ਬੁੱਟਰ ਪ੍ਰੈਸ ਸਕੱਤਰ ਭਾਈ ਹਰਜਿੰਦਰ ਸਿੰਘ ਬੱਡੂਵਾਲੀਆ,? ਸੀਨੀਅਰ ਮੀਤ ਪ੍ਰਧਾਨ ਗਿਆਨੀ ਹਰਜੀਤ ਸਿੰਘ, ਸਟੇਜ ਸੈਕਟਰੀ ਭਾਈ ਸ਼ਿੰਦਰ ਸਿੰਘ, ਜਨਰਲ ਸਕੱਤਰ ਭਾਈ ਮੰਗਲ ਸਿੰਘ, ਵਾਈਸ ਪੰਜਾਬ ਪ੍ਰਧਾਨ ਗਿਆਨੀ ਜਗਸੀਰ ਸਿੰਘ ਆਦਿ ਹਾਜਰ ਸਨ

# ਸੀਐਮ ਸੈਣੀ ਨੇ ਨਵੀਂ ਦਿੱਲੀ 'ਚ ਇੰਡਸਟਰੀਜ਼ ਤੇ ਵਪਾਰਕ ਸੰਗਠਨਾਂ ਦੇ ਨੁਮਾਇੰਦਿਆਂ ਨਾਲ ਕੀਤੀ ਮੀਟਿੰਗ



**ਚੰਡੀਗੜ੍ਹ, 22 ਮਈ (ਦੇਸ਼ ਪ੍ਰਦੇਸ਼ ਬਿਊਰੋ):** ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਮਿਡਲ ਈਸਟ ਵਿੱਚ ਆਏ ਸੰਕਟ ਦਾ ਇੰਡਸਟਰੀ ਵਿਸ਼ੇਸ਼ ਕਰਕੇ ਆਯਾਤ-ਨਿਰਯਾਤ 'ਤੇ ਡੂੰਘਾ ਪ੍ਰਭਾਵ ਪਿਆ ਹੈ। ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਵੀ ਇਸ ਵਿਸ਼ੇ 'ਤੇ ਆਪਣੀ ਚਿੰਤਾ ਪ੍ਰਗਟਾ ਚੁੱਕੇ ਹਨ। ਸੰਕਟ ਦੀ ਇਸ ਘੜੀ ਵਿੱਚ ਹਰਿਆਣਾ ਸਰਕਾਰ ਕਾਰੋਬਾਰੀਆਂ, ਤੁਹਾਡੇ ਨਾਲ ਖੜ੍ਹੀ ਹੈ। ਉਨ੍ਹਾਂ ਨੇ ਇਹ ਗੱਲ ਸ਼ੁੱਕਰਵਾਰ ਨੂੰ ਨਵੀਂ ਦਿੱਲੀ ਸਥਿਤ ਹਰਿਆਣਾ ਭਵਨ ਵਿੱਚ ਐਨਸੀਆਰ ਦੇ ਵੱਖ-ਵੱਖ ਇੰਡਸਟਰੀਜ਼ ਅਤੇ ਟ੍ਰੇਡਰਜ਼ ਐਸੋਸੀਏਸ਼ਨ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ ਕਹੀ। ਹਰਿਆਣਾ ਦੇ ਉਦਯੋਗ ਅਤੇ ਵਪਾਰ ਮੰਤਰੀ ਰਾਓ ਨਰਬੀਰ ਸਿੰਘ ਵੀ ਮੌਜੂਦ ਰਹੇ। ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਅਸੀਂ ਕੋਰੋਨਾ ਦਾ ਦੌਰ ਵੀ ਦੇਖਿਆ ਸੀ। ਜਿਸ ਤਰ੍ਹਾਂ ਤੁਸੀਂ ਅਤੇ ਅਸੀਂ ਸਾਰਿਆਂ ਨੇ ਮਿਲ ਕੇ ਉਸ ਸੰਕਟ ਨੂੰ ਪਾਰ ਕੀਤਾ, ਉਸੇ ਤਰ੍ਹਾਂ ਇਸ ਦੌਰ ਵਿੱਚੋਂ ਵੀ ਉਭਰਾਂਗੇ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਵੀ ਇਸ ਗੱਲ 'ਤੇ ਡੂੰਘੀ ਚਿੰਤਾ ਪ੍ਰਗਟਾਈ ਹੈ ਅਤੇ ਉਨ੍ਹਾਂ ਦਾ ਮੰਨਣਾ ਹੈ ਕਿ ਇਸ ਦੌਰ ਵਿੱਚ ਛੋਟੀਆਂ-ਛੋਟੀਆਂ ਗੱਲਾਂ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ। ਸਰਕਾਰ ਪਹਿਲਾਂ ਵੀ ਅਤੇ ਹੁਣ ਵੀ ਤੁਹਾਡੇ ਨਾਲ ਖੜ੍ਹੀ ਹੈ। ਮੁੱਖ ਮੰਤਰੀ ਨੇ ਦੱਸਿਆ ਕਿ ਹਰਿਆਣਾ ਸਰਕਾਰ ਦੀ ਨਵੀਂ ਉਦਯੋਗ ਨੀਤੀ ਨੂੰ ਕੈਬਨਿਟ ਦੀ ਮਨਜ਼ੂਰੀ ਮਿਲ ਚੁੱਕੀ ਹੈ। ਤੁਸੀਂ ਪਹਿਲਾਂ ਜੋ ਵੀ ਸੁਝਾਅ ਦਿੱਤੇ ਸਨ, ਉਨ੍ਹਾਂ ਨੂੰ ਇਸ ਨੀਤੀ ਵਿੱਚ ਸ਼ਾਮਲ ਕਰ ਲਿਆ ਗਿਆ ਹੈ ਤਾਂ ਜੋ ਉਦਯੋਗਾਂ ਨੂੰ ਸੂਬੇ ਵਿੱਚ ਇੱਕ ਚੰਗਾ ਮਾਹੌਲ ਮਿਲੇ। ਇਸ ਦੌਰਾਨ ਬੈਠਕ ਵਿੱਚ ਪਹੁੰਚੇ ਨੁਮਾਇੰਦਿਆਂ ਨੇ ਆਪਣੇ ਸੁਝਾਅ ਵੀ ਮੁੱਖ ਮੰਤਰੀ ਨੂੰ ਦਿੱਤੇ। ਮੁੱਖ ਮੰਤਰੀ ਨੇ ਸਾਰੇ ਸੁਝਾਵਾਂ ਨੂੰ ਧਿਆਨਪੂਰਵਕ ਸੁਣਿਆ ਅਤੇ ਕਈ ਮੰਗਾਂ ਨੂੰ ਬੈਠਕ ਵਿੱਚ ਹੀ ਮਨਜ਼ੂਰੀ ਪ੍ਰਦਾਨ ਕੀਤੀ ਗਈ। ਮੁੱਖ ਮੰਤਰੀ ਨੇ ਅੱਗ ਲੱਗਣ ਦੀਆਂ ਵਧਦੀਆਂ ਘਟਨਾਵਾਂ ਦੇ ਸਬੰਧ ਵਿੱਚ ਦੱਸਿਆ ਕਿ ਗੁਰੂਗ੍ਰਾਮ, ਸੋਨੀਪਤ ਅਤੇ ਫਰੀਦਾਬਾਦ ਵਿੱਚ ਉੱਚ ਸਮਰੱਥਾ ਦੇ ਵੱਡੇ ਫਾਇਰ ਟੈਂਡਰ ਜਲਦੀ ਹੀ ਉਪਲਬਧ ਕਰਵਾਏ ਜਾਣਗੇ। ਇਸ ਮੌਕੇ ਉਦਯੋਗ ਅਤੇ ਵਪਾਰ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਡਾ. ਅਮਿਤ ਅਗਰਵਾਲ, ਚੀਫ਼ ਕੋਆਰਡੀਨੇਟਰ ਇੰਡਸਟਰੀਜ਼ ਸੁਨੀਲ ਸ਼ਰਮਾ ਅਤੇ ਹਰਿਆਣਾ ਚੈਂਬਰਜ਼ ਆਫ਼ ਕਾਮਰਸ, ਫੁੱਟਵੀਅਰ, ਐਕਸਪੋਰਟ, ਐਨਰਜੀ, ਕਿਰਾਨਾ ਆਦਿ ਵਪਾਰਕ ਸੰਗਠਨਾਂ ਦੇ ਨੁਮਾਇੰਦੇ ਮੌਜੂਦ ਰਹੇ।

## ਹਰਿਆਣਾ ਪਰਿਵਾਰ ਪਹਿਚਾਣ ਅਥਾਰਟੀ ਵੱਲੋਂ ਹੁਣ ਤੱਕ 2.36 ਕਰੋੜ ਤੋਂ ਵੱਧ ਸਰਟੀਫਿਕੇਟ ਤੇ ਸੇਵਾਵਾਂ ਜਾਰੀ

**ਚੰਡੀਗੜ੍ਹ, 22 ਮਈ (ਦੇਸ਼ ਪ੍ਰਦੇਸ਼ ਬਿਊਰੋ):** ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਮਿਡਲ ਈਸਟ ਵਿੱਚ ਆਏ ਸੰਕਟ ਦਾ ਇੰਡਸਟਰੀ ਵਿਸ਼ੇਸ਼ ਕਰਕੇ ਆਯਾਤ-ਨਿਰਯਾਤ 'ਤੇ ਡੂੰਘਾ ਪ੍ਰਭਾਵ ਪਿਆ ਹੈ। ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਵੀ ਇਸ ਵਿਸ਼ੇ 'ਤੇ ਆਪਣੀ ਚਿੰਤਾ ਪ੍ਰਗਟਾ ਚੁੱਕੇ ਹਨ। ਸੰਕਟ ਦੀ ਇਸ ਘੜੀ ਵਿੱਚ ਹਰਿਆਣਾ ਸਰਕਾਰ ਕਾਰੋਬਾਰੀਆਂ, ਤੁਹਾਡੇ ਨਾਲ ਖੜ੍ਹੀ ਹੈ। ਉਨ੍ਹਾਂ ਨੇ ਇਹ ਗੱਲ ਸ਼ੁੱਕਰਵਾਰ ਨੂੰ ਨਵੀਂ ਦਿੱਲੀ ਸਥਿਤ ਹਰਿਆਣਾ ਭਵਨ ਵਿੱਚ ਐਨਸੀਆਰ ਦੇ ਵੱਖ-ਵੱਖ ਇੰਡਸਟਰੀਜ਼ ਅਤੇ ਟ੍ਰੇਡਰਜ਼ ਐਸੋਸੀਏਸ਼ਨ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ ਕਹੀ। ਹਰਿਆਣਾ ਦੇ ਉਦਯੋਗ ਅਤੇ ਵਪਾਰ ਮੰਤਰੀ ਰਾਓ ਨਰਬੀਰ ਸਿੰਘ ਵੀ ਮੌਜੂਦ ਰਹੇ। ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਅਸੀਂ ਕੋਰੋਨਾ ਦਾ ਦੌਰ ਵੀ ਦੇਖਿਆ ਸੀ। ਜਿਸ ਤਰ੍ਹਾਂ ਤੁਸੀਂ ਅਤੇ ਅਸੀਂ ਸਾਰਿਆਂ ਨੇ ਮਿਲ ਕੇ ਉਸ ਸੰਕਟ ਨੂੰ ਪਾਰ ਕੀਤਾ, ਉਸੇ ਤਰ੍ਹਾਂ ਇਸ ਦੌਰ ਵਿੱਚੋਂ ਵੀ ਉਭਰਾਂਗੇ। ਮੁੱਖ ਮੰਤਰੀ ਨੇ ਦੱਸਿਆ ਕਿ ਹਰਿਆਣਾ ਸਰਕਾਰ ਦੀ ਨਵੀਂ ਉਦਯੋਗ ਨੀਤੀ ਨੂੰ ਕੈਬਨਿਟ ਦੀ ਮਨਜ਼ੂਰੀ ਮਿਲ ਚੁੱਕੀ ਹੈ। ਤੁਸੀਂ ਪਹਿਲਾਂ ਜੋ ਵੀ ਸੁਝਾਅ ਦਿੱਤੇ ਸਨ, ਉਨ੍ਹਾਂ ਨੂੰ ਇਸ ਨੀਤੀ ਵਿੱਚ ਸ਼ਾਮਲ ਕਰ ਲਿਆ ਗਿਆ ਹੈ ਮੁੱਖ ਮੰਤਰੀ ਨੇ ਅੱਗ ਲੱਗਣ ਦੀਆਂ ਵਧਦੀਆਂ ਘਟਨਾਵਾਂ ਦੇ ਸਬੰਧ ਵਿੱਚ ਦੱਸਿਆ ਕਿ ਗੁਰੂਗ੍ਰਾਮ, ਸੋਨੀਪਤ ਅਤੇ ਫਰੀਦਾਬਾਦ ਵਿੱਚ ਉੱਚ ਸਮਰੱਥਾ ਦੇ ਵੱਡੇ ਫਾਇਰ ਟੈਂਡਰ ਜਲਦੀ ਹੀ ਉਪਲਬਧ ਕਰਵਾਏ ਜਾਣਗੇ। ਇਸ ਮੌਕੇ ਉਦਯੋਗ ਅਤੇ ਵਪਾਰ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਡਾ. ਅਮਿਤ ਅਗਰਵਾਲ, ਚੀਫ਼ ਕੋਆਰਡੀਨੇਟਰ ਇੰਡਸਟਰੀਜ਼ ਸੁਨੀਲ ਸ਼ਰਮਾ ਅਤੇ ਹਰਿਆਣਾ ਚੈਂਬਰਜ਼ ਆਫ਼ ਕਾਮਰਸ, ਫੁੱਟਵੀਅਰ, ਐਕਸਪੋਰਟ, ਐਨਰਜੀ, ਕਿਰਾਨਾ ਆਦਿ ਵਪਾਰਕ ਸੰਗਠਨਾਂ ਦੇ ਨੁਮਾਇੰਦੇ ਮੌਜੂਦ ਰਹੇ। ਹਰਿਆਣਾ ਸਰਕਾਰ ਵੱਲੋਂ ਆਮ ਲੋਕਾਂ ਦੀ ਸਹੂਲਤ ਲਈ ਵੱਧ ਤੋਂ ਵੱਧ ਸਰਕਾਰੀ ਸੇਵਾਵਾਂ ਅਤੇ ਸਰਟੀਫਿਕੇਟ ਘਰ ਬੈਠੇ ਹੀ ਆਨਲਾਈਨ ਉਪਲਬਧ ਕਰਵਾਏ ਜਾ ਰਹੇ ਹਨ। ਸਰਕਾਰੀ ਬੁਲਾਰੇ ਨੇ ਦੱਸਿਆ ਕਿ ਜੂਨ, 2020 ਵਿੱਚ ਸ਼ੁਰੂ ਕੀਤੀ ਗਈ ਪਰਿਵਾਰ ਪਹਿਚਾਣ ਪੱਤਰ (ਪੀਪੀਪੀ) ਯੋਜਨਾ ਦੇ ਤਹਿਤ ਸੂਬੇ ਦੇ ਪਰਿਵਾਰਾਂ ਨਾਲ ਸਬੰਧਤ ਇੱਕ ਭਰੋਸੇਯੋਗ ਡੇਟਾਬੇਸ ਤਿਆਰ ਕੀਤਾ ਗਿਆ ਹੈ ਉਨ੍ਹਾਂ ਦੱਸਿਆ ਕਿ ਹਰਿਆਣਾ ਸਰਕਾਰ ਦਾ ਪਰਿਵਾਰ ਪਹਿਚਾਣ ਪੱਤਰ ਪਲੇਟਫਾਰਮ ਦੇਸ਼ ਦਾ ਆਪਣੇ ਆਪ ਵਿੱਚ ਸਭ ਤੋਂ ਵਿਲੱਖਣ ਪ੍ਰਯੋਗ ਹੈ, ਜਿਸ ਰਾਹੀਂ ਸੂਬੇ ਦੇ ਸਾਰੇ 23 ਜ਼ਿਲ੍ਹਿਆਂ ਵਿੱਚ ਕੁੱਲ 77,41,912 ਪਰਿਵਾਰਾਂ ਦੇ 2,98,47,359 ਮੈਂਬਰਾਂ ਨੂੰ ਰਜਿਸਟਰਡ ਕੀਤਾ ਜਾ ਚੁੱਕਾ ਹੈ। ਉਨ੍ਹਾਂ ਜਾਣੂ ਕਰਵਾਇਆ ਕਿ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਿਭਾਗ ਵੱਲੋਂ ਜਲਦੀ ਹੀ ਪੀਪੀਪੀ 2.0 ਤਿਆਰ ਕੀਤਾ ਜਾਵੇਗਾ, ਜੋ ਮੌਜੂਦਾ ਪੀਪੀਪੀ ਪਲੇਟਫਾਰਮ ਦੇ ਉੱਨਤ ਆਰਕੀਟੈਕਚਰ 'ਤੇ ਅਧਾਰਤ ਹੋਵੇਗਾ। ਉਨ੍ਹਾਂ ਦੱਸਿਆ ਕਿ ਅਥਾਰਟੀ ਵੱਲੋਂ ਨਾਗਰਿਕਾਂ ਨੂੰ ਪੀਪੀਪੀ ਸਮਾਰਟ ਕਾਰਡ ਵੀ ਉਪਲਬਧ ਕਰਵਾਏ ਜਾਣਗੇ, ਜੋ ਪਹਿਚਾਣ ਪੱਤਰਾਂ ਦੀ ਤਰਜ਼ 'ਤੇ ਤਿਆਰ ਕੀਤੇ ਜਾਣਗੇ ਅਤੇ ਸਰਕਾਰ ਦੀਆਂ ਭਲਾਈ ਯੋਜਨਾਵਾਂ ਅਤੇ ਸੇਵਾਵਾਂ ਤੱਕ ਪਹੁੰਚ ਦਾ ਇੱਕੋ-ਇੱਕ ਸਰੋਤ ਬਣਨਗੇ। ਇਸ ਕਾਰਡ ਵਿੱਚ ਪਹਿਚਾਣ ਸਬੰਧੀ ਸਾਰਾ ਜ਼ਰੂਰੀ ਡੇਟਾ ਸ਼ਾਮਲ ਹੋਵੇਗਾ ਅਤੇ ਇਹ ਧੋਖਾਧੜੀ 'ਤੇ ਨਿਯੰਤਰਣ ਦਾ ਇੱਕ ਮਜ਼ਬੂਤ ਅਧਾਰ ਸਿੱਧ ਹੋਵੇਗਾ।

# ਜੀ ਟੀ ਬੀ ਨਗਰ ਖਰੜ ਦੀਆਂ ਔਰਤਾਂ ਨੇ ਸਨੈਚਿੰਗ ਦੀਆਂ ਘਟਨਾਵਾਂ ਰੁਕਵਾਉਣ ਲਈ ਐਸ ਡੀ ਐਮ ਕੋਲ ਲਾਈ ਗੁਹਾਰ



**ਸ਼ਸ਼ੀ ਪਾਲ ਜੈਨ**

**ਖਰੜ, 22 ਮਈ:** ਸਮਾਜ ਵਿਰੋਧੀ ਅਨਸਰਾਂ ਵੱਲੋਂ ਸਨੈਚਿੰਗ ਦੀਆਂ ਘਟਨਾਵਾਂ ਨੂੰ ਲੈ ਕੇ ਜੀ ਟੀ ਬੀ ਨਗਰ ਖਰੜ ਦੀਆਂ ਔਰਤਾਂ ਦਾ ਇੱਕ ਵਫਦ ਐਸ ਡੀ ਐਮ ਖਰੜ ਗੁਰਮੀਤ ਸਿੰਘ ਨੂੰ ਮਿਲਿਆ ਜਿਸ ਦੀ ਅਗਵਾਈ ਬੀਬੀ ਲਲਿਤਾ ਅਤੇ ਅਮਨਦੀਪ ਕੌਰ ਨੇ ਕੀਤੀ। ਇਸ ਸਮੇਂ ਉਨਾਂ ਨਾਲ ਰਣਜੀਤ ਕੌਰ, ਕੁਲਵਿੰਦਰ ਕੌਰ, ਨਿਰਮਲ ਕੌਰ, ਸਰਬਜੀਤ ਸਿੰਘ ਅਤੇ ਅਰਸ਼ਦੀਪ ਵੀ ਮੌਜੂਦ ਸਨ। ਉਨਾਂ ਐਸ ਡੀ ਐਮ ਨੂੰ ਗੁਹਾਰ ਲਗਾਈ ਕਿ ਜੀ ਟੀ ਵੀ ਨਗਰ ਖਰੜ ਨੇੜੇ ਚਿਲਡਰਨ ਪਾਰਕ ਦੇ ਇਲਾਕੇ ਵਿੱਚ ਰਾਤ ਨੂੰ ਸਟਰੀਟ ਲਾਈਟਾਂ ਬੰਦ ਰਹਿਣ ਕਰਕੇ ਅਤੇ ਕਈ ਗਲੀਆਂ ਵਿੱਚ ਹਨੇਰੇ ਦੀ ਆੜ ਵਿੱਚ ਸਮਾਜ ਵਿਰੋਧੀ ਅਨਸਰਾਂ ਨੂੰ ਮਾੜੀਆਂ ਹਰਕਤਾਂ ਕਰਨ ਦਾ ਮੌਕਾ ਮਿਲ ਜਾਂਦਾ ਹੈ ਜਿਸ ਕਰਕੇ ਇਥੋਂ ਦੇ ਵਸਨੀਕਾਂ ਵਿੱਚ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ। ਉਨਾਂ ਆਪਣੀ ਦਰਖਾਸਤ ਵਿੱਚ ਕਿਹਾ ਕਿ ਇਸ ਇਲਾਕੇ ਵਿੱਚ ਸਨੈਚਿੰਗ ਦੀਆਂ ਘਟਨਾਵਾਂ ਆਮ ਵਾਂਗ ਹਨ ਅਤੇ ਕਈ ਸਮਾਜ ਵਿਰੋਧੀ ਅਨਸਰ, ਜੋੜਿਆਂ ਦੇ ਰੂਪ ਵਿੱਚ ਗਲੀਆਂ ਵਿੱਚ ਅਸਲੀਲ ਹਰਕਤਾਂ ਕਰਦੇ ਦੇਖੇ ਜਾ ਸਕਦੇ ਹਨ। ਜਿਹਨਾਂ ਤੋਂ ਇਥੋਂ ਦੇ ਵਸਨੀਕਾਂ ਨੂੰ ਸ਼ਰਮਸਾਰ ਹੋਣਾ ਪੈਂਦਾ ਹੈ । ਉਨਾਂ ਮੰਗ ਕੀਤੀ ਕਿ ਇਸ ਇਲਾਕੇ ਵਿੱਚ ਪੁਲਿਸ ਗਸਤ ਵਧਾਈ ਜਾਵੇ ਅਤੇ ਜਿਹੜੀਆਂ ਗਲੀਆਂ ਵਿੱਚ ਹਾਲੇ ਤੱਕ ਲਾਈਟਾਂ ਨਹੀਂ ਲਗਾਈਆਂ ਗਈਆਂ ਜਾਂ ਤਕਨੀਕੀ ਨੁਕਸ ਹੋਣ ਕਰਕੇ ਬੰਦ ਹਨ,ਉਹ ਚਾਲੂ ਕਰਵਾਈਆਂ ਜਾਣ ਤਾਂ ਕਿ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਪੈਦਾ ਹੋ ਸਕੇ। ਐਸ ਡੀ ਐਮ ਨੇ ਤੁਰੰਤ ਈ ਓ ਨਗਰ ਕੌਂਸਲ ਖਰੜ ਨੂੰ ਸਟਰੀਟ ਲਾਈਟਾਂ ਦੇ ਪ੍ਰਬੰਧ ਕਰਨ ਲਈ ਅਤੇ ਡੀ ਐਸ ਪੀ ਨੂੰ ਪੁਲਿਸ ਗਸਤ ਵਧਾਉਣ ਲਈ ਕਿਹਾ।

# ਪ੍ਰਸ਼ਾਸਕ 'ਬਾਲ ਸਭਾ - ਮਨ ਕਾ ਸੰਵਾਦ 2.0' ਵਿੱਚ ਬੱਚਿਆਂ ਨੂੰ ਮਜ਼ਬੂਤ ਚਰਿੱਤਰ ਬਣਾਉਣ ਤੇ ਰਾਸ਼ਟਰ ਨਿਰਮਾਣ 'ਚ ਯੋਗਦਾਨ ਪਾਉਣ ਲਈ ਪ੍ਰੇਰਿਤ ਕਰਦਾ




**ਚੰਡੀਗੜ੍ਹ, 22 ਮਈ (ਦੇਸ਼ ਪ੍ਰਦੇਸ਼ ਬਿਊਰੋ):** ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਸਮਾਜ ਭਲਾਈ, ਮਹਿਲਾ ਅਤੇ ਬਾਲ ਵਿਕਾਸ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਦੁਆਰਾ ਆਯੋਜਿਤ ਇੱਕ ਪ੍ਰੋਗਰਾਮ ਬਾਲ ਸਭਾ: ਮਨ ਕਾ ਸੰਵਾਦ 2.0 ਦੌਰਾਨ ਸਰਕਾਰੀ ਸਕੂਲਾਂ ਅਤੇ ਬਾਲ ਦੇਖਭਾਲ ਸੰਸਥਾਵਾਂ ਦੇ ਬੱਚਿਆਂ ਨਾਲ ਗੱਲਬਾਤ ਕੀਤੀ। ਇਸ ਪ੍ਰੋਗਰਾਮ ਨੇ ਬੱਚਿਆਂ ਨੂੰ ਆਪਣੇ ਵਿਚਾਰਾਂ, ਇੱਛਾਵਾਂ ਅਤੇ ਚਿੰਤਾਵਾਂ ਨੂੰ ਖੁੱਲ੍ਹ ਕੇ ਸਾਂਝਾ ਕਰਨ ਲਈ ਇੱਕ ਅਰਥਪੂਰਨ ਅਤੇ ਬਾਲ-ਅਨੁਕੂਲ ਪਲੇਟਫਾਰਮ ਪ੍ਰਦਾਨ ਕੀਤਾ, ਨਾਲ ਹੀ ਬਾਲ ਅਧਿਕਾਰਾਂ, ਸੁਰੱਖਿਆ, ਭਾਗੀਦਾਰੀ ਅਤੇ ਸਸ਼ਕਤੀਕਰਨ ਪ੍ਰਤੀ ਸਮੂਹਿਕ ਵਚਨਬੱਧਤਾ ਨੂੰ ਵੀ ਮਜ਼ਬੂਤ ਕੀਤਾ। ਸਮਾਜ ਭਲਾਈ, ਮਹਿਲਾ ਅਤੇ ਬਾਲ ਵਿਕਾਸ ਵਿਭਾਗ ਦੀ ਸਕੱਤਰ ਸ਼੍ਰੀਮਤੀ ਅਨੁਰਾਧਾ ਚਗਤੀ ਨੇ ਸਮਾਗਮ ਵਿੱਚ ਮੌਜੂਦ ਪਤਵੰਤਿਆਂ ਅਤੇ ਭਾਗੀਦਾਰਾਂ ਦਾ ਸਵਾਗਤ ਕੀਤਾ। ਇਸ ਤੋਂ ਬਾਅਦ, ਮਾਣਯੋਗ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਪਾਠਸ਼ਾਲਾ ਰੱਥ: ਗਲੀਆਂ ਦੀਆਂ ਸਥਿਤੀਆਂ ਅਤੇ ਭਾਈਚਾਰਿਆਂ ਵਿੱਚ ਰਹਿਣ ਵਾਲੇ ਕਮਜ਼ੋਰ ਬੱਚਿਆਂ ਲਈ ਇੱਕ ਸੁਰੱਖਿਅਤ ਜਗਹਾ ਦੀ ਸ਼ੁਰੂਆਤ ਕੀਤੀ। ਇਸ ਮੌਕੇ 'ਤੇ ਸ਼੍ਰੀ ਐਚ. ਰਾਜੇਸ਼ ਪ੍ਰਸਾਦ, ਆਈਏਐਸ, ਮੁੱਖ ਸਕੱਤਰ, ਚੰਡੀਗੜ੍ਹ ਪ੍ਰਸ਼ਾਸਨ; ਡਾ. ਸਾਗਰ ਪ੍ਰੀਤ ਹੁੱਡਾ, ਆਈਪੀਐਸ, ਪੁਲਿਸ ਡਾਇਰੈਕਟਰ ਜਨਰਲ; ਸ਼੍ਰੀ ਅਮਨਦੀਪ ਸਿੰਘ ਭੱਟੀ, ਵਧੀਕ ਡਿਪਟੀ ਕਮਿਸ਼ਨਰ; ਸ਼੍ਰੀਮਤੀ ਰਾਧਿਕਾ ਸਿੰਘ, ਸਮਾਜ ਭਲਾਈ ਡਾਇਰੈਕਟਰ; ਸ਼੍ਰੀਮਤੀ ਸੁਮਨ, ਸਿਹਤ ਸੇਵਾਵਾਂ ਡਾਇਰੈਕਟਰ; ਅਤੇ ਸ਼੍ਰੀਮਤੀ ਸ਼ਿਪਰਾ ਬਾਂਸਲ, ਚੇਅਰਪਰਸਨ, ਸੀਸੀਪੀਸੀਆਰ, ਬਾਲ ਭਲਾਈ ਕਮੇਟੀ, ਜੁਵੇਨਾਈਲ ਜਸਟਿਸ ਬੋਰਡ ਅਤੇ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਦੇ ਮੈਂਬਰਾਂ ਸਮੇਤ ਮੌਜੂਦ ਸਨ। ਆਪਣੇ ਸੰਬੋਧਨ ਵਿੱਚ, ਮਾਨਯੋਗ ਪ੍ਰਸ਼ਾਸਕ ਨੇ ਬੱਚਿਆਂ ਨੂੰ ਦੇਸ਼ ਦੀ ਸਭ ਤੋਂ ਵੱਡੀ ਤਾਕਤ ਦੱਸਿਆ, ਇਹ ਕਹਿੰਦੇ ਹੋਏ ਕਿ ਸਿੱਖਿਆ ਸਿਰਫ਼ ਪੇਸ਼ੇਵਰ ਸਫਲਤਾ ਦਾ ਸਾਧਨ ਨਹੀਂ ਹੈ ਬਲਕਿ ਚਰਿੱਤਰ ਨਿਰਮਾਣ ਅਤੇ ਰਾਸ਼ਟਰ ਨਿਰਮਾਣ ਦੀ ਨੀਂਹ ਪੱਥਰ ਵਜੋਂ ਕੰਮ ਕਰਦੀ ਹੈ। ਮਨ ਕਾ ਸੰਵਾਦ (ਦਿਲ ਦਾ ਸੰਵਾਦ) ਸੈਸ਼ਨ ਦੌਰਾਨ, ਸ਼੍ਰੀ ਕਟਾਰੀਆ ਨੇ ਬੱਚਿਆਂ ਨਾਲ ਦਿਲੋਂ ਗੱਲਬਾਤ ਕੀਤੀ ਅਤੇ ਆਪਣੇ ਜੀਵਨ ਦੇ ਪ੍ਰੇਰਨਾਦਾਇਕ ਅਨੁਭਵ ਸਾਂਝੇ ਕੀਤੇ। ਇੱਕ ਮੂਰਤੀਕਾਰ ਅਤੇ ਇੱਕ ਪੱਥਰ ਨਾਲ ਜੁੜੇ ਇੱਕ ਪ੍ਰੇਰਨਾਦਾਇਕ ਦ੍ਰਿਸ਼ਟਾਂਤ ਰਾਹੀਂ, ਉਸਨੇ ਦਰਸਾਇਆ ਕਿ ਕਿਵੇਂ ਸੰਘਰਸ਼ ਅਤੇ ਚੁਣੌਤੀਆਂ ਇੱਕ ਵਿਅਕਤੀ ਦੀ ਸ਼ਖ਼ਸੀਅਤ ਅਤੇ ਸਫਲਤਾ ਨੂੰ ਆਕਾਰ ਦਿੰਦੀਆਂ ਹਨ। ਇਸ ਮੌਕੇ, ਚੰਡੀਗੜ੍ਹ ਪ੍ਰਸ਼ਾਸਨ ਦੇ ਮੁੱਖ ਸਕੱਤਰ ਸ਼੍ਰੀ ਐਚ. ਰਾਜੇਸ਼ ਪ੍ਰਸਾਦ, ਆਈਏਐਸ, ਨੇ ਬੱਚਿਆਂ ਨੂੰ ਅਨੁਸ਼ਾਸਿਤ ਰਹਿਣ ਅਤੇ ਆਪਣੇ ਟੀਚਿਆਂ 'ਤੇ ਕੇਂਦ੍ਰਿਤ ਰਹਿਣ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਨੇ ਬੱਚਿਆਂ ਦੀ ਭਲਾਈ, ਪੁਨਰਵਾਸ ਅਤੇ ਸੁਰੱਖਿਆ ਲਈ ਬਾਲ ਦੇਖਭਾਲ ਸੰਸਥਾਵਾਂ ਦੁਆਰਾ ਕੀਤੇ ਜਾ ਰਹੇ ਯਤਨਾਂ ਦੀ ਵੀ ਸ਼ਲਾਘਾ ਕੀਤੀ।

## ਝੁੰਗੀਆਂ ਰੋਡ ਖਰੜ ਦੀ ਉਸਾਰੀ ਲਈ ਐਸ ਡੀ ਐਮ ਨੂੰ ਮਿਲਿਆ ਵਫਦ



**ਸ਼ਸ਼ੀ ਪਾਲ ਜੈਨ**

**ਖਰੜ, 22 ਮਈ:** ਲੰਮੇ ਸਮੇਂ ਤੋਂ ਖਸਤਾ ਹਾਲਤ ਵਿੱਚ ਪਈ ਸੜਕ ਲੋਕਾਂ ਲਈ ਸਿਰਦਰਦੀ ਬਣੀ ਹੋਈ ਹੈ ਜਿਸ ਸਬੰਧੀ ਇੱਕ ਵਫਦ ਪ੍ਰਧਾਨ ਲੋਕ ਆਵਾਜ ਐਸੋਸੀਏਸ਼ਨ ਰਾਮ ਸਿੰਘ, ਖਰੜ ਵਾਰਡ ਨੰਬਰ-5 ਅਤੇ ਝੁੰਗੀਆਂ ਰੋਡ ਦੇ ਦੁਕਾਨਦਾਰਾਂ ਦੀ ਯੂਨੀਅਨ ਦੇ ਪ੍ਰਧਾਨ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਅਗਵਾਈ ਵਿੱਚ ਇੱਕ ਡੈਪੂਟੇਸ਼ਨ ਐਸ ਡੀ ਐਮ ਖਰੜ ਗੁਰਮੀਤ ਸਿੰਘ ਨੂੰ ਮਿਲਿਆ। ਇਸ ਸਮੇਂ ਉਹਨਾਂ ਨਾਲ ਤਰਲੋਚਨ ਸਿੰਘ ਭੱਟੀ, ਅਮਰਜੀਤ ਸਿੰਘ, ਜਗਤਾਰ ਸਿੰਘ, ਹਰਨਾਮ ਸਿੰਘ ਡੱਲਾ ਅਤੇ ਹਰਜੀਤ ਸਿੰਘ ਵੀ ਮੌਜੂਦ ਸਨ। ਉਹਨਾਂ ਇੱਕ ਪੱਤਰ ਲਿਖ ਕੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਚੰਡੀਗੜ੍ਹ ਰੋਡ ਖਰੜ ਤੋਂ ਲੈ ਕੇ ਝੁੰਗੀਆਂ, ਹਰਲਾਲਪੁਰ ਤੇ ਮੰਡੂਪੁਰ ਤੱਕ ਸੜਕ ਦਾ ਬਹੁਤ ਬੁਰਾ ਹਾਲ ਹੈ। ਇਹ ਸੜਕ ਥਾਂ-ਥਾਂ ਤੋਂ ਟੁੱਟੀ ਪਈ ਹੈ। ਰੋਜ਼ਾਨਾ ਹੀ ਹਾਦਸੇ ਹੋਣ ਕਰਕੇ ਲੋਕ ਜਖਮੀ ਹੋ ਜਾਂਦੇ ਹਨ । ਬਰਸਾਤਾਂ ਦੇ ਦਿਨਾਂ ਵਿੱਚ ਤਾਂ ਇਸ ਸੜਕ ਤੋਂ ਲੰਘਣਾ ਵੀ ਮੁਸ਼ਕਿਲ ਹੋ ਜਾਂਦਾ ਹੈ। ਸਕੂਲੀ ਬੱਸਾਂ ਵੀ ਖੱਡਿਆਂ ਵਿੱਚ ਫਸ ਜਾਂਦੀਆਂ ਹਨ। ਵਫਦ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਸ ਸੜਕ ਦੀ ਉਸਾਰੀ ਜਲਦੀ ਤੋਂ ਜਲਦੀ ਕਰਵਾ ਕੇ ਲੋਕਾਂ ਨੂੰ ਰਾਹਤ ਦਵਾਈ ਜਾਵੇ। ਇਸ ਸਬੰਧੀ ਐਸ ਡੀ ਐਮ ਨੇ ਤੁਰੰਤ ਕਾਰਵਾਈ ਕਰਦਿਆਂ ਈ ਓ ਨਗਰ ਕੌਂਸਲ ਖਰੜ ਨੂੰ ਸੜਕ ਬਣਾਉਣ ਦੀ ਹਦਾਇਤ ਵੀ ਕੀਤੀ ਗਈ।

## ਪਾਉਂਟਾ ਸਾਹਿਬ ਦੇ ਮਹਾਨ ਸ਼ਹੀਦਾਂ ਦੀ ਕੁਰਬਾਨੀ ਨੂੰ ਕੋਟਾਨਿ ਕੋਟਿ ਪ੍ਰਣਾਮ : ਕਾਲਕਾ



**ਨਵੀਂ ਦਿੱਲੀ, 22 ਮਈ (ਦੇਸ਼ ਪ੍ਰਦੇਸ਼ ਬਿਊਰੋ):** ਸਰਦਾਰ ਹਰਮੀਤ ਸਿੰਘ ਕਾਲਕਾ ਪ੍ਰਧਾਨ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਅੱਜ ਸ਼ਹੀਦੀ ਸਾਕਾ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਦੇ ਸਮੂਹ ਸ਼ਹੀਦਾਂ ਨੂੰ ਕੋਟਾਨਿ ਕੋਟਿ ਪ੍ਰਣਾਮ ਕਰਦਿਆਂ ਕਿਹਾ ਕਿ ਸਿੱਖ ਇਤਿਹਾਸ ਕੁਰਬਾਨੀਆਂ ਅਤੇ ਧਰਮ ਦੀ ਰੱਖਿਆ ਲਈ ਦਿੱਤੀ ਗਈਆਂ ਕੁਰਬਾਨੀਆਂ ਨਾਲ ਭਰਿਆ ਪਿਆ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਦੇ ਮਹਾਨ ਸ਼ਹੀਦਾਂ ਨੇ ਸਿੱਖ ਕੌਮ ਨੂੰ ਸੱਚ 'ਤੇ ਡਟ ਰਹਿਣ ਦੀ ਅਮਰ ਪ੍ਰੇਰਣਾ ਦਿੱਤੀ। ਉਨ੍ਹਾਂ ਕਿਹਾ ਕਿ ਇਨ੍ਹਾਂ ਸ਼ਹੀਦਾਂ ਦੀ ਲਾਸਾਨੀ ਕੁਰਬਾਨੀ ਹਮੇਸ਼ਾ ਆਉਣ ਵਾਲੀਆਂ ਪੀੜ੍ਹੀਆਂ ਨੂੰ ਆਪਣੇ ਧਰਮ ਅਤੇ ਅਸੂਲਾਂ ਲਈ ਸੰਘਰਸ਼ ਕਰਨ ਦਾ ਹੌਸਲਾ ਦਿੰਦੀ ਰਹੇਗੀ। ਸਰਦਾਰ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਸਿੱਖ ਇਤਿਹਾਸ ਦੇ ਹਰ ਸ਼ਹੀਦੀ ਸਾਕੇ ਨੇ ਮਨੁੱਖਤਾ ਦੀ ਰੱਖਿਆ, ਧਾਰਮਿਕ ਆਜ਼ਾਦੀ ਅਤੇ ਇਨਸਾਫ ਲਈ ਸਿੱਖ ਕੌਮ ਦੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕੀਤਾ ਹੈ। ਉਨ੍ਹਾਂ ਕਿਹਾ ਕਿ ਸਾਡਾ ਫਰਜ਼ ਬਣਦਾ ਹੈ ਕਿ ਅਸੀਂ ਆਪਣੇ ਨੌਜਵਾਨਾਂ ਨੂੰ ਇਨ੍ਹਾਂ ਮਹਾਨ ਸ਼ਹੀਦਾਂ ਦੇ ਇਤਿਹਾਸ ਨਾਲ ਜੋੜੀਏ ਤਾਂ ਜੋ ਉਹ ਗੁਰਸਿੱਖੀ, ਸੇਵਾ ਅਤੇ ਕੁਰਬਾਨੀ ਦੀ ਮਹਾਨ ਪ੍ਰੰਪਰਾ ਨੂੰ ਅੱਗੇ ਵਧਾ ਸਕਣ।

## ਸੀਨੀਅਰ ਪੱਤਰਕਾਰ ਅਨਿਲ ਸ਼ਰਮਾ ਨੂੰ ਸਦਮਾ, ਨੌਜਵਾਨ ਧੀ ਮਹਿਕ ਸ਼ਰਮਾ ਦਾ ਦੇਹਾਂਤ



**ਡੇਰਾਬੱਸੀ, 22 ਮਈ (ਸੁਖਵਿੰਦਰ ਸੈਣੀ):** ਡੇਰਾਬੱਸੀ ਦੇ ਸੀਨੀਅਰ ਪੱਤਰਕਾਰ ਅਨਿਲ ਸ਼ਰਮਾ ਨੂੰ ਉਸ ਵੇਲੇ ਗਹਿਰਾ ਸਦਮਾ ਲੱਗਾ, ਜਦੋਂ ਉਨ੍ਹਾਂ ਦੀ ਨੌਜਵਾਨ ਇਕਲੌਤੀ ਧੀ ਮਹਿਕ ਸ਼ਰਮਾ ਦਾ ਬੇਵਕਤੀ ਦੇਹਾਂਤ ਹੋ ਗਿਆ। ਉਹ ਮਹਿਜ਼ 25 ਵਰ੍ਹਿਆਂ ਦੀ ਸੀ। ਮਿਲੀ ਜਾਣਕਾਰੀ ਅਨੁਸਾਰ ਮਹਿਕ ਸ਼ਰਮਾ ਪਿਛਲੇ ਕਰੀਬ 25 ਦਿਨਾਂ ਤੋਂ ਸਰਕਾਰੀ ਹਸਪਤਾਲ ਸੈਕਟਰ-32, ਚੰਡੀਗੜ੍ਹ ਵਿਖੇ ਜ਼ੇਰੇ-ਇਲਾਜ ਸੀ, ਜਿੱਥੇ ਉਸ ਨੇ ਆਖਰੀ ਸਾਹ ਲਏ। ਦੱਸਣਯੋਗ ਹੈ ਕਿ ਪੱਤਰਕਾਰ ਅਨਿਲ ਸ਼ਰਮਾ ਦੇ ਛੋਟੇ ਭਰਾ ਅਤੇ ਮਾਤਾ-ਪਿਤਾ ਦਾ ਪਹਿਲਾਂ ਹੀ ਅਕਾਲ ਚਲਾਣਾ ਹੋ ਚੁੱਕਾ ਹੈ ਅਤੇ ਹੁਣ ਇਕਲੌਤੀ ਨੌਜਵਾਨ ਧੀ ਦੇ ਸਵਰਗਵਾਸ ਹੋਣ ਨਾਲ ਪਰਿਵਾਰ 'ਤੇ ਦੁੱਖਾਂ ਦਾ ਪਹਾੜ ਟੁੱਟ ਪਿਆ ਹੈ। ਮ੍ਰਿਤਕ ਦੇਹ ਦਾ ਅੰਤਿਮ ਸੰਸਕਾਰ ਰਾਮਬਾਗ ਡੇਰਾਬੱਸੀ ਵਿਖੇ ਕਰ ਦਿੱਤਾ ਗਿਆ ਹੈ। ਇਸ ਮੌਕੇ ਮਹਿਕ ਸ਼ਰਮਾ ਨੂੰ ਅੰਤਿਮ ਵਿਦਾਈ ਦੇਣ ਲਈ ਇਲਾਕੇ ਦੀਆਂ ਸਮਾਜ ਸੇਵੀ, ਰਾਜਨੀਤਿਕ, ਧਾਰਮਿਕ ਜਥੇਬੰਦੀਆਂ ਦੇ ਆਗੂਆਂ ਅਤੇ ਵੱਡੀ ਗਿਣਤੀ ਵਿੱਚ ਪੱਤਰਕਾਰ ਭਾਈਚਾਰੇ ਨੇ ਸ਼ਿਰਕਤ ਕੀਤੀ।

## ਪੀ.ਐਚ.ਸੀ. ਘੜੂੰਆਂ ਦੀਆਂ ਟੀਮਾਂ ਵੱਲੋਂ ਸਰਕਾਰੀ ਅਦਾਰਿਆਂ ਵਿੱਚ 'ਡਰਾਈ ਡੇ' ਤਹਿਤ ਚੈਕਿੰਗ



**ਸ਼ਸ਼ੀ ਪਾਲ ਜੈਨ**

**ਖਰੜ, 22 ਮਈ:** ਪੰਜਾਬ ਸਰਕਾਰ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ, ਸਿਵਲ ਸਰਜਨ ਡਾ. ਸੰਗੀਤਾ ਜੈਨ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਪ੍ਰੀਤ ਮੋਹਨ ਸਿੰਘ ਖੁਰਾਣਾ ਦੀ ਅਗਵਾਈ ਹੇਠ ਅੱਜ ਪ੍ਰਾਇਮਰੀ ਹੈਲਥ ਸੈਂਟਰ ਘੜੂੰਆਂ ਦੇ ਸਟਾਫ਼ ਵੱਲੋਂ ਵੱਖ-ਵੱਖ ਸਰਕਾਰੀ ਸੰਸਥਾਵਾਂ ਵਿੱਚ ਡੇਂਗੂ ਸਰਵੇਖਣ ਅਤੇ 'ਡਰਾਈ ਡੇ' ਗਤੀਵਿਧੀ ਦਾ ਆਯੋਜਨ ਕੀਤਾ ਗਿਆ। ਇਸ ਵਿਸ਼ੇਸ਼ ਮੁਹਿੰਮ ਤਹਿਤ ਸਿਹਤ ਕਰਮਚਾਰੀ ਕੁਲਜੀਤ ਸਿੰਘ, ਮਨਪ੍ਰੀਤ ਸਿੰਘ, ਬਲਜਿੰਦਰ ਸਿੰਘ, ਨਰਿੰਦਰ ਕੌਰ, ਨਰਸਿੰਗ ਟਿਊਟਰ ਕੋਮਲ, ਮਨਹਰ ਅਤੇ ਨਰਸਿੰਗ ਵਿਦਿਆਰਥੀਆਂ ਦੀਆਂ ਟੀਮਾਂ ਵੱਲੋਂ ਵੱਖ-ਵੱਖ ਸਰਕਾਰੀ ਦਫ਼ਤਰਾਂ ਅਤੇ ਸਕੂਲਾਂ ਦਾ ਦੌਰਾ ਕਰਕੇ ਮੱਛਰਾਂ ਦੇ ਲਾਰਵੇ ਦੀ ਜਾਂਚ ਕੀਤੀ ਗਈ। ਸੀਨੀਅਰ ਮੈਡੀਕਲ ਅਫ਼ਸਰ ਡਾ. ਪ੍ਰੀਤ ਮੋਹਨ ਸਿੰਘ ਖੁਰਾਣਾ ਨੇ ਗੱਲਬਾਤ ਕਰਦਿਆਂ ਕਿਹਾ ਕਿ ਗਰਮੀ ਅਤੇ ਮਾਨਸੂਨ ਦੇ ਆਗਾਜ਼ ਦੇ ਨਾਲ ਹੀ ਡੇਂਗੂ ਦਾ ਖ਼ਤਰਾ ਵਧ ਜਾਂਦਾ ਹੈ। ਇਸੇ ਲਈ ਸਿਹਤ ਵਿਭਾਗ ਵੱਲੋਂ ਪਹਿਲਾਂ ਤੋਂ ਹੀ ਪੁਖ਼ਤਾ ਇੰਤਜ਼ਾਮ ਕੀਤੇ ਜਾ ਰਹੇ ਹਨ। ਅੱਜ ਸਾਡੀਆਂ ਟੀਮਾਂ ਵੱਲੋਂ ਸਰਕਾਰੀ ਅਦਾਰਿਆਂ ਵਿੱਚ ਕੂਲਰਾਂ, ਗਮਲਿਆਂ, ਫਰਿੱਜਾਂ ਦੀਆਂ ਟ੍ਰੇਆਂ ਅਤੇ ਖੁੱਲ੍ਹੇ ਵਿੱਚ ਪਏ ਟਾਇਰਾਂ ਦੀ ਚੈਕਿੰਗ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਡੇਂਗੂ ਤੋਂ ਬਚਣ ਦਾ ਸਭ ਤੋਂ ਕਾਰਗਰ ਤਰੀਕਾ ਜਾਗਰੂਕਤਾ ਅਤੇ ਸਾਵਧਾਨੀ ਹੈ। ਜੇਕਰ ਅਸੀਂ ਹਫ਼ਤੇ ਵਿੱਚ ਇੱਕ ਦਿਨ (ਸ਼ੁੱਕਰਵਾਰ) ਆਪਣੇ ਆਸ-ਪਾਸ ਦੇ ਪਾਣੀ ਦੇ ਸਰੋਤਾਂ ਨੂੰ ਸੁਕਾ ਕੇ 'ਡਰਾਈ ਡੇ' ਵਜੋਂ ਮਨਾਈਏ, ਤਾਂ ਮੱਛਰਾਂ ਦੇ ਪੈਦਾ ਹੋਣ ਦੀ ਪ੍ਰਕਿਰਿਆ ਨੂੰ ਸ਼ੁਰੂਆਤ ਵਿੱਚ ਹੀ ਰੋਕਿਆ ਜਾ ਸਕਦਾ ਹੈ। ਅਸੀਂ ਆਮ ਜਨਤਾ ਨੂੰ ਵੀ ਅਪੀਲ ਕਰਦੇ ਹਾਂ ਕਿ ਉਹ ਆਪਣੇ ਘਰਾਂ ਅਤੇ ਦਫ਼ਤਰਾਂ ਵਿੱਚ ਕਿਤੇ ਵੀ ਸਾਫ਼ ਪਾਣੀ ਜਮ੍ਹਾਂ ਨਾ ਹੋਣ ਦੇਣ। ਸਰਵੇਖਣ ਦੌਰਾਨ ਸਿਹਤ ਟੀਮਾਂ ਨੇ ਸੰਸਥਾਵਾਂ ਦੇ ਸਟਾਫ਼ ਅਤੇ ਆਮ ਲੋਕਾਂ ਨੂੰ ਡੇਂਗੂ ਦੇ ਲੱਛਣਾਂ ਜਿਵੇਂ ਕਿ ਤੇਜ਼ ਬੁਖ਼ਾਰ, ਸਿਰ ਦਰਦ, ਅਤੇ ਮਾਸਪੇਸ਼ੀਆਂ ਦੇ ਦਰਦ ਬਾਰੇ ਜਾਣੂ ਕਰਵਾਇਆ ਅਤੇ ਸਲਾਹ ਦਿੱਤੀ ਕਿ ਅਜਿਹੇ ਲੱਛਣ ਦਿਖਣ 'ਤੇ ਤੁਰੰਤ ਨਜ਼ਦੀਕੀ ਸਰਕਾਰੀ ਸਿਹਤ ਕੇਂਦਰ ਵਿੱਚ ਮੁਫ਼ਤ ਟੈਸਟ ਅਤੇ ਇਲਾਜ ਕਰਵਾਇਆ ਜਾਵੇ।

## ਸ੍ਰੀ ਸੁਖਮਨੀ ਸਕੂਲ ਅੱਗੇ ਲਾਏ ਧਰਨੇ ਦੌਰਾਨ ਪ੍ਰਦਰਸ਼ਨਕਾਰੀਆਂ ਨੇ ਨੈਸ਼ਨਲ ਹਾਈਵੇ ਕੀਤਾ ਜਾਮ



**ਡੇਰਾਬੱਸੀ, 22 ਮਈ (ਸੁਖਵਿੰਦਰ ਸੈਣੀ):** ਸ੍ਰੀ ਸੁਖਮਨੀ ਇੰਟਰਨੈਸ਼ਨਲ ਸਕੂਲ ਡੇਰਾਬੱਸੀ ਤੋਂ ਨੌਕਰੀ ਤੋਂ ਕੱਢੇ ਗਏ ਕਰਮਚਾਰੀਆਂ ਦੀ ਬਹਾਲੀ ਦੀ ਮੰਗ ਨੂੰ ਲੈ ਕੇ ਵੀਰਵਾਰ ਨੂੰ ਸੰਯੁਕਤ ਕਿਸਾਨ ਮੋਰਚਾ, ਟਰੇਡ ਯੂਨੀਅਨਾਂ ਅਤੇ ਵੱਖ-ਵੱਖ ਇਨਸਾਫ਼ ਪਸੰਦ ਜਥੇਬੰਦੀਆਂ ਵੱਲੋਂ ਕੀਤਾ ਜਾ ਰਿਹਾ ਰੋਸ ਪ੍ਰਦਰਸ਼ਨ ਉਸ ਵੇਲੇ ਤਣਾਅਪੂਰਨ ਹੋ ਗਿਆ, ਜਦੋਂ ਪੁਲਿਸ ਨਾਲ ਤਲਖ਼ੀ ਮਗਰੋਂ ਗੁੱਸੇ ਵਿੱਚ ਆਏ ਧਰਨਾਕਾਰੀਆਂ ਨੇ ਡੇਰਾਬੱਸੀ ਨੈਸ਼ਨਲ ਹਾਈਵੇ ਜਾਮ ਕਰ ਦਿੱਤਾ। ਹਾਈਵੇ ਜਾਮ ਹੋਣ ਨਾਲ ਦੋਵਾਂ ਪਾਸਿਆਂ ਵਾਹਨਾਂ ਦੀਆਂ ਲੰਬੀਆਂ ਕਤਾਰਾਂ ਲੱਗ ਗਈਆਂ ਅਤੇ ਯਾਤਰੀਆਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ। ਜਾਣਕਾਰੀ ਅਨੁਸਾਰ ਜਥੇਬੰਦੀਆਂ ਵੱਲੋਂ ਸੁਖਮਨੀ ਕਾਲਜ ਦੇ ਮੁੱਖ ਗੇਟ ਅੱਗੇ ਵਿਸ਼ਾਲ ਧਰਨਾ ਲਗਾਇਆ ਗਿਆ ਸੀ। ਪ੍ਰਦਰਸ਼ਨਕਾਰੀਆਂ ਦਾ ਦੋਸ਼ ਸੀ ਕਿ ਅੱਤ ਦੀ ਗਰਮੀ ਵਿੱਚ ਘੰਟਿਆਂ ਧਰਨੇ 'ਤੇ ਬੈਠੇ ਰਹਿਣ ਦੇ ਬਾਵਜੂਦ ਕਾਲਜ ਪ੍ਰਬੰਧਨ ਅਤੇ ਪ੍ਰਸ਼ਾਸਨ ਦਾ ਕੋਈ ਵੀ ਨੁਮਾਇੰਦਾ ਉਨ੍ਹਾਂ ਨਾਲ ਗੱਲ ਕਰਨ ਲਈ ਨਹੀਂ ਆਇਆ। ਇਸ ਤੋਂ ਨਾਰਾਜ਼ ਹੋ ਕੇ ਧਰਨਾਕਾਰੀਆਂ ਨੇ ਕਾਲਜ ਦੇ ਮੁੱਖ ਗੇਟ ਨੂੰ ਤਾਲਾ ਲਗਾ ਕੇ ਜ਼ੋਰਦਾਰ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ। ਇਸ ਦੌਰਾਨ ਪੁਲਸ ਵੱਲੋਂ ਤਾਲਾ ਖੋਲ੍ਹਣ ਦੀ ਗੱਲ ਕਰਨ ਨਾਲ ਮਾਹੌਲ ਗਰਮ ਹੋ ਗਿਆ। ਗੁੱਸੇ ਵਿੱਚ ਆਏ ਧਰਨਾਕਾਰੀਆਂ ਨੇ ਨੈਸ਼ਨਲ ਹਾਈਵੇ ਵੱਲ ਕੂਚ ਕਰ ਦਿੱਤਾ। ਪੁਲਸ ਵੱਲੋਂ ਉਨ੍ਹਾਂ ਨੂੰ ਰੋਕਣ ਲਈ ਕਾਫੀ ਜੱਦੋਜਹਿਦ ਕੀਤੀ ਗਈ, ਪਰ ਧਰਨਾਕਾਰੀ ਨਾ ਮੰਨੇ ਅਤੇ ਅੰਬਾਲਾ-ਚੰਡੀਗੜ੍ਹ ਹਾਈਵੇ 'ਤੇ ਜਾ ਕੇ ਬੈਠ ਗਏ। ਕਰੀਬ 20 ਮਿੰਟ ਲਈ ਹਾਈਵੇ 'ਤੇ ਦੋਵਾਂ ਪਾਸਿਆਂ ਆਵਾਜਾਈ ਪੂਰੀ ਤਰ੍ਹਾਂ ਠੱਪ ਰਹੀ। ਇਸ ਮੌਕੇ ਪਹੁੰਚੇ ਐਸਪੀ ਵਿਕਰਮਜੀਤ ਸਿੰਘ ਬਰਾੜ ਨੇ ਪ੍ਰਦਰਸ਼ਨ ਕਰ ਰਹੇ ਆਗੂਆਂ ਨਾਲ ਗੱਲਬਾਤ ਕਰਕੇ ਸਕੂਲ ਮੈਨੇਜਮੈਂਟ ਨਾਲ ਰਾਬਤਾ ਕਾਇਮ ਕੀਤਾ ਅਤੇ 3 ਜੂਨ ਨੂੰ ਮੀਟਿੰਗ ਦਾ ਸਮਾਂ ਨਿਰਧਾਰਿਤ ਕਰਵਾਇਆ। ਉਸ ਦਿਨ ਮੈਨੇਜਮੈਂਟ ਅਤੇ ਪ੍ਰਸ਼ਾਸਨ ਵੱਲੋਂ ਕੱਢੇ ਗਏ ਕਰਮਚਾਰੀਆਂ ਨਾਲ ਮੀਟਿੰਗ ਕਰਕੇ ਮਸਲੇ ਦਾ ਹੱਲ ਕੱਢਿਆ ਜਾਵੇਗਾ।

## ਡੇਰਾਬੱਸੀ ਨਗਰ ਕੌਂਸਲ ਚੋਣਾਂ ਲਈ 'ਆਪ' ਉਮੀਦਵਾਰਾਂ ਦੇ ਹੱਕ ਵਿੱਚ ਰੰਧਾਵਾ ਨੇ ਕੀਤਾ ਚੋਣ ਪ੍ਰਚਾਰ



**ਡੇਰਾਬੱਸੀ, 22 ਮਈ (ਸੁਖਵਿੰਦਰ ਸੈਣੀ):** ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਡੇਰਾਬੱਸੀ ਨਗਰ ਕੌਂਸਲ ਚੋਣਾਂ ਦੇ ਮੱਦੇਨਜ਼ਰ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦੇ ਹੱਕ ਵਿੱਚ ਚੋਣ ਪ੍ਰਚਾਰ ਮੁਹਿੰਮ ਨੂੰ ਹੋਰ ਤੇਜ਼ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਵਾਰਡ ਨੰਬਰ 15 ਤੋਂ ਸ੍ਰੀਮਤੀ ਆਸ਼ੂ ਉਪਨੇਜਾ, ਵਾਰਡ ਨੰਬਰ 01 ਤੋਂ ਦਵਿੰਦਰ ਸਿੰਘ ਸੈਣੀ, ਵਾਰਡ ਨੰਬਰ 16 ਤੋਂ ਅਸ਼ੀਸ਼ ਦੱਤਾ ਅਤੇ ਵਾਰਡ ਨੰਬਰ 14 ਤੋਂ ਨਰੇਸ਼ ਉਪਨੇਜਾ ਦੇ ਹੱਕ ਵਿੱਚ ਚੋਣ ਮੀਟਿੰਗਾਂ ਅਤੇ ਜਨ ਸੰਪਰਕ ਪ੍ਰੋਗਰਾਮਾਂ ਵਿੱਚ ਹਿੱਸਾ ਲਿਆ। ਇਸ ਮੌਕੇ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਲੋਕ ਭਲਾਈ ਲਈ ਲਗਾਤਾਰ ਕੰਮ ਕਰ ਰਹੀ ਹੈ ਅਤੇ ਸੂਬੇ ਵਿੱਚ ਵਿਕਾਸ ਦੇ ਨਵੇਂ ਅਧਿਆਇ ਲਿਖੇ ਜਾ ਰਹੇ ਹਨ। ਇਸ ਦੌਰਾਨ ਇਲਾਕਾ ਵਾਸੀਆਂ ਨੇ ਵੀ ਭਰਵਾਂ ਹੁੰਗਾਰਾ ਦਿੰਦਿਆਂ ਪਾਰਟੀ ਉਮੀਦਵਾਰਾਂ ਨੂੰ ਸਮਰਥਨ ਦੇਣ ਦਾ ਭਰੋਸਾ ਦਿੱਤਾ।

## ਵਿਦਿਆਰਥੀਆਂ ਵਿੱਚ ਅਨੁਸ਼ਾਸਨ - ਸਫਲ ਜੀਵਨ ਦੀ ਕੁੰਜੀ



**ਸ਼ਸ਼ੀ ਪਾਲ ਜੈਨ**

**ਮੋਹਾਲੀ, 22 ਮਈ :** ਅੱਜ ਦੇ ਸਮੇਂ ਵਿੱਚ ਵਿਦਿਆਰਥੀਆਂ ਲਈ ਅਨੁਸ਼ਾਸਨ ਬਹੁਤ ਜ਼ਰੂਰੀ ਹੈ। ਅਨੁਸ਼ਾਸਨ ਹੀ ਉਹ ਗੁਣ ਹੈ ਜੋ ਇੱਕ ਵਿਦਿਆਰਥੀ ਨੂੰ ਸਹੀ ਰਾਹ 'ਤੇ ਚਲਨਾ ਸਿਖਾਉਂਦਾ ਹੈ ਅਤੇ ਉਸਦੇ ਭਵਿੱਖ ਨੂੰ ਰੌਸ਼ਨ ਬਣਾਉਂਦਾ ਹੈ। ਜੋ ਵਿਦਿਆਰਥੀ ਸਮੇਂ ਦੀ ਕਦਰ ਕਰਦਾ ਹੈ, ਆਪਣੇ ਅਧਿਆਪਕਾਂ ਦਾ ਸਤਿਕਾਰ ਕਰਦਾ ਹੈ ਅਤੇ ਨਿਯਮਾਂ ਦੀ ਪਾਲਣਾ ਕਰਦਾ ਹੈ, ਉਹ ਜੀਵਨ ਵਿੱਚ ਹਮੇਸ਼ਾਂ ਸਫਲ ਹੁੰਦਾ ਹੈ। ਸਕੂਲ ਵਿਦਿਆਰਥੀਆਂ ਦੀ ਪਹਿਲੀ ਸਿੱਖਿਆ ਦਾ ਕੇਂਦਰ ਹੁੰਦਾ ਹੈ। ਇੱਥੇ ਬੱਚੇ ਸਿਰਫ਼ ਕਿਤਾਬੀ ਗਿਆਨ ਹੀ ਨਹੀਂ, ਸਗੋਂ ਚੰਗੇ ਆਚਰਨ ਅਤੇ ਅਨੁਸ਼ਾਸਨ ਦੀ ਵੀ ਸਿੱਖਿਆ ਲੈਂਦੇ ਹਨ। ਸਵੇਰੇ ਸਮੇਂ 'ਤੇ ਸਕੂਲ ਪਹੁੰਚਣਾ, ਯੂਨੀਫਾਰਮ ਵਿੱਚ ਸਫ਼ਾਈ ਰੱਖਣਾ, ਕਲਾਸ ਵਿੱਚ ਧਿਆਨ ਨਾਲ ਪੜ੍ਹਨਾ ਅਤੇ ਅਧਿਆਪਕਾਂ ਦੀ ਗੱਲ ਮੰਨਣਾ — ਇਹ ਸਭ ਅਨੁਸ਼ਾਸਨ ਦੇ ਹੀ ਰੂਪ ਹਨ। ਅਨੁਸ਼ਾਸਨ ਨਾਲ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਜ਼ਿੰਮੇਵਾਰੀ ਅਤੇ ਮੇਹਨਤ ਕਰਨ ਦੀ ਆਦਤ ਪੈਦਾ ਹੁੰਦੀ ਹੈ। ਅਨੁਸ਼ਾਸਿਤ ਵਿਦਿਆਰਥੀ ਨਾ ਕੇਵਲ ਪੜ੍ਹਾਈ ਵਿੱਚ ਚੰਗਾ ਪ੍ਰਦਰਸ਼ਨ ਕਰਦੇ ਹਨ, ਸਗੋਂ ਖੇਡਾਂ ਅਤੇ ਹੋਰ ਗਤੀਵਿਧੀਆਂ ਵਿੱਚ ਵੀ ਅੱਗੇ ਰਹਿੰਦੇ ਹਨ। ਇਸਦੇ ਉਲਟ ਅਨੁਸ਼ਾਸਨਹੀਨਤਾ ਵਿਦਿਆਰਥੀ ਦੇ ਜੀਵਨ ਨੂੰ ਨੁਕਸਾਨ ਪਹੁੰਚਾਉਂਦੀ ਹੈ ਅਤੇ ਉਸਦਾ ਧਿਆਨ ਆਪਣੇ ਲਕਸ਼ ਤੋਂ ਹਟਾ ਦਿੰਦੀ ਹੈ। ਮਾਪੇ ਅਤੇ ਅਧਿਆਪਕਾਂ ਦੀ ਵੀ ਇਹ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਬੱਚਿਆਂ ਵਿੱਚ ਚੰਗੇ ਸੰਸਕਾਰ ਅਤੇ ਅਨੁਸ਼ਾਸਨ ਦੀ ਭਾਵਨਾ ਪੈਦਾ ਕਰਨ। ਜੇਕਰ ਹਰ ਵਿਦਿਆਰਥੀ ਅਨੁਸ਼ਾਸਨ ਨੂੰ ਆਪਣੇ ਜੀਵਨ ਦਾ ਹਿੱਸਾ ਬਣਾ ਲਏ, ਤਾਂ ਉਹ ਇੱਕ ਚੰਗਾ ਨਾਗਰਿਕ ਅਤੇ ਦੇਸ਼ ਦਾ ਜ਼ਿੰਮੇਵਾਰ ਭਵਿੱਖ ਬਣ ਸਕਦਾ ਹੈ।

## "ਜਾਗ੍ਰਿਤੀ"ਸਕੀਮ ਅਧੀਨ ਡੀਐਲਐਸਏ ਚੰਡੀਗੜ੍ਹ ਵੱਲੋਂ ਪੁਲਿਸ ਅਧਿਕਾਰੀਆਂ ਲਈ ਪੋਕਸੋ ਬਾਰੇ ਵਰਕਸ਼ਾਪ




**ਚੰਡੀਗੜ੍ਹ, 22 ਮਈ (ਦੇਸ਼ ਪ੍ਰਦੇਸ਼ ਬਿਊਰੋ):** ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ (ਡੀਐਲਐਸਏ), ਯੂ.ਟੀ. ਚੰਡੀਗੜ੍ਹ ਨੇ "ਜਾਗ੍ਰਿਤੀ"ਸਕੀਮ ਅਧੀਨ "ਸੁਰੱਖਿਅਤ ਭਾਰਤ, ਸੁਰੱਖਿਅਤ ਭਵਿੱਖ"ਵਿਸ਼ੇ 'ਤੇ ਇੱਕ ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ। ਇਹ ਵਰਕਸ਼ਾਪ ਸਟੇਸ਼ਨ ਹਾਊਸ ਅਫਸਰਾਂ (ਐਸਐਚਓ), ਜਾਂਚ ਅਧਿਕਾਰੀਆਂ ਅਤੇ ਚੰਡੀਗੜ੍ਹ ਪੁਲਿਸ ਦੇ ਇੰਸਪੈਕਟਰਾਂ ਲਈ ਆਯੋਜਿਤ ਕੀਤੀ ਗਈ ਸੀ ਜੋ ਬੱਚਿਆਂ ਦੀ ਜਿਨਸੀ ਅਪਰਾਧਾਂ ਤੋਂ ਸੁਰੱਖਿਆ (ਪੋਕਸੋ) ਐਕਟ ਨਾਲ ਸਬੰਧਤ ਮਾਮਲਿਆਂ ਵਿੱਚ ਸ਼ਾਮਲ ਹਨ। ਵਰਕਸ਼ਾਪ ਦਾ ਮੁੱਖ ਉਦੇਸ਼ ਪੋਕਸੋ ਐਕਟ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨਾ ਅਤੇ ਬਾਲ ਸੁਰੱਖਿਆ ਵਿੱਚ ਸ਼ਾਮਲ ਵੱਖ-ਵੱਖ ਹਿੱਸੇਦਾਰਾਂ ਵਿਚਕਾਰ ਤਾਲਮੇਲ ਨੂੰ ਮਜ਼ਬੂਤ ਕਰਨਾ ਸੀ। ਪੂਰੇ ਪ੍ਰੋਗਰਾਮ ਦੌਰਾਨ, ਸ਼੍ਰੀ ਸੁਨੀਲ ਕੁਮਾਰ, ਸਕੱਤਰ-ਕਮ-ਚੀਫ਼ ਜੁਡੀਸ਼ੀਅਲ ਮੈਜਿਸਟ੍ਰੇਟ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਯੂ.ਟੀ. ਚੰਡੀਗੜ੍ਹ, ਅਤੇ ਸ਼੍ਰੀ ਸ਼ਿਵ ਕੁਮਾਰ ਸ਼ਰਮਾ, ਪ੍ਰੋਗਰਾਮ ਕੋਆਰਡੀਨੇਟਰ, ਸਾਰੇ ਸੈਸ਼ਨਾਂ ਦੌਰਾਨ ਮੌਜੂਦ ਰਹੇ ਸੁਨੀਲ ਕੁਮਾਰ ਨੇ ਕਿਹਾ ਕਿ ਇਸ ਵਰਕਸ਼ਾਪ ਦਾ ਉਦੇਸ਼ ਪੁਲਿਸ ਅਧਿਕਾਰੀਆਂ ਨੂੰ ਬਾਲ ਸੁਰੱਖਿਆ ਕਾਨੂੰਨਾਂ ਪ੍ਰਤੀ ਸੰਵੇਦਨਸ਼ੀਲ ਬਣਾਉਣਾ ਅਤੇ ਪੁਲਿਸ, ਬਾਲ ਭਲਾਈ ਕਮੇਟੀ, ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਅਦਾਲਤਾਂ ਵਿੱਚ ਬਿਹਤਰ ਤਾਲਮੇਲ ਨੂੰ ਉਤਸ਼ਾਹਿਤ ਕਰਨਾ ਹੈ, ਜਿਸ ਨਾਲ ਪੋਕਸੋ ਐਕਟ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨਾ ਯਕੀਨੀ ਬਣਾਇਆ ਜਾ ਸਕੇ। ਭਾਗੀਦਾਰਾਂ ਦੁਆਰਾ ਵਰਕਸ਼ਾਪ ਦੀ ਸ਼ਲਾਘਾ ਕੀਤੀ ਗਈ।

## ਸੁਖਨਾ ਵਾਈਲਡਲਾਈਫ ਸੈਂਚੁਰੀ ਅਤੇ ਚੰਡੀਗੜ੍ਹ ਦੇ ਜੰਗਲੀ ਖੇਤਰਾਂ ਵਿੱਚ ਵਿਆਪਕ ਜੰਗਲੀ ਜੀਵ ਸਰਵੇਖਣ ਸਮਾਪਤ




**ਚੰਡੀਗੜ੍ਹ, 22 ਮਈ (ਦੇਸ਼ ਪ੍ਰਦੇਸ਼ ਬਿਊਰੋ):** ਚੰਡੀਗੜ੍ਹ ਪ੍ਰਸ਼ਾਸਨ ਦੇ ਜੰਗਲਾਤ ਅਤੇ ਜੰਗਲੀ ਜੀਵ ਵਿਭਾਗ ਨੇ ਵਾਈਲਡਲਾਈਫ ਇੰਸਟੀਚਿਊਟ ਆਫ਼ ਇੰਡੀਆ (WII) ਦੇ ਸਹਿਯੋਗ ਨਾਲ, 20 ਨਵੰਬਰ ਤੋਂ 27 ਨਵੰਬਰ, 2025 ਤੱਕ ਸੁਖਨਾ ਵਾਈਲਡਲਾਈਫ ਸੈਂਚੁਰੀ ਅਤੇ ਚੰਡੀਗੜ੍ਹ ਦੇ ਆਲੇ ਦੁਆਲੇ ਦੇ ਜੰਗਲੀ ਖੇਤਰਾਂ ਵਿੱਚ ਇੱਕ ਵਿਆਪਕ ਰੈਪਿਡ ਮਲਟੀ-ਟੈਕਸਨ ਵਾਈਲਡਲਾਈਫ ਸਰਵੇਖਣ ਸਫਲਤਾਪੂਰਵਕ ਕੀਤਾ। ਇਹ ਸਰਵੇਖਣ ਝੀਲ ਬੀਟ, ਪਟਿਆਲਾ ਕੀ ਰਾਓ, ਸੁਖਨਾ ਚੋਅ ਜੰਗਲ ਖੇਤਰ, ਬੋਟੈਨੀਕਲ ਗਾਰਡਨ, ਬਟਰਫਲਾਈ ਪਾਰਕ ਅਤੇ ਸਿਟੀ ਬਰਡ ਸੈਂਚੁਰੀ ਸਮੇਤ ਮੁੱਖ ਵਾਤਾਵਰਣਕ ਖੇਤਰਾਂ ਵਿੱਚ ਕੀਤਾ ਗਿਆ ਸੀ। ਜੰਗਲਾਤ ਅਧਿਕਾਰੀਆਂ, ਖੋਜਕਰਤਾਵਾਂ, ਵਲੰਟੀਅਰਾਂ, ਗੈਰ-ਸਰਕਾਰੀ ਸੰਗਠਨਾਂ , ਮੀਡੀਆ ਪ੍ਰਤੀਨਿਧੀਆਂ ਅਤੇ ਹੋਰ ਹਿੱਸੇਦਾਰਾਂ ਨੇ ਇਸ ਮੁਹਿੰਮ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਫੀਲਡ ਸਰਵੇਖਣ ਤੋਂ ਪਹਿਲਾਂ, 18 ਅਤੇ 19 ਨਵੰਬਰ, 2025 ਨੂੰ ਜੰਗਲੀ ਜੀਵ ਸਰਵੇਖਣ ਅਤੇ ਤਕਨੀਕਾਂ ਵਿਸ਼ੇ 'ਤੇ ਦੋ ਦਿਨਾਂ ਸਮਰੱਥਾ ਨਿਰਮਾਣ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ ਸੀ, ਜਿਸਦਾ ਉਦੇਸ਼ ਵਿਭਾਗੀ ਅਧਿਕਾਰੀਆਂ ਅਤੇ ਭਾਗੀਦਾਰਾਂ ਨੂੰ ਵਿਗਿਆਨਕ ਸਰਵੇਖਣ ਵਿਧੀਆਂ ਵਿੱਚ ਸਿਖਲਾਈ ਦੇਣਾ ਸੀ। ਹਰਪੇਟੋਫੌਨਾ ਸਰਵੇਖਣ ਵਿੱਚ ਡੱਡੂ, ਕੱਛੂ, ਸੱਪ ਅਤੇ ਕਿਰਲੀਆਂ ਸਮੇਤ ਕੁੱਲ 13 ਕਿਸਮਾਂ ਦਰਜ ਕੀਤੀਆਂ ਗਈਆਂ। ਇਨ੍ਹਾਂ ਵਿੱਚੋਂ, ਪੰਜ ਕਿਸਮਾਂ ਸ਼ਡਿਊਲ-1 ਦੇ ਅਧੀਨ ਆਉਂਦੀਆਂ ਹਨ ਅਤੇ ਇੱਕ ਪ੍ਰਜਾਤੀ ਜੰਗਲੀ ਜੀਵ ਸੁਰੱਖਿਆ ਐਕਟ ਦੇ ਸ਼ਡਿਊਲ-2 ਦੇ ਅਧੀਨ ਆਉਂਦੀ ਹੈ। ਤਿਤਲੀ ਸਰਵੇਖਣ ਵਿੱਚ ਪੰਜ ਪਰਿਵਾਰਾਂ ਨਾਲ ਸਬੰਧਤ ਕੁੱਲ 73 ਤਿਤਲੀਆਂ ਦੀਆਂ ਕਿਸਮਾਂ ਦਰਜ ਕੀਤੀਆਂ ਗਈਆਂ। ਇਨ੍ਹਾਂ ਵਿੱਚੋਂ, ਨਿੰਫਾਲੀਡੇ ਪਰਿਵਾਰ ਸਭ ਤੋਂ ਪ੍ਰਮੁੱਖ ਸੀ, ਜਦੋਂ ਕਿ ਪੀਲਾ ਸੰਤਰੀ ਟਿਪ ਸਭ ਤੋਂ ਵੱਧ ਭਰਪੂਰ ਪ੍ਰਜਾਤੀਆਂ ਵਜੋਂ ਉਭਰਿਆ। ਸਰਵੇਖਣ ਵਿੱਚ ਪੀ ਬਲੂ, ਕਾਮਨ ਓਨਿਕਸ, ਅਤੇ ਇੰਡੀਗੋ ਫਲੈਸ਼ ਵਰਗੀਆਂ ਤਿਤਲੀਆਂ ਦੀਆਂ ਸ਼ਡਿਊਲ-99 ਪ੍ਰਜਾਤੀਆਂ ਦਾ ਵੀ ਦਸਤਾਵੇਜ਼ੀਕਰਨ ਕੀਤਾ ਗਿਆ।

## ਡੇਰਾਬੱਸੀ ਦੇ ਵਾਰਡ ਨੰ: 6 'ਚ ਪਰਮਜੀਤ ਰੰਮੀ ਸੈਣੀ ਦੀ ਚੋਣ ਮੀਟਿੰਗ



**ਡੇਰਾਬੱਸੀ, 22 ਮਈ (ਸੁਖਵਿੰਦਰ ਸੈਣੀ):** ਨਗਰ ਕੌਂਸਲ ਡੇਰਾਬੱਸੀ ਦੀਆਂ ਚੋਣਾਂ ਨੂੰ ਲੈ ਕੇ ਵਾਰਡ ਨੰਬਰ 6 ਤੋਂ ਉਮੀਦਵਾਰ ਪਰਮਜੀਤ ਰੰਮੀ ਸੈਣੀ ਵੱਲੋਂ ਇੱਕ ਵਿਸ਼ਾਲ ਚੋਣ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਦੇ ਭਰਾ ਪਰਮਜੀਤ ਸਿੰਘ ਰੰਧਾਵਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਪਰਮਜੀਤ ਰੰਮੀ ਸੈਣੀ ਦੇ ਹੱਕ ਵਿੱਚ ਲੋਕਾਂ ਤੋਂ ਭਾਰੀ ਸਮਰਥਨ ਦੀ ਅਪੀਲ ਕੀਤੀ। ਮੀਟਿੰਗ ਦੌਰਾਨ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀਆਂ, ਨੌਜਵਾਨਾਂ, ਮਹਿਲਾਵਾਂ ਅਤੇ ਪਾਰਟੀ ਵਰਕਰਾਂ ਦੀ ਹਾਜ਼ਰੀ ਨੇ ਚੋਣ ਮਾਹੌਲ ਨੂੰ ਹੋਰ ਵੀ ਗਰਮਾਇਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਰੰਧਾਵਾ ਨੇ ਕਿਹਾ ਕਿ ਪਰਮਜੀਤ ਰੰਮੀ ਸੈਣੀ ਇੱਕ ਇਮਾਨਦਾਰ, ਮਿਹਨਤੀ ਅਤੇ ਲੋਕਾਂ ਦੇ ਦੁੱਖ-ਸੁੱਖ ਵਿੱਚ ਹਮੇਸ਼ਾ ਖੜ੍ਹਨ ਵਾਲੇ ਉਮੀਦਵਾਰ ਹਨ। ਇਸ ਦੌਰਾਨ ਪਰਮਜੀਤ ਰੰਮੀ ਸੈਣੀ ਨੇ ਲੋਕਾਂ ਨੂੰ ਸੰਬੋਧਨ ਕਰਦਿਆਂ ਵਿਸ਼ਵਾਸ ਦਵਾਇਆ ਕਿ ਜੇਕਰ ਵਾਰਡ ਵਾਸੀ ਉਨ੍ਹਾਂ ਨੂੰ ਸੇਵਾ ਦਾ ਮੌਕਾ ਦਿੰਦੇ ਹਨ ਤਾਂ ਵਾਰਡ ਵਿੱਚ ਗਲੀਆਂ, ਨਾਲੀਆਂ ਅਤੇ ਸਾਫ਼-ਸਫ਼ਾਈ ਦੀ ਸਮੱਸਿਆ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਪਰਮਜੀਤ ਰੰਮੀ ਸੈਣੀ ਨੇ ਕਿਹਾ ਕਿ ਉਹ ਪਿਛਲੇ ਲੰਬੇ ਸਮੇਂ ਤੋਂ ਸਮਾਜ ਸੇਵਾ ਨੂੰ ਸਮਰਪਿਤ ਹਨ ਅਤੇ ਬਤੌਰ ਇੰਸਪੈਕਟਰ ਨਗਰ ਕੌਂਸਲ ਵਿੱਚ ਰਹਿੰਦਿਆਂ ਉਨ੍ਹਾਂ ਨੇ ਸ਼ਹਿਰ ਵਿੱਚ ਵੱਖ-ਵੱਖ ਸਫ਼ਾਈ ਕਾਰਜਾਂ ਨੂੰ ਇਮਾਨਦਾਰੀ ਨਾਲ ਅੰਜਾਮ ਦਿੱਤਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਮੁੱਖ ਮਕਸਦ ਵਾਰਡ ਨੰਬਰ 6 ਨੂੰ ਇੱਕ ਸਾਫ਼-ਸੁਥਰਾ, ਵਿਕਸਿਤ ਅਤੇ ਸੁਵਿਧਾਵਾਂ ਨਾਲ ਭਰਪੂਰ ਵਾਰਡ ਬਣਾਉਣਾ ਹੈ। ਮੀਟਿੰਗ ਦੌਰਾਨ ਲੋਕਾਂ ਵੱਲੋਂ ਪਰਮਜੀਤ ਰੰਮੀ ਸੈਣੀ ਨੂੰ ਭਰਪੂਰ ਸਮਰਥਨ ਦੇਣ ਦਾ ਭਰੋਸਾ ਦਿੱਤਾ ਗਿਆ।

# ਕਾਂਗਰਸੀ ਉਮੀਦਵਾਰ ਹਰਜਿੰਦਰ ਸਿੰਘ ਛਿੱਬਰ ਦੀ ਚੋਣ ਮੁਹਿੰਮ ਸਿਖਰਾਂ ਤੇ ਪੁੱਜੀ



**ਮੋਰਿੰਡਾ, 22 ਮਈ (ਬਲਵੀਰ ਸਿੰਘ ਚਲਾਕੀ):** ਨਗਰ ਕੌਂਸਲ ਮੋਰਿੰਡਾ ਦੇ ਵਾਰਡ ਨੰਬਰ 14 ਰਿਜਰਵ ਤੋਂ ਚੋਣ ਲੜ ਰਹੇ ਕਾਂਗਰਸ ਪਾਰਟੀ ਦੇ ਉਮੀਦਵਾਰ ਹਰਜਿੰਦਰ ਸਿੰਘ ਛਿੱਬਰ ਦੀ ਚੋਣ ਮੁਹਿੰਮ ਨੂੰ ਉਸ ਸਮੇਂ ਭਰਵਾਂ ਹੁੰਗਾਰਾ ਮਿਲਿਆ ਜਦੋਂ ਪੰਨਗ੍ਰੇਨ ਪੰਜਾਬ ਦੇ ਸਾਬਕਾ ਚੇਅਰਮੈਨ ਬੰਤ ਸਿੰਘ ਕਲਾਰਾਂ, ਜ਼ਿਲ੍ਹਾ ਕਾਂਗਰਸ ਕਮੇਟੀ ਦੇ ਮੀਤ ਪ੍ਰਧਾਨ ਹਰਮਿੰਦਰ ਸਿੰਘ ਲੱਕੀ, ਪੀ ਏ ਡੀ ਬੈਂਕ ਦੇ ਵਾਇਸ ਚੇਅਰਮੈਨ ਕਰਨੈਲ ਸਿੰਘ ਜੀਤ,ਨਗਰ ਕੌਂਸਲ ਮੋਰਿੰਡਾ ਦੇ ਸਾਬਕਾ ਪ੍ਰਧਾਨ ਹਰੀਪਾਲ,ਕੌਂਸਲਰ ਰਾਜਪ੍ਰੀਤ ਸਿੰਘ ਰਾਜੀ ਸਮੇਤ ਕਈ ਪਤਵੰਤੇ ਸੱਜਣਾਂ ਨੇ ਹਰਜਿੰਦਰ ਸਿੰਘ ਛਿੱਬਰ ਦੀ ਹਮਾਇਤ ਦਾ ਐਲਾਨ ਕਰਦਿਆਂ ਵਾਰਡ ਵਿੱਚ ਘਰੋ ਘਰੀ ਜਾ ਕੇ ਵੋਟਰਾਂ ਨੂੰ ਉਹਨਾਂ ਦੇ ਹੱਕ ਵਿੱਚ ਵੋਟਾਂ ਪਾਉਣ ਦੀ ਅਪੀਲ ਕੀਤੀ। ਇਸ ਮੌਕੇ ਨਵਜੀਤ ਸਿੰਘ ਨਵੀਂ ਸਪੁੱਤਰ ਸ੍ਰ ਚਰਨਜੀਤ ਸਿੰਘ ਚੰਨੀ ਸਾਬਕਾ ਮੁੱਖ ਮੰਤਰੀ ਪੰਜਾਬ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲਾਰਿਆਂ ਦੀ ਸਰਕਾਰ ਸਿੱਧ ਹੋਈ ਹੈ, ਹੱਕ ਮੰਗਦੇ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਅਤੇ ਬੇਰੁਜ਼ਗਾਰ ਨੌਜਵਾਨਾਂ ਦੀ ਅਵਾਜ਼ ਨੂੰ ਲਾਠੀਆਂ ਨਾਲ ਦਬਾਇਆ ਜਾ ਰਿਹਾ ਹ ਇਸ ਮੌਕੇ ਬੰਤ ਸਿੰਘ ਕਲਾਰਾਂ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸ਼ਹਿਰ ਦੇ ਸਰਬਪੱਖੀ ਵਿਕਾਸ ਲਈ ਹਰਜਿੰਦਰ ਸਿੰਘ ਛਿੱਬਰ ਸਮੇਤ ਸਮੂਹ ਕਾਂਗਰਸੀ ਉਮੀਦਵਾਰਾਂ ਨੂੰ ਅਪਣੀ ਕੀਮਤੀ ਵੋਟਾਂ ਪਾ ਕੇ ਕਾਮਯਾਬ ਕਰਨ । ਇਸੇ ਸਮੇਂ ਨਗਰ ਕੌਂਸਲ ਮੋਰਿੰਡਾ ਦੇ ਸਾਬਕਾ ਪ੍ਰਧਾਨ ਸ੍ਰੀ ਹਰੀਪਾਲ , ਕੌਂਸਲਰ ਰਾਜਪ੍ਰੀਤ ਸਿੰਘ ਰਾਜੀ, ਪੀ ਏ ਡੀ ਬੈਂਕ ਦੇ ਵਾਇਸ ਚੇਅਰਮੈਨ ਕਰਨੈਲ ਸਿੰਘ ਜੀਤ, ਡਾ ਬਚਨ ਲਾਲ ਵਰਮਾ, ਪਰਵਿੰਦਰ ਸਿੰਘ ਸੋਨੂੰ ਖੁਰਲ ਨੇ ਵੀ ਹਰਜਿੰਦਰ ਸਿੰਘ ਛਿੱਬਰ ਨੂੰ ਵੋਟਾਂ ਪਾਉਣ ਦੀ ਅਪੀਲ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਜੀਤ ਸਿੰਘ ਸੱਲ ਜਨਰਲ ਸਕੱਤਰ ਬਾਬਾ ਵਿਸ਼ਵਕਰਮਾ ਵੈਲਫੇਅਰ ਸੁਸਾਇਟੀ ਮੋਰਿੰਡਾ, ਗੁਰਿੰਦਰ ਸਿੰਘ ਗੋਗੀ ਸਾਬਕਾ ਪ੍ਰਧਾਨ ਵਿਸ਼ਵਕਰਮਾ ਸਭਾ ਮੋਰਿੰਡਾ ਨੇ ਹਰਜਿੰਦਰ ਸਿੰਘ ਛਿੱਬਰ ਦੀ ਹਰ ਪ੍ਰਕਾਰ ਦੀ ਹਮਾਇਤ ਦਾ ਐਲਾਨ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪਿੰਡ ਸਰਹਾਣਾ ਦੇ ਸਾਬਕਾ ਸਰਪੰਚ ਸਿਮਰਨਜੀਤ ਸਿੰਘ,ਟਹਿਲ ਸਿੰਘ ਸਾਬਕਾ ਸਰਪੰਚ ਲੂਠੇੜੀ, ਸਾਬਕਾ ਸਰਪੰਚ ਬਾਰਾ ਸਿੰਘ,ਰੇਸ਼ਮ ਸਿੰਘ ਥਾਣੇਦਾਰ, ਸੂਬੇਦਾਰ ਸੰਤੋਖ ਸਿੰਘ ਛਿੱਬਰ, ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਦੇ ਸੂਬਾ ਪ੍ਰਧਾਨ ਜੈ ਸਿੰਘ ਛਿੱਬਰ ਨੇ ਵੀ ਪੂਰਨ ਸਮਰਥਨ ਦਾ ਐਲਾਨ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪਰਵਿੰਦਰ ਸਿੰਘ ਸੋਨੂੰ ਖੁਰਲ, ਸੁਪਰਡੈਂਟ ਭਾਗ ਸਿੰਘ ਮਕੜੌਨਾ, ਗੁਰਿੰਦਰ ਸਿੰਘ ਗੋਗੀ ਸਾਬਕਾ ਪ੍ਰਧਾਨ ਵਿਸ਼ਵਕਰਮਾ ਸਭਾ ਮੋਰਿੰਡਾ, ਹਰਜੀਤ ਸਿੰਘ ਸੱਲ੍ਹ ਜਨਰਲ ਸਕੱਤਰ ਬਾਬਾ ਵਿਸ਼ਵਕਰਮਾ ਵੈਲਫੇਅਰ ਸੁਸਾਇਟੀ ਮੋਰਿੰਡਾ, ਭੁਪਿੰਦਰ ਸਿੰਘ ਗੀਹਲ, ਗੁਰਮੀਤ ਸਿੰਘ ਕਾਂਝਲਾ, ਜਸਵੀਰ ਸਿੰਘ ਸ਼ਾਂਤ ਪੁਰੀ, ਜਗਰੂਪ ਸਿੰਘ ਅਰਨੌਲੀ,ਅਵਤਾਰ ਸਿੰਘ ਬਬਲੂ ਆਦਿ ਨਗਰ ਨਿਵਾਸੀ ਹਾਜ਼ਰ ਸਨ।

# ਕਾਂਗਰਸ ਦੇ ਉਮੀਦਵਾਰ ਦਲਜੀਤ ਕੌਰ ਦੀ ਚੋਣ ਮੁਹਿੰਮ ਨੂੰ ਭਰਵਾਂ ਹੁੰਗਾਰਾ



**ਮੋਰਿੰਡਾ, 22 ਮਈ (ਬਲਵੀਰ ਸਿੰਘ ਚਲਾਕੀ):** ਨਗਰ ਕੌਂਸਲ ਮੋਰਿੰਡਾ ਦੇ ਵਾਰਡ ਨੰਬਰ 10 ਤੋਂ ਚੋਣ ਲੜ ਰਹੇ ਕਾਂਗਰਸੀ ਉਮੀਦਵਾਰ ਬੀਬੀ ਦਲਜੀਤ ਕੌਰ ਦੀ ਚੋਣ ਮੁਹਿੰਮ ਨੂੰ ਭਰਵਾਂ ਹੁੰਗਾਰਾ ਮਿਲਿਆ ਜਦੋਂ ਸ਼ਹਿਰ ਦੇ ਸਾਬਕਾ ਕੌਂਸਲਰਾਂ, ਇਲਾਕੇ ਦੇ ਪੰਚਾਂ, ਸਰਪੰਚਾਂ, ਨੰਬਰਦਾਰਾਂ ਅਤੇ ਪਤਵੰਤੇ ਸੱਜਣਾਂ ਨੇ ਬੀਬੀ ਦਲਜੀਤ ਕੌਰ ਨੂੰ ਤਨ,ਮਨ ਅਤੇ ਧੰਨ ਨਾਲ ਮਦਦ ਕਰਨ ਦਾ ਐਲਾਨ ਕਰ ਦਿੱਤਾ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਪੁੱਜੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਸਪੁੱਤਰ ਨਵਜੀਤ ਸਿੰਘ ਨਵੀਂ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਆਖਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੌਰਾਨ ਹੱਕ ਮੰਗਦੇ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਅਤੇ ਬੇਰੁਜ਼ਗਾਰ ਨੌਜਵਾਨਾਂ ਦੀ ਅਵਾਜ਼ ਨੂੰ ਲਾਠੀਆਂ ਨਾਲ ਦਬਾਇਆ ਜਾ ਰਿਹਾ ਹੈ। ਮਹਿੰਗਾਈ , ਬੇਰੁਜ਼ਗਾਰੀ ਦਿਨ ਪ੍ਰਤੀ ਦਿਨ ਵੱਧਦੀ ਜਾ ਰਹੀ ਹੈ। ਪੰਜਾਬ ਸਰਕਾਰ ਮੂਕ ਦਰਸ਼ਕ ਬਣੀ ਹੋਈ ਹੈ। ਇਸ ਕਾਰਨ ਪੰਜਾਬ ਦਾ ਹਰ ਵਰਗ ਆਪ ਦੀ ਮੌਜੂਦਾ ਸਰਕਾਰ ਤੋਂ ਨਿਰਾਸ਼ ਹੈ । ਪੰਜਾਬ ਦੀ ਜਨਤਾ ਇਸ ਸਰਕਾਰ ਨੂੰ ਚਲਦਾ ਕਰਨ ਲਈ ਸਹੀ ਸਮੇਂ ਦੀ ਇੰਤਜ਼ਾਰ ਕਰ ਰਹੀ ਹੈ। ਉਹਨਾ ਵਾਰਡ ਵਾਸੀਆਂ ਨੂੰ ਵਾਰਡ ਨੰਬਰ 10 ਤੋਂ ਕਾਂਗਰਸੀ ਉਮੀਦਵਾਰ ਬੀਬੀ ਦਲਜੀਤ ਕੌਰ ਨੂੰ ਵੋਟਾਂ ਪਾ ਕੇ ਜਿਤਾਉਣ ਦੀ ਅਪੀਲ ਕੀਤੀ । ਇਸੇ ਸਮੇਂ ਪੰਨਗ੍ਰੇਨ ਪੰਜਾਬ ਦੇ ਸਾਬਕਾ ਚੇਅਰਮੈਨ ਬੰਤ ਸਿੰਘ ਕਲਾਰਾਂ, ਨੇ ਆਖਿਆ ਕਿ ਬੀਬੀ ਦਲਜੀਤ ਕੌਰ ਪਤਨੀ ਰੁਪਿੰਦਰ ਸਿੰਘ ਭੀਚਰਾ ਟਕਸਾਲੀ ਕਾਂਗਰਸੀ ਪ੍ਰੀਵਾਰ ਦੇ ਮੈਂਬਰ ਹਨ । ਜਿਹਨਾਂ ਨੂੰ ਸਮਾਜ ਅਤੇ ਦੇਸ਼ ਸੇਵਾ ਵਿਰਸੇ ਵਿਚੋਂ ਮਿਲੀ ਹੋਈ ਹੈ। ਇਸ ਮੌਕੇ ਜ਼ਿਲ੍ਹਾ ਕਾਂਗਰਸ ਕਮੇਟੀ ਰੂਪਨਗਰ ਦੇ ਮੀਤ ਪ੍ਰਧਾਨ ਹਰਮਿੰਦਰ ਸਿੰਘ ਲੱਕੀ , ਬਲਾਕ ਕਾਂਗਰਸ ਕਮੇਟੀ ਦੇ ਪ੍ਰਧਾਨ ਦਰਸ਼ਨ ਸਿੰਘ ਸੰਧੂ, ਕੌਂਸਲਰ ਰਾਜਪ੍ਰੀਤ ਸਿੰਘ ਰਾਜੀ, ਪੀ ਏ ਡੀ ਬੈਂਕ ਦੇ ਵਾਇਸ ਚੇਅਰਮੈਨ ਕਰਨੈਲ ਸਿੰਘ ਜੀਤ ਨੇ ਬੀਬੀ ਦਲਜੀਤ ਕੌਰ ਦੀ ਹਰ ਪ੍ਰਕਾਰ ਦੀ ਮਦਦ ਕਰਨ ਦਾ ਐਲਾਨ ਕੀਤਾ। ਉਪਰੋਕਤ ਆਗੂਆਂ ਨੇ ਅਪੀਲ ਕੀਤੀ ਕਿ ਬੀਬੀ ਦਲਜੀਤ ਕੌਰ ਨੂੰ ਜਿਤਾ ਕੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਹੱਥ ਮਜ਼ਬੂਤ ਕਰਨ ਤਾਂ ਜ਼ੋ ਹਲਕੇ ,ਵਾਰਡ ਦਾ ਸਰਬਪੱਖੀ ਵਿਕਾਸ ਯਕੀਨੀ ਹੋ ਸਕੇ ।

# ਹਰਮੀਤ ਕਾਲਕਾ ਵੱਲੋਂ ਤਰਲੋਚਨ ਭਾਟੀਆ ਦੀ ਭਾਈਚਾਰਕ ਏਕਤਾ ਲਈ ਮਿਲਣੀ ਲਈ ਧੰਨਵਾਦ



**ਨਵੀਂ ਦਿੱਲੀ, 22 ਮਈ (ਦੇਸ਼ ਪ੍ਰਦੇਸ਼ ਬਿਊਰੋ):** ਸਰਦਾਰ ਹਰਮੀਤ ਸਿੰਘ ਕਾਲਕਾ ਪ੍ਰਧਾਨ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਅੱਜ ਇਥੇ ਇੱਕ ਬਿਆਨ ਵਿੱਚ ਦਿੱਲੀ ਦੇ ਦੀ ਬਹੁਪੱਖੀ ਸ਼ਖ਼ਸੀਅਤ ਸਰਦਾਰ ਤਰਲੋਚਨ ਸਿੰਘ ਭਾਟੀਆ (ਜੋ ਪ੍ਰਕਾਸ਼ ਮੁਹੱਲਾ ,ਗੜ੍ਹੀ ਖੇਤਰ ਵਿੱਚ ਈਸਟ ਆਫ ਕੈਲਾਸ਼ ਦੇ ਵਾਸੀ ਹਨ ) ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਆਯੋਜਿਤ ਕੀਤੀ ਗਈ ਸਨੇਹ, ਆਪਣਾਪਣ ਅਤੇ ਪਿਆਰ ਨਾਲ ਭਰਪੂਰ ਮਿਲਣੀ ਨੇ ਆਪਸੀ ਸਾਂਝ ਅਤੇ ਭਾਈਚਾਰਕ ਏਕਤਾ ਨੂੰ ਹੋਰ ਮਜ਼ਬੂਤ ਕੀਤਾ ਹੈ। ਸਰਦਾਰ ਕਾਲਕਾ ਨੇ ਕਿਹਾ ਕਿ ਇਸ ਮੌਕੇ ਉਨ੍ਹਾਂ ਅਤੇ ਸਰਦਾਰ ਸ਼ਮਸ਼ੇਰ ਸਿੰਘ ਸੰਧੂ ਜਨਰਲ ਸਕੱਤਰ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਨੂੰ ਦਿੱਤਾ ਗਿਆ ਸਤਿਕਾਰ ਅਤੇ ਮਾਣ ਸਿਰਫ਼ ਨਿੱਜੀ ਸਨਮਾਨ ਨਹੀਂ, ਸਗੋਂ ਪੰਥਕ ਏਕਤਾ, ਆਪਸੀ ਵਿਸ਼ਵਾਸ ਅਤੇ ਸੇਵਾ ਦੀ ਭਾਵਨਾ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਅਜਿਹੇ ਮਿਲਾਪ ਸਮਾਜ ਵਿੱਚ ਪਿਆਰ, ਸਹਿਯੋਗ ਅਤੇ ਪ੍ਰਸਪਰ ਸਤਿਕਾਰ ਦੀ ਰੂਹ ਨੂੰ ਹੋਰ ਮਜ਼ਬੂਤ ਕਰਦੇ ਹਨ ਅਤੇ ਨਵੀਂ ਪੀੜ੍ਹੀ ਨੂੰ ਵੀ ਸਾਂਝ ਅਤੇ ਸੇਵਾ ਦੇ ਰਾਹ 'ਤੇ ਚੱਲਣ ਦੀ ਪ੍ਰੇਰਣਾ ਦਿੰਦੇ ਹਨ। ਸਰਦਾਰ ਹਰਮੀਤ ਸਿੰਘ ਕਾਲਕਾ ਨੇ ਮਿਲੇ ਪਿਆਰ, ਸਨੇਹ ਅਤੇ ਅਸ਼ੀਰਵਾਦ ਲਈ ਸਰਦਾਰ ਤਰਲੋਚਨ ਸਿੰਘ ਭਾਟੀਆ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਸਮਾਜ ਦੀ ਚੜ੍ਹਦੀ ਕਲਾ ਲਈ ਇਸ ਤਰ੍ਹਾਂ ਦੀਆਂ ਸਾਂਝੀਆਂ ਬੈਠਕਾਂ ਅਤੇ ਮਿਲਣੀਆਂ ਸਮੇਂ ਦੀ ਮੰਗ ਹਨ।

## ਸੰਪਾਦਕੀ

# ਅਦਾਲਤਾਂ ਅਤੇ ਜਾਤੀ ਜਨਗਣਨਾ

ਸੁਪਰੀਮ ਕੋਰਟ ਜਾਤੀ ਜਨਗਣਨਾ ਨੂੰ ਰੋਕਣ ਦੀ ਮੰਗ ਕਰਨ ਵਾਲੀ ਪਟੀਸ਼ਨ ਨੂੰ ਖਾਰਜ ਕਰਨ ਵਿੱਚ ਗਲਤੀ ਨਹੀਂ ਕਰ ਰਹੀ ਹੈ - ਜੋ ਕਿ ਚੱਲ ਰਹੀ 'ਜਨਗਣਨਾ 2027' ਅਭਿਆਸ ਦਾ ਹਿੱਸਾ ਹੈ। ਜਾਤੀ ਗਣਨਾ ਦੇ ਸਮਰਥਨ ਵਿੱਚ ਟਿੱਪਣੀ ਕਰਦੇ ਹੋਏ, ਭਾਰਤ ਦੇ ਚੀਫ ਜਸਟਿਸ ਨੇ ਕਿਹਾ, 'ਅੱਜ, ਕਿਸੇ ਵੀ ਸਰਕਾਰ ਨੂੰ ਪਤਾ ਹੋਣਾ ਚਾਹੀਦਾ ਹੈ ਕਿ ਕਿੰਨੇ ਲੋਕ ਪਛੜੇ ਹਨ ਅਤੇ ਕਿੰਨੇ ਲੋਕਾਂ ਨੂੰ ਭਲਾਈ ਦੀ ਲੋੜ ਹੈ।' ਅਪ੍ਰੈਲ 2025 ਵਿੱਚ, ਅਚਾਨਕ ਇੱਕ ਧੁਰਾ ਲਾਗੂ ਕਰਦੇ ਹੋਏ, ਨਰਿੰਦਰ ਮੋਦੀ ਸਰਕਾਰ ਨੇ ਨਵੀਂ ਜਨਗਣਨਾ ਦੇ ਨਾਲ ਜਾਤੀ ਗਣਨਾ ਕਰਨ ਦਾ ਐਲਾਨ ਕੀਤਾ। ਇਹ 1931 ਤੋਂ ਬਾਅਦ ਪਹਿਲੀ ਅਜਿਹੀ ਗਣਨਾ ਹੋਵੇਗੀ। ਪਹਿਲਾਂ, ਮੋਦੀ ਨੇ ਇਸ ਸੰਕਲਪ ਦਾ ਮਜ਼ਾਕ ਉਡਾਇਆ ਸੀ, ਇਸਨੂੰ 'ਸ਼ਹਿਰੀ ਨਕਸਲ' ਵਿਚਾਰਧਾਰਾ ਦਾ ਪ੍ਰਗਟਾਵਾ ਦੱਸਿਆ ਸੀ, ਜਦੋਂ ਕਿ ਆਰਐਸਐਸ ਨੇ ਚੇਤਾਵਨੀ ਦਿੱਤੀ ਸੀ ਕਿ ਅਜਿਹੇ ਸਰਵੇਖਣ ਹਿੰਦੂ ਸਮਾਜ ਨੂੰ ਵੰਡਣ ਦੀਆਂ ਕੋਸ਼ਿਸ਼ਾਂ ਹਨ। ਕਾਂਗਰਸ ਪਾਰਟੀ ਨੇ ਵੀ - ਨਾਟਕੀ ਢੰਗ ਨਾਲ ਆਪਣੇ ਇਤਿਹਾਸਕ ਰੁਖ਼ ਨੂੰ ਬਦਲਦੇ ਹੋਏ - ਜਾਤੀ ਜਨਗਣਨਾ ਦੀ ਮੰਗ ਕੀਤੀ ਸੀ। ਸੁਤੰਤਰ ਭਾਰਤ ਦੀਆਂ ਸ਼ੁਰੂਆਤੀ ਸਰਕਾਰਾਂ ਨੇ ਆਮ ਜਨਗਣਨਾ ਦੇ ਨਾਲ ਜਾਤੀ ਗਣਨਾ ਕਰਨ ਦੇ ਵਿਰੁੱਧ ਫੈਸਲਾ ਲਿਆ ਸੀ। ਉਸ ਸਮੇਂ ਪ੍ਰਚਲਿਤ ਸਿਆਣਪ ਇਹ ਸੀ ਕਿ ਜਾਤੀ ਭਾਈਚਾਰਿਆਂ ਦੀ ਗਣਨਾ ਕਰਨ ਨਾਲ ਸਿਰਫ ਜਾਤੀ ਦੀ ਉਸ ਸੰਸਥਾ ਨੂੰ ਮਜ਼ਬੂਤੀ ਮਿਲੇਗੀ ਜਿਸਨੂੰ ਰਾਜ ਖਤਮ ਕਰਨਾ ਚਾਹੁੰਦਾ ਸੀ। ਇੱਕ ਪਾਸੇ, ਰਾਜ ਦੀਆਂ ਨੀਤੀਆਂ ਜਾਤੀ ਰਹਿਤ ਸਮਾਜ ਦੀ ਉਸਾਰੀ ਲਈ ਯਤਨਸ਼ੀਲ ਸਨ; ਫਿਰ ਵੀ, ਦੂਜੇ ਪਾਸੇ, ਉਨ੍ਹਾਂ ਨੇ ਵਿਧਾਨਕ ਪ੍ਰਤੀਨਿਧਤਾ ਅਤੇ ਰੁਜ਼ਗਾਰ ਵਿੱਚ ਸਕਾਰਾਤਮਕ ਕਾਰਵਾਈ ਦੀ ਸਹੂਲਤ ਲਈ ਜਾਤੀ ਪਛਾਣਾਂ ਨੂੰ ਧਿਆਨ ਵਿੱਚ ਰੱਖਿਆ। ਦੇਸ਼ ਦੇ ਬੁਨਿਆਦੀ ਸਿਧਾਂਤਾਂ ਵਿੱਚ ਡੂੰਘਾਈ ਨਾਲ ਜੁੜਿਆ ਹੋਇਆ, ਜਾਤੀ ਪ੍ਰਤੀ ਇਸ ਦੋਹਰੇ ਦ੍ਰਿਸ਼ਟੀਕੋਣ ਨੇ ਇੱਕ ਵਿਰੋਧਾਭਾਸ ਪੈਦਾ ਕੀਤਾ ਹੈ ਜੋ ਅੱਜ ਤੱਕ ਕਾਇਮ ਹੈ। ਜਾਤੀ ਜਨਗਣਨਾ ਦੇ ਸੰਚਾਲਨ ਦੇ ਆਲੇ ਦੁਆਲੇ ਦਾ ਰੌਲਾ ਇਸ ਵਿਰੋਧਾਭਾਸ ਦਾ ਸਭ ਤੋਂ ਤਾਜ਼ਾ ਪ੍ਰਗਟਾਵਾ ਹੈ। ਜਨਗਣਨਾ ਆਪਣੇ ਆਪ ਵਿੱਚ ਪਹਿਲਾਂ ਹੀ ਕਾਫ਼ੀ ਦੇਰੀ ਹੋ ਚੁੱਕੀ ਹੈ। ਇਹ ਦਸ਼ਕੀ ਜਨਸੰਖਿਆ ਸਰਵੇਖਣ ਅਸਲ ਵਿੱਚ 2021 ਲਈ ਤਹਿ ਕੀਤਾ ਗਿਆ ਸੀ ਪਰ ਕੋਵਿਡ-19 ਮਹਾਂਮਾਰੀ ਅਤੇ ਲੌਜਿਸਟਿਕਲ ਰੁਕਾਵਟਾਂ ਦੇ ਕਾਰਨ ਮੁਲਤਵੀ ਕਰ ਦਿੱਤਾ ਗਿਆ ਸੀ। ਜਾਤੀ ਗਣਨਾ ਅਭਿਆਸ ਦੇ ਦੂਜੇ ਪੜਾਅ ਦੌਰਾਨ ਕੀਤੀ ਜਾਣੀ ਤੈਅ ਹੈ, ਜਿੱਥੇ ਹਰੇਕ ਵਿਅਕਤੀ ਨੂੰ ਆਪਣੀ ਜਾਤ ਦਾ ਐਲਾਨ ਕਰਨ ਲਈ ਕਿਹਾ ਜਾਵੇਗਾ। ਪਿਛਲੀਆਂ ਜਨਗਣਨਾਵਾਂ ਦੇ ਉਲਟ, ਰਿਕਾਰਡਿੰਗ ਸਿਰਫ਼ ਇਸ ਤੱਕ ਸੀਮਤ ਨਹੀਂ ਹੋਵੇਗੀ ਕਿ ਕੋਈ ਵਿਅਕਤੀ ਅਨੁਸੂਚਿਤ ਜਾਤੀ ਜਾਂ ਅਨੁਸੂਚਿਤ ਕਬੀਲੇ ਨਾਲ ਸਬੰਧਤ ਹੈ ਜਾਂ ਨਹੀਂ। ਜਨਗਣਨਾ ਕਰਨ ਵਿੱਚ ਦੇਰੀ ਦਾ ਨੀਤੀ ਨਿਰਮਾਣ ਅਤੇ ਯੋਜਨਾਬੰਦੀ ਦੇ ਪੂਰੇ ਸਪੈਕਟਰਮ 'ਤੇ ਪ੍ਰਭਾਵ ਪੈਂਦਾ ਹੈ। ਭਾਰਤ ਵਿੱਚ, ਰਾਜ ਦੀਆਂ ਨੀਤੀਆਂ ਦਾ ਇੱਕ ਮਹੱਤਵਪੂਰਨ ਹਿੱਸਾ ਸਿੱਧੇ ਜਾਂ ਅਸਿੱਧੇ ਤੌਰ 'ਤੇ ਨਿਸ਼ਾਨਾ ਸਮੂਹ ਦੇ ਨਸਲੀ ਪ੍ਰੋਫਾਈਲ ਨਾਲ ਜੁੜਿਆ ਹੋਇਆ ਹੈ। ਆਜ਼ਾਦੀ ਤੋਂ ਬਾਅਦ ਦੇਸ਼ ਵਿਆਪੀ ਜਾਤੀ ਗਣਨਾ ਦੀ ਪਹਿਲੀ ਕੋਸ਼ਿਸ਼ 2011 ਵਿੱਚ ਕੀਤੀ ਗਈ ਸੀ। ਇਸ ਸਮਾਜਿਕ-ਆਰਥਿਕ ਅਤੇ ਜਾਤੀ ਜਨਗਣਨਾ ਦੌਰਾਨ ਜਾਤਾਂ ਦੀ ਪਛਾਣ ਕਰਨ ਲਈ ਖੁੱਲ੍ਹੀ ਪ੍ਰਕਿਰਿਆ ਦੇ ਨਤੀਜੇ ਵਜੋਂ 4.6 ਮਿਲੀਅਨ ਵੱਖਰੇ ਜਾਤੀ ਨਾਮ ਅਤੇ 80 ਮਿਲੀਅਨ ਡੇਟਾ ਗਲਤੀਆਂ ਸਾਹਮਣੇ ਆਈਆਂ, ਜਿਸ ਨਾਲ ਪੂਰਾ ਡੇਟਾਸੈਟ ਵਰਤੋਂ ਲਈ ਅਯੋਗ ਹੋ ਗਿਆ। ਇਸ ਦੀਆਂ ਜ਼ਿਆਦਾਤਰ ਖੋਜਾਂ ਅੱਜ ਤੱਕ ਅਣਪ੍ਰਕਾਸ਼ਿਤ ਹਨ।

## ਪਰਮਵੀਰ ਸਿੰਘ ਭੁੱਲਰ ਨੇ ਪੀ.ਐਸ.ਪੀ.ਸੀ.ਐਲ. ਬਿਲਿੰਗ ਤੇ ਸਾਫਟਵੇਅਰ ਮੁੱਦਿਆਂ 'ਤੇ ਚਿੰਤਾ ਪ੍ਰਗਟਾਈ



: ਨੌਜਵਾਨ ਸਿਆਸਤਦਾਨ ਪਰਮਵੀਰ ਸਿੰਘ ਭੁੱਲਰ (ਪੂਰਬ ਭੁੱਲਰ) ਨੇ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀਐਸਪੀਸੀਐਲ) ਦੇ ਕੰਮਕਾਜ ਦੀ ਸਖ਼ਤ ਆਲੋਚਨਾ ਕਰਦਿਆਂ ਕਿਹਾ ਹੈ ਕਿ ਵਿਭਾਗ ਨੂੰ ਤੁਰੰਤ ਆਪਣੇ ਸਿਸਟਮ, ਸਾਫਟਵੇਅਰ ਅਤੇ ਜਨਤਕ ਸੇਵਾ ਕਾਰਜਾਂ ਵਿੱਚ ਸੁਧਾਰ ਕਰਨ ਦੀ ਲੋੜ ਹੈ। ਭੁੱਲਰ ਨੇ ਦੋਸ਼ ਲਾਇਆ ਕਿ ਪੀਐਸਪੀਸੀਐਲ ਦੀ ਔਨਲਾਈਨ ਬਿਲਿੰਗ ਅਤੇ ਡਿਜੀਟਲ ਪ੍ਰਣਾਲੀਆਂ ਵਿੱਚ ਗੰਭੀਰ ਖਾਮੀਆਂ ਕਾਰਨ ਬਹੁਤ ਸਾਰੇ ਆਮ ਨਾਗਰਿਕ ਤਕਨੀਕੀ ਤੌਰ 'ਤੇ ਲੁੱਟੇ ਜਾ ਰਹੇ ਹਨ। ਉਨ੍ਹਾਂ ਦਾਅਵਾ ਕੀਤਾ ਕਿ ਖਪਤਕਾਰਾਂ ਨੂੰ ਬਿਜਲੀ ਲੋਡ ਵਧਾਉਣ ਦੀਆਂ ਅਰਜ਼ੀਆਂ ਨਾਲ ਸਬੰਧਤ ਡਿਮਾਂਡ ਡਰਾਫਟ ਨੋਟਿਸ ਵਿੱਚ ਗਲਤ ਰਕਮਾਂ ਲਿਖੀਆ ਪ੍ਰਾਪਤ ਹੋ ਰਹੀਆਂ ਹਨ। ਉਨ੍ਹਾਂ ਅੱਗੇ ਦੱਸਿਆ ਕਿ ਕਈ ਮਾਮਲਿਆਂ ਵਿੱਚ, ਪੀਐਸਪੀਸੀਐਲ ਦੇ ਅਧਿਕਾਰਤ ਔਨਲਾਈਨ ਪੋਰਟਲ 'ਤੇ ਪ੍ਰਦਰਸ਼ਿਤ ਰਕਮ ਡਿਜੀਟਲ ਤੌਰ 'ਤੇ ਜਾਰੀ ਕੀਤੇ ਦਸਤਾਵੇਜ਼ਾਂ ਵਿੱਚ ਦਰਸਾਈ ਗਈ ਰਕਮ ਤੋਂ ਵੱਖਰੀ ਹੁੰਦੀ ਹੈ, ਜਿਸ ਨਾਲ ਜਨਤਾ ਲਈ ਉਲਝਣ ਅਤੇ ਵਿੱਤੀ ਬੋਝ ਪੈਦਾ ਹੁੰਦਾ ਹੈ। ਭੁੱਲਰ ਨੇ ਕਿਹਾ, ਪੀਐਸਪੀਸੀਐਲ ਨੂੰ ਆਪਣੀ ਪ੍ਰਣਾਲੀ ਦੀ ਪਾਰਦਰਸ਼ਤਾ ਅਤੇ ਇਕਸਾਰਤਾ 'ਤੇ ਕੰਮ ਕਰਨਾ ਚਾਹੀਦਾ ਹੈ। ਵਿਭਾਗ ਵਿੱਚ ਤਕਨੀਕੀ ਤਰੁੱਟੀਆਂ ਅਤੇ ਮਾੜੇ ਤਾਲਮੇਲ ਕਾਰਨ ਆਮ ਲੋਕ ਦੁਖੀ ਹਨ, ਭੁੱਲਰ ਨੇ ਕਿਹਾ। ਵਾਧੂ ਟਿੱਪਣੀਆਂ ਨੂੰ ਉਜਾਗਰ ਕਰਦੇ ਹੋਏ, ਭੁੱਲਰ ਨੇ ਬਿਲਿੰਗ ਚੱਕਰ ਵਿੱਚ ਬੇਨਿਯਮੀਆਂ ਵੱਲ ਇਸ਼ਾਰਾ ਕੀਤਾ। ਉਨ੍ਹਾਂ ਅਨੁਸਾਰ ਕੁਝ ਖਪਤਕਾਰਾਂ ਨੂੰ ਪੰਜ-ਛੇ ਮਹੀਨਿਆਂ ਬਾਅਦ ਬਿਜਲੀ ਦੇ ਬਿੱਲ ਮਿਲ ਰਹੇ ਹਨ, ਜਦੋਂ ਕਿ ਕਈਆਂ ਨੂੰ ਸਿਰਫ਼ 39 ਤੋਂ 40 ਦਿਨਾਂ ਦੇ ਅੰਦਰ-ਅੰਦਰ ਹੀ ਬਿੱਲ ਆ ਰਹੇ ਹਨ, ਜਿੱਥੇ ਤੱਕ ਕਿ ਜਿਨ੍ਹਾਂ ਇਲਾਕਿਆਂ ਵਿੱਚ ਸਮਾਰਟ ਮੀਟਰ ਨਹੀਂ ਲਗਾਏ ਗਏ ਹਨ ਉਨ੍ਹਾਂ ਨੂੰ ਵੀ। ਉਨ੍ਹਾਂ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਮੰਗ ਕੀਤੀ ਕਿ ਇਨ੍ਹਾਂ ਮੁੱਦਿਆਂ ਦੀ ਤੁਰੰਤ ਜਾਂਚ ਕਰਕੇ ਆਮ ਲੋਕਾਂ ਨੂੰ ਰਾਹਤ ਦਿਵਾਉਣਾ ਯਕੀਨੀ ਬਣਾਇਆ ਜਾਵੇ। ਭੁੱਲਰ ਨੇ ਪੀ.ਐਸ.ਪੀ.ਸੀ.ਐਲ ਦਫਤਰਾਂ ਦੇ ਅੰਦਰ ਸਟਾਫ ਦੀ ਬਿਹਤਰ ਸਿਖਲਾਈ ਦੀ ਲੋੜ 'ਤੇ ਵੀ ਜ਼ੋਰ ਦਿੱਤਾ ਤਾਂ ਜੋ ਕਰਮਚਾਰੀ ਤਕਨੀਕੀ ਅਤੇ ਬਿਲਿੰਗ ਸੰਬੰਧੀ ਸਮੱਸਿਆਵਾਂ ਦਾ ਸਾਹਮਣਾ ਕਰ ਰਹੇ ਖਪਤਕਾਰਾਂ ਦੀ ਸਹੀ ਮਾਰਗਦਰਸ਼ਨ ਅਤੇ ਸਹਾਇਤਾ ਕਰ ਸਕਣ। ਭੁੱਲਰ ਨੇ ਕਿਹਾ, ਜਨਤਾ ਨੂੰ ਬੁਨਿਆਦੀ ਸੇਵਾਵਾਂ ਲਈ ਸੰਘਰਸ਼ ਨਹੀਂ ਕਰਨਾ ਚਾਹੀਦਾ। ਉਚਿਤ ਸਿਖਲਾਈ, ਜਵਾਬਦੇਹੀ ਅਤੇ ਅੱਪਡੇਟ ਸਿਸਟਮ ਸਮੇਂ ਦੀ ਲੋੜ ਹੈ।

## ਨਗਰ ਕੌਂਸਲ ਚੋਣਾਂ ਵਿਚ ਹੀ ਲੋਕ ਆਪ ਸਰਕਾਰ ਨੂੰ ਹਰਾਉਣ ਮੁੱਢ ਬੰਨ੍ਹਣਗੇ-ਧੰਮੀ



**ਭਦੌੜ, 22 ਮਈ (ਸੁਰਿੰਦਰ ਬੱਤਾ, ਤੇਜਿੰਦਰ ਸ਼ਰਮਾ):** ਸ੍ਰੋਮਣੀ ਅਕਾਲੀ ਦਲ ਦੇ ਵਾਰਡ ਨੰਬਰ 6 ਤੋਂ ਉਮੀਦਵਾਰ ਨਾਇਬ ਸਿੰਘ ਦੇ ਚੋਣ ਦਫ਼ਤਰ ਦਾ ਉਦਘਾਟਨ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਅਤੇ ਸੀਨੀ.ਆਗੂ ਜਸਵੀਰ ਸਿੰਘ ਧੰਮੀ ਨੇ ਨਾਨਕਸਰ ਰੋਡ ਉਪਰ ਕੀਤਾ। ਪ੍ਰਧਾਨ ਜਸਵੀਰ ਸਿੰਘ ਧੰਮੀ ਨੇ ਇਕੱਠ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਆਮ ਆਦਮੀ ਪਾਰਟੀ ਦੇ ਸਾਢੇ ਚਾਰ ਸਾਲਾਂ ਦਾ ਕਾਰਜਕਾਲ ਤੁਹਾਡੀਆਂ ਅੱਖਾਂ ਦੇ ਸਾਹਮਣੇ ਹੈ ਸਰਕਾਰ ਨੇ ਕਸਬੇ 13 ਵਾਰਡਾਂ ਅੰਦਰ ਕੁਝ ਵੀ ਅਜਿਹਾ ਨਹੀਂ ਕੀਤਾ ਜਿਸ ਨਾਲ ਲੋਕਾਂ ਨੂੰ ਕੁਝ ਰਾਹਿਤ ਮਹਿਸੂਸ ਹੋਈ ਹੋਵੇ। ਉਨ੍ਹਾਂ ਕਿਹਾ ਕਿ ਸਰਕਾਰ ਕੁਝ ਮਹੀਨਿਆਂ ਦੀ ਮਹਿਮਾਨ ਹੈ ਜਿਸ ਤੋਂ ਲੋਕ ਖਹਿੜਾ ਛੁਡਾਉਣ ਦਾ ਮਨ ਬਣਾ ਚੁੱਕੇ ਹਨ ਜਿਸ ਦਾ ਮੁੱਢ ਨਗਰ ਕੌਂਸਲ ਚੋਣਾਂ ਅੰਦਰ ਬੰਨ ਦੇਣਗੇ। ਉਨ੍ਹਾਂ ਕਿਹਾ ਕਿ ਉਮੀਦਵਾਰ ਨਾਇਬ ਸਿੰਘ ਇੱਕ ਨੌਜਵਾਨ ਆਗੂ ਹੈ ਜਿਸ ਅੰਦਰ ਲੋਕਾਂ ਦੀ ਸੇਵਾ ਕਰਨ ਦੀ ਭਾਵਨਾ ਹੈ ਜਿਸ ਦਾ ਹੌਸਲਾ ਵਧਾਕੇ ਵੱਡੀ ਲੀਡ ਨਾਲ ਜਿਤਾਓ। ਇਸ ਸਮੇਂ ਪ੍ਰਧਾਨ ਅਮਨਿੰਦਰ ਸਿੰਘ ਗੋਲਡੀ ਭੁੱਲਰ, ਪ੍ਰਧਾਨ ਬਲਵਿੰਦਰ ਸਿੰਘ ਲਧਰੋਈਆ, ਲਾਭ ਸਿੰਘ ਲਧਰੋਈਆ ਆਦਿ ਹਾਜ਼ਰ ਸਨ।

## ਹਰਗੋਬਿੰਦ ਪਬਲਿਕ ਸਕੂਲ ਵਿੱਚ ਡਰਾਈ -ਡੇ ਮਨਾਇਆ ਗਿਆ



**ਬਠਿੰਡਾ, 22 ਮਈ (ਰਾਜੀਵ ਗੋਇਲ):** ਸਿਹਤ ਮੰਤਰੀ ਡਾਕਟਰ ਬਲਵੀਰ ਸਿੰਘ ਦੇ ਨਿਰਦੇਸ਼ਾਂ ਤਹਿਤ ਸਿਹਤ ਵਿਭਾਗ ਤੇ ਨਗਰ ਨਿਗਮ ਦੀ ਅਗਵਾਈ ਹੇਠ ਡੇਂਗੂ ਬਿਮਾਰੀ ਦੀ ਰੋਕਥਾਮ ਲਈ ਵਿਸ਼ੇਸ਼ ਤੌਰ 'ਤੇ ਡੇਂਗੂ ਵਿਰੋਧੀ ਮਾਸ ਜਾਗਰੂਕਤਾ ਬਾਰੇ ਡ ?ਰਾਈ ਡੇ ਅਭਿਆਨ ਚਲਾਇਆ ਗਿਆ ।ਜ਼ਿਲ੍ਹਾ ਸਿਹਤ ਵਿਭਾਗ ਦੀਆਂ ਸਪੈਸ਼ਲ ਟੀਮਾਂ ਵੱਲੋਂ ਸਰਕਾਰੀ ਤੇ ਪ੍ਰਾਈਵੇਟ ਨਰਸਿੰਗ ਸਕੂਲਾਂ ,ਕਾਲਜਾਂ ਦੇ 229 ਨਰਸਿੰਗ ਵਿਦਿਆਰਥੀਆਂ ਅਤੇ ਆਸ਼ਾ ਵਰਕਰਾਂ ਦੇ ਸਹਿਯੋਗ ਨਾਲ ਡੇਂਗੂ ਲਾਰਵੇ ਦੀ ਜਾਂਚ ਲਈ ਲਾਰਵੇ ਦੇ ਹਾਟ ਸਪਾਟ ਇਲਾਕਿਆਂ ਦੀ ਚੈਕਿੰਗ ਕੀਤੀ ਗਈ। ਇਹ ਦਿਨ 29 ਮਾਰਚ 2024 ਨੂੰ ਲਾਗੂ ਕੀਤਾ ਗਿਆ ਸੀ ਅਤੇ ਹਰ ਸ਼ੁੱਕਰਵਾਰ ਨੂੰ ਮਨਾਇਆ ਜਾਂਦਾ ਹੈ।ਇਸ ਮੌਕੇ ਤੇ ਪ੍ਰਿੰਸੀਪਲ ਸੋਨੂੰ ਕੁਮਾਰ ਨੇ ਬੱਚਿਆਂ ਨੂੰ ਦੱਸਿਆ ਕਿ ਡੇਂਗੂ ਅਤੇ ਮਲੇਰੀਆਂ ਵਰਗੀਆਂ ਬਿਮਾਰੀਆਂ ਨੂੰ ਫੈਲਣ ਤੋਂ ਰੋਕਣ ਲਈ ਸਿਹਤ ਵਿਭਾਗ (ਖਾਸ ਕਰਕੇ ਪੰਜਾਬ ਵਿੱਚ)ਹਰ ਸ਼ੁੱਕਰਵਾਰ ਨੂੰ ਡਰਾਈ ਡੇ ਵਜੋਂ ਮਨਾਉਂਦਾ ਹੈ। ਇਸ ਦਿਨ ਲੋਕਾਂ ਨੂੰ ਆਪਣੇ ਘਰਾਂ ਦੇ ਕੂਲਰਾਂ ,ਫਰਿੱਜਾਂ ਦੀਆਂ ਟਰੇਆਂ ਅਤੇ ਗਮਲਿਆਂ ਵਿੱਚ ਖੜ੍ਹਾ ਪਾਣੀ ਸਾਫ ਕਰਨ ਲਈ ਕਿਹਾ ਜਾਂਦਾ ਹੈ ।ਤਾਂ ਜੋ ਮੱਛਰਾਂ ਦਾ ਲਾਰਵਾ ਪੈਦਾ ਨਾ ਹੋਵੇ ਉਹਨਾ ਨੇ ਬੱਚਿਆਂ ਨੂੰ ਦੱਸਿਆ ਕਿ ਕਿਸੇ ਵੀ ਕਿਸਮ ਦਾ ਬੁਖਾਰ ਹੋਣ ਤੇ ਜਾਂਚ ਕਰਵਾਉਣੀ ਚਾਹੀਦੀ ਹੈ। ਜੋ ਕਿ ਸਰਕਾਰੀ ਸੰਸਥਾਵਾਂ ਵਿੱਚ ਮੁਫ਼ਤ ਮੌਜੂਦ ਹੈ। ਇਸ ਮੌਕੇ ਤੇ ਅਧਿਆਪਕ ਮੰਦਰ ਸਿੰਘ,ਦਵਿੰਦਰ ਕੁਮਾਰ,ਨੀਤੂ ਸ਼ਰਮਾ,ਪਲਵਿੰਦਰ ਕੌਰ,ਬਲਵਿੰਦਰ ਕੌਰ,ਰਣਜੀਤ ਕੌਰ,ਗੁਰਪ੍ਰੀਤ ਕੌਰ,,ਪਵਨਪ੍ਰੀਤ ਕੌਰ,ਜਸਵੀਰ ਕੌਰ,ਰਣਦੀਪ ਕੌਰ,ਲਵਪ੍ਰੀਤ ਕੌਰ ਅਤੇ ਜਸਪ੍ਰੀਤ ਕੌਰ ਹਾਜ਼ਰ ਸਨ।

# ਕਾਰ ਲੋਨ ਸਸਤੇ ਕਿਉਂ ਹਨ, ਫਿਰ ਵੀ ਸਿੱਖਿਆ ਲੋਨ ਭਾਰੀ ਵਿਆਜ ਕਿਉਂ ਲੈਂਦੇ ਹਨ ?



ਭਾਰਤ ਵਰਗੇ ਵਿਕਾਸਸ਼ੀਲ ਦੇਸ਼ ਵਿੱਚ, ਸਿੱਖਿਆ ਨੂੰ ਹਮੇਸ਼ਾ ਰਾਸ਼ਟਰ ਨਿਰਮਾਣ ਲਈ ਸਭ ਤੋਂ ਮਹੱਤਵਪੂਰਨ ਸਾਧਨ ਮੰਨਿਆ ਜਾਂਦਾ ਰਿਹਾ ਹੈ। ਅਸੀਂ ਅਕਸਰ ਦਾਅਵਾ ਕਰਦੇ ਹਾਂ ਕਿ ਨੌਜਵਾਨ ਦੇਸ਼ ਦੇ ਭਵਿੱਖ ਦੀ ਨੁਮਾਇੰਦਗੀ ਕਰਦੇ ਹਨ, ਸਿੱਖਿਆ ਸਮਾਜ ਦੀ ਰੀੜ੍ਹ ਦੀ ਹੱਡੀ ਵਜੋਂ ਕੰਮ ਕਰਦੀ ਹੈ, ਅਤੇ ਗਿਆਨ ਵਿਕਾਸ ਦੀ ਨੀਂਹ ਬਣਾਉਂਦਾ ਹੈ। ਹਾਲਾਂਕਿ, ਜਦੋਂ ਕੋਈ ਸਿਸਟਮ ਦੀਆਂ ਵਿਹਾਰਕ ਹਕੀਕਤਾਂ ਦੀ ਜਾਂਚ ਕਰਦਾ ਹੈ, ਤਾਂ ਇੱਕ ਵੱਖਰੀ ਤਸਵੀਰ ਉਭਰਦੀ ਹੈ। ਵਿਡੰਬਨਾ ਇਹ ਹੈ ਕਿ, ਅੱਜ ਭਾਰਤ ਵਿੱਚ, ਕਾਰ ਖਰੀਦਣਾ ਆਸਾਨ ਹੁੰਦਾ ਜਾ ਰਿਹਾ ਹੈ, ਜਦੋਂ ਕਿ ਉੱਚ ਸਿੱਖਿਆ ਪ੍ਰਾਪਤ ਕਰਨਾ ਹੌਲੀ-ਹੌਲੀ ਮੁਸ਼ਕਲ ਅਤੇ ਮਹਿੰਗਾ ਹੁੰਦਾ ਜਾ ਰਿਹਾ ਹੈ। ਬੈਂਕ ਨਵੀਂ ਕਾਰ ਖਰੀਦਣ ਲਈ ਆਕਰਸ਼ਕ ਵਿਆਜ ਦਰਾਂ 'ਤੇ ਤੁਰੰਤ ਕਰਜ਼ੇ ਦੀ ਪੇਸ਼ਕਸ਼ ਕਰਨ ਲਈ ਤਿਆਰ ਰਹਿੰਦੇ ਹਨ; ਫਿਰ ਵੀ, ਜਦੋਂ ਇਹੀ ਬੈਂਕ ਵਿਦਿਆਰਥੀਆਂ ਨੂੰ ਸਿੱਖਿਆ ਲੋਨ ਦਿੰਦੇ ਹਨ, ਤਾਂ ਵਿਆਜ ਦਰਾਂ ਵੱਧ ਜਾਂਦੀਆਂ ਹਨ, ਨਿਯਮ ਅਤੇ ਸ਼ਰਤਾਂ ਸਖ਼ਤ ਹੋ ਜਾਂਦੀਆਂ ਹਨ, ਅਤੇ ਵਿਦਿਆਰਥੀ ਦੀਆਂ ਭਵਿੱਖ ਦੀਆਂ ਸੰਭਾਵਨਾਵਾਂ ਨੂੰ ਵਿੱਤੀ ਜੋਖਮ ਵਜੋਂ ਦੇਖਿਆ ਜਾਂਦਾ ਹੈ। ਇਹ ਸਥਿਤੀ ਸਿਰਫ਼ ਬੈਂਕਿੰਗ ਪ੍ਰਣਾਲੀ ਦੇ ਅੰਦਰ ਇੱਕ ਤਕਨੀਕੀ ਗਲਤੀ ਨਹੀਂ ਹੈ; ਸਗੋਂ, ਇਹ ਸਾਡੀਆਂ ਸਮਾਜਿਕ ਅਤੇ ਆਰਥਿਕ ਤਰਜੀਹਾਂ 'ਤੇ ਇੱਕ ਗੰਭੀਰ ਪ੍ਰਸ਼ਨ ਚਿੰਨ੍ਹ ਲਗਾਉਂਦੀ ਹੈ।

ਅੱਜ ਭਾਰਤ ਵਿੱਚ, ਉੱਚ ਸਿੱਖਿਆ ਦੀ ਲਾਗਤ ਤੇਜ਼ੀ ਨਾਲ ਔਸਤ ਪਰਿਵਾਰਾਂ ਦੀ ਵਿੱਤੀ ਪਹੁੰਚ ਤੋਂ ਬਾਹਰ ਹੋ ਰਹੀ ਹੈ। ਭਾਵੇਂ ਇਹ ਡਾਕਟਰੀ ਪੜ੍ਹਾਈ ਹੋਵੇ, ਇੰਜੀਨੀਅਰਿੰਗ, ਪ੍ਰਬੰਧਨ, ਕਾਨੂੰਨ, ਪ੍ਰਾਈਵੇਟ ਯੂਨੀਵਰਸਿਟੀ ਪ੍ਰੋਗਰਾਮ, ਜਾਂ ਵਿਦੇਸ਼ਾਂ ਵਿੱਚ ਸਿੱਖਿਆ ਹੋਵੇ - ਹਰ ਖੇਤਰ ਵਿੱਚ, ਟਿਊਸ਼ਨ ਫੀਸਾਂ ਲੱਖਾਂ ਵਿੱਚ ਅਸਮਾਨ ਛੂਹ ਗਈਆਂ ਹਨ। ਮੱਧ-ਵਰਗੀ ਪਰਿਵਾਰ ਅਕਸਰ ਸਾਲਾਂ ਦੀ ਬੱਚਤ ਖ਼ਰਚ ਕਰਦੇ ਹਨ, ਗਹਿਣੇ ਵੇਚਦੇ ਹਨ, ਅਤੇ ਆਪਣੇ ਬੱਚਿਆਂ ਦੀ ਸਿੱਖਿਆ ਲਈ ਆਪਣੇ ਪ੍ਰਾਵੀਡੈਂਟ ਫੰਡ ਵਿੱਚ ਡੁੱਬ ਜਾਂਦੇ ਹਨ; ਫਿਰ ਵੀ, ਉਹ ਅਜੇ ਵੀ ਆਪਣੇ ਆਪ ਨੂੰ ਸਿੱਖਿਆ ਕਰਜ਼ੇ ਲੈਣ ਲਈ ਮਜਬੂਰ ਪਾਉਂਦੇ ਹਨ। ਹਾਲਾਂਕਿ, ਦੁਖਦਾਈ ਹਕੀਕਤ ਇਹ ਹੈ ਕਿ ਇੱਕ ਨੌਜਵਾਨ ਵਿਅਕਤੀ ਦੇ ਭਵਿੱਖ ਨੂੰ ਆਕਾਰ ਦੇਣ ਲਈ ਤਿਆਰ ਕੀਤੇ ਗਏ ਸਿੱਖਿਆ 'ਤੇ ਸਭ ਤੋਂ ਵੱਧ ਵਿਆਜ ਦਰਾਂ ਦਾ ਬੋਝ ਹੈ। ਕਾਰ ਕਰਜ਼ਿਆਂ 'ਤੇ ਵਿਆਜ ਦਰਾਂ ਸਿੱਖਿਆ ਕਰਜ਼ਿਆਂ ਨਾਲੋਂ ਅਕਸਰ ਘੱਟ ਹੁੰਦੀਆਂ ਹਨ। ਸਿੱਧੇ ਵਿੱਚ, ਇੱਕ ਖਪਤਕਾਰ ਟਿਕਾਊ ਖਰੀਦਣਾ ਸਿੱਖਿਆ ਪ੍ਰਾਪਤ ਕਰਨ ਨਾਲੋਂ ਸਸਤਾ ਸਾਬਤ ਹੁੰਦਾ ਹੈ। ਇਹ ਸਿਰਫ਼ ਇੱਕ ਆਰਥਿਕ ਅਸੰਤੁਲਨ ਹੀ ਨਹੀਂ, ਸਗੋਂ ਸਮਾਜਿਕ ਮਾਨਸਿਕਤਾ ਦੀ ਇੱਕ ਦੁਖਾਂਤ ਨੂੰ ਵੀ ਦਰਸਾਉਂਦਾ ਹੈ।

ਬੈਂਕਿੰਗ ਪ੍ਰਣਾਲੀ ਦੁਆਰਾ ਵਰਤਿਆ ਜਾਣ ਵਾਲਾ ਤਰਕ ਇਹ ਹੈ ਕਿ ਕਾਰ ਕਰਜ਼ੇ ਸੁਰੱਖਿਅਤ ਹਨ ਕਿਉਂਕਿ ਵਾਹਨ ਖੁਦ ਬੈਂਕ ਲਈ ਜਮਾਨਤ ਵਜੋਂ ਕੰਮ ਕਰਦਾ ਹੈ। ਜੇਕਰ ਕਰਜ਼ਾ ਲੈਣ ਵਾਲਾ ਭੁਗਤਾਨਾਂ 'ਤੇ ਡਿਫਾਲਟ ਹੁੰਦਾ ਹੈ, ਤਾਂ ਕਾਰ ਜ਼ਬਤ ਕੀਤੀ ਜਾ ਸਕਦੀ ਹੈ। ਹਾਲਾਂਕਿ, ਸਿੱਖਿਆ ਕਰਜ਼ਿਆਂ ਦੇ ਮਾਮਲੇ ਵਿੱਚ, ਬੈਂਕ ਕੋਲ ਸੁਰੱਖਿਆ ਵਜੋਂ ਕੋਈ ਠੋਸ ਭੌਤਿਕ ਸੰਪਤੀ ਨਹੀਂ ਹੈ। ਜੋ ਕੁਝ ਮੌਜੂਦ ਹੈ ਉਹ ਹੈ ਵਿਦਿਆਰਥੀ ਦੀ ਯੋਗਤਾ, ਉਨ੍ਹਾਂ ਦੀ ਅਕਾਦਮਿਕ ਡਿਗਰੀ, ਅਤੇ ਉਨ੍ਹਾਂ ਦੀ ਭਵਿੱਖ ਦੀ ਸੰਭਾਵਨਾ। ਸਿੱਟੇ ਵਜੋਂ, ਬੈਂਕ ਇਸਨੂੰ ਇੱਕ ਉੱਚ-ਜੋਖਮ ਵਾਲੇ ਨਿਵੇਸ਼ ਵਜੋਂ ਸਮਝਦੇ ਹਨ। ਹਾਲਾਂਕਿ ਇਹ ਤਰਕ ਸ਼ੁੱਧ ਬੈਂਕਿੰਗ ਦ੍ਰਿਸ਼ਟੀਕੋਣ ਤੋਂ ਸਹੀ ਜਾਪ ਸਕਦਾ ਹੈ, ਇਹ - ਇੱਕ ਰਾਸ਼ਟਰੀ ਦ੍ਰਿਸ਼ਟੀਕੋਣ ਤੋਂ - ਬਹੁਤ ਹੀ ਘੱਟ ਨਜ਼ਰੀਆ ਹੈ। ਕਿਸੇ ਵੀ ਦੇਸ਼ ਲਈ, ਇਸਦਾ ਸਭ ਤੋਂ ਵੱਡਾ ਨਿਵੇਸ਼ ਉਸਦੀ ਜਵਾਨੀ ਹੈ। ਜਦੋਂ ਕੋਈ ਵਿਦਿਆਰਥੀ ਡਾਕਟਰ, ਇੰਜੀਨੀਅਰ, ਵਿਗਿਆਨੀ, ਅਧਿਆਪਕ, ਖੋਜਕਰਤਾ, ਜਾਂ ਪ੍ਰਸ਼ਾਸਕ ਬਣ ਜਾਂਦਾ ਹੈ, ਤਾਂ ਲਾਭ ਸਿਰਫ਼ ਨਿੱਜੀ ਨਹੀਂ ਹੁੰਦਾ; ਪੂਰੇ ਸਮਾਜ ਨੂੰ ਇਸ ਤੋਂ ਲਾਭ ਹੁੰਦਾ ਹੈ। ਅਜਿਹੇ ਸੰਦਰਭ ਵਿੱਚ, ਸਿੱਖਿਆ ਕਰਜ਼ਿਆਂ ਨੂੰ ਸਿਰਫ਼ ਵਪਾਰਕ ਉਤਪਾਦਾਂ ਵਜੋਂ ਦੇਖਣਾ ਦੂਰਦਰਸ਼ਤਾ ਦਾ ਕੰਮ ਨਹੀਂ ਮੰਨਿਆ ਜਾਵੇਗਾ।

ਸਮਕਾਲੀ ਸਮੇਂ ਵਿੱਚ, ਸਿੱਖਿਆ ਕਰਜ਼ਿਆਂ ਨੂੰ ਸਿਰਫ਼ ਵਿੱਤੀ ਸਹਾਇਤਾ ਦਾ ਸਰੋਤ ਹੀ ਨਹੀਂ, ਸਗੋਂ ਭਾਰੀ ਮਾਨਸਿਕ ਤਣਾਅ ਦਾ ਕਾਰਨ ਵੀ ਬਣਾਇਆ ਜਾ ਰਿਹਾ ਹੈ। ਲੱਖਾਂ ਵਿਦਿਆਰਥੀ ਆਪਣੀ ਪੜ੍ਹਾਈ ਪੂਰੀ ਕਰਨ ਤੋਂ ਪਹਿਲਾਂ ਹੀ 5$9 ਅਤੇ ਵਿਆਜ ਅਦਾਇਗੀਆਂ ਬਾਰੇ ਚਿੰਤਾਵਾਂ ਵਿੱਚ ਡੁੱਬੇ ਹੋਏ ਪਾਉਂਦੇ ਹਨ। ਰੁਜ਼ਗਾਰ ਪ੍ਰਾਪਤ ਕਰਨ ਤੋਂ ਪਹਿਲਾਂ ਹੀ ਕਰਜ਼ੇ ਦਾ ਡਰ ਉਨ੍ਹਾਂ ਨੂੰ ਪਰੇਸ਼ਾਨ ਕਰਨਾ ਸ਼ੁਰੂ ਕਰ ਦਿੰਦਾ ਹੈ। ਆਪਣੀਆਂ ਰੁਚੀਆਂ ਅਤੇ ਪ੍ਰਤਿਭਾਵਾਂ ਨਾਲ ਜੁੜੇ ਕਰੀਅਰ ਦੀ ਚੋਣ ਕਰਨ ਦੀ ਬਜਾਏ, ਬਹੁਤ ਸਾਰੇ ਵਿਦਿਆਰਥੀ ਸਿਰਫ਼ ਆਪਣੇ ਕਰਜ਼ੇ ਵਾਪਸ ਕਰਨ ਦੇ ਯੋਗ ਹੋਣ ਲਈ ਉੱਚ-ਤਨਖਾਹ ਵਾਲੀਆਂ ਨੌਕਰੀਆਂ ਦਾ ਪਿੱਛਾ ਕਰਦੇ ਹਨ। ਸਿੱਟੇ ਵਜੋਂ, ਖੋਜ, ਅਧਿਆਪਨ, ਸਾਹਿਤ, ਸਮਾਜਿਕ ਕਾਰਜ ਅਤੇ ਕਲਾ ਵਰਗੇ ਖੇਤਰਾਂ ਵਿੱਚ ਦਾਖਲ ਹੋਣ ਵਾਲੇ ਪ੍ਰਤਿਭਾਸ਼ਾਲੀ ਨੌਜਵਾਨਾਂ ਦੀ ਗਿਣਤੀ ਲਗਾਤਾਰ ਘਟਦੀ ਜਾ ਰਹੀ ਹੈ। ਸਮਾਜ ਹੌਲੀ-ਹੌਲੀ ਇੱਕ ਅਜਿਹੇ ਸਮਾਜ ਵਿੱਚ ਵਿਕਸਤ ਹੋ ਰਿਹਾ ਹੈ ਜੋ ਸਿਰਫ਼ ਤਨਖਾਹ-ਅਧਾਰਤ ਸਫਲਤਾ ਦਾ ਚੈਂਪੀਅਨ ਹੈ।

ਇਹ ਮੁੱਦਾ ਭਾਰਤੀ ਮੱਧ ਵਰਗ ਨੂੰ ਬਹੁਤ ਜ਼ਿਆਦਾ ਪ੍ਰਭਾਵਿਤ ਕਰਦਾ ਹੈ। ਆਰਥਿਕ ਤੌਰ 'ਤੇ ਅਮੀਰ ਪਰਿਵਾਰ ਮਹਿੰਗੀ ਸਿੱਖਿਆ ਦੀ ਲਾਗਤ ਆਸਾਨੀ ਨਾਲ ਸਹਿ ਸਕਦੇ ਹਨ। ਗਰੀਬਾਂ ਲਈ, ਕਈ ਸਰਕਾਰੀ ਯੋਜਨਾਵਾਂ ਅਤੇ ਸਕਾਲਰਸ਼ਿਪ ਉਪਲਬਧ ਹਨ। ਹਾਲਾਂਕਿ, ਸਭ ਤੋਂ ਵੱਡਾ ਸੰਘਰਸ਼ ਸਮਾਜ ਦੇ ਉਸ ਹਿੱਸੇ ਨੂੰ ਕਰਨਾ ਪੈਂਦਾ ਹੈ ਜੋ ਗਰੀਬ ਦੀ ਸ਼੍ਰੇਣੀ ਵਿੱਚ ਨਹੀਂ ਆਉਂਦਾ, ਪਰ ਫਿਰ ਵੀ ਲੱਖਾਂ ਰੁਪਏ ਦੀ ਟਿਊਸ਼ਨ ਫੀਸਾਂ ਬਰਦਾਸ਼ਤ ਕਰਨ ਵਿੱਚ ਅਸਮਰੱਥ ਰਹਿੰਦਾ ਹੈ। ਅਜਿਹੇ ਪਰਿਵਾਰਾਂ ਲਈ, ਸਿੱਖਿਆ ਕਰਜ਼ਾ ਇੱਕ ਜ਼ਰੂਰੀ ਲੋੜ ਬਣ ਜਾਂਦਾ ਹੈ। ਇੱਕ ਪਿਤਾ ਆਪਣੀ ਪੂਰੀ ਜ਼ਿੰਦਗੀ ਦੀ ਕਮਾਈ ਆਪਣੇ ਪੁੱਤਰ ਜਾਂ ਧੀ ਦੀ ਸਿੱਖਿਆ ਵਿੱਚ ਨਿਵੇਸ਼ ਕਰਦਾ ਹੈ, ਇਸ ਉਮੀਦ ਨਾਲ ਕਿ ਇਹ ਸਿੱਖਿਆ ਉਨ੍ਹਾਂ ਦੇ ਭਵਿੱਖ ਨੂੰ ਸੁਰੱਖਿਅਤ ਕਰੇਗੀ। ਫਿਰ ਵੀ, ਜਦੋਂ ਉਹੀ ਸਿੱਖਿਆ ਭਾਰੀ ਵਿਆਜ ਦਰਾਂ ਨਾਲ ਭਰੀ ਹੋ ਜਾਂਦੀ ਹੈ, ਤਾਂ ਉਹ ਸੁਪਨਾ ਹੌਲੀ-ਹੌਲੀ ਇੱਕ ਭਾਰੀ ਵਿੱਤੀ ਬੋਝ ਵਿੱਚ ਬਦਲਣਾ ਸ਼ੁਰੂ ਹੋ ਜਾਂਦਾ ਹੈ। ਅੱਜ, ਭਾਰਤ ਵਿੱਚ ਸਿੱਖਿਆ ਦਾ ਨਿੱਜੀਕਰਨ ਤੇਜ਼ੀ ਨਾਲ ਤੇਜ਼ ਹੋਇਆ ਹੈ। ਸਰਕਾਰੀ ਸੰਸਥਾਵਾਂ ਵਿੱਚ ਉਪਲਬਧ ਸੀਟਾਂ ਦੀ ਸੀਮਤ ਗਿਣਤੀ ਦੇ ਕਾਰਨ, ਲੱਖਾਂ ਵਿਦਿਆਰਥੀ ਨਿੱਜੀ ਕਾਲਜਾਂ ਵੱਲ ਮੁੜਨ ਲਈ ਮਜਬੂਰ ਹਨ। ਇਨ੍ਹਾਂ ਸੰਸਥਾਵਾਂ ਵਿੱਚ ਟਿਊਸ਼ਨ ਫੀਸਾਂ ਇੰਨੀਆਂ ਜ਼ਿਆਦਾ ਹਨ ਕਿ, ਆਮ ਪਰਿਵਾਰਾਂ ਲਈ, ਕਰਜ਼ਾ ਲਏ ਬਿਨਾਂ ਸਿੱਖਿਆ ਪ੍ਰਾਪਤ ਕਰਨਾ ਲਗਭਗ ਅਸੰਭਵ ਹੋ ਜਾਂਦਾ ਹੈ। ਅਕਸਰ, ਵਿਦਿਆਰਥੀਆਂ ਨੂੰ ਸਿਰਫ਼ ਫੀਸਾਂ ਅਤੇ ਵਿਆਜ ਦੀਆਂ ਅਦਾਇਗੀਆਂ ਦੇ ਬੋਝ ਕਾਰਨ ਆਪਣੇ ਸੁਪਨਿਆਂ ਦੇ ਅਦਾਰਿਆਂ ਨੂੰ ਛੱਡਣ ਲਈ ਮਜਬੂਰ ਕੀਤਾ ਜਾਂਦਾ ਹੈ। ਪ੍ਰਤਿਭਾ ਨੂੰ ਵਿੱਤੀ ਸਮਰੱਥਾ ਨੇ ਹਰਾਇਆ ਹੈ। ਇਹ ਸਥਿਤੀ ਕਿਸੇ ਵੀ ਲੋਕਤੰਤਰੀ ਅਤੇ ਪ੍ਰਗਤੀਸ਼ੀਲ ਸਮਾਜ ਲਈ ਗੰਭੀਰ ਚਿੰਤਾ ਦਾ ਵਿਸ਼ਾ ਹੈ।

ਇਹ ਵੀ ਵਿਚਾਰਨ ਯੋਗ ਹੈ ਕਿ, ਅੱਜ ਦੇ ਸਮੇਂ ਵਿੱਚ, ਸਿੱਖਿਆ ਹੁਣ ਸਿਰਫ਼ ਵਿਅਕਤੀਗਤ ਤਰੱਕੀ ਦਾ ਸਾਧਨ ਨਹੀਂ ਰਹੀ; ਇਹ ਆਰਥਿਕ ਅਤੇ ਸਮਾਜਿਕ ਬਚਾਅ ਲਈ ਇੱਕ ਜ਼ਰੂਰਤ ਬਣ ਗਈ ਹੈ। ਉੱਚ ਸਿੱਖਿਆ ਤੋਂ ਬਿਨਾਂ, ਲਾਭਦਾਇਕ ਰੁਜ਼ਗਾਰ ਪ੍ਰਾਪਤ ਕਰਨਾ ਮੁਸ਼ਕਲ ਹੁੰਦਾ ਜਾ ਰਿਹਾ ਹੈ। ਅਜਿਹੀ ਸਥਿਤੀ ਵਿੱਚ, ਜੇਕਰ ਸਿੱਖਿਆ ਖੁਦ ਬਹੁਤ ਮਹਿੰਗੀ ਹੋ ਜਾਂਦੀ ਹੈ ਅਤੇ ਕਰਜ਼ੇ ਦੇ ਬੋਝ ਹੇਠ ਦੱਬ ਜਾਂਦੀ ਹੈ, ਤਾਂ ਸਮਾਜਿਕ ਅਸਮਾਨਤਾ ਸਿਰਫ ਵਧੇਗੀ। ਆਰਥਿਕ ਤੌਰ 'ਤੇ ਮਜ਼ਬੂਤ ਪਰਿਵਾਰ ਅੱਗੇ ਵਧਣਗੇ, ਜਦੋਂ ਕਿ ਸੀਮਤ ਸਾਧਨਾਂ ਵਾਲੇ ਪ੍ਰਤਿਭਾਸ਼ਾਲੀ ਵਿਦਿਆਰਥੀ ਲਾਜ਼ਮੀ ਤੌਰ 'ਤੇ ਪਿੱਛੇ ਰਹਿ ਜਾਣਗੇ। ਇਹ ਸਿਰਫ਼ ਵਿਅਕਤੀ ਲਈ ਨੁਕਸਾਨ ਨਹੀਂ ਹੋਵੇਗਾ; ਰਾਸ਼ਟਰ ਖੁਦ ਆਪਣੇ ਸੰਭਾਵੀ ਪ੍ਰਤਿਭਾ ਪੂਲ ਨੂੰ ਗੁਆ ਦੇਵੇਗਾ। ਭਾਰਤ ਸਰਕਾਰ ਨੂੰ ਇਸ ਸਬੰਧ ਵਿੱਚ ਗੰਭੀਰ ਅਤੇ ਲੰਬੇ ਸਮੇਂ ਦੇ ਉਪਾਅ ਕਰਨ ਦੀ ਜ਼ਰੂਰਤ ਹੈ। ਸਭ ਤੋਂ ਪਹਿਲਾਂ, ਸਿੱਖਿਆ ਕਰਜ਼ਿਆਂ 'ਤੇ ਵਿਆਜ ਦਰਾਂ ਨੂੰ ਨਿਯਮਤ ਕੀਤਾ ਜਾਣਾ ਚਾਹੀਦਾ ਹੈ। ਜੇਕਰ ਸਰਕਾਰ ਆਟੋਮੋਟਿਵ ਉਦਯੋਗ, ਰੀਅਲ ਅਸਟੇਟ ਅਤੇ ਹੋਰ ਖੇਤਰਾਂ ਨੂੰ ਹੁਲਾਰਾ ਦੇਣ ਲਈ ਵਿਸ਼ੇਸ਼ ਆਰਥਿਕ ਨੀਤੀਆਂ ਬਣਾ ਸਕਦੀ ਹੈ, ਤਾਂ ਸਿੱਖਿਆ ਵਰਗੇ ਬੁਨਿਆਦੀ ਖੇਤਰ ਲਈ ਇੱਕ ਵੱਖਰੀ ਵਿੱਤੀ ਨੀਤੀ ਕਿਉਂ ਨਹੀਂ ਬਣਾਈ ਜਾ ਸਕਦੀ ਸਿੱਖਿਆ ਕਰਜ਼ਿਆਂ 'ਤੇ ਵਿਆਜ ਦਰਾਂ ਨੂੰ ਘੱਟੋ-ਘੱਟ ਰੱਖਿਆ ਜਾਣਾ ਚਾਹੀਦਾ ਹੈ, ਅਤੇ ਪੜ੍ਹਾਈ ਪੂਰੀ ਹੋਣ ਤੱਕ ਵਿਆਜ ਅਦਾਇਗੀਆਂ ਨੂੰ ਮੁਲਤਵੀ ਕਰਨ ਦੀ ਆਗਿਆ ਦੇਣ ਵਾਲੀ ਪ੍ਰਣਾਲੀ ਨੂੰ ਵਿਆਪਕ ਪੱਧਰ 'ਤੇ ਲਾਗੂ ਕੀਤਾ ਜਾਣਾ ਚਾਹੀਦਾ ਹੈ।

ਇਸ ਤੋਂ ਇਲਾਵਾ, ਕਰਜ਼ਾ ਲੈਣ ਵਾਲੇ ਨੂੰ ਰੁਜ਼ਗਾਰ ਮਿਲਣ ਤੱਕ ਕਰਜ਼ੇ ਦੀ ਅਦਾਇਗੀ ਸੰਬੰਧੀ ਲਚਕਤਾ ਹੋਣੀ ਚਾਹੀਦੀ ਹੈ। ਮੌਜੂਦਾ ਪ੍ਰਣਾਲੀ ਦੇ ਤਹਿਤ, ਬਹੁਤ ਸਾਰੇ ਵਿਦਿਆਰਥੀਆਂ ਨੂੰ ਆਪਣੀਆਂ ਡਿਗਰੀਆਂ ਪੂਰੀਆਂ ਕਰਦੇ ਹੀ ਸਮਾਨ ਮਾਸਿਕ ਕਿਸ਼ਤਾਂ (EMIs) ਦੇ ਦਬਾਅ ਦਾ ਸਾਹਮਣਾ ਕਰਨਾ ਪੈਂਦਾ ਹੈ, ਭਾਵੇਂ ਨੌਕਰੀ ਲੱਭਣ ਵਿੱਚ ਕੁਝ ਸਮਾਂ ਲੱਗ ਸਕਦਾ ਹੈ। ਇਹ ਮਾਨਸਿਕ ਤਣਾਅ ਨੌਜਵਾਨਾਂ ਦੀ ਊਰਜਾ ਅਤੇ ਆਤਮ-ਵਿਸ਼ਵਾਸ ਦੋਵਾਂ 'ਤੇ ਮਾੜਾ ਪ੍ਰਭਾਵ ਪਾਉਂਦਾ ਹੈ। ਜੇਕਰ ਸਰਕਾਰ ਅਤੇ ਬੈਂਕ ਵਿਦਿਆਰਥੀਆਂ ਨੂੰ ਕੁਝ ਸਾਲਾਂ ਦੀ ਵਿਹਾਰਕ ਗ੍ਰੇਸ ਪੀਰੀਅਡ ਦੇਣ, ਤਾਂ ਉਹ ਆਪਣੇ ਕਰੀਅਰ ਨੂੰ ਵਧੇਰੇ ਸਥਿਰਤਾ ਨਾਲ ਸ਼ੁਰੂ ਕਰਨ ਦੇ ਯੋਗ ਹੋਣਗੇ।

ਸਿੱਖਿਆ ਕਰਜ਼ਿਆਂ ਦੇ ਨਾਲ-ਨਾਲ, ਕਰੀਅਰ-ਅਧਾਰਿਤ ਸਹਾਇਤਾ ਮਾਡਲ ਵੀ ਵਿਕਸਤ ਕੀਤੇ ਜਾਣੇ ਚਾਹੀਦੇ ਹਨ। ਉਦਾਹਰਣ ਵਜੋਂ, ਜੇਕਰ ਕੋਈ ਵਿਦਿਆਰਥੀ ਖੋਜ, ਅਧਿਆਪਨ, ਸਮਾਜਿਕ ਕਾਰਜ, ਜਾਂ ਪੇਂਡੂ ਖੇਤਰਾਂ ਵਿੱਚ ਕੰਮ ਕਰਨਾ ਚਾਹੁੰਦਾ ਹੈ, ਤਾਂ ਉਨ੍ਹਾਂ ਦੇ ਕਰਜ਼ਿਆਂ 'ਤੇ ਵਿਸ਼ੇਸ਼ ਰਿਆਇਤਾਂ ਦਿੱਤੀਆਂ ਜਾ ਸਕਦੀਆਂ ਹਨ। ਇਹ ਯਕੀਨੀ ਬਣਾਏਗਾ ਕਿ ਪ੍ਰਤਿਭਾਸ਼ਾਲੀ ਨੌਜਵਾਨ ਸਮਾਜ ਦੇ ਜ਼ਰੂਰੀ - ਭਾਵੇਂ ਘੱਟ ਤਨਖਾਹ ਵਾਲੇ - ਖੇਤਰਾਂ ਵੱਲ ਖਿੱਚੇ ਜਾਂਦੇ ਰਹਿਣ।

ਦੁਨੀਆ ਭਰ ਦੇ ਬਹੁਤ ਸਾਰੇ ਵਿਕਸਤ ਦੇਸ਼ਾਂ ਵਿੱਚ, ਸਿੱਖਿਆ ਨੂੰ ਇੱਕ ਸਮਾਜਿਕ ਨਿਵੇਸ਼ ਵਜੋਂ ਦੇਖਿਆ ਜਾਂਦਾ ਹੈ। ਉੱਥੇ, ਸਰਕਾਰਾਂ ਵਿਦਿਆਰਥੀਆਂ ਨੂੰ ਘੱਟ ਵਿਆਜ ਵਾਲੇ ਕਰਜ਼ੇ, ਸਕਾਲਰਸ਼ਿਪ ਅਤੇ ਆਮਦਨ-ਅਧਾਰਤ ਮੁੜ ਅਦਾਇਗੀ ਯੋਜਨਾਵਾਂ ਵਰਗੀਆਂ ਸਹੂਲਤਾਂ ਪ੍ਰਦਾਨ ਕਰਦੀਆਂ ਹਨ। ਭਾਰਤ ਵਿੱਚ ਵੀ, ਜੇਕਰ ਅਸੀਂ ÷ਵਿਸ਼ਵ ਗੁਰੂ÷ (ਗਿਆਨ ਵਿੱਚ ਗਲੋਬਲ ਲੀਡਰ) ਵਜੋਂ ਆਪਣਾ ਰੁਤਬਾ ਮੁੜ ਪ੍ਰਾਪਤ ਕਰਨਾ ਚਾਹੁੰਦੇ ਹਾਂ, ਤਾਂ ਸਾਨੂੰ ਆਪਣੇ ਨੌਜਵਾਨਾਂ ਨੂੰ ਕਰਜ਼ੇ ਦੇ ਡਰ ਤੋਂ ਮੁਕਤ ਕਰਨਾ ਚਾਹੀਦਾ ਹੈ। ਇੱਕ ਗਿਆਨ-ਅਧਾਰਤ ਸਮਾਜ ਸਿਰਫ਼ ਭਾਸ਼ਣਾਂ ਅਤੇ ਨਾਅਰਿਆਂ ਦੁਆਰਾ ਨਹੀਂ ਬਣਾਇਆ ਜਾ ਸਕਦਾ; ਇਸ ਲਈ ਠੋਸ ਆਰਥਿਕ ਸਹਾਇਤਾ ਦੀ ਵੀ ਲੋੜ ਹੁੰਦੀ ਹੈ। ਇਹ ਸੱਚ ਹੈ ਕਿ ਬੈਂਕਿੰਗ ਪ੍ਰਣਾਲੀ ਨੂੰ ਵੀ ਆਪਣੇ ਆਰਥਿਕ ਹਿੱਤਾਂ ਦੀ ਰਾਖੀ ਕਰਨੀ ਚਾਹੀਦੀ ਹੈ; ਹਾਲਾਂਕਿ, ਸਿੱਖਿਆ ਨੂੰ ਸਿਰਫ਼ ਲਾਭ ਅਤੇ ਨੁਕਸਾਨ ਦੇ ਲੈਂਸ ਦੁਆਰਾ ਨਹੀਂ ਦੇਖਿਆ ਜਾ ਸਕਦਾ। ਇੱਕ ਕਾਰ ਸੜਕ 'ਤੇ ਚੱਲਦੀ ਹੈ, ਪਰ ਸਿੱਖਿਆ ਸਮਾਜ ਨੂੰ ਅੱਗੇ ਵਧਾਉਂਦੀ ਹੈ। ਇੱਕ ਵਾਹਨ ਸਹੂਲਤ ਪ੍ਰਦਾਨ ਕਰਦਾ ਹੈ, ਜਦੋਂ ਕਿ ਗਿਆਨ ਇੱਕ ਰਾਸ਼ਟਰ ਦੇ ਭਵਿੱਖ ਨੂੰ ਆਕਾਰ ਦਿੰਦਾ ਹੈ। ਜੇਕਰ ਕਾਰ ਕਰਜ਼ੇ ਸਸਤੇ ਹਨ ਜਦੋਂ ਕਿ ਸਿੱਖਿਆ ਕਰਜ਼ੇ ਮਹਿੰਗੇ ਹਨ, ਤਾਂ ਇਹ ਸਾਡੀਆਂ ਤਰਜੀਹਾਂ ਵਿੱਚ ਅਸੰਤੁਲਨ ਦਾ ਸੰਕੇਤ ਦਿੰਦਾ ਹੈ।

ਅੱਜ, ਸਮੇਂ ਦੀ ਲੋੜ ਸਿੱਖਿਆ ਨੂੰ ਖਪਤ ਦੇ ਕੰਮ ਵਜੋਂ ਨਹੀਂ, ਸਗੋਂ ਇੱਕ ਨਿਵੇਸ਼ ਵਜੋਂ ਸਮਝਣ ਦੀ ਹੈ। ਇੱਕ ਪੜ੍ਹਿ ਆ-ਲਿਖਿਆ ਨੌਜਵਾਨ ਸਿਰਫ਼ ਆਪਣੀ ਜ਼ਿੰਦਗੀ ਹੀ ਨਹੀਂ ਬਦਲਦਾ; ਉਨ੍ਹਾਂ ਕੋਲ ਆਪਣੇ ਪਰਿਵਾਰ, ਸਮਾਜ ਅਤੇ ਰਾਸ਼ਟਰ ਦੇ ਰਾਹ ਨੂੰ ਬਦਲਣ ਦੀ ਸਮਰੱਥਾ ਹੈ। ਇਸ ਲਈ, ਸਿੱਖਿਆ ਵਿੱਚ ਨਿਵੇਸ਼ ਕੀਤਾ ਗਿਆ ਹਰ ਰੁਪਏ ਭਵਿੱਖ ਲਈ ਇੱਕ ਨੀਂਹ ਪੱਥਰ ਵਜੋਂ ਕੰਮ ਕਰਦਾ ਹੈ। ਸਰਕਾਰ, ਬੈਂਕਿੰਗ ਸੰਸਥਾਵਾਂ ਅਤੇ ਸਮਾਜ - ਤਿੰਨਾਂ ਨੂੰ ਸਮੂਹਿਕ ਤੌਰ 'ਤੇ ਇਹ ਮੰਨਣਾ ਚਾਹੀਦਾ ਹੈ ਕਿ ਜੇਕਰ ਪ੍ਰਤਿਭਾ ਨੂੰ ਵਿੱਤੀ ਬੋਝਾਂ ਦੇ ਭਾਰ ਹੇਠ ਦੱਬ ਦਿੱਤਾ ਜਾਂਦਾ ਹੈ, ਤਾਂ ਦੇਸ਼ ਦਾ ਵਿਕਾਸ ਅਧੂਰਾ ਰਹੇਗਾ।

ਜਿਸ ਦਿਨ ਭਾਰਤ ਵਿੱਚ ਸਿੱਖਿਆ ਕਰਜ਼ਿਆਂ ਨੂੰ ਬੋਝ ਦੀ ਬਜਾਏ ਮੌਕਿਆਂ ਵਜੋਂ ਸਮਝਿਆ ਜਾਣਾ ਸ਼ੁਰੂ ਹੋ ਜਾਵੇਗਾ, ਸ਼ਾਇਦ ਕਿਸੇ ਵੀ ਵਿਦਿਆਰਥੀ ਨੂੰ ਆਪਣੇ ਸੁਪਨਿਆਂ ਦੀ ਕੀਮਤ ਬਹੁਤ ਜ਼ਿਆਦਾ ਵਿਆਜ ਦਰਾਂ ਦੇ ਰੂਪ ਵਿੱਚ ਨਹੀਂ ਚੁਕਾਉਣੀ ਪਵੇਗੀ। ਕੇਵਲ ਤਦ ਹੀ ਸਿੱਖਿਆ ਸੱਚਮੁੱਚ ਇੱਕ ਮੌਲਿਕ ਅਧਿਕਾਰ ਬਣ ਜਾਵੇਗੀ, ਨਾ ਕਿ ਸਿਰਫ਼ ਇੱਕ ਵਿਸ਼ੇਸ਼ ਅਧਿਕਾਰ।


ਡਾ. ਪ੍ਰਿਯੰਕਾ ਸੌਰਭ, ਪੀਐਚਡੀ (ਰਾਜਨੀਤੀ ਵਿਗਿਆਨ), ਕਵੀ, ਸਮਾਜਿਕ ਚਿੰਤਕ, ਕਾਲਮਨਵੀਸ, ਉੱਬਾ ਭਵਨ, ਆਰੀਆਨਗਰ, ਹਿਸਾਰ (ਹਰਿਆਣਾ) - 125005, ਮੋਬਾਈਲ: 7015375570




## ਨਹਿਰੀ ਪਾਣੀ ਦੀ ਕਮੀ ਨੂੰ ਲੈਕੇ ਕਿਸਾਨਾਂ ਨੇ ਦਿੱਤਾ ਰੋਸ ਧਰਨਾ



**ਲਹਿਰਾਗਾਗਾ, 22 ਮਈ (ਮਨਪ੍ਰੀਤ ਕੌਰ ਸੈਣੀ ਚੂੜਲ ਕਲਾਂ):** ਇਲਾਕੇ ਵਿੱਚ ਨਹਿਰੀ ਪਾਣੀ ਦੀ ਗੰਭੀਰ ਸਮੱਸਿਆ ਨੂੰ ਲੈ ਕੇ ਅੱਜ ਭਾਰਤੀ ਕਿਸਾਨ ਯੂਨੀਅਨ ਏਕਤਾ (ਅਜ਼ਾਦ) ਵੱਲੋਂ ਗੋਬਿੰਦਗੜ੍ਹ-ਛਾਜਲੀ ਰੋਡ 'ਤੇ ਪਿੰਡ ਗੋਬਿੰਦਗੜ੍ਹ ਜੇਜੀਆਂ ਨੇੜੇ ਵਿਸ਼ਾਲ ਰੋਸ ਧਰਨਾ ਦਿੱਤਾ ਗਿਆ। ਧਰਨੇ ਵਿੱਚ ਵੱਡੀ ਗਿਣਤੀ ਵਿੱਚ ਕਿਸਾਨਾਂ, ਪਿੰਡ ਵਾਸੀਆਂ ਅਤੇ ਜਥੇਬੰਦੀ ਦੇ ਆਗੂਆਂ ਨੇ ਸ਼ਮੂਲੀਅਤ ਕਰਦੇ ਹੋਏ ਸਰਕਾਰ ਅਤੇ ਪ੍ਰਸ਼ਾਸਨ ਖ਼ਿਲਾਫ਼ ਨਾਅਰੇਬਾਜ਼ੀ ਕੀਤੀ। ਧਰਨੇ ਦੀ ਅਗਵਾਈ ਜਥੇਬੰਦੀ ਦੇ ਪ੍ਰਧਾਨ ਬੇਅੰਤ ਸਿੰਘ, ਜਨਰਲ ਸੈਕਟਰੀ ਬਲਜੀਤ ਸਿੰਘ, ਕਿਸਾਨ ਆਗੂ ਲੀਲਾ ਸਿੰਘ ਚੋਟੀਆ, ਭੀਮ ਸਿੰਘ ਅਤੇ ਗੁਰਪ੍ਰੀਤ ਬਾਂਸਲ ਵੱਲੋਂ ਕੀਤੀ ਗਈ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਅਵਤਾਰ ਸਿੰਘ ਗਿੱਲ (ਸਰਪੰਚ), ਦੀਪ ਚੰਦ ਮੈਂਬਰ ਅਤੇ ਲੀਲਾ ਗਰੇਵਾਲ ਗੋਰਖਾ ਵੀ ਮੌਜੂਦ ਰਹੇ। ਧਰਨੇ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂਆਂ ਨੇ ਕਿਹਾ ਕਿ ਨਹਿਰੀ ਪਾਣੀ ਦੀ ਘਾਟ ਕਾਰਨ ਕਿਸਾਨਾਂ ਦੀਆਂ ਫ਼ਸਲਾਂ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੀਆਂ ਹਨ ਅਤੇ ਖੇਤੀਬਾੜੀ ਦਾ ਕੰਮ ਠੱਪ ਹੋਣ ਦੇ ਕਗਾਰ 'ਤੇ ਪਹੁੰਚ ਗਿਆ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਪ੍ਰਸ਼ਾਸਨ ਵੱਲੋਂ ਕਈ ਵਾਰ ਮੰਗ ਪੱਤਰ ਦੇਣ ਦੇ ਬਾਵਜੂਦ ਵੀ ਸਮੱਸਿਆ ਦਾ ਕੋਈ ਢੁਕਵਾਂ ਹੱਲ ਨਹੀਂ ਕੀਤਾ ਗਿਆ। ਆਗੂਆਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਖੇਤਾਂ ਤੱਕ ਪੂਰਾ ਨਹਿਰੀ ਪਾਣੀ ਜਲਦੀ ਨਾ ਪਹੁੰਚਾਇਆ ਗਿਆ ਤਾਂ ਭਾਰਤੀ ਕਿਸਾਨ ਯੂਨੀਅਨ ਏਕਤਾ (ਅਜ਼ਾਦ) ਵੱਲੋਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ ਅਤੇ ਵੱਡੇ ਪੱਧਰ 'ਤੇ ਰੋਸ ਪ੍ਰਦਰਸ਼ਨ ਕੀਤੇ ਜਾਣਗੇ, ਜਿਸ ਦੀ ਪੂਰੀ ਜ਼ਿੰਮੇਵਾਰੀ ਸਰਕਾਰ ਅਤੇ ਪ੍ਰਸ਼ਾਸਨ ਦੀ ਹੋਵੇਗੀ। ਉਨ੍ਹਾਂ ਸਮੂਹ ਇਲਾਕਾ ਨਿਵਾਸੀਆਂ ਅਤੇ ਕਿਸਾਨ ਭਰਾਵਾਂ ਨੂੰ ਅਪੀਲ ਕੀਤੀ ਕਿ ਜਥੇਬੰਦੀ ਵੱਲੋਂ ਆਉਣ ਵਾਲੇ ਸਮੇਂ ਵਿੱਚ ਕੀਤੇ ਜਾਣ ਵਾਲੇ ਸੰਘਰਸ਼ਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈ ਕੇ ਏਕਤਾ ਦਾ ਸਬੂਤ ਦਿੱਤਾ ਜਾਵੇ, ਤਾਂ ਜੋ ਕਿਸਾਨਾਂ ਦੇ ਹੱਕਾਂ ਦੀ ਲੜਾਈ ਨੂੰ ਮਜ਼ਬੂਤੀ ਮਿਲ ਸਕੇ।

## ਬੀਸੀਐਮ ਸਕੂਲ ਵੱਲੋਂ ਪਾਰਕਿੰਗ ਮੁਹਈਆ ਨਾ ਕਰਵਾਉਣਾ ਆਮ ਲੋਕਾਂ ਲਈ ਇੱਕ ਵੱਡੀ ਸਮੱਸਿਆ: ਹੌਬੀ



**ਲੁਧਿਆਣਾ, 22 ਮਈ (ਸੂਰਜ):** ਮਹਾਂਨਗਰ ਲੁਧਿਆਣਾ ਵਿੱਚ ਵੱਧ ਰਹੀ ਦਿਨ ਬ ਦਿਨ ਟਰੈਫਿਕ ਦੀ ਸਮੱਸਿਆ ਨੂੰ ਦੇਖਦੇ ਹੋਏ ਭਾਜਪਾ ਪੰਜਾਬ ਦੇ ਸੀਨੀਅਰ ਆਗੂ ਅਤੇ ਸਟੂਡੈਂਟਸ ਡੈਮੋਕਰੈਟਿਕ ਫੈਡਰੇਸ਼ਨ (ਐਸਡੀਐੱਫ) ਦੇ ਕੌਮੀ ਪ੍ਰਧਾਨ ਸ. ਜਸਪ੍ਰੀਤ ਸਿੰਘ ਹੌਬੀ ਵੱਲੋਂ ਆਪਣੇ ਕੁਝ ਸਾਥੀਆਂ ਨਾਲ ਬੀਸੀਐਮ ਸਕੂਲ ਮਾਡਲ ਟਾਊਨ ਸ਼ਾਸਤਰੀ ਨਜ਼ਰ ਦੀ ਮੈਨੇਜਮੈਂਟ ਨੂੰ ਟਰੈਫਿਕ ਦੀ ਸਮੱਸਿਆ ਦਾ ਹੱਲ ਕਰਵਾਉਂਣ ਲਈ ਇੱਕ ਮੰਗ ਪੱਤਰ ਦਿੱਤਾ ਗਿਆ। ਜਿਸ ਮੁਤਾਬਿਕ ਹੌਬੀ ਨੇ ਦੱਸਿਆ ਕਿ ਲੁਧਿਆਣਾ ਵਿੱਚ ਦਿਨ ਬ ਦਿਨ ਵੱਧ ਰਹੀ ਟਰੈਫਿਕ ਦੀ ਸਮੱਸਿਆ ਨਾਲ ਜੂਝ ਰਹੇ ਸ਼ਹਿਰ ਦੇ ਲੋਕਾਂ ਦਾ ਇੱਕ ਬਹੁਤ ਵੱਡਾ ਕਾਰਨ ਵੱਡੇ ਸਕੂਲਾਂ ਦੇ ਅੰਦਰ ਬੱਚਿਆਂ ਦੇ ਮਾਪਿਆਂ ਲਈ ਕੋਈ ਲੋੜੀਂਦੀ ਪਾਰਕਿੰਗ ਮੁਹਈਆ ਨਾ ਕਰਾਉਣਾ ਅਤੇ ਟਰਾਂਸਪੋਰਟੇਸ਼ਨ ਬੱਸਾਂ ਦੀ ਗਿਣਤੀ ਬਹੁਤ ਜਿਆਦਾ ਹੋਣ ਕਾਰਨ ਛੁੱਟੀ ਦੇ ਸਮੇਂ ਬੱਸਾਂ ਨੂੰ ਕਢਾਉਣ ਲਈ ਆਮ ਟਰੈਫਿਕ ਨੂੰ ਦੋਨੋਂ ਪਾਸੋਂ ਰੋਕਣਾ ਹੈ, ਜੌ ਕਿ ਬੇਹਦ ਨਿੰਦਨਯੋਗ ਹੈ। ਬੀਸੀਐਮ ਸਕੂਲ ਸ਼ਾਸਤਰੀ ਨਗਰ ਲੁਧਿਆਣਾ ਦੀ ਵੀ ਇਹ ਸਮੱਸਿਆ ਅਕਸਰ ਦੇਖਣ ਨੂੰ ਮਿਲ ਰਹੀ ਹੈ। ਜਿਸ ਸਬੰਧੀ ਟੀਮ ਵੱਲੋਂ ਸਕੂਲ ਦੀ ਟਰਾਂਸਪੋਰਟੇਸ਼ਨ ਅਤੇ ਸਕੂਲ ਵੱਲੋਂ ਲੋੜੀਂਦੀ ਪਾਰਕਿੰਗ ਨਾ ਮੁਹਈਆ ਕਰਾਉਣ ਕਾਰਨ ਪਬਲਿਕ ਨੂੰ ਆ ਰਹੀਆਂ ਮੁਸ਼ਕਿਲਾਂ ਸਬੰਧੀ ਸਕੂਲ ਦੀ ਮੈਨੇਜਮੈਂਟ ਦੀ ਤਰਜ ਉਪਰ ਸਕੂਲ ਦੇ ਹਿਊਮਨ ਰਿਸੋਰਸਸ ਦੇ ਮੈਨੇਜਰ ਸ਼੍ਰੀਮਤੀ ਰਾਜੂ ਕੌਸ਼ਲ ਨੂੰ ਇੱਕ ਮੰਗ ਪੱਤਰ ਦਿੱਤਾਗਿਆ। ਇਸ ਮੌਕੇ ਟੀਮ ਦੇ ਸੀਨੀਅਰ ਆਗੂ ਗੁਰਨਿੰਦਰ ਸਿੰਘ ਗੋਜੀ, ਨਵਦੀਪ ਸਿੰਘ ਬਿਰਦੀ, ਗੁਰਪ੍ਰੀਤ ਸਿੰਘ ਸਰਨਾ, ਤਜਿੰਦਰ ਸਿੰਘ ਸਬਰਵਾਲ, ਸ਼੍ ?ਲੀਨ ਕੌਰ ਆਦਿ ਹਾਜ਼ਰ ਸਨ।

## ਰਣਜੋਧ ਹਡਾਨਾ ਦੇ ਗ੍ਰਹਿ ਵਿਖੇ ਨਵ-ਨਿਯੁਕਤ ਜ਼ਿਲ੍ਹਾ ਪ੍ਰੀਸ਼ਦ ਗੁਰਦੇਵ ਟਿਵਾਣਾ ਦਾ ਸਨਮਾਨ



**ਸਨੌਰ/ਪਟਿਆਲਾ, 22 ਮਈ (ਰਾਜਿੰਦਰ ਸਿੰਘ ਥਿੰਦ):** ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸ. ਗੁਰਦੇਵ ਸਿੰਘ ਟਿਵਾਣਾ ਦੇ ਜ਼ਿਲ੍ਹਾ ਪ੍ਰੀਸ਼ਦ ਪਟਿਆਲਾ ਦੇ ਚੇਅਰਮੈਨ ਬਣਨ ਦੀ ਖ਼ੁਸ਼ੀ ਵਿੱਚ ਅੱਜ ਹਲਕਾ ਸਨੌਰ ਦੇ ਇੰਚਾਰਜ ਰਣਜੋਧ ਸਿੰਘ ਹਡਾਣਾ ਦੇ ਗ੍ਰਹਿ ਵਿਖੇ ਇੱਕ ਵਿਸ਼ੇਸ਼ ਪ੍ਰੋਗਰਾਮ ਉਲੀਕਿਆ ਗਿਆ। ਇਸ ਮੌਕੇ ਹਲਕਾ ਇੰਚਾਰਜ ਰਣਜੋਧ ਹਡਾਣਾ ਅਤੇ ਇਲਾਕੇ ਦੇ ਪਤਵੰਤੇ ਸੱਜਣਾਂ ਵੱਲੋਂ ਨਵ-ਨਿਯੁਕਤ ਚੇਅਰਮੈਨ ਸ. ਗੁਰਦੇਵ ਸਿੰਘ ਟਿਵਾਣਾ ਦਾ ਉਚੇਚੇ ਤੌਰ 'ਤੇ ਸਿਰੋਪਾਓ ਅਤੇ ਸਨਮਾਨ ਚਿੰਨ੍ਹ ਭੇਟ ਕਰਕੇ ਨਿੱਘਾ ਸਵਾਗਤ ਅਤੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਹਰਪ੍ਰੀਤ ਸਿੰਘ ਘੁਮਾਣ ਵਾਈਸ ਚੇਅਰਮੈਨ, ਰਾਜਾ ਧੰਜੂ ਸਰਪੰਚ ਸਰੁਸਤੀਗੜ੍ਹ, ਗੁਰਜੀਤ ਧੰਜੂ ਇੰਚਾਰਜ ਸੋਸ਼ਲ ਮੀਡੀਆ, ਅਮਨ ਸਿੰਘ ਸ਼ਾਦੀਪੁਰ, ਮਨਜੀਤ ਸਿੰਘ ਕਟਖੇੜੀ, ਹਰਜੀਤ ਚਮਰਹੇੜੀ, ਗੁਰਜੰਟ ਦੌਣ ਅਤੇ ਹੋਰ ਆਪ ਆਗੂ ਵਿਸ਼ੇਸ਼ ਤੌਰ ਤੇ ਮੌਜੂਦ ਰਹੇ. ਇਸ ਮੌਕੇ ਚੇਅਰਮੈਨ ਗੁਰਦੇਵ ਸਿੰਘ ਟਿਵਾਣਾ ਨੂੰ ਜ਼ਿਲ੍ਹਾ ਪ੍ਰੀਸ਼ਦ ਮੁਬਾਰਕਬਾਦ ਦਿੰਦਿਆਂ ਸਰਦਾਰ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਪਾਰਟੀ ਵੱਲੋਂ ਇੱਕ ਮਿਹਨਤੀ ਅਤੇ ਜ਼ਮੀਨੀ ਆਗੂ ਨੂੰ ਇਹ ਜ਼ਿੰਮੇਵਾਰੀ ਸੌਂਪੀ ਗਈ ਹੈ, ਜਿਸ ਨਾਲ ਪੂਰੇ ਜ਼ਿਲ੍ਹੇ ਦੇ ਵਲੰਟੀਅਰਾਂ ਵਿੱਚ ਖ਼ੁਸ਼ੀ ਦੀ ਲਹਿਰ ਹੈ। ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਅਤੇ ਹਾਜ਼ਰ ਸਾਥੀਆਂ ਦਾ ਧੰਨਵਾਦ ਕਰਦਿਆਂ ਨਵ-ਨਿਯੁਕਤ ਚੇਅਰਮੈਨ ਸ. ਗੁਰਦੇਵ ਸਿੰਘ ਟਿਵਾਣਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜੀ ਨੇ ਜੋ ਭਰੋਸਾ ਉਨ੍ਹਾਂ 'ਤੇ ਜਤਾਇਆ ਹੈ, ਉਹ ਉਸ 'ਤੇ ਪੂਰਾ ਖ਼ਰਾ ਉਤਰਨਗੇ।

## ਬੇਤਰਤੀਬੇ ਵਿਕਾਸ ਖ਼ਿਲਾ.ਫ ਲਾਲਪੁਰ ਵਾਸੀਆਂ ਦਾ ਫੁੱਟਿਆ ਗੁੱਸਾ, ਸਰਕਾਰ ਤੇ ਪੀਡਬਲਡੀ ਖ਼ਿਲਾ.ਫ ਜੰਮ ਕੇ ਨਾਰੇਬਾਜ਼ੀ



**ਨੂਰਪੁਰ ਬੇਦੀ, 22 ਮਈ (ਮਨਦੀਪ ਬਾਲੀ):** ਪਹਿਲਾਂ ਤੋਂ ਹੀ ਬਰਸਾਤੀ ਹੜਾਂ ਦੀ ਮਾਰ ਝੱਲ ਰਹੇ ਪਿੰਡ ਲਾਲਪੁਰ ਦੇ ਵਾਰਡ ਨੰਬਰ ਪੰਜ ਦੇ ਲੋਕਾਂ ਦਾ ਗੁੱਸਾ ਉਸ ਵੇਲੇ ਫੁੱਟ ਪਿਆ ਜਦੋਂ ਲਾਲਪੁਰ ਤੋਂ ਸੇਖਪੁਰ ਨੂੰ ਜਾਂਦੀ ਲਿੰਕ ਰੋਡ ਨੂੰ ਉੱਚਾ ਕਰਨ ਅਤੇ ਇੱਕ ਪਾਸੇ ਉੱਚੇ ਡੰਗੇ ਲਗਾਉਣ ਦੇ ਕੰਮ ਖਿਲਾਫ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਅਤੇ ਪੀਡਬਲਡੀ ਮਹਿਕਮੇ ਖਿਲਾਫ ਜ਼ੋਰਦਾਰ ਰੋਸ਼ ਪ੍ਰਦਰਸ਼ਨ ਕੀਤਾ। ਲੋਕਾਂ ਨੇ ਦੋਸ਼ ਲਗਾਇਆ ਕਿ ਪਹਿਲਾਂ ਹੀ ਬਰਸਾਤੀ ਪਾਣੀ ਨਾਲ ਪ੍ਰਭਾਵਿਤ ਇਲਾਕੇ ਵਿੱਚ ਬਿਨਾਂ ਲੋਕਾਂ ਦੀ ਸਹਿਮਤੀ ਤੋਂ ਕੀਤੇ ਜਾ ਰਹੇ ਇਸ ਬੇਤਰਤੀਬੇ ਵਿਕਾਸ ਕਾਰਨ ਹੁਣ ਉਹਨਾਂ ਦੇ ਘਰਾਂ, ਫਸਲਾਂ ਅਤੇ ਜਾਇਦਾਦ ਨੂੰ ਹੋਰ ਵੱਡੇ ਖਤਰੇ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਦੱਸਣਯੋਗ ਹੈ ਕਿ ਨੂਰਪੁਰ ਬੇਦੀ-ਬੂੰਗਾ ਮੁੱਖ ਮਾਰਗ 'ਤੇ ਪੈਂਦੇ ਲਾਲਪੁਰ ਪਿੰਡ ਤੋਂ ਸੇਖਪੁਰ ਨੂੰ ਜਾਣ ਵਾਲੀ ਲਿੰਕ ਰੋਡ ਦਾ ਨਵੀਨੀਕਰਨ ਕੀਤਾ ਜਾ ਰਿਹਾ ਹੈ। ਪਰ ਸੜਕ ਦੇ ਇੱਕ ਪਾਸੇ ਵੱਸਦੇ ਕਰੀਬ 10 ਫੌਜੀ ਪਰਿਵਾਰਾਂ ਅਤੇ ਹੋਰ ਮਹੱਲਾ ਨਿਵਾਸੀਆਂ ਨੇ ਅੱਜ ਇਕੱਠੇ ਹੋ ਕੇ ਸਰਕਾਰ ਖਿਲਾਫ ਨਾਰੇਬਾਜ਼ੀ ਕਰਦਿਆਂ ਦੋਸ਼ ਲਾਇਆ ਕਿ ਉਹਨਾਂ ਦੇ ਇਲਾਕੇ ਦੀ ਭੂਗੋਲਿਕ ਸਥਿਤੀ ਅਤੇ ਬਰਸਾਤੀ ਪਾਣੀ ਦੀ ਸਮੱਸਿਆ ਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ। ਪ੍ਰਦਰਸ਼ਨ ਕਰ ਰਹੇ ਲੋਕਾਂ ਨੇ ਕਿਹਾ ਕਿ ਉਹ ਇਸ ਸਬੰਧੀ ਕਈ ਵਾਰ ਪੀਡਬਲਡੀ ਵਿਭਾਗ, ਐਸਡੀਐਮ ਅਨੰਦਪੁਰ ਸਾਹਿਬ ਅਤੇ ਸਥਾਨਕ ਵਿਧਾਇਕ ਸਮੇਤ ਹੋਰ ਦਫ਼ਤਰਾਂ ਵਿੱਚ ਵੀ ਗੁਹਾਰ ਲਗਾ ਚੁੱਕੇ ਹਨ, ਪਰ ਕੋਈ ਸੁਣਵਾਈ ਨਹੀਂ ਹੋ ਰਹੀ। ਉਲਟ ਉਹਨਾਂ 'ਤੇ ਚੁੱਪ ਰਹਿਣ ਦਾ ਦਬਾਅ ਬਣਾਇਆ ਜਾ ਰਿਹਾ ਹੈ। ਇਸ ਮੌਕੇ ਪਿੰਡ ਵਾਸੀਆਂ ਦੇ ਹੱਕ ਵਿੱਚ ਨਿਤਰੇ ਪੰਜਾਬ ਮੋਰਚਾ ਦੇ ਕਨਵੀਨਰ ਗੌਰਵ ਰਾਣਾ ਨੇ ਕਿਹਾ ਕਿ ਵਿਕਾਸ ਕਰਨਾ ਚੰਗੀ ਗੱਲ ਹੈ, ਪਰ ਵਿਕਾਸ ਲੋਕਾਂ ਦੀ ਸੁਵਿਧਾ ਅਤੇ ਸੁਰੱਖਿਆ ਨੂੰ ਧਿਆਨ ਵਿੱਚ ਰੱਖ ਕੇ ਹੋਣਾ ਚਾਹੀਦਾ ਹੈ, ਨਾ ਕਿ ਲੋਕਾਂ ਲਈ ਦੁਵਿਧਾ ਅਤੇ ਮੁਸੀਬਤਾਂ ਖੜੀਆਂ ਕਰਨ ਵਾਲਾ। ਗੌਰਵ ਰਾਣਾ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਮੰਗਲਵਾਰ ਤੱਕ ਪੀਡਬਲਡੀ ਵਿਭਾਗ ਲੋਕਾਂ ਦੀ ਸਹਿਮਤੀ ਨਾਲ ਸੜਕ ਅਤੇ ਡੰਗਿਆਂ ਦੀ ਉੱਚਾਈ ਸਬੰਧੀ ਮੁੜ ਤਕਨੀਕੀ ਜਾਂਚ ਕਰਕੇ ਹੱਲ ਨਹੀਂ ਕੱਢਦਾ ਤਾਂ ਬੁੱਧਵਾਰ ਨੂੰ ਐਸਡੀਐਮ ਦਫ਼ਤਰ ਅਨੰਦਪੁਰ ਸਾਹਿਬ ਦਾ ਘਿਰਾਓ ਕੀਤਾ ਜਾਵੇਗਾ ਅਤੇ ਉਹ ਖੁਦ ਪਿੰਡ ਵਾਸੀਆਂ ਨਾਲ ਡਟ ਕੇ ਖੜ੍ਹਣਗੇ। ਇਸ ਮੌਕੇ ਭਜਨ ਸਿੰਘ, ਸ਼ਾਮ ਲਾਲ, ਰਮੇਸ਼ ਕੁਮਾਰ, ਕਮਲਦੇਵ, ਸੰਸਾਰ ਸਿੰਘ, ਧਰਮਪਾਲ, ਪ੍ਰਦੀਪ ਸਿੰਘ, ਬਿੰਦਰ ਸਿੰਘ, ਸੋਮਨਾਥ, ਗੁਰਬਖਸ਼ ਰਾਮ, ਰਾਮ ਕੁਮਾਰ, ਜਿੰਦਰ ਕੁਮਾਰ, ਜਸਪਾਲ ਸਿੰਘ, ਪਰਮਜੀਤ ਕੌਰ, ਜਸਬੀਰ ਕੌਰ, ਬਲਵੀਰ ਕੌਰ, ਕੁਲਦੀਪ ਕੌਰ, ਕਮਲੇਸ਼ ਕੌਰ, ਸੁਰਿੰਦਰ ਕੌਰ, ਚਾਨੂ ਦੇਵੀ, ਮਨਦੀਪ ਕੌਰ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਕਛੂਆ ਚਾਲ ਚਲ ਰਹੇ ਸੀਵਰੇਜ ਦੇ ਕੰਮ ਨੇ ਲੋਕਾਂ ਦਾ ਜਿਊਣਾ ਕੀਤਾ ਦੁਭਰ: ਗੌਰਵ ਸੰਧੂ



**ਸਨੌਰ /ਪਟਿਆਲਾ, 22 ਮਈ (ਰਾਜਿੰਦਰ ਸਿੰਘ ਥਿੰਦ):** ਬੀਤੇ ਕੁੱਝ ਦਿਨਾਂ ਤੋਂ ਸਨੌਰ ਦੀ ਫਿਰਨੀ ਉੱਤੇ ਚੱਲ ਰਹੇ ਸੀਵਰੇਜ ਦੇ ਕੰਮ ਕਾਰਨ ਇਲਾਕੇ ਦੇ ਲੋਕਾਂ ਨੂੰ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕੰਮ ਦੌਰਾਨ ਸੀਵਰੇਜ ਦਾ ਗੰਦਾ ਪਾਣੀ ਸੜਕਾਂ ਉੱਤੇ ਓਵਰਫਲੋਅ ਹੋ ਰਿਹਾ ਹੈ, ਜਿਸ ਨਾਲ ਆਵਾਜਾਈ ਪ੍ਰਭਾਵਿਤ ਹੋ ਰਹੀ ਹੈ ਅਤੇ ਇਲਾਕੇ ਵਿੱਚ ਗੰਦਗੀ ਫੈਲ ਰਹੀ ਹੈ। ਗੰਦੇ ਪਾਣੀ ਦੀ ਬਦਬੂ ਕਾਰਨ ਦੁਕਾਨਦਾਰਾਂ, ਰਾਹਗੀਰਾਂ ਅਤੇ ਨੇੜਲੇ ਵਸਨੀਕਾਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਮਾਮਲੇ ਨੂੰ ਮੱਦੇਨਜ਼ਰ ਰੱਖਦੇ ਹੋਏ ਅੱਜ ਹਲਕਾ ਸਨੌਰ ਦੇ ਆਗੂ ਗੁਰਵਿੰਦਰ ਸਿੰਘ ਗੌਰਵ ਸੰਧੂ ਨੇ ਆਪਣੇ ਸਾਥੀਆਂ ਸਮੇਤ ਮੌਕੇ ਦਾ ਦੌਰਾ ਕੀਤਾ। ਦੌਰੇ ਦੌਰਾਨ ਉਨ੍ਹਾਂ ਨੇ ਇਲਾਕੇ ਦੇ ਲੋਕਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਮੌਕੇ ਦੀ ਸਥਿਤੀ ਦਾ ਜਾਇਜ਼ਾ ਲਿਆ। ਗੌਰਵ ਸੰਧੂ ਨੇ ਪੰਜਾਬ ਸਰਕਾਰ ਅਤੇ ਨਗਰ ਕੌਂਸਲ ਸਨੌਰ ਦੀ ਕਾਰਗੁਜ਼ਾਰੀ 'ਤੇ ਸਵਾਲ ਖੜੇ ਕਰਦੇ ਹੋਏ ਕਿਹਾ ਕਿ ਲੋਕਾਂ ਦੀਆਂ ਮੁੱਢਲੀਆਂ ਸਮੱਸਿਆਵਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ ਉਨ੍ਹਾਂ ਕਿਹਾ ਕਿ ਸੀਵਰੇਜ ਦਾ ਕੰਮ ਪਿਛਲੇ ਕਈ ਦਿਨਾਂ ਤੋਂ ਚੱਲ ਰਿਹਾ ਹੈ ਪਰ ਕੰਮ ਨੂੰ ਸਹੀ ਤਰੀਕੇ ਨਾਲ ਨਹੀਂ ਕੀਤਾ ਜਾ ਰਿਹਾ। ਗੰਦਾ ਪਾਣੀ ਸੜਕਾਂ 'ਤੇ ਖੜ੍ਹਾ ਹੋਣ ਕਾਰਨ ਲੋਕਾਂ ਨੂੰ ਆਉਣ-ਜਾਣ ਵਿੱਚ ਮੁਸ਼ਕਲ ਆ ਰਹੀ ਹੈ ਅਤੇ ਬਿਮਾਰੀਆਂ ਫੈਲਣ ਦਾ ਖਤਰਾ ਵੀ ਵੱਧ ਗਿਆ ਹੈ। ਉਨ੍ਹਾਂ ਦੋਸ਼ ਲਾਇਆ ਕਿ ਨਗਰ ਕੌਂਸਲ ਵੱਲੋਂ ਨਾ ਤਾਂ ਪਾਣੀ ਦੀ ਨਿਕਾਸੀ ਲਈ ਕੋਈ ਢੰਗ ਦੇ ਪ੍ਰਬੰਧ ਕੀਤੇ ਗਏ ਹਨ ਅਤੇ ਨਾ ਹੀ ਲੋਕਾਂ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਿਆ ਗਿਆ ਹੈ। ਗੌਰਵ ਸੰਧੂ ਨੇ ਕਿਹਾ ਕਿ ਸਰਕਾਰ ਵੱਡੇ-ਵੱਡੇ ਵਿਕਾਸ ਦੇ ਦਾਅਵੇ ਕਰਦੀ ਹੈ ਪਰ ਜ਼ਮੀਨੀ ਹਕੀਕਤ ਕੁਝ ਹੋਰ ਹੀ ਬਿਆਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਜੇਕਰ ਸੀਵਰੇਜ ਦਾ ਕੰਮ ਕਰਨਾ ਸੀ ਤਾਂ ਪਹਿਲਾਂ ਪੂਰੇ ਪ੍ਰਬੰਧ ਕੀਤੇ ਜਾਣੇ ਚਾਹੀਦੇ ਸਨ ਤਾਂ ਜੋ ਲੋਕਾਂ ਨੂੰ ਦਿਕ ?ਤ ਨਾ ਆਵੇ। ਉਨ੍ਹਾਂ ਮੰਗ ਕੀਤੀ ਕਿ ਤੁਰੰਤ ਗੰਦੇ ਪਾਣੀ ਦੀ ਨਿਕਾਸੀ ਕਰਵਾਈ ਜਾਵੇ ਅਤੇ ਸੀਵਰੇਜ ਦੇ ਕੰਮ ਨੂੰ ਜਲਦ ਅਤੇ ਸੁਚੱਜੇ ਢੰਗ ਨਾਲ ਮੁਕੰਮਲ ਕੀਤਾ ਜਾਵੇ। ਇਸ ਮੌਕੇ ਇਲਾਕੇ ਦੇ ਕਈ ਲੋਕਾਂ ਨੇ ਵੀ ਆਪਣੀ ਨਾਰਾਜ਼ਗੀ ਜਤਾਉਂਦੇ ਹੋਏ ਕਿਹਾ ਕਿ ਪਿਛਲੇ ਕਈ ਦਿਨਾਂ ਤੋਂ ਉਹ ਗੰਦਗੀ ਅਤੇ ਬਦਬੂ ਕਾਰਨ ਪਰੇਸ਼ਾਨ ਹਨ। ਲੋਕਾਂ ਨੇ ਕਿਹਾ ਕਿ ਸੜਕਾਂ ਉੱਤੇ ਖੜ੍ਹੇ ਗੰਦੇ ਪਾਣੀ ਕਾਰਨ ਬੱਚਿਆਂ ਅਤੇ ਬਜ਼ੁਰਗਾਂ ਨੂੰ ਵੱਧ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਜਲਦ ਤੋਂ ਜਲਦ ਸਮੱਸਿਆ ਦਾ ਹੱਲ ਕੀਤਾ ਜਾਵੇ ਤਾਂ ਜੋ ਲੋਕਾਂ ਨੂੰ ਰਾਹਤ ਮਿਲ ਸਕੇ।

## ਸੀਰਾ ਕੇਬਲ ਵਾਲਾ ਨੂੰ ਵੋਟਰਾਂ ਦਾ ਮਿਲ ਰਿਹੈ ਭਰਵਾਂ ਹੁੰਗਾਰਾ



**ਬਠਿੰਡਾ, 22 ਮਈ (ਰਾਜੀਵ ਗੋਇਲ):** ਨਗਰ ਪੰਚਾਇਤ ਭਗਤਾ ਦੀ ਚੋਣ ਵਿੱਚ ਵਾਰਡ ਨੰਬਰ 12 ਤੋਂ ਚੋਣ ਲੜ ਰਹੇ ਕਾਂਗਰਸੀ ਉਮੀਦਵਾਰ ਜਸਵਿੰਦਰ ਸਿੰਘ ਉਰਫ ਸੀਰਾ ਕੇਬਲ ਵਾਲੇ ਨੂੰ ਵਾਰਡ ਦੇ ਵੋਟਰਾਂ ਦਾ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਕਾਫੀ ਲੰਮਾ ਸਮਾਂ ਕੇਬਲ ਟੀ.ਵੀ ਨੈਟਵਰਕ ਨਾਲ ਜੁੜੇ ਹੋਣ ਕਾਰਨ ਜਸਵਿੰਦਰ ਸਿੰਘ ਦਾ ਤਕਰੀਬਨ ਪੂਰੇ ਸ਼ਹਿਰ ਅੰਦਰ ਹੀ ਚੰਗਾ ਅਧਾਰ ਹੈ ਅਤੇ ਘਰ-ਘਰ ਸਰਵਿਸ ਦਿੰਦੇ ਹੋਣ ਕਾਰਨ ਪਰਿਵਾਰਾਂ ਦੀਆਂ ਔਰਤਾਂ ਵੀ ਉਕਤ ਉਮੀਦਵਾਰ ਦੇ ਸੁਭਾਓ ਤੋਂ ਚੰਗੀ ਤਰ੍ਹਾਂ ਜਾਣੂ ਹਨ,ਜਿਸ ਕਾਰਨ ਵੋਟਰਾਂ ਦਾ ਰੁਝਾਨ ਜਸਵਿੰਦਰ ਸਿੰਘ ਵੱਲ ਹੀ ਜਿਆਦਾ ਹੈ।ਦੂਜਾ ਉਕਤ ਉਮੀਦਵਾਰ ਨੂੰ ਕਾਂਗਰਸ ਪਾਰਟੀ ਵੱਲੋਂ ਚੋਣ ਮੈਦਾਨ ਵਿੱਚ ਉਤਾਰਿਆ ਗਿਆ ਹੈ ਅਤੇ ਆਮ ਲੋਕਾਂ ਵਿੱਚ ਇਹੀ ਚਰਚਾ ਹੈ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਸਰਕਾਰ ਦਾ ਬਣਨਾ ਲੱਗਪੱਗ ਤੈਅ ਹੈ,ਜਿਸ ਕਾਰਨ ਉਹ ਪੂਰੀ ਨਗਰ ਪੰਚਾਇਤ ਅਧੀਨ ਚੋਣ ਲੜ ਰਹੇ ਕਾਂਗਰਸੀ ਉਮੀਦਵਾਰਾਂ ਨੂੰ ਸਪੋਟ ਕਰ ਰਹੇ ਹਨ।

# ਸਟ੍ਰੀਟ ਲਾਈਟ ਵਿਭਾਗ ਦੇ 130 ਕਰਮਚਾਰੀਆਂ ਨੂੰ ਰੈਗੂਲਰ ਕਰਨ ਦੀ ਮੰਗ, ਕੁੰਵਰ ਵਿਜੇ ਪ੍ਰਤਾਪ ਨੂੰ ਸੌਂਪਿਆ ਮੰਗ ਪੱਤਰ



ਅੰਮ੍ਰਿਤਸਰ, 22 ਮਈ (ਰਾਜੇਸ਼ ਡੈਨੀ) ਨਗਰ ਨਿਗਮ ਅੰਮ੍ਰਿਤਸਰ ਦੇ ਸਟ੍ਰੀਟ ਲਾਈਟ ਵਿਭਾਗ ਵਿੱਚ ਮੁਹੱਲਾ ਸੁਧਾਰ ਕਮੇਟੀ ਅਧੀਨ ਡੀ.ਸੀ. ਰੇਟਾਂ 'ਤੇ ਕੰਮ ਕਰ ਰਹੇ 65 ਇਲੈਕਟ੍ਰੀਸ਼ਨ ਅਤੇ 65 ਹੈਲਪਰਾਂ ਸਮੇਤ ਕੁੱਲ 130 ਕਰਮਚਾਰੀਆਂ ਦੀਆਂ ਸੇਵਾਵਾਂ ਨੂੰ ਰੈਗੂਲਰ ਕਰਨ ਲਈ ਅੱਜ ਸਟ੍ਰੀਟ ਲਾਈਟ ਕਰਮਚਾਰੀਆਂ ਵੱਲੋਂ ਕੁੰਵਰ ਵਿਜੇ ਪ੍ਰਤਾਪ ਸਿੰਘ ਨੂੰ ਮੰਗ ਪੱਤਰ ਸੌਂਪਿਆ ਗਿਆ। ਸਟ੍ਰੀਟ ਲਾਈਟ ਕਰਮਚਾਰੀਆਂ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਹ 130 ਕਰਮਚਾਰੀ ਨਗਰ ਨਿਗਮ ਅੰਮ੍ਰਿਤਸਰ ਦੇ ਸਟ੍ਰੀਟ ਲਾਈਟ ਵਿਭਾਗ ਵਿੱਚ ਪਿਛਲੇ ਕਈ ਸਾਲਾਂ ਤੋਂ ਸੇਵਾਵਾਂ ਨਿਭਾ ਰਹੇ ਹਨ। ਨਗਰ ਨਿਗਮ ਵੱਲੋਂ ਮਤਾ ਨੰਬਰ 3(ੳ)3 ਮਿਤੀ 30 ਦਸੰਬਰ 2015 ਰਾਹੀਂ ਇਹ ਭਰਤੀ ਕੀਤੀ ਗਈ ਸੀ, ਜਿਸਨੂੰ ਸਥਾਨਕ ਸਰਕਾਰ ਵਿਭਾਗ ਪੰਜਾਬ ਵੱਲੋਂ ਪੱਤਰ ਨੰਬਰ ਐਸ 5-ਡਸਸ-ਮਸਸ(ਅੰਮ੍ਰਿਤਸਰ)2016/2383 ਮਿਤੀ 19 ਜਨਵਰੀ 2016 ਰਾਹੀਂ ਮਨਜ਼ੂਰੀ ਦਿੱਤੀ ਗਈ ਸੀ। ਕਰਮਚਾਰੀਆਂ ਅਨੁਸਾਰ ਸਰਕਾਰ ਦੀ ਮਨਜ਼ੂਰੀ ਤੋਂ ਬਾਅਦ 65 ਇਲੈਕਟ੍ਰੀਸ਼ਨ ਅਤੇ 65 ਹੈਲਪਰਾਂ ਨੂੰ ਉਸ ਸਮੇਂ ਦੀਆਂ 65 ਵਾਰਡਾਂ ਵਿੱਚ ਸਟ੍ਰੀਟ ਲਾਈਟਾਂ ਦੀ ਦੇਖਭਾਲ ਲਈ ਡਿਪਟੀ ਕਮਿਸ਼ਨਰ ਵੱਲੋਂ ਨਿਰਧਾਰਤ ਡੀ.ਸੀ. ਰੇਟਾਂ 'ਤੇ ਭਰਤੀ ਕੀਤਾ ਗਿਆ ਸੀ। ਇਹ ਭਰਤੀਆਂ ਯੋਗਤਾ ਅਤੇ ਤਕਨੀਕੀ ਯੋਗਤਾ ਦੇ ਆਧਾਰ 'ਤੇ ਸੀਵਰਮੈਨਾਂ ਦੇ ਪੈਟਰਨ ਅਨੁਸਾਰ ਕੀਤੀਆਂ ਗਈਆਂ ਸਨ ਅਤੇ ਸਾਰੇ ਕਰਮਚਾਰੀ 16 ਫਰਵਰੀ 2016 ਤੋਂ ਲਗਾਤਾਰ ਕੰਮ ਕਰ ਰਹੇ ਹਨ। ਉਸ ਸਮੇਂ ਦੀ ਸਰਕਾਰ ਦੇ ਮੰਤਰੀ ਮੰਡਲ ਦੇ ਫੈਸਲੇ ਅਨੁਸਾਰ ਸਥਾਨਕ ਸਰਕਾਰ ਵਿਭਾਗ ਪੰਜਾਬ ਵੱਲੋਂ 14 ਦਸੰਬਰ 2021 ਨੂੰ ਜਾਰੀ ਕੀਤੀ ਗਈ ਵਨ ਟਾਈਮ ਪਾਲਿਸੀ ਤਹਿਤ ਮਹੱਲਾ ਸੁਧਾਰ ਕਮੇਟੀ ਅਧੀਨ ਕੰਮ ਕਰ ਰਹੇ ਸਫਾਈ ਸੇਵਕਾਂ ਅਤੇ ਸੀਵਰਮੈਨਾਂ ਨੂੰ ਰੈਗੂਲਰ ਕੀਤਾ ਜਾ ਚੁੱਕਾ ਹੈ, ਪਰ ਸਟ੍ਰੀਟ ਲਾਈਟ ਵਿਭਾਗ ਦੇ ਇਹ 130 ਕਰਮਚਾਰੀ ਅਜੇ ਵੀ ਰੈਗੂਲਰ ਹੋਣ ਤੋਂ ਵਾਂਝੇ ਹਨ। ਕਰਮਚਾਰੀਆਂ ਨੇ ਮੰਗ ਕੀਤੀ ਕਿ ਲੰਬੇ ਸਮੇਂ ਤੋਂ ਸੇਵਾ ਨਿਭਾ ਰਹੇ ਬਾਕੀ ਰਹਿੰਦੇ 130 ਕਰਮਚਾਰੀਆਂ ਨੂੰ ਵੀ ਜਲਦ ਤੋਂ ਜਲਦ ਰੈਗੂਲਰ ਕੀਤਾ ਜਾਵੇ।

# ਮੁੱਖ ਮੰਤਰੀ ਮਾਨ ਦੀ ਇਤਿਹਾਸਕ ਪਹਿਲਕਦਮੀ: ਵਿਧਾਇਕ ਜਿੰਪਾ ਵੱਲੋਂ 'ਮੇਰੀ ਰਸੋਈ' ਯੋਜਨਾ ਤਹਿਤ ਰਾਸ਼ਨ ਕਿੱਟਾਂ ਦੀ ਵੰਡ



ਹੁਸ਼ਿਆਰਪੁਰ 22 ਮਈ (ਪਰਮਿੰਦਰ ਘੁੰਮਣ) ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਸਥਾਨਕ ਵਾਰਡ ਨੰਬਰ 21 ਅਤੇ 26 ਵਿਚ ਪੰਜਾਬ ਸਰਕਾਰ ਦੀ 'ਮੇਰੀ ਰਸੋਈ' ਯੋਜਨਾ ਦੀ ਸ਼ੁਰੂਆਤ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਲੋਕ ਭਲਾਈ ਦੇ ਕਾਰਜਾਂ ਤਹਿਤ ਇਹ ਇਕ ਇਤਿਹਾਸਕ ਪਹਿਲਕਦਮੀ ਹੈ ਜਿਸ ਤਹਿਤ ਸੂਬੇ ਦੇ ਕਰੀਬ 40 ਲੱਖ ਪਰਿਵਾਰਾਂ ਨੂੰ ਲਾਭ ਮਿਲੇਗਾ। ਲਾਭਪਾਤਰੀਆਂ ਨੂੰ 'ਮੇਰੀ ਰਸੋਈ' ਯੋਜਨਾ ਤਹਿਤ ਰਾਸ਼ਨ ਕਿੱਟਾਂ ਵੰਡਦਿਆਂ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਇਹ ਉਪਰਾਲਾ ਲੋੜਵੰਦ ਪਰਿਵਾਰਾਂ ਦੇ ਰਸੋਈ ਦੇ ਵਿੱਤੀ ਬੋਝ ਨੂੰ ਘੱਟ ਕਰਨ ਵਿਚ ਵਰਦਾਨ ਸਾਬਤ ਹੋਵੇਗਾ ਕਿਉਂਕਿ ਰਾਸ਼ਨ ਕਿੱਟ ਵਿਚ 2 ਕਿਲੋ ਛੋਲਿਆਂ ਦੀ ਦਾਲ, 2 ਕਿਲੋ ਖੰਡ, 1 ਕਿਲੋ ਲੂਣ, 200 ਗ੍ਰਾਮ ਹਲਦੀ ਅਤੇ 1 ਲਿਟਰ ਸਰੋਂ ਦਾ ਤੇਲ ਸ਼ਾਮਲ ਹੋਵੇਗਾ। ਆਮ ਆਦਮੀ ਪਾਰਟੀ ਦੀ ਸਰਕਾਰ ਵਲੋਂ 'ਮੇਰੀ ਰਸੋਈ' ਯੋਜਨਾ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਲੋਕ ਭਲਾਈ ਦੇ ਕਾਰਜ ਅਤੇ ਸਕੀਮਾਂ ਦਾ ਲਾਭ ਲੋਕਾਂ ਤੱਕ ਪੁੱਜਦਾ ਕੀਤਾ ਜਾ ਰਿਹਾ ਹੈ ਜਿਸ ਵਿਚ ਮੁਫ਼ਤ ਬਿਜਲੀ, ਮਿਆਰੀ ਸਿਹਤ ਸੇਵਾਵਾਂ, ਉਚ ਪੱਧਰੀ ਸਿੱਖਿਆ, ਮਹਿਲਾਵਾਂ ਦੀ ਭਲਾਈ ਲਈ ਸਕੀਮਾਂ ਸ਼ਾਮਲ ਹਨ। ਯੋਜਨਾ ਦੇ ਹਰੇਕ ਲਾਭਪਾਤਰੀ ਪਰਿਵਾਰ ਨੂੰ ਹਰ ਤਿੰਨ ਮਹੀਨਿਆਂ ਵਿੱਚ ਵਿਸ਼ੇਸ਼ ਤੌਰ ਤੇ ਤਿਆਰ ਕੀਤੀ ਰਾਸ਼ਨ ਕਿੱਟ ਮਿਲੇਗੀ ਜਿਸ ਵਿੱਚ ਸਰ੍ਹੋਂ ਦਾ ਤੇਲ, ਦਾਲ, ਖੰਡ, ਲੂਣ, ਹਲਦੀ ਅਤੇ ਘਰੇਲੂ ਰਸੋਈ ਚਲਾਉਣ ਲਈ ਲੋੜੀਂਦੀਆਂ ਹੋਰ ਜ਼ਰੂਰੀ ਵਸਤਾਂ ਹੋਣਗੀਆਂ। ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਵਲੋਂ ਲੋਕਾਂ ਦਾ ਵਿੱਤੀ ਬੋਝ ਘਟਾਉਣ ਲਈ ਲਗਾਤਾਰ ਯਤਨ ਜਾਰੀ ਹਨ ਜਿਸ ਦੇ ਸਾਰਥਿਕ ਸਿੱਟੇ ਦੇਖਣ ਨੂੰ ਮਿਲ ਰਹੇ ਹਨ। ਪੰਜਾਬ ਦੇ ਲਗਭਗ 90 ਫੀਸਦੀ ਘਰਾਂ ਨੂੰ ਹੁਣ ਜ਼ੀਰੋ ਬਿਜਲੀ ਬਿੱਲ ਮਿਲ ਰਹੇ ਹਨ, ਜਿਸ ਨਾਲ ਪਰਿਵਾਰਾਂ ਨੂੰ ਪੈਸੇ ਬਚਾਉਣ ਅਤੇ ਘਰੇਲੂ ਖਰਚੇ ਚਲਾਉਣ ਵਿੱਚ ਕਾਫ਼ੀ ਮਦਦ ਮਿਲ ਰਹੀ ਹੈ ਜ਼ਿਲ੍ਹੇ ਵਿਚ 2.20 ਲੱਖ ਤੋਂ ਵੱਧ ਪਰਿਵਾਰਾਂ ਨੂੰ ਇਸ ਸਕੀਮ ਦਾ ਲਾਭ ਮਿਲੇਗਾ ਅਤੇ ਇਹ ਸਕੀਮ ਉਨ੍ਹਾ ਲਈ ਬੇਹੱਦ ਲਾਹੇਵੰਦ ਸਾਬਤ ਹੋਵੇਗੀ। ਪੰਜਾਬ ਸਰਕਾਰ ਵਲੋਂ ਯੋਜਨਾ ਤਹਿਤ 900 ਕਰੋੜ ਰੁਪਏ ਰਾਖਵੇਂ ਰੱਖੇ ਗਏ ਹਨ ਤਾਂ ਜੋ ਲੋਕਾਂ ਨੂੰ ਹਰ ਤਿਮਾਹੀ ਪੋਸ਼ਣ ਨਾਲ ਭਰਪੂਰ ਰਾਸ਼ਨ ਕਿੱਟ ਮੁਹੱਈਆ ਕਰਵਾਈ ਜਾ ਸਕੇ। ਇਸ ਮੌਕੇ ਵਿਧਾਇਕ ਜਿੰਪਾ ਨੇ ਲੋੜਵੰਦ ਪਰਿਵਾਰਾਂ ਨਾਲ ਗੱਲਬਾਤ ਵੀ ਕੀਤੀ ਜਿਨ੍ਹਾਂ ਨੇ ਪੰਜਾਬ ਸਰਕਾਰ ਦੀ ਇਸ ਸਕੀਮ ਦੀ ਸਲਾਹੁਤਾ ਕਰਦਿਆਂ ਕਿਹਾ ਕਿ 'ਮੇਰੀ ਰਸੋਈ' ਯੋਜਨਾ ਉਨ੍ਹਾਂ ਦੇ ਰਸੋਈ ਦੇ ਖਰਚਿਆਂ ਨੂੰ ਘਟਾਵੇਗੀ। ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਡਿਪਟੀ ਮੇਅਰ ਪ੍ਰਵੀਨ ਸੈਣੀ, ਮਨਜੋਤ ਕੌਰ, ਹਰਮਿੰਦਰ ਸਿੰਘ ਗੋਪੀ, ਹਰਵਿੰਦਰ ਸਿੰਘ ਹੈਰੀ, ਸਤਵੰਤ ਸਿੰਘ ਸਿਆਣ, ਕੁਲਵਿੰਦਰ ਸਿੰਘ ਹੁੰਦਲ, ਜਸਵੰਤ ਰਾਏ ਕਾਲਾ, ਮਨਜੀਤ ਸਿੰਘ, ਲਖਬੀਰ ਸਿੰਘ ਆਦਿ ਵੀ ਮੌਜੂਦ ਸਨ।

# ਆਰਟੀਓ ਨਵਾਂਸ਼ਹਿਰ ਵੱਲੋਂ ਸਕੂਲ ਬੱਸਾ ਦੀ ਚੈਕਿੰਗ 6 ਵਾਹਨਾਂ ਦੇ ਚਾਲਾਨ



ਨਵਾਂਸ਼ਹਿਰ /ਕਾਠਗੜ੍ਹ 22 ਮਈ (ਜਤਿੰਦਰ ਪਾਲ ਸਿੰਘ ਕਲੇਰ) ਸਕੂਲ ਸੁਰੱਖਿਆਂ ਨੂੰ ਲੈ ਕੇ ਆਰਟੀਓ ਇੰਦਰ ਪਾਲ ਨਵਾਂਸ਼ਹਿਰ ਵਲੋਂ ਟੋਲ ਪਲਾਜ਼ਾ ਬੱਛੂਆਂ ਤੇ ਵਿਸ਼ੇਸ਼ ਨਾਕਾਬੰਦੀ ਕਰਕੇ ਆਪਣੀ ਟੀਮ ਦੇ ਨਾਲ ਰਹ ਆਉਣ ਜਾਣ ਵਾਲੇ ਵਾਹਨਾਂ ਦੀ ਚੈਕਿੰਗ ਕੀਤੀ ਉਨ੍ਹਾਂ ਵਲੋਂ ਓਵਰ ਲੋਡਿਡ ਗੱਡੀਆਂ, ਛੋਟੇ ਵਾਹਨਾਂ ਤੇ ਦੋ ਸਕੂਲੀ ਬੱਸਾਂ ਦੇ ਵੀ ਕਮੀਆਂ ਹੋਣ ਦੇ ਚੱਲਦੇ ਚਾਲਾਨ ਕੀਤੇ ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਆਰ ਟੀ ਓ ਇੰਦਰਪਾਲ ਨੇ ਦੱਸਿਆਂ ਕਿ ਸਕੂਲ ਸੁਰੱਖਿਆ ਦੇ ਤਹਿਤ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ ਨਿਯਮਾਂ ਦਾ ਪਾਲਣ ਕਰਨਾ ਹਰ ਇਕ ਵਿਅਕਤੀ ਦਾ ਮੁਢਲਾ ਫਰਜ਼ ਹੈ ਉਨ੍ਹਾਂ ਦੇ ਨਾਲ ਮੈਡਮ ਕੰਚਨ ਵੀ ਮੌਜੂਦ ਰਹੇ ਜਿਨਾਂ ਨੇ ਦੋ ਸਕੂਲੀ ਬੱਸਾਂ ਜਿਨਾ ਵਿੱਚ ਇਕ ਰਿਆਤ ਇੰਟਰਨੈਸ਼ਨਲ ਸਕੂਲ ਦੀ ਬੱਸ ਅਤੇ ਦੂਸਰੀ ਐਮ ਆਰ ਸਿਟੀ ਸਕੂਲ ਦੀ ਬੱਸ ਵਿੱਚ ਕਮੀਆਂ ਪਾਈਆਂ ਜਾਣ ਤੇ ਉਨ੍ਹਾਂ ਦਾ ਚਾਲਾਨ ਕੱਟੇ ਅੱਗੇ ਤੋਂ ਉਨ੍ਹਾਂ ਨੇ ਡਰਾਇਵਰਾਂ ਨੂੰ ਤਾੜਨਾ ਕਰਦੇ ਹੋਏ ਨਿਯਮਾ ਦੀ ਪਾਲਣਾ ਨੂੰ ਯਕੀਨੀ ਬਣਾਉਣ ਲਈ ਕਿਹਾ ਆਰਟੀਓ ਇੰਦਰਪਾਲ ਨੇ ਕਿਹਾ ਕਿ ਅਜਿਹੀ ਚੈਕਿੰਗ ਅੱਗੇ ਵੀ ਇਸੇ ਤਰ੍ਹਾਂ ਨਿਰੰਤਰ ਜਾਰੀ ਰਹੇਗੀ ਇਸ ਲਈ ਆਪਣੇ ਵਾਹਨਾਂ ਦੇ ਕਾਗਜ਼ਾਤ ਪੂਰੇ ਲੈ ਕੇ ਨਾਲ ਚੱਲੋ ਤਾਂ ਕਿ ਚੈਕਿੰਗ ਦੇ ਸਮੇਂ ਕਿਸੇ ਤਰਾ ਦੀ ਪਰੇਸ਼ਾਨੀ ਨਾ ਝੱਲਣੀ ਪਵੇ

# ਰਮਨ ਬਹਿਲ ਨੇ ਵਾਰਡ ਨੰਬਰ 29, ਰੁਲੀਆ ਰਾਮ ਕਲੋਨੀ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਸ਼ਰਧਾਲੂਆਂ ਦੀ ਬੱਸ ਰਵਾਨਾ ਕੀਤੀ



ਗੁਰਦਾਸਪੁਰ, 22 ਮਈ (ਗੁਲਸ਼ਨ ਰਣੀਆਂ) ਗੁਰਦਾਸਪੁਰ ਦੇ ਹਲਕਾ ਇੰਚਾਰਜ ਰਮਨ ਬਹਿਲ ਵਲੋਂ ਵਾਰਡ ਨੰਬਰ 29, ਰੁਲੀਆ ਰਾਮ ਕਲੋਨੀ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਦੀ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।ਉਨ੍ਹਾਂ ਕਿਹਾ ਕਿ ਆਪ ਸਰਕਾਰ ਦੇ ਇਸ ਉਪਰਾਲੇ ਸਦਕਾ ਸਾਡੇ ਬਜ਼ੁਰਗ ਬਿਨਾਂ ਕਿਸੇ ਖਰਚੇ ਦੇ ਪਵਿੱਤਰ ਅਸਥਾਨਾਂ ਦੇ ਦਰਸ਼ਨ ਕਰ ਰਹੇ ਹਨ। ਉਨ੍ਹਾਂ ਸਾਰੇ ਸ਼ਰਧਾਲੂਆਂ ਦੀ ਯਾਤਰਾ ਸੁਖਦ ਅਤੇ ਮੰਗਲਮਈ ਦੀ ਕਾਮਨਾ ਕੀਤੀ।ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਲੋਕਾਂ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ ਅਤੇ ਲੋਕ ਪੂਰੀ ਸ਼ਰਧਾ ਭਾਵਨਾ ਨਾਲ ਯਾਤਰਾ ਕਰ ਰਹੇ ਹਨ।ਉਨ੍ਹਾਂ ਦੱਸਿਆ ਕਿ ਇਸ ਬੱਸ ਰਾਹੀਂ ਤਿੰਨ ਦਿਨਾਂ ਵਿੱਚ ਸ਼ਰਧਾਲੂਆਂ ਨੂੰ ਸ੍ਰੀ ਅਨੰਦਪੁਰ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਵਿਰਾਸਤ -ਏ-ਖਾਲਸਾ, ਸ੍ਰੀ ਕੀਰਤਪੁਰ ਸਾਹਿਬ ਅਤੇ ਮਾਤਾ ਨੈਣਾ ਦੇਵੀ ਦੇ ਦਰਸ਼ਨ ਕਰਵਾਏ ਜਾਣਗੇ।ਇਸ ਮੌਕੇ ਯਾਤਰਾ ਤੇ ਜਾ ਰਹੇ ਸ਼ਰਧਾਲੂਆਂ ਨੇ ਮੁੱਖ ਮੰਤਰੀ ਪੰਜਾਬ ਅਤੇ ਰਮਨ ਬਹਿਲ ਦਾ ਧੰਨਵਾਦ ਕਰਦਿਆਂ ਕਿ ਮੁੱਖ ਮੰਤਰੀ ਤੀਰਥ ਯੋਜਨਾ ਨਾਲ ਲੋਕਾਂ ਵਿੱਚ ਖੁਸ਼ੀ ਵਰਗਾ ਮਾਹੌਲ ਹੈ ਅਤੇ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਬਹੁਤ ਉਤਸ਼ਾਹਿਤ ਹਨ।ਇਸ ਮੌਕੇ ਚੇਅਰਮੈਨ ਬਲਾਕ ਸਮਿਤੀ ਭਰਤ ਭੂਸ਼ਣ ਸ਼ਰਮਾ, ਮੁੱਖ ਮੰਤਰੀ ਤੀਰਥ ਯਾਤਰਾ ਦੇ ਹਲਕਾ ਕੁਆਰਡੀਨੇਟਰ , ਗਗਨ ਮਹਾਜਨ , ਯੁੱਧ ਨਸ਼ੇ ਵਿਰੁੱਧ ਕੋਆਰਡੀਨੇਟਰ ਰਣਜੀਤ ਸਿੰਘ ਪਾਹੜਾ ਅਤੇ ਰਘੁਬੀਰ ਸਿੰਘ ਖਾਲਸਾ ਮੌਜੂਦ ਸਨ।

# ਪੰਜਾਬ ਸਰਕਾਰ ਵੱਲੋਂ ਬਿਜਲੀ ਦੀਆਂ ਤਾਰਾਂ ਜ਼ਮੀਨਦੋਜ਼ ਕਰਨ ਦੇ ਪਾਇਲਟ ਪ੍ਰੋਜੈਕਟ ਦੀ ਸ਼ੁਰੂਆਤ



ਬਲਾਚੌਰ, 22 ਮਈ (ਤਜਿੰਦਰ ਜੋਤ) ਵਿਧਾਨ ਸਭਾ ਹਲਕਾ ਬਲਾਚੌਰ ਦੇ ਸੁਭਾਵਨ ਆਗੂ, ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਅਤੇ ਜ਼ਿਲ੍ਹਾ ਪ੍ਰਧਾਨ ਸ਼ਹੀਦ ਭਗਤ ਸਿੰਘ ਨਗਰ ਸਤਨਾਮ ਚੰਦੀ ਜਲਾਲਪੁਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਅਤੇ ਨਵੇਂ ਪ੍ਰੋਜੈਕਟਾਂ ਬਾਰੇ ਅਹਿਮ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਆਪਣੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਸੂਬੇ ਵਿੱਚ ਸਿੱਖਿਆ ਅਤੇ ਸਿਹਤ ਸੇਵਾਵਾਂ ਵਿੱਚ ਵੱਡੀ ਕ੍ਰਾਂਤੀ ਲਿਆਂਦੀ ਗਈ ਹੈ ਅਤੇ ਹੁਣ ਇਸ ਤਰ੍ਹਾਂ ਬਿਜਲੀ ਸੇਵਾਵਾਂ ਦਾ ਵੀ ਕਾਇਆ-ਕਲਪ ਕੀਤਾ ਜਾਵੇਗਾ।ਚੇਅਰਮੈਨ ਜਲਾਲਪੁਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਬਿਜਲੀ ਦੀਆਂ ਤਾਰਾਂ ਨੂੰ ਜ਼ਮੀਨਦੋਜ਼ ਕਰਨ ਅਤੇ ਬਿਜਲੀ ਦੇ ਖੰਭੇ ਹਟਾਉਣ ਦੇ ਕਾਰਜ ਪੰਧਰੀ ਪ੍ਰੋਜੈਕਟ ਦੇ ਪਾਇਲਟ ਪ੍ਰੋਗਰਾਮ ਦੀ ਸ਼ੁਰੂਆਤ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਜ਼ੋਨ-ਪ੍ਰਧਾਨ ਹਲਕਿਆਂ ਤੋਂ ਕੀਤੀ ਗਈ ਹੈ। ਇਸ ਪ੍ਰੋਜੈਕਟ ਦੇ ਮੁਕੰਮਲ ਹੋਣ ਤੋਂ ਬਾਅਦ ਇਸ ਦੀ ਸਮੀਖਿਆ ਕੀਤੀ ਜਾਵੇਗੀ ਅਤੇ ਫਿਰ ਇਸ ਨੂੰ ਪੂਰੇ ਪੰਜਾਬ ਵਿੱਚ ਲਾਗੂ ਕਰਨ ਬਾਰੇ ਫ਼ੈਸਲਾ ਕੀਤਾ ਜਾਵੇਗਾ।ਉਨ੍ਹਾਂ ਇਸ ਪ੍ਰੋਜੈਕਟ ਦੇ ਲਾਭ ਗਿਣਾਉਂਦਿਆਂ ਕਿਹਾ ਕਿ ਖੇਤਾਂ ਵਿੱਚੋਂ ਖੰਭੇ ਅਤੇ ਨੰਗੀਆਂ ਤਾਰਾਂ ਹਟਣ ਨਾਲ ਸ਼ਾਰਟ ਸਰਕਟ ਕਾਰਨ ਕਿਸਾਨਾਂ ਦੀਆਂ ਫ਼ਸਲਾਂ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਲਗਭਗ ਖ਼ਤਮ ਹੋ ਜਾਣਗੀਆਂ। ਬਰਸਾਤ ਅਤੇ ਹਨੇਰੀ-ਝੱਖੜ ਦੇ ਦਿਨਾਂ ਵਿੱਚ ਦਰੱਖ਼ਤਾਂ /ਬੂਟਿਆਂ ਨਾਲ ਤਾਰਾਂ ਟਕਰਾਉਣ ਕਾਰਨ ਹੋਣ ਵਾਲੇ ਨੁਕਸਾਨ ਅਤੇ ਫਾਲਟਾਂ ਤੋਂ ਮੁਕਤੀ ਮਿਲੇਗੀ।ਹਰ ਮੌਸਮ ਵਿੱਚ ਲੋਕਾਂ ਨੂੰ ਬਿਜਲੀ ਦੇ ਕੱਟਾਂ ਤੋਂ ਛੁਟਕਾਰਾ ਮਿਲੇਗਾ ਅਤੇ ਨਿਰਵਿਘਨ ਸਪਲਾਈ ਯਕੀਨੀ ਹੋਵੇਗੀ।ਪੰਜਾਬ ਸਰਕਾਰ ਨੇ ਪਿਛਲੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਹਰ ਇੱਕ ਪੰਜਾਬੀ ਦੀ ਬਾਂਹ ਫੜੀ ਹੈ।ਇਸ ਨਵੇਂ ਪ੍ਰੋਜੈਕਟ ਨਾਲ ਸੂਬੇ ਦੇ ਲੋਕਾਂ ਨੂੰ ਖਰਾਬ ਮੌਸਮ ਦੌਰਾਨ ਬਿਜਲੀ ਲਈ ਤਰਸਣਾ ਨਹੀਂ ਪਵੇਗਾ।

# ਪਿੰਡ ਚਾਹਲਾਂ 'ਚ ਪੰਜ ਪੀਰ ਦਰਬਾਰ ਤੇ 40 ਵਾਂ ਸਲਾਨਾ ਮੇਲਾ ਧੂਮਧਾਮ ਨਾਲ ਕਰਵਾਇਆ



ਨਵਾਂਸ਼ਹਿਰ /ਕਾਠਗੜ੍ਹ 22 ਮਈ (ਜਤਿੰਦਰ ਪਾਲ ਸਿੰਘ ਕਲੇਰ) ਕਾਠਗੜ੍ਹ ਦੇ ਨੇੜੇ ਪਿੰਡ ਚਾਹਲਾਂ ਦੀ ਰੋਜ਼ਾ ਪੰਜ ਪੀਰ ਦਰਬਾਰ ਤੇ ਹਰ ਸਾਲ ਦੀ ਤਰ੍ਹਾਂ ਸਲਾਨਾ ਮੇਲਾ ਬੜੀ ਹੀ ਸ਼ਰਧਾ ਅਤੇ ਧੂਮਧਾਮ ਨਾਲ ਕਰਵਾਇਆ ਗਿਆ ਇਹ ਮੇਲਾ ਕਿ ਪੁਰਾਤਨ ਸਮੇਂ ਤੋਂ ਚੱਲਿਆ ਆ ਰਿਹਾ ਹੈ ਇਹ ਮੇਲਾ ਹਰ ਸਾਲ ਦੀ ਤਰ੍ਹਾਂ ਜੇਠ ਦੇ ਜੇਠੇ ਵੀਰਵਾਰ ਵਾਲੇ ਦਿਨ ਮਨਾਇਆ ਜਾਂਦਾ ਹੈ ਇਹ 40 ਵਾਂ ਵਿਸ਼ਾਲ ਜੋੜ ਮੇਲਾ ਧੂਮ ਧਾਮ ਨਾਲ ਚਾਰਾਂ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਗਿਆ। ਪੀਰਾਂ ਦੇ ਦਰਬਾਰ ਤੇ ਪਹਿਲਾ ਚਾਦਰ ਚੜਾਉਣ ਤੇ ਝੰਡੇ ਦੀ ਰਸਮ ਅਦਾ ਕੀਤੀ ਗਈ ਇਸ ਮੌਕੇ ਤੇ ਡੇਰਾ ਟਿੱਬੀ ਸਾਹਿਬ ਜੀ ਦੇ ਗੱਦੀ ਨਸ਼ੀਨ ਬਾਬਾ ਸ਼ਸ਼ੀ ਰਾਮ ਜੀ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਮੈਂਬਰ ਜ਼ਿਲ੍ਹਾ ਪਰਿਸ਼ਦ ਕਰਨਵੀਰ ਕਟਾਰੀਆ ਨੇ ਵਿਸ਼ੇਸ਼ ਤੌਰ ਤੇ ਪਹੁੰਚ ਕੇ ਪਹੁੰਚ ਮੱਥਾ ਟੇਕਿਆ ਅਤੇ ਅਸ਼ੀਰਵਾਦ ਪ੍ਰਾਪਤ ਕੀਤਾ ਇਸ ਮੌਕੇ ਰਾਤ ਨੂੰ ਇਲਾਕੇ ਦੀ ਪ੍ਰਸਿੱਧ ਭਜਨ ਮੰਡਲੀ ਪੰਮਾ ਗਰੁੱਪ ਨੇ ਪੀਰਾਂ ਦੀ ਮਹਿਮਾ ਦਾ ਗੁਣਗਾਣ ਕਰਕੇ ਆਇਆ ਸੰਗਤਾਂ ਨੂੰ ਨਿਹਾਲ ਕੀਤਾ ਪਿੰਡ ਦੇ ਸਰਪੰਚ ਕੁਲਵੰਤ ਸਿੰਘ ਨੇ ਕਮੇਟੀ ਦੇ ਨਾਲ ਮਿਲ ਕੇ ਆਏ ਮੁੱਖ ਮਹਿਮਾਨ ਨੂੰ ਸਿਰੋਪਾ ਭੇਂਟ ਕਰਕੇ ਸਨਮਾਨਿਤ ਕੀਤਾ ਆਇਆ ਸੰਗਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਇਸ ਮੌਕੇ ਜਸਵੀਰ ਸਿੰਘ ਘੁੰਮਣ ਸਰਪੰਚ, ਕੁਲਵੰਤ ਸਿੰਘ, ਪ੍ਰੀਤਮ ਚੰਦ, ਰਾਜਪਾਲ, ਕਸ਼ਮੀਰ ਚੰਦ, ਦੇਵ ਰਾਜ, ਰਾਮ, ਬਹਾਦਰ ਚੰਦ, ਨਰੇਸ਼ ਰਾਜ, ਬਲਵੀਰ ਚੰਦ, ਮਲਕੀਤ ਰਾਮ, ਰਾਮਪਾਲ ਪੰਚ, ਰਕੇਸ਼ ਚੰਦ, ਕਸ਼ਮੀਰ ਚੰਦ, ਕੇਵਲ ਰਾਮ ਤੇ ਸਮੂੰਹ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ

# ਨੌਜਵਾਨਾਂ ਨੂੰ 'ਕਾਕਰੋਚ' ਕਹਿਣ ਦੇ ਅਪਮਾਨ ਚੋਂ ਨਿਕਲੀ 'ਕੋਕਰੋਚ ਜਨਤਾ ਪਾਰਟੀ', ਪੰਜ ਦਿਨਾਂ ਚ ਲੱਖਾਂ ਨੌਜਵਾਨ ਜੁੜੇ: ਸਾਥੀ ਰਾਣਾ



ਬਲਾਚੌਰ, 22 ਮਈ (ਤਜਿੰਦਰ ਜੋਤ) ਸਾਂਝਾ ਕਿਸਾਨ ਮਜ਼ਦੂਰ ਮੋਰਚਾ ਦੇ ਜਨਰਲ ਸਕੱਤਰ ਸਾਥੀ ਕਰਨ ਸਿੰਘ ਰਾਣਾ ਨੇ ਅੱਜ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੇਸ਼ ਦੀਆਂ ਮੌਜੂਦਾ ਆਰਥਿਕ ਨੀਤੀਆਂ ਅਤੇ ਨਿਆਪਾਲਿਕਾ ਦੇ ਵਤੀਰੇ ਤੇ ਤਿੱਖੇ ਨਿਸ਼ਾਨੇ ਸਾਧੇ। ਉਨ੍ਹਾਂ ਆਖਿਆ ਕਿ ਦੇਸ਼ ਅੰਦਰ ਅਚਾਨਕ ਉੱਭਰੀ 'ਕੋਕਰੋਚ ਜਨਤਾ ਪਾਰਟੀ' ਅਸਲ ਵਿੱਚ ਵਧ ਰਹੀ ਗਰੀਬੀ ਅਤੇ ਬੇਰੁਜ਼ਗਾਰੀ ਖ਼ਿਲਾਫ਼ ਦੇਸ਼ ਦੇ ਨੌਜਵਾਨਾਂ ਦੇ ਪੁੰਗਰ ਰਹੇ ਰੋਹ ਦਾ ਨਤੀਜਾ ਹੈ।ਭਾਰਤੀ ਨਿਆਪਾਲਿਕਾ ਪ੍ਰਣਾਲੀ ਤੇ ਸਵਾਲ ਚੁੱਕਦਿਆਂ ਸਾਥੀ ਰਾਣਾ ਨੇ ਕਿਹਾ ਕਿ ਸਾਡੀਆਂ ਅਦਾਲਤਾਂ ਵਿੱਚ ਅੱਜ ਵੀ ਬਸਤੀਵਾਦੀ ਸੋਚ ਹਾਵੀ ਹੈ, ਜਿੱਥੇ ਫ਼ਰੈਸ਼ ਜੱਜ ਦੀ ਮਾਮੂਲੀ ਉਲੰਘਣਾ ਜਾਂ ਮੋਬਾਇਲ ਦੀ ਘੰਟੀ ਵੱਜਣ ਨੂੰ ਤਾਂ ਕੋਰਟ ਦੀ ਤੌਹੀਨ ਮੰਨ ਲਿਆ ਜਾਂਦਾ ਹੈ, ਪਰ ਦੂਜੇ ਪਾਸੇ ਦੇਸ਼ ਦੇ ਮੁੱਖ ਜੱਜ ਵੱਲੋਂ ਬੇਰੁਜ਼ਗਾਰ ਨੌਜਵਾਨਾਂ ਨੂੰ 'ਕਾਕਰੋਚ' ਅਤੇ 'ਪਰਜੀਵੀ' ਤੱਕ ਕਹਿ ਦਿੱਤਾ ਗਿਆ। ਇਸੇ ਅਪਮਾਨ ਦਾ ਜਵਾਬ ਦੇਣ ਲਈ ਦੇਸ਼ ਦੇ ਕਰੋੜਾਂ ਨੌਜਵਾਨਾਂ ਨੇ ਸੋਸ਼ਲ ਮੀਡੀਆ ਰਾਹੀਂ 'ਕੋਕਰੋਚ ਜਨਤਾ ਪਾਰਟੀ' ਦਾ ਗਠਨ ਕਰਕੇ ਹਾਕਮਾਂ ਨੂੰ ਸਪੱਸ਼ਟ ਸੁਨੇਹਾ ਦਿੱਤਾ ਹੈ ਕਿ ਹੁਣ ਬੇਰੁਜ਼ਗਾਰੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਪੰਜਾਂ ਦਿਨਾਂ ਵਿੱਚ ਲੱਖਾਂ ਨੌਜਵਾਨਾਂ ਦਾ ਜੁੜਨਾ ਕੇਂਦਰ ਲਈ ਚੇਤਾਵਨੀ ਉਨ੍ਹਾਂ ਦੱਸਿਆ ਕਿ ਮਹਿਜ਼ ਪੰਜ ਦਿਨਾਂ ਅੰਦਰ ਇਸ ਨਵੀਂ ਪਾਰਟੀ ਨਾਲ ਲੱਖਾਂ ਨੌਜਵਾਨਾਂ ਦਾ ਜੁੜਨਾ ਕੇਂਦਰ ਸਰਕਾਰ ਲਈ ਇੱਕ ਵੱਡੀ ਚੇਤਾਵਨੀ ਹੈ। ਉਨ੍ਹਾਂ ਮੰਗ ਕੀਤੀ ਕਿ ਕਾਰਪੋਰੇਟ ਅਤੇ ਅਮਰੀਕੀ ਸਾਮਰਾਜ ਦੇ ਇਸ਼ਾਰਿਆਂ ਤੇ ਚੱਲਣ ਵਾਲੀਆਂ ਨੀਤੀਆਂ ਨੂੰ ਤੁਰੰਤ ਬੰਦ ਕਰਕੇ, ਆਮ ਲੋਕਾਂ ਦੀ ਰਾਏ ਨਾਲ ਲੋਕ-ਪੱਖੀ ਨੀਤੀਆਂ ਲਾਗੂ ਕੀਤੀਆਂ ਜਾਣ।ਸਾਥੀ ਰਾਣਾ ਨੇ ਸਰਕਾਰ ਵੱਲੋਂ ਇਸ ਨਵੀਂ ਪਾਰਟੀ ਦੇ ਇੰਸਟਾਗ੍ਰਾਮ ਪੇਜ ਨੂੰ ਬੰਦ ਕੀਤੇ ਜਾਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ।ਉਨ੍ਹਾਂ ਕਿਹਾ ਹਾਕਮ ਜਮਾਤ ਸੋਚਦੀ ਹੈ ਕਿ ਇਸ ਤਰ੍ਹਾਂ ਜਲਦੀ ਹੀ ਇਸ ਗੱਲ ਨੂੰ ਦਬਾਅ ਲਿਆ ਜਾਵੇਗਾ, ਪਰ ਨੌਜਵਾਨਾਂ ਦੇ ਅੰਦਰ ਧਧਕ ਰਹੀ ਬੇਚੈਨੀ ਦੀ ਜਵਾਲਾ ਆਪਣਾ ਰਾਹ ਜ਼ਰੂਰ ਬਣਾਏਗੀ। ਸਰਕਾਰ ਡਰ ਕੇ ਆਵਾਜ਼ਾਂ ਨੂੰ ਦਬਾ ਨਹੀਂ ਸਕਦੀ। ਨੌਜਵਾਨਾਂ ਅਤੇ ਕਿਰਤੀ ਜਮਾਤ ਨੂੰ ਸੱਦਾ ਦਿੰਦਿਆਂ ਉਨ੍ਹਾਂ ਕਿਹਾ ਕਿ ਜੇਕਰ ਇਹ ਲਹਿਰ ਸਿਰਫ਼ ਭੀੜ ਤੰਤਰ ਬਣ ਕੇ ਰਹਿ ਗਈ ਅਤੇ ਜ਼ਮੀਨੀ ਪੱਧਰ ਤੇ ਕਿਸੇ ਲੋਕ-ਪੱਖੀ ਵਿਚਾਰਧਾਰਾ ਨਾਲ ਨਾ ਜੁੜੀ, ਤਾਂ ਇਹ ਇਤਿਹਾਸ ਦੇ ਪੰਨਿਆਂ ਵਿੱਚ ਗੁੰਮ ਹੋ ਜਾਵੇਗੀ। ਸਮੂਹ ਕਿਰਤੀ ਵਰਗ ਨੂੰ ਇਸ ਨਾਲ ਜੁੜਨਾ ਚਾਹੀਦਾ ਹੈ ਤਾਂ ਜੋ ਸਹੀ ਦਿਸ਼ਾ ਦੇ ਕੇ ਦੇਸ਼ ਨੂੰ ਲੋਕ ਵਿਰੋਧੀ ਨੀਤੀਆਂ ਤੋਂ ਬਚਾਇਆ ਜਾ ਸਕੇ। ਇਸ ਮੌਕੇ ਕਰਨ ਸਿੰਘ ਰਾਣਾ ਦੇ ਨਾਲ ਕਰਨੈਲ ਸਿੰਘ ਭੱਲਾ ਅਤੇ ਅਵਤਾਰ ਰਾਮ ਵੀ ਵਿਸ਼ੇਸ਼ ਤੌਰ ਤੇ ਮੌਜੂਦ ਸਨ।

# ਹਰ ਸ਼ੁਕਰਵਾਰ ਡੇਂਗੂ ਤੇ ਵਾਰ ਮੁਹਿੰਮ ਤਹਿਤ ਪਿੰਡ ਚੰਦਿਆਣੀ ਖੁਰਦ ਵਿਖੇ ਡੇਂਗੂ ਬੁਖਾਰ ਦੇ ਬਚਾਅ ਸਬੰਧੀ ਜਾਗਰੂਕ ਕੀਤਾ

ਬਲਾਚੌਰ 22 ਮਈ (ਜਤਿੰਦਰ ਪਾਲ ਸਿੰਘ ਕਲੇਰ) ਸਿਵਿਲ ਸਰਜਨ ਸ਼ਹੀਦ ਭਗਤ ਸਿੰਘ ਨਗਰ ਡਾਕਟਰ ਗੁਰਿੰਦਰਜੀਤ ਸਿੰਘ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫਸਰ ਪੀ ਐੱਚ ਸੀ ਸੜੋਆ ਡਾਕਟਰ ਜਤਿੰਦਰ ਸਿੰਘ ਜੀ ਦੀ ਯੋਗ ਅਗਵਾਈ ਹੇਠ ਪਿੰਡ ਚੰਦਿਆਣੀ ਖੁਰਦ ਵਿਖੇ ਹਰ ਸ਼ੁਕਰਵਾਰ ਡੇਂਗੂ ਤੇ ਵਾਰ ਮੁਹਿੰਮ ਤਹਿਤ ਲੋਕਾਂ ਨੂੰ ਡੇਂਗੂ ਦੇ ਬਚਾਅ ਅਤੇ ਲੱਛਣਾਂ ਸਬੰਧੀ ਜਾਣਕਾਰੀ ਦਿੱਤੀ ਗਈ ਘਰ ਘਰ ਜਾ ਕੇ ਡੇਂਗੂ ਦਾ ਲਾਰਵਾ ਚੈੱਕ ਕੀਤਾ ਗਿਆ ਅਤੇ ਹੈਲਥ ਇੰਸਪੈਕਟਰ ਗੁਰਿੰਦਰ ਸਿੰਘ ਨੇ ਪਿੰਡ ਦੀ ਸੁਪਰਵਾਇਜ਼ਿੰਗ ਕਰਦਿਆਂ ਲੋਕਾਂ ਨੂੰ ਡੇਂਗੂ ਦੇ ਬਚਾਅ ਅਤੇ ਲੱਛਣਾਂ ਸਬੰਧੀ ਜਾਣਕਾਰੀ ਦਿੱਤੀ ਦੱਸਿਆ ਕਿ ਡੇਂਗੂ ਦਾ ਮੱਛਰ ਸਾਫ਼ ਖੜ੍ਹੇ ਪਾਣੀ ਦੇ ਵਿੱਚ ਪੈਦਾ ਹੁੰਦਾ ਹੈ ਅਤੇ ਇਹ ਮੱਛਰ ਦਿਨ ਵੇਲੇ ਕੱਟਦਾ ਹੈ ਡੇਂਗੂ ਬੁਖਾਰ ਦੇ ਲੱਛਣਾਂ ਬਾਰੇ ਦੱਸਿਆ ਇਸ ਵਿੱਚ ਤੇਜ਼ ਬੁਖ਼ਾਰ ਹੋਣਾ ਸਿਰ ਦਰਦ ਹੋਣਾ ਜੀ ਕੱਚਾ ਹੋਣਾ ਉਲਟੀਆਂ ਆਉਣੀਆਂ ਮਾਸ ਪੇਸ਼ੀਆਂ ਵਿੱਚ ਦਰਦ ਹੋਣਾ ਅੱਖਾਂ ਦੇ ਪਿਛਲੇ ਪਾਸੇ ਦਰਦ ਹੋਣਾ ਅਤੇ ਹਾਲਤ ਖ਼ਰਾਬ ਹੋਣ ਤੇ ਨੱਕ ਤੇ ਮਸੂੜਿਆਂ ਚੋਂ ਖੂਨ ਵਗਣਾ ਹੈ ਬਚਣ ਲਈ ਸਾਨੂੰ ਆਪਣੇ ਘਰਾਂ ਦੇ ਗਮਲਿਆਂ ਦੀਆਂ ਟਰੇਆਂ ਗਮਲਿਆਂ ਵਿੱਚ ਪਾਣੀ ਨਾ ਖੜ੍ਹਾ ਹੋਣ ਦਿਓ ਕੂਲਰਾਂ ਅਤੇ ਟਾਇਰਾਂ ਵਿੱਚ ਪਾਣੀ ਨੂੰ ਹਫ਼ਤੇ ਵਿੱਚ ਇੱਕ ਵਾਰ ਜ਼ਰੂਰ ਸੁਕਾ ਕਰਕੇ ਸਾਫ਼ ਕਰਨਾ ਚਾਹੀਦਾ ਹੈ ਕੂਲਰਾਂ ਦੀਆਂ ਟੈਂਕੀਆਂ ਨੂੰ ਹਫ਼ਤੇ ਵਿੱਚ ਇੱਕ ਵਾਰ ਜ਼ਰੂਰ ਸੁਕਾ ਕੇ ਸਾਫ਼ ਕਰਨਾ ਚਾਹੀਦਾ ਹੈ ਘਰਾਂ ਦੇ ਛੱਤਾਂ ਤੇ ਰੱਖੀਆਂ ਪਾਣੀ ਦੀਆਂ ਟੈਂਕੀਆਂ ਨੂੰ ਚੰਗੀ ਤਰ੍ਹਾਂ ਢੱਕ ਕੇ ਰੱਖੋ ਟੁੱਟੇ ਭੱਜੇ ਟਾਇਰਾਂ ਵਿੱਚ ਪਾਣੀ ਨਾ ਖੜਨ ਦਿਓ ਮੱਛਰ ਤੋਂ ਬਚਣ ਲਈ ਪੂਰੇ ਕੱਪੜੇ ਪਹਿਨ ਕੇ ਰੱਖੋ ਤੇਜ਼ ਬੁਖ਼ਾਰ ਹੋਣ ਤੇ ਡੇਂਗੂ ਦੇ ਲੱਛਣ ਹੋਣ ਤੇ ਨਜ਼ਦੀਕੀ ਸਿਹਤ ਕੇਂਦਰ ਜਾ ਕੇ ਜ਼ਰੂਰ ਡਾਕਟਰੀ ਸਲਾਹ ਲਵੋ ਟੈਸਟ ਅਤੇ ਇਲਾਜ ਸਰਕਾਰੀ ਹਸਪਤਾਲ ਵਿੱਚ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ। ਇਸ ਮੌਕੇ ਤੇ ਸੁਨੀਲ ਕੁਮਾਰ ਕੁਲਸ਼ਰੇਸ਼ਟਾ ਹੈਲਥ ਵਰਕਰ ਆਸ਼ਾ ਵਰਕਰਾਂ ਅਤੇ ਪਿੰਡ ਸਿਹਤ ਸਫ਼ਾਈ ਸੰਮਤੀ ਦੇ ਮੈਂਬਰ ਹਾਜ਼ਰ ਸਨ।

# ਚੋਣਾਂ ਦੇ ਮੌਸਮ ਵਿੱਚ ਸ਼ਰਾਫਤ ਦੇ ਮਖੌਟੇ ਤੇ ਜਾਗਰੂਕ ਵੋਟਰਾਂ ਦੀ ਨਜ਼ਰ ਨਗਰ ਨਿਗਮ ਚੋਣਾਂ 'ਚ ਪੋਸਟਰਾਂ ਵਾਲੀ ਨਿਮਰਤਾ ਜਾਂ ਅਸਲ ਸੇਵਾ, ਫੈਸਲਾ ਹੁਣ ਲੋਕਾਂ ਦੇ ਹੱਥ



ਬਟਾਲਾ (ਅਵਿਨਾਸ਼ ਸ਼ਰਮਾ) ਨਗਰ ਨਿਗਮ ਚੋਣਾਂ ਦਾ ਮਾਹੌਲ ਜਿਵੇਂ-ਜਿਵੇਂ ਗਰਮ ਹੋ ਰਿਹਾ ਹੈ, ਤਿਵੇਂ-ਤਿਵੇਂ ਸਿਆਸੀ ਪਾਰਟੀਆਂ ਅਤੇ ਉਮੀਦਵਾਰਾਂ ਵੱਲੋਂ ਜਿੱਤ ਯਕੀਨੀ ਬਣਾਉਣ ਲਈ ਹਰ ਤਰ੍ਹਾਂ ਦੇ ਹੱਥਕੰਡੇ ਅਪਨਾਏ ਜਾ ਰਹੇ ਹਨ। ਸ਼ਹਿਰ ਦੀਆਂ ਗਲੀਆਂ ਤੋਂ ਲੈ ਕੇ ਮੁੱਖ ਚੌਰਾਹਿਆਂ ਤੱਕ ਹਰ ਥਾਂ ਵੱਡੇ-ਵੱਡੇ ਪੋਸਟਰ, ਬੈਨਰ ਅਤੇ ਹੋਰਡਿੰਗਜ਼ ਲੱਗੇ ਨਜ਼ਰ ਆ ਰਹੇ ਹਨ, ਜਿਨ੍ਹਾਂ ਵਿੱਚ ਉਮੀਦਵਾਰ ਬੜੀ ਨਿਮਰਤਾ ਨਾਲ ਹੱਥ ਜੋੜੇ, ਸਿਰ ਢੱਕੇ ਅਤੇ ਸ਼ਰਾਫਤ ਦਾ ਚਿਹਰਾ ਪੇਸ਼ ਕਰਦੇ ਵੇਖੇ ਜਾ ਸਕਦੇ ਹਨ। ਚੋਣਾਂ ਦੇ ਇਸ ਦੌਰ ਵਿੱਚ ਕਈ ਉਮੀਦਵਾਰ ਅਜਿਹੇ ਵੀ ਹਨ ਜੋ ਪੰਜ ਸਾਲ ਲੋਕਾਂ ਤੋਂ ਦੂਰ ਰਹਿੰਦੇ ਹਨ, ਪਰ ਜਿਵੇਂ ਹੀ ਚੋਣਾਂ ਨੇੜੇ ਆਉਂਦੀਆਂ ਹਨ ਤਾਂ ਉਹ ਘਰ-ਘਰ ਜਾ ਕੇ ਵੋਟਾਂ ਦੀ ਅਪੀਲ ਕਰਦੇ ਅਤੇ ਲੋਕਾਂ ਅੱਗੇ ਨਿਮਰਤਾ ਦਾ ਪ੍ਰਦਰਸ਼ਨ ਕਰਦੇ ਨਜ਼ਰ ਆਉਂਦੇ ਹਨ। ਸਿਆਸੀ ਮਾਹਿਰਾਂ ਦਾ ਮੰਨਣਾ ਹੈ ਕਿ ਹੁਣ ਲੋਕ ਸਿਰਫ਼ ਪੋਸਟਰਾਂ ਅਤੇ ਵੱਡੇ ਦਾਅਵਿਆਂ ਨਾਲ ਪ੍ਰਭਾਵਿਤ ਨਹੀਂ ਹੁੰਦੇ, ਸਗੋਂ ਉਹ ਉਮੀਦਵਾਰਾਂ ਦੇ ਪਿਛਲੇ ਪੰਜ ਸਾਲਾਂ ਦੇ ਕੰਮਾਂ ਦਾ ਹਿਸਾਬ ਵੀ ਮੰਗਦੇ ਹਨ। ਵੋਟਰਾਂ ਵਿੱਚ ਵੀ ਹੁਣ ਪਹਿਲਾਂ ਨਾਲੋਂ ਕਾਫ਼ੀ ਜਾਗਰੂਕਤਾ ਵੇਖੀ ਜਾ ਰਹੀ ਹੈ। ਲੋਕ ਇਹ ਸਮਝਣ ਲੱਗ ਪਏ ਹਨ ਕਿ ਅਸਲ ਹੱਕਦਾਰ ਉਹੀ ਉਮੀਦਵਾਰ ਹੈ ਜੋ ਚੋਣਾਂ ਤੋਂ ਇਲਾਵਾ ਵੀ ਵਾਰਡ ਦੇ ਲੋਕਾਂ ਦੇ ਸੁਖ-ਦੁੱਖ ਵਿੱਚ ਖੜ੍ਹਾ ਰਹਿੰਦਾ ਹੈ, ਲੋਕਾਂ ਦੀਆਂ ਸਮੱਸਿਆਵਾਂ ਸੁਣਦਾ ਹੈ ਅਤੇ ਵਿਕਾਸ ਲਈ ਇਮਾਨਦਾਰੀ ਨਾਲ ਕੰਮ ਕਰਦਾ ਹੈ। ਚਾਹੇ ਸੜਕਾਂ ਦਾ ਮਸਲਾ ਹੋਵੇ, ਸੀਵਰੇਜ ਦੀ ਸਮੱਸਿਆ, ਸਫ਼ਾਈ ਪ੍ਰਬੰਧ ਜਾਂ ਫਿਰ ਗਰੀਬ ਪਰਿਵਾਰਾਂ ਦੀ ਮਦਦ ਲੋਕ ਹੁਣ ਹਰ ਗੱਲ ਨੂੰ ਧਿਆਨ ਨਾਲ ਵੇਖ ਰਹੇ ਹਨ। ਸਿਰਫ਼ ਚੋਣਾਂ ਦੇ ਦਿਨਾਂ ਵਿੱਚ ਦਿਖਾਵਟੀ ਨਿਮਰਤਾ ਦਿਖਾਉਣ ਵਾਲੇ ਉਮੀਦਵਾਰਾਂ ਅਤੇ ਸਾਲਾਂ ਤੱਕ ਲੋਕਾਂ ਦੀ ਸੇਵਾ ਕਰਨ ਵਾਲੇ ਆਗੂਆਂ ਵਿੱਚ ਫ਼ਰਕ ਹੁਣ ਜਨਤਾ ਚੰਗੀ ਤਰ੍ਹਾਂ ਸਮਝਦੀ ਹੈ। ਸ਼ਹਿਰ ਦੇ ਬੁੱਧੀਜੀਵੀ ਵਰਗ ਦਾ ਕਹਿਣਾ ਹੈ ਕਿ ਇਸ ਵਾਰੀ ਚੋਣਾਂ ਵਿੱਚ ਵੋਟਰ ਚਿਹਰੇ ਨਹੀਂ, ਸਗੋਂ ਚਰਿੱਤਰ ਅਤੇ ਕੰਮ ਦੇ ਆਧਾਰ 'ਤੇ ਫੈਸਲਾ ਕਰਨ ਦੇ ਮੂਡ ਵਿੱਚ ਹਨ। ਇਸ ਕਰਕੇ ਉਹ ਉਮੀਦਵਾਰ ਜਿਨ੍ਹਾਂ ਨੇ ਲੋਕਾਂ ਨਾਲ ਸੱਚਾ ਨਾਤਾ ਜੋੜਿਆ ਹੈ, ਉਹੀ ਜਨਤਾ ਦੀ ਪਹਿਲੀ ਪਸੰਦ ਬਣ ਸਕਦੇ ਹਨ।

# ਭਾਰਤੀ ਰੇਲਵੇ ਵਿੱਚ ਭ੍ਰਿਸ਼ਟਾਚਾਰ ਦੇ ਗੰਭੀਰ ਦੋਸ਼, ਟਰੇਨ ਨੰਬਰ 12380 ਜਲਿਆਂਵਾਲਾ ਬਾਗ ਐਕਸਪ੍ਰੈਸ ਦੇ ਟੀਟੀ ਸਟਾਫ 'ਤੇ ਗੈਰਕਾਨੂੰਨੀ ਵਸੂਲੀ ਦੇ ਇਲਜ਼ਾਮ




ਅੰਮ੍ਰਿਤਸਰ 22 ਮਈ (ਰਾਜੇਸ਼ ਡੈਨੀ) ਭਾਰਤ ਦੇਸ਼ ਦੀਆਂ ਸਭ ਤੋਂ ਵੱਡੀਆਂ ਸਮੱਸਿਆਵਾਂ ਵਿੱਚੋਂ ਇੱਕ ਭ੍ਰਿਸ਼ਟਾਚਾਰ ਹੈ। ਇਸ ਦੀਆਂ ਜੜ੍ਹਾਂ ਇੰਨੀ ਡੂੰਘੀਆਂ ਹੋ ਚੁੱਕੀਆਂ ਹਨ ਕਿ ਇਸ ਨੂੰ ਪੂਰੀ ਤਰ੍ਹਾਂ ਖਤਮ ਕਰਨਾ ਬਹੁਤ ਮੁਸ਼ਕਲ ਦਿਖਾਈ ਦਿੰਦਾ ਹੈ। ਦੇਸ਼ ਦੇ ਵੱਖ-ਵੱਖ ਵਿਭਾਗਾਂ ਵਾਂਗ ਭਾਰਤੀ ਰੇਲਵੇ ਵਿੱਚ ਵੀ ਵੱਡੇ ਪੱਧਰ 'ਤੇ ਭ੍ਰਿਸ਼ਟਾਚਾਰ ਹੋਣ ਦੇ ਦੋਸ਼ ਲਗਾਤਾਰ ਸਾਹਮਣੇ ਆ ਰਹੇ ਹਨ। ਹਰ ਰੋਜ਼ ਹਜ਼ਾਰਾਂ ਟਰੇਨਾਂ ਵਿੱਚ ਲੱਖਾਂ ਯਾਤਰੀ ਸਫਰ ਕਰਦੇ ਹਨ, ਪਰ ਕਈ ਥਾਵਾਂ 'ਤੇ ਰੇਲਵੇ ਸਟਾਫ ਵੱਲੋਂ ਆਪਣੇ ਅਹੁਦਿਆਂ ਦਾ ਗਲਤ ਫਾਇਦਾ ਚੁੱਕਣ ਦੇ ਮਾਮਲੇ ਵੀ ਚਰਚਾ ਦਾ ਵਿਸ਼ਾ ਬਣ ਰਹੇ ਹਨ। ਇੱਕ ਗੰਭੀਰ ਮਾਮਲਾ ਸਾਹਮਣੇ ਆਇਆ ਹੈ, ਜਿਸ ਵਿੱਚ ਅੰਮ੍ਰਿਤਸਰ ਤੋਂ ਚੱਲਣ ਵਾਲੀ ਜਲਿਆਂਵਾਲਾ ਬਾਗ ਐਕਸਪ੍ਰੈਸ ਟਰੇਨ ਨੰਬਰ 12380, ਜੋ ਮਿਤੀ 17-05-2026 ਨੂੰ ਅੰਮ੍ਰਿਤਸਰ ਤੋਂ ਸਿਆਲਦਾਹ ਲਈ ਰਵਾਨਾ ਹੋਈ ਸੀ, ਦੇ ਟੀਟੀ ਸਟਾਫ 'ਤੇ ਗੈਰਕਾਨੂੰਨੀ ਤੌਰ 'ਤੇ ਪੈਸੇ ਵਸੂਲਣ ਦੇ ਦੋਸ਼ ਲੱਗੇ ਹਨ। ਇਸ ਟਰੇਨ ਵਿੱਚ ਟਰੇਨ ਕੈਪਟਨ ਵਜੋਂ ਐਨ.ਸੀ. ਦਾਸ, ਰਾਮੇ ਕੁਮਾਰ ਅਤੇ ਹੋਰ ਟੀਟੀ ਸਟਾਫ ਤਾਇਨਾਤ ਸੀ। ਦੱਸਿਆ ਜਾ ਰਿਹਾ ਹੈ ਕਿ ਅੰਮ੍ਰਿਤਸਰ ਤੋਂ ਇੱਕ ਯਾਤਰੀ, ਜਿਸ ਕੋਲ ਜਨਰਲ ਟਿਕਟ ਮੌਜੂਦ ਸੀ, ਨੇ ਲੁਧਿਆਣਾ ਤੱਕ ਸਫਰ ਕਰਨ ਲਈ ਬੇਨਤੀ ਕੀਤੀ। ਇਸ ਦੌਰਾਨ ਟੀਟੀ ਐਨ.ਸੀ. ਦਾਸ ਵੱਲੋਂ ਉਸ ਯਾਤਰੀ ਪਾਸੋਂ 200 ਰੁਪਏ ਵੱਖਰੇ ਲਏ ਗਏ ਅਤੇ ਉਸ ਨੂੰ ਥਰੀ ਟਾਇਰ ਏਸੀ ਵਿੱਚ ਸੀਟ ਮੁਹੱਈਆ ਕਰਵਾਈ ਗਈ। ਘਰੇਲੂ ਕਾਰਨਾਂ ਕਰਕੇ ਉਸੇ ਯਾਤਰੀ ਨੂੰ ਲੁਧਿਆਣਾ ਤੋਂ ਚੰਡੀਗੜ੍ਹ ਜਾਣ ਦੀ ਲੋੜ ਪਈ। ਯਾਤਰੀ ਵੱਲੋਂ ਦੁਬਾਰਾ ਬੇਨਤੀ ਕਰਨ 'ਤੇ ਟੀਟੀ ਸਟਾਫ ਵੱਲੋਂ ਉਸ ਪਾਸੋਂ ਹੋਰ 200 ਰੁਪਏ ਵਸੂਲੇ ਗਏ ਅਤੇ ਉਸ ਨੂੰ ਅੰਬਾਲਾ ਤੱਕ ਸਫਰ ਕਰਨ ਦੀ ਇਜਾਜ਼ਤ ਦੇ ਦਿੱਤੀ ਗਈ। ਸਭ ਤੋਂ ਹੈਰਾਨੀਜਨਕ ਗੱਲ ਇਹ ਰਹੀ ਕਿ ਟੀਟੀ ਸਟਾਫ ਵੱਲੋਂ ਕਿਸੇ ਵੀ ਤਰ੍ਹਾਂ ਦੀ ਸਰਕਾਰੀ ਰੇਲਵੇ ਰਸੀਦ ਜਾਰੀ ਨਹੀਂ ਕੀਤੀ ਗਈ। ਦੋਸ਼ ਹੈ ਕਿ ਵਸੂਲ ਕੀਤੀ ਗਈ ਇਹ ਰਕਮ ਸਿੱਧੀ ਆਪਣੀ ਜੇਬ ਵਿੱਚ ਪਾਈ ਗਈ। ਹੋਰ ਕਈ ਯਾਤਰੀਆਂ ਪਾਸੋਂ ਵੀ ਇਸੇ ਤਰ੍ਹਾਂ ਘੱਟ ਕਰਾਇਆ ਲੈ ਕੇ ਬਿਨਾਂ ਰਸੀਦ ਦੇ ਸਫਰ ਕਰਨ ਦੀ ਇਜਾਜ਼ਤ ਦਿੱਤੀ ਗਈ। ਜਦੋਂ ਇਹ ਮਾਮਲਾ ਸਾਡੇ ਧਿਆਨ ਵਿੱਚ ਆਇਆ ਤਾਂ ਤੁਰੰਤ ਈਸਟਰਨ ਰੇਲਵੇ ਦੇ ਉੱਚ ਅਧਿਕਾਰੀਆਂ ਨੂੰ ਇਸ ਸਬੰਧੀ ਜਾਣਕਾਰੀ ਅਤੇ ਸਬੂਤ ਭੇਜੇ ਗਏ। ਹੁਣ ਸਭ ਤੋਂ ਵੱਡਾ ਸਵਾਲ ਇਹ ਉੱਠਦਾ ਹੈ ਕਿ ਟਰੇਨ ਵਿੱਚ ਖੁੱਲ੍ਹੇਆਮ ਹੋ ਰਹੀ ਇਸ ਕਿਸਮ ਦੀ ਕਰਪਸ਼ਨ ਕੀ ਸਿਰਫ ਕੁਝ ਟੀਟੀ ਕਰ ਰਹੇ ਹਨ ਜਾਂ ਫਿਰ ਇਸ ਦੇ ਪਿੱਛੇ ਹੋਰ ਅਧਿਕਾਰੀਆਂ ਦੀ ਵੀ ਮਿਲੀਭੁਗਤ ਹੈ। ਇਸ ਪੂਰੇ ਮਾਮਲੇ ਦੀ ਉੱਚ ਪੱਧਰੀ ਜਾਂਚ ਦੀ ਮੰਗ ਕੀਤੀ ਜਾ ਰਹੀ ਹੈ। ਇਹ ਮਾਮਲਾ ਭਾਰਤ ਦੇ ਰੇਲ ਮੰਤਰੀ ਅਤੇ ਪ੍ਰਧਾਨ ਮੰਤਰੀ ਦਫ਼ਤਰ ਤੱਕ ਵੀ ਭੇਜਣ ਦੀ ਤਿਆਰੀ ਕੀਤੀ ਜਾ ਰਹੀ ਹੈ, ਤਾਂ ਜੋ ਭ੍ਰਿਸ਼ਟਾਚਾਰ ਵਿੱਚ ਸ਼ਾਮਲ ਕਿਸੇ ਵੀ ਅਧਿਕਾਰੀ ਜਾਂ ਕਰਮਚਾਰੀ ਖ਼ਿਲਾਫ਼ ਸਖ਼ਤ ਕਾਰਵਾਈ ਯਕੀਨੀ ਬਣਾਈ ਜਾ ਸਕੇ।

# ਟਿੱਪਰ ਤੇ ਸਕੂਲੀ ਬੱਸ ਦੀ ਟੱਕਰ ਤੋਂ ਬਾਅਦ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਪਹੁੰਚੇ ਹਸਪਤਾਲ; ਖ਼ੁੱਦ ਕੀਤਾ ਬੱਚਿਆਂ ਦਾ ਚੈਕਅੱਪ



ਹੁਸ਼ਿਆਰਪੁਰ 22 ਮਈ (ਪਰਮਿੰਦਰ ਘੁੰਮਣ) ਸਥਾਨਕ ਦੋਸੜਕਾ-ਸ਼ਾਮਚੁਰਾਸੀ ਰੋਡ 'ਤੇ ਅੱਜ ਦੁਪਹਿਰ ਸਮੇਂ ਟਿੱਪਰ ਅਤੇ ਸਕੂਲੀ ਵਿਦਿਆਰਥੀਆਂ ਦੀ ਬੱਸ ਵਿਚਾਲੇ ਹੋਏ ਹਾਦਸੇ ਤੋਂ ਤੁਰੰਤ ਬਾਅਦ ਪੰਜਾਬ ਦੇ ਜੇਲਾਂ ਅਤੇ ਪ੍ਰਵਾਸੀ ਭਾਰਤੀ ਮਾਮਲੇ ਮੰਤਰੀ ਡਾ. ਰਵਜੋਤ ਸਿੰਘ ਨੇ ਸਿਵਲ ਹਸਪਤਾਲ ਵਿਖੇ ਪਹੁੰਚ ਕੇ ਖ਼ੁੱਦ ਬੱਚਿਆਂ ਦਾ ਚੈਕਅੱਪ ਕਰਨ ਦੇ ਨਾਲ-ਨਾਲ ਸੁੱਖ-ਸਾਂਦ ਦੀ ਜਾਣਕਾਰੀ ਲੈਂਦਿਆਂ ਮੁੱਢਲੀ ਡਾਕਟਰੀ ਸਹਾਇਤਾ ਮੁਹੱਈਆ ਕਰਵਾਈ। ਜੇਲਾਂ ਅਤੇ ਪ੍ਰਵਾਸੀ ਭਾਰਤੀ ਮਾਮਲੇ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਹਾਦਸੇ ਬਾਰੇ ਪਤਾ ਲੱਗਦੇ ਸਾਰ ਹੀ ਡਾਕਟਰਾਂ ਦੀ ਟੀਮ ਨੂੰ ਤੁਰੰਤ ਇਲਾਜ ਲਈ ਕਿਹਾ ਗਿਆ ਅਤੇ ਮੌਜੂਦਾ ਸਮੇਂ ਬੱਸ ਡਰਾਈਵਰ ਅਤੇ ਸਾਰੇ ਬੱਚੇ ਪੂਰੀ ਤਰ੍ਹਾਂ ਸੁਰੱਖਿਅਤ ਹਨ। ਕੁਝ ਬੱਚਿਆਂ ਨੂੰ ਮੁੱਢਲੇ ਇਲਾਜ ਉਪਰੰਤ ਸੀ.ਐਸ.ਸੀ. ਸ਼ਾਮਚੁਰਾਸੀ ਤੋਂ ਡਿਸਚਾਰਜ ਕਰ ਦਿੱਤਾ ਗਿਆ। 4 ਬੱਚਿਆਂ ਦੇ ਮਾਮੂਲੀ ਸੱਟਾਂ ਲੱਗਣ ਕਾਰਨ ਉਨ੍ਹਾਂ ਨੂੰ ਸਿਵਲ ਹਸਪਤਾਲ ਹੁਸ਼ਿਆਰਪੁਰ ਲਿਆਂਦਾ ਗਿਆ ਜਿਥੇ ਉਨ੍ਹਾਂ ਦਾ ਲੋੜੀਂਦਾ ਇਲਾਜ ਸ਼ੁਰੂ ਕੀਤਾ ਗਿਆ। ਸਿਵਲ ਹਸਪਤਾਲ ਵਿਚ ਦਾਖਲ ਬੱਚਿਆਂ ਦੀ ਸਕੈਨ ਕਰਨ ਉਪਰੰਤ ਰਿਪੋਰਟ ਆਉਣ 'ਤੇ ਉਨ੍ਹਾਂ ਨੂੰ ਲੋੜੀਂਦੇ ਇਲਾਜ ਤੋਂ ਬਾਅਦ ਡਿਸਚਾਰਜ ਕਰ ਦਿੱਤਾ ਜਾਵੇਗਾ। ਕੈਬਨਿਟ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਪੁਲਿਸ ਪ੍ਰਸ਼ਾਸਨ ਨੂੰ ਨਿਰਦੇਸ਼ ਦਿੱਤੇ ਹਨ ਕਿ ਇਸ ਮਾਮਲੇ ਵਿਚ ਬਣਦੀ ਕਾਰਵਾਈ ਨੂੰ ਅਮਲ ਵਿਚ ਲਿਆਂਦਾ ਜਾਵੇ ਤਾਂ ਜੋ ਕੋਈ ਭਵਿੱਖ ਵਿਚ ਅਜਿਹੀ ਲਾਪ੍ਰਵਾਹੀ ਨਾ ਕਰੇ। ਜ਼ਿਕਰਯੋਗ ਹੈ ਕਿ ਇਹ ਹਾਦਸਾ ਟਿੱਪਰ ਅਤੇ ਸਨਵੈਲੀ ਇੰਟਰਨੈਸ਼ਨਲ ਸਕੂਲ ਦੀ ਵਿਦਿਆਰਥੀਆਂ ਵਾਲੀ ਬੱਸ ਵਿਚਾਲੇ ਵਾਪਰਿਆ।

# ਤਕਨੀਕੀ ਕਾਲਜਾਂ 'ਚ ਦਾਖਲੇ ਲਈ ਆਨਲਾਈਨ ਰਜਿਸਟ੍ਰੇਸ਼ਨ ਸ਼ੁਰੂ; ਵਿਦਿਆਰਥੀਆਂ ਦੀ ਸਹੂਲਤ ਲਈ ਹੈਲਪ ਡੈਸਕ ਸਥਾਪਿਤ

ਹੁਸ਼ਿਆਰਪੁਰ 22 ਮਈ (ਪਰਮਿੰਦਰ ਘੁੰਮਣ) ਪੰਜਾਬ ਦੇ ਵੱਖ-ਵੱਖ ਤਕਨੀਕੀ ਕਾਲਜਾਂ ਵਿਚ ਨਵੇਂ ਸੈਸ਼ਨ ਵਿਚ ਦਾਖਲਾ ਲੈਣ ਲਈ ਸ਼ੁਰੂ ਹੋਈ ਆਨਲਾਈਨ ਰਜਿਸਟ੍ਰੇਸ਼ਨ ਦੇ ਸਬੰਧ ਵਿਚ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਸਥਾਨਕ ਪੰਡਤ ਜਗਤ ਰਾਮ ਸਰਕਾਰੀ ਬਹੁਤਕਨੀਕੀ ਕਾਲਜ ਵਿਖੇ ਇੱਛੁਕ ਵਿਦਿਆਰਥੀਆਂ ਦੀ ਸਹੂਲਤ ਲਈ ਹੈਲਪ ਡੈਸਕ ਸਥਾਪਿਤ ਕੀਤਾ ਗਿਆ ਹੈ ਜੋ ਤਕਨੀਕੀ ਸਿੱਖਿਆ ਹਾਸਲ ਕਰਨ ਦੇ ਚਾਹਵਾਨ ਵਿਦਿਆਰਥੀਆਂ ਨੂੰ ਲੋੜੀਂਦੀ ਜਾਣਕਾਰੀ ਮੁਹੱਈਆ ਕਰਵਾਏਗਾ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਦਸਵੀਂ ਪਾਸ ਕਰ ਚੁੱਕੇ ਵਿਦਿਆਰਥੀ ਇੰਜੀਨੀਅਰਿੰਗ ਡਿਪਲੋਮਾ ਦੇ ਪਹਿਲੇ ਸਾਲ ਵਿਚ ਦਾਖਲਾ ਲੈ ਸਕਦੇ ਹਨ ਜਦਕਿ ਆਈ.ਟੀ.ਆਈ. (ਦੋ ਸਾਲ), 12ਵੀਂ ਵੋਕੇਸ਼ਨਲ, 12ਵੀਂ ਸਾਇੰਸ ਪਾਸ ਕਰ ਚੁੱਕੇ ਵਿਦਿਆਰਥੀ ਦੂਜੇ ਸਾਲ ਵਿਚ ਦਾਖਲਾ ਲੈ ਸਕਦੇ ਹਨ। ਉਨ੍ਹਾਂ ਦੱਸਿਆ ਕਿ ਮੌਜੂਦ ਮੁਕਾਬਲੇਬਾਜ਼ੀ ਦੇ ਦੌਰ ਵਿਚ ਤਕਨੀਕੀ ਸਿੱਖਿਆ ਦਾ ਬਹੁਤ ਮਹੱਤਵਪੂਰਨ ਸਥਾਨ ਹੈ ਅਤੇ ਚਾਹਵਾਨ ਵਿਦਿਆਰਥੀਆਂ ਨੂੰ ਆਨਲਾਈਨ ਰਜਿਸਟ੍ਰੇਸ਼ਨ ਦੇ ਨਾਲ-ਨਾਲ ਵੱਖ-ਵੱਖ ਤਕਨੀਕੀ ਸਿੱਖਿਆ ਹਾਸਲ ਕਰਨ ਬਾਰੇ ਸਰਕਾਰੀ ਬਹੁਤਕਨੀਕੀ ਕਾਲਜ ਵਿਚ ਸਟਾਫ਼ ਦੀਆਂ ਵਿਸ਼ੇਸ਼ ਡਿਊਟੀਆਂ ਲਗਾਈਆਂ ਗਈਆਂ ਹਨ। ਇਨ੍ਹਾਂ ਕੋਰਸਾਂ ਲਈ ਆਨਲਾਈਨ ਰਜਿਸਟ੍ਰੇਸ਼ਨ ਸ਼ੁਰੂ ਹੋ ਚੁੱਕੀ ਹੈ ਜਿਸ ਦਾ ਚਾਹਵਾਨ ਵਿਦਿਆਰਥੀਆਂ ਨੂੰ ਲਾਭ ਲੈਣਾ ਚਾਹੀਦਾ ਹੈ। ਕਾਲਜ ਪ੍ਰਿੰਸੀਪਲ ਰਾਜੇਸ਼ ਕੁਮਾਰ ਨੇ ਦੱਸਿਆ ਕਿ ਵਿਦਿਆਰਥੀ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਸੂਬੇ ਭਰ ਵਿਚ ਚੱਲ ਰਹੇ ਤਕਨੀਕੀ ਕੋਰਸਾਂ ਦੀ ਜਾਣਕਾਰੀ ਦੇਣ ਲਈ ਵਿਸ਼ੇਸ਼ ਗਾਈਡੈਂਸ ਸੈੱਲ ਵੀ ਸਥਾਪਿਤ ਕੀਤਾ ਗਿਆ ਹੈ। ਸੈੱਲ ਵਲੋਂ ਕਾਲਜ ਵਿਖੇ ਚੱਲ ਰਹੇ ਵੱਖ-ਵੱਖ ਇੰਜੀਨੀਅਰਿੰਗ ਡਿਪਲੋਮਾ ਕੋਰਸਾਂ ਅਤੇ ਫਾਰਮੇਸੀ ਕੋਰਸਾਂ ਬਾਰੇ ਵਡਮੁਲੀ ਜਾਣਕਾਰੀ ਦਿੱਤੀ ਜਾ ਰਹੀ ਹੈ। ਸਰਕਾਰੀ ਬਹੁਤਕਨੀਕੀ ਕਾਲਜ 1962 ਤੋਂ ਲਗਾਤਾਰ ਸਿੱਖਿਆ ਦੇ ਖੇਤਰ ਵਿਚ ਵਡਮੁਲਾ ਯੋਗਦਾਨ ਪਾ ਰਿਹਾ ਹੈ ਅਤੇ ਇਸ ਕਾਲਜ ਨੂੰ ਉਤਰੀ ਭਾਰਤ ਦਾ ਸਭ ਤੋਂ ਵਧੀਆ ਪੌਲੀਟੈਕਨਿਕ ਕਾਲਜ ਵੀ ਘੋਸ਼ਿਤ ਕੀਤਾ ਜਾ ਚੁੱਕਾ ਹੈ। ਕਾਲਜ ਵਿਚ ਸਿਵਲ, ਇਲੈਕਟ੍ਰੀਕਲ, ਮਕੈਨੀਕਲ ਇੰਜੀਨੀਅਰਿੰਗ, ਈ.ਸੀ.ਈ., ਕੰਪਿਊਟਰ ਸਾਇੰਸ ਐਂਡ ਇੰਜੀਨੀਅਰਿੰਗ, ਕੈਮੀਕਲ ਇੰਜੀਨੀਅਰਿੰਗ (ਪਲਾਸਟਿਕ ਅਤੇ ਪੌਲੀਮਰ) ਅਤੇ ਫਾਰਮੇਸੀ ਡਿਪਲੋਮੇ ਦੇ ਕੋਰਸ ਚੱਲ ਰਹੇ ਹਨ।

# ਆਸ ਸੋਸ਼ਲ ਵੈੱਲਫੇਅਰ ਸੁਸਾਇਟੀ ਵੱਲੋਂ ਮੈਰਿਟ ਹਾਸਲ ਵਿਦਿਆਰਥੀਆਂ ਦਾ ਅੱਜ ਹੋਵੇਗਾ ਸਨਮਾਨ: ਤੂਰ, ਭੰਗਲ





ਬੰਗਾ/ਨਵਾਂ ਸ਼ਹਿਰ 22 ਮਈ (ਮਨਜਿੰਦਰ ਸਿੰਘ) ਆਸ ਸੋਸ਼ਲ ਵੈੱਲਫੇਅਰ ਸੁਸਾਇਟੀ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹੇ ਦੇ ਸਰਕਾਰੀ ਸਕੂਲਾਂ ਵਿੱਚੋਂ 8ਵੀਂ, 10ਵੀਂ ਅਤੇ 12ਵੀਂ ਕਲਾਸਾਂ ਵਿੱਚ ਮੈਰਿਟ ਹਾਸਲ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਜਾਵੇਗਾ। ਇਹ ਸਮਾਗਮ ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨਵਾਂ ਸ਼ਹਿਰ ਵਿਖੇ ਪ੍ਰਿੰਸੀਪਲ ਸ. ਸਰਬਜੀਤ ਸਿੰਘ ਦੀ ਅਗਵਾਈ ਹੇਠ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੁਸਾਇਟੀ ਦੇ ਸਰਪ੍ਰਸਤ ਸ. ਸੁਖਵਿੰਦਰ ਸਿੰਘ ਤੂਰ ਅਤੇ ਪ੍ਰਧਾਨ ਸ. ਜੋਵਨਪ੍ਰੀਤ ਸਿੰਘ ਭੰਗਲ ਨੇ ਦੱਸਿਆ ਕਿ ਸਮਾਗਮ ਦਾ ਉਦੇਸ਼ ਵਿਦਿਆਰਥੀਆਂ ਨੂੰ ਸਿੱਖਿਆ ਪ੍ਰਤੀ ਹੋਰ ਪ੍ਰੇਰਿਤ ਕਰਨਾ ਅਤੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕਰਨਾ ਹੈ। ਉਨ੍ਹਾਂ ਦੱਸਿਆ ਕਿ ਇਸ ਸਮਾਗਮ ਦੇ ਮੁੱਖ ਮਹਿਮਾਨ ਉੱਘੇ ਸਮਾਜ ਸੇਵੀ ਸ਼੍ਰੀ ਗੁਰਚਰਨ ਅਰੋੜਾ ਹੋਣਗੇ। ਉਨ੍ਹਾਂ ਇਹ ਵੀ ਕਿਹਾ ਕਿ ਸਮਾਗਮ ਦੌਰਾਨ ਵਿਦਿਆਰਥੀਆਂ ਲਈ ਕੈਰੀਅਰ ਕਾਉਂਸਲਿੰਗ ਸਬੰਧੀ ਵਿਸ਼ੇਸ਼ ਗੱਲਬਾਤ ਕੀਤੀ ਜਾਵੇਗੀ ਤਾਂ ਜੋ ਉਹ ਆਪਣੇ ਭਵਿੱਖ ਲਈ ਸਹੀ ਦਿਸ਼ਾ ਚੁਣ ਸਕਣ। ਇਸ ਮੌਕੇ ਸ. ਪਰਮਿੰਦਰ ਪਾਲ ਸਿੰਘ ਬਕਸ਼ੀ (ਜਨਰਲ ਸਕੱਤਰ), ਸ਼੍ਰੀ ਕਮਲ ਕੁਮਾਰ ਗੋਗਨਾ, ਸ. ਮੱਖਣ ਸਿੰਘ, ਸ਼੍ਰੀ ਰਜਿੰਦਰ ਨਾਥ ਸ਼ਰਮਾ (ਸੀਨੀਅਰ ਮੀਤ ਪ੍ਰਧਾਨ), ਸ਼੍ਰੀ ਗੁਲਸ਼ਨ ਰਾਣਾ, ਮਾਸਟਰ ਬਖਸੀਸ ਸਿੰਘ ਸੈਂਭੀ ਅਤੇ ਸ਼੍ਰੀ ਅਸ਼ੋਕ ਕੁਮਾਰ (ਰਿਟਾਇਰਡ ਪ੍ਰਿੰਸੀਪਲ) ਵੀ ਹਾਜ਼ਰ ਸਨ।

# ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦਾ 3.11 ਲੱਖ ਤੋਂ ਜ਼ਿਆਦਾ ਸਰਜਰੀਆ



ਨਵਾਂਸ਼ਹਿਰ 22 ਮਈ (ਜਤਿੰਦਰ ਪਾਲ ਸਿੰਘ ਕਲੇਰ) ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਵਲੋਂ ਮੁੱਖ ਮੰਤਰੀ ਸਿਹਤ ਯੋਜਨਾ ਦਾ ਪੰਜਾਬੀ ਵੱਧ ਤੋਂ ਵੱਧ ਲਾਭ ਲੈ ਰਹੇ ਹਨ ਹੁਣ ਤੱਕ 1.59 ਲੱਖ ਲਾਭਪਾਤਰੀਆਂ ਦਾ ਇਲਾਜ਼ ਹੋ ਚੁੱਕਾ ਹੈ ਜਦਕਿ 3.11 ਲੱਖ ਤੋਂ ਜਿਆਦਾ ਸਰਜਰੀਆ ਹੋ ਚੁੱਕੀਆਂ ਹਨ ਸਰਕਾਰ ਵਲੋਂ 44 ਲੱਖ ਤੋਂ ਜ਼ਿਆਦਾ ਸਿਹਤ ਕਾਰਡ ਜਾਰੀ ਕੀਤੇ ਜਾ ਚੁੱਕੇ ਹਨ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਚੇਅਰਮੈਨ ਗੁੱਜਰ ਵੈਲਫੇਅਰ ਬੋਰਡ ਪੰਜਾਬ ਦੇ ਬ੍ਰਿਗੇਡੀਅਰ ਰਾਜ ਕੁਮਾਰ ਨੇ ਕੀਤਾ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਲੋਕਾਂ ਨੂੰ ਚੰਗੀਆਂ ਸਿਹਤ ਸੁਵਿਧਾਵਾਂ ਦੇਣ ਲਈ ਪੂਰੀ ਤਰ੍ਹਾਂ ਵਚਨਬੱਧ ਹਨ ਸਰਕਾਰੀ ਹਸਪਤਾਲਾਂ ਵਿੱਚ ਮਰੀਜ਼ਾਂ ਨੂੰ ਇਲਾਜ਼ ਦੇ ਅਨੁਸਾਰ ਮੁਫਤ ਦਵਾਈਆਂ ਤੇ ਫ੍ਰੀ ਟੈਸਟਾਂ ਦੀ ਸੁਵਿਧਾਵਾ ਪ੍ਰਦਾਨ ਕੀਤੀ ਜਾ ਰਹੀ ਹੈ ਸੂਚੀਬੱਧ ਹਸਪਤਾਲ ਵਿੱਚ ਬਿਨਾਂ ਕਿਸੇ ਭੇਦਭਾਵ ਦੇ 10 ਲੱਖ ਰੁਪਏ ਦਾ ਮੁਫਤ ਇਲਾਜ਼ ਕੀਤਾ ਜਾ ਰਿਹਾ ਹੈ ਜਿਸਦਾ ਜ਼ਿਆਦਾ ਤੋਂ ਜ਼ਿਆਦਾ ਲੋਕ ਲਾਭ ਲੈ ਰਹੇ ਹਨ ਪੰਜਾਬ ਦੇ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਪਬਲਿਕ ਦੀ ਚੰਗੀ ਸਿਹਤ ਬਰਕਰਾਰ ਰੱਖਣ ਲਈ ਪੂਰੀ ਤਰ੍ਹਾਂ ਨਾਲ ਸਰਕਾਰ ਵਲੋਂ ਚੋਣਾਂ ਦੌਰਾਨ ਕੀਤੇ ਵਾਅਦਿਆਂ ਨੂੰ ਇਕ ਇਕ ਕਰਕੇ ਪੂਰਾ ਕਰ ਰਹੇ ਹਨ ਆਉਣ ਵਾਲੇ 2027 ਵਿਧਾਨ ਸਭਾ ਚੋਣਾ ਵਿੱਚ ਆਮ ਆਦਮੀ ਪਾਰਟੀ ਭਾਰੀ ਬਹੁਮਤ ਨਾਲ ਜਿੱਤ ਕੇ ਇਕ ਵਾਰ ਫਿਰ ਸਰਕਾਰ ਬਣਾਵੇਗੀ

# ਬਾਬਾ ਜੀ ਦਾ ਜਨਮਦਿਨ ਕੇਕ ਕੱਟ ਕੇ ਬੜੀ ਸ਼ਰਧਾ ਨਾਲ ਮਨਾਇਆ



ਕਰਤਾਰਪੁਰ 22 ਮਈ (ਦਿਨੇਸ਼ ਕੁਮਾਰ) ਕਰਤਾਰਪੁਰ ਦੇ ਆਰੀਆ ਨਗਰ ਬੋਹੜ ਵਾਲੀ ਗਲੀ ਵਿੱਚ ਸਥਿਤ ਲੱਖ ਦਾਤਾ ਲਾਲਾਂ ਵਾਲਾ ਪੀਰ ਜੀ ਦੇ ਦਰਬਾਰ ਤੇ ਬਾਬਾ ਜੀ ਦਾ ਜਨਮਦਿਨ ਕੇਕ ਕੱਟ ਕੇ ਬੜੀ ਧੂਮ ਧਾਮ ਅਤੇ ਸ਼ਰਧਾ ਨਾਲ ਮਨਾਇਆ ਗਿਆ ਦਰਬਾਰ ਦੇ ਗੱਦੀ ਨਸ਼ੀਨ ਸਾਈਂ ਸਮਰ ਸ਼ਾਹ ਜੀ▾ਲੱਖ ਦਾਤਾ ਲਾਲਾਂ ਵਾਲਾ ਪੀਰ ਜੀ,ਦਾ ਜਨਮਦਿਨ ਬੜੀ ਸ਼ਰਧਾ ਨਾਲ ਮਨਾਇਆ ਗਿਆ ਇਸ ਮੌਕੇ ਤੇ ਬਸਪਾ ਪਾਰਟੀ ਦੇ ਉਮੀਦਵਾਰ ਗਿਆਨ ਚੰਦ ਪਾਲ, ਵਿਨੋਦ ਕਲੇਰ, ਸੰਦੀਪ ਕੁਮਾਰ ਰਾਜੂ, ਕਰਨ ਕਲੇਰ, ਸੰਨੀ ਢੰਡਾ,ਰਵੀ ਕੁਮਾਰ ਸੋਨੂੰ,ਬੋਬੀ ਕਲੇਰ,ਸੂਰਜ ਪਾਲ, ਰਾਹੁਲ ਕਲੇਰ,ਆਦਿ ਸ਼ਰਧਾਲੂ ਹਾਜਰ ਸਨ

# ਮੁਹਿੰਮ ਯੁੱਧ ਨਸ਼ਿਆਂ ਵਿਰੁੱਧ: ਨਿਊ ਹਰਦਿਆਲ ਨਗਰ ਵਿਖੇ ਵਿਜੇ ਕੁਮਾਰ ਉਰਫ ਲੱਡੂ ਦਾ ਘਰ ਢਾਇਆ



ਜਲੰਧਰ (ਪਰਮਜੀਤ ਸਿੰਘ) ਪੰਜਾਬ ਸਰਕਾਰ ਵੱਲੋਂ ਚਲਾਈ ਗਈ ਮੁਹਿੰਮ ਯੁੱਧ ਨਸ਼ਿਆਂ ਦੇ ਵਿਰੁੱਧ ਤਹਿਸ ਅੱਜ ਨਿਊ ਹਰਦਿਆਲ ਨਗਰ ਵਿਖੇ ਵਿਜੇ ਕੁਮਾਰ ਉਰਫ ਲੱਡੂ ਦਾ ਘਰ ਢਾਇਆ ਗਿਆ ਜਿਸ ਦੇ ਉੱਤੇ 13 ਮਾਮਲੇ ਐਨਡੀਪੀਐਸ ਅਤੇ ਸੱਤ ਹੋਰ ਅਪਰਾਧਿਕ ਮਾਮਲੇ ਦਰਜ ਹਨ ਇਹ ਜਾਣਕਾਰੀ ਏਡੀਸੀਪੀ ਸੁਵਨਜੀਤ ਸਿੰਘ ਨੇ ਦਿੱਤੀ।ਏਟੀਪੀ ਰਵਿੰਦਰ ਕੁਮਾਰ ਮੁਤਾਬਿਕ ਇਸ ਦਾ ਘਰ ਛੇ ਮਹੀਨੇ ਪਹਿਲਾਂ ਵੀ ਢਾਇਆ ਗਿਆ ਸੀ ਜਿਸ ਵੱਲੋਂ ਇਲੀਗਲ ਕੰਸਟਰਕਸ਼ਨ ਕੀਤੀ ਗਈ ਸੀ ਹਾਲਾਂਕਿ ਨਗਰ ਨਿਗਮ ਵੱਲੋਂ ਕਈ ਵਾਰ ਇਸ ਨੂੰ ਨੋਟਿਸ ਜਾਰੀ ਕੀਤੇ ਗਏ ਸਨ ਪਰ ਇਸ ਵੱਲੋਂ ਕੋਈ ਵੀ ਜਵਾਬ ਨਹੀਂ ਦਿੱਤਾ ਗਿਆ ਜਿਸ ਕਰਕੇ ਇਸ ਦੇ ਘਰ ਤੇ ਅੱਜ ਪੀਲਾ ਪੰਜਾ ਚਲਾਇਆ ਗਿਆ ਹੈ।

# ਪੱਤਰਕਾਰ ਜਸਬੀਰ ਸਿੰਘ ਭੋਲਾ ਦੇ ਮਾਤਾ ਹਰਜੀਤ ਕੌਰ ਜੀ ਦਾ ਨਿਧਨ; ਅੰਤਿਮ ਅਰਦਾਸ 27 ਮਈ ਨੂੰ



ਜੰਡਿਆਲਾ ਗੁਰੂ 22 ਮਈ (ਡਾ.ਨਰਿੰਦਰ ਗਹਿਰੀ ਮੰਡੀ) ਬੀਤੇ ਦਿਨ 18 ਮਈ ਨੂੰ ਪੱਤਰਕਾਰ ਜਸਬੀਰ ਸਿੰਘ ਭੋਲਾ ਮਾਨਾਂਵਾਲ ਜੀ ਟੀ ਰੋਡ ਅੰਮ੍ਰਿਤਸਰ ਦੀ ਮਾਤਾ ਸਰਦਾਰਨੀ ਹਰਜੀਤ ਕੌਰ ਪਤਨੀ ਸਵ: ਸ੍ਰ: ਜਗਤਾਰ ਸਿੰਘ ਜੀ ਉਮਰ ਕਰੀਬ 73 ਸਾਲ ਜੋ ਅੰਮ੍ਰਿਸਰ ਸਾਹਿਬ ਤੋਂ ਆਪਣੇ ਪਿੰਡ ਮਾਨਾਂਵਾਲ ਵਿਖੇ ਆ ਰਹੇ ਸਨ ਅਤੇ ਰਸਤੇ ਵਿੱਚ ਹੀ ਗੋਲਡਨ ਗੇਟ ਦੇ ਨਜਦੀਕ ਅਚਾਨਕ ਹੀ ਸੰਸਾਰਕ ਯਾਤਰਾ ਪੂਰੀ ਕਰਦੇ ਹੋਏ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ ਮਾਤਾ ਹਰਜੀਤ ਕੌਰ ਜੀ ਦੀ ਅੰਤਿਮ ਅਰਦਾਸ 27 ਮਈ ਦਿਨ ਬੁੱਧਵਾਰ ਨੂੰ ਹੋਵੇਗੀ ਮਾਤਾ ਹਰਜੀਤ ਕੌਰ ਜੀ ਦੀ ਰੂਹ ਕਲਿਆਣ ਲਈ ਉਨਾਂ ਦੇ ਗ੍ਰਹਿ ਵਿਖੇ ਤਿੰਨ ਰੋਜ ਤੋਂ ਆਰੰਭ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ ਅਤੇ ਭੋਗ ਤੋਂ ਉਪਰੰਤ ਬੈਸਟ ਪਰਾਈਜ ਦੇ ਸਹਾਮਣੇ ਗੁਰਦੁਆਰਾ ਬਾਬਾ ਛੱਜੋ ਜੀ ਵਿਖੇ ਸਰਧਾਂਜਲੀ ਸਮਾਰੋਹ ਅਤੇ ਅੰਤਿਮ ਅਰਦਾਸ ਹੋਵੇਗੀ ਵਿਛੜੀ ਰੂਹ ਦੇ ਪ੍ਰਥਾਏ 1 ਵਜੇ ਤੋਂ 2 ਵਜੇ ਤੱਕ ਧੁਰ ਕੀ ਬਾਣੀ ਇਲਾਹੀ ਬਾਣੀ ਦੇ ਹਰਜੱਸ ਕੀਰਤਨ ਸਰਵਨ ਹੋਣਗੇ ਅਤੇ ਕੀਰਤਨ ਦੀ ਸਮਾਪਤੀ ਤੋਂ ਉਪਰੰਤ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਵਿਛੜੀ ਰੂਹ ਦੇ ਪ੍ਰਥਾਏ ਅੰਤਿਮ ਅਰਦਾਸ ਹੋਵੇਗੀ ਪੱਤਰਕਾਰ ਜਸਬੀਰ ਸਿੰਘ ਭੋਲਾ ਨੇ ਕਿਹਾ ਕਿ ਇਸ ਦੁਖਦਾਈ ਦੀ ਘੜੀ ਵਿੱਚ ਸਮੂਹ ਰਿਸਤੇਦਾਰਾਂ ਸਾਕ ਸੰਬੰਧੀਆਂ ਸਮੇਂ ਸਿਰ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ

# ਝੂਠੇ ਪਰਚੇ ਦੇ ਵਿਰੋਧ 'ਚ ਭਾਮ ਪਿੰਡ 'ਚ ਵੱਖ-ਵੱਖ ਜਥੇਬੰਦੀਆਂ ਦਾ ਵੱਡਾ ਇਕੱਠ, ਪੰਜਾਬ ਪੱਧਰੀ ਸੰਘਰਸ਼ ਦੀ ਚੇਤਾਵਨੀ



ਸ੍ਰੀ ਹਰਗੋਬਿੰਦਪੁਰ ਸਾਹਿਬ 22 ਮਈ (ਪ੍ਰਦੀਪ ਬੇਦੀ) ਪਿਛਲੇ ਦਿਨੀਂ ਬਟਾਲਾ ਨੇੜਲੇ ਪਿੰਡ ਕਲੇਰ ਖੁਰਦ ਵਿੱਚ ਦਰਜ ਕੀਤੇ ਗਏ ਕਿਡਨੈਪਿੰਗ ਮਾਮਲੇ ਵਿੱਚ ਮਾਸਟਰ ਕਰਮ ਸਿੰਘ ਖ਼ਿਲਾਫ਼ ਪਰਚਾ ਦਰਜ ਕੀਤਾ ਗਿਆ ਸੀ, ਜਿਸ ਤੋਂ ਬਾਅਦ ਮਾਸਟਰ ਕਰਮ ਸਿੰਘ ਵੱਲੋਂ ਆਤਮ ਸਮਰਪਣ ਕਰ ਦਿੱਤਾ ਗਿਆ ਅਤੇ ਉਹ ਇਸ ਵੇਲੇ ਜੇਲ੍ਹ ਵਿੱਚ ਬੰਦ ਹਨ। ਇਸ ਮਾਮਲੇ ਦੌਰਾਨ ਬੀਤੇ ਦਿਨੀਂ ਪਿੰਡ ਭਾਮ ਦੇ ਡਾਕਟਰ ਰਮਿੰਦਰ ਸਿੰਘ ਵੱਲੋਂ ਆਪਣੇ ਘਰ ਵਿੱਚ ਕੁਝ ਸਮਾਂ ਪਹਿਲਾਂ ਖੁਦਕੁਸ਼ੀ ਕਰ ਲਈ ਗਈ ਸੀ। ਇਸ ਤੋਂ ਬਾਅਦ ਸਿਆਸੀ ਸ਼ਹਿ 'ਤੇ ਡਾਕਟਰ ਰਮਿੰਦਰ ਸਿੰਘ ਦੇ ਕੁਝ ਰਿਸ਼ਤੇਦਾਰਾਂ ਵੱਲੋਂ ਇਸ ਮਾਮਲੇ ਵਿੱਚ ਝੂਠਾ ਪਰਚਾ ਦਰਜ ਕਰਵਾ ਦਿੱਤਾ ਗਿਆ। ਇਸ ਨੂੰ ਲੈ ਕੇ ਅੱਜ ਪਿੰਡ ਭਾਮ ਵਿੱਚ ਵੱਖ-ਵੱਖ ਕਿਸਾਨ, ਮਜ਼ਦੂਰ ਅਤੇ ਸਮਾਜਿਕ ਜਥੇਬੰਦੀਆਂ ਵੱਲੋਂ ਭਾਰੀ ਇਕੱਠ ਕੀਤਾ ਗਿਆ, ਜਿਸ ਵਿੱਚ ਲਗਭਗ 400 ਤੋਂ ਵੱਧ ਲੋਕਾਂ ਨੇ ਹਿੱਸਾ ਲਿਆ। ਇਕੱਠ ਦੌਰਾਨ ਅਗਲੀ ਰਣਨੀਤੀ ਤਿਆਰ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਜਿਸ ਵਿੱਚ ਕਿਸਾਨ ਯੂਨੀਅਨ ਪੰਜਾਬ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ, ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਗੁਰਦਾਸਪੁਰ, ਪੰਜਾਬ ਸਟੂਡੈਂਟਸ ਯੂਨੀਅਨ, ਨਿਹੰਗ ਸਿੰਘ ਜਥੇਬੰਦੀਆਂ ਸਮੇਤ ਹੋਰ ਕਈ ਸੰਸਥਾਵਾਂ ਵੱਲੋਂ ਡਾਕਟਰ ਰਮਿੰਦਰ ਸਿੰਘ ਨੂੰ ਖੁੱਲ੍ਹਾ ਸਮਰਥਨ ਦਿੱਤਾ ਗਿਆ। ਜਥੇਬੰਦੀਆਂ ਦੇ ਆਗੂਆਂ ਨੇ ਪੰਜਾਬ ਸਰਕਾਰ ਅਤੇ ਐਸਐਸਪੀ ਬਟਾਲਾ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਡਾਕਟਰ ਰਮਿੰਦਰ ਸਿੰਘ 'ਤੇ ਦਰਜ ਕੀਤਾ ਗਿਆ ਝੂਠਾ ਮੁਕੱਦਮਾ ਵਾਪਸ ਨਾ ਲਿਆ ਗਿਆ ਤਾਂ ਪੰਜਾਬ ਪੱਧਰ 'ਤੇ ਵੱਡਾ ਸੰਘਰਸ਼ ਸ਼ੁਰੂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕਿਸਾਨ ਜਥੇਬੰਦੀਆਂ ਕਿਸੇ ਦੇ ਨਾਲ ਧੱਕੇਸ਼ਾਹੀ ਹਨ ਅਤੇ ਝੂਠੇ ਦੇ ਖ਼ਿਲਾਫ਼ ਹਰ ਪੱਧਰ 'ਤੇ ਲੜਾਈ ਲੜਨ ਲਈ ਤਿਆਰ ਹਨ। ਜਥੇਬੰਦੀਆਂ ਵੱਲੋਂ ਕਿਹਾ ਗਿਆ ਕਿ ਜੇਕਰ ਪ੍ਰਸ਼ਾਸਨ ਨੇ ਜਲਦ ਇਨਸਾਫ਼ ਨਾ ਦਿੱਤਾ ਤਾਂ ਲੋੜ ਪੈਣ 'ਤੇ ਨੈਸ਼ਨਲ ਹਾਈਵੇ ਜਾਮ ਕਰਨ ਜਾਂ ਐਸਐਸਪੀ ਦਫ਼ਤਰ ਦਾ ਘਿਰਾਓ ਕਰਨ ਵਰਗੇ ਕਦਮ ਵੀ ਲਏ ਜਾਣਗੇ ਤਾਂ ਜੋ ਪਰਿਵਾਰ ਨੂੰ ਇਨਸਾਫ਼ ਦਿਵਾਇਆ ਜਾ ਸਕੇ। ਸਤਬੀਰ ਸਿੰਘ ਸੁਲਤਾਨੀ ਸੂਬਾ ਵਾਈਸ ਪ੍ਰਧਾਨ, ਤਰਲੋਕ ਸਿੰਘ ਬਹਿਰਾਮਪੁਰ ਜ਼ਿਲ੍ਹਾ ਪ੍ਰਧਾਨ, ਮੇਜਰ ਸਿੰਘ ਪ੍ਰਧਾਨ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ, ਡਾ. ਅਮਰਜੀਤ ਸਿੰਘ, ਮਨਜੀਤ ਸਿੰਘ, ਸੁਖਵਿੰਦਰ ਸਿੰਘ ਮਾੜੀ ਪੰਨੂਆਂ, ਅਨੋਖ ਸਿੰਘ ਘੋੜੇਵਾਹ ਜ਼ਿਲ੍ਹਾ ਸਕੱਤਰ ਕਿਰਤੀ ਕਿਸਾਨ ਯੂਨੀਅਨ ਪੰਜਾਬ, ਅਮਰ ਕ੍ਰਾਂਤੀ ਪੰਜਾਬ ਸਟੂਡੈਂਟਸ ਯੂਨੀਅਨ, ਤਰਨਾ ਦਲ ਬਾਬਾ ਅਵਤਾਰ ਸਿੰਘ, ਰਵਿੰਦਰ ਸਿੰਘ, ਲਵਪ੍ਰੀਤ ਸਿੰਘ, ਹਰਪ੍ਰੀਤ ਸਿੰਘ, ਗੁਰਨਾਮ ਸਿੰਘ ਰਿਆੜ, ਗੁਰਵਿੰਦਰ ਸਿੰਘ ਪ੍ਰਧਾਨ ਗੁਰਦੁਆਰਾ ਪ੍ਰਬੰਧਕ ਕਮੇਟੀ, ਹਰਭੇਜ ਸਿੰਘ ਸਰਪੰਚ, ਕਵਲਜੀਤ ਸਿੰਘ ਰਿਆੜ, ਦਲੇਰ ਸਿੰਘ, ਕਰਮ ਸਿੰਘ, ਕੁਲਵੰਤ ਸਿੰਘ, ਲਖਵਿੰਦਰ ਸਿੰਘ, ਗੁਰਬਖਸ਼ ਸਿੰਘ, ਹਰਵਿੰਦਰ ਸਿੰਘ, ਦਲਬਾਗ ਸਿੰਘ ਸਰਪੰਚ, ਗੁਰਵਿੰਦਰ ਸਿੰਘ ਨੰਬਰਦਾਰ ਸਮੇਤ ਦੁਕਾਨਦਾਰ ਯੂਨੀਅਨ ਅਤੇ ਇਲਾਕੇ ਦੀ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਸੀ।

# ਵਾਰਡਾਂ ਵਿੱਚ ਭਾਰੀ ਇਕੱਠ, ਲੋਕਾਂ ਨੇ ਆਮ ਆਦਮੀ ਪਾਰਟੀ ਉਮੀਦਵਾਰਾਂ ਨੂੰ ਜਿਤਾਉਣ ਦਾ ਐਲਾਨ





ਕਾਦੀਆਂ, 22 ਮਈ (ਅਸ਼ੋਕ ਨਈਅਰ, ਰਵਿੰਦਰ ਸਿੰਘ ਕਾਹਲੋਂ) ਧਾਰੀਵਾਲ ਸ਼ਹਿਰ ਵਿੱਚ ਅੱਜ ਆਮ ਆਦਮੀ ਪਾਰਟੀ ਵੱਲੋਂ ਗੁਰਦਰਸ਼ਨ ਸ਼ਕਤੀ ਪ੍ਰਦਰਸ਼ਨ ਦੇਖਣ ਨੂੰ ਮਿਲਿਆ ਜਦੋਂ ਹਲਕਾ ਇੰਚਾਰਜ ਕਾਦੀਆਂ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਵੱਖ-ਵੱਖ ਵਾਰਡਾਂ ਵਿੱਚ ਤੂਫਾਨੀ ਦੌਰਾ ਕਰਦੇ ਹੋਏ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦੇ ਹੱਕ ਵਿੱਚ ਡੋਰ ਟੂ ਡੋਰ ਪ੍ਰਚਾਰ ਕੀਤਾ। ਇਸ ਦੌਰਾਨ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ, ਨੌਜਵਾਨ ਅਤੇ ਇਲਾਕਾ ਨਿਵਾਸੀ ਉਨ੍ਹਾਂ ਦੇ ਨਾਲ ਮੌਜੂਦ ਰਹੇ। ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਨੇ ਥੋੜ੍ਹੇ ਸਮੇਂ ਵਿੱਚ ਹੀ ਲੋਕ ਭਲਾਈ ਦੇ ਇਤਿਹਾਸਕ ਫੈਸਲੇ ਕਰਕੇ ਆਮ ਲੋਕਾਂ ਦਾ ਦਿਲ ਜਿੱਤਿਆ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਸਿੱਖਿਆ, ਸਿਹਤ, ਬਿਜਲੀ, ਸੜਕਾਂ ਅਤੇ ਸ਼ਹਿਰੀ ਵਿਕਾਸ ਦੇ ਖੇਤਰ ਵਿੱਚ ਰਿਕਾਰਡ ਤੋੜ ਕੰਮ ਹੋ ਰਹੇ ਹਨ, ਜਿਸ ਕਰਕੇ ਲੋਕਾਂ ਦਾ ਭਰੋਸਾ ਲਗਾਤਾਰ ਆਮ ਆਦਮੀ ਪਾਰਟੀ ਉੱਤੇ ਮਜ਼ਬੂਤ ਹੋ ਰਿਹਾ ਹੈ। ਧਾਰੀਵਾਲ ਦੇ ਵਿਕਾਸ ਨੂੰ ਨਵੀਆਂ ਉਚਾਈਆਂ 'ਤੇ ਲਿਜਾਣ ਲਈ ਲੋਕਾਂ ਨੂੰ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦਾ ਸਾਥ ਦੇਣਾ ਚਾਹੀਦਾ ਹੈ ਤਾਂ ਜੋ ਵਾਰਡਾਂ ਵਿੱਚ ਪਾਰਦਰਸ਼ੀ ਅਤੇ ਇਮਾਨਦਾਰ ਪ੍ਰਸ਼ਾਸਨ ਨੂੰ ਹੋਰ ਮਜ਼ਬੂਤੀ ਮਿਲ ਸਕੇ। ਅੱਜ ਪੰਜਾਬ ਦੀ ਜਨਤਾ ਰਵਾਇਤੀ ਪਾਰਟੀਆਂ ਦੀ ਰਾਜਨੀਤੀ ਤੋਂ ਤੰਗ ਆ ਚੁੱਕੀ ਹੈ ਅਤੇ ਲੋਕ ਵਿਕਾਸ, ਇਮਾਨਦਾਰੀ ਅਤੇ ਕੰਮ ਕਰਨ ਵਾਲੀ ਸਰਕਾਰ ਦੇ ਨਾਲ ਖੜ੍ਹੇ ਹਨ। ਪਾਰਟੀ ਵਰਕਰਾਂ ਵੱਲੋਂ ਵੱਖ-ਵੱਖ ਵਾਰਡਾਂ ਵਿੱਚ ਘਰ-ਘਰ ਜਾ ਕੇ ਲੋਕਾਂ ਨੂੰ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਬਾਰੇ ਜਾਣੂ ਕਰਵਾਇਆ ਗਿਆ। ਵਿੱਚ ਖਾਸ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਲੋਕਾਂ ਨੇ ਭਰੋਸਾ ਦਿੱਤਾ ਕਿ ਉਹ ਭਾਰੀ ਬਹੁਮਤ ਨਾਲ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਜਿਤਾਉਣਗੇ। ਪੂਰਾ ਮਾਹੌਲ ਢੋਲੀ ਰੰਗ ਵਿੱਚ ਰੰਗਿਆ ਨਜ਼ਰ ਆਇਆ ਅਤੇ ਇੱਕ ਮੌਕਾ ਹੋਰ ਭਗਵੰਤ ਮਾਨ ਸਰਕਾਰ ਦੇ ਨਾਅਰੇ ਲਗਾਤਾਰ ਗੂੰਜਦੇ ਰਹੇ। ਸੇਖਵਾਂ ਨੇ ਕਿਹਾ ਕਿ ਧਾਰੀਵਾਲ ਦੇ ਹਰ ਵਾਰਡ ਵਿੱਚ ਵਿਕਾਸ ਕਾਰਜਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਲੋਕਾਂ ਦੀ ਹਰ ਸਮੱਸਿਆ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ।

# ਰੂਸ ਦੀ ਜੰਗ ਨੇ ਉਜਾੜਿਆ ਪੰਜਾਬ ਦਾ ਘਰ, 8 ਮਹੀਨਿਆਂ ਤੋਂ ਪੁੱਤ ਦੀ ਉਡੀਕ 'ਚ ਪਰਿਵਾਰ



ਸੁਲਤਾਨਪੁਰ ਲੋਧੀ / ਜਲੰਧਰ, 22 ਮਈ (ਰਣਜੀਤ ਸਿੰਘ ਚੰਦੀ) ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਰਸ਼ੀਆਂ ਦੀ ਫੌਜ ਵਿੱਚੋਂ ਪਿਛਲੇ 8 ਮਹੀਨਿਆਂ ਤੋਂ ਲਾਪਤਾ ਨੌਜਵਾਨ ਦਾ ਪਤਾ ਲਗਾਉਣ ਲਈ ਕੇਂਦਰੀ ਵਿਦੇਸ਼ ਮੰਤਰੀ ਤੱਕ ਪਹੁੰਚ ਕੀਤੀ ਹੈ। ਅੰਮ੍ਰਿਤਸਰ ਜਿਲ੍ਹੇ ਦੀ ਰਹਿਣ ਵਾਲੀ ਨਵਦੀਪ ਕੌਰ ਨੇ ਨਿਰਮਲ ਕੁਟੀਆਂ ਸੁਲਤਾਨਪੁਰ ਲੋਧੀ ਪਹੁੰਚ ਕੇ ਸੰਤ ਸੀਚੇਵਾਲ ਨੂੰ ਦੱਸਿਆ ਕਿ ਉਸ ਦਾ ਪਤੀ ਹੀਰਾ ਸਿੰਘ ਅਕਤੂਬਰ 2024 ਵਿੱਚ ਮਾਸਕੋ ਉਚੇਰੀ ਵਿਦਿਆ ਹਾਸਲ ਕਰਨ ਲਈ ਮਾਸਕੋ ਗਿਆ ਸੀ। ਉਥੇ ਅਗਸਤ 2025 ਵਿੱਚ ਰਸ਼ੀਅਨ ਫੋਜ ਵਿੱਚ ਭਰਤੀ ਹੋ ਗਿਆ ਸੀ। ਭਰਤੀ ਕਰਨ ਸਮੇਂ ਕਿਹਾ ਗਿਆ ਸੀ ਕਿ 14 ਲੱਖ ਰੁਪਏ ਤੁਰੰਤ ਉਨ੍ਹਾਂ ਦੇ ਖਾਤੇ ਵਿੱਚ ਚਲੇ ਜਾਣਗੇ ਅਤੇ ਹਰ ਮਹੀਨੇ ਢਾਈ ਲੱਖ ਰੁਪਏ ਤਨਖਾਹ ਮਿਲਿਆ ਕਰੇਗੀ। 15 ਦਿਨਾਂ ਦੀ ਫੌਜੀ ਟ੍ਰੇਨਿੰਗ ਤੋਂ ਬਾਅਦ ਉਸ ਦੇ ਪਤੀ ਹੀਰਾ ਸਿੰਘ ਜੰਗ ਵਿੱਚ ਭੇਜ ਦਿੱਤਾ ਸੀ। ਜਦ ਕਿ ਉਸ ਦਾ ਪਤੀ ਮਾਨਸਿਕ ਤੌਰ 'ਤੇ ਜੰਗ ਵਾਸਤੇ ਤਿਆਰ ਹੀ ਨਹੀਂ ਸੀ ਸਤੰਬਰ 2025 ਵਿੱਚ ਉਸ ਦੀ ਅਪਾਣੇ ਪਤੀ ਹੀਰਾ ਸਿੰਘ ਨਾਲ ਆਖਰੀਵਾਰ ਗੱਲ ਹੋਈ ਸੀ। ਹੁਣ ਜਦੋਂ 8 ਮਹੀਨੇ ਬੀਤ ਗਏ ਹਨ। ਉਨ੍ਹਾਂ ਦੀ ਕੋਈ ਗੱਲ ਨਹੀਂ ਹੋ ਰਹੀ। ਨਵਦੀਪ ਕੌਰ ਦਾ 6 ਸਾਲ ਦਾ ਵੱਡਾ ਲੜਕਾ ਅਜਿਹੀ ਬੀਮਾਰੀ ਜਿਸ ਦਾ ਇਸ ਦੁਨੀਆਂ ਵਿੱਚ ਕੋਈ ਇਲਾਜ ਹੀ ਨਹੀਂ ਹੈ। ਸੇਰੇਬ੍ਰਲ ਪਾਲਸੀ (ਸੀਪੀ) ਜੋ ਬੱਚੇ ਦੀ ਗਤੀ, ਮਾਸਪੇਸ਼ੀਆਂ ਅਤੇ ਅਵਾਜ਼ ਨੂੰ ਪ੍ਰਭਾਵਿਤ ਕਰਦਾ ਹੈ ਤੇ ਉਮਰ ਦੇ ਵੱਧਣ ਨਾਲ ਦਿਮਾਗ ਵਿੱਚ ਨੁਕਸ ਵੱਧਣ ਲੱਗ ਪੈਂਦਾ ਹੈ। ਦੂਜੇ ਬੱਚੇ ਦੀ ਉਮਰ ਢਾਈ ਸਾਲ ਹੈ ਜਦ ਕਿ ਤੀਜੇ ਬੱਚੇ ਦੀ ਉਮਰ ਇੱਕ ਸਾਲ ਹੈ। ਦੋ ਬੱਚੇ ਬਹੁਤ ਛੋਟੇ ਹਨ ਤੇ ਜਦ ਕਿ ਵੱਡਾ ਲੜਕਾ ਨਾ ਬੋਲ ਸਕਦਾ ਹੈ, ਨਾ ਸੁਣ ਸਕਦਾ ਹੈ ਤੇ ਨਾ ਬੈਠ ਸਕਦਾ ਹੈ ਨਾ ਚੱਲ ਫਿਰ ਸਕਦਾ ਹੈ। ਸੰਤ ਸੀਚੇਵਾਲ ਨੇ ਬੱਚਿਆਂ ਦੀ ਪੜ੍ਹਾਈ ਦਾ ਖਰਚਾ ਚੁੱਕਿਆ: ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਨਵਦੀਪ ਕੌਰ ਨੂੰ ਦਿਲਾਸਾ ਦਿੱਤਾ ਕਿ ਰਸ਼ੀਅਨ ਫੌਜ ਵਿਚ ਲਾਪਤਾ ਹੋਏ ਉਸ ਦੇ ਪਤੀ ਦਾ ਪਤਾ ਲਗਵਾਉਣ ਲਈ ਵਿਦੇਸ਼ ਮੰਤਰੀ ਤੇ ਮਾਸਕੋ ਵਿਚਲੇ ਭਾਰਤੀ ਦੂਤਾਵਾਸ ਨਾਲ ਸੰਪਰਕ ਵਿੱਚ ਰਹਿਣਗੇ। ਪ੍ਰਧਾਨ ਮੰਤਰੀ ਰਾਹਤ ਫੰਡ ਵਿੱਚੋਂ ਬੀਮਾਰ ਬੱਚੇ ਦੇ ਇਲਾਜ ਦਾ ਪ੍ਰਬੰਧ ਕਰਵਾਇਆ ਜਾਵੇਗਾ। ਸੰਤ ਸੀਚੇਵਾਲ ਨੇ ਕਿਹਾ ਕਿ ਛੋਟੇ ਬੱਚੇ ਜਿੱਥੇ ਤੱਕ ਵੀ ਪੜ੍ਹਨਾ ਚਹੁੰਣਗੇ, ਉਥੇ ਤੱਕ ਪੜ੍ਹਾਈ ਕਰਵਾਈ ਜਾਵੇਗੀ।

# ਕਿਸਾਨ ਕਣਕ ਦੇ ਨਾੜ ਨੂੰ ਅੱਗ ਨਾ ਲਗਾਉਣ: ਡਾ. ਲੇਖ ਰਾਜ




ਨਵਾਂਸ਼ਹਿਰ, 22 ਮਈ (ਜਤਿੰਦਰ ਪਾਲ ਸਿੰਘ ਕਲੇਰ) ਪਿੰਡ ਸਾਹਦੜਾ ਵਿਖੇ ਡਾ. ਲੇਖ ਰਾਜ ਮਾਹੀ ਮੁੱਖ ਖੇਤੀਬਾੜੀ ਅਫਸਰ ਸ਼ਹੀਦ ਭਗਤ ਸਿੰਘ ਨਗਰ ਜੀ ਦੀ ਅਗਵਾਈ ਹੇਠ ਸੀ. ਆਰ. ਐਮ ਸਕੀਮ ਤਹਿਤ ਬਲਾਕ ਪੱਧਰੀ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ ਜਿਸ ਵਿੱਚ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਉਨਾਂ ਕਿਹਾ ਕਿ ਕੁਦਰਤੀ ਸੋਮਿਆਂ ਵਿੱਚ ਆ ਰਹੇ ਨਿਗਾਰ ਕਾਰਨ ਪੰਜਾਬ ਸਰਕਾਰ ਵਲੋਂ ਬਹੁਤ ਤਰਾਂ ਦੀਆਂ ਪਿੰਡ ਪੱਧਰੀ ਸਕੀਮਾਂ ਸੂਰੂ ਕੀਤੀਆਂ ਗਈਆਂ ਹਨ ਜਿਸ ਨਾਲ ਕੁਦਰਤੀ ਸੋਮਿਆਂ ਨੂੰ ਬਚਾਇਆ ਜਾ ਸਕੇ ਨਾੜ ਨਾ ਸਾੜਨ ਕਰਕੇ ਜਮੀਨ ਦੇ ਜੈਵਿਕ ਮਾਦੇ ਵਿੱਚ ਵਾਧਾ ਹੁੰਦਾ ਹੈ ਅਤੇ ਵੱਖ ਵੱਖ ਪੌਸ਼ਟਿਕ ਤੱਤਾਂ ਦੀ ਉਪਲੱਬਧਤਾ ਵੱਧਦੀ ਹੈ।ਨਾੜ ਨੂੰ ਅੱਗ ਲਗਾਉਣ ਨਾਲ ਕਈ ਵਾਰ ਭਿਆਨਕ ਅੱਗ ਲੱਗਣ ਦੀਆਂ ਘਟਨਾਵਾਂ ਵਾਪਰ ਜਾਂਦੀਆਂ ਹਨ । ਅੱਗ ਨਾਲ ਖੇਤਾਂ ਵਿੱਚ ਅਤੇ ਸੜਕਾਂ ਤੇ ਹਾਦਸੇ ਹੁੰਦੇ ਹਨ ਅਤੇ ਬਹੁਤ ਕੀਮਤੀ ਮਨੁੱਖੀ ਜਾਨਾਂ ਚਲੀਆਂ ਜਾਂਦੀਆਂ ਹਨ।ਦੂਸ਼ਿਤ ਵਾਤਾਵਰਨ ਅਤੇ ਆਕਸੀਜਨ ਦੀ ਕਮੀ ਕਰਕੇ ਗਰਭਵਤੀ ਮਹਿਲਾਵਾਂ ਅਤੇ ਬੱਚਿਆਂ ਦੀ ਸਿਹਤ ਤੇ ਬਹੁਤ ਬੁਰਾ ਪ੍ਰਭਾਵ ਪੈਂਦਾਂ ਹੈ।ਡਾ. ਨੀਤਨ ਖੇਤੀਬਾੜੀ ਅਫਸਰ ਸੜੌਆ ਨੇ ਕਿਸਾਨਾਂ ਨੂੰ ਝੋਨੇ ਦੇ ਬੂਟਿਆਂ ਵਿੱਚ ਮਧਰੇਪਣ ਦੇ ਹਮਲੇ ਤੋਂ ਸੁਚੇਤ ਰਹਿਣ ਸੰਬੰਧੀ ਤਕਨੀਕੀ ਜਾਣਕਾਰੀ ਦਿੱਤੀ। ਇਹ ਇੱਕ ਵਿਸ਼ਾਣੂ ਰੋਗ ਹੈ ਅਤੇ ਇਸ ਨਾਲ ਪ੍ਰਭਾਵਿਤ ਬੂਟੇ ਆਮ ਨਾਲੋਂ ਮਧਰੇ ਰਹਿ ਜਾਂਦੇ ਹਨ ਅਤੇ ਇਨਾਂ ਬੂਟਿਆਂ ਦੀਆਂ ਜੜਾਂ ਵੀ ਵਿਕਸਿਤ ਨਹੀਂ ਹੁੰਦੀਆਂ ਅਤੇ ਜੜਾਂ ਜੰਗਾਲੀਆਂ ਹੋ ਜਾਂਦੀਆਂ ਹਨ।ਡਾ. ਕੁਲਵਿੰਦਰ ਕੌਰ ਸਹਾਇਕ ਪੌਦ ਸੁਰੱਖਿਆ ਅਫਸਰ ਨੇ ਕਿਹਾ ਕਿ ਕਿਸਾਨਾਂ ਨੂੰ ਜੀਵਾਣੂ ਅਤੇ ਜੈਵਿਕ ਖਾਦਾਂ ਨੂੰ ਤਰਜੀਹ ਦੇਣੀ ਚਾਹੀਦੀ ਹੈ ਅਤੇ ਵਰਤੀ ਗਈ ਜੈਵਿਕ ਖਾਦ ਦੇ ਅਨੁਪਾਤ ਅਨੁਸਾਰ ਰਸਾਇਣਿਕ ਖਾਦਾਂ ਦੀ ਬਚਤ ਕਰਨੀ ਚਾਹੀਦੀ ਹੈ। ਸ਼੍ਰੀ ਕਮਲਦੀਪ ਸੰਘਾ ਪ੍ਰੋਜੈਕਟ ਡਾਇਰੈਕਟਰ ਆਤਮਾ ਨੇ ਕਿਸਾਨਾਂ ਨੂੰ ਕੁਦਰਤੀ ਖੇਤੀ ਅਪਣਾਓਣ ਦੀ ਅਪੀਲ ਕੀਤੀ ਅਤੇ ਕਿਸਾਨ ਬੀਬੀਆਂ ਨੂੰ ਅੱਗੇ ਆ ਕੇ ਸੈਲਫ ਹੈਲਪ ਗਰੁੱਪ ਬਣਾ ਕੇ ਸਹਾਇਕ ਧੰਦੇ ਅਪਣਾਉਣ ਦੀ ਸਲਾਹ ਦਿੱਤੀ ।ਆਈ. ਐਮ .ਆਰ. ਆਈ ਲੁਧਿਆਣਾ ਤੋਂ ਆਏ ਸਾਇੰਸਦਾਨਾਂ ਡਾ. ਮੀਨੇਸ਼ ਦਾਂਗਲਾ ਅਤੇ ਡਾ. ਪ੍ਰਦੀਪ ਕੁਮਾਰ ਨੇ ਵੀ ਕਿਸਾਨਾਂ ਨਾਲ ਵਿਚਾਰ ਸਾਂਝੇ ਕੀਤੇ।ਸ੍ਰੀ ਸੁਰਿੰਦਰਪਾਲ ਸਿੰਘ ਖੇਤੀਬਾੜੀ ਵਿਸਥਾਰ ਅਫਸਰ ਸੜੌਆ ਨੇ ਖੇਤੀਬਾੜੀ ਵਿਭਾਗ ਵਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਬਾਰੇ ਦੱਸਿਆ ਕਿ ਵਿਭਾਗ ਵਲੋਂ ਮੱਕੀ ਦੀ ਕਾਸ਼ਤ ਸਬੰਧੀ ਸਬਸਿਡੀ ਦਿੱਤੀ ਜਾਣੀ ਹੈ ਜੇਕਰ ਕਿਸਾਨ ਮੱਕੀ ਲਾਉਣਾ ਚਾਹੁੰਦਾ ਹੈ ਤਾਂ ਉਹ ਵਿਭਾਗ ਕੋਲ ਰਜਿਸਟ੍ਰੇਸ਼ਨ ਕਰਵਾ ਸਕਦਾ ਹੈ।ਸ਼੍ਰੀ ਵਰਿੰਦਰ ਕੁਮਾਰ ਅਤੇ ਸ਼੍ਰੀ ਰਜਿੰਦਰ ਪਾਲ ਖੇਤੀਬਾੜੀ ਵਿਸਥਾਰ ਅਫ਼ਸਰ ਨੇ ਕਿਹਾ ਕਿ ਕਿਸਾਨਾਂ ਲਈ ਫਾਰਮਰ ਆਈ. ਡੀ ਬਣਾਉਣੀ ਲਾਜਮੀ ਹੋ ਗਈ ਹੈ। ਕਿਸਾਨ ਯੂਨਿਅਨ ਮੈਂਬਰ ਅਵਤਾਰ ਸਿੰਘ ਸਾਹਦੜਾ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਵਿਭਾਗ ਵਲੋਂ ਚਾਈਆਂ ਜਾ ਰਹੀਆਂ ਸਕੀਮਾਂ ਦਾ ਲਾਭ ਉਠਾਉਣ ਅਤੇ ਵਿਭਾਗ ਵਲੋਂ ਹੀ ਸਿਫਾਰਸ਼ ਕੀਤੇ ਬੀਜ, ਖਾਦਾਂ ਅਤੇ ਦਵਾਈਆਂ ਦੀ ਸੁਚੱਜੀ ਵਰਤੋਂ ਕਰਨ। ਪ੍ਰਧਾਨ ਸ਼੍ਰੀ ਗੁਰਦੁਆਰਾ ਸਿੰਘ ਸਭਾ ਨੇ ਕੈਂਪ ਨੂੰ ਸਫਲ ਕਰਨ ਵਿੱਚ ਵਿਸ਼ੇਸ਼ ਯੋਗਦਾਨ ਦਿੱਤਾ ਅਤੇ ਸਰਪੰਚ ਸੁਰਿੰਦਰ ਪਾਲ ਅਤੇ ਗੁਰਨੇਕ ਸਿੰਘ ਸਾਹਦੜਾ ਨੇ ਆਏ ਕਿਸਾਨਾਂ ਦਾ ਧੰਨਵਾਦ ਕੀਤਾ ਅਤੇ ।ਇਸ ਕੈਂਪ ਵਿੱਚ ਕੁਲਦੀਪ ਸਿੰਘ ਸਜਾਵਲਪੁਰ, ਲਾਲ ਸਿੰਘ, ਜਗਜੀਤ ਸਿੰਘ,ਪ੍ਰਦੀਪ ਸਿੰਘ ਟੱਪਰੀਆਂ, ਮੋਹਨ ਸਿੰਘ ਟੱਪਰੀਆਂ ਰਾਣੇਵਾਲ, ਗੁਰਬਖਸ਼ ਸਿੰਘ ਬੇਗਮਪੁਰ, ਕੁਲਦੀਪ ਰਾਜ, ਓਮਕਾਰ ਸਿੰਘ, ਅਰਮਾਨ ਜੋਤ ਸਿੰਘ, ਲਖਵੀਰ ਸਿੰਘ, ਜਤਿੰਦਰ ਜੋਤੀ, ਸੁਰਿੰਦਰ ਕੋਰ, ਮਨਦੀਪ ਕੋਰ, ਭੁਪਿੰਦਰ ਕੋਰ, ਰਾਜ ਰਾਣੀ ਆਦਿ ਕਿਸਾਨ ਹਾਜਰ ਸਨ।

# ਭੂ ਯਿਸੂ ਮਸੀਹ ਧਰਮ ਨਹੀਂ, ਬਲਕਿ ਜੀਵਨ ਬਦਲਣ ਵਾਲੇ ਪਰਮੇਸ਼ੁਰ ਹਨ: ਪਾਸਟਰ ਅੰਮ੍ਰਿਤ ਸੰਧੂ

ਅੰਮ੍ਰਿਤਸਰ, 22 ਮਈ: (ਰਾਜੇਸ਼ ਡੈਨੀ) 'ਦਾ ਚਰਚ ਆਫ ਸਲਵੇਸ਼ਨ ਹੀਲਿੰਗ ਐਂਡ ਪ੍ਰੋਫੈਸੀ' ਚਰਚ ਪਿੰਡ ਔੜ (ਨਵਾਂ ਸ਼ਹਿਰ) ਅਤੇ ਅੰਮ੍ਰਿਤ ਸੰਧੂ ਮਿਨਿਸਟ੍ਰੀਜ਼ ਵੱਲੋਂ ਅੰਮ੍ਰਿਤਸਰ ਦੇ ਰਣਜੀਤ ਐਵੇਨਿਊ (ਏਅਰਪੋਰਟ ਰੋਡ) ਸਥਿਤ ਡੀ-ਬਲਾਕ ਦੀ ਕੱਚੀ ਗਰਾਊਂਡ ਵਿਖੇ ਇੱਕ ਵਿਸ਼ਾਲ ਮਸੀਹੀ ਸੰਮੇਲਨ ਅਤੇ ਆਤਮਿਕ ਚੰਗਿਆਈ ਸਭਾ ਦਾ ਆਯੋਜਨ ਕੀਤਾ ਗਿਆ। ਪਾਸਟਰ ਕੰਵਲਜੀਤ ਸਿੰਘ ਸੇਖੋਂ, ਪਾਸਟਰ ਵਿਜੇ ਗਿੱਲ ਅਤੇ ਪਾਸਟਰ ਹਰਮਨ ਧੁੰਨਾ ਦੀ ਸਾਂਝੀ ਅਗਵਾਈ ਹੇਠ ਹੋਏ ਇਸ ਮਹਾਨ ਸਮਾਗਮ ਵਿੱਚ ਪੰਜਾਬ ਦੇ ਕੋਨੇ-ਕੋਨੇ ਤੋਂ ਭਾਰੀ ਗਿਣਤੀ ਵਿੱਚ ਸ਼ਰਧਾਲੂਆਂ ਅਤੇ ਮਸੀਹੀ ਭਾਈਚਾਰੇ ਨੇ ਹਾਜ਼ਰੀ ਭਰ ਕੇ ਪ੍ਰਭੂ ਯਿਸੂ ਮਸੀਹ ਦੀ ਮਹਿਮਾ ਕੀਤੀ। ਸੰਮੇਲਨ ਦੇ ਮੁੱਖ ਬੁਲਾਰੇ ਅਤੇ ਪ੍ਰਚਾਰਕ ਪਾਸਟਰ ਅੰਮ੍ਰਿਤ ਸੰਧੂ ਨੇ ਪਵਿੱਤਰ ਵਚਨਾਂ ਦੀ ਸਾਂਝ ਪਾਉਂਦਿਆਂ ਸੰਗਤ ਨੂੰ ਨਿਹਾਲ ਕੀਤਾ। ਉਨ੍ਹਾਂ ਆਪਣੇ ਸੰਦੇਸ਼ ਵਿੱਚ ਕਿਹਾ ਕਿ ਪ੍ਰਭੂ ਯਿਸੂ ਮਸੀਹ ਮਨੁੱਖਤਾ ਲਈ ਪ੍ਰੇਮ, ਸ਼ਾਂਤੀ ਅਤੇ ਮੁਕਤੀ ਦਾ ਇੱਕੋ-ਇੱਕ ਸਰੋਤ ਹਨ। ਉਹ ਸਿਰਫ਼ ਇੱਕ ਧਰਮ ਦੀ ਸੀਮਾ ਵਿੱਚ ਨਹੀਂ ਬੱਝੇ, ਸਗੋਂ ਉਹ ਹਰ ਇੱਕ ਇਨਸਾਨ ਦੇ ਜੀਵਨ ਨੂੰ ਬਦਲਣ ਵਾਲੇ ਜਿਉਂਦੇ ਪਰਮੇਸ਼ੁਰ ਹਨ, ਜੋ ਨਿਰਾਸ਼ ਅਤੇ ਟੁੱਟੇ ਹੋਏ ਮਨਾਂ ਨੂੰ ਨਵੀਂ ਉਮੀਦ ਦਿੰਦੇ ਹਨ। ਸਮਾਗਮ ਦਾ ਮੁੱਖ ਕੇਂਦਰ ਰੂਹਾਨੀ ਚੰਗਿਆਈ ਅਤੇ ਪ੍ਰਾਰਥਨਾ ਰਿਹਾ। ਪਾਸਟਰ ਅੰਮ੍ਰਿਤ ਸੰਧੂ ਵੱਲੋਂ ਨਸ਼ਿਆਂ, ਬੀਮਾਰ, ਲਾਚਾਰ ਅਤੇ ਦੁਖੀ ਲੋਕਾਂ ਲਈ ਵਿਸ਼ੇਸ਼ ਤੌਰ 'ਤੇ ਪ੍ਰਾਰਥਨਾ ਕੀਤੀ ਗਈ। ਮੈਨੂੰ ਮਸੀਹ ਸੰਮੇਲਨ ਵਿੱਚ ਮੁੱਖ ਮਹਿਮਾਨ ਵਜੋਂ ਪਹੁੰਚੇ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਕਰਮਜੀਤ ਸਿੰਘ ਰਿੰਟੂ ਨੇ ਸੰਬੋਧਨ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਮਸੀਹ ਭਾਈਚਾਰੇ 'ਤੇ ਹਮੇਸ਼ਾ ਮਾਣ ਰਿਹਾ ਹੈ। ਇਹ ਭਾਈਚਾਰਾ ਅਮਨ-ਸ਼ਾਂਤੀ ਦਾ ਪ੍ਰਤੀਕ ਹੈ ਜੋ ਪ੍ਰਭੂ ਯਿਸੂ ਮਸੀਹ ਦੇ ਪਵਿੱਤਰ ਵਚਨਾਂ 'ਤੇ ਚੱਲ ਕੇ ਸਮਾਜ ਵਿੱਚ ਆਪਸੀ ਪਿਆਰ ਅਤੇ ਸਾਂਝ ਨੂੰ ਮਜ਼ਬੂਤ ਕਰਦਾ ਹੈ। ਪੰਜਾਬ ਰਾਜ ਘੱਟ ਗਿਣਤੀਆਂ ਕਮਿਸ਼ਨ ਦੇ ਚੇਅਰਮੈਨ ਅਤੇ ਗਲੋਬਲ ਐਕਸ਼ਨ ਕਮੇਟੀ ਦੇ ਕੌਮੀ ਪ੍ਰਧਾਨ ਜਤਿੰਦਰ ਮਸੀਹ ਗੌਰਵ ਨੇ ਕਿਹਾ ਕਿ ਪ੍ਰਭੂ ਯਿਸੂ ਮਸੀਹ ਦਾ ਸੰਦੇਸ਼ ਸਿਰਫ਼ ਕਿਸੇ ਇੱਕ ਵਿਸ਼ੇਸ਼ ਵਰਗ ਜਾਂ ਧਰਮ ਲਈ ਨਹੀਂ, ਬਲਕਿ ਸਮੁੱਚੀ ਮਨੁੱਖਤਾ ਲਈ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਦੌਰ ਵਿੱਚ ਪ੍ਰਭੂ ਯਿਸੂ ਵੱਲੋਂ ਦਿਖਾਏ ਗਏ ਸੱਚ, ਮੁਆਫ਼ੀ ਅਤੇ ਭਾਈਚਾਰੇ ਦੇ ਮਾਰਗ 'ਤੇ ਚੱਲਣ ਦੀ ਬੇਹੱਦ ਲੋੜ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਫ਼ਰਤ ਨੂੰ ਤਿਆਗ ਕੇ ਸਮਾਜ ਵਿੱਚ ਸ਼ਾਂਤੀ ਅਤੇ ਏਕਤਾ ਦਾ ਪ੍ਰਸਾਰ ਕਰਨ। ਮੁੱਖ ਮਹਿਮਾਨਾਂ ਵਿੱਚ ਸ਼ਾਮਲ ਲੂਕਸ ਮਸੀਹ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਦਾ ਪ੍ਰਬੰਧਕਾਂ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਪ੍ਰਬੰਧਕੀ ਕਮੇਟੀ ਨੇ ਆਈਆਂ ਹੋਈਆਂ ਸਾਰੀਆਂ ਸੰਗਤਾਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਆਤਮਿਕ ਸਮਾਗਮ ਸਮਾਜ ਵਿੱਚ ਆਪਸੀ ਸਾਂਝ, ਪਿਆਰ ਅਤੇ ਨਿਹਚਾ (ਵਿਸ਼ਵਾਸ) ਨੂੰ ਵਧਾਉਣ ਵਿੱਚ ਹਮੇਸ਼ਾ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਰਹਿਣਗੇ।

# ਵਧੀਕ ਡਿਪਟੀ ਕਮਿਸ਼ਨਰ ਨੇ ਫੀਲਡ 'ਚ ਜਨਗਣਨਾ ਦੀ ਡਿਊਟੀ ਨਿਭਾਅ ਰਹੇ ਸਟਾਫ ਨੂੰ ਵੰਡੀਆਂ ਹਾਈਡ੍ਰੇਸ਼ਨ ਕਿੱਟਾਂ



ਜਲੰਧਰ, 22 ਮਈ (ਪਰਮਜੀਤ ਸਿੰਘ) ਗਰਮੀ ਅਤੇ ਲੂ ਦੇ ਮੱਦੇਨਜ਼ਰ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਮਨਿੰਦਰ ਕੌਰ ਵੱਲੋਂ ਅੱਜ ਜ਼ਿਲ੍ਹੇ ਵਿੱਚ ਜਨਗਣਨਾ ਦੇ ਕੰਮ ਵਿੱਚ ਲੱਗੇ ਅਮਲੇ ਨੂੰ ਹਾਈਡ੍ਰੇਸ਼ਨ ਕਿੱਟਾਂ ਵੰਡੀਆਂ ਗਈਆਂ। ਇਥੇ ਜਲੰਧਰ ਕੈਂਟ ਸਥਿਤ ਹੋਰ ਵੱਖ-ਵੱਖ ਥਾਵਾਂ 'ਤੇ ਜਨਗਣਨਾ ਸਟਾਫ ਨੂੰ ਕਿੱਟਾਂ ਦੀ ਵੰਡ ਕਰਦਿਆਂ ਉਨ੍ਹਾਂ ਕਿਹਾ ਕਿ ਜਨਗਣਨਾ ਅਮਲੇ ਨੂੰ ਘਰ-ਘਰ ਜਾ ਕੇ ਜਾਣਕਾਰੀ ਇਕੱਤਰ ਕਰਨੀ ਪੈਂਦੀ ਹੈ ਪਰ ਗਰਮੀ ਤੋਂ ਆਪਣੇ-ਆਪ ਨੂੰ ਬਚਾਉਣ ਵੀ ਬਹੁਤ ਜ਼ਰੂਰੀ ਹੈ, ਤਾਂ ਜੋ ਇਸ ਕਾਰਜ ਨੂੰ ਸਮੇਂ ਸਿਰ ਨੇਪਰੇ ਚਾੜ੍ਹਿਆ ਜਾ ਸਕੇ। ਜ਼ਿਲ੍ਹਾ ਪ੍ਰਸ਼ਾਸਨ ਮਰਦਮਸ਼ੁਮਾਰੀ ਕਰ ਰਹੇ ਅਮਲੇ ਦੀ ਸਿਹਤ ਸੰਭਾਲ ਲਈ ਵਚਨਬੱਧ ਹੈ ਅਤੇ ਇਸ ਤਹਿਤ ਅੱਜ ਹਾਈਡ੍ਰੇਸ਼ਨ ਕਿੱਟਾਂ ਦੀ ਵੰਡ ਕੀਤੀ ਜਾ ਰਹੀ ਹੈ। ਜਨਗਣਨਾ ਸਟਾਫ ਨੂੰ ਹੌਸਲਾ ਦਿੰਦਿਆਂ ਗਰਮੀ ਤੋਂ ਬਚਾਅ ਲਈ ਨੁਕਤੇ ਵੀ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਸਿੱਧੀ ਧੁੱਪ ਤੋਂ ਬਚਾਉਣ ਲਈ ਸਿਰ ਢਕ ਕੇ ਰੱਖਿਆ ਜਾਵੇ। ਇਸ ਤੋਂ ਇਲਾਵਾ ਪਾਣੀ, ਓਆਰਐਸ, ਨਿੰਬੂ-ਪਾਣੀ, ਲੱਸੀ, ਨਾਰੀਅਲ ਪਾਣੀ ਅਤੇ ਹੋਰ ਤਰਲ ਪਦਾਰਥਾਂ ਦਾ ਸੇਵਨ ਵੱਧ ਤੋਂ ਵੱਧ ਕੀਤਾ ਕੀਤਾ ਜਾਵੇ ਤਾਂ ਜੋ ਸਰੀਰ ਵਿੱਚ ਪਾਣੀ ਦੀ ਕਮੀ ਨਾ ਹੋਵੇ। ਜ਼ਿਕਰਯੋਗ ਹੈ ਕਿ ਜ਼ਿਲ੍ਹੇ ਵਿੱਚ ਜਨਗਣਨਾ-2027 ਤਹਿਤ ਗਿਣਤੀਕਾਰਾਂ ਵੱਲੋਂ 13 ਜੂਨ 2026 ਤੱਕ ਘਰ-ਘਰ ਜਾ ਕੇ ਸਰਵੇਖਣ ਕੀਤਾ ਜਾ ਰਿਹਾ ਹੈ। ਇਸ ਮੌਕੇ ਸਹਾਇਕ ਚਾਰਜ ਅਫ਼ਸਰ ਰਾਜਨ ਸ਼ਰਮਾ, ਕੰਟੋਨਮੈਂਟ ਬੋਰਡ, ਜਲੰਧਰ ਕੈਂਟ, ਸਕੱਤਰ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਸੁਰਜੀਤ ਲਾਲ, ਸੁਪਰਵਾਈਜ਼ਰ ਮਿਨਾਕਸ਼ੀ ਸ਼ਰਮਾ, ਗੁਰਵਿੰਦਰ ਸਿੰਘ, ਪਰਵਿੰਦਰ ਸਿੰਘ, ਤਜਿੰਦਰ ਭਗਤ, ਪੂਜਾ ਅਤੇ ਗਿਣਤੀਕਾਰ ਰਾਕੇਸ਼ ਕੁਮਾਰ,ਪੂਜਾ ਗਾਬਾ, ਯਸ਼ਪਾਲ, ਨਰਿੰਦਰ ਕੁਮਾਰ ਤੇ ਦੀਪਕ ਕੁਮਾਰ ਮੌਜੂਦ ਸਨ।

# ਜ਼ਿਲ੍ਹਾ ਪ੍ਰੀਸ਼ਦ ਅੰਮ੍ਰਿਤਸਰ ਦੇ ਨਵੇਂ ਚੁਣੇ ਚੇਅਰਮੈਨ ਸਰਬਜੀਤ ਸਿੰਘ ਬੱਲ ਅਤੇ ਵਾਈਸ ਚੇਅਰਪਰਸਨ ਰਾਜਵਿੰਦਰ ਕੌਰ ਨੇ ਆਪਣੇ ਅਹੁਦੇ ਸੰਭਾਲੇ



ਅੰਮ੍ਰਿਤਸਰ, 22 ਮਈ (ਰਾਜੇਸ਼ ਡੈਨੀ) ਜ਼ਿਲ੍ਹਾ ਪ੍ਰੀਸ਼ਦ ਅੰਮ੍ਰਿਤਸਰ ਦੇ ਨਵੇਂ ਚੁਣੇ ਗਏ ਚੇਅਰਮੈਨ ਸ. ਸਰਬਜੀਤ ਸਿੰਘ ਬੱਲ ਅਤੇ ਵਾਈਸ ਚੇਅਰਪਰਸਨ ਸ਼੍ਰੀਮਤੀ ਰਾਜਵਿੰਦਰ ਕੌਰ ਨੇ ਅੱਜ ਜ਼ਿਲ੍ਹਾ ਪ੍ਰੀਸ਼ਦ ਦਫ਼ਤਰ ਅੰਮ੍ਰਿਤਸਰ ਵਿਖੇ ਆਪਣਾ ਅਹੁਦਾ ਸੰਭਾਲ ਲਿਆ। ਵਿਧਾਨ ਸਭਾ ਹਲਕਾ ਅਟਾਰੀ ਦੇ ਵਿਧਾਇਕ ਸ. ਜਸਵਿੰਦਰ ਸਿੰਘ ਰਮਦਾਸ ਅਤੇ ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਸ. ਦਲਬੀਰ ਸਿੰਘ ਟੌਂਗ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਦੋਵਾਂ ਵਿਧਾਇਕਾਂ ਨੇ ਨਵੇਂ ਚੇਅਰਮੈਨ ਅਤੇ ਵਾਈਸ ਚੇਅਰਪਰਸਨ ਨੂੰ ਅਹੁਦਾ ਸੰਭਾਲਣ 'ਤੇ ਵਧਾਈ ਦਿੰਦਿਆਂ ਆਸ ਪ੍ਰਗਟਾਈ ਕਿ ਉਹ ਲੋਕਾਂ ਦੀ ਭਲਾਈ ਅਤੇ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਅੱਗੇ ਵਧਾਉਣਗੇ। ਆਮ ਆਦਮੀ ਪਾਰਟੀ ਨੇ ਆਮ ਘਰਾਂ ਦੇ ਜਾਇਆਂ ਨੂੰ ਇੱਕ ਵਾਰ ਫਿਰ ਵੱਡੇ ਅਹੁਦੇ ਦੇ ਕੇ ਨਿਵਾਜਿਆ ਹੈ। ਅਹੁਦਾ ਸੰਭਾਲਣ ਉਪਰੰਤ ਸ. ਸਰਬਜੀਤ ਸਿੰਘ ਬੱਲ ਅਤੇ ਸ਼੍ਰੀਮਤੀ ਰਾਜਵਿੰਦਰ ਕੌਰ ਨੇ ਸਮੂਹ ਆਗੂਆਂ ਅਤੇ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ। ਜ਼ਿਲ੍ਹਾ ਪ੍ਰੀਸ਼ਦ ਰਾਹੀਂ ਪਿੰਡਾਂ ਦੇ ਵਿਕਾਸ ਕਾਰਜਾਂ ਨੂੰ ਹੋਰ ਤੇਜ਼ੀ ਨਾਲ ਅੱਗੇ ਵਧਾਇਆ ਜਾਵੇਗਾ ਅਤੇ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਦਾ ਲਾਭ ਹਰ ਯੋਗ ਵਿਅਕਤੀ ਤੱਕ ਪਹੁੰਚਾਇਆ ਜਾਵੇਗਾ। ਚੇਅਰਮੈਨ ਜਸਕਰਨ ਬੰਦੇਸ਼ਾ, ਜ਼ਿਲ੍ਹਾ ਯੋਜਨਾ ਕਮੇਟੀ ਅੰਮ੍ਰਿਤਸਰ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਦਿਹਾਤੀ ਪ੍ਰਧਾਨ ਸ੍ਰੀ ਗੁਰਪ੍ਰਤਾਪ ਸਿੰਘ ਸੰਧੂ, ਮੈਡਮ ਸੋਨੀਆ ਮਾਨ, ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਸ. ਗੁਰਬਖਸ਼ ਸਿੰਘ ਛੀਨਾ, ਐਡਵੋਕੇਟ ਅਰਵਿੰਦਰ ਸਿੰਘ ਭੱਟੀ, ਸ. ਹਰਸਿਮਰ ਸਿੰਘ ਚੇਅਰਮੈਨ, ਸ੍ਰੀ ਗੁਰਪ੍ਰੀਤ ਸਿੰਘ ਕਟਾਰੀਆ ਜ਼ਿਲ੍ਹਾ ਇੰਚਾਰਜ ਟਰੇਡ ਵਿੰਗ, ਸ. ਕੁਲਵਿੰਦਰ ਸਿੰਘ ਔਲਖ ਪ੍ਰਧਾਨ ਨਗਰ ਪੰਚਾਇਤ ਰਾਜਾਸਾਂਸੀ ਸਮੇਤ ਹੋਰ ਆਗੂ, ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸ਼੍ਰੀਮਤੀ ਪਰਮਜੀਤ ਕੌਰ ਅਤੇ ਜ਼ਿਲ੍ਹਾ ਪ੍ਰੀਸ਼ਦ ਦੇ ਹੋਰ ਅਧਿਕਾਰੀ ਵੀ ਮੌਜੂਦ ਸਨ।

# ਪੀ.ਏ.ਯੂ-ਕ੍ਰਿਸ਼ੀ ਵਿਗਿਆਨ ਕੇਂਦਰ, ਸ਼ਹੀਦ ਭਗਤ ਸਿੰਘ ਨਗਰ ਵਲੋਂ ਖਾਦਾਂ ਦੀ ਸੰਤੁਲਿਤ ਵਰਤੋਂ ਦੀ ਮੁਹਿੰਮ ਤਹਿਤ ਜਾਗਰੂਕਤਾ ਕੈਂਪ ਦਾ ਆਯੋਜਨ



ਨਵਾਂ ਸ਼ਹਿਰ, 22 ਮਈ (ਜਤਿੰਦਰ ਪਾਲ ਸਿੰਘ ਕਲੇਰ) ਪੰਜਾਬ ਖੇਤੀਬਾੜੀ ਯੂਨੀਵਰਸਿਟੀ ਅਤੇ ਭਾਰਤੀ ਖੇਤੀ ਖੋਜ ਸੰਸਥਾ-ਅਟਾਰੀ, ਜੋਨ-।, ਲੁਧਿਆਣਾ ਦੀ ਅਗਵਾਈ ਹੇਠ, ਕ੍ਰਿਸ਼ੀ ਵਿਗਿਆਨ ਕੇਂਦਰ, ਲੰਗੜੋਆ, ਸ਼ਹੀਦ ਭਗਤ ਸਿੰਘ ਨਗਰ ਵਲੋਂ 22 ਮਈ, 2026 ਨੂੰ 'ਖਾਦਾਂ ਦੀ ਸੰਤੁਲਿਤ ਵਰਤੋਂ' ਮੁਹਿੰਮ ਅਧੀਨ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ 44 ਕਿਸਾਨਾਂ ਨੇ ਭਾਗ ਲਿਆ ।ਇਸ ਕੈਂਪ ਵਿੱਚ ਡਾ. ਜਸਵਿੰਦਰ ਕੁਮਾਰ, ਸਹਾਇਕ ਪ੍ਰੋਫੈਸਰ (ਫਸਲ ਵਿਗਿਆਨ) ਨੇ ਮਿਆਰੀ ਉਪਜ ਪੈਦਾ ਕਰਨ ਲਈ ਖਾਦਾਂ ਦੀ ਸੁਚੱਜੀ ਵਰਤੋਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਖਾਦਾਂ ਦੀ ਵਰਤੋਂ ਮਿੱਟੀ ਪਰਖ ਅਧਾਰ ਉੱਤੇ ਕਰਨ ਦੀ ਸਲਾਹ ਦਿੰਦੇ ਹੋਏ ਕਿਸਾਨਾਂ ਨੂੰ ਸਾਉਣੀ ਦੀ ਫ਼ਸਲ ਬੀਜਣ ਤੋਂ ਪਹਿਲਾਂ ਅਪਣੇ ਖੇਤਾਂ ਦੀ ਮਿੱਟੀ ਦੀ ਪਰਖ ਕਰਵਾਉਣ ਦੀ ਅਪੀਲ ਕੀਤੀ ਤਾਂ ਜੋ ਖਾਦਾਂ ਦੀ ਬੇਲੋੜੀ ਵਰਤੋਂ ਅਤੇ ਕਿਸਾਨਾਂ ਦਾ ਆਰਥਿਕ ਨੁਕਸਾਨ ਨੂੰ ਘਟਾਇਆ ਜਾ ਸਕੇ। ਉਨ੍ਹਾਂ ਕ੍ਰਿਸ਼ੀ ਵਿਗਿਆਨ ਕੇਂਦਰ ਵਲੋਂ ਚਲਾਏ ਜਾ ਰਹੇ ਵੱਖ-ਵੱਖ ਕਿੱਤਾ-ਮੁੱਖੀ ਕੋਰਸਾਂ ਬਾਰੇ ਜਾਣਕਾਰੀ ਦਿੱਤੀ ਤਾਂ ਜੋ ਕਿਸਾਨ ਹੁੰਨਰਮੰਦ ਬਣਕੇ ਆਪਣੀ ਆਮਦਨ ਵਿੱਚ ਵਾਧਾ ਕਰ ਸਕਣ। ਇਸ ਕੈਂਪ ਨੇ ਕਿਸਾਨਾਂ ਨੂੰ ਇੱਕ ਸਿਹਤਮੰਦ ਵਾਤਾਵਰਣ, ਬਿਹਤਰ ਮਿੱਟੀ ਦੀ ਸਿਹਤ ਅਤੇ ਇੱਕ ਟਿਕਾਊ ਖੇਤੀਬਾੜੀ ਲਈ ਖਾਦਾਂ ਦੀ ਸੰਤੁਲਿਤ ਵਰਤੋਂ ਨੂੰ ਅਪਨਾਉਣ ਲਈ ਪ੍ਰੇਰਿਤ ਕੀਤਾ।

# ਪੀਰ ਬਾਬਾ ਬੰਦਲੀ ਸ਼ੇਰ ਮਹਾਰਾਜ ਜੀ ਆਸਰੋਂ ਦਾ ਸਲਾਨਾ ਜੋੜ ਮੇਲਾ ਸ਼ਰਧਾ ਨਾਲ ਕਰਵਾਇਆ



ਨਵਾਂਸ਼ਹਿਰ/ਕਾਠਗੜ੍ਹ 22 ਮਈ (ਜਤਿੰਦਰ ਪਾਲ ਸਿੰਘ ਕਲੇਰ) ਸਨਅਤੀ ਖੇਤਰ ਦੇ ਪ੍ਰਸਿੱਧ ਧਾਰਮਿਕ ਸਥਾਨ ਪੀਰ ਬਾਬਾ ਬੰਦਲੀ ਸ਼ੇਰ ਮਹਾਰਾਜ ਜੀ ਦਾ ਸਲਾਨਾ ਜੋੜ ਮੇਲਾ ਅਤੇ ਸਵਰਗੀ ਗੱਦੀਨਸ਼ੀਨ ਬਾਬਾ ਕਿਹਰ ਸਿੰਘ ਜੀ ਦੀ ਬਰਸੀ ਸਮਾਗਮ ਮੌਜੂਦਾ ਗੱਦੀਨਸ਼ੀਨ ਬਾਬਾ ਸੱਤਪਾਲ ਜੀ ਦੀ ਰਹਿਨੁਮਾਈ ਹੇਠ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ। ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਭੋਗ ਪਾਉਣ ਉਪਰੰਤ ਰਾਗੀ ਜਥਿਆਂ ਨੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਇਸ ਉਪਰੰਤ ਸਥਾਨ ਤੇ ਚਾਦਰ ਚੜਾਉਣ ਅਤੇ ਝੰਡਾ ਚੜ੍ਹਾਉਣ ਦੀ ਰਸਮ ਅਦਾ ਕੀਤੀ ਗਈ।ਇਸ ਸਮਾਗਮ ਵਿੱਚ ਵਿਸ਼ੇਸ਼ ਤੌਰ ਤੇ ਚੇਅਰਮੈਨ ਐਸ ਸੀ ਕਮਿਸ਼ਨ ਪੰਜਾਬ ਜਸਵੀਰ ਸਿੰਘ ਗੜ੍ਹੀ ਨੇ ਪਹੁੰਚ ਕੇ ਹਾਜ਼ਰੀ ਲਗਵਾਈ ਅਤੇ ਉਨ੍ਹਾਂ ਕਿਹਾ ਕਿ ਮੈਂ ਅੱਜ ਤੋਂ 25 ਸਾਲ ਪਹਿਲਾਂ ਇਸ ਸਥਾਨ ਤੇ ਆਇਆ ਸੀ ਅਤੇ ਅੱਜ ਫਿਰ ਤੋਂ ਅਸ਼ੀਰਵਾਦ ਲੈਣ ਦਾ ਮੌਕਾ ਮਿਲਿਆ ਹੈ। ਉਨ੍ਹਾਂ ਕਿਹਾ ਇਹ ਧਾਰਮਿਕ ਸਮਾਗਮ ਸਾਨੂੰ ਆਪਸੀ ਭਾਈਚਾਰੇ ਦਾ ਸੰਦੇਸ਼ ਦਿੰਦੇ ਹਨ। ਉਨ੍ਹਾਂ ਡੇਰੇ ਵਲੋਂ ਸਮਾਜ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਪੰਜਾਬ ਦੀਆਂ ਨਾਮਵਰ ਗਾਇਕ ਪਾਰਟੀਆਂ ਵਲੋਂ ਦੁਪਹਿਰ ਤੋਂ ਰਾਤ ਤੱਕ ਲਗਾਤਾਰ ਧਾਰਮਿਕ ਗੀਤਾਂ ਨਾਲ ਸੰਗਤਾਂ ਨੂੰ ਆਪਣੇ ਨਾਲ ਜੋੜੀ ਰੱਖਿਆ ਗਿਆ।ਇਸ ਮੌਕੇ ਬਰਜਿੰਦਰਾ ਹਸਪਤਾਲ ਰੋਪੜ ਦੇ ਸਹਿਯੋਗ ਨਾਲ ਫ੍ਰੀ ਮੈਡੀਕਲ ਚੈੱਕਅਪ ਕੈਂਪ ਅਤੇ ਖੂਨਦਾਨ ਕੈਂਪ ਲਗਾਇਆ ਲਗਾਇਆ ਗਿਆ ਜਿਸ ਵਿੱਚ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਖੂਨਦਾਨ ਕੀਤਾ ਅਤੇ ਲੋੜਵੰਦ ਮਰੀਜਾਂ ਨੂੰ ਚੈੱਕਅੱਪ ਕਰਕੇ ਫ੍ਰੀ ਦਵਾਈਆ ਦਿੱਤੀਆਂ ਗਈਆਂ ਇਸ ਮੌਕੇ ਸਮੂਹ ਸੰਗਤਾਂ ਲਈ ਸਵੇਰ ਤੋਂ ਚਾਹ ਪਕੌੜਿਆਂ,ਠੰਡੇ ਪਾਣੀ ਦੀ ਛਬੀਲ,ਕੋਲਡ ਡਰਿੰਕ ਦੀ ਛਬੀਲ, ਕੁਲਫੀਆਂ ਦੀ ਛਬੀਲ ਅਤੇ ਬਾਬਾ ਜੀ ਦੇ ਅਤੁੱਟ ਲੰਗਰਾਂ ਦੇ ਵਿਸ਼ੇਸ਼ ਪ੍ਰਬੰਧ ਕੀਤੇ ਗਏ ਸਨ। ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਲਗਵਾਈ ਅਤੇ ਬਾਬਾ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ।

# ਲੋਕਾਂ ਦੀ ਸਿਹਤ ਨਾਲ ਖਿਲਵਾੜ ਬਰਦਾਸ਼ਤ ਨਹੀਂ ਕੀਤਾ ਜਾਵੇਗਾ: ਅਸਿਸਟੈਂਟ ਕਮਿਸ਼ਨਰ ਫੂਡ




ਅੰਮ੍ਰਿਤਸਰ, 22 ਮਈ (ਰਾਜੇਸ਼ ਡੈਨੀ) ਮਾਨਯੋਗ ਕਮਿਸ਼ਨਰ ਫੂਡ ਐਂਡ ਡਰੱਗ ਐਡਮਿਨਿਸਟ੍ਰੇਸ਼ਨ ਪੰਜਾਬ ਦੇ ਹੁਕਮਾਂ ਤਹਿਤ ਡਾ. ਜੀ.ਐੱਸ. ਪੰਨੂ, ਅਸਿਸਟੈਂਟ ਕਮਿਸ਼ਨਰ ਫੂਡ, ਵੱਲੋਂ ਸ੍ਰੀਮਤੀ ਰੇਖਾ ਸ਼ਰਮਾ, ਫੂਡ ਸੇਫਟੀ ਅਫਸਰ ਦੇ ਨਾਲ ਅੰਮ੍ਰਿਤਸਰ ਸ਼ਹਿਰ ਦੀਆਂ ਵੱਖ-ਵੱਖ ਡੇਅਰੀਆਂ ਦੀ ਅਚਨਚੇਤ ਦੌਰਾ ਕਰਕੇ ਜਾਂਚ ਕੀਤੀ ਗਈ। ਇਸ ਟੀਮ ਵੱਲੋਂ ਅੰਮ੍ਰਿਤਸਰ ਸ਼ਹਿਰ ਦੇ ਰਾਮ ਤੀਰਥ ਰੋਡ, ਗਵਾਲ ਮੰਡੀ, ਪੁਤਲੀਘਰ, ਛੇਹਰਟਾ ਰੋਡ, ਮਜੀਠਾ ਰੋਡ ਆਦਿ ਇਲਾਕਿਆਂ ਵਿੱਚ ਜਾਂਚ ਮੁਹਿੰਮ ਚਲਾਈ ਗਈ ਅਤੇ ਇਸ ਦੌਰਾਨ ਡੇਅਰੀ ਉਤਪਾਦਾਂ ਦੇ ਕੁੱਲ 12 ਸੈਂਪਲ ਭਰੇ ਗਏ, ਜਿਨ੍ਹਾਂ ਵਿੱਚ 7 ਪਨੀਰ, 4 ਦੁੱਧ ਅਤੇ 1 ਦਹੀਂ ਦਾ ਸੈਂਪਲ ਸ਼ਾਮਲ ਹੈ। ਇਹ ਸੈਂਪਲ ਜਾਂਚ ਲਈ ਸਰਕਾਰੀ ਫੂਡ ਲੈਬਾਰਟਰੀ ਨੂੰ ਭੇਜੇ ਗਏ ਹਨ। ਡਾ. ਜੀ.ਐੱਸ. ਪੰਨੂ, ਅਸਿਸਟੈਂਟ ਕਮਿਸ਼ਨਰ ਫੂਡ ਨੇ ਦੱਸਿਆ ਕਿ ਇਹ ਛਾਪੇਮਾਰੀ ਮਾਨਯੋਗ ਕਮਿਸ਼ਨਰ ਫੂਡ ਐਂਡ ਡਰੱਗ ਐਡਮਿਨਿਸਟ੍ਰੇਸ਼ਨ ਪੰਜਾਬ ਦੇ ਹੁਕਮਾਂ ਤਹਿਤ ਕੀਤੀ ਗਈ ਹੈ। ਡੇਅਰੀ ਮਾਲਕਾਂ ਨੂੰ ਸਖ਼ਤ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਲੋਕਾਂ ਦੀ ਸਿਹਤ ਨਾਲ ਕਿਸੇ ਵੀ ਤਰ੍ਹਾਂ ਦਾ ਖਿਲਵਾੜ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਆਮ ਜਨਤਾ ਨੂੰ ਸਾਫ਼-ਸੁਥਰੇ, ਗੁਣਵੱਤਾ ਯੁਕਤ ਅਤੇ ਮਿਆਰੀ ਖਾਣ-ਪੀਣ ਸਮੱਗਰੀ ਮੁਹੱਈਆ ਕਰਵਾਈ ਜਾਵੇ। ਭਵਿੱਖ ਵਿੱਚ ਵੀ ਖਾਣ ਵਾਲੇ ਪਦਾਰਥਾਂ ਦੀ ਗੁਣਵਤਾ ਨੂੰ ਬਣਾਈ ਰੱਖਣ ਲਈ ਸੈਂਪਲਿੰਗ ਜਾਰੀ ਰਹੇਗੀ।

# ਜਿਲ੍ਹਾ ਪਠਾਨਕੋਟ ਵਿੱਚ ਵੋਟਰ ਸੂਚੀ ਦੀ ਵਿਸ਼ੇਸ਼ ਸੰਖੇਪ ਪੁਨਰੀਖਣ ਦਾ ਸ਼ਡਿਊਲ ਜਾਰੀ, 25 ਜੂਨ ਤੋਂ ਘਰ-ਘਰ ਜਾਣਗੇ ਬੀ ਐਲ ਓਜ



ਪਠਾਨਕੋਟ 22, ਮਈ (ਤਰੁਣ ਸਣਹੋਤਰਾ) ਡਾ. ਪੱਲਵੀ, ਆਈ.ਏ.ਐਸ., ਜਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ, ਪਠਾਨਕੋਟ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਚੋਣ ਕਮਿਸ਼ਨ, ਨਵੀਂ ਦਿੱਲੀ ਵੱਲੋਂ ਵਿਸ਼ੇਸ਼ ਸੰਖੇਪ ਪੁਨਰੀਖਣ (ਸਪੈਸ਼ਲ ਇੰਟੈਂਸਿਵ ਰਿਵੀਜ਼ਨ-ਐਸਆਈਆਰ) ਦਾ ਸ਼ਡਿਊਲ ਜਾਰੀ ਕਰ ਦਿੱਤਾ ਗਿਆ ਹੈ। ਜਿਲ੍ਹਾ ਪਠਾਨਕੋਟ ਦੇ ਤਿੰਨਾਂ ਵਿਧਾਨ ਸਭਾ ਚੋਣ ਹਲਕਿਆਂ 001 ਸੁਜਾਨਪੁਰ, 002 ਭੋਆ (ਅ.ਜ.) ਅਤੇ 003 ਪਠਾਨਕੋਟ ਵਿੱਚ ਤਾਇਨਾਤ 568 ਬੀ.ਐਲ.ਓਜ਼ (ਬੂਥ ਲੈਵਲ ਅਫਸਰਾਂ) ਵੱਲੋਂ ਵੋਟਰਾਂ ਦੇ ਨਵੇਂ ਸਿਰੇ ਤੋਂ ਵੇਰਵੇ ਇਕੱਠੇ ਕਰਨ ਲਈ ਆਪਣੇ-ਆਪਣੇ ਪੋਲਿੰਗ ਏਰੀਏ ਵਿੱਚ 25 ਜੂਨ 2026 ਤੋਂ 24 ਜੁਲਾਈ 2026 ਤੱਕ ਘਰ-ਘਰ ਜਾ ਕੇ ਵਿਜ਼ਿਟ ਕੀਤੀ ਜਾਵੇਗੀ। ਡਾ. ਪੱਲਵੀ ਨੇ ਦੱਸਿਆ ਕਿ 24 ਜੁਲਾਈ 2026 ਤੋਂ ਬਾਅਦ ਪੋਲਿੰਗ ਸਟੇਸ਼ਨਾਂ ਦੀ ਰੈਸ਼ਨਲਾਈਜੇਸ਼ਨ ਦਾ ਕੰਮ ਕੀਤਾ ਜਾਵੇਗਾ, ਜਿਸ ਉਪਰੰਤ ਵੋਟਰ ਸੂਚੀ ਦੀ ਮੁੱਢਲੀ ਪ੍ਰਕਾਸ਼ਨਾ 31 ਜੁਲਾਈ 2026 ਨੂੰ ਕੀਤੀ ਜਾਵੇਗੀ। ਮੁੱਢਲੀ ਵੋਟਰ ਸੂਚੀ ਦੇ ਪ੍ਰਕਾਸ਼ਨ ਤੋਂ ਬਾਅਦ ਆਮ ਜਨਤਾ ਪਾਸੋਂ ਦਾਅਵੇ, ਇਤਰਾਜ਼ ਅਤੇ ਸੋਧ ਸਬੰਧੀ 31 ਜੁਲਾਈ 2026 ਤੋਂ 30 ਅਗਸਤ 2026 ਤੱਕ ਫਾਰਮ ਨੰਬਰ 6, 7 ਅਤੇ 8 ਪ੍ਰਾਪਤ ਕੀਤੇ ਜਾਣਗੇ। ਇਸ ਤੋਂ ਇਲਾਵਾ, 31 ਜੁਲਾਈ 2026 ਤੋਂ 28 ਸਤੰਬਰ 2026 ਦੌਰਾਨ ਜਾਰੀ ਨੋਟਿਸਾਂ ਅਤੇ ਪ੍ਰਾਪਤ ਦਾਅਵਿਆਂ/ਇਤਰਾਜ਼ਾਂ ਦਾ ਨਿਪਟਾਰਾ ਸਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਵੱਲੋਂ ਕੀਤਾ ਜਾਵੇਗਾ। ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਦੇ ਫੈਸਲਿਆਂ ਵਿਰੁੱਧ ਡਿਪਟੀ ਕਮਿਸ਼ਨਰ-ਕਮ-ਜਿਲ੍ਹਾ ਚੋਣ ਅਫ਼ਸਰ ਅਤੇ ਮੁੱਖ ਚੋਣ ਅਫ਼ਸਰ, ਪੰਜਾਬ, ਚੰਡੀਗੜ੍ਹ ਕੋਲ ਅਪੀਲ ਵੀ ਕੀਤੀ ਜਾ ਸਕਦੀ ਹੈ। ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ 01 ਅਕਤੂਬਰ 2026 ਨੂੰ ਕੀਤੀ ਜਾਵੇਗੀ। ਇਸ ਤੋਂ ਇਲਾਵਾ, ਜਿਲ੍ਹਾ ਚੋਣ ਦਫ਼ਤਰ, ਪਠਾਨਕੋਟ ਵੱਲੋਂ ਸਥਾਪਿਤ ਵੋਟਰ ਹੈਲਪਲਾਈਨ ਨੰਬਰ 1950 'ਤੇ ਸੰਪਰਕ ਕਰਕੇ ਐਸਆਈਆਰ ਸਬੰਧੀ ਕਿਸੇ ਵੀ ਕਿਸਮ ਦੀ ਜਾਣਕਾਰੀ ਪ੍ਰਾਪਤ ਕੀਤੀ ਜਾ ਸਕਦੀ ਹੈ।

# ਟਰੈਫਿਕ ਪੁਲਿਸ ਵੱਲੋਂ ਜਹਾਂਗੜ੍ਹ 'ਚ ਟਰੱਕ, ਟਿੱਪਰ, ਟਰਾਲੀ ਵਾਲਿਆ ਨਾਲ ਮੀਟਿੰਗ



ਅੰਮ੍ਰਿਤਸਰ 22 ਮਈ (ਰਾਜੇਸ਼ ਡੈਨੀ) ਮਾਨਯੋਗ ਪੁਲਿਸ ਕਮਿਸ਼ਨਰ ਸ੍ਰੀ ਗੁਰਪ੍ਰੀਤ ਸਿੰਘ ਭੁੱਲਰ ਜੀ ਆਈ ਪੀ ਐਸ ਅਤੇ ਏਸ ਪੀ ਟ੍ਰੈਫਿਕ ਮੈਡਮ ਅਮਨਦੀਪ ਕੌਰ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜੋਨ ਨੰਬਰ 3 ਦੇ ਇੰਚਾਰਜ ਸਬ ਇੰਸਪੈਕਟਰ ਦਿਲਬਾਗ ਸਿੰਘ ਦੀ ਅਗਵਾਈ ਹੇਠ ਜੋ ਇੰਦਰ ਟਰਾਂਸਪੋਰਟ ਨਗਰ ਜਹਾਂਗੜ੍ਹ ਜੀ ਟੀ ਰੋਡ ਵਿਖੇ ਟਰੱਕ,ਬਜਰੀ ਦੀਆਂ ਟਰਾਲੀਆਂ ਟਰੱਕਾਂ ਅਤੇ ਟਿੱਪਰਾ ਨੂੰ ਲੈ ਕੇ ਪ੍ਰਧਾਨ ਹਰਜੀਤ ਸਿੰਘ ਪਹਿਲਵਾਨ ਅਤੇ ਹੋਰਨਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ ਇਸ ਮੌਕੇ ਸਬ ਇੰਸਪੈਕਟਰ ਦਿਲਬਾਗ ਸਿੰਘ ਨੇ ਦੱਸਿਆ ਕਿ ਰੇਤ,ਬਜਰੀ ਦੀਆਂ ਟਰਾਲੀਆਂ ਅਤੇ ਟਿੱਪਰ ਖਾਲੀ ਹੋਣ ਉਸਦੀ ਸਫਾਈ ਬੇਹਦ ਜਰੂਰੀ ਹੈ ਕਿਉਂਕਿ ਅਕਸਰ ਵੇਖਣ ਵਿੱਚ ਆਇਆ ਹੈ ਜ਼ਿਆਦਾਤਰ ਟਰਾਲੀਆਂ ਟਰੱਕ,ਟਿੱਪਰ ਵਾਲੇ ਰੇਤ ਬਜਰੀ ਨਾਲ ਭਰ ਕੇ ਬਿਨਾ ਢੱਕੇ ਹੀ ਸੜਕਾਂ ਤੇ ਨਿਕਲ ਜਾਂਦੇ ਹਨ ਜਿਸ ਦੌਰਾਨ ਕੋਈ ਨਾ ਕੋਈ ਹਾਦਸਾ ਵਾਪਰਨ ਦਾ ਡਰ ਬਣਿਆ ਰਹਿੰਦਾ ਹੈ ਵਾਤਾਵਰਨ ਨੂੰ ਪ੍ਰਦੂਸ਼ਿਤ ਕਰਦੇ ਹਨ ਸਬ ਇੰਸਪੈਕਟਰ ਦਿਲਬਾਗ ਸਿੰਘ ਨੇ ਕਿਹਾ ਕਿ ਜੇਕਰ ਕੋਈ ਵੀ ਟਰਾਲੀ, ਟਿੱਪਰ ਵਾਲੇ ਵੱਲੋਂ ਇਹਨਾਂ ਨਿਯਮਾਂ ਦੀ ਉਲੰਘਣਾ ਕਰਦਾ ਪਾਇਆ ਗਿਆ ਤਾਂ ਉਸ ਖ਼ਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇਗੀ ਇਸ ਮੌਕੇ ਲਖਬੀਰ ਸਿੰਘ ਢੱਲੀ, ਰਣਧੀਰ ਸਿੰਘ ਗੋਰਾ,ਦਲਜੀਤ ਸਿੰਘ ਸਿਕੰਦਰ ਸਿੰਘ,ਬਲਜੀਤ ਸਿੰਘ,ਸੁਖਦੀਪ ਸਿੰਘ, ਏ ਐਸ ਆਈ ਲਖਬੀਰ ਸਿੰਘ, ਏ ਐਸ ਆਈ ਹਰਿੰਦਰ ਸਿੰਘ ਆਦਿ ਹਾਜ਼ਰ ਸਨ

# ਨੂਰਮਹਿਲ ਥਾਣੇ ਦੇ ਏਐਸਆਈ ਖ਼ਿਲਾਫ਼ ਸੜਕ ਹਾਦਸੇ ਦਾ ਮਾਮਲਾ ਦਰਜ

ਜਲੰਧਰ (ਜੇ ਐਸ ਸੰਧੂ ਤੇ ਕੰਵਲਜੀਤ ਸਿੰਘ ਮੱਕੜ) ਜ਼ਿਲ੍ਹਾ ਜਲੰਧਰ ਦੇ ਨੂਰਮਹਿਲ ਥਾਣੇ ਵਿੱਚ ਤਾਇਨਾਤ ਇੱਕ ਏਐਸਆਈ ਖ਼ਿਲਾਫ਼ ਸੜਕ ਹਾਦਸੇ ਦਾ ਮਾਮਲਾ ਦਰਜ ਹੋਣ ਦੀ ਖ਼ਬਰ ਸਾਹਮਣੇ ਆਈ ਹੈ। ਦੋਸ਼ ਹੈ ਕਿ ਏਐਸਆਈ ਨੇ ਆਪਣੀ ਕਾਰ ਨਾਲ ਇੱਕ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ ਅਤੇ ਘਟਨਾ ਤੋਂ ਬਾਅਦ ਮੌਕੇ ਤੋਂ ਫਰਾਰ ਹੋ ਗਿਆ। ਪੁਲਿਸ ਨੇ ਪੀੜਤ ਦੇ ਬਿਆਨਾਂ ਦੇ ਆਧਾਰ 'ਤੇ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਮਾਮਲੇ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਮੁਖੀ ਲਾਭ ਸਿੰਘ ਨੇ ਦੱਸਿਆ ਕਿ ਏਐਸਆਈ ਵਿਜੇ ਕੁਮਾਰ ਖ਼ਿਲਾਫ਼ ਹਰਪ੍ਰੀਤ ਸਿੰਘ ਵਾਸੀ ਕੱਚਾ ਪੱਕਾ ਬੋਹੜਾ ਨੇ ਸ਼ਿਕਾਇਤ ਦਿੱਤੀ ਸੀ। ਸ਼ਿਕਾਇਤਕਰਤਾ ਮੁਤਾਬਕ 20 ਮਈ 2026 ਨੂੰ ਸਵੇਰੇ ਕਰੀਬ 11:40 ਵਜੇ ਉਹ ਆਪਣੀ ਬਾਈਕ ਨੰਬਰ ਪੀਬੀ-08-ਬੀਕੇ-9931 'ਤੇ ਗੁਰਦੁਆਰਾ ਸਾਹਿਬ ਤੋਂ ਨੀ ਮੋੜ ਵੱਲ ਜਾ ਰਿਹਾ ਸੀ। ਇਸ ਦੌਰਾਨ ਏਐਸਆਈ ਵਿਜੇ ਕੁਮਾਰ ਨੇ ਆਪਣੀ ਕਾਰ ਨਾਲ ਉਸ ਦੀ ਬਾਈਕ ਨੂੰ ਟੱਕਰ ਮਾਰ ਦਿੱਤੀ। ਹਾਦਸੇ ਵਿੱਚ ਹਰਪ੍ਰੀਤ ਸਿੰਘ ਨੂੰ ਮਾਮੂਲੀ ਸੱਟਾਂ ਲੱਗੀਆਂ ਜਦਕਿ ਉਸ ਦੀ ਬਾਈਕ ਵੀ ਨੁਕਸਾਨੀ ਗਈ। ਦੋਸ਼ ਹੈ ਕਿ ਹਾਦਸੇ ਤੋਂ ਬਾਅਦ ਏਐਸਆਈ ਮੌਕੇ 'ਤੇ ਗੱਡੀ ਸਮੇਤ ਫਰਾਰ ਹੋ ਗਿਆ। ਪੁਲਿਸ ਨੇ ਪੀੜਤ ਦੇ ਬਿਆਨਾਂ ਦੇ ਆਧਾਰ 'ਤੇ ਏਐਸਆਈ ਵਿਜੇ ਕੁਮਾਰ ਵਰਮਾ ਖ਼ਿਲਾਫ਼ ਐਫਆਈਆਰ ਨੰਬਰ 73 ਤਹਿਤ ਧਾਰਾ 279, 337, 338 ਅਤੇ 447 ਅਧੀਨ ਮਾਮਲਾ ਦਰਜ ਕਰ ਲਿਆ ਹੈ। ਮਿਲੀ ਜਾਣਕਾਰੀ ਅਨੁਸਾਰ ਏਐਸਆਈ ਵਿਜੇ ਕੁਮਾਰ ਪਿੰਡ ਸਿੱਧਮ ਸਟੇਸ਼ਨ, ਥਾਣਾ ਸਦਰ ਨਕੋਦਰ ਦਾ ਰਹਿਣ ਵਾਲਾ ਹੈ ਅਤੇ ਪਿਛਲੇ ਕਰੀਬ 7 ਸਾਲਾਂ ਤੋਂ ਨੂਰਮਹਿਲ ਥਾਣੇ ਵਿੱਚ ਵਧੀਕ ਐਸਐਚਓ ਅਪਰੇਟਰ ਵਜੋਂ ਤਾਇਨਾਤ ਹੈ। ਥਾਣਾ ਮੁਖੀ ਲਾਭ ਸਿੰਘ ਨੇ ਦੱਸਿਆ ਕਿ ਕੇਸ ਦਰਜ ਹੋਣ ਤੋਂ ਬਾਅਦ ਏਐਸਆਈ ਵਿਜੇ ਕੁਮਾਰ ਡਿਊਟੀ 'ਤੇ ਨਹੀਂ ਆ ਰਿਹਾ। ਜਿਵੇਂ ਹੀ ਉਹ ਡਿਊਟੀ 'ਤੇ ਆਏਗਾ, ਉਸ ਖ਼ਿਲਾਫ਼ ਵਿਭਾਗੀ ਕਾਰਵਾਈ ਕੀਤੀ ਜਾਵੇਗੀ। ਇਸ ਸਬੰਧੀ ਉੱਚ ਅਧਿਕਾਰੀਆਂ ਨੂੰ ਵੀ ਸੂਚਿਤ ਕਰ ਦਿੱਤਾ ਗਿਆ ਹੈ। ਜੇਕਰ ਮੁਲਜ਼ਮ ਡਿਊਟੀ 'ਤੇ ਹਾਜ਼ਰ ਨਹੀਂ ਹੁੰਦਾ ਤਾਂ ਉਸ ਨੂੰ ਤਲਬ ਕਰਕੇ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਐਕਟ ਪੰਜਾਬ ਦੇ ਹਲਾਤਾਂ ਦੀ ਖਾਸ ਕਰ ਅਮਨ ਕਾਨੂੰਨ ਦੀ ਸਥਿਤੀ ਨੂੰ ਸ਼ਪਸ਼ਟ ਕਰਦਾ ਹੈ: ਡਾ ਜਸਵਿੰਦਰ ਸਿੰਘ



ਅੰਮ੍ਰਿਤਸਰ 22 ਮਈ (ਮੋਹਕਮ ਸਿੰਘ) ਮਹਾਰਾਜਾ ਰਣਜੀਤ ਸਿੰਘ ਦੀ ਸਤਵੀਂ ਪੀੜੀ ਦੇ ਵਾਰਿਸ ਡਾ ਜਸਵਿੰਦਰ ਸਿੰਘ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ ਮਾਮਲੇ ਤੇ ਪੰਜਾਬ ਸਰਕਾਰ ਨੂੰ ਨਿਸ਼ਾਨੇ ਤੇ ਲਿਆ ਹੈ। ਪੱਤਰਕਾਰਾਂ ਨਾਲ ਗਲ ਕਰਦਿਆਂ ਡਾ ਜਸਵਿੰਦਰ ਸਿੰਘ ਨੇ ਕਿਹਾ ਕਿ ਇਹ ਐਕਟ ਪੰਜਾਬ ਦੇ ਹਲਾਤਾਂ ਦੀ ਖਾਸ ਕਰ ਅਮਨ ਕਾਨੂੰਨ ਦੀ ਸਥਿਤੀ ਨੂੰ ਸ਼ਪਸ਼ਟ ਕਰਦਾ ਹੈ।ਪੰਜਾਬ ਹੀ ਨਹੀ ਦੁਨੀਆਂ ਭਰ ਵਿਚ ਹਮੇਸ਼ਾਂ ਤੋ ਹੀ ਮਹਾਰਾਜਾ ਰਣਜੀਤ ਸਿੰਘ ਦੇ ਰਾਜ ਦੀ ਮਿਸਾਲ ਦਿੱਤੀ ਜਾਂਦੀ ਹੈ ਤੇ ਉਸ ਰਾਜ ਨੂੰ ਹੁਣ ਤਕ ਸਰਬਸ਼੍ਰੇਸ਼ਠ ਰਾਜ ਮੰਨਿਆ ਜਾਂਦਾ ਹੈ। ਮਹਾਰਾਜਾ ਰਣਜੀਤ ਸਿੰਘ ਤੇ ਰਾਜ ਤੇ ਉਨਾਂ ਦੇ ਅਕਾਲ ਚਲਾਣੇ ਤੋ ਬਾਅਦ ਵੀ ਸਿੱਖ ਰਾਜ ਵਿਚ ਸਾਰੇ ਹੀ ਧਾਰਮਿਕ ਗ੍ਰੰਥਾ ਦਾ ਸਤਿਕਾਰ ਕੀਤਾ ਜਾਂਦਾ ਸੀ। ਉਨਾਂ ਮਿਸਾਲ ਦਿੰਦੇ ਕਿਹਾ ਕਿ ਸਿੱਖ ਰਾਜ ਵਿਚ ਸ਼ੇਰ ਏ ਪੰਜਾਬ ਮਹਾਰਾਜਾ ਰਣਜੀਤ ਸਿੰਘ ਨੇ ਇਕ ਮੁਸਲਿਮ ਲਿਖਾਰੀ ਕੋਲੋ ਕੁਰਾਨ ਸ਼ਰੀਫ ਸਤਿਕਾਰ ਸਹਿਤ ਪ੍ਰਾਪਤ ਕਰਕੇ ਉਸ ਸਮੇ ਇਕ ਵੱਡੀ ਰਾਸ਼ੀ ਮੁਸਲਿਮ ਲਿਖਾਰੀ ਨੂੰ ਭੇਟ ਕੀਤੀ ਸੀ। ਉਨਾਂ ਕਿਹਾ ਕਿ ਪੰਜਾਬ ਦੇ ਵਸਨੀਕ ਅੱਜ ਵੀ ਮਹਾਰਾਜਾ ਸਾਹਿਬ ਦੇ ਨਕਸ਼ ਏ ਕਦਮ ਤੇ ਚਲਣ ਵਿਚ ਮਾਣ ਮਹਿਸੂਸ ਕਰਦੇ ਹਨ। ਡਾ ਜਸਵਿੰਦਰ ਸਿੰਘ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਫੈਸਲਾ ਲੈਣ ਸਮੇ ਸਿੱਖ ਰਾਜ ਦੇ ਵਲੋ ਤਹਿ ਕੀਤੇ ਮਿਆਰ ਧਿਆਨ ਵਿਚ ਰਖਣ।

# ਪ੍ਰਸ਼ਾਸਨ ਵੱਲੋਂ ਜਨਗਣਨਾ ਸਬੰਧੀ ਕੰਮ ਭਾਰਤ ਸਰਕਾਰ ਤੇ ਜਨਗਣਨਾ ਵਿਭਾਗ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਨਿਰਧਾਰਿਤ ਸਮੇਂ ਅੰਦਰ ਮੁਕੰਮਲ ਕੀਤੇ ਜਾਣਗੇ

ਅੰਮ੍ਰਿਤਸਰ, 22 ਮਈ (ਰਾਜੇਸ਼ ਡੈਨੀ) ਭਾਰਤ ਦੇ ਰਜਿਸਟਰਾਰ ਜਨਰਲ (ਆਰ. ਜੀ.ਆਈ.), ਜਨਗਣਨਾ ਵਿਭਾਗ, ਨਵੀਂ ਦਿੱਲੀ ਅਤੇ ਜਨਗਣਨਾ ਦਫ਼ਤਰ ਚੰਡੀਗੜ੍ਹ ਦੀ ਇੱਕ ਰਾਸ਼ਟਰੀ ਪੱਧਰੀ ਟੀਮ ਵੱਲੋਂ ਅੱਜ ਜ਼ਿਲ੍ਹਾ ਅੰਮ੍ਰਿਤਸਰ ਦੇ ਵੱਖ-ਵੱਖ ਬਲਾਕਾਂ ਵਿੱਚ ਚੱਲ ਰਹੀ ਜਨਗਣਨਾ 2026-27 ਸਬੰਧੀ ਗਤੀਵਿਧੀਆਂ ਦਾ ਦੌਰਾ ਕਰਕੇ ਵਿਸਥਾਰਪੂਰਵਕ ਜਾਇਜ਼ਾ ਲਿਆ ਗਿਆ। ਸ੍ਰੀ ਹਰਮੀਤ ਸਿੰਘ ਮੱਧ, ਜੁਆਇੰਟ ਡਾਇਰੈਕਟਰ, ਸ੍ਰੀ ਸਵਦੇਸ਼ ਪ੍ਰਤਾਪ ਸਿੰਘ ਸ਼ਾਕਿਆ, ਸਹਾਇਕ ਡਾਇਰੈਕਟਰ, ਸ੍ਰੀ ਜੈ ਨਾਰਾਇਣ, ਸਟੈਟਿਸਟਿਕਲ ਇਨਵੈਸਟੀਗੇਟਰ-1, ਸ੍ਰੀ ਸੁਨੀਲ ਕੁਮਾਰ, ਸਹਾਇਕ ਖੋਜ ਅ਼ਫਸਰ, ਸ੍ਰੀ ਅਰੁਣ ਮਹਾਜਨ, ਡਿਪਟੀ ਸਟੈਟਿਸਟਿਕਲ ਅ਼ਫਸਰ ਜ਼ਿਲ੍ਹਾ ਅੰਮ੍ਰਿਤਸਰ ਅਤੇ ਸ੍ਰੀ ਰਾਜਵਿੰਦਰ ਸਿੰਘ ਚਿਮਨੀ, ਮਾਸਟਰ ਟ੍ਰੇਨਰ ਜਨਗਣਨਾ ਸ਼ਾਮਲ ਸਨ। ਟੀਮ ਵੱਲੋਂ ਵਿੱਚ ਚੱਲ ਰਹੇ ਜਨਗਣਨਾ ਕਾਰਜਾਂ ਦੀ ਪ੍ਰਗਤੀ, ਪ੍ਰਬੰਧਕੀ ਵਿਵਸਥਾਵਾਂ, ਮੈਦਾਨੀ ਪੱਧਰ 'ਤੇ ਕੀਤੀਆਂ ਜਾ ਰਹੀਆਂ ਤਿਆਰੀਆਂ ਅਤੇ ਕਰਮਚਾਰੀਆਂ ਦੀ ਕਾਰਗੁਜ਼ਾਰੀ ਦਾ ਨਿਰੀਖਣ ਕੀਤਾ ਗਿਆ। ਜਨਗਣਨਾ ਸਬੰਧੀ ਡਾਟਾ ਇਕੱਠਾ ਕਰਨ ਦੀ ਪ੍ਰਕਿਰਿਆ, ਰਿਕਾਰਡ ਸੰਭਾਲ, ਤਕਨੀਕੀ ਪ੍ਰਬੰਧਾਂ ਅਤੇ ਟ੍ਰੇਨਿੰਗ ਸਬੰਧੀ ਕੀਤੇ ਜਾ ਰਹੇ ਉਪਰਾਲਿਆਂ ਦੀ ਵੀ ਸਮੀਖਿਆ ਕੀਤੀ। ਟੀਮ ਵੱਲੋਂ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ ਨਾਲ ਵਿਸ਼ੇਸ਼ ਮੀਟਿੰਗ ਵੀ ਕੀਤੀ ਗਈ, ਜਿਸ ਦੌਰਾਨ ਜ਼ਿਲ੍ਹੇ ਵਿੱਚ ਜਨਗਣਨਾ 2026-27 ਦੇ ਕੰਮਾਂ ਦੀ ਮੌਜੂਦਾ ਪ੍ਰਗਤੀ ਅਤੇ ਲਾਗੂਕਰਨ ਸਬੰਧੀ ਵਿਸਥਾਰ ਨਾਲ ਚਰਚਾ ਕੀਤੀ ਗਈ। ਡਿਪਟੀ ਕਮਿਸ਼ਨਰ ਅੰਮ੍ਰਿਤਸਰ ਨੇ ਭਰੋਸਾ ਦਿਵਾਇਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਨਗਣਨਾ ਸਬੰਧੀ ਸਾਰੇ ਕੰਮ ਭਾਰਤ ਸਰਕਾਰ ਅਤੇ ਜਨਗਣਨਾ ਵਿਭਾਗ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਨਿਰਧਾਰਿਤ ਸਮੇਂ ਅੰਦਰ ਮੁਕੰਮਲ ਕੀਤੇ ਜਾਣਗੇ।ਜਨਗਣਨਾ ਦੇ ਕੰਮ ਨੂੰ ਸੁਚੱਜੇ ਅਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਪ੍ਰਸ਼ਾਸਨ ਵੱਲੋਂ ਪੂਰੀ ਗੰਭੀਰਤਾ ਨਾਲ ਕੰਮ ਕੀਤਾ ਜਾ ਰਿਹਾ ਹੈ ਜਨਗਣਨਾ ਦੇ ਅੰਕੜੇ ਦੇਸ਼ ਦੀ ਯੋਜਨਾਬੰਦੀ, ਵਿਕਾਸ ਕਾਰਜਾਂ ਅਤੇ ਭਵਿੱਖ ਦੀਆਂ ਨੀਤੀਆਂ ਤਿਆਰ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ, ਇਸ ਪ੍ਰਕਿਰਿਆ ਨੂੰ ਪੂਰੀ ਸਹੀਤਾ ਅਤੇ ਜ਼ਿੰਮੇਵਾਰੀ ਨਾਲ ਪੂਰਾ ਕਰਨਾ ਯਕੀਨੀ ਬਣਾਇਆ ਜਾ ਰਿਹਾ ਹੈ।

# ਵੋਟਰ ਸੂਚੀ ਚ ਨਾਮ ਰੱਖਣਾ ਹੈ ਤਾਂ ਭਰਨਾ ਪਵੇਗਾ ਇਨੋਮੀਰੇਸ਼ਨ ਫਾਰਮ, 25 ਜੂਨ ਤੋਂ ਸ਼ੁਰੂ ਹੋਵੇਗਾ ਘਰ-ਘਰ ਸਰਵੇ: ਡੀ ਸੀ ਔਲਖ

ਬਲਾਚੌਰ 22 ਮਈ (ਤਜਿੰਦਰ ਜੋਤ) ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਗੁਲਪ੍ਰੀਤ ਸਿੰਘ ਔਲਖ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਨਟੈਸਿਵ ਰਵੀਜ਼ਨ ਦੀ ਪ੍ਰਕਿਰਿਆ ਸ਼ੁਰੂ ਕੀਤੀ ਜਾ ਰਹੀ ਹੈ। ਇਸ ਮੁਹਿੰਮ ਤਹਿਤ ਸਾਰੇ ਵੋਟਰਾਂ ਲਈ ਇਨੋਮੀਰੇਸ਼ਨ ਫਾਰਮ ਭਰਨਾ ਬੇਹੱਦ ਜ਼ਰੂਰੀ ਹੋਵੇਗਾ। ਜਿਹੜੇ ਵੋਟਰ ਇਹ ਫਾਰਮ ਨਹੀਂ ਭਰਨਗੇ, ਉਨ੍ਹਾਂ ਦਾ ਨਾਮ ਡਰਾਫਟ ਵੋਟਰ ਸੂਚੀ ਵਿੱਚ ਸ਼ਾਮਿਲ ਨਹੀਂ ਕੀਤਾ ਜਾਵੇਗਾ। ਐੱਸ.ਆਈ.ਆਰ ਦਾ ਇਹ ਸਾਰਾ ਕੰਮ ਪੂਰੀ ਪਾਰਦਰਸ਼ਤਾ ਨਾਲ ਨੇਪਰੇ ਚਾੜ੍ਹਿਆ ਜਾਵੇਗਾ। ਜ਼ਿਲ੍ਹਾ ਚੋਣ ਅ਼ਫਸਰ ਨੇ ਦੱਸਿਆ ਕਿ ਪੂਰੇ ਪੰਜਾਬ ਸਮੇਤ ਜ਼ਿਲ੍ਹੇ ਵਿੱਚ 25 ਜੂਨ 2026 ਤੋਂ 24 ਜੁਲਾਈ 2026 ਤੱਕ ਬੀ.ਐਲ.ਓਜ਼ ਘਰ-ਘਰ ਜਾ ਕੇ ਵੋਟਰਾਂ ਦੇ ਫਾਰਮ ਭਰਵਾਉਣਗੇ। ਇਸ ਵੱਡੇ ਕਾਰਜ ਲਈ 615 ਬੀ.ਐਲ.ਓਜ਼ 62 ਸੁਪਰਵਾਈਜ਼ਰ 03 ਚੋਣਕਾਰ ਰਜਿਸਟ੍ਰੇਸ਼ਨ ਅਫਸਰ 06 ਸਹਾਇਕ ਚੋਣਕਾਰ ਰਜਿਸਟ੍ਰੇਸ਼ਨ ਅਫਸਰ ਸਮੇਤ ਪੂਰਾ ਚੋਣ ਅਮਲਾ ਤਾਇਨਾਤ ਕੀਤਾ ਗਿਆ ਹੈ।ਇਸ ਮੁਹਿੰਮ ਦੀਆਂ ਤਿਆਰੀਆਂ ਅਤੇ ਬੀ.ਐਲ.ਓਜ਼ ਦੀ ਟ੍ਰੇਨਿੰਗ ਦਾ ਕੰਮ 15 ਜੂਨ ਤੋਂ 24 ਜੂਨ 2026 ਤੱਕ ਮੁਕੰਮਲ ਕੀਤਾ ਜਾਵੇਗਾ।ਦੋਹਰੀ ਵੋਟ ਰੱਖਣਾ ਸੰਵਿਧਾਨਕ ਅਪਰਾਧ ਸ੍ਰੀ ਔਲਖ ਨੇ ਸਖ਼ਤ ਸ਼ਬਦਾਂ ਵਿੱਚ ਕਿਹਾ ਕਿ ਸਾਡਾ ਮੁੱਖ ਉਦੇਸ਼ ਹਰੇਕ ਯੋਗ ਨਾਗਰਿਕ ਨੂੰ ਵੋਟਰ ਸੂਚੀ ਵਿੱਚ ਸ਼ਾਮਿਲ ਕਰਨਾ ਅਤੇ ਅਯੋਗ ਵੋਟਰਾਂ ਨੂੰ ਬਾਹਰ ਕੱਢਣਾ ਹੈ। ਭਾਰਤੀ ਸੰਵਿਧਾਨ ਅਨੁਸਾਰ ਦੋਹਰੀ ਵੋਟ ਰੱਖਣਾ ਇੱਕ ਗੰਭੀਰ ਅਪਰਾਧ ਹੈ, ਜਿਸ ਲਈ ਇੱਕ ਸਾਲ ਤੱਕ ਦੀ ਕੈਦ ਦੀ ਸਜ਼ਾ ਹੋ ਸਕਦੀ ਹੈ।ਇਸ ਵਿਸ਼ੇਸ਼ ਰਵੀਜ਼ਨ ਪ੍ਰਕਿਰਿਆ ਤਹਿਤ ਸਾਲ 2003 ਦੀ ਮੌਜੂਦ ਵੋਟਰ ਸੂਚੀ ਦਾ ਸਾਲ 2025 ਦੀ ਵੋਟਰ ਸੂਚੀ ਨਾਲ ਨਾਮ ਮੈਪਿੰਗ/ਮਿਲਾਨ ਕੀਤਾ ਜਾ ਰਿਹਾ ਹੈ। ਜ਼ਿਲ੍ਹੇ ਵਿੱਚ ਪ੍ਰੀ-ਮੈਪਿੰਗ ਦੌਰਾਨ ਹੁਣ ਤੱਕ ਲੱਗਭਗ 89 ਪ੍ਰਤੀਸ਼ਤ ਕੰਮ ਮੁਕੰਮਲ ਕੀਤਾ ਜਾ ਚੁੱਕਾ ਹੈ। ਇਸ ਦੇ ਨਾਲ ਹੀ ਪੋਲਿੰਗ ਸਟੇਸ਼ਨਾਂ ਨੂੰ ਤਰਕਸੰਗਤ ਕਰਨ ਦਾ ਕਾਰਜ ਵੀ 24 ਜੁਲਾਈ 2026 ਤੱਕ ਪੂਰਾ ਕਰ ਲਿਆ ਜਾਵੇਗਾ।

# ਪੇਪਰ ਲੀਕ ਨੂੰ ਰੋਕਣ ਲਈ ਐਨਟੀਏ ਨੇ 'ਜ਼ੀਰੋ ਟਰੱਸਟ' ਨੀਤੀ ਅਪਣਾਈ



ਦਿੱਲੀ, 22 ਮਈ (ਦੇਸ਼ ਪ੍ਰਦੇਸ਼ ਬਿਊਰੋ) : ਨੈਸ਼ਨਲ ਟੈਸਟਿੰਗ ਏਜੰਸੀ 21 ਜੂਨ ਨੂੰ ਹੋਣ ਵਾਲੀ ਨੀਟ (ਨੈਸ਼ਨਲ ਐਲੀਜੀਬਿਲਿਟੀ ਕਮ ਐਂਟਰੈਂਸ ਟੈਸਟ) ਦੀ ਮੁੜ ਪ੍ਰੀਖਿਆ ਲਈ ਹਾਈ ਅਲਰਟ 'ਤੇ ਹੈ। ਪ੍ਰੀਖਿਆ ਤੋਂ ਇੱਕ ਮਹੀਨੇ ਤੋਂ ਵੀ ਘੱਟ ਸਮਾਂ ਬਾਕੀ ਹੈ, ਏਜੰਸੀ 'ਜ਼ੀਰੋ-ਟਰੱਸਟ' ਨੀਤੀ ਦੇ ਤਹਿਤ ਕੰਮ ਕਰ ਰਹੀ ਹੈ। ਇਸਦਾ ਮੂਲ ਅਰਥ ਹੈ ਕਿ ਏਜੰਸੀ ਪ੍ਰਕਿਰਿਆ ਦੇ ਕਿਸੇ ਵੀ ਪੜਾਅ 'ਤੇ ਪ੍ਰੀਖਿਆ ਸੰਬੰਧੀ ਕੋਈ ਵੀ ਜੋਖਮ ਲੈਣ ਲਈ ਤਿਆਰ ਨਹੀਂ ਹੈ। ਪੇਪਰ ਲੀਕ ਵਿਵਾਦ ਤੋਂ ਬਾਅਦ, ਐਨਟੀਏ ਨੇ ਆਪਣੀ ਨਿਗਰਾਨੀ ਤੇਜ਼ ਕਰ ਦਿੱਤੀ ਹੈ, ਨਿਯਮਤ ਆਡਿਟ ਸ਼ੁਰੂ ਕੀਤੇ ਹਨ, ਅਤੇ ਸੋਸ਼ਲ ਮੀਡੀਆ ਪਲੇਟਫਾਰਮਾਂ ਦੀ ਆਪਣੀ ਨਿਗਰਾਨੀ ਵਧਾ ਦਿੱਤੀ ਹੈ। ਸੂਤਰ ਦੱਸਦੇ ਹਨ ਕਿ ਸਿਰਫ਼ 30 ਦਿਨਾਂ ਦੇ ਅੰਦਰ ਮੁੜ ਪ੍ਰੀਖਿਆ ਕਰਵਾਉਣਾ ਇੱਕ ਮਹੱਤਵਪੂਰਨ ਚੁਣੌਤੀ ਹੈ। ਆਮ ਤੌਰ 'ਤੇ, ਇਸ ਵਿਸ਼ਾਲਤਾ ਦੀ ਪ੍ਰੀਖਿਆ ਲਈ ਤਿਆਰੀ ਕਰਨ ਵਿੱਚ ਲਗਭਗ ਛੇ ਮਹੀਨੇ ਲੱਗਦੇ ਹਨ। ਨਾਮ ਗੁਪਤ ਰੱਖਣ ਦੀ ਸ਼ਰਤ 'ਤੇ ਬੋਲਦੇ ਹੋਏ, ਇੱਕ ਸਰੋਤ ਨੇ ਟਿੱਪਣੀ ਕੀਤੀ ਕਿ ਸਮਾਂ ਤੇਜ਼ੀ ਨਾਲ ਖਤਮ ਹੋ ਰਿਹਾ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਇਸ ਸਮੇਂ ਦੀ ਕਮੀ ਦੇ ਨਤੀਜੇ ਵਜੋਂ ਇੱਕ ਛੋਟੀ ਜਿਹੀ ਨਿਗਰਾਨੀ ਵੀ ਇੱਕ ਵੱਡੇ ਸੰਕਟ ਵਿੱਚ ਬਦਲ ਸਕਦੀ ਹੈ। ਪਿਛਲੀ ਨੀਟ-ਯੂਜੀ ਪ੍ਰੀਖਿਆ ਦੌਰਾਨ ਬੇਨਿਯਮੀਆਂ ਅਤੇ ਪੇਪਰ ਲੀਕ ਹੋਣ ਦੇ ਦੋਸ਼ਾਂ ਤੋਂ ਬਾਅਦ, ਵਿਦਿਆਰਥੀਆਂ ਅਤੇ ਮਾਪਿਆਂ ਵਿੱਚ ਵਿਆਪਕ ਰੋਸ ਦੇਖਿਆ ਗਿਆ। ਇਸ ਪ੍ਰਤੀਕਿਰਿਆ ਦੇ ਮੱਦੇਨਜ਼ਰ ਹੀ ਦੁਬਾਰਾ ਪ੍ਰੀਖਿਆ ਕਰਵਾਉਣ ਦਾ ਫੈਸਲਾ ਲਿਆ ਗਿਆ ਸੀ। ਵਰਤਮਾਨ ਵਿੱਚ, ਕੇਂਦਰੀ ਜਾਂਚ ਬਿਊਰੋ (ਸੀਬੀਆਈ) ਇਸ ਮਾਮਲੇ ਦੀ ਜਾਂਚ ਕਰ ਰਿਹਾ ਹੈ। ਸੂਤਰਾਂ ਨੇ ਜ਼ੋਰ ਦੇ ਕੇ ਕਿਹਾ ਕਿ ਏਜੰਸੀ ਦੀ ਜ਼ਿੰਮੇਵਾਰੀ ਇਸ ਵਿਸ਼ਾਲ ਪ੍ਰੀਖਿਆ ਨੂੰ ਕਰਵਾਉਣ ਤੋਂ ਪਰੇ ਹੈ; ਇਸ ਵਿੱਚ ਪੂਰੀ ਪ੍ਰਕਿਰਿਆ ਦੀ ਇਮਾਨਦਾਰੀ ਨੂੰ ਬਰਕਰਾਰ ਰੱਖਣਾ ਵੀ ਸ਼ਾਮਲ ਹੈ। ਐਨਟੀਏ ਦਾ ਕਹਿਣਾ ਹੈ ਕਿ ਉਹ ਵਿਦਿਆਰਥੀਆਂ ਨੂੰ ਵਾਰ-ਵਾਰ ਨਿਰਾਸ਼ ਨਹੀਂ ਕਰ ਸਕਦਾ, ਕਿਉਂਕਿ ਅਜਿਹਾ ਕਰਨ ਨਾਲ ਉਨ੍ਹਾਂ ਦੇ ਭਵਿੱਖ ਨੂੰ ਖ਼ਤਰਾ ਹੋਵੇਗਾ। ਵਿਵਾਦ ਤੋਂ ਬਾਅਦ, ਐਨਟੀਏ ਨੇ ਆਪਣੇ ਅੰਦਰੂਨੀ ਪ੍ਰਣਾਲੀਆਂ ਦੇ ਅੰਦਰ ਵੱਡੇ ਪੱਧਰ 'ਤੇ ਸੁਧਾਰ ਕੀਤੇ ਹਨ। ਸਾਰੇ ਮੌਜੂਦਾ ਪ੍ਰੋਟੋਕੋਲ ਨੂੰ ਕਾਫ਼ੀ ਮਜ਼ਬੂਤ ਕੀਤਾ ਗਿਆ ਹੈ। ਕਰਾਸ-ਚੈਕਿੰਗ ਵਿਧੀ ਨੂੰ ਇਹ ਯਕੀਨੀ ਬਣਾਉਣ ਲਈ ਵਧਾਇਆ ਗਿਆ ਹੈ ਕਿ ਕੋਈ ਕਮੀਆਂ ਨਾ ਰਹਿਣ। ਏਜੰਸੀ ਟੈਲੀਗ੍ਰਾਮ ਵਰਗੇ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਵੀ ਚੌਕਸ ਨਜ਼ਰ ਰੱਖ ਰਹੀ ਹੈ, ਕਿਉਂਕਿ ਜਾਂਚਕਰਤਾਵਾਂ ਨੂੰ ਸ਼ੱਕ ਹੈ ਕਿ ਪੇਪਰ ਲੀਕ ਨੂੰ ਸੌਖਾ ਬਣਾਉਣ ਲਈ ਇਨ੍ਹਾਂ ਚੈਨਲਾਂ ਦੀ ਵਰਤੋਂ ਕੀਤੀ ਗਈ ਸੀ। ਇਸ ਤੋਂ ਇਲਾਵਾ, ਐਨਟੀਏ ਇੱਕ ਨਿਰਪੱਖ ਅਤੇ ਨਿਰਪੱਖ ਪ੍ਰੀਖਿਆ ਨੂੰ ਯਕੀਨੀ ਬਣਾਉਣ ਲਈ ਕਈ ਗੁਪਤ ਉਪਾਅ ਕਰ ਰਿਹਾ ਹੈ। ਏਜੰਸੀ ਨੇ ਇਹਨਾਂ ਖਾਸ ਉਪਾਵਾਂ ਦਾ ਜਨਤਕ ਤੌਰ 'ਤੇ ਖੁਲਾਸਾ ਨਾ ਕਰਨ ਦੀ ਚੋਣ ਕੀਤੀ ਹੈ, ਇਸ ਡਰ ਤੋਂ ਕਿ ਅਜਿਹਾ ਕਰਨ ਨਾਲ ਅਣਜਾਣੇ ਵਿੱਚ ਸਿਸਟਮ ਦੇ ਅੰਦਰ ਕਮਜ਼ੋਰੀਆਂ ਦੀ ਪਛਾਣ ਕਰਨ ਵਿੱਚ 'ਧੋਖਾਧੜੀ ਮਾਫੀਆ' ਦੀ ਮਦਦ ਹੋ ਸਕਦੀ ਹੈ। ਸੰਭਾਵੀ ਅੰਦਰੂਨੀ ਮਿਲੀਭੁਗਤ ਬਾਰੇ ਚਿੰਤਾਵਾਂ ਨੂੰ ਸੰਬੋਧਿਤ ਕਰਦੇ ਹੋਏ, ਸੂਤਰਾਂ ਨੇ ਸਵੀਕਾਰ ਕੀਤਾ ਕਿ ਉਹ ਵਿਅਕਤੀ ਵੀ ਜੋ ਸਾਲਾਂ ਤੋਂ ਏਜੰਸੀ ਨਾਲ ਜੁੜੇ ਹੋਏ ਹਨ, ਸੰਭਾਵੀ ਤੌਰ 'ਤੇ ਦੁਰਵਿਵਹਾਰ ਵਿੱਚ ਸ਼ਾਮਲ ਹੋ ਸਕਦੇ ਹਨ। ਜੇਕਰ ਬੇਨਿਯਮੀਆਂ ਸੰਗਠਨ ਦੇ ਅੰਦਰੋਂ ਹੀ ਪੈਦਾ ਹੁੰਦੀਆਂ ਹਨ, ਤਾਂ ਉਨ੍ਹਾਂ ਨੂੰ ਰੋਕਣਾ ਬਹੁਤ ਮੁਸ਼ਕਲ ਹੋ ਜਾਂਦਾ ਹੈ। ਹੁਣ ਇਹ ਯਕੀਨੀ ਬਣਾਉਣ ਲਈ ਕਦਮ ਚੁੱਕੇ ਜਾ ਰਹੇ ਹਨ ਕਿ ਅਜਿਹੀ ਘਟਨਾ ਦੁਬਾਰਾ ਨਾ ਵਾਪਰੇ। ਲੀਕ ਦੇ ਸੰਬੰਧ ਵਿੱਚ, ਸੂਤਰਾਂ ਨੇ ਦਾਅਵਾ ਕੀਤਾ ਕਿ ਪਿਛਲੇ ਮੌਕੇ 'ਤੇ ਪੇਪਰ ਦੇ ਸਿਰਫ਼ ਇੱਕ ਖਾਸ ਹਿੱਸੇ ਨਾਲ ਸਮਝੌਤਾ ਕੀਤਾ ਗਿਆ ਸੀ। ਜੇਕਰ ਲੀਕ ਪ੍ਰਿੰਟਿੰਗ ਪ੍ਰੈਸ, ਬੈਂਕ ਜਾਂ ਪ੍ਰੀਖਿਆ ਕੇਂਦਰ ਤੋਂ ਹੋਈ ਹੁੰਦੀ, ਤਾਂ ਪੂਰਾ ਪੇਪਰ ਲੀਕ ਹੋ ਜਾਂਦਾ। ਫਿਲਹਾਲ, ਬੇਦਾਗ ਸੱਚ ਸਿਰਫ਼ ਸੀਬੀਆਈ ਜਾਂਚ ਰਾਹੀਂ ਹੀ ਸਾਹਮਣੇ ਆਵੇਗਾ, ਅਤੇ ਐਨਟੀਏ ਇਸ ਜਾਂਚ ਵਿੱਚ ਦਖਲ ਨਹੀਂ ਦੇਵੇਗਾ। 21 ਜੂਨ ਨੂੰ ਹੋਣ ਵਾਲੀ ਪ੍ਰੀਖਿਆ ਐਨਟੀਏ ਦੇ ਨਵੇਂ ਤਿਆਰੀ ਉਪਾਵਾਂ ਦੀ ਅਸਲ ਪ੍ਰੀਖਿਆ ਵਜੋਂ ਕੰਮ ਕਰੇਗੀ।

## ਸਫ਼ਾ ਇੱਕ ਦੀਆਂ ਬਾਕੀ...

### ਪ੍ਰਧਾਨ ਮੰਤਰੀ ਮੋਦੀ ਦੀ.....

ਭਾਰਤ-ਯੂਰਪੀਅਨ ਯੂਨੀਅਨ ਮੁਕਤ ਵਪਾਰ ਸਮਝੌਤੇ ਨੇ ਕਈ ਨਵੇਂ ਆਰਥਿਕ ਰਸਤੇ ਖੋਲ੍ਹੇ ਹਨ, ਅਤੇ ਸਾਈਪ੍ਰਸ ਇਸ ਸਾਂਝੇਦਾਰੀ ਵਿੱਚ ਇਸ ਨਿਵੇਸ਼ ਨੂੰ ਇੱਕ ਵਾਰ ਫਿਰ ਦੁੱਗਣਾ ਕਰਨ ਦਾ ਟੀਚਾ ਰੱਖਦਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਦੋਵਾਂ ਨੇਤਾਵਾਂ ਨੇ ਵਿਸ਼ਵਵਿਆਪੀ ਮੁੱਦਿਆਂ 'ਤੇ ਵੀ ਚਰਚਾ ਕੀਤੀ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਭਾਵੇਂ ਇਹ ਯੂਕਰੇਨ ਦੀ ਸਥਿਤੀ ਨਾਲ ਸਬੰਧਤ ਹੋਵੇ ਜਾਂ ਪੱਛਮੀ ਏਸ਼ੀਆ ਦੇ ਵਿਕਾਸ ਨਾਲ, ਭਾਰਤ ਸ਼ਾਂਤੀ ਪ੍ਰਾਪਤ ਕਰਨ ਅਤੇ ਟਕਰਾਵਾਂ ਦੇ ਤੇਜ਼ੀ ਨਾਲ ਹੱਲ ਲਈ ਕੀਤੇ ਗਏ ਯਤਨਾਂ ਦਾ ਸਮਰਥਨ ਕਰਨਾ ਜਾਰੀ ਰੱਖੇਗਾ। ਇਸ ਤੋਂ ਇਲਾਵਾ, ਉਨ੍ਹਾਂ ਨੇ ਵਿਸ਼ਵਵਿਆਪੀ ਚੁਣੌਤੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਹੱਲ ਕਰਨ ਲਈ ਅੰਤਰਰਾਸ਼ਟਰੀ ਸੰਸਥਾਵਾਂ ਵਿੱਚ ਸੁਧਾਰ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਪ੍ਰਧਾਨ ਮੰਤਰੀ ਮੋਦੀ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ ਭਾਰਤ-ਸਾਈਪ੍ਰਸ ਰਣਨੀਤਕ ਭਾਈਵਾਲੀ ਦੋਵਾਂ ਦੇਸ਼ਾਂ ਵਿਚਕਾਰ ਸਬੰਧਾਂ ਵਿੱਚ ਨਵੀਂ ਊਰਜਾ, ਨਵੀਆਂ ਇੱਛਾਵਾਂ ਅਤੇ ਨਵੀਂ ਗਤੀ ਭਰੇਗੀ। ਸਾਈਪ੍ਰਸ ਦੇ ਰਾਸ਼ਟਰਪਤੀ ਨਿਕੋਸ ਕ੍ਰਿਸਟੋਡੌਲਾਈਡਸ ਨੇ ਕਿਹਾ ਕਿ ਉਨ੍ਹਾਂ ਦਾ ਮੁੱਖ ਧਿਆਨ ਭਾਰਤ ਅਤੇ ਸਾਈਪ੍ਰਸ ਵਿਚਕਾਰ ਦੁਵੱਲੇ ਸਬੰਧਾਂ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਭਾਰਤ ਅਤੇ ਯੂਰਪੀਅਨ ਯੂਨੀਅਨ ਵਿਚਕਾਰ ਵਿਆਪਕ ਰਣਨੀਤਕ ਭਾਈਵਾਲੀ ਨੂੰ ਅੱਗੇ ਵਧਾਉਣ 'ਤੇ ਹੈ। ਰਾਸ਼ਟਰਪਤੀ ਕ੍ਰਿਸਟੋਡੌਲਾਈਡਸ ਨੇ ਟਿੱਪਣੀ ਕੀਤੀ, 'ਮੈਂ ਅੱਜ ਇੱਥੇ ਸਿਰਫ਼ ਸਾਈਪ੍ਰਸ ਗਣਰਾਜ ਦੇ ਰਾਸ਼ਟਰਪਤੀ ਵਜੋਂ ਹੀ ਨਹੀਂ, ਸਗੋਂ ਉਸ ਯੂਰਪੀਅਨ ਯੂਨੀਅਨ ਮੈਂਬਰ ਰਾਜ ਦੇ ਪ੍ਰਤੀਨਿਧੀ ਵਜੋਂ ਵੀ ਮੌਜੂਦ ਹਾਂ ਜੋ ਵਰਤਮਾਨ ਵਿੱਚ ਯੂਰਪੀਅਨ ਯੂਨੀਅਨ ਦੀ ਕੌਂਸਲ ਦੀ ਪ੍ਰਧਾਨਗੀ ਸੰਭਾਲਦਾ ਹੈ।'

### ਸਾਈਪ੍ਰਸ ਸਰਹੱਦ ਪਾਰ ਅੱਤਵਾਦ.....

ਜਵਾਬਦੇਹ ਠਹਿਰਾਇਆ ਜਾਣਾ ਚਾਹੀਦਾ ਹੈ। ਦੋਵਾਂ ਆਗੂਆਂ ਨੇ ਅੰਤਰਰਾਸ਼ਟਰੀ ਕਾਨੂੰਨ ਦੇ ਅਨੁਸਾਰ, ਵਿਆਪਕ ਅਤੇ ਨਿਰੰਤਰ ਢੰਗ ਨਾਲ ਅੱਤਵਾਦ ਦਾ ਮੁਕਾਬਲਾ ਕਰਨ ਲਈ ਨਿਰਣਾਇਕ ਅਤੇ ਠੋਸ ਅੰਤਰਰਾਸ਼ਟਰੀ ਯਤਨਾਂ ਦੀ ਮੰਗ ਕੀਤੀ। ਉਨ੍ਹਾਂ ਨੇ ਕਿਹਾ, 'ਭਾਰਤ-ਮੱਧ ਪੂਰਬ-ਯੂਰਪ ਆਰਥਿਕ ਗਲਿਆਰਾ ਸਾਡੇ ਲਈ ਬਹੁਤ ਮਹੱਤਵਪੂਰਨ ਪ੍ਰੋਜੈਕਟ ਹੈ। ਦੋਵਾਂ ਆਗੂਆਂ ਨੇ ਸਵੀਕਾਰ ਕੀਤਾ ਕਿ ਇਸ ਵਿੱਚ ਵਿਸ਼ਵ ਵਪਾਰ, ਸੰਪਰਕ ਅਤੇ ਖੁਸ਼ਹਾਲੀ ਨੂੰ ਮੁੜ ਆਕਾਰ ਦੇਣ ਅਤੇ ਵਧਾਉਣ ਦੀ ਅਥਾਹ ਸੰਭਾਵਨਾ ਹੈ। ਉਨ੍ਹਾਂ ਨੇ ਪੂਰਬੀ ਮੈਡੀਟੇਰੀਅਨ ਅਤੇ ਵਿਸ਼ਾਲ ਮੱਧ ਪੂਰਬ ਵਿੱਚ ਸ਼ਾਂਤੀ ਅਤੇ ਸਥਿਰਤਾ ਨੂੰ ਉਤਸ਼ਾਹਿਤ ਕਰਨ ਲਈ ਆਪਣੀ ਸਾਂਝੀ ਵਚਨਬੱਧਤਾ ਨੂੰ ਦੁਹਰਾਇਆ, ਅਤੇ ਡੂੰਘੇ ਸਹਿਯੋਗ ਨੂੰ ਉਤਸ਼ਾਹਿਤ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ।' ਇਸ ਤੋਂ ਇਲਾਵਾ, ਦੋਵਾਂ ਦੇਸ਼ਾਂ ਵਿਚਕਾਰ ਕਈ ਸਮਝੌਤਿਆਂ 'ਤੇ ਦਸਤਖਤ ਕੀਤੇ ਗਏ।

### ਅਮਿਤ ਸ਼ਾਹ ਨੇ 'ਸਮਾਰਟ.....

ਪਟਵਾਰੀਆਂ (ਮਾਲੀਆ ਅਧਿਕਾਰੀਆਂ) ਨਾਲ ਸਿੱਧੇ ਤਾਲਮੇਲ ਕਰਕੇ ਆਪਣੇ ਖੁਫੀਆ ਨੈੱਟਵਰਕ ਦਾ ਵਿਸਥਾਰ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪੱਛਮੀ ਬੰਗਾਲ, ਅਸਾਮ ਅਤੇ ਤ੍ਰਿਪੁਰਾ ਦੀਆਂ ਸਰਕਾਰਾਂ ਨਾਲ ਨੀਤੀਗਤ ਤਾਲਮੇਲ ਇਸ ਸੁਰੱਖਿਆ ਗਰਿੱਡ ਨੂੰ ਲਾਗੂ ਕਰਨ ਵਿੱਚ ਸਹਾਇਤਾ ਕਰੇਗਾ। ਗ੍ਰਹਿ ਮੰਤਰਾਲਾ ਜਲਦੀ ਹੀ ਇਨ੍ਹਾਂ ਤਿੰਨਾਂ ਰਾਜਾਂ ਦੇ ਮੁੱਖ ਮੰਤਰੀਆਂ ਨਾਲ ਇੱਕ ਮੀਟਿੰਗ ਬੁਲਾਏਗਾ। ਖੱਬੇ-ਪੱਖੀ ਅਤਿਵਾਦ ਦੇ ਖਾਤਮੇ ਦੀ ਉਦਾਹਰਣ ਦਿੰਦੇ ਹੋਏ, ਸ਼ਾਹ ਨੇ ਟਿੱਪਣੀ ਕੀਤੀ, 'ਸਿਰਫ਼ ਕਿਸੇ ਸਮੱਸਿਆ ਨੂੰ ਕੰਟਰੋਲ ਕਰਨ ਨਾਲ ਸੁਰੱਖਿਆ ਨਹੀਂ ਬਣਦੀ; ਇੱਕ ਵਾਰ ਜਦੋਂ ਕਿਸੇ ਸਮੱਸਿਆ ਨੂੰ ਇਸਦੀ ਜੜ੍ਹ ਤੋਂ ਖਤਮ ਕਰ ਦਿੱਤਾ ਜਾਂਦਾ ਹੈ ਤਾਂ ਹੀ ਸੱਚੀ ਸੁਰੱਖਿਆ ਪ੍ਰਾਪਤ ਹੁੰਦੀ ਹੈ।' ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਸਰਹੱਦਾਂ 'ਤੇ ਤਾਇਨਾਤ ਕਰਮਚਾਰੀਆਂ ਦੀ ਸਹਾਇਤਾ ਲਈ ਜਲਦੀ ਹੀ ਇੱਕ ਉੱਚ-ਸ਼ਕਤੀਸ਼ਾਲੀ ਜਨਸੰਖਿਆ ਮਿਸ਼ਨ ਸ਼ੁਰੂ ਕੀਤਾ ਜਾਵੇਗਾ। ਬੀਐਸਐਫ ਦੇ ਯੋਗਦਾਨ ਦੀ ਸ਼ਲਾਘਾ ਕਰਦੇ ਹੋਏ, ਸ਼ਾਹ ਨੇ ਕਿਹਾ ਕਿ ਇਸ ਫੋਰਸ - ਜੋ ਕਿ 1965 ਵਿੱਚ ਸਿਰਫ਼ 25 ਬਟਾਲੀਅਨਾਂ ਨਾਲ ਸ਼ੁਰੂ ਹੋਈ ਸੀ - ਹੁਣ ਦੁਨੀਆ ਦੀ ਸਭ ਤੋਂ ਵੱਡੀ ਸਰਹੱਦੀ ਸੁਰੱਖਿਆ ਫੋਰਸ ਵਿੱਚ ਵਿਕਸਤ ਹੋ ਗਈ ਹੈ, ਜਿਸ ਵਿੱਚ 270,000 ਕਰਮਚਾਰੀ ਸ਼ਾਮਲ ਹਨ। ਸਮਾਰੋਹ ਦੌਰਾਨ, ਕੇਂਦਰੀ ਗ੍ਰਹਿ ਮੰਤਰੀ ਨੇ ਬੀਐਸਐਫ ਕਰਮਚਾਰੀਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਅਤੇ ਡਿਊਟੀ ਲਾਈਨ ਵਿੱਚ ਦਿੱਤੇ ਗਏ ਸਰਵਉੱਚ ਬਲੀਦਾਨਾਂ ਲਈ ਸਨਮਾਨਿਤ ਵੀ ਕੀਤਾ। ਇਸ ਪ੍ਰੋਜੈਕਟ ਦਾ ਮੁੱਖ ਉਦੇਸ਼ ਦੇਸ਼ ਦੀਆਂ ਅੰਤਰਰਾਸ਼ਟਰੀ ਸਰਹੱਦਾਂ ਨੂੰ ਪੂਰੀ ਤਰ੍ਹਾਂ ਸੀਲ ਕਰਨਾ ਹੈ। ਇਸ ਪਹਿਲਕਦਮੀ ਦੇ ਤਹਿਤ, ਸੀਮਾ ਸੁਰੱਖਿਆ ਬਲ ਨੂੰ ਡਰੋਨ, ਰਾਡਾਰ ਅਤੇ ਉੱਨਤ ਕੈਮਰਿਆਂ ਵਰਗੀਆਂ ਆਧੁਨਿਕ ਤਕਨੀਕਾਂ ਨਾਲ ਲੈਸ ਕੀਤਾ ਜਾਵੇਗਾ। ਇਹ ਪਹਿਲ ਘੁਸਪੈਠ ਅਤੇ ਸਰਹੱਦ ਪਾਰ ਅਪਰਾਧਾਂ ਨੂੰ ਰੋਕਣ ਵਿੱਚ ਮਦਦ ਕਰੇਗੀ, ਜਿਸ ਨਾਲ ਦੇਸ਼ ਦੀ ਜਨਸੰਖਿਆ ਦੀ ਰੱਖਿਆ ਕਰਨਾ ਹੈ।

### ਸੀਐਮ ਸੈਣੀ ਨੇ ਜਾਪਾਨ.....

ਹੁੰਗਾਰਾ ਮਿਲਿਆ। ਯਾਤਰਾ ਦੌਰਾਨ ਜਾਪਾਨ ਦੀਆਂ 9 ਵੱਡੀਆਂ ਕੰਪਨੀਆਂ ਨੇ ਹਰਿਆਣਾ ਵਿੱਚ ਲਗਭਗ 5 ਹਜ਼ਾਰ ਕਰੋੜ ਰੁਪਏ ਦੇ ਨਿਵੇਸ਼ ਦਾ ਭਰੋਸਾ ਦਿੱਤਾ। ਇਹੀ ਭਰੋਸਾ ਹਰਿਆਣਾ ਨੂੰ ਜਾਪਾਨੀ ਕੰਪਨੀਆਂ ਲਈ 'ਹੋਮ ਅਵੇ ਫਰਾਮ ਹੋਮ' (ਘਰ ਤੋਂ ਦੂਰ ਇੱਕ ਹੋਰ ਘਰ) ਬਣਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਾਡਾ ਵਿਸ਼ਵਾਸ ਕੇਵਲ ਬਿਜ਼ਨਸ-ਟੂ-ਬਿਜ਼ਨਸ ਜਾਂ ਗਵਰਨਮੈਂਟ-ਟੂ-ਗਵਰਨਮੈਂਟ ਸਬੰਧਾਂ ਤੱਕ ਸੀਮਤ ਨਹੀਂ ਹੈ, ਬਲਕਿ ਅਸੀਂ ਜਾਪਾਨ ਨਾਲ ਯਾਨੀ 'ਹਾਰਟ ਟੂ ਹਾਰਟ' ਦੇ ਰਿਸ਼ਤਿਆਂ ਨੂੰ ਵਧੇਰੇ ਮਹੱਤਵ ਦਿੰਦੇ ਹਾਂ। ਉਨ੍ਹਾਂ ਨੇ ਕਿਹਾ ਕਿ ਭਾਰਤ ਅਤੇ ਜਾਪਾਨ ਦੇ ਵਿਚਕਾਰ ਵਿਸ਼ਵਾਸ ਅਧਾਰਿਤ ਸਾਂਝੇਦਾਰੀ ਹੈ ਜੋ ਕਿ ਭਰੋਸੇ, ਅਨੁਸ਼ਾਸਨ, ਸਨਮਾਨ ਤੇ ਪਰੰਪਰਾ ਪ੍ਰਤੀ ਸਤਿਕਾਰ, ਉੱਤਮਤਾ ਪ੍ਰਤੀ ਵਚਨਬੱਧਤਾ ਦੇ ਸਾਂਝੇ ਕਦਰਾਂ-ਕੀਮਤਾਂ 'ਤੇ ਅਧਾਰਿਤ ਹੈ। ਅੱਜ ਦੀ ਦੁਨੀਆ ਵਿੱਚ ਵਿਸ਼ਵਾਸ ਅਧਾਰਿਤ ਸਾਂਝੇਦਾਰੀ ਹੀ ਸਭ ਤੋਂ ਮਹੱਤਵਪੂਰਨ ਹੋਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਇਹ ਸੋਚਣ ਵਾਲੀ ਗੱਲ ਹੈ ਕਿ ਜਾਪਾਨੀ ਕੰਪਨੀਆਂ ਨੇ ਨਿਵੇਸ਼ ਲਈ ਵਿਸ਼ੇਸ਼ ਤੌਰ 'ਤੇ ਹਰਿਆਣਾ ਨੂੰ ਹੀ ਕਿਉਂ ਚੁਣਿਆ। ਉਨ੍ਹਾਂ ਕਿਹਾ ਕਿ ਇਸਦਾ ਕਾਰਨ ਸਿਰਫ਼ ਪ੍ਰਦੇਸ਼ ਦੀ ਭੂਗੋਲਿਕ ਸਥਿਤੀ ਜਾਂ ਨਿਵੇਸ਼ ਉਤਸ਼ਾਹਨ ਯੋਜਨਾਵਾਂ ਹੀ ਨਹੀਂ ਹਨ, ਬਲਕਿ ਹਰਿਆਣਾ ਨੇ ਜਾਪਾਨੀ ਕਾਰਜ ਸਭਿਆਚਾਰ ਨੂੰ ਸਮਝਣ ਅਤੇ ਉਸਨੂੰ ਅਪਣਾਉਣਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਜਾਪਾਨੀ ਉਦਯੋਗ ਗੁਣਵੱਤਾ, ਸੰਚਾਲਨ ਸਥਿਰਤਾ, ਅਨੁਸ਼ਾਸਿਤ ਕਾਰਜਬਲ, ਭਰੋਸੇਯੋਗ ਸਪਲਾਈ ਚੇਨ ਅਤੇ ਲੰਬੇ ਸਮੇਂ ਦੀ ਵਚਨਬੱਧਤਾ ਨੂੰ ਵਿਸ਼ੇਸ਼ ਮਹੱਤਵ ਦਿੰਦੇ ਹਨ ਅਤੇ ਹਰਿਆਣਾ ਇਨ੍ਹਾਂ ਸਾਰੇ ਮਾਪਦੰਡਾਂ 'ਤੇ ਪੂਰੀ ਤਰ੍ਹਾਂ ਖਰਾ ਉਤਰਿਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਹੀ ਮਾਪਦੰਡਾਂ ਨੂੰ ਅਧਾਰ ਬਣਾ ਕੇ ਹਰਿਆਣਾ ਨੇ ਆਪਣਾ ਸੰਪੂਰਨ ਉਦਯੋਗਿਕ ਤੰਤਰ ਵਿਕਸਿਤ ਕੀਤਾ ਹੈ। ਅੱਜ ਗੁਰੂਗ੍ਰਾਮ, ਮਾਨੇਸਰ, ਸੋਨੀਪਤ, ਬਾਵਲ ਅਤੇ ਝੱਜਰ ਵਰਗੇ ਖੇਤਰਾਂ ਵਿੱਚ ਕੇਵਲ ਉਦਯੋਗਿਕ ਕਲਸਟਰ ਹੀ ਨਹੀਂ ਦਿਖਾਈ ਦਿੰਦੇ, ਬਲਕਿ ਭਾਰਤ ਅਤੇ ਜਾਪਾਨ ਦੇ ਮਜ਼ਬੂਤ ਉਦਯੋਗਿਕ ਏਕੀਕਰਨ ਦੀ ਤਸਵੀਰ ਨਜ਼ਰ ਆਉਂਦੀ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਅੱਜ ਜਾਪਾਨ ਲਈ ਕੇਵਲ ਇੱਕ ਨਿਵੇਸ਼ ਸਥਾਨ ਨਹੀਂ, ਬਲਕਿ ਇੱਕ ਭਰੋਸੇਯੋਗ ਰਣਨੀਤਕ ਸਾਝੇਦਾਰ ਬਣ ਚੁੱਕਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਦੀ ਸਭ ਤੋਂ ਵੱਡੀ ਤਾਕਤ ਉਸਦੀ ਵਿਸ਼ਵ ਪੱਧਰੀ ਕਨੈਕਟੀਵਿਟੀ ਹੈ। ਪ੍ਰਦੇਸ਼ ਦਾ ਲਗਭਗ ਦੋ-ਤਿਹਾਈ ਹਿੱਸਾ ਐਨਸੀਆਰ ਵਿੱਚ ਆਉਂਦਾ ਹੈ ਅਤੇ ਹਰ ਜ਼ਿਲ੍ਹਾ ਰਾਸ਼ਟਰੀ ਰਾਜਮਾਰਗਾਂ ਨਾਲ ਜੁੜਿਆ ਹੋਇਆ ਹੈ। ਡੈਡੀਕੇਟਿਡ ਫ੍ਰੇਟ ਕਾਰੀਡੋਰ, ਦਿੱਲੀ-ਮੁੰਬਈ ਐਕਸਪ੍ਰੈਸਵੇਅ, ਰੈਪਿਡ ਰੇਲ, ਮੈਟਰੋ ਕਨੈਕਟੀਵਿਟੀ, ਗ੍ਰੀਨ ਫੀਲਡ ਕਾਰੀਡੋਰ ਅਤੇ ਏਅਰਪੋਰਟਸ ਹਰਿਆਣਾ ਨੂੰ ਗਲੋਬਲ ਨਿਵੇਸ਼ ਲਈ ਆਦਰਸ਼ ਰਾਜ ਬਣਾ ਰਹੇ ਹਨ। ਉਨ੍ਹਾਂ ਕਿਹਾ ਕਿ ਅੱਜ ਗਲੋਬਲ ਮੁਕਾਬਲਾ ਕੇਵਲ ਉਤਪਾਦਨ ਤੱਕ ਸੀਮਤ ਨਹੀਂ ਹੈ, ਬਲਕਿ ਲੌਜਿਸਟਿਕ ਕੁਸ਼ਲਤਾ, ਮਜ਼ਬੂਤ ਸਪਲਾਈ ਚੇਨ ਅਤੇ ਬਾਜ਼ਾਰਾਂ ਤੱਕ ਆਸਾਨ ਪਹੁੰਚ 'ਤੇ ਅਧਾਰਿਤ ਹੈ ਅਤੇ ਹਰਿਆਣਾ ਇਨ੍ਹਾਂ ਸਾਰੇ ਖੇਤਰਾਂ ਵਿੱਚ ਦੇਸ਼ ਦੇ ਮੋਹਰੀ ਰਾਜਾਂ ਵਿੱਚ ਸ਼ਾਮਲ ਹੈ। ਮੁੱਖ ਮੰਤਰੀ ਨੇ ਦੱਸਿਆ ਕਿ ਪ੍ਰਦੇਸ਼ ਵਿੱਚ 64 ਉਦਯੋਗਿਕ ਅਸਟੇਟ , ਇਲੈਕਟ ?ਰਾਨਿਕ ਕਲਸਟਰ, ਈਵੀ ਈਕੋਸਿਸਟਮ, ਲੌਜਿਸਟਿਕ ਹੱਬ, ਫੂਡ ਪਾਰਕ ਅਤੇ ਅਤਿ-ਆਧੁਨਿਕ ਨਿਰਮਾਣ ਜ਼ੋਨ ਵਿਕਸਿਤ ਕੀਤੇ ਜਾ ਰਹੇ ਹਨ। ਨਾਲ ਹੀ ਪ੍ਰਦੇਸ਼ ਵਿੱਚ 10 ਨਵੀਆਂ ਆਈਐਮਟੀ ਸਥਾਪਿਤ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਝੱਜਰ ਵਿੱਚ ਵਿਕਸਿਤ ਹੋ ਰਹੀ ਜਾਪਾਨੀ ਇੰਡਸਟਰੀਅਲ ਟਾਊਨਸ਼ਿਪ ਅਤੇ ਨਾਰਾਇਣਗੜ੍ਹ ਵਿੱਚ ਪ੍ਰਸਤਾਵਿਤ ਜਾਪਾਨੀ ਕਲਸਟਰ ਭਾਰਤ-ਜਾਪਾਨ ਉਦਯੋਗਿਕ ਸਾਝੇਦਾਰੀ ਨੂੰ ਨਵੀਂ ਦਿਸ਼ਾ ਦੇਣਗੇ। ਪ੍ਰੋਗਰਾਮ ਵਿੱਚ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਅਤੇ ਉਦਯੋਗ ਤੇ ਵਣਜ ਮੰਤਰੀ ਰਾਓ ਨਰਬੀਰ ਸਿੰਘ ਨੂੰ ਡਾਈਕਿਨ ਕੰਪਨੀ ਦੇ ਐਮਡੀ ਕਮਲਜੀਤ ਸਿੰਘ ਜਾਵਾ ਨੇ ਯਾਦਗਾਰੀ ਚਿੰਨ੍ਹ ਭੇਟ ਕੀਤਾ। ਇਸ ਮੌਕੇ ਉਦਯੋਗ ਅਤੇ ਵਣਜ ਵਿਭਾਗ, ਹਰਿਆਣਾ ਦੇ ਕਮਿਸ਼ਨਰ ਅਤੇ ਸਕੱਤਰ ਡਾ. ਅਮਿਤ ਅਗਰਵਾਲ, ਵਿਦੇਸ਼ ਸਹਿਯੋਗ ਵਿਭਾਗ ਦੇ ਸਲਾਹਕਾਰ ਪਵਨ ਚੌਧਰੀ, ਚੀਫ਼ ਕੋਆਰਡੀਨੇਟਰ ਇੰਡਸਟਰੀਜ਼ ਸੁਨੀਲ ਸ਼ਰਮਾ, ਮੁੱਖ ਮੰਤਰੀ ਦੇ ਮੀਡੀਆ ਸਲਾਹਕਾਰ ਰਾਜੀਵ ਜੇਤਲੀ ਸਮੇਤ ਜਾਪਾਨ ਦੇ ਕਈ ਨਿਵੇਸ਼ਕ ਮੀਟਿੰਗ ਵਿੱਚ ਮੌਜੂਦ ਸਨ।

## ਸਫ਼ਾ ਇੱਕ ਦੀਆਂ ਬਾਕੀ...

### ਦਿੱਲੀ ਦੇ ਅਫ਼ਸਰਾਂ ਵਲੋਂ.....

ਲਾਈਫ ਦੇ ਸਥਾਨਕ ਅਧਿਕਾਰੀਆਂ ਦੀ ਮਦਦ ਨਾਲ ਘਰ ਵਿੱਚ ਰੱਖੇ ਇਹਨਾਂ ਤੋਤਿਆਂ ਨੂੰ ਬਰਾਮਦ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜੰਗਲੀ ਜੀਵ ਵਿਭਾਗ ਦਿੱਲੀ ਤੋਂ ਆਈ ਸਪੈਸ਼ਲ ਟੀਮ ਦੇ ਅਧਿਕਾਰੀ ਸਾਹਿਲ ਸ਼ਰਮਾ ਨੇ ਦੱਸਿਆ ਕਿ ਉਹਨਾਂ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਗੁਰਦਾਸਪੁਰ ਦੇ ਵਿੱਚ ਇੱਕ ਵਿਅਕਤੀ ਤੋਤਿਆਂ ਨੂੰ ਫੜ ਕੇ ਕੁਝ ਪੈਸਿਆਂ ਦੇ ਲਈ ਅੱਗੇ ਵੇਚਦਾ ਹੈ ਉਹਨਾਂ ਕਿਹਾ ਕਿ ਉਹਨਾਂ ਨੇ ਇਸ ਸਬੰਧੀ ਜੰਗਲੀ ਜੀਵ ਵਿਭਾਗ ਗੁਰਦਾਸਪੁਰ ਦੀ ਟੀਮ ਨੂੰ ਵੀ ਸੂਚਿਤ ਕੀਤਾ ਅਤੇ ਦਿੱਲੀ ਤੋਂ ਆ ਕੇ ਇਸ ਵਿਅਕਤੀ ਦੇ ਘਰੋਂ 34 ਦੇ ਕਰੀਬ ਤੋਤੇ ਬਰਾਮਦ ਕੀਤੇ ਗਏ ਹਨ ਅਤੇ ਪੁਲਿਸ ਸਹਾਇਤਾ ਦੇ ਨਾਲ ਇਸ ਦੇ ਘਰ ਰੇਡ ਕੀਤੀ ਗਈ ਸੀ ਫਿਲਹਾਲ ਇਸ ਦੇ ਖਿਲਾਫ ਮਾਮਲਾ ਦਰਜ ਕਰਕੇ ਅਗਲੀ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ਉਹਨਾਂ ਕਿਹਾ ਕਿ ਇਸ ਵਿਅਕਤੀ ਦੀ ਪਹਿਚਾਨ ਰਜਿੰਦਰ ਕੁਮਾਰ ਦੇ ਵਜੋਂ ਹੋਈ ਹੈ।

### ਅਵਾਰਾ ਕੁੱਤਿਆਂ ਬਾਰੇ ਸੁਪਰੀਮ.....

ਅਵਾਰਾ ਕੁੱਤਿਆਂ ਨੂੰ ਵੱਧ ਭੀੜ ਵਾਲੀਆਂ ਸਾਰੀਆਂ ਜਨਤਕ ਥਾਵਾਂ ਤੋਂ ਹਟਾਇਆ ਜਾਵੇਗਾ ਤਾਂ ਜੋ ਬੱਚੇ, ਬਜ਼ੁਰਗ ਅਤੇ ਪਰਿਵਾਰ ਬਿਨਾਂ ਡਰ ਤੋਂ ਆਜ਼ਾਦੀ ਨਾਲ ਘੁੰਮ ਸਕਣ। ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਲੋੜੀਂਦੀ ਗਿਣਤੀ ਵਿੱਚ ਡੌਗ ਸ਼ੈਲਟਰ (ਆਸਰਾ ਘਰ) ਬਣਾਏਗੀ ਅਤੇ ਉਨ੍ਹਾਂ ਦੀ ਦੇਖਭਾਲ ਕਰੇਗੀ, ਜਿੱਥੇ ਅਵਾਰਾ ਕੁੱਤਿਆਂ ਦੀ ਸਹੀ ਤਰੀਕੇ ਨਾਲ ਸੰਭਾਲ ਕੀਤੀ ਜਾ ਸਕੇਗੀ। ਉਨ੍ਹਾਂ ਨੇ ਪੁਸ਼ਟੀ ਕੀਤੀ ਕਿ ਸਰਕਾਰ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਉਣ ਦੇ ਨਾਲ-ਨਾਲ ਇਸ ਮੁੱਦੇ ਦੇ ਮਾਨਵੀ ਤੇ ਕਾਨੂੰਨੀ ਹੱਲ ਲਈ ਵਚਨਬੱਧ ਹੈ। ਮੁੱਖ ਮੰਤਰੀ ਨੇ ਕਿਹਾ, "ਹਲਕਾਅ ਤੇ ਲਾਇਲਾਜ ਬਿਮਾਰੀ ਤੋਂ ਪੀੜਤ ਜਾਂ ਅਜਿਹੇ ਕੁੱਤੇ ਜੋ ਬਹੁਤ ਜ਼ਿਆਦਾ ਖ਼ਤਰਨਾਕ ਹਨ ਅਤੇ ਮਨੁੱਖੀ ਜਾਨ ਲਈ ਖ਼ਤਰਾ ਬਣੇ ਹੋਏ ਹਨ, ਦੇ ਮਾਮਲਿਆਂ ਵਿੱਚ ਕਾਨੂੰਨੀ ਤੌਰ 'ਤੇ ਮਨਜ਼ੂਰਸ਼ੁਦਾ ਕਦਮ, ਜਿਸ ਵਿੱਚ ਦਰਦ-ਰਹਿਤ ਮੌਤ ਵੀ ਸ਼ਾਮਲ ਹੈ, ਸਬੰਧੀ ਜਾਨਵਰਾਂ ਉੱਤੇ ਅੱਤਿਆਚਾਰ ਦੀ ਰੋਕਥਾਮ ਐਕਟ ਤੇ ਏ.ਬੀ.ਸੀ. ਦੇ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕੀਤੀ ਜਾਵੇਗੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਸ ਕਦਮ ਨਾਲ ਪੂਰੇ ਪੰਜਾਬ ਦੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ ਕਿਉਂਕਿ ਅਵਾਰਾ ਕੁੱਤਿਆਂ ਦੀ ਵਧਦੀ ਸਮੱਸਿਆ ਮਨੁੱਖੀ ਜਾਨਾਂ ਲਈ ਗੰਭੀਰ ਖ਼ਤਰਾ ਹੈ। ਅਵਾਰਾ ਕੁੱਤਿਆਂ ਦੇ ਹਮਲਿਆਂ ਦੀਆਂ ਘਟਨਾਵਾਂ ਨੇ ਨਾਗਰਿਕਾਂ ਵਿੱਚ ਵਿਆਪਕ ਚਿੰਤਾ ਪੈਦਾ ਕੀਤੀ ਹੈ, ਜਿਸ ਕਾਰਨ ਪੰਜਾਬ ਸਰਕਾਰ ਲਈ ਇਸ ਮੁੱਦੇ 'ਤੇ ਫੈਸਲਾਕੁੰਨ ਕਾਰਵਾਈ ਕਰਨਾ ਜ਼ਰੂਰੀ ਹੋ ਗਿਆ ਸੀ। ਜਨਤਕ ਭਲਾਈ ਪ੍ਰਤੀ ਪੰਜਾਬ ਸਰਕਾਰ ਦੀ ਵਚਨਬੱਧਤਾ ਦੁਹਰਾਉਂਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਰਕਾਰ ਦੇ ਹਰ ਫੈਸਲੇ ਦਾ ਉਦੇਸ਼ ਆਮ ਆਦਮੀ ਦੀ ਭਲਾਈ ਅਤੇ ਪੰਜਾਬ ਦੀ ਤਰੱਕੀ ਯਕੀਨੀ ਬਣਾਉਣਾ ਹੈ। ਉਨ੍ਹਾਂ ਅੱਗੇ ਕਿਹਾ, "ਜਨਤਕ ਸੁਰੱਖਿਆ ਨਾਲ ਜੁੜੇ ਮੁੱਦਿਆਂ ਅਤੇ ਆਮ ਲੋਕਾਂ ਲਈ ਮਹੱਤਵ ਰੱਖਣ ਵਾਲੇ ਮਾਮਲਿਆਂ ਨੂੰ ਪੰਜਾਬ ਸਰਕਾਰ ਵੱਲੋਂ ਹਮੇਸ਼ਾ ਤਰਜੀਹ ਦਿੱਤੀ ਜਾਂਦੀ ਹੈ। ਐਕਸ 'ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲਿਖਿਆ, "ਪੰਜਾਬ ਸਰਕਾਰ 19 ਮਈ 2026 ਨੂੰ ਆਏ ਸੁਪਰੀਮ ਕੋਰਟ ਦੇ ਹੁਕਮਾਂ ਦੀ ਇੰਨ-ਬਿੰਨ ਪਾਲਣਾ ਕਰੇਗੀ। ਸੁਪਰੀਮ ਕੋਰਟ ਦੇ ਹੁਕਮਾਂ ਅਨੁਸਾਰ, ਅਸੀਂ ਵੱਧ ਭੀੜ-ਭੜੱਕੇ ਵਾਲੀਆਂ ਸਾਰੀਆਂ ਜਨਤਕ ਥਾਵਾਂ ਤੋਂ ਅਵਾਰਾ ਕੁੱਤਿਆਂ ਨੂੰ ਹਟਾਵਾਂਗੇ ਤਾਂ ਜੋ ਬੱਚੇ, ਬਜ਼ੁਰਗ ਨਾਗਰਿਕ ਅਤੇ ਪਰਿਵਾਰ ਆਪਣੀ ਸੁਰੱਖਿਆ ਦੇ ਡਰ ਤੋਂ ਬਿਨਾਂ ਆਜ਼ਾਦੀ ਨਾਲ ਘੁੰਮ-ਫਿਰ ਸਕਣ। ਅਸੀਂ ਕੁੱਤਿਆਂ ਲਈ ਲੋੜੀਂਦੀ ਗਿਣਤੀ ਵਿੱਚ ਆਸਰਾ ਘਰ ਬਣਾਵਾਂਗੇ ਅਤੇ ਉਨ੍ਹਾਂ ਦੀ ਦੇਖਭਾਲ ਕਰਾਂਗੇ, ਜਿੱਥੇ ਇਨ੍ਹਾਂ ਅਵਾਰਾ ਕੁੱਤਿਆਂ ਦੀ ਸਹੀ ਤਰੀਕੇ ਨਾਲ ਸੰਭਾਲ ਕੀਤੀ ਜਾ ਸਕੇ। ਉਨ੍ਹਾਂ ਲਿਖਿਆ, "ਹਲਕਾਅ ਤੇ ਲਾਇਲਾਜ ਬਿਮਾਰੀ ਤੋਂ ਪੀੜਤ ਜਾਂ ਖ਼ਤਰਨਾਕ ਕੁੱਤਿਆਂ, ਜੋ ਮਨੁੱਖੀ ਜਾਨ ਲਈ ਖ਼ਤਰਾ ਹਨ, ਦੇ ਮਾਮਲਿਆਂ ਵਿੱਚ ਕਾਨੂੰਨੀ ਤੌਰ 'ਤੇ ਮਨਜ਼ੂਰਸ਼ੁਦਾ ਕਦਮ ਚੁੱਕੇ ਜਾਣਗੇ, ਜਿਨ੍ਹਾਂ ਵਿੱਚ ਦਰਦ-ਰਹਿਤ ਮੌਤ ਵੀ ਸ਼ਾਮਲ ਹੈ। ਇਸ ਲਈ ਜਾਨਵਰਾਂ ਉੱਤੇ ਅੱਤਿਆਚਾਰ ਦੀ ਰੋਕਥਾਮ ਐਕਟ ਅਤੇ ਏ.ਬੀ.ਸੀ. ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਾਂਗੇ।

### ਪੰਜਾਬ ਦੇ ਸਰਕਾਰੀ ਦਫ਼ਤਰਾਂ.....

ਸਾਰੇ ਸਰਕਾਰੀ ਦਫ਼ਤਰ ਅਤੇ ਸਾਰੇ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਦੀਆਂ ਸਾਰੀਆਂ ਕਲਾਸਾਂ ਹੁਣ ਸਵੇਰੇ 7:30 ਵਜੇ ਸ਼ੁਰੂ ਹੋਣਗੀਆਂ ਅਤੇ ਦੁਪਹਿਰ 1:30 ਵਜੇ ਤੱਕ ਖੁੱਲ੍ਹਣਗੀਆਂ। ਇਹ ਫੈਸਲਾ ਇਸ ਲਈ ਲਿਆ ਗਿਆ ਹੈ ਤਾਂ ਜੋ ਬੱਚਿਆਂ ਅਤੇ ਆਮ ਲੋਕਾਂ ਨੂੰ ਦੁਪਹਿਰ ਵੇਲੇ ਪੈਣ ਵਾਲੀ ਅਸਹਿ ਗਰਮੀ ਤੋਂ ਬਚਾਇਆ ਜਾ ਸਕੇ। ਮੁੱਖ ਮੰਤਰੀ ਮਾਨ ਨੇ ਕਿਹਾ ਕਿ ਸਰਕਾਰ ਜਨਤਾ ਦੀ ਸਿਹਤ ਅਤੇ ਸੁਰੱਖਿਆ ਨੂੰ ਲੈ ਕੇ ਪੂਰੀ ਤਰ੍ਹਾਂ ਗੰਭੀਰ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਗਰਮੀ ਦੇ ਹਾਲਾਤਾਂ 'ਤੇ ਲਗਾਤਾਰ ਨਜ਼ਰ ਰੱਖੀ ਜਾਵੇਗੀ।

### ਨੈਸ਼ਨਲ ਹਾਈਵੇ 'ਤੇ ਟੂਰਿਸਟ.....

ਤਿੰਨ ਤੋਂ ਚਾਰ ਗੱਡਿਆ ਵੀ ਆਪਸ 'ਚ ਟਕਰਾ ਗਈਆਂ ਬੱਸ ਚ ਸਵਾਰ ਕਾਲਜ ਵਿਦਿਆਰਥੀਆਂ ਵਿਚੋਂ ਤਿੰਨ ਦੀ ਮੌਤ ਹੋ ਗਈ ਜਦਕਿ 5 ਦੇ ਕਰੀਬ ਹੋਰ ਵਿਦਿਆਰਥੀ ਵੀ ਜ਼ਖਮੀ ਹੋਏ ਹਨ ਬੱਸ ਅੰਮ੍ਰਿਤਸਰ ਤੋਂ ਜੰਮੂ ਜਾ ਰਹੀ ਸੀ ਅਤੇ ਬੱਸ ਵਿੱਚ ਜਿਆਦਾਤਰ ਵਿਦਿਆਰਥੀ ਸਵਾਰ ਸਨ ਜਿਹੜੇ ਪੜ੍ਹਾਈ ਦੇ ਪੇਪਰ ਖਤਮ ਹੋਣ ਤੋਂ ਬਾਅਦ ਆਪਣੇ ਘਰ ਜੰਮੂ ਜਾ ਰਹੇ ਸਨ ਜ਼ਖਮੀਆਂ ਨੂੰ ਸਿਵਲ ਹਸਪਤਾਲ ਪਹੁੰਚਾਇਆ ਗਿਆ ਜਦਕਿ ਮੌਕੇ ਤੇ ਪਹੁੰਚੇ ਪੁਲਿਸ ਅਧਿਕਾਰੀਆਂ ਵੱਲੋਂ ਹਾਦਸਾ ਗ੍ਰਸਤ ਹੋਈ ਬੱਸ ਅਤੇ ਗੱਡੀਆਂ ਨੂੰ ਸਾਈਡ ਤੇ ਕਰਕੇ ਆਵਾਜਾਈ ਨੂੰ ਬਹਾਲ ਕਰਵਾ ਦਿੱਤਾ ਗਿਆ ਹੈ। ਪੁਲਿਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਮ੍ਰਿਤਕ ਨੌਜਵਾਨਾਂ ਦੇ ਪਰਿਵਾਰਾਂ ਨੂੰ ਸੂਚਿਤ ਕਰ ਦਿੱਤਾ ਗਿਆ ਮਾਮਲੇ ਦੀ ਜਾਂਚ ਪੜਤਾਲ ਕੀਤੀ ਜਾ ਰਹੀ ਹੈ।

### ਹਰ ਪੱਖੋਂ ਗਿਆਨਵਾਨ, ਅਕਾਲੀ.....

ਧਰਮਕੋਟ ਦੇ ਲੋਕਾਂ ਦੀ ਭਲਾਈ ਲਈ ਕੰਮ ਕਰ ਰਿਹਾ ਹੈ। ਇਸ ਮੌਕੇ ਉਹਨਾਂ ਨੇ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਲਿਆਂਦੇ ਗਏ ਬੇਅਦਬੀ ਕਾਨੂੰਨ ਬਾਰੇ ਵੀ ਆਪਣੀ ਪ੍ਰਤੀਕਿਰਿਆ ਦਿੱਤੀ। ਉਹਨਾਂ ਕਿਹਾ ਕਿ ਇਹ ਕਾਨੂੰਨ ਧਾਰਮਿਕ ਮਰਿਆਦਾਵਾਂ ਨੂੰ ਧਿਆਨ ਵਿੱਚ ਰੱਖ ਕੇ ਨਹੀਂ ਬਣਾਇਆ ਗਿਆ। ਉਹਨਾਂ ਦੋਸ਼ ਲਾਇਆ ਕਿ ਜਿਨ੍ਹਾਂ ਲੋਕਾਂ ਨੂੰ ਧਾਰਮਿਕ ਮਰਿਆਦਾਵਾਂ ਬਾਰੇ ਪੂਰੀ ਜਾਣਕਾਰੀ ਨਹੀਂ ਉਹ ਕਾਨੂੰਨ ਬਣਾਉਣ ਵਿੱਚ ਲੱਗੇ ਹੋਏ ਹਨ। ਉਹਨਾਂ ਕਿਹਾ ਕਿ ਉਹ ਅੱਜ ਤੱਕ ਇਸ ਮਾਮਲੇ 'ਤੇ ਚੁੱਪ ਰਹੇ ਪਰ ਹੁਣ ਸੰਗਤਾਂ ਸਾਹਮਣੇ ਆਪਣੀ ਗੱਲ ਰੱਖਣਾ ਜ਼ਰੂਰੀ ਸਮਝਿਆ ਹੈ। ਉਹਨੇ ਕਿਹਾ ਕਿ ਜਥੇਦਾਰ ਤੋਤਾ ਸਿੰਘ ਦੀ ਵਿਰਾਸਤ ਅੱਜ ਬਰਜਿੰਦਰ ਸਿੰਘ ਬਰਾੜ ਨੇ ਸੰਭਾਲ ਲਈ ਹੈ। ਬਰਜਿੰਦਰ ਸਿੰਘ ਬਰਾੜ ਜਥੇਦਾਰ ਤੋਤਾ ਸਿੰਘ ਦੇ ਸਿਧਾਂਤਾਂ ਤੇ ਪਹਿਰਾ ਦੇਣ ਵਾਲੇ ਸਮਰੱਥ ਆਗੂ ਹਨ। ਸਮਾਗਮ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਅਤੇ ਜਥੇਦਾਰ ਤੋਤਾ ਸਿੰਘ ਸਪੁੱਤਰ ਬਰਜਿੰਦਰ ਸਿੰਘ ਬਰਾੜ ਨੇ ਆਈਆਂ ਹੋਈਆਂ ਸ਼ਖਸੀਅਤਾਂ ਦਾ ਮਾਤਾ ਮੁਖਤਿਆਰ ਕੌਰ, ਬਲਵਿੰਦਰ ਸਿੰਘ ਬਰਾੜ, ਜਸਵਿੰਦਰ ਸਿੰਘ ਬਰਾੜ ਕਨੇਡਾ ਅਤੇ ਭੈਣ ਡਾ.ਪਰਮਜੀਤ ਕੌਰ ਢਿੱਲੋਂ ਵੱਲੋਂ ਧੰਨਵਾਦ ਕਰਦਿਆਂ ਕਿਹਾ ਕਿ ਜਥੇਦਾਰ ਤੋਤਾ ਸਿੰਘ ਨਿਤਨੇਮੀ ਅਤੇ ਸ੍ਰੀ ਦਰਬਾਰ ਸਾਹਿਬ ਹਰ ਸੰਗਰਾਂਦ ਤੇ ਨਤਮਸਤਕ ਹੋਣ ਵਾਲੇ ਆਗੂ ਸਨ ਜਿਨਾਂ ਦਾ ਗੁਰੂ ਘਰ ਦੇ ਨਾਲ ਅਥਾਹ ਪਿਆਰ ਸੀ। ਬਰਾੜ ਨੇ ਸ਼ਰਧਾਂਜਲੀ ਸਮਾਗਮ ਦੌਰਾਨ ਭਾਵੁਕ ਹੁੰਦਿਆਂ ਕਿਹਾ ਕਿ ਉਹਨਾਂ ਦੇ ਪਿਤਾ ਨੇ ਪੂਰੀ ਜ਼ਿੰਦਗੀ ਲੋਕਾਂ ਦੀ ਸੇਵਾ ਅਤੇ ਪਾਰਟੀ ਪ੍ਰਤੀ ਵਫਾਦਾਰੀ ਨੂੰ ਸਭ ਤੋਂ ਉੱਪਰ ਰੱਖਿਆ। ਉਹਨਾਂ ਕਿਹਾ ਕਿ ਜਥੇਦਾਰ ਤੋਤਾ ਸਿੰਘ ਨੇ ਹਮੇਸ਼ਾ ਲੋਕਾਂ ਦੇ ਦੁੱਖ ਸੁੱਖ ਵਿੱਚ ਖੜ੍ਹ ਕੇ ਸੇਵਾ ਕੀਤੀ ਅਤੇ ਸਾਦਗੀ ਭਰਿਆ ਜੀਵਨ ਜੀਆ। ਇਸ ਮੌਕੇ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਐਮ.ਐਲ.ਏ ਸ਼ਾਹਕੋਟ, ਪਰਗਟ ਸਿੰਘ ਐਮ.ਐਲ.ਏ ਜਲੰਧਰ ਕੈਂਟ, ਡਾ. ਕੁਲਵੰਤ ਸਿੰਘ ਧਾਲੀਵਾਲ ਸਮਾਜ ਸੇਵੀ,ਗੁਰਜੰਟ ਸਿੰਘ ਭੁੱਟੋ, ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਤਲਵੰਡੀ ਭੰਗੇਰੀਆਂ,ਰਾਜਵਿੰਦਰ ਸਿੰਘ ਧਰਮਕੋਟ ਅੱਜ,ਖਣਮੁੱਖ ਭਾਰਤੀ ਪੱਤੋ, ਸੰਜੀਤ ਸਨੀ ਗਿੱਲ ਇੰਚਾਰਜ ਹਲਕਾ ਮੋਗਾ, ਤੀਰਥ ਸਿੰਘ ਮਾਹਲਾ ਹਲਕਾ ਇੰਚਾਰਜ ਬਾਘਾ ਪੁਰਾਣਾ,ਬਲਦੇਵ ਸਿੰਘ ਮਾਣੂੰਕੇ,ਰਜਿੰਦਰ ਸਿੰਘ ਡੱਲਾ ਸੀਨੀਅਰ ਅਕਾਲੀ ਆਗੂ,ਭਾਈ ਦਰਸ਼ਨ ਸਿੰਘ ਘੋਲੀਆ ਆਗੂ ਹੋਂਦ ਚਿੱਲੜ ਇਨਸਾਫ ਕਮੇਟੀ,ਗੁਰਮੇਲ ਸਿੰਘ ਸਿੱਧੂ ਸਰਕਲ ਪ੍ਰਧਾਨ,ਨੰਬਰਦਾਰ ਬਲਜੀਤ ਸਿੰਘ ਕੰਗ ਸਰਕਲ ਪ੍ਰਧਾਨ, ਬਲਵਿੰਦਰ ਸਿੰਘ ਔਲਖ ਸਾਬਕਾ ਸਰਪੰਚ ਪੰਡੋਰੀ,ਜੋਗਿੰਦਰ ਸਿੰਘ ਪੱਪੂ ਕਾਹਨੇਵਾਲਾ ਸਕੱਤਰ ਕਿਸਾਨ ਸੈੱਲ ਪੰਜਾਬ, ਪਰਮਜੀਤ ਸਿੰਘ ਧਰਮ ਸਿੰਘ ਵਾਲਾ ਕੌਮੀ ਆਗੂ ਫੈਡਰੇਸ਼ਨ ਗਰੇਵਾਲ, ਜੋਗਿੰਦਰ ਸਿੰਘ ਸੰਧੂ ਮੁੰਡੀ ਜਮਾਲ,ਸਾਬਕਾ ਚੇਅਰਮੈਨ ਮਹਿੰਦਰ ਸਿੰਘ ਫਤਿਹਗੜ੍ਹ ਪੰਜਤੂਰ, ਸਰਕਲ ਪ੍ਰਧਾਨ ਪਰਮਜੀਤ ਸਿੰਘ ਵਿਰਕ ਜਲਾਲਾਬਾਦ,ਮਨਫੂਲ ਸਿੰਘ ਲਾਡੀ ਮਸਤੇਵਾਲਾ ਸਰਕਲ ਪ੍ਰਧਾਨ, ਗੁਰਮੇਲ ਸਿੰਘ ਸੰਧੂ ਨੰਬਰਦਾਰ ਉਮਰੀਆਣਾ,ਅਵਤਾਰ ਸਿੰਘ ਸਾਬਕਾ ਸਰਪੰਚ ਸ਼ਾਹਵਾਲਾ,,ਦਿਲਬਾਗ ਸਿੰਘ ਹੈਪੀ ਭੁੱਲਰ ਪ੍ਰਧਾਨ ਯੂਥ ਅਕਾਲੀ ਦਲ ਆਦਿ ਹਾਜ਼ਰ ਸਨ।

## ਕਲਾਸੀਫਾਇਡ

### ਆਮ ਸੂਚਨਾ

➢ **I Surjit Kaur** W/o Major Singh R/o H.No. 1139/A, SAS Nagar, Mobile 99888-08525 declare that I have lost original sale deed Vasika Nubmer 1303 dated 08/05/2012, Khasra Number 35//18/1(2-8).Report regarding this has been lodged vide LR. No. 721213/2026 Punjab Police.

➢ **ਮੈਂ ਗਗਨਦੀਪ ਸਿੰਘ** ਪੁੱਤਰ ਰਣਜੀਤ ਸਿੰਘ ਵਾਸੀ ਪਿੰਡ: ਤੂਰਾ ਡਾਕ: ਕੁੰਭ ਤਹਿ: ਅਮਲੋਹ ਜਿਲ੍ਹਾ ਫਤਿਹਗੜ੍ਹ ਸਾਹਿਬ ਨੇ ਆਪਣਾ ਨਾਮ ਬਦਲ ਕੇ ਸੁਵਾਮੀ ਗਗਨਦੇਵ ਚੇਲਾ ਸੁਵਾਮੀ ਇੰਦਰਦੇਵ, ਵਾਸੀ ਡੇਰਾ ਠਾਕੁਰ ਦੁਵਾਰਾਂ ਰਾਧਾ ਕਿਰਸ਼ਨ ਰਾਮਸਰ ਸਾਹਿਬ ਰਾਹੋਂ, ਤਹਿ ਵਾ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

➢ **I, Hasrat Jakhar** D/o Gurmeet Singh R/o Vill: Killianwali Teh-Abohar Distt. Fazilka declare that in my Matric certificate my father name mentioned as Gurmeet Singh Jakhar. But in my date of birth certificate his name mentioned as Gurmeet Singh. so amended my father name from Gurmeet Singh Jakhar to Gurmeet Singh in my Matric Certificate.

### ਨਾਮ ਬਦਲੀ

➢ **ਮੈਂ ਦਵਿੰਦਰ ਸਿੰਘ ਟੌਰ** ਪੁੱਤਰ ਗੁਰਮੀਤ ਸਿੰਘ ਵਾਸੀ ਪਿੰਡ ਅਤੇ ਡਾਕਖਾਨਾ ਨਾਗਰਾ, ਤਹਿਸੀਲ ਸਮਰਾਲਾ, ਜ਼ਿਲ੍ਹਾ ਲੁਧਿਆਣਾ ਨਵਾਂ ਨਾਮ :- ਦਵਿੰਦਰ ਸਿੰਘ (Given Name)

➢ **ਮੈਂ ਸੰਨੀ ਕੁਮਾਰ** ਪੁੱਤਰ ਸੱਤਪਾਲ ਰਵਿਦਾਸ ਨਗਰ ਮਾਲੇਰਕੋਟਲਾ ਜ਼ਿਲ੍ਹਾ ਮਾਲੇਰਕੋਟਲਾ ਨੇ ਆਪਣਾ ਨਾਮ ਸੋਨੀ ਅਤੇ ਸਰ ਨੇਮ ਕੁਮਾਰ ਕਰ ਲਿਆ ਹੈ ਸੰਬੰਧਿਤ ਨੋਟ ਕਰਨ।

➢ **ਮੈਂ ਹਰਬੰਸ ਲਾਲ** ਪੁੱਤਰ ਮਦਨ ਲਾਲ ਰਵਿਦਾਸ ਨਗਰ ਮਾਲੇਰਕੋਟਲਾ ਜ਼ਿਲ੍ਹਾ ਮਾਲੇਰਕੋਟਲਾ ਨੇ ਆਪਣਾ ਨਾਮ ਹਰਬੰਸ ਅਤੇ ਸਰ ਨਾਮ ਲਾਲ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

➢ **I Inderjeet Singh** S/O Rakesh Kumar R/O Vpo Kukran Distt Hoshiarpur Declares That In My Name Inderjeet Is My Real Name And Singh Is My Surname.

➢ **I, Pammi** W/o Chaman Lal R/o Vill-Hajipur Po. Rampur Bilron Teh-Garhshankar Distt. Hoshiarpur, Punjab, I have changed my name from Pammi to Paramjit Kaur. Please all concern note.

➢ **I, Lakhvir Singh** S/o Sadhu Singh R/o Vill-Birowal, Po. Jadla, Teh-Nawanshahr, Distt. SBS Nagar, Punjab, I have changed my name from Lakhvir Singh to Lakhbir Singh. Please all concern note.

➢ **I, Nirmal Singh** S/o Harbans Singh R/o H.No. 1368 W.No. 04 D.S.P. Wali Gali Akalsar Road Moga Teh & Distt. Moga Pin-142001 have changed my son name from Navdeep Singh to Navdeep Singh Bumrah.

➢ **I, Mandeep Kaur** D/o Mohinder Pal Singh Nar R/o Vill: Ladian Po. Jandiala Teh-Banga Distt. SBS Nagar Pb-144505 have changed my name from Mandeep Kaur to Kaur Mandeep. I have used Kaur is my surname. Concerned note it.

➢ **I Harminder Singh** S/O Piara Ram VPO Talwandi Fattu Teh-Banga Distt S.B.S Nagar changed my name Harminder Singh to Singh Harminder please note.

➢ **I, Harjinder Singh Daudharia** S/o Jagan Singh R/o VPO Raoke Kalan, Distt. Moga, 142037, Punjab, India, have changed my name to Harjinder Singh.

➢ **I, Puran Singh Muttay** S/o Gursewak Singh R/o Patti Bhullar, VPO Buttar, Distt. Moga, 142040, Punjab, India, have changed my name to Puran Singh.

➢ **I, Balwinder Kaur Muttay** W/o Puran Singh R/o Patti Bhullar, VPO Buttar, Distt. Moga, 142040, Punjab, India, have changed my name to Balwinder Kaur.

➢ **I, Jagjeet Singh** S/o Sohan Singh R/o Vill: Sujjowal Po. Rakkar Bet Teh-Balachaur Distt. SBS Nagar, Pin-144521, Pb, have changed my name from Jagjeet Singh to Jagjit Singh. all concerned please note.

➢ **I Gurpreet Singh** S/o Surinder Singh Vpo Singhpur Distt Hoshiarpur-146102 Punjab, have changed my name from Gurpreet Singh to Singh Gurpreet. Gurpreet as Given name and Singh as Surname Concerned Note.

### ਨਾਮ ਬਦਲੀ

➢ **I, Balaur Singh Nahar** S/o Chanda Singh R/o H.No.1880 W.No.06 Kaccha Dosanjh Road Shaheed Bhagat Singh Nagar, Distt. Moga have changed my name to Balour Singh.

➢ **I, Paramjit Kaur** W/o Amrik Singh R/o Vpo. Kussa Teh-Nihal Singh Wala Distt. Moga-142039 have changed my name to Parmjeet Kaur.

➢ **I, Satnam Singh** S/o Sukhdev Singh R/o Vpo. Kussa Teh-Nihal Singh Wala Distt. Mgoa-142039 Pb, India, have changed my name Satnam as given name and Singh as surname.

➢ **I Anhadpreet Singh** S/O Sukhjinder Singh R/O Vill Nawa Pind P/O Kahnuwan Distt Gurdaspur Have Changed My Name From Anhadprert Singh To Given Name Anhadpreet And Surname Singh.

➢ **I Pooja Rani** D/o Sukhchan Singh R/o W.No.06, Muhalla Khai Dharamkot Teh-Dharamkot Dist. Moga I have changed my name Pooja Rani to Gurnoor Kaur. Please All Note.

### ਬੇਦਖਲੀ

➢ **ਮੈਂ ਜਗੀਰ ਕੌਰ** ਪਤਨੀ ਲੇਟ. ਪਲਵਿੰਦਰ ਸਿੰਘ ਵਾਸੀ ਉਮਰ ਪੁਰ ਕਲਾਂ ਡਾਕ: ਦੋਰਾਂਗਲਾ ਤਹਿ ਤੇ ਜਿਲ੍ਹਾ ਗੁਰਦਾਸਪੁਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸੁਰਜੀਤ ਸਿੰਘ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਮੇਰਾ ਜਾਂ ਮੇਰੇ ਪਰਿਵਾਰ ਦਾ ਕੋਈ ਵੀ ਤਾਲੁਕ ਵਾ ਵਾਸਤਾ ਨਹੀਂ ਹੋਵੇਗਾ।

**ਬਾ ਅਦਾਲਤ ਸ਼੍ਰੀ ਰਮੇਸ਼ ਢੀਂਗੜਾ (ਵਾਧੂ ਚਾਰਜ) ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ ਫਿਰੋਜਪੁਰ**

| ਕੇਸ ਨੰਬਰ | ਰਜੂਆ ਮਿਤੀ | ਵਾਕਿਆ ਰਕਬਾ | ਤਾਰੀਖ ਪੇਸ਼ੀ |
|---|---|---|---|
| 6/ਏਸੀ-1 | 17-4-2026 | ਖਾਈ | 17-6-2026 |

ਅਮਨਦੀਪ ਸਿੰਘ ਪੁੱਤਰ ਸੁਖਦੇਵ ਸਿੰਘ ਪੁੱਤਰ ਕਰਤਾਰ ਸਿੰਘ ਵਾਸੀ ਪਿੰਡ ਖਾਈ ਤਹਿਸੀਲ ਦਵਤਰ ਬਜਰੀਆ ਮੁਖਤਿਆਰੇ ਆਮ ਸੁਖਦੇਵ ਸਿੰਘ ਪੁੱਤਰ ਕਰਤਾਰ ਸਿੰਘ ਪੁੱਤਰ ਕਿਸ਼ਨ ਸਿੰਘ ਵਾਸੀ ਪਿੰਡ ਖਾਈ ਤਹਿਸੀਲ ਵਾ ਜਿਲਾ ਫਿਰੋਜਪੁਰ।

ਬਨਾਮ

1)ਕਰਨੈਲ ਸਿੰਘ ਪੁੱਤਰ ਸੁੱਚਾ ਸਿੰਘ ਪੁੱਤਰ ਦਲੀਪ ਸਿੰਘ 2)ਬਲਵੀਰ ਸਿੰਘ ਪੁੱਤਰ ਦਾਰਾ ਸਿੰਘ ਪੁੱਤਰ ਜਗਤ ਸਿੰਘ 3)ਕਸ਼ਮੀਰ ਸਿੰਘ ਪੁੱਤਰ ਦਾਰਾ ਸਿੰਘ ਪੁੱਤਰ ਜਗਤ ਸਿੰਘ 4)ਜਸਵੰਤ ਸਿੰਘ ਪੁੱਤਰ ਬਾਵਾ ਸਿੰਘ ਪੁੱਤਰ ਜਗਤ ਸਿੰਘ 5)ਸ਼ਵਿੰਦਰ ਕੌਰ ਵਿਧਵਾ ਬੰਤਾ ਸਿੰਘ ਪੁੱਤਰ ਬਾਵਾ ਸਿੰਘ 6)ਅਮਰ ਕੌਰ ਵਿਧਵਾ ਤਾਰਾ ਸਿੰਘ ਪੁੱਤਰ ਜਗਤ ਸਿੰਘ 7)ਕਿਰਪਾਲ ਸਿੰਘ ਪੁੱਤਰ ਤਾਰਾ ਸਿੰਘ ਪੁੱਤਰ ਜਗਤ ਸਿੰਘ 8)ਰਜਿੰਦਰ ਸਿੰਘ ਪੁੱਤਰ ਤਾਰਾ ਸਿੰਘ ਪੁੱਤਰ ਜਗਤ ਸਿੰਘ 9)ਕੁਲਵਿੰਦਰ ਕੌਰ ਪੁਤਰੀ ਤਾਰਾ ਸਿੰਘ ਪੁੱਤਰ ਜਗਤ ਸਿੰਘ 10)ਸੁਖਦੇਵ ਸਿੰਘ ਪੁੱਤਰ ਅਰਜਨ ਸਿੰਘ ਪੁੱਤਰ ਦਾਰਾ ਸਿੰਘ 11)ਬਖਸ਼ੀਸ਼ ਸਿੰਘ ਪੁੱਤਰ ਅਰਜਨ ਸਿੰਘ ਪੁੱਤਰ ਦਾਰਾ ਸਿੰਘ 12)ਬਗੀਚਾ ਸਿੰਘ ਪੁੱਤਰ ਅਰਜਨ ਸਿੰਘ ਪੁੱਤਰ ਦਾਰਾ ਸਿੰਘ 13)ਗੁਰਮੀਤ ਸਿੰਘ ਪੁੱਤਰ ਅਰਜਨ ਸਿੰਘ ਪੁੱਤਰ ਦਾਰਾ ਸਿੰਘ 14)ਜਤਿੰਦਰ ਕੌਰ ਪੁਤਰੀ ਰਣਜੀਤ ਸਿੰਘ ਪੁੱਤਰ ਉਧਮ ਸਿੰਘ 15)ਭਿੰਦਰ ਕੌਰ ਪੁਤਰੀ ਬਾਵਾ ਸਿੰਘ ਪੁੱਤਰ ਜਗਤ ਸਿੰਘ 16)ਮਨਜੀਤ ਕੌਰ ਵਿਧਵਾ ਨਿਰਵੈਲ ਸਿੰਘ ਪੁੱਤਰ ਅਰਜਨ ਸਿੰਘ 17)ਰਜਵੰਤ ਕੌਰ ਪੁਤਰੀ ਹਰਦੇਵ ਸਿੰਘ ਪੁੱਤਰ ਅਰਜਨ ਸਿੰਘ 18)ਅਮਨਦੀਪ ਸਿੰਘ ਪੁੱਤਰ ਸੁਖਦੇਵ ਸਿੰਘ ਪੁੱਤਰ ਕਰਤਾਰ ਸਿੰਘ 19)ਗੁਰਮੀਤ ਸਿੰਘ ਪੁੱਤਰ ਸੁਬੇਗ ਸਿੰਘ ਪੁੱਤਰ ਦਲੀਪ ਸਿੰਘ 20)ਮਲਕੀਤ ਸਿੰਘ ਪੁੱਤਰ ਹਰਦੇਵ ਸਿੰਘ ਪੁੱਤਰ ਅਰਜਨ ਸਿੰਘ 21)ਗੁਰਜੀਤ ਸਿੰਘ ਪੁੱਤਰ ਮਹਿੰਦਰ ਸਿੰਘ ਪੁੱਤਰ ਸੁਬੇਗ ਸਿੰਘ 22)ਬਲਵਿੰਦਰ ਸਿੰਘ ਪੁੱਤਰ ਸੁੱਚਾ ਸਿੰਘ ਪੁੱਤਰ ਦਲੀਪ ਸਿੰਘ 23)ਮਨਜਿੰਦਰ ਸਿੰਘ ਪੁੱਤਰ ਬਲਜੀਤ ਸਿੰਘ ਪੁੱਤਰ ਸੁੱਚਾ ਸਿੰਘ 24)ਸਰਬਜੀਤ ਕੌਰ ਪਤਨੀ ਬਲਜੀਤ ਸਿੰਘ ਪੁੱਤਰ ਸੁੱਚਾ ਸਿੰਘ 25)ਮਨਪ੍ਰੀਤ ਕੌਰ ਪੁਤਰੀ ਬਲਜੀਤ ਸਿੰਘ ਪੁੱਤਰ ਸੁੱਚਾ ਸਿੰਘ 26)ਅਮਰਜੀਤ ਕੌਰ ਪਤਨੀ ਬੇਅੰਤ ਸਿੰਘ ਪੁੱਤਰ ਨਿਰਮਲ ਸਿੰਘ 27)ਅਵਦੀਪ ਸਿੰਘ ਪੁੱਤਰ ਅਵਤਾਰ ਸਿੰਘ ਪੁੱਤਰ ਕਰਤਾਰ ਸਿੰਘ 28)ਚਮਕੌਰ ਸਿੰਘ ਪੁੱਤਰ ਖਲਾਰਾ ਸਿੰਘ ਪੁੱਤਰ ਕੁੰਦਨ ਸਿੰਘ 29)ਵਸੀਲਾ ਸਿੰਘ ਪੁੱਤਰ ਖਲਾਰਾ ਸਿੰਘ ਪੁੱਤਰ ਕੁੰਦਨ ਸਿੰਘ ਸਾਰੇ ਵਾਸੀਆਨ ਪਿੰਡ ਖਾਈ ਤਹਿਸੀਲ ਵਾ ਜਿਲਾ ਫਿਰੋਜਪੁਰ 30)ਪੰਜਾਬ ਗ੍ਰਾਮੀਣ ਬੈਂਕ ਬਰਾਂਚ ਖਾਈ ਫੇਮੇ ਕੀ ਬਜਰੀਆ ਬਰਾਂਚ ਮੈਨੇਜਰ 31)ਓ ਬੀ ਸੀ ਬੈਂਕ ਬਰਾਂਚ ਐਮ ਐਲ ਐਮ ਫਿਰੋਜਪੁਰ ਕੈਂਟ ਬਜਰੀਆ ਬਰਾਂਚ ਮੈਨੇਜਰ32)ਓ ਬੀ ਸੀ ਬੈਂਕ ਬਰਾਂਚ ਖਾਈ ਬਜਰੀਆ ਬਰਾਂਚ ਮੈਨੇਜਰ 33)ਪੀ ਐਨ ਬੀ ਬੈਂਕ ਬਰਾਂਚ ਖਾਈ ਬਜਰੀਆ ਬਰਾਂਚ ਮੈਨੇਜਰ

ਦਾਵਾ ਤਕਸੀਮ ਅਧੀਨ ਧਾਰਾ 111 ਪੰਜਾਬ ਲੈਂਡ ਰੇਵੀਨਿਊ ਐਕਟ 1887 ਅਰਾਜੀ ਤੇਦਾਦੀ 52 ਕਨਾਲ 2 ਮਰਲੇ ਖੇਵਟ ਨੰਬਰ 1027 ਖਤੌਨੀ ਨੰਬਰ 1520 ਤੋਂ 1530 ਤਕ ਵਾਕਿਆ ਰਕਬਾ ਪਿੰਡ ਖਾਈ ਤਹਿਸੀਲ ਵਾ ਜਿਲਾ ਫਿਰੋਜਪੁਰ ਦੀ ਤਕਸੀਮ ਜਮਾਬੰਦੀ ਸਾਲ 2022-2023 ਮੁਤਾਬਕ ਕਰਨ ਸਬੰਧੀ।

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਦਫਤਰ ਵਿੱਚ ਤਕਸੀਮ ਦਾ ਕੇਸ ਦਰਖਾਸਤੀ ਅਮਨਦੀਪ ਸਿੰਘ ਪੁੱਤਰ ਸੁਖਦੇਵ ਸਿੰਘ ਪੁੱਤਰ ਕਰਤਾਰ ਸਿੰਘ ਵਾਸੀ ਪਿੰਡ ਖਾਈ ਤਹਿਸੀਲ ਬਜਰੀਆ ਮੁਖਤਿਆਰੇ ਆਮ ਸੁਖਦੇਵ ਸਿੰਘ ਪੁੱਤਰ ਕਰਤਾਰ ਸਿੰਘ ਪੁੱਤਰ ਕਿਸ਼ਨ ਸਿੰਘ ਵਾਸੀ ਪਿੰਡ ਖਾਈ ਤਹਿਸੀਲ ਵਾ ਜਿਲਾ ਫਿਰੋਜਪੁਰ ਵੱਲੋਂ ਉਕਤ ਦਰਜ ਨੰਬਰਾਨ ਦਾ ਕੀਤਾ ਗਿਆ ਹੈ। ਇਸ ਲਈ ਉਕਤ ਅਨੁਵਾਨ ਕੇਸ ਵਿੱਚ ਦਰਜ ਦੂਜੀ ਧਿਰ ਨੂੰ ਬਜਰੀਆ ਅਖਬਾਰ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਉਕਤ ਰਕਬੇ ਦੀ ਤਕਸੀਮ ਕਰਨ ਵਿੱਚ ਕਿਸੇ ਵਿਅਕਤੀ ਜਾ ਦੂਜੀ ਧਿਰ ਨੂੰ ਕੋਈ ਇਤਰਾਜ ਹੋ ਤਾ ਉਹ ਆਪਣੇ ਇਤਰਾਜ ਉਕਤ ਮਿਤੀ ਤੱਕ ਲਿਖਤੀ ਰੂਪ ਵਿੱਚ ਜਾ ਜੁਬਾਨੀ ਸਹਿਤ ਅਸਾਲਤਨ ਜਾ ਵਕਾਲਤਨ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਹਾਜਰ ਹੋ ਕੇ ਇਤਰਾਜ ਪੇਸ਼ ਕਰ ਸਕਦਾ ਹੈ ਇਤਰਾਜ ਨਾ ਆਉਣ ਤੇ ਤਕਸੀਮ ਕੇਸ ਵਿੱਚ ਅਗਲੀ ਕਾਰਵਾਈ ਕਰ ਦਿਤੀ ਜਾਵੇਗੀ। ਇਸ਼ਤਿਹਾਰ ਮੇਰੇ ਦਸਤਖਤ ਅਤੇ ਮੋਹਰ ਨਾਲ ਅੱਜ ਮਿਤੀ 22-5-2026 ਨੂੰ ਜਾਰੀ ਕੀਤਾ ਗਿਆ।

**ਸਹਾਇਕ ਕੁਲੈਕਟਰ ਦਰਜਾ ਪਹਿਲਾ,**
**ਫਿਰੋਜਪੁਰ**

**ਬਾ ਅਦਾਲਤ ਤਹਿਸੀਲਦਾਰ ਕਮ ਸਹਾਇਕ ਕੁਲੈਕਟਰ ਦਰਜਾ ਪਹਿਲਾ, ਫਿਰੋਜਪੁਰ।**

| ਕੇਸ ਨੰਬਰ | ਰਜੂਆ ਮਿਤੀ | ਵਾਕਿਆ ਰਕਬਾ | ਫੈਸਲਾ ਮਿਤੀ |
|---|---|---|---|
| 33/ਏਸੀ-1 | 12-5-2026 | ਮੋਹਕਮ ਵਾਲਾ | 16-6-2026 |

ਅਰਬੇਲ ਸਿੰਘ ਪੁੱਤਰ ਸੰਤਾ ਸਿੰਘ ਪੁੱਤਰ ਵਧਾਵਾ ਸਿੰਘ ਵਾਸੀ ਪਿੰਡ ਮੋਹਕਮ ਵਾਲਾ ਤਹਿਸੀਲ ਵਾ ਜਿਲਾ ਫਿਰੋਜਪੁਰ

ਬਨਾਮ

1)ਭਜਨ ਸਿੰਘ ਪੁੱਤਰ ਜਸਵੰਤ ਸਿੰਘ ਪੁੱਤਰ ਵਧਾਵਾ ਸਿੰਘ 2)ਕੁਲਵਿੰਦਰ ਸਿੰਘ ਪੁੱਤਰ ਸਵਰਨ ਸਿੰਘ ਪੁੱਤਰ ਰਾਮ ਸਿੰਘ 3)ਮਨਜੀਤ ਸਿੰਘ ਪੁੱਤਰ ਸਵਰਨ ਸਿੰਘ ਪੁੱਤਰ ਰਾਮ ਸਿੰਘ 4)ਵਿੰਦਰ ਸਿੰਘ ਪੁਤਰ ਗੁਰਚਰਨ ਸਿੰਘ ਪੁੱਤਰ ਰਾਮ ਸਿੰਘ 5)ਸੁਰਿੰਦਰ ਸਿੰਘ ਪੁੱਤਰ ਗੁਰਚਰਨ ਸਿੰਘ ਪੁੱਤਰ ਰਾਮ ਸਿੰਘ 6)ਗੁਰਦਿਤ ਸਿੰਘ ਪੁੱਤਰ ਭਜਨ ਸਿੰਘ ਪੁੱਤਰ ਜਸਵੰਤ ਸਿੰਘ ਸਾਰੇ ਵਾਸੀਆਨ ਪਿੰਡ ਮੋਹਕਮ ਵਾਲਾ ਤਹਿਸੀਲ ਵਾ ਜਿਲਾ ਫਿਰੋਜਪੁਰ 7)ਪੰਜਾਬ ਪਛੜੀਆ ਸ਼੍ਰੇਣੀਆ ਭੋ ਵਿਕਾਸ ਅਤੇ ਵਿਤ ਕਾਰਪੋਰੇਸ਼ਨ ਚੰਡੀਗੜ੍ਹ8)ਐਚ ਡੀ ਐਫ ਸੀ ਬੈਂਕ ਬਰਾਂਚ ਤਲਵੰਡੀ ਭਾਈ ਬਜਰੀਆ ਬਰਾਂਚ ਮੈਨੇਜਰ

ਦਾਵਾ ਤਕਸੀਮ ਅਧੀਨ ਧਾਰਾ 111 ਪੰਜਾਬ ਲੈਂਡ ਰੇਵੀਨਿਊ ਐਕਟ 1887 ਖੇਵਟ ਨੰਬਰ 187 ਖਤੌਨੀ ਨੰਬਰ 275 ਮੁਰਬਾ ਨੰਬਰ 43 ਕਿਲਾ ਨੰਬਰ 9(8-0)22/1(6-10) ਕੁਲ 14 ਕਨਾਲ 10 ਮਰਲੇ ਵਾਕਿਆ ਰਕਬਾ ਪਿੰਡ ਮੋਹਕਮ ਵਾਲਾ ਤਹਿਸੀਲ ਵਾ ਜਿਲਾ ਫਿਰੋਜਪੁਰ ਦੀ ਤਕਸੀਮ ਜਮਾਬੰਦੀ ਸਾਲ 2020-2021 ਮੁਤਾਬਕ ਕਰਨ ਸਬੰਧੀ।

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਦਫਤਰ ਵਿੱਚ ਤਕਸੀਮ ਦਾ ਕੇਸ ਦਰਖਾਸਤੀ ਅਰਬੇਲ ਸਿੰਘ ਪੁੱਤਰ ਸੰਤਾ ਸਿੰਘ ਪੁੱਤਰ ਵਧਾਵਾ ਸਿੰਘ ਵਾਸੀ ਪਿੰਡ ਮੋਹਕਮ ਵਾਲਾ ਤਹਿਸੀਲ ਵਾ ਜਿਲਾ ਫਿਰੋਜਪੁਰ ਵੱਲੋਂ ਉਕਤ ਦਰਜ ਨੰਬਰਾਨ ਦਾ ਕੀਤਾ ਗਿਆ ਹੈ। ਇਸ ਲਈ ਉਕਤ ਅਨੁਵਾਨ ਕੇਸ ਵਿੱਚ ਦਰਜ ਦੂਜੀ ਧਿਰ ਨੂੰ ਬਜਰੀਆ ਅਖਬਾਰ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਉਕਤ ਰਕਬੇ ਦੀ ਤਕਸੀਮ ਕਰਨ ਵਿੱਚ ਕਿਸੇ ਵਿਅਕਤੀ ਜਾ ਦੂਜੀ ਧਿਰ ਨੂੰ ਕੋਈ ਇਤਰਾਜ ਹੋ ਤਾ ਉਹ ਆਪਣੇ ਇਤਰਾਜ ਉਕਤ ਮਿਤੀ ਤੱਕ ਲਿਖਤੀ ਰੂਪ ਵਿੱਚ ਜਾ ਜੁਬਾਨੀ ਸਹਿਤ ਅਸਾਲਤਨ ਜਾ ਵਕਾਲਤਨ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਹਾਜਰ ਹੋ ਕੇ ਇਤਰਾਜ ਪੇਸ਼ ਕਰ ਸਕਦਾ ਹੈ ਇਤਰਾਜ ਨਾ ਆਉਣ ਤੇ ਤਕਸੀਮ ਕੇਸ ਵਿੱਚ ਅਗਲੀ ਕਾਰਵਾਈ ਕਰ ਦਿਤੀ ਜਾਵੇਗੀ। ਇਸ਼ਤਿਹਾਰ ਮੇਰੇ ਦਸਤਖਤ ਅਤੇ ਮੋਹਰ ਨਾਲ ਅੱਜ ਮਿਤੀ 21-5-2026 ਨੂੰ ਜਾਰੀ ਕੀਤਾ ਗਿਆ।

**ਸਹਾਇਕ ਕੁਲੈਕਟਰ ਦਰਜਾ ਪਹਿਲਾ,**
**ਫਿਰੋਜਪੁਰ**

### ਗ੍ਰੇਟੇਸਟ ਔਨ ਏ ਟ੍ਰੈਕ': ਸਕੋਡਾ ਆਟੋ ਇੰਡੀਆ ਨੇ ਆਪਣੇ ਪਰਫਾਰਮੈਂਸ ਡੀਐਨਏ ਨੂੰ ਦਿੱਤੀ ਰਫ਼ਤਾਰ

**ਜਲੰਧਰ, 22 ਮਈ (ਬਿਊਰੋ) :** ਆਪਣੇ ਤੇਜ਼ ਪ੍ਰੋਡਕਟ ਐਕਸ਼ਨ ਅਤੇ ਲਗਾਤਾਰ ਨੈੱਟਵਰਕ ਵਿਸਤਾਰ ਦੇ ਵਿਚਕਾਰ, ਸਕੋਡਾ ਆਟੋ ਇੰਡੀਆ ਨੇ ਸਕੋਡਾ ਦੀ ਪਰਫਾਰਮੈਂਸ ਸਟੋਰੀ ਨੂੰ ਦਰਸਾਉਂਦਾ ਹੋਇਆ ਆਪਣਾ ਸਭ ਤੋਂ ਨਵਾਂ ਕੰਪੇਨ ਲਾਂਚ ਕੀਤਾ ਹੈ। ਇਸ ਕੰਪੇਨ ਦੀ ਸ਼ੁਰੂਆਤ ਇੱਕ ਰਿਕਾਰਡ ਨਾਲ ਹੋਈ ਹੈ, ਜੋ ਕਿ ਉਹਨਾਂ ਕਈ ਪਹਿਲਕਦਮੀਆਂ ਵਿੱਚੋਂ ਇੱਕ ਹੈ ਜੋ ਇਹ ਸਾਬਤ ਕਰਦੀ ਹੈ ਕਿ 'ਗ੍ਰੇਟੇਸਟ ਔਨ ਏ ਟ੍ਰੈਕ' ਅਸਲ ਵਿੱਚ ਇੱਕ 'ਸਕੋਡਾ ਔਨ ਏ ਟ੍ਰੈਕ' ਹੈ। ਇਸ ਕੰਪੇਨ 'ਤੇ ਗੱਲ ਕਰਦੇ ਹੋਏ, ਆਸ਼ੀਸ਼ ਗੁਪਤਾ, ਬ੍ਰਾਂਡ ਡਾਇਰੈਕਟਰ, ਸਕੋਡਾ ਆਟੋ ਇੰਡੀਆ ਨੇ ਕਿਹਾ, "ਹਰ ਸਕੋਡਾ ਨੂੰ ਪਰਫਾਰਮੈਂਸ ਦੇ ਬਿਲਕੁਲ ਆਖਰੀ ਸਿਰੇ 'ਤੇ ਸਟੀਕਤਾ, ਕੰਟਰੋਲ ਅਤੇ ਗਤੀਸ਼ੀਲਤਾ ਪ੍ਰਦਾਨ ਕਰਨ ਲਈ ਇੰਜੀਨੀਅਰ ਕੀਤਾ ਗਿਆ ਹੈ। ਸਾਡੇ ਲਈ, ਮੋਟਰਸਪੋਰਟ ਡੀਐਨਏ ਕੋਈ ਦਿਖਾਵਾ ਨਹੀਂ ਹੈ—ਇਹ ਸਾਡੇ ਅੰਦਰੂਨੀ ਹਿੱਸੇ ਵਿੱਚ ਹੈ, ਅਤੇ ਇਹ ਸਾਡੀ ਪੂਰੀ ਰੇਂਜ ਵਿੱਚ ਸਟੈਂਡਰਡ ਵਜੋਂ ਆਉਂਦਾ ਹੈ। ਇਹ ਵਿਸ਼ਵਾਸ ਸਾਡੇ ਸਭ ਤੋਂ ਨਵੇਂ ਕੰਪੇਨ ਨੂੰ ਮਜ਼ਬੂਤੀ ਦਿੰਦਾ ਹੈ, ਜਿੱਥੇ ਅਸੀਂ 'ਗ੍ਰੇਟੇਸਟ ਔਨ ਏ ਟ੍ਰੈਕ' ਨੂੰ ਬਹੁਤ ਹੀ ਸਰਲ ਸ਼ਬਦਾਂ ਵਿੱਚ, ਇੱਕ ਟ੍ਰੈਕ 'ਤੇ ਸਕੋਡਾ ਵਜੋਂ ਮੁੜ-ਪਰਿਭਾਸ਼ਿਤ ਕਰਦੇ ਹਾਂ। ਇਹ ਕੰਪੇਨ ਪਰਫਾਰਮੈਂਸ ਨੂੰ ਲੋਕਾਂ ਤੱਕ ਪਹੁੰਚਾਉਣ ਦੀ ਸਾਡੀ ਰਣਨੀਤੀ ਦਾ ਇੱਕ ਕੁਦਰਤੀ ਵਿਸਤਾਰ ਹੈ—ਇਹ ਯਕੀਨੀ ਬਣਾਉਣਾ ਕਿ ਹਰ ਸਕੋਡਾ, ਸਾਰੇ ਸੈਗਮੈਂਟਸ ਵਿੱਚ, ਬਿਨਾਂ ਕਿਸੇ ਸਮਝੌਤੇ ਦੇ ਗਤੀਸ਼ੀਲ ਸਮਰੱਥਾ, ਸੁਰੱਖਿਆ ਅਤੇ ਆਤਮ-ਵਿਸ਼ਵਾਸ ਪ੍ਰਦਾਨ ਕਰੇ ਜੋ ਅਸਲ ਦੁਨੀਆ ਵਿੱਚ ਬਿਨਾਂ ਕਿਸੇ ਰੁਕਾਵਟ ਦੇ ਸਾਹਮਣੇ ਆਉਂਦਾ ਹੈ। ਇਸਦੇ ਮੂਲ ਰੂਪ ਵਿੱਚ, G.O.A.T ਉਹਨਾਂ ਅਨਮੋਲ ਚੀਜ਼ਾਂ ਦਾ ਜਸ਼ਨ ਮਨਾਉਂਦਾ ਹੈ ਜੋ ਅਸਲ ਵਿੱਚ ਸਕੋਡਾ ਦੇ ਡਰਾਈਵਿੰਗ ਅਨੁਭਵ ਨੂੰ ਪਰਿਭਾਸ਼ਿਤ ਕਰਦੀਆਂ ਹਨ-ਸਟੀਅਰਿੰਗ ਸਟੀਕਤਾ, ਚੈਸੀ ਸੰਤੁਲਨ, ਬ੍ਰੇਕਿੰਗ ਭਰੋਸਾ, ਅਤੇ ਡਰਾਈਵਰ ਤੇ ਮਸ਼ੀਨ ਵਿਚਕਾਰ ਡੂੰਘਾ ਸਬੰਧ। ਇਹ ਉਹ ਗੁਣ ਹਨ ਜੋ ਕਦੇ ਵੀ ਕਿਸੇ ਸਪੈੱਕ ਸ਼ੀਟ 'ਤੇ ਦਰਜ ਨਹੀਂ ਕੀਤੇ ਜਾ ਸਕਦੇ, ਪਰ ਜਿਸ ਪਲ ਤੁਸੀਂ ਸਟੀਅਰਿੰਗ ਵ੍ਹੀਲ ਦੇ ਪਿੱਛੇ ਬੈਠਦੇ ਹੋ, ਇਹ ਸਾਫ਼ ਮਹਿਸੂਸ ਹੁੰਦੇ ਹਨ।

### PUBLIC NOTICE

I, Dr Krishan Kumar, son of Late Shri Ratti Ram, resident of VPO Bazida Zattan, Karnal, Haryana, do hereby declare that I am disowning my son and daughter both, named SANCHIT and SANCHI, because of their constant misbehavior, irresponsibility, and acts against our family's reputation and welfare. They are no longer under my control and are not living in accordance with our family's standards. I hereby sever all ties with them absolutely and forever. Therefore, I inform the general public that my son and daughter have no right, title, or interest in any of my movable or immovable, self-acquired properties. Anyone dealing with them shall do so at their own risk and cost. I will not be responsible for any of their actions, debts, or liabilities.

**Dr. Krishan Kumar** **Date: April 8, 2026**

### ਬੇਦਖਲੀ

➢ **ਮੈਂ ਗੋਬਿੰਦ ਸਿੰਘ** ਪੁੱਤਰ ਪਰੀਤਮ ਸਿੰਘ ਵਾਸੀ ਪਿੰਡ ਘੜੂੰਆਂ, ਤਹਿਸੀਲ ਖਰੜ (ਮੁਹਾਲੀ) ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਕਿਰਨਪ੍ਰੀਤ ਸਿੰਘ ਮੇਰੇ ਕਹਿਣੇ ਵਿਚ ਨਹੀਂ ਅਤੇ ਸਾਡੇ ਨਾਲ ਲੜਦਾ ਝਗੜਦਾ ਹੈ। ਮੈਂ ਇਸ ਨੂੰ ਆਪਣੀ ਸਾਰੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੈਂ ਅਤੇ ਮੇਰਾ ਪਰਿਵਾਰ ਇਸਦੇ ਕਿਸੇ ਵੀ ਲੈਣ-ਦੇਣ, ਨਫਾ-ਨੁਕਸਾਨ ਜਾਂ ਕਾਰਵਾਈ ਸਬੰਧੀ ਜੁੰਮੇਵਾਰ ਨਹੀਂ ਹੋਵਾਂਗੇ। ਉਹ ਖੁਦ ਜੁੰਮੇਵਾਰ ਹੋਵੇਗਾ। ਸਾਡਾ ਇਸ ਨਾਲ ਕੋਈ ਸੰਬੰਧ ਨਹੀਂ।

➢ **ਮੈਂ ਅਵਤਾਰ ਸਿੰਘ** ਪੁੱਤਰ ਪਵਿੱਤਰ ਸਿੰਘ ਵਾਸੀ ਪਿੰਡ ਸ਼ੇਰਗੜ੍ਹ ਤਹਿਸੀਲ ਪਾਤੜਾਂ ਜ਼ਿਲ੍ਹਾ ਪਟਿਆਲਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹਰਪ੍ਰੀਤ ਸਿੰਘ ਉਰਫ ਹੈਪੀ ਨੂੰਹ ਨਵਨੀਤ ਕੌਰ ਪਤਨੀ ਹਰਪ੍ਰੀਤ ਸਿੰਘ ਉਰਫ ਹੈਪੀ ਅਤੇ ਪੋਤਰੀਆਂ ਐਸ਼ਦੀਪ ਕੌਰ ਤੇ ਮਨਰਾਜ ਕੌਰ ਪੁੱਤਰੀਆਂ ਹਰਪ੍ਰੀਤ ਸਿੰਘ ਉਰਫ ਹੈਪੀ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਬੁਰੀ ਸੰਗਤ ਦਾ ਸ਼ਿਕਾਰ ਹੋ ਕੇ ਮੇਰੇ ਨਾਲ ਲੜਾਈ ਝਗੜਾ ਕਰਦੇ ਹਨ। ਇਸ ਲਈ ਇਹਨਾਂ ਨੂੰ ਮੈਂ ਆਪਣੀ ਚੱਲ- ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਹਨਾਂ ਨਾਲ ਜੋ ਵੀ ਲੈਣ ਦੇਣ ਕਰੇਗਾ ਜਾਂ ਅੱਜ ਤੋਂ ਪਹਿਲਾਂ ਕੀਤਾ ਪਾਇਆ ਜਾਵੇ ਤਾਂ ਉਹ ਆਪਣੇ ਨਫਾ ਨੁਕਸਾਨ ਦਾ ਖੁਦ ਜਿੰਮੇਵਾਰ ਹੋਵੇਗਾ। ਮੇਰਾ ਜਾਂ ਮੇਰੇ ਪਰਿਵਾਰ ਦਾ ਇਹਨਾਂ ਨਾਲ ਕੋਈ ਵੀ ਤਾਲੁਕ ਵਾਸਤਾ ਨਹੀਂ ਹੋਵੇਗਾ।

➢ **ਮੈਂ ਮਹਿੰਗਾ ਰਾਮ** ਪੁੱਤਰ ਰੱਖਾ ਰਾਮ ਵਾਸੀ ਪਿੰਡ: ਫਿਰੋਜ਼ਪੁਰ ਤਹਿ: ਬੰਗਾ ਜਿਲ੍ਹਾ ਸ.ਭ.ਸ. ਨਗਰ ਬਿਆਨ ਕਰਦਾ ਹਾਂ ਕਿ ਮੇਰਾ ਪੋਤਾ ਰਜਨੀਸ਼ ਪਾਲ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਮੇਰਾ ਜਾਂ ਮੇਰੇ ਪਰਿਵਾਰ ਦਾ ਕੋਈ ਵੀ ਤਾਲੁਕ ਵਾ ਵਾਸਤਾ ਨਹੀਂ ਹੋਵੇਗਾ।

➢ **ਮੈਂ ਸ਼ਬੀਨਾ** ਪਤਨੀ ਮੇਹਰ ਅਲੀ ਵਾਸੀ ਪਿੰਡ ਤੇ ਡਾਕ: ਗੜ੍ਹੀ ਮਾਨਸੋਵਾਲ ਤਹਿ: ਗੜ੍ਹਸ਼ੰਕਰ ਜਿਲ੍ਹਾ ਹੁਸ਼ਿਆਰਪੁਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸਦੀਕ ਮੁਹੰਮਦ (ਸ਼ਾਦੀਸ਼ੁਦਾ) ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਮੇਰਾ ਜਾਂ ਮੇਰੇ ਪਰਿਵਾਰ ਦਾ ਕੋਈ ਵੀ ਤਾਲੁਕ ਵਾ ਵਾਸਤਾ ਨਹੀਂ ਹੋਵੇਗਾ।

### ਨਾਮ ਬਦਲੀ

➢ **ਮੈਂ ਜੋਤੀ ਗਰਗ** ਪਤਨੀ ਗੌਰਵ ਗੋਇਲ ਵਾਸੀ ਵਾਰਡ ਨੰ. 12 ਨਜਦੀਕ ਪੀ.ਐਨ.ਬੀ. ਬੈਂਕ ਵੜੈਚ ਕਲੋਨੀ ਸਮਾਣਾ ਜਿਲ੍ਹਾ ਪਟਿਆਲਾ ਨੇ ਵਿਆਹ ਉਪਰੰਤ ਆਪਣਾ ਨਾਮ ਬਦਲ ਕੇ ਜੋਤੀ ਗੋਇਲ ਰੱਖ ਲਿਆ ਹੈ।

➢ **ਮੈਂ ਬਲਜਿੰਦਰ ਕੌਰ** ਪਤਨੀ ਸੁਖਮੰਦਰ ਸਿੰਘ ਵਾਸੀ ਪਿੰਡ: ਹਰਕਿਸ਼ਨਪੁਰਾ ਤਹਿ: ਮੌੜ ਜਿਲ੍ਹਾ ਬਠਿੰਡਾ ਨੇ ਆਪਣਾ ਨਾਮ ਬਦਲ ਕੇ ਛਿੰਦਰਪਾਲ ਕੌਰ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

➢ **ਮੈਂ ਨਿਰਮਲ ਸਿੰਘ** ਪੁੱਤਰ ਹਰਬੰਸ ਸਿੰਘ ਵਾਸੀ ਮ.ਨੰ. 1368 ਵਾਰਡ ਨੰ. 04 ਡੀ.ਐਸ.ਪੀ. ਵਾਲੀ ਗਲੀ ਅਕਾਲਸਰ ਰੋਡ ਮੋਗਾ ਤਹਿ ਵਾ ਜਿਲ੍ਹਾ ਮੋਗਾ ਨੇ ਆਪਣੇ ਪੁੱਤਰ ਦਾ ਨਾਮ ਨਵਦੀਪ ਸਿੰਘ ਤੋਂ ਬਦਲ ਕੇ ਨਵਦੀਪ ਸਿੰਘ ਬੁਮਰਾਹ ਰੱਖ ਲਿਆ ਹੈ।

➢ **ਮੈਂ ਪੂਜਾ ਰਾਣੀ** ਸਪੁੱਤਰੀ ਸੁਖਚੈਨ ਸਿੰਘ ਵਾਸੀ ਵਾ:ਨੰ.06, ਮੁਹੱਲਾ ਖਾਈ ਧਰਮਕੋਟ ਤਹਿ-ਧਰਮਕੋਟ ਜਿਲ੍ਹਾ ਮੋਗਾ ਨੇ ਆਪਣਾ ਨਾਮ ਪੂਜਾ ਰਾਣੀ ਤੋਂ ਬਦਲ ਕੇ ਗੁਰਨੂਰ ਕੌਰ ਰੱਖ ਲਿਆ ਹੈ। ਸਬੰਧਤ ਨੋਟ ਕਰਨ।

➢ **ਮੈਂ ਕੁਲਵਿੰਦਰ ਕੌਰ** ਪਤਨੀ ਕੁਲਦੀਪ ਕੁਮਾਰ ਵਾਸੀ ਪਿੰਡ ਚਾਣਥੂ ਬ੍ਰਾਹਮਣਾ ਡਾਕਖਾਨਾ ਕਾਲੇਵਾਲ ਭਗਤਾਂ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਨੇ ਆਪਣੀ ਨਾਬਾਲਗ ਧੀ ਦਾ ਨਾਮ ਪਲਕ ਤੋਂ ਬਦਲ ਕੇ ਪਲਕ ਕੁਮਾਰੀ ਕਰ ਦਿੱਤਾ ਹੈ। ਕੁਮਾਰੀ ਉਸਦਾ ਉਪਨਾਮ ਹੈ।

➢ **ਮੈਂ ਅਮਨਦੀਪ ਕੌਰ** ਪਤਨੀ ਗੁਰਮੀਤ ਸਿੰਘ ਬਰਾੜ ਵਾਸੀ ਨੇੜੇ ਗੁਰਦੁਆਰਾ ਲੰਗਰ ਸਾਹਿਬ, ਵਾਰਡ ਨੰ. 12, ਤਲਵੰਡੀ ਭਾਈ (ਫਿਰੋਜ਼ਪੁਰ) ਨੇ ਆਪਣਾ ਨਾਮ ਬਦਲਕੇ ਅਮਨਦੀਪ ਕੌਰ ਬਰਾੜ ਰੱਖ ਲਿਆ ਹੈ।

➢ **ਮੈਂ ਸਰੋਜ ਦੇਵੀ** ਪਤਨੀ ਬਲਵਿੰਦਰ ਕੁਮਾਰ ਵਾਸੀ ਮ.ਨੰ. 79 ਪੁਲਿਸ ਕਲੋਨੀ ਜਮਾਲਪੁਰ ਚੰਡੀਗੜ੍ਹ ਰੋਡ ਲੁਧਿਆਣਾ ਨੇ ਆਪਣਾ ਨਾਮ ਬਦਲ ਕੇ ਸਰੋਜ ਰੱਖ ਲਿਆ ਹੈ।

➢ **ਮੈਂ Sharthak Thakur** ਪੁੱਤਰ ਸੁਰਿੰਦਰ ਕੁਮਾਰ ਵਾਸੀ ਵਾਰਡ ਨੰ. 11 ਖਮਾਣੋਂ ਤਹਿ: ਖਮਾਣੋਂ ਜਿਲ੍ਹਾ ਫਤਿਹਗੜ੍ਹ ਸਾਹਿਬ ਨੇ ਆਪਣਾ ਨਾਮ ਬਦਲ ਕੇ Sarthak Thakur ਰੱਖ ਲਿਆ ਹੈ।


☛ ਰੇਲਯਾਤਰੀ ਕ੍ਰਿਪਾ ਧਿਆਨ ਦੇਵੋ ! ☚

**ਰੇਲਲਗੱਡੀ ਨੰਬਰ 12325/12326 ਗੁਰਮੁਖੀ ਸੁਪਰਫਾਸਟ ਐਕਸਪ੍ਰੈਸ ਦਾ ਅੰਬ ਅੰਦੋਰਾ ਤਕ ਵਿਸਤਾਰ**

ਸਰਵਸਾਧਾਰਣ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰੇਲਵੇ ਦੁਆਰਾ ਰੇਲਗੱਡੀ ਨੰਬਰ 12325/12326 ਕੋਲਕਤਾ-ਨੰਗਲ ਡੈਮ ਡੈਮ-ਕੋਲਕਤਾ ਗੁਰਮੁਖੀ ਸੁਪਰਫਾਸਟ ਐਕਸਪ੍ਰੈਸ ਦਾ ਕੋਲਕਾਤਾ ਤੋਂ ਅੰਬ ਅੰਦੋਰਾ ਤਕ ਵਿਸਤਾਰ ਕਰਨ ਦਾ ਫੈਸਲਾ ਲਿਤਾ ਗਿਆ ਹੈ, ਜਿਸਦਾ ਵੇਰਵਾ ਹੇਠਾ ਅਨੁਸਾਰ ਹੈ:-

**ਵਿਸਤਾਰਿਤ ਖੰਡ ਉਤੇ 12325/12326 ਗੁਰਮੁਖੀ ਸੁਪਰਫਾਸਟ ਐਕਸਪ੍ਰੈਸ ਰੇਲਗੱਡੀ ਦੀ ਸਮੇਂ-ਸਾਰਣੀ**

| ਰੇਲਗੱਡੀ ਨੰ:- 12325 ਕੋਲਕਾਤਾ-ਅੰਬ ਅੰਦੋਰਾ ਗੁਰਮੁਖੀ ਸੁਪਰਫਾਸਟ ਐਕਸਪ੍ਰੈਸ ਰੇਲਗੱਡੀ 11.06.2026 ਤੋਂ ਪ੍ਰਭਾਵੀ | | ਸਟੇਸ਼ਨ | ਰੇਲਗੱਡੀ ਨੰ:- 12326 ਅੰਬ ਅੰਦੋਰਾ-ਕੋਲਕਾਤਾ ਗੁਰਮੁਖੀ ਸੁਪਰਫਾਸਟ ਐਕਸਪ੍ਰੈਸ ਰੇਲਗੱਡੀ 06.06.2026 ਤੋਂ ਪ੍ਰਭਾਵੀ | |
|---|---|---|---|---|
| ਆਉਣਾ | ਜਾਣਾ | | ਆਉਣਾ | ਜਾਣਾ |
| ---- | 07:40 | ਕੋਲਕਾਤਾ - | 14:50 | ---- |
| ਕੋਲਕਾਤਾ - ਅੰਬ ਅੰਦੋਰਾ ਦੇ ਵਿਚ ਸਮੇਂ-ਸਾਰਣੀ ਪਹਿਲਾ ਵਾਂਗ ਰਹੇਗੀ | | | | |
| 16:05 | 16:15 | ਨੰਗਲ ਡੈਮ | 06:58 | 07:00 |
| 16:35 | 16:40 | ਊਨਾ ਹਿਮਾਚਲ | 06:38 | 06:43 |
| 17:10 | ---- | ਅੰਬ ਅੰਦੋਰਾ | ---- | 06:10 |

ਚਲਨ ਦੇ ਦਿਨ : 12325 ਕੋਲਕਾਤਾ ਤੋਂ ਹਰੇਕ ਵੀਰਵਾਰ ਮਿਤੀ 11.06.2026 ਤੋਂ ਅਤੇ 12326 ਅੰਬ ਅੰਦੋਰਾ ਤੋਂ ਹਰੇਕ ਸ਼ਨੀਵਾਰ ਨੂੰ ਮਿਤੀ 06.06.2026 ਤੋਂ।
ਜਗ੍ਹਾਂ : ਵਾਤਾ. 2 ਟੀਯਰ ਵਾਤਾ., 3 ਟੀਯਰ ਵਾਤਾ., ਸਲੀਪਰ ਅਤੇ ਜਨਰਲ।

ਰੇਲਯਾਤਰੀਆਂ ਨੂੰ ਅਨੁਰੋਧ ਹੈ ਕਿ ਉਪਰੋਕਤ ਰੇਲਗੱਡੀਆਂ ਦੇ ਮਾਰਗ ਵਿਚ ਪੈਣ ਵਾਲੇ ਸਟੇਸ਼ਨਾਂ ਅਤੇ ਉਨ੍ਹਾਂ ਦੀ ਪੂਰੀ ਸਮੇਂ-ਸਾਰਣੀ ਦੀ ਜਾਣਕਾਰੀ ਦੇ ਲਈ ਕ੍ਰਿਪਾ ਰੇਲਮਦਦ ਹੈਲਪਲਾਈਨ ਨੰ: 139 ਉਤੇ ਸੰਪਰਕ ਕਰੋ ਜਾਂ ਰੇਲਵੇ ਦੀ ਵੈੱਬਸਾਈਟ https://enquiry.indianrail.gov.in ਜਾਂ NTES ਏਪ ਦੇਖੋ।

ਰੇਲਮਦਦ ਵੈੱਬਸਾਈਟ ਦੇਖੋ:- www.railmadad.indianrailways.gov.in ਰੇਲਮਦਦ ਏਪ ਡਾਊਨਲੋਡ ਕਰੋ

ਉਤੇ ਸਾਨੂੰ ਫਾਲੋ ਕਰੋ

ਉੱਤਰ ਰੇਲਵੇ
ਤੁਹਾਡੀ ਸੁਵਿਧਾ - ਸਾਡਾ ਸ਼੍ਰੇਯ
ਸਾਨੂੰ www.nr.indianrailways.gov.in ਉਤੇ ਮਿਲੋ
1737/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਉੱਤਰ ਰੇਲਵੇ

**ਈ-ਟੈਂਡਰ**
**ਖੁਲੀ ਟੈਂਡਰ ਸੂਚਨਾ 10-ਅੰਬਾਲਾ/2026-27 ਮਿਤੀ 21.05.2026**

ਸੀਨੀਅਰ ਮੰਡਲ ਇੰਜੀਨੀਅਰ-ਸਮਨਵੇ/ਅੰਬਾਲਾ ਦੇ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਈ-ਟੈਂਡਰ ਦੇ ਦੁਵਾਰਾ ਤੋਂ ਇਛੁਕ ਠੇਕੇਦਾਰਾਂ ਤੋਂ ਹੇਠਾ ਲਿਖੇ ਕੰਮਾਂ ਲਈ ਖੁਲੀ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ ਜੋ ਕੀ ਉਨ੍ਹਾਂ ਕੰਮਾਂ ਦੇ ਸਾਹਮਣੇ ਦਿਤੀ ਗਈ ਮਿਤੀ ਨੂੰ 15.00 ਵਜੇ ਤਕ ਖੁਲੀ ਰਹੇਗੀ ਅਤੇ ਉਸਦੇ ਬਾਦ ਖੋਲੀ ਜਾਵੇਗੀ।

1 ਕੰਮ ਦਾ ਨਾਮ : ਰਾਮਪੁਰਾ ਫੂਲ ਰੇਲਵੇ ਸਟੇਸ਼ਨ, ਗਿਦਦਏਹਬਾਹਾ ਰੇਲਵੇ ਸਟੇਸ਼ਨ ਅਤੇ ਮਲੋਟ ਰੇਲਵੇ ਸਟੇਸ਼ਨ ਉਤੇ ਮੌਜੂਦਾ FOB ਦੇ ਲਈ ਰੈਮਪ ਦੀ ਵਿਵਸਥਾ।

| ਅਨੁਮਾਨਿਤ ਲਾਗਤ (ਰੁ:) | ਅਗ੍ਰਿਮ ਰਾਸ਼ੀ (ਰੁ) | ਕੰਮ ਪੂਰਾ ਕਰਨ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ |
|---|---|---|---|
| 3,42,24,529 | 6,84,500 | 12 ਮਹੀਨੇ | 16.06.2026 |

2 ਕੰਮ ਦਾ ਨਾਮ : ਅੰਬਾਲਾ ਡਵੀਜਨ ਵਿਚ ਐਲਡੀਐਚ-ਡੀਯੂਆਈ ਸੈਕਸ਼ਨ ਉਤੇ ਐਲਸੀ ਨੰਬਰ ਸੀ-29, ਸੀ-52 ਅਤੇ ਬੀਟੀਆਈ-ਐਸਜੀਐਨਆਰ ਸੈਕਸ਼ਨ ਉਤੇ ਐਲਸੀ ਨੰਬਰ 48 ਦੇ ਬਾਕੀ ਇੰਟਰਲਾਕਡ ਲੇਵਲ ਕਰੋਸਿੰਗ ਗੇਟਾਂ ਉਤੇ ਆਈਪੀਐਸ (IPS) ਲਗਾਣ ਦਾ ਪ੍ਰਾਵਧਾਨ। (ਕੇਵਲ ਸਿਵਿਲ ਕੰਮ)

| ਅਨੁਮਾਨਿਤ ਲਾਗਤ (ਰੁ:) | ਅਗ੍ਰਿਮ ਰਾਸ਼ੀ (ਰੁ) | ਕੰਮ ਪੂਰਾ ਕਰਨ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ |
|---|---|---|---|
| 53,55,974 | 1,07,100 | 08 ਮਹੀਨੇ | 10.06.2026 |

3 ਕੰਮ ਦਾ ਨਾਮ : ਯਮੁਨਾਨਗਰ ਜਗਾਧਰੀ ਰੇਲਵੇ ਸਟੇਸ਼ਨ ਯਾਰਡ ਵਿਚ SSE/P-Way/YJUD ਦੇ ਸੈਕਸ਼ਨ ਵਿਚਅੰਨਥਟੇਚਵਥ ਦੇ ਅਧੀਨ ਲਾਇਨ ਨੰਬਰ 2 ਅਤੇ 3 (ਪੈਸੇਂਜਰ ਲੂਪ ਲਾਇਨ) ਉਤੇ 60 ਕਿਗ੍ਰਾ (90 UTS) ਰੇਲਾਂ ਨੂੰ PSC ਬਾਈਡਰ ਸਲੀਪਰ 1660 ਨੰਬਰ/ਕਿਮੀ (LWR) ਸਹਿਤ ਵਿਛਾਕੇ 1.718 ਟੀਕੇਐਮ ਦਾ CTR(P), ਲਾਇਨ ਨੰਬਰ 5 ਉਤੇ 60 ਕਿਗ੍ਰਾ ਰੇਲਾਂ ਨੂੰ PSC ਸਲੀਪਰ 1540 ਨੰਬਰ / ਕਿਮੀ ਸਹਿਤ 0.910 ਟੀਕੇਐਮ ਦਾ CTR(SH), ਚਾਂਦਪੁਰ ਸਾਈਡਿੰਗ ਵਿਚ 52 ਕਿਗ੍ਰਾ ਰੇਲਾਂ ਸਹਿਤ TRR(S) (LWR) ਅਤੇ ਯਾਰਡ ਸੁਧਾਰ ਕੰਮ ਜਿਸ ਤਰ੍ਹਾਂ ਮਲਬਾ ਨਿਸਤਾਰਣ, ਡੀਪ ਸਕਰੀਨਿੰਗ ਸੈਂਡ ਹੰਪ ਆਦਿ ਦਾ ਕੰਮ।

| ਅਨੁਮਾਨਿਤ ਲਾਗਤ (ਰੁ:) | ਅਗ੍ਰਿਮ ਰਾਸ਼ੀ (ਰੁ) | ਕੰਮ ਪੂਰਾ ਕਰਨ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ |
|---|---|---|---|
| 98,59,716 | 1,97,200 | 12 ਮਹੀਨੇ | 10.06.2026 |

4 ਕੰਮ ਦਾ ਨਾਮ : ADEN/SRE ਦੇ ਅੰਤਰਗਤ SSW, MFB ਅਤੇ PKY ਯਾਰਡ ਵਿਚ PSC ਬਾਈਡਰ ਸਲੀਪਰ ਉਤੇ ਵਿਛਾਈ ਗਈ 60kg (90 UTS) ਰੇਲਾਂ ਦੇ ਨਾਲ ਲੂਪ ਲਾਇਨਾਂ ਦਾ CTR(P) 1660 ਨਗ/ਕਿਮੀ (LWR) ਅਤੇ HNC-SRE (UP ਲਾਇਨ) ਦੇ ਵਿਚ 60kg 90 UTS ਰੇਲਾਂ ਦੇ ਨਾਲ 1.6 ਕਿਮੀ TRR(P) ਦਾ ਕੰਮ, ਅਤੇ PKY,KWT, HNC, JUDW, MFB ਅਤੇ DZP ਯਾਰਡ ਵਿਚ ਯਾਰਡ ਸੁਧਾਰ ਕੰਮ ਜਿਸਤਰ੍ਹਾਂ CTR, TRR, TSR, TTR ਡੀਪ ਸਕਰੀਨਿੰਗ, ਸੈਂਡ ਹੰਪ, ਮਲਵੇ ਦਾ ਨਿਪਟਾਲ ਆਦਿ।

| ਅਨੁਮਾਨਿਤ ਲਾਗਤ (ਰੁ:) | ਅਗ੍ਰਿਮ ਰਾਸ਼ੀ (ਰੁ) | ਕੰਮ ਪੂਰਾ ਕਰਨ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ |
|---|---|---|---|
| 1,80,19,239 | 3,60,400 | 12 ਮਹੀਨੇ | 10.06.2026 |

5 ਕੰਮ ਦਾ ਨਾਮ : ADEN/Shimla ਦੇ ਅੰਤਰਗਤ ਯਾਤਰੀ ਲੂਪ ਲਾਇਨਾਂ ਉਤੇ ਲੂਪ ਲਾਇਨਾਂ ਉਤੇ ਸੀ.ਐਸ.ਸੀ. ਬਾਈਡਰ ਸਲੀਪਰਾਂ ਉਤੇ ਵਿਛਾਈ ਗਈ 60 ਕਿਲੋਗ੍ਰਾਮ (90 ਯੂ.ਟੀ.ਐਸ.) ਰੇਲਾਂ ਦੇ ਨਾਲ ਸੀ.ਟੀ.ਆਰ. (ਪੀ.) 1660 ਨਗ/ਕਿਮੀ., ਟੀ.ਟੀ.ਆਰ. ਅਤੇ ਯਾਰਡ ਸੁਧਾਰ ਕੰਮ ਜਿਸਤਰ੍ਹਾਂ ਕਿ ਟੀ.ਐਫ.ਆਰ., ਪੀ.ਆਰ.ਸੀ. ਸਲੀਪਰਾਂ ਅਤੇ ਰੇਲਾਂ ਦਾ ਆਕਸਮਿਕ ਨਵੀਨੀਕਰਣ ਅਤੇ ਕਾਲਕਾ ਯਾਰਡ ਦੀ ਡੀਪ ਸਕਰੀਨਿੰਗ।

| ਅਨੁਮਾਨਿਤ ਲਾਗਤ (ਰੁ:) | ਅਗ੍ਰਿਮ ਰਾਸ਼ੀ (ਰੁ) | ਕੰਮ ਪੂਰਾ ਕਰਨ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ |
|---|---|---|---|
| 81,90,979 | 1,63,800 | 12 ਮਹੀਨੇ | 10.06.2026 |

6 ਕੰਮ ਦਾ ਨਾਮ : ADEN/SRE ਦੇ ਅਧਿਕਾਰ ਖ਼ੇਤਰ ਵਿਚ ਆਉਣ ਵਾਲੇ PKY, KWT, HNC, YJUD, JUDW, MFB ਅਤੇ DZP ਯਾਰਡ ਦੇ ਸੁਧਾਰ ਕੰਮਾਂ ਦੇ ਨਾਲ-ਨਾਲ ਯਾਰਡ ਜਲ ਨਿਕਾਸੀ ਵਿਚ ਸੁਧਾਰ।

| ਅਨੁਮਾਨਿਤ ਲਾਗਤ (ਰੁ:) | ਅਗ੍ਰਿਮ ਰਾਸ਼ੀ (ਰੁ) | ਕੰਮ ਪੂਰਾ ਕਰਨ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ |
|---|---|---|---|
| 3,44,34,313 | 6,88,700 | 12 ਮਹੀਨੇ | 10.06.2026 |

7 ਕੰਮ ਦਾ ਨਾਮ : ਤੰਦਵਾਲ (ਹਾਲਟ) ਰੇਲਵੇ ਸਟੇਸ਼ਨ ਉਤੇ ਰੈਂਪ ਦੇ ਨਾਲ 03 ਮੀਟਰ ਚੌੜੀ ਐਫਓਬੀ ਦੀ ਵਿਵਸਥਾ।

| ਅਨੁਮਾਨਿਤ ਲਾਗਤ (ਰੁ:) | ਅਗ੍ਰਿਮ ਰਾਸ਼ੀ (ਰੁ) | ਕੰਮ ਪੂਰਾ ਕਰਨ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ |
|---|---|---|---|
| 2,38,09,856 | 4,76,200 | 12 ਮਹੀਨੇ | 10.06.2026 |

8 ਕੰਮ ਦਾ ਨਾਮ : ਬਰਾੜਾ ਰੇਲਵੇ ਸਟੇਸ਼ਨ ਉਤੇ ਯਾਤਰੀ ਪਲੇਟਫਾਰਮ ਨੂੰ ਨਿਚਲੇ ਸਤਰ ਤੋਂ ਉੱਚ ਸਤਰ ਤਕ 600 ਮੀਟਰ ਤਕ ਉਚਾ ਕਰਨਾ ਅਤੇ ਉਸਦਾ ਵਿਸਤਾਰ ਕਰਨਾ।

| ਅਨੁਮਾਨਿਤ ਲਾਗਤ (ਰੁ:) | ਅਗ੍ਰਿਮ ਰਾਸ਼ੀ (ਰੁ) | ਕੰਮ ਪੂਰਾ ਕਰਨ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ |
|---|---|---|---|
| 3,18,13,818 | 6,36,300 | 12 ਮਹੀਨੇ | 10.06.2026 |

9 ਕੰਮ ਦਾ ਨਾਮ : ਅੰਬਾਲਾ ਕੈਂਟ, ਲਾਲੜੂ, ਧੂਲਕੋਟ, ਘਗਗਰ ਅਤੇ ਧਪਪਰ ਸਟੇਸ਼ਨਾਂ ਦੇ ਪਲੇਟਫਾਰਮ ਉਤੇ ਟੈਕਟਾਇਲ ਗਾਈਡਿੰਗ ਅਤੇ ਵਾਰਨਿੰਗ ਟਾਇਲਸ ਦਾ ਪ੍ਰਾਵਧਾਨ।

| ਅਨੁਮਾਨਿਤ ਲਾਗਤ (ਰੁ:) | ਅਗ੍ਰਿਮ ਰਾਸ਼ੀ (ਰੁ) | ਕੰਮ ਪੂਰਾ ਕਰਨ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ |
|---|---|---|---|
| 67,64,124 | 1,35,300 | 06 ਮਹੀਨੇ | 10.06.2026 |

ਨੋਟ :- 1. ਠੇਕੇਦਾਰ ਨੂੰ ਸ਼ਰਤਾਂ ਦੇ ਅਨੁਸਾਰ ਟੈਂਡਰ ਯੋਗਤਾ ਪੂਰੀ ਕਰਨ ਲਈ ਸਾਰੇ ਜ਼ਰੂਰੀ ਸੰਬੰਧਿਤ ਡਾਕਯੂਮੈਂਟਾਂ ਦੇ ਸਕੈਨਿੰਗ ਕਾਪੀ ਨੂੰ ਰੇਲਵੇ ਵੈਬਸਾਈਟ IREPS ਉਤੇ ਅਪਲੋਡ ਕਰਨ ਜ਼ਰੂਰੀ ਹੈ। 2. ਅਗ੍ਰਿਮ ਰਾਸ਼ੀ ਆਨ ਲਾਇਨ ਪੇਮੈਂਟ ਨੇਟ ਬੈਂਕਿੰਗ/ਗੇਟਵੇ ਪੇਮੈਂਟ ਦੇ ਦੁਵਾਰਾ ਹੀ ਸਵੀਕਾਰ ਹੋਣਗੇ। 3. ਟੈਂਡਰ ਦੀ ਪੂਰੀ ਜਾਣਕਾਰੀ ਲਈ ਰੇਲਵੇ ਵੈੱਬਸਾਈਟ www.ireps.gov.in ਉਤੇ ਲਾਗ ਆਨ ਕਰੋ। 4. ਠੇਕੇਦਾਰ ਨੂੰ ਈ-ਟੈਂਡਰਾਂ ਵਿਚ ਭਾਗੀਦਾਰੀ ਲਈ (ਕਲਾਸ-III) ਡਿਜੀਟਲ ਸਿਗਨੇਚਰ ਸਰਟੀਫਿਕੇਟ ਦੁਆਰਾ ਲਾਗ-ਆਨ ਕਰਨਾ ਹੋਵੇਗਾ। 5. ਜੀ.ਐਸ.ਟੀ. ਐਕਟ 2017 ਦੇ ਅਨੁਸਾਰ ਲਾਗੂ ਹੋਵੇਗੀ। 1720/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


ਦੇਸ਼ ਪ੍ਰਦੇਸ਼ ਮੀਡੀਆ ਵੱਲੋਂ ਰਾਜੀਵ ਜੈਨ ਪ੍ਰਕਾਸ਼ਕ, CHANDIGARH OFFICE S.C.O 1136, SECTOR 22-B, CHANDIGARH ਅਤੇ MOHALI OFFICE ਪਲਾਟ ਨੰਬਰ 7-8, ਕਿਲ੍ਹਾ ਕੰਪਲੈਕਸ, ਐਸ.ਏ.ਐਸ ਨਗਰ (ਮੋਹਾਲੀ) 140301 ਤੋਂ ਪ੍ਰਕਾਸ਼ਿਤ ਕੀਤਾ। (ਪੀ.ਆਰ.ਬੀ ਐਕਟ ਤਹਿਤ ਖ਼ਬਰਾਂ ਦੇ ਚੋਣ ਲਈ ਜ਼ਿੰਮੇਵਾਰ) ਪ੍ਰਿੰਟਰ : ਤੰਨਮੇ ਮਹੇਸ਼ਵਰੀ ਇੰਪ੍ਰੈਸ਼ਨਜ਼ ਪ੍ਰਿੰਟਿੰਗ, ਇੰਡਸਟ੍ਰੀਅਲ ਏਰੀਆ, ਫ਼ੇਜ਼ 2, ਪੰਚਕੂਲਾ, ਹਰਿਆਣਾ 134113 ਤੋਂ ਛਪਵਾਇਆ। ਮੁੱਖ ਸੰਪਾਦਕ ਅਤੇ ਮਾਲਿਕ: ਸ਼ਸ਼ੀ ਪਾਲ ਜੈਨ, ਚੰਡੀਗੜ੍ਹ ਦਫ਼ਤਰ: ਐੱਸਸੀਓ 1136, ਸੈਕਟਰ 22-ਬੀ ਚੰਡੀਗੜ੍ਹ। ਖ਼ਬਰਾਂ ਦੀ ਜਵਾਬਦੇਹੀ ਪੱਤਰਕਾਰ ਦੀ ਹੋਵੇਗੀ। ਇਸ਼ਤਿਹਾਰਾਂ ਦੀ ਪਾਠਕ ਆਪ ਦੇਖਰੇਖ ਕਰਕੇ ਹੀ ਸਮਾਨ ਖਰੀਦਣ, ਅਦਾਰੇ ਦੀ ਕਿਸੇ ਵੀ ਸਮਾਨ ਵਿੱਚ ਸਹਿਮਤੀ ਨਹੀਂ। ਰਾਜਨੀਤਿਕ, ਸਮਾਜਿਕ ਇਸ਼ਤਿਹਾਰ ਲਈ ਪੱਤਰਕਾਰ ਜਵਾਬਦੇਹ ਹੋਵੇਗਾ। ਲੇਖ, ਆਰਟੀਕਲ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ। ਕਿਸੇ ਵੀ ਵਿਵਾਦ ਵਿੱਚ ਖਰੜ ਦੀ ਅਦਾਲਤ ਹੀ ਮੰਨੀ ਜਾਵੇਗੀ।

# ਲੁਧਿਆਣਾ 'ਚ 4-5 ਜੂਨ ਨੂੰ ਹੋਵੇਗੀ 101ਵੀਂ ਪੰਜਾਬ ਸਟੇਟ ਸੀਨੀਅਰ ਐਥਲੈਟਿਕਸ ਚੈਂਪੀਅਨਸ਼ਿਪ, ਇੰਟਰਸਟੇਟ ਲਈ ਪੰਜਾਬ ਟੀਮ ਦੀ ਹੋਵੇਗੀ ਚੋਣ

**ਜਲੰਧਰ, 22 ਮਈ (ਕੰਵਲਜੀਤ ਸਿੰਘ ਮੱਕੜ ਤੇ ਜੇ ਐਸ ਸੰਧੂ ):** ਜਲੰਧਰ, ਪੰਜਾਬ ਐਥਲੈਟਿਕਸ ਐਸੋਸੀਏਸ਼ਨ (PAA) ਵੱਲੋਂ 101ਵੀਂ ਪੰਜਾਬ ਸਟੇਟ ਸੀਨੀਅਰ ਐਥਲੈਟਿਕਸ ਚੈਂਪੀਅਨਸ਼ਿਪ 2026 ਦਾ ਆਯੋਜਨ 4 ਤੋਂ 5 ਜੂਨ 2026 ਤੱਕ ਗੁਰੂ ਨਾਨਕ ਸਟੇਡੀਅਮ, ਲੁਧਿਆਣਾ ਵਿੱਚ ਕਰਵਾਇਆ ਜਾ ਰਿਹਾ ਹੈ। ਇਹ ਮੁਕਾਬਲੇ ਜ਼ਿਲ੍ਹਾ ਐਥਲੈਟਿਕਸ ਐਸੋਸੀਏਸ਼ਨ ਲੁਧਿਆਣਾ ਵੱਲੋਂ ਪੰਜਾਬ ਐਥਲੈਟਿਕਸ ਐਸੋਸੀਏਸ਼ਨ ਦੀ ਦੇਖ-ਰੇਖ ਹੇਠ ਕਰਵਾਏ ਜਾਣਗੇ। ਪੰਜਾਬ ਐਥਲੈਟਿਕਸ ਐਸੋਸੀਏਸ਼ਨ ਵੱਲੋਂ ਜਾਰੀ ਜਾਣਕਾਰੀ ਮੁਤਾਬਕ ਇਸ ਚੈਂਪੀਅਨਸ਼ਿਪ ਦਾ ਮੁੱਖ ਉਦੇਸ਼ 24 ਤੋਂ 28 ਜੂਨ 2026 ਤੱਕ ਭੁਵਨੇਸ਼ਵਰ (ਓਡੀਸ਼ਾ) ਵਿੱਚ ਹੋਣ ਵਾਲੀ 65ਵੀਂ ਨੈਸ਼ਨਲ ਇੰਟਰਸਟੇਟ ਸੀਨੀਅਰ ਐਥਲੈਟਿਕਸ ਚੈਂਪੀਅਨਸ਼ਿਪ ਲਈ ਪੰਜਾਬ ਦੀ ਟੀਮ ਦੀ ਚੋਣ ਕਰਨਾ ਹੈ। ਮੁਕਾਬਲਿਆਂ ਵਿੱਚ ਓਪਨ ਪੁਰਸ਼ ਅਤੇ ਮਹਿਲਾ ਵਰਗ ਦੇ ਖਿਡਾਰੀ ਹਿੱਸਾ ਲੈਣਗੇ। ਇਸ ਵਿੱਚ 100 ਮੀਟਰ, 200 ਮੀਟਰ, 400 ਮੀਟਰ, 800 ਮੀਟਰ, 1500 ਮੀਟਰ, 5000 ਮੀਟਰ, 10000 ਮੀਟਰ, ਹਰਡਲਜ਼, 3000 ਮੀਟਰ ਸਟੀਪਲਚੇਜ਼, 20 ਕਿਲੋਮੀਟਰ ਵਾਕ, ਹਾਈ ਜੰਪ, ਪੋਲ ਵਾਲਟ, ਲਾਂਗ ਜੰਪ, ਟ੍ਰਿਪਲ ਜੰਪ, ਸ਼ਾਟਪੁੱਟ, ਡਿਸਕਸ ਥ੍ਰੋ, ਜੈਵਲਿਨ ਥਰੋ, ਹੈਮਰ ਥਰੋ, ਡੈਕਾਥਲਾਨ ਅਤੇ ਹੈਪਟਾਥਲਾਨ ਸਮੇਤ ਕਈ ਮੁਕਾਬਲੇ ਕਰਵਾਏ ਜਾਣਗੇ। ਐਂਟਰੀ ਫੀਸ ਪ੍ਰਤੀ ਖਿਡਾਰੀ 550 ਰੁਪਏ ਨਿਰਧਾਰਤ ਕੀਤੀ ਗਈ ਹੈ, ਜੋ ਕਿ ਨਾਨ-ਰਿਫੰਡੇਬਲ ਹੋਵੇਗੀ। ਆਨਲਾਈਨ ਐਂਟਰੀ ਭਰਨ ਦੀ ਆਖਰੀ ਮਿਤੀ 30 ਮਈ 2026 ਸ਼ਾਮ 5 ਵਜੇ ਤੱਕ ਰੱਖੀ ਗਈ ਹੈ। ਖਿਡਾਰੀ ਕੇਵਲ ਆਨਲਾਈਨ ਮਾਧਿਅਮ ਰਾਹੀਂ ਹੀ ਰਜਿਸਟਰੇਸ਼ਨ ਕਰਵਾ ਸਕਣਗੇ। ਐਸੋਸੀਏਸ਼ਨ ਦੇ ਜਨਰਲ ਸਕੱਤਰ ਪ੍ਰੇਮ ਸਿੰਘ ਜੀ ਨੇ ਸਪਸ਼ਟ ਕੀਤਾ ਹੈ ਕਿ ਹਰ ਖਿਡਾਰੀ ਵੱਧ ਤੋਂ ਵੱਧ ਦੋ ਇਵੈਂਟਾਂ ਵਿੱਚ ਭਾਗ ਲੈ ਸਕੇਗਾ। ਕਿਸੇ ਵੀ ਇਵੈਂਟ ਵਿੱਚ ਘੱਟੋ-ਘੱਟ ਚਾਰ ਖਿਡਾਰੀ ਨਾ ਹੋਣ ਦੀ ਸਥਿਤੀ ਵਿੱਚ ਉਸ ਇਵੈਂਟ ਨੂੰ ਟ੍ਰਾਇਲ ਮੰਨਿਆ ਜਾਵੇਗਾ ਅਤੇ ਮੈਡਲ ਜਾਂ ਸਰਟੀਫਿਕੇਟ ਨਹੀਂ ਦਿੱਤੇ ਜਾਣਗੇ। ਮੁਕਾਬਲਿਆਂ ਦੌਰਾਨ 169 ਦੇ ਨਿਯਮਾਂ ਦੀ ਪਾਲਣਾ ਕੀਤੀ ਜਾਵੇਗੀ ਅਤੇ ਨੈਸ਼ਨਲ ਐਂਟੀ ਡੋਪਿੰਗ ਏਜੰਸੀ (NADA) ਵੱਲੋਂ ਡੋਪ ਟੈਸਟ ਵੀ ਲਏ ਜਾਣਗੇ। ਪਹਿਲੇ ਤਿੰਨ ਸਥਾਨ ਹਾਸਲ ਕਰਨ ਵਾਲੇ ਖਿਡਾਰੀਆਂ ਨੂੰ ਮੈਡਲ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਜਾਵੇਗਾ। ਪੰਜਾਬ ਐਥਲੈਟਿਕਸ ਐਸੋਸੀਏਸ਼ਨ ਨੇ ਸਾਰੇ ਜ਼ਿਲ੍ਹਾ ਯੂਨਿਟਾਂ, ਕੋਚਾਂ ਅਤੇ ਖਿਡਾਰੀਆਂ ਨੂੰ ਸਮੇਂ ਸਿਰ ਰਜਿਸਟ੍ਰੇਸ਼ਨ ਕਰਵਾਉਣ ਅਤੇ ਮੁਕਾਬਲਿਆਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ ਹੈ।

# ਸ਼੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ 6.50 ਲੱਖ ਬੂਟੇ ਲਾਏ ਜਾਣਗੇ: ਏ.ਡੀ.ਸੀ.ਧਾਲੀਵਾਲ



**ਲੁਧਿਆਣਾ, 22 ਮਈ (ਡੱਜ ਉਮੈਦਪੁਰ):** ਜ਼ਿਲ੍ਹਾ ਪ੍ਰਸ਼ਾਸਨ ਲੁਧਿਆਣਾ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਮਨਾਉਣ ਲਈ ਜ਼ਿਲ੍ਹੇ ਭਰ ਵਿੱਚ 6.50 ਲੱਖ ਬੂਟੇ ਲਗਾਏਗਾ। ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ ਪੇਂਡੂ ਵਿਕਾਸ ਡਾ. ਨਰਿੰਦਰ ਸਿੰਘ ਧਾਲੀਵਾਲ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇੱਕ ਵਿਸ਼ੇਸ਼ ਵਿਸ਼ਾਲ ਬੂਟੇ ਲਗਾਉਣ ਦੀ ਮੁਹਿਮ ਸ਼ੁਰੂ ਕਰ ਰਿਹਾ ਹੈ, ਜਿਸ ਤਹਿਤ ਜ਼ਿਲ੍ਹੇ ਭਰ ਵਿੱਚ 6.50 ਲੱਖ ਪੌਦੇ ਲਗਾਏ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਮੁਹਿਮ ਤਹਿਤ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਉਪਲਬਧ ਜ਼ਮੀਨ 'ਤੇ ਛੋਟੇ ਜੰਗਲ, ਔਸ਼ਧੀ ਬੂਟੇ, ਫਲਦਾਰ, ਫੁੱਲਦਾਰ ਬੂਟੇ ਅਤੇ ਨਾਲ ਹੀ ਲੱਕੜ ਦੀਆਂ ਕਿਸਮਾਂ ਦੇ ਪੌਦੇ ਲਗਾਏ ਜਾਣਗੇ। ਉਨ੍ਹਾਂ ਅੱਗੇ ਕਿਹਾ ਕਿ ਜੰਗਲਾਤ ਵਿਭਾਗ ਬੂਟੇ ਸਪਲਾਈ ਕਰੇਗਾ ਜਦੋਂ ਕਿ ਬੂਟੇ ਲਗਾਉਣ ਅਤੇ ਦੇਖਭਾਲ ਦੀ ਜ਼ਿੰਮੇਵਾਰੀ ਸਬੰਧਤ ਵਿਭਾਗਾਂ ਦੀ ਹੋਵੇਗੀ। ਡਾ. ਨਰਿੰਦਰ ਸਿੰਘ ਧਾਲੀਵਾਲ ਨੇ ਸਾਰੇ ਵਿਭਾਗਾਂ ਨੂੰ ਲੋੜੀਂਦੇ ਬੂਟਿਆਂ ਦੀ ਗਿਣਤੀ ਅਤੇ ਬੂਟੇ ਲਗਾਉਣ ਲਈ ਪਛਾਣੇ ਗਏ ਸਥਾਨਾਂ ਦੇ ਵੇਰਵੇ ਜਲਦੀ ਭੇਜਣ ਦੇ ਨਿਰਦੇਸ਼ ਵੀ ਦਿੱਤੇ ਤਾਂ ਜੋ ਸਪਲਾਈ ਅਤੇ ਬੂਟੇ ਲਗਾਉਣ ਦਾ ਕੰਮ ਸਮੇਂ ਸਿਰ ਪੂਰਾ ਕੀਤਾ ਜਾ ਸਕੇ। ਵਧੀਕ ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਉਪਲਬਧ ਪਿੰਡ ਦੀ ਸਾਂਝੀ ਜ਼ਮੀਨ 'ਤੇ ਜੰਗਲ ਵੀ ਵਿਕਸਤ ਕਰੇਗਾ ਅਤੇ ਉਨ੍ਹਾਂ ਦੀ ਦੇਖਭਾਲ ਸਬੰਧਤ ਪਿੰਡ ਦੀਆਂ ਪੰਚਾਇਤਾਂ ਦੁਆਰਾ ਕੀਤੀ ਜਾਵੇਗੀ। ਇਸ ਮੀਟਿੰਗ ਦੌਰਾਨ ਡਿਵੀਜ਼ਨਲ ਜੰਗਲਾਤ ਅਫਸਰ ਸ੍ਰੀ ਰਾਜੇਸ਼ ਗੁਲਾਟੀ ਅਤੇ ਹੋਰ ਵੀ ਮੌਜੂਦ ਸਨ।

# ਜੱਟਪੁਰ ਕ੍ਰਿਕਟ ਟੂਰਨਾਮੈਂਟ 'ਚ ਪੰਜਾਬ ਪ੍ਰਧਾਨ ਕਮਲ ਚੌਹਾਨ ਨੇ ਕੀਤੀ ਵਿਸ਼ੇਸ਼ ਸ਼ਿਰਕਤ



**ਨੂਰਪੁਰਬੇਦੀ, 22 ਮਈ (ਮਨਦੀਪ ਬਾਲੀ):** ਖੇਤਰ ਦੇ ਪਿੰਡ ਜੱਟਪੁਰ ਵਿਖੇ ਪਿੰਡ ਦੇ ਸਪੋਰਟਸ ਕਲੱਬ ਵੱਲੋਂ ਲਾਡੀ ਸੰਧੂ ਤੇ ਸਵ: ਲੱਕੀ ਮਹਿਰਾ ਦੀ ਯਾਦ ਚ ਕਰਵਾਏ ਜਾ ਰਹੇ ਕ੍ਰਿਕਟ ਟੂਰਨਾਮੈਂਟ ਦੌਰਾਨ ਅਖਿਲ ਭਾਰਤੀਯ ਗੁੱਜਰ ਮਹਾਸਭਾ ਦੇ ਸੂਬਾ ਪ੍ਰਧਾਨ ਕਮਲ ਚੌਹਾਨ ਟੋਡੇਵਾਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਨੇ ਖਿਡਾਰੀਆਂ ਨਾਲ ਨਿੱਜੀ ਮੁਲਾਕਾਤ ਕਰਦਿਆਂ ਸਮੂਹਿਕ ਤਸਵੀਰ ਵੀ ਖਿਚਵਾਈ ਅਤੇ ਨੌਜਵਾਨਾਂ ਦਾ ਹੌਸਲਾ ਵਧਾਇਆ। ਇਸ ਮੌਕੇ ਸੰਬੋਧਨ ਕਰਦਿਆਂ ਕਮਲ ਚੌਹਾਨ ਟੋਡੇਵਾਲ ਨੇ ਕਿਹਾ ਕਿ ਖੇਡ ਮੇਲੇ ਪੰਜਾਬੀ ਸੱਭਿਆਚਾਰ ਦੀ ਪਹਿਚਾਣ ਅਤੇ ਪਿੰਡਾਂ ਦੀ ਰੂਹ ਹੁੰਦੇ ਹਨ। ਉਨ੍ਹਾਂ ਕਿਹਾ ਕਿ ਆਧੁਨਿਕਤਾ ਦੇ ਇਸ ਦੌਰ ਵਿੱਚ ਰਵਾਇਤੀ ਖੇਡ ਮੇਲੇ ਹੌਲੀ-ਹੌਲੀ ਅਲੋਪ ਹੁੰਦੇ ਜਾ ਰਹੇ ਹਨ, ਜੋ ਕਿ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਟੂਰਨਾਮੈਂਟ ਕਰਵਾ ਰਹੇ ਨੌਜਵਾਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਉਪਰਾਲਾ ਨਾ ਸਿਰਫ਼ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰ ਰਿਹਾ ਹੈ, ਸਗੋਂ ਸਮਾਜ ਵਿੱਚ ਭਾਈਚਾਰਕ ਸਾਂਝ ਨੂੰ ਵੀ ਮਜ਼ਬੂਤ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਜਦੋਂ ਨੌਜਵਾਨ ਖੇਡਾਂ ਨਾਲ ਜੁੜੇ ਰਹਿਣਗੇ ਤਾਂ ਉਹ ਨਸ਼ਿਆਂ ਵਰਗੀਆਂ ਬੁਰਾਈਆਂ ਤੋਂ ਦੂਰ ਰਹਿਣਗੇ। ਉਨ੍ਹਾਂ ਚਿੰਤਾ ਜ਼ਾਹਿਰ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦਾ ਮੱਕੜ ਜਾਲ ਦਿਨੋਂ-ਦਿਨ ਫੈਲਦਾ ਜਾ ਰਿਹਾ ਹੈ, ਜਿਸ ਕਾਰਨ ਨੌਜਵਾਨ ਪੀੜ੍ਹੀ ਪ੍ਰਭਾਵਿਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਸਮੇਂ ਦੀ ਵੱਡੀ ਲੋੜ ਨੌਜਵਾਨਾਂ ਨੂੰ ਮੁੜ ਖੇਡ ਗਰਾਊਂਡਾਂ ਨਾਲ ਜੋੜਨ ਦੀ ਹੈ ਤਾਂ ਜੋ ਉਹ ਤੰਦਰੁਸਤ ਅਤੇ ਚੰਗੇ ਸਮਾਜ ਦੀ ਸਿਰਜਣਾ ਵਿੱਚ ਆਪਣਾ ਯੋਗਦਾਨ ਪਾ ਸਕਣ। ਇਸ ਮੌਕੇ ਟੂਰਨਾਮੈਂਟ ਪ੍ਰਬੰਧਕਾਂ ਵੱਲੋਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਵੀ ਕੀਤਾ ਗਿਆ। ਇਸ ਮੌਕੇ ਚਮਨ ਭਾਟੀਆ ਕਰਤਾਰਪੁਰ, ਭਜਨ ਭਾਟੀਆ ਕਰਤਾਰਪੁਰ, ਸ਼ਾਮ ਕਸਾਣਾ ਕਰਤਾਰਪੁਰ, ਨਿੰਦਰ ਹਲਕਾ ਭੁਲੇਵਾਲ, ਲੰਬਰਦਾਰ ਸਰਪੰਚ ਰਾਮਪੁਰ ਕਲਾਂ, ਫ਼ਰਜ਼ੰਦ ਚੌਧਰੀ ਝਾਂਡੀਆਂ, ਗੁਰਜੀਤ ਸਿੰਘ ਲਾਲਪੁਰ, ਕਮਲ ਪਟਵਾਰੀ, ਆਜ਼ਮਪੁਰ, ਸਤਨਾਮ ਚੌਧਰੀ, ਬਿੰਦਰ ਭੁੱਕਲ ਕਰਤਾਰਪੁਰ ਤੇ ਵਿਜੇ ਚੌਧਰੀ ਪ੍ਰਿੰਸ ਹੀਰਪੁਰ, ਸੁਖਮਣ ਸਿੰਘ ਜੱਟਪੁਰ, ਕੁਲਵਿੰਦਰ ਸਿੰਘ, ਕਾਕੂ ਕਾਲੂ ਨੂਰਪੁਰਬੇਦੀ, ਜੁਝਾਰ ਸਿੰਘ, ਧੀਰਜ ਹੀਰਪੁਰ, ਕਰਨ ਹੀਰਪੁਰ, ਜਸ਼ਨ ਸਿੰਘ, ਬਿੱਡੂ ਜੱਟਪੁਰ, ਸਿੰਮੀ ਆਜ਼ਮਪੁਰ, ਅਰਸ਼ ਜੱਟਪੁਰ ਹੋਰ ਪਤਵੰਤੇ ਹਾਜ਼ਰ ਸਨ।

# ਐਸ.ਐਸ.ਡੀ ਗਰਲਜ਼ ਕਾਲਜ, ਬਠਿੰਡਾ ਵਿਖੇ ਅੱਤਵਾਦੀ ਵਿਰੋਧੀ ਦਿਵਸ ਮਨਾਇਆ ਗਿਆ



**ਬਠਿੰਡਾ, 22 ਮਈ (ਰਾਣਾ ਸ਼ਰਮਾ):** ਯੁਵਾ ਮਾਮਲੇ ਅਤੇ ਖੇਡ ਮੰਤਰਾਲਿਆ ਭਾਰਤ ਸਰਕਾਰ ਵੱਲੋਂ ਆਏ ਦਿਸ਼ਾ ਨਿਰਦੇਸ਼ਾਂ ਅਨੁਸਾਰ ਐਸ.ਐਸ.ਡੀ ਗਰਲਜ਼ ਕਾਲਜ, ਬਠਿੰਡਾ ਵਿਖੇ ਕਾਲਜ ਪ੍ਰਿੰਸੀਪਲ ਡਾ. ਨੀਰੂ ਗਰਗ ਦੀ ਯੋਗ ਅਗਵਾਈ ਹੇਠ ਪ੍ਰੋਗਰਾਮ ਅਫ਼ਸਰ ਡਾ. ਸਿਮਰਜੀਤ ਕੌਰ ਅਤੇ ਮੈਡਮ ਗੁਰਮਿਹਰ ਜੀਤ ਕੌਰ ਦੀ ਸਰਪ੍ਰਸਤੀ ਵਿੱਚ ਐਨ.ਐਸ.ਐਸ. ਯੂਨਿਟਾਂ, ਰੈੱਡ ਰੀਬਨ ਕਲੱਬ ਅਤੇ ਯੂਥ ਕਲੱਬ ਵੱਲੋਂ 21 ਮਈ 2026 ਨੂੰ ਅੱਤਵਾਦੀ ਵਿਰੋਧੀ ਦਿਵਸ ਮਨਾਇਆ ਗਿਆ। ਇਸ ਮੌਕੇ ਕਾਲਜ ਪ੍ਰਿੰਸੀਪਲ ਵੱਲੋਂ ਦੱਸਿਆ ਗਿਆ ਕਿ ਇਸ ਦਿਨ ਨੂੰ ਮਨਾਉਣ ਦਾ ਮੁੱਖ ਉਦੇਸ਼ ਲੋਕਾਂ ਨੂੰ ਅੱਤਵਾਦ ਪ੍ਰਤੀ ਜਾਗਰੂਕ ਕਰਨਾ ਅਤੇ ਇਸ ਤੋਂ ਬਚਣ ਦੀਆਂ ਨੀਤੀਆਂ ਤੋਂ ਜਾਣੂ ਕਰਵਾਉਣਾ ਹੈ ਤਾਂ ਜੋ ਕੋਈ ਵੀ ਦੇਸ਼ ਵਾਸੀ ਅੱਤਵਾਦ ਦਾ ਸ਼ਿਕਾਰ ਨਾ ਹੋਵੇ। ਅੱਜ ਦਾ ਦਿਨ 'ਅਤਿਵਾਦ ਵਿਰੋਧੀ ਦਿਵਸ' ਵਜੋਂ ਮਨਾਉਣ ਪਿੱਛੇ ਮੁੱਖ ਮਕਸਦ ਲੋਕਾਂ ਦੇ ਮਨਾਂ ਅੰਦਰ ਅਤਿਵਾਦ ਪ੍ਰਤੀ ਨਫ਼ਰਤ ਪੈਦਾ ਕਰਨਾ ਅਤੇ ਉਨ੍ਹਾਂ ਨੂੰ ਆਪਸੀ ਪਿਆਰ, ਸਾਂਝ ਤੇ ਭਾਈਚਾਰਾ ਕਾਇਮ ਰੱਖਦਿਆਂ ਮਾਨਵਤਾ ਦੇ ਭਲੇ ਲਈ ਪ੍ਰੇਰਿਤ ਕਰਨਾ ਹੈ। ਇਸ ਦਾ ਦੂਜਾ ਅਹਿਮ ਮਕਸਦ ਅੱਤਵਾਦੀ ਧਿਰਾਂ ਨੂੰ ਹਿੰਸਾ ਦਾ ਰਾਹ ਤਿਆਗ ਕੇ ਸ਼ਾਂਤੀ ਅਤੇ ਅਹਿੰਸਾ ਦੇ ਮਾਰਗ ਰਾਹੀਂ ਆਪਣੀਆਂ ਮੰਗਾਂ ਲਈ ਜਮਹੂਰੀ ਸੰਘਰਸ਼ ਕਰਨ ਦੇ ਰਾਹ ਤੋਰਨਾ ਹੈ। ਤੀਜਾ ਵੱਡਾ ਮਕਸਦ ਨੌਜਵਾਨ ਪੀੜ੍ਹੀ ਨੂੰ ਅਤਿਵਾਦ ਦੀ ਕਰੂਪਤਾ ਅਤੇ ਇਸ ਕਾਰਨ ਉਪਜਦੀਆਂ ਦੁੱਖਾਂ-ਤਕਲੀਫਾਂ ਤੋਂ ਜਾਣੂ ਕਰਵਾ ਕੇ ਇਸ ਗੁਮਰਾਹਕੁਨ ਰਾਹ 'ਤੇ ਤੁਰਨ ਤੋਂ ਰੋਕਣਾ ਹੈ। ਕਾਲਜ ਦੇ ਪ੍ਰਧਾਨ ਐਡਵੋਕੇਟ ਸੰਜੇ ਗੋਇਲ, ਸਕੱਤਰ ਵਿਕਾਸ ਗਰਗ ਅਤੇ ਪ੍ਰਿੰਸੀਪਲ ਡਾ. ਨੀਰੂ ਗਰਗ ਨੇ ਦੇਸ਼ ਵਾਸੀਆਂ ਨੂੰ ਸਦਭਾਵਨਾ ਨਾਲ ਰਹਿਣ ਲਈ ਪ੍ਰੇਰਿਤ ਕਰਨ ਵਾਲੇ ਪ੍ਰੋਗਰਾਮ ਕਰਾਉਂਦੇ ਰਹਿਣ ਲਈ ਕਿਹਾ।

# 26 ਮਈ ਨੂੰ ਵੋਟ ਪੋਲਿੰਗ ਸਮਾਂ ਖਤਮ ਹੋਣ ਤੱਕ ਡਰਾਈ ਡੇ ਘੋਸ਼ਿਤ ਕਰਨ ਦੇ ਹੁਕਮ ਜਾਰੀ



**ਸ੍ਰੀ ਮੁਕਤਸਰ ਸਾਹਿਬ, 22 ਮਈ (ਆਦੇਸ਼):** ਰਾਜ ਚੋਣ ਕਮਿਸ਼ਨ, ਪੰਜਾਬ ਵੱਲੋਂ ਨਗਰ ਕੌਂਸਲ ਸ੍ਰੀ ਮੁਕਤਸਰ ਸਾਹਿਬ, ਮਲੋਟ ਅਤੇ ਗਿੱਦੜਬਾਹਾ ਦੀਆਂ ਚੋਣਾਂ 26 ਮਈ 2026 ਨੂੰ ਕਰਵਾਈਆਂ ਜਾ ਰਹੀਆਂ ਹਨ। ਇਹਨਾਂ ਚੋਣਾਂ ਨੂੰ ਸਫਲਤਾ ਪੂਰਵਕ ਨੇਪਰੇ ਚਾੜਨ ਲਈ ਡੈਵੀ ਗੋਇਲ,ਆਈ.ਏ.ਐਸ, ਵਧੀਕ ਜ਼ਿਲ੍ਹਾ ਮੈਜਿਸਟਰੇਟ, ਸ੍ਰੀ ਮੁਕਤਸਰ ਸਾਹਿਬ ਨੇ ਭਾਰਤੀ ਨਾਗਰਿਕ ਸੁਰੱਖਿਆ ਸਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੁਕਮ ਜਾਰੀ ਕੀਤਾ ਕਿ ਨਗਰ ਕੌਂਸਲਾਂ ਸ੍ਰੀ ਮੁਕਤਸਰ ਸਾਹਿਬ, ਮਲੋਟ ਅਤੇ ਗਿੱਦੜਬਾਹਾ ਦੀ ਹਦੂਦ ਅੰਦਰ 26 ਮਈ 2026 ਨੂੰ ਸਵੇਰੇ 8.00 ਵਜੇ ਤੋਂ ਲੈ ਕੇ ਵੋਟ ਪੋਲਿੰਗ ਸਮਾਂ ਖਤਮ ਹੋਣ ਤੱਕ ਡਰਾਈ ਡੇ ਘੋਸ਼ਿਤ ਕਰਨ ਦੇ ਹੁਕਮ ਜਾਰੀ ਕੀਤੇ ਹਨ। ਹੁਕਮਾਂ ਅਨੁਸਾਰ ਇਸ ਦਿਨ ਅੰਗਰੇਜ਼ੀ ਅਤੇ ਦੇਸ਼ੀ ਸ਼ਰਾਬ, ਸਪਿਰਟ, ਅਲਕੋਹਲ ਜਾਂ ਕੋਈ ਹੋਰ ਵਸਤੂ ਜਿਸ ਨਾਲ ਕਿ ਸ਼ਰਾਬ ਵਰਗਾ ਨਸ਼ਾ ਹੁੰਦਾ ਹੋਵੇ ਅਤੇ ਹੋਰ ਨਸ਼ੀਲੇ ਪਦਾਰਥਾਂ ਦੀ ਵਿਕਰੀ, ਜਮਾਂਖੋਰੀ, ਵੰਡ ਜਾਂ ਸ਼ਰਾਬ ਪਿਲਾਉਣ ਵਾਲੇ ਹੋਟਲਾਂ, ਢਾਬਿਆਂ, ਅਹਾਤਿਆਂ, ਰੈਸਟੋਰੈਂਟ, ਕਲੱਬ ਬਾਰ ਆਦਿ ਵਿਖੇ ਸ਼ਰਾਬ ਵੇਚਣ ਜਾਂ ਕੋਈ ਹੋਰ ਜਨਤਕ ਥਾਵਾਂ ਤੇ ਇਸ ਦਿਨ ਵੇਚਣ ਅਤੇ ਸਰਵ ਕਰਨ ਤੇ ਪੂਰਨ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ। ਇਸ ਤੋਂ ਇਲਾਵਾ ਕਲੱਬਾਂ, ਸਟਾਰ ਹੋਟਲਾਂ, ਰੈਸਟੋਰੈਂਟ ਆਦਿ ਅਤੇ ਕਿਸੇ ਵੱਲੋਂ ਵੀ ਚਲਾਏ ਜਾ ਰਹੇ ਹੋਟਲਜ਼ ਭਾਵੇਂ ਕਿ ਉਹਨਾਂ ਨੂੰ ਸ਼ਰਾਬ ਰੱਖਣ ਅਤੇ ਸਪਲਾਈ ਕਰਨ ਦੇ ਵੱਖ-ਵੱਖ ਕੈਟਾਗਰੀ ਦੇ ਲਾਇਸੰਸ ਜਾਰੀ ਹੋਏ ਹਨ, ਉੱਪਰ ਵੀ ਸ਼ਰਾਬ ਸਰਵ ਕਰਨ ਤੇ ਪਾਬੰਦੀ ਲਗਾ ਦਿੱਤੀ। ਇਹ ਹੁਕਮ 26 ਮਈ 2026 ਨੂੰ ਲਾਗੂ ਰਹਿਣਗੇ।

# ਸ਼ਿਆਮ ਲਾਲ ਮਾਜਰੀਅਨ ਵਾਰਡ 2 ਦੇ ਉਮੀਦਵਾਰ ਅੰਗਰੇਜ਼ ਸਿੰਘ ਦੇ ਘਰ ਗਏ



**ਨਿਊ ਚੰਡੀਗੜ੍ਹ-22 ਮਈ (ਜੇ.ਕੇ ਬੱਤਾ):** ਸੀਨੀਅਰ ਅਕਾਲੀ ਆਗੂ ਸ਼ਿਆਮ ਲਾਲ ਮਾਜਰੀਅਨ ਆਉਣ ਵਾਲੀਆਂ ਨਯਾਗਾਓਂ ਨਗਰ ਕੌਂਸਲ ਚੋਣਾਂ ਵਿੱਚ ਵਾਰਡ 2 ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਸਰਦਾਰ ਅੰਗਰੇਜ਼ ਸਿੰਘ ਦੇ ਘਰ ਗਏ। ਸੀਨੀਅਰ ਅਕਾਲੀ ਆਗੂ ਸ਼ਿਆਮ ਲਾਲ ਮਾਜਰੀਅਨ ਨੇ ਕਿਹਾ ਕਿ 2027 ਦੀਆਂ ਚੋਣਾਂ ਵਿੱਚ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਸਰਕਾਰ ਬਣੇਗੀ। ਪੰਜਾਬ ਦੇ ਲੋਕਾਂ ਦੀ ਹੁਣ ਸ਼੍ਰੋਮਣੀ ਅਕਾਲੀ ਦਲ ਤੋਂ ਇਲਾਵਾ ਹੋਰ ਪਾਰਟੀਆਂ ਵਿੱਚ ਦਿਲਚਸਪੀ ਖਤਮ ਹੋ ਗਈ ਹੈ। ਨਯਾਗਾਓਂ ਵਿੱਚ, ਸੀਨੀਅਰ ਅਕਾਲੀ ਆਗੂ ਸਰਦਾਰ ਗੁਰਧਿਆਨ ਸਿੰਘ ਮੱਕੜ ਦੀ ਅਗਵਾਈ ਵਿੱਚ, ਅਕਾਲੀ ਦਲ ਸਾਰੇ ਵਾਰਡਾਂ ਵਿੱਚ ਜਿੱਤ ਪ੍ਰਾਪਤ ਕਰੇਗਾ ਅਤੇ ਨਯਾਗਾਓਂ ਨਗਰ ਕੌਂਸਲ ਵਿੱਚ ਆਪਣਾ ਸ਼੍ਰੋਮਣੀ ਅਕਾਲੀ ਦਲ ਪ੍ਰਧਾਨ ਬਣਾਏਗਾ। ਇਸ ਨਾਲ ਨਯਾਗਾਓਂ ਵਿੱਚ ਵਿਕਾਸ ਤੇਜ਼ ਹੋਵੇਗਾ। ਪੰਜਾਬ ਵਿੱਚ ਵੀ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਦੌਰਾਨ ਹੀ ਮਹੱਤਵਪੂਰਨ ਵਿਕਾਸ ਹੋਇਆ। ਉਸ ਤੋਂ ਬਾਅਦ ਦੀ ਕਿਸੇ ਵੀ ਸਰਕਾਰ ਨੇ ਪੰਜਾਬ ਵਿੱਚ ਕੋਈ ਮਹੱਤਵਪੂਰਨ ਵਿਕਾਸ ਨਹੀਂ ਕੀਤਾ।

# ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰਨ ਵਾਲੇ ਦੋ ਕਾਬੂ, ਕਾਪਾ ਤੇ ਮੋਟਰਸਾਈਕਲ ਬਰਾਮਦ




**ਬਠਿੰਡਾ/ਭੁੱਚੋ ਮੰਡੀ, 22 ਮਈ (ਰਾਣਾ ਸ਼ਰਮਾ):** ਭੁੱਚੋ ਮੰਡੀ ਵਿਖੇ ਸੀਨੀਅਰ ਅਕਾਲੀ ਆਗੂ ਨਰਦੀਪ ਗਰਗ ਦੇ ਪੁੱਤਰ ਜੈਦੀਪ ਗਰਗ ਉੱਪਰ ਤੇਜ਼ਧਾਰ ਹਥਿਆਰਾਂ ਨਾਲ ਹੋਏ ਜਾਨਲੇਵਾ ਹਮਲੇ ਦੇ ਮਾਮਲੇ ਵਿੱਚ ਪੁਲਿਸ ਨੂੰ ਵੱਡੀ ਸਫਲਤਾ ਮਿਲੀ ਹੈ। ਥਾਣਾ ਨਥਾਣਾ ਅਧੀਨ ਪੁਲਿਸ ਚੌਕੀ ਭੁੱਚੋ ਦੀ ਟੀਮ ਨੇ ਕਾਰਵਾਈ ਕਰਦਿਆਂ ਹਮਲੇ ਵਿੱਚ ਸ਼ਾਮਲ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਹਨਾਂ ਪਾਸੋਂ ਵਾਰਦਾਤ ਵਿੱਚ ਵਰਤਿਆ ਗਿਆ ਕਾਪਾ ਅਤੇ ਮੋਟਰਸਾਈਕਲ ਬਰਾਮਦ ਕੀਤਾ ਹੈ। ਪੁਲਿਸ ਚੌਕੀ ਭੁੱਚੋ ਦੇ ਇੰਚਾਰਜ ਗੁਰਪ੍ਰੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਡੀ.ਜੀ.ਪੀ ਪੰਜਾਬ ਗੌਰਵ ਯਾਦਵ ਦੇ ਦਿਸ਼ਾ-ਨਿਰਦੇਸ਼ਾਂ ਅਤੇ ਐੱਸ.ਐੱਸ.ਪੀ ਬਠਿੰਡਾ ਡਾ. ਜਯੋਤੀ ਯਾਦਵ ਬੈਂਸ ਦੀ ਰਹਿਨੁਮਾਈ ਹੇਠ ਐੱਸ.ਪੀ ਸਿਟੀ ਨਰਿੰਦਰ ਸਿੰਘ ਅਤੇ ਡੀ.ਐੱਸ.ਪੀ ਭੁੱਚੋ ਪ੍ਰਿਤਪਾਲ ਸਿੰਘ ਦੀ ਅਗਵਾਈ ਵਿੱਚ ਇਹ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਉਹਨਾਂ ਦੱਸਿਆ ਕਿ 17 ਮਈ 2026 ਨੂੰ ਆਦੇਸ਼ ਹਸਪਤਾਲ ਬਠਿੰਡਾ ਵੱਲੋਂ ਜੈਦੀਪ ਗਰਗ ਪੁੱਤਰ ਨਰਦੀਪ ਕੁਮਾਰ ਗਰਗ ਦੇ ਜ਼ਖ਼ਮੀ ਹੋਣ ਸਬੰਧੀ ਰੁੱਕਾ ਪ੍ਰਾਪਤ ਹੋਇਆ ਸੀ, ਜਿਸ ਤੋਂ ਬਾਅਦ ਪੁਲਿਸ ਨੇ ਨਾਮਲੂਮ ਵਿਅਕਤੀਆਂ ਖਿਲਾਫ ਮੁਕੱਦਮਾ ਨੰਬਰ 117 ਦਰਜ ਕਰਕੇ ਜਾਂਚ ਸ਼ੁਰੂ ਕੀਤੀ। ਦੌਰਾਨੇ ਤਫਤੀਸ਼ ਪੁਲਿਸ ਨੇ ਮਾਮਲੇ ਨੂੰ ਟਰੇਸ ਕਰਦਿਆਂ ਸੁੰਦਰ ਸਿੰਘ ਉਰਫ ਖੁਸ਼ੀ ਪੁੱਤਰ ਕੁਲਦੀਪ ਸਿੰਘ ਵਾਸੀ ਗੁਰੂ ਅਰਜਨ ਦੇਵ ਨਗਰ ਭੁੱਚੋ ਮੰਡੀ, ਗੁਰਪ੍ਰੀਤ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਵਰਮਾ ਬਸਤੀ ਵਾਰਡ ਨੰਬਰ 7 ਭੁੱਚੋ ਮੰਡੀ, ਕਰਨ ਸਿੰਘ ਉਰਫ ਫਿਰੰਗੀ ਅਤੇ ਭੰਗੂ ਵਾਸੀ ਭੁੱਚੋ ਮੰਡੀ ਨੂੰ ਨਾਮਜ਼ਦ ਕੀਤਾ। ਜਿਨ੍ਹਾਂ ਵਿੱਚੋਂ ਸੁੰਦਰ ਸਿੰਘ ਉਰਫ ਖੁਸ਼ੀ ਅਤੇ ਗੁਰਪ੍ਰੀਤ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਪੁਲਿਸ ਅਨੁਸਾਰ ਮੁਕੱਦਮਾ ਅਧੀਨ ਵੱਖ-ਵੱਖ ਧਾਰਾਵਾਂ ਬੀ.ਐਨ.ਐੱਸ ਤਹਿਤ ਕਾਰਵਾਈ ਕੀਤੀ ਗਈ ਹੈ। ਪੁੱਛਗਿੱਛ ਦੌਰਾਨ ਮੁਲਜ਼ਮਾਂ ਨੇ ਦੱਸਿਆ ਕਿ ਘਟਨਾ ਵਾਲੀ ਰਾਤ ਉਹ ਲਹਿਰਾ ਬੇਗਾ ਰੋਡ ਤੋਂ ਮੋਟਰਸਾਈਕਲ 'ਤੇ ਆ ਰਹੇ ਸਨ। ਰਸਤੇ ਵਿੱਚ ਖੜ੍ਹੀ ਇੱਕ ਸਕਾਰਪੀਓ ਗੱਡੀ ਵਿੱਚ ਬੈਠੇ ਵਿਅਕਤੀਆਂ ਨਾਲ ਮੋਟਰਸਾਈਕਲ ਲੱਗਣ ਦੇ ਭੁਲੇਖੇ ਕਾਰਨ ਤਕਰਾਰ ਹੋ ਗਈ। ਗੱਲਬਾਤ ਤੂੰ-ਤੂੰ ਮੈਂ-ਮੈਂ ਵਿੱਚ ਬਦਲ ਗਈ ਅਤੇ ਨਸ਼ੇ ਦੀ ਹਾਲਤ ਵਿੱਚ ਇੱਕ ਵਿਅਕਤੀ ਨੇ ਕਾਪੇ ਨਾਲ ਵਾਰ ਕਰ ਦਿੱਤਾ, ਜਿਸ ਨਾਲ ਜੈਦੀਪ ਗਰਗ ਜ਼ਖਮੀ ਹੋ ਕੇ ਥੱਲੇ ਡਿੱਗ ਪਿਆ। ਇਸ ਤੋਂ ਬਾਅਦ ਮੁਲਜ਼ਮ ਮੌਕੇ ਤੋਂ ਫਰਾਰ ਹੋ ਗਏ।

# ਲੁਧਿਆਣਾ 'ਚ ਐਸ.ਆਈ.ਆਰ-2026 ਸਬੰਧੀ ਰਾਜਨੀਤਿਕ ਪਾਰਟੀਆਂ ਨਾਲ ਕੀਤੀ ਮੀਟਿੰਗ



**ਲੁਧਿਆਣਾ, 22 ਮਈ (ਝੱਜ ਉਮੈਦਪੁਰ, ਸੂਰਜ):** ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਰਾਜ ਵਿੱਚ 15 ਜੂਨ 2026 ਤੋਂ ਸ਼ੁਰੂ ਕੀਤੀ ਜਾ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ), ਬੀ.ਐਲ.ਏ-1 ਅਤੇ 2 ਦੀ ਨਿਯੁਕਤੀ, ਸਬੰਧੀ ਸਹਾਇਕ ਚੋਣਕਾਰ ਰਜਿਸਟ੍ਰੇਸ਼ਨ ਅਫਸਰ-062 ਆਤਮ ਨਗਰ ਸ੍ਰੀ ਸੰਜੀਵ ਕੁਮਾਰ ਦੀ ਪ੍ਰਧਾਨਗੀ ਹੇਠ ਆਪਣੇ ਦਫਤਰ ਵਿਖੇ ਸਮੂਹ ਰਾਜਨੀਤਿਕ ਪਾਰਟੀਆਂ ਦੇ ਪ੍ਰਤੀਨਿਧੀਆਂ/ਨੁਮਾਇੰਦਿਆਂ ਨਾਲ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਵੱਖ-ਵੱਖ ਪਾਰਟੀਆਂ ਦੇ ਨੁਮਾਇੰਦੇ ਸ਼ਾਮਲ ਹੋਏ। ਮੀਟਿੰਗ ਵਿੱਚ ਹਾਜ਼ਰ ਸਮੂਹ ਨੁਮਾਇੰਦਿਆਂ ਨੂੰ ਭਾਰਤ ਚੋਣ ਕਮਿਸ਼ਨ ਵੱਲੋਂ ਐਸ.ਆਈ.ਆਰ ਦੇ ਕੰਮ ਸਬੰਧੀ ਜਾਰੀ ਨੰਬਰ ਈ.ਸੀ.ਆਈ/ਪੀ.ਐਨ/086/2026 ਮਿਤੀ 14.05.2026 ਅਤੇ ਐਸ.ਆਈ.ਆਰ-2026 ਦੇ ਏਜੰਡਾ ਦੀਆਂ ਕਾਪੀਆਂ ਦਿੱਤੀਆਂ ਗਈਆਂ। ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਪ੍ਰੀ-ਐਸ.ਆਈ.ਆਰ ਮੈਪਿੰਗ, ਬੀ.ਐਲ.ਓਜ਼ ਅਤੇ ਬੀ.ਐਲ.ਏਜ਼ ਵੱਲੋਂ ਘਰ ਤੋਂ ਘਰ ਵਿਜ਼ਟ, ਰੈਸ਼ਨਾਲਾਈਜ਼ੇਸ਼ਨ ਅਤੇ ਸਮੂਹ ਰਾਜਨੀਤਿਕ ਪਾਰਟੀਆਂ ਨੂੰ ਬੀ.ਐਲ.ਏ-1 ਅਤੇ 2 ਦੀ ਨਿਯੁਕਤੀ ਸਬੰਧੀ ਅਤੇ ਹੋਰ ਮੁੱਦਿਆਂ ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਸਹਾਇਕ ਚੋਣਕਾਰ ਰਜਿਸਟ੍ਰੇਸ਼ਨ ਅਫਸਰ-062 ਆਤਮ ਨਗਰ ਵੱਲੋਂ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਬਾਰੇ ਦੱਸਦੇ ਹੋਏ ਕਿਹਾ ਗਿਆ ਕਿ ਹਰੇਕ ਰਾਜਨੀਤਿਕ ਪਾਰਟੀ ਵੱਲੋਂ ਚੋਣ ਹਲਕੇ ਵਿੱਚ ਇੱਕ ਬੀ.ਐਲ.ਏ-1 ਜਿਲ੍ਹਾ ਪ੍ਰਧਾਨ ਵੱਲੋਂ ਨਿਯੁਕਤ ਕੀਤਾ ਜਾਣਾ ਹੈ ਅਤੇ ਬੀ.ਐਲ.ਏ-1 ਵੱਲੋਂ ਬੂਥ ਵਾਈਜ਼ ਜਾਂ ਲੋਕੇਸ਼ਨ ਵਾਈਜ਼ ਬੀ.ਐਲ.ਏ.-2 ਦੀ ਨਿਯੁਕਤੀ ਕੀਤੀ ਜਾਣੀ ਹੈ। ਉਨ੍ਹਾਂ ਵੱਲੋਂ ਵੋਟਰ ਸੂਚੀ, ਚੋਣਾਂ ਦਾ ਕੰਡਕਟ, ਬੀ.ਐਲ.ਏ-1 ਅਤੇ 2 ਦੀ ਨਿਯੁਕਤੀ, ਸ਼ਿਕਾਇਤਾਂ ਦਾ ਨਿਪਟਾਰਾ ਅਤੇ ਚੋਣਾਂ ਸਬੰਧੀ ਹੋਰ ਮੁੱਦਿਆਂ ਸਬੰਧੀ ਜਾਣੂ ਕਰਵਾਉਂਦੇ ਹੋਏ ਕਿਹਾ ਗਿਆ ਕਿ ਜੇਕਰ ਆਪ ਦਾ ਇਸ ਸਬੰਧੀ ਕੋਈ ਸੁਝਾਅ ਹੈ ਤਾਂ ਉਸ ਸਬੰਧੀ ਜਾਣੂ ਕਰਵਾਇਆ ਜਾਵੇ। ਉਕਤ ਸਬੰਧੀ ਮੀਟਿੰਗ ਦੌਰਾਨ ਸ਼ਾਮਲ ਹੋਏ ਸਮੂਹ ਰਾਜਨੀਤਿਕ ਪਾਰਟੀਆਂ ਦੇ ਪ੍ਰਤੀਨਿਧੀਆਂ ਵੱਲੋਂ ਸਹਿਮਤੀ ਪ੍ਰਗਟਾਈ ਗਈ।

# ਕੈਬਨਿਟ ਮੰਤਰੀ ਨੇ ਲੰਬੀ ਹਲਕੇ ਦੇ ਵੱਖ-ਵੱਖ ਪਿੰਡਾਂ ਦੀਆਂ ਲਿੰਕ ਸੜਕਾਂ ਦੇ ਰੱਖੇ ਨੀਂਹ ਪੱਥਰ




**ਲੰਬੀ/ ਸ੍ਰੀ ਮੁਕਤਸਰ ਸਾਹਿਬ, 22 ਮਈ (ਆਦੇਸ਼):** ਪੰਜਾਬ ਸਰਕਾਰ ਰਾਜ ਅੰਦਰ ਬੁਨਿਆਦੀ ਢਾਂਚੇ ਦੇ ਵਿਕਾਸ ਲੋਕਾਂ ਨੂੰ ਆਵਾਜਾਈ ਲਈ ਬਿਹਤਰ ਸੜਕੀ ਨੈਟਵਰਕ ਦੇਣ ਲਈ ਬਚਨਬੱਧ ਹੈ, ਇਹ ਪ੍ਰਗਟਾਵਾ ਗੁਰਮੀਤ ਸਿੰਘ ਖੁੱਡੀਆਂ ਖੇਤੀਬਾੜੀ ਅਤੇ ਕਿਸਾਨ ਭਲਾਈ, ਪਸ਼ੂ ਪਾਲਣ, ਮੱਛੀ ਪਾਲਣ, ਡੇਅਰੀ ਵਿਕਾਸ ਮੰਤਰੀ ਪੰਜਾਬ ਨੇ ਲੰਬੀ ਹਲਕੇ ਨੂੰ ਜੋੜਣ ਵਾਲੀਆਂ ਵੱਖ-ਵੱਖ ਪਿੰਡਾਂ ਦੀਆਂ ਲਿੰਕ ਸੜਕਾਂ ਨੂੰ ਪੱਕਾ ਕਰਨ ਦੇ ਨੀਂਹ ਪੱਥਰ ਰੱਖਦਿਆਂ ਕੀਤਾ। ਕੈਬਨਿਟ ਮੰਤਰੀ ਨੇ ਦੱਸਿਆ ਕਿ ਰਾਜ ਸਰਕਾਰ ਵਲੋਂ ਲੰਬੀ ਹਲਕੇ ਦੇ ਪਿੰਡ ਸਿੰਘੇਵਾਲਾ, ਕਿਲਿਆਂਵਾਲੀ, ਵੜਿੰਗ ਖੇੜਾ, ਵਣਵਾਲਾ, ਪੰਜਾਵਾ ਅਤੇ ਰੋੜਾਂਵਾਲੀ ਨੂੰ ਜੋੜਣ ਵਾਲੀਆਂ 41 ਕਿਲੋਮੀਟਰ ਲੰਬੀਆਂ ਲਿੰਕ ਸੜਕਾਂ ਨੂੰ ਰਿਪੇਅਰ ਅਤੇ ਨਵ ਨਿਰਮਾਣ ਤੇ 16.50 ਕਰੋੜ ਰੁਪਏ ਖਰਚ ਕੀਤੇ ਜਾਣਗੇ। ਉਹਨਾਂ ਦੱਸਿਆ ਕਿ ਇਹ ਵਿਕਾਸ ਕਾਰਜ ਪਿੰਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਆਵਾਜਾਈ ਸੁਵਿਧਾਵਾਂ ਵਿੱਚ ਸੁਧਾਰ ਲਿਆਉਣ ਅਤੇ ਪਿੰਡ ਵਾਸੀਆਂ ਨੂੰ ਸੁਰੱਖਿਅਤ ਅਤੇ ਸੁਚਾਰੂ ਰਸਤਾ ਪ੍ਰਦਾਨ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੇ। ਉਹਨਾਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਰਾਜ ਸਰਕਾਰ ਪਿੰਡਾਂ ਦੇ ਵਿਕਾਸ ਨੂੰ ਸਭ ਤੋਂ ਵੱਧ ਤਰਜੀਹ ਦੇ ਰਹੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ। ਇਸ ਮੌਕੇ ਉਹਨਾਂ ਸਰਕਾਰ ਵੱਲ ਚਲਾਈਆ ਜਾ ਰਹੀਆਂ ਵੱਖ ਵੱਖ ਸਰਕਾਰੀ ਸਬੰਧੀ ਸਬੰਧੀ ਵੀ ਲੋਕਾਂ ਨੂੰ ਜਾਣੂੰ ਕਰਵਾਇਆ। ਇਸ ਮੌਕੇ ਜਿਲ੍ਹਾ ਪ੍ਰੀਸ਼ਦ ਮੈਂਬਰ ਜੁਗਨੂੰ ਬਰਾੜ, ਗੁਰਬਾਜ ਸਿੰਘ ਵਣਵਾਲਾ, ਵੀਨਸ਼ ਗਰਗ ਐਕਸੀਅਨ ਮੰਡੀ ਬੋਰਡ, ਰਕੇਸ਼ ਬਿਸਨੋਈ ਬੀ.ਡੀ.ਪੀ.ਓ ਲੰਬੀ, ਸ਼ਿਵਰਾਜ ਸਿੰਘ ਬਲਾਕ ਪ੍ਰਧਾਨ, ਕਰਮਵੀਰ ਸਿੰਘ ਬਲਾਕ ਪ੍ਰਧਾਨ, ਪਰਮਪਾਲ ਸਿੰਘ ਸਰਪੰਚ ਭਾਗੂ, ਸੁਖਵਿੰਦਰ ਸਿੰਘ ਸੋਨੀ ਕਿਲਿਆਵਾਲੀ, ਰਛਪਾਲ ਸਿੰਘ ਚੇਅਰਮੈਨ, ਸੇਵਕ ਸਿੰਘ ਸਾਬਕਾ ਸਰਪੰਚ ਸਿੰਘੇਵਾਲਾ, ਹਿਮਾਂਸ਼ੂ, ਗੁਰਬਾਜ ਸਿੰਘ ਨਿਜੀ ਸਹਾਇਕ ਵੀ ਮੌਜੂਦ ਸਨ।

# ਨਗਰ ਕੌਂਸਲ ਚੋਣਾਂ 'ਚ ਦਿੱਲੀ ਆਧਾਰਿਤ ਪਾਰਟੀਆਂ ਨੂੰ ਹਾਰ ਦਿਓ: ਬਾਦਲ



**ਸ੍ਰੀ ਮੁਕਤਸਰ ਸਾਹਿਬ, 22 ਮਈ (ਆਦੇਸ਼):** ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਮਿਊਂਸਪਲ ਚੋਣਾਂ ਵਿਚ ਸਾਰੀਆਂ ਦਿੱਲੀ ਆਧਾਰਿਤ ਪਾਰਟੀਆਂ ਨੂੰ ਹਾਰ ਦੇਣ ਅਤੇ ਉਹਨਾਂ ਜ਼ੋਰ ਦੇ ਕੇ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਸਰਕਾਰ ਨੇ ਸਾਰੇ ਮਿਊਂਸਪਲ ਇਲਾਕਿਆਂ ਵਿਚ ਸ਼ਹਿਰੀ ਬੁਨਿਆਦੀ ਢਾਂਚੇ ਦੇ ਢਹਿ ਢੇਰੀ ਹੋਣ ਦੀ ਪ੍ਰਧਾਨਗੀ ਕੀਤੀ ਹੈ। ਇਥੇ ਸ਼ਹਿਰ ਵਿਚ ਸਾਬਕਾ ਅਕਾਲੀ ਵਿਧਾਇਕ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਦੇ ਨਾਲ ਅਕਾਲੀ ਦਲ ਦੇ ਉਮੀਦਵਾਰਾਂ ਵਾਸਤੇ ਚੋਣ ਪ੍ਰਚਾਰ ਕਰਦਿਆਂ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਮੈਂ ਤੁਹਾਨੂੰ ਅਪੀਲ ਕਰਦਾ ਹਾਂ ਕਿ ਤੁਸੀਂ ਆਪਣੀਆਂ ਵੋਟਾਂ ਖਰਾਬ ਨਾ ਕਰਿਓ। ਆਪ ਸਰਕਾਰ ਸਿਰਫ ਅਗਲੇ ਪੰਜ ਮਹੀਨਿਆਂ ਵਾਸਤੇ ਸੱਤਾ ਵਿਚ ਹੈ। ਪਿਛਲੇ ਸਾਢੇ ਚਾਰ ਸਾਲਾਂ ਤੋਂ ਉਹ ਸੱਤਾ ਵਿਚ ਹੈ ਪਰ ਉਸਨੇ ਤੁਹਾਡੇ ਵਾਸਤੇ ਕੱਖ ਵੀ ਨਹੀਂ ਕੀਤਾ। ਉਹਨਾਂ ਕਿਹਾ ਕਿ ਸ਼ਹਿਰਾਂ ਵਿਚ ਸਾਰਾ ਸਿਵਲ ਬੁਨਿਆਦੀ ਢਾਂਚਾ ਢਹਿ ਢੇਰੀ ਹੈ। ਵਪਾਰ ਤੇ ਉਦਯੋਗ ਗੈਂਗਸਟਰਾਂ ਵੱਲੋਂ ਲੁੱਟੇ ਜਾ ਰਹੇ ਹਨ ਤੇ ਆਪ ਸਰਕਾਰ ਉਹਨਾਂ ਮੂਹਰੇ ਸ਼ਕਤੀਵਿਹੂਣੀ ਹੈ। ਉਹਨਾਂ ਕਿਹਾ ਕਿ ਅਜਿਹੇ ਹਾਲਾਤ ਵਿਚ ਤੁਹਾਨੂੰ ਸਿਰਫ ਅਕਾਲੀ ਦਲ ਦੀ ਸਰਕਾਰ ਦਾ ਕਾਰਜਕਾਲ ਚੇਤੇ ਕਰਨਾ ਚਾਹੀਦਾ ਹੈ। ਅਕਾਲੀ ਦਲ ਦੀਆਂ ਸਰਕਾਰਾਂ ਨੇ ਸੜਕਾਂ, ਸੀਵਰੇਜ, ਸਟਰੀਟ ਲਾਈਟਾਂ ਸਮੇਤ ਸਾਰੀਆਂ ਬੁਨਿਆਦੀ ਸਹੂਲਤਾਂ ਉਪਲਬਧ ਸਨ। ਉਹਨਾਂ ਕਿਹਾ ਕਿ ਇਹ ਢੁਕਵਾਂ ਸਮਾਂ ਹੈ ਜਦੋਂ ਲੋਕ ਇਹਨਾਂ ਦੋਵਾਂ ਪਾਰਟੀਆਂ ਦੇ ਨਾਲ-ਨਾਲ ਦਿੱਲੀ ਦੀਆਂ ਪਾਰਟੀਆਂ ਨੂੰ ਕਰਾਰਾ ਸਬਕ ਸਿਖਾਉਣ।

# ਬਗਲਾਮੁਖੀ ਦੀ ਪੂਜਾ ਕਰਨ ਨਾਲ ਸ਼ਰਧਾਲੂਆਂ ਨੂੰ ਮਾਨਸਿਕ ਸ਼ਾਂਤੀ, ਸ਼ਕਤੀ ਤੇ ਸਕਾਰਾਤਮਕ ਊਰਜਾ ਮਿਲਦੀ : ਪ੍ਰਵੀਨ ਚੌਧਰੀ



**ਲੁਧਿਆਣਾ, 22 ਮਈ (ਸਰਬਜੀਤ ਸੂਫੀ):** ਲੱਖਾਂ ਸ਼ਰਧਾਲੂਆਂ ਲਈ ਅਥਾਹ ਆਸਥਾ ਦਾ ਪ੍ਰਤੀਕ ਮਾਂ ਬਗਲਾਮੁਖੀ ਧਾਮ ਵਿਖੇ ਮਹੰਤ ਪ੍ਰਵੀਨ ਚੌਧਰੀ ਦੀ ਅਗਵਾਈ ਹੇਠ ਇੱਕ ਵਿਸ਼ਾਲ ÷ਸਰਵ ਕਸ਼ੱਤ ਨਿਵਾਰਣ ਯੱਗ÷ (ਅਗਨੀ ਬਲੀਦਾਨ) ਦਾ ਆਯੋਜਨ ਕੀਤਾ ਗਿਆ। ਦੇਸ਼ ਅਤੇ ਸ਼ਹਿਰ ਭਰ ਤੋਂ ਹਜ਼ਾਰਾਂ ਸ਼ਰਧਾਲੂਆਂ ਨੇ ਇਸ ਧਾਰਮਿਕ ਸਮਾਗਮ ਵਿੱਚ ਸ਼ਿਰਕਤ ਕੀਤੀ, ਮਾਂ ਬਗਲਾਮੁਖੀ ਦੇ ਚਰਨਾਂ ਵਿੱਚ ਆਪਣੀ ਆਸਥਾ ਪ੍ਰਗਟ ਕੀਤੀ ਅਤੇ ਯੱਗ ਵਿੱਚ ਭੇਟਾਂ ਚੜ੍ਹਾ ਕੇ ਸਾਰੇ ਦੁੱਖਾਂ ਦੀ ਖ਼ੁਸ਼ੀ, ਖ਼ੁਸ਼ਹਾਲੀ ਅਤੇ ਸਾਰੇ ਦੁੱਖਾਂ ਦੇ ਨਿਵਾਰਣ ਲਈ ਪ੍ਰਾਰਥਨਾ ਕੀਤੀ। ਯੱਗ ਦੌਰਾਨ ਧਾਮ ਪਰਿਸਰ ਭਗਤੀ ਭਰੇ ਮਾਹੌਲ ਨਾਲ ਗੂੰਜ ਉੱਠਿਆ। ਵੈਦਿਕ ਮੰਤਰਾਂ ਦੇ ਜਾਪ ਅਤੇ ਹਵਨ ਦੀ ਪਵਿੱਤਰ ਅੱਗ ਦੇ ਵਿਚਕਾਰ, ਸ਼ਰਧਾਲੂਆਂ ਨੇ ਸ਼ਰਧਾ ਨਾਲ ਆਪਣੀਆਂ ਪ੍ਰਾਰਥਨਾਵਾਂ ਕੀਤੀਆਂ। ਭਜਨ ਅਤੇ ਕੀਰਤਨ ਵੀ ਆਯੋਜਿਤ ਕੀਤੇ ਗਏ, ਜਿਸ ਵਿੱਚ ਸ਼ਰਧਾਲੂਆਂ ਨੇ ਮਾਂ ਬਗਲਾਮੁਖੀ ਦੀ ਉਸਤਤ ਗਾਈ। ਇਸ ਮੌਕੇ ਮਹੰਤ ਪ੍ਰਵੀਨ ਚੌਧਰੀ ਨੇ ਕਿਹਾ ਕਿ ਮਾਂ ਬਗਲਾਮੁਖੀ ਦੀ ਪੂਜਾ ਕਰਨ ਨਾਲ ਜੀਵਨ ਦੀਆਂ ਸਾਰੀਆਂ ਮੁਸੀਬਤਾਂ ਦੂਰ ਹੋ ਜਾਂਦੀਆਂ ਹਨ ਅਤੇ ਸ਼ਰਧਾਲੂਆਂ ਨੂੰ ਮਾਨਸਿਕ ਸ਼ਾਂਤੀ, ਸ਼ਕਤੀ ਅਤੇ ਸਕਾਰਾਤਮਕ ਊਰਜਾ ਮਿਲਦੀ ਹੈ। ਇਸ ਮੌਕੇ ਮਨਪ੍ਰੀਤ ਛਤਵਾਲ, ਸੁਨੀਲ ਮਹਾਜਨ, ਰਮਨ ਘਈ, ਜਤਿੰਦਰ ਸੂਦ, ਮੋਹਿਤ ਸੂਦ, ਸੁਧੀਰ ਮਹਾਜਨ, ਗੌਰਵ ਕਾਲੀਆ, ਸੁਨੀਲ ਹਾਂਡਾ, ਜਤਿਨ ਸੂਦ, ਸੰਦੀਪ ਸੂਦ, ਤਰੁਣ ਚੌਧਰੀ, ਪਰਮਵੀਰ ਚੌਧਰੀ, ਨਰਿੰਦਰ ਸਿੰਗਲਾ, ਇਕਬਾਲ ਸਿੰਘ, ਬਲਜੀਤ ਤ੍ਰਿਖਾ, ਗੌਤਮ ਸਿੰਗਲਾ ਮਹਾਜਨ, ਚੇਤੰਨ ਸਿੰਘ, ਚੇਤੰਨ ਸਿੰਘ ਆਦਿ ਹਾਜ਼ਰ ਸਨ। ਟੰਡਨ, ਸਾਹਿਲ ਸਿੰਗਲਾ, ਰਾਜ ਸੋਲੰਕੀ, ਪੰਕਜ ਗੁਪਤਾ, ਦੀਪਕ ਗਰਗ, ਦਿਨੇਸ਼ ਰੱਲੀ, ਵਰੁਣ ਜੈਨ, ਮਨੀਸ਼ ਗੁਪਤਾ, ਵਿਜੇ ਗੁਪਤਾ, ਪ੍ਰਵੇਸ਼ ਚੱਢਾ, ਰਮਨ ਸ਼ਰਮਾ, ਅਦਿੱਤਿਆ ਗੁਪਤਾ, ਵਰੁਣ ਚੋਪੜਾ, ਤੁਸ਼ਾਰ ਬਾਂਸਲ, ਧੀਰਜ ਗੁਪਤਾ, ਜਨਕ ਰਾਜ ਸਿੰਗਲਾ, ਬੌਬੀ ਮੱਕੜ, ਨਿਜੀ ਮੱਕੜ, ਗੁ: ਪ੍ਰਸ਼ੋਤਮ ਏ. ਜੈਨ, ਰਵਿੰਦਰ ਸਿੰਘ ਵਾਲੀਆ, ਤੇਜਿੰਦਰ ਮਿਗਲਾਨੀ, ਵਰੁਣ ਦੱਤ, ਭੁਪਿੰਦਰ ਸਿੰਘ, ਵੇਦ ਲੂਥਰਾ, ਵਰੁਣ ਸ਼ਰਮਾ, ਪਵਨ ਪਾਰਿਕ, ਅਨੁਜ ਵਧਵਾ, ਆਸ਼ੂਤੋਸ਼ ਗੁਪਤਾ, ਪ੍ਰਦੀਪ ਟਾਟਾ, ਆਰੀਅਨ ਚੱਢਾ ਤੇ ਹੋਰ। ਵੀ ਮੌਜੂਦ ਹਨ।

# ਨੇਬਲਜੀਤ ਸਿੰਘ ਹਨੀ ਨੂੰ ਲੱਡੂਆਂ ਨਾਲ ਤੋਲਿਆਭਾਜਪਾ ਉਮੀਦਵਾਰ ਅੰਜੂ ਰਾਣੀ ਨੇ ਘਰ-ਘਰ ਜਾਕੇ ਵੋਟਾਂ ਮੰਗੀਆਂ



**ਭਦੌੜ, 22 ਮਈ (ਸੁਰਿੰਦਰ ਬੱਤਾ, ਤੇਜਿੰਦਰ ਸ਼ਰਮਾ):** ਵਾਰਡ ਨੰਬਰ 5 ਤੋਂ ਭਾਰਤੀ ਜਨਤਾ ਪਾਰਟੀ ਦੀ ਉਮੀਦਵਾਰ ਅੰਜੂ ਰਾਣੀ ਪਤਨੀ ਪ੍ਰਵੀਨ ਕੁਮਾਰ ਗੌਤਮ ਵਲੋਂ ਲਗਾਤਾਰ ਵੋਟਰਾਂ ਦੇ ਘਰ-ਘਰ ਜਾਕੇ ਵੋਟਾਂ ਮੰਗੀਆਂ ਜਾ ਰਹੀਆਂ ਜਿਸ ਦੌਰਾਨ ਉਨ੍ਹਾਂ ਨੂੰ ਮਹਿਲਾਵਾਂ ਵਲੋਂ ਵੀ ਭਰਵਾਂ ਸਮਰਥਨ ਮਿਲ ਰਿਹਾ ਹੈ। ਉਮੀਦਵਾਰ ਅੰਜੂ ਰਾਣੀ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਲੋਕ ਹਤੈਸ਼ੀ ਪਾਰਟੀ ਹੈ ਜੋ ਲਗਾਤਾਰ ਗਰੀਬ ਵਰਗ ਤੋਂ ਲੈਕੇ ਹਰ ਵਰਗ ਦੇ ਲੋਕਾਂ ਲਈ ਨਿਰਪੱਖ ਤੌਰਤੇ ਹੋਕੇ ਕੰਮ ਕਰ ਰਹੀ ਹੈ ਜਿਸ ਕਾਰਨ ਹੀ ਅੱਜ ਲੋਕਾਂ ਵਲੋਂ ਪਾਰਟੀ ਦੇ ਉਮੀਦਵਾਰਾਂ ਨੂੰ ਭਰਪੂਰ ਸਮਰਥਨ ਮਿਲ ਰਿਹਾ ਹੈ ਤੇ ਆਉਣ ਵਾਲੇ ਸਮੇਂ ਵਾਰਡ ਅੰਦਰ ਵੀ ਕੇਂਦਰ ਸਰਕਾਰ ਦੀਆਂ ਸਕੀਮਾਂ ਨੂੰ ਪੂਰੀ ਤਰ੍ਹਾਂ ਲਾਗੂ ਕੀਤਾ ਜਾਵੇਗਾ।

# ਸਿਹਤ ਵਿਭਾਗ ਵੱਲੋਂ ਡੇਂਗੂ ਰੋਕਥਾਮ ਲਈ ਸਰਵੇ ਤੇ ਜਾਗਰੂਕਤਾ ਕੈਂਪ ਕਰਵਾਇਆ




**ਨੂਰਪੁਰਬੇਦੀ, 22 ਮਈ (ਮਨਦੀਪ ਬਾਲੀ):** ਡੇਂਗੂ ਅਤੇ ਮੱਛਰਾਂ ਨਾਲ ਫੈਲਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਲਈ ਸਿਹਤ ਵਿਭਾਗ ਵੱਲੋਂ ਪਿੰਡ ਹੀਰਪੁਰ ਅਤੇ ਸੈਦਪੁਰ ਵਿਖੇ ਵਿਸ਼ੇਸ਼ ਸਰਵੇ ਅਤੇ ਜਾਗਰੂਕਤਾ ਕੈਂਪ ਲਗਾਇਆ ਗਿਆ। ਇਹ ਮੁਹਿਮ ਜ਼ਿਲ੍ਹਾ ਸਿਵਲ ਸਰਜਨ ਰੂਪਨਗਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਹਰਪ੍ਰੀਤ ਕੌਰ ਦੀ ਅਗਵਾਈ ਹੇਠ ਚਲਾਈ ਗਈ। ਸਿਹਤ ਵਿਭਾਗ ਦੀ ਟੀਮ ਨੇ ਪਿੰਡਾਂ ਦੇ ਵੱਖ-ਵੱਖ ਇਲਾਕਿਆਂ ਵਿੱਚ ਘਰ-ਘਰ ਜਾ ਕੇ ਡੇਂਗੂ ਦੇ ਲਾਰਵਾ ਸਬੰਧੀ ਸਰਵੇ ਕੀਤਾ ਅਤੇ ਲੋਕਾਂ ਨੂੰ ਮੱਛਰਾਂ ਦੇ ਪੈਦਾ ਹੋਣ ਵਾਲੇ ਸਥਾਨਾਂ ਬਾਰੇ ਜਾਣਕਾਰੀ ਦਿੱਤੀ। ਟੀਮ ਵੱਲੋਂ ਘਰਾਂ ਦੇ ਆਲੇ-ਦੁਆਲੇ ਪਏ ਟੁੱਟੇ ਭਾਂਡੇ, ਟਾਇਰ, ਫਰਿਜ਼ ਟ੍ਰੇ, ਕੂਲਰਾਂ ਅਤੇ ਖੜ੍ਹੇ ਪਾਣੀ ਵਾਲੀਆਂ ਥਾਵਾਂ ਦੀ ਜਾਂਚ ਕੀਤੀ ਗਈ। ਇਸ ਦੌਰਾਨ ਸ਼ੱਕੀ ਥਾਵਾਂ ਤੋਂ ਡੇਂਗੂ ਲਾਰਵਾ ਸਬੰਧੀ ਸੈਂਪਲ ਵੀ ਇਕੱਠੇ ਕੀਤੇ ਗਏ। ਇਸ ਮੌਕੇ ਸੀਐਚਓ ਮਨੀਸ਼ਾ ਰਾਣੀ, ਆਸ਼ਾ ਵਰਕਰ ਹਰਜੀਤ ਕੌਰ, ਲਵਪ੍ਰੀਤ ਕੌਰ, ਕਮਲ ਕਿਸ਼ੋਰ ਸ਼ਰਮਾ, ਆਂਗਨਵਾੜੀ ਵਰਕਰ ਗੁਰਬਖਸ਼ ਕੌਰ ਅਤੇ ਸਕੂਲ ਅਧਿਆਪਕਾ ਸੁਰਿੰਦਰ ਕੌਰ ਸਮੇਤ ਹੋਰ ਸਿਹਤ ਕਰਮਚਾਰੀ ਹਾਜ਼ਰ ਸਨ।

# ਕੰਵਲਜੀਤ ਦੀ ਮੌਤ ਮਾਮਲੇ 'ਚ ਕਿਸਾਨ, ਮਜ਼ਦੂਰ ਜਥੇਬੰਦੀਆਂ ਨੇ ਲਾਇਆ ਧਰਨਾ



**ਸ੍ਰੀ ਮੁਕਤਸਰ ਸਾਹਿਬ, ਮਲੋਟ, 22 ਮਈ (ਆਦੇਸ਼):** ਮਲੋਟ ਸ਼ਹਿਰ ਦੇ ਗੁਰੂ ਨਾਨਕ ਦੇਵ ਜੀ ਚੌਂਕ 'ਚ ਅੱਜ ਭਾਰਤੀ ਕਿਸਾਨ ਯੂਨੀਅਨ ਵੱਲੋਂ ਧਰਨਾ ਦਿੱਤਾ ਗਿਆ। ਇਸ ਧਰਨੇ ਦੀ ਅਗਵਾਈ ਚਰਨਜੀਤ ਸਿੰਘ ਜ਼ਿਲ੍ਹਾ ਪ੍ਰਧਾਨ ਕੁੱਲ ਹਿੰਦ ਕਿਸਾਨ ਸਭਾ, ਕੁਲਦੀਪ ਸਿੰਘ ਨੇਤਾ, ਗੁਰਮੇਲ ਸਿੰਘ ਗੇਲਾ ਕੁਰਾਈਵਾਲਾ ਤੇ ਹੋਰਨਾਂ ਆਗੂਆਂ ਨੇ ਕੀਤੀ। ਧਰਨੇ 'ਚ ਬਾਬਾ ਬੰਦਾ ਬਹਾਦਰ, ਕਿਸਾਨ ਜਥੇਬੰਦੀ ਭਾਰਤ ਅਤੇ ਏਟਕ ਜਥੇਬੰਦੀ ਤੇ ਸੁਰਜੀਤ ਸਿੰਘ ਇਕਾਈ ਪ੍ਰਧਾਨ ਸਿੱਧੂਪੁਰ ਤੇ ਸੁਖਮੰਦਰ ਸਿੰਘ ਮਾਲਵਾ ਹਰੀਕੇ ਕਿਸਾਨ ਜਥੇਬੰਦੀ ਤੋਂ ਇਲਾਵਾ ਵੱਖ-ਵੱਖ ਕਿਸਾਨ ਜਥੇਬੰਦੀਆਂ ਦੇ ਆਗੂ ਸ਼ਾਮਲ ਹੋਏ। ਜਥੇਬੰਦੀਆਂ ਦੇ ਆਗੂਆਂ ਨੇ ਦੱਸਿਆ ਕਿ 8 ਮਈ ਨੂੰ ਪਿੰਡ ਸ਼ੇਰਗੜ੍ਹ ਵਿਖੇ ਜ਼ਮੀਨ ਦੇ ਰੌਲੇ ਦੌਰਾਨ ਵਕੀਲ ਗੁਰਜੀਤ ਸਿੰਘ ਤੇਜਧਾਰ ਹਥਿਆਰਾਂ ਨਾਲ ਲੈਸ ਆਪਣੇ 16-17 ਸਾਥੀਆਂ ਨਾਲ ਖੇਤ ਆਇਆ। ਇਸ ਝਗੜੇ ਦੌਰਾਨ ਕੰਵਲਜੀਤ ਸਿੰਘ ਜ਼ਖਮੀ ਹੋ ਗਿਆ ਸੀ। ਵਕੀਲ ਗੁਰਜੀਤ ਸਿੰਘ ਦੀ ਮੌਤ ਹੋ ਗਈ ਸੀ। ਆਗੂਆਂ ਨੇ ਦੱਸਿਆ ਕਿ ਸਾਡੇ ਬੰਦੇ ਕੰਵਲਜੀਤ ਸਿੰਘ ਦੀ 17 ਮਈ ਨੂੰ ਇਲਾਜ ਦੌਰਾਨ ਮੌਤ ਹੋ ਗਈ ਸੀ। ਆਗੂਆਂ ਨੇ ਕਿਹਾ ਕਿ ਪੁਲਿਸ ਨੇ ਦੂਜੀ ਧਿਰ ਦੇ ਦਬਾਅ 'ਚ ਕੰਵਲਜੀਤ ਅਤੇ ਸਾਡੇ ਦੋ ਵਿਅਕਤੀਆਂ 'ਤੇ ਪਰਚਾ ਦਰਜ ਕੀਤਾ ਸੀ। ਉਨ੍ਹਾਂ ਕਿਹਾ ਮਰਨ ਤੋਂ ਪਹਿਲਾਂ ਕੰਵਲਜੀਤ ਵੱਲੋਂ ਦਿੱਤੇ ਬਿਆਨਾਂ ਦੇ ਅਧਾਰ 'ਤੇ ਪੁਲਿਸ ਨੇ ਇਕ ਨਾਮਜ਼ਦ ਤੇ ਦੋ ਅਣਪਛਾਤਿਆਂ 'ਤੇ ਪਰਚਾ ਦਰਜ ਕੀਤਾ ਸੀ ਪਰ ਉਸਨੂੰ ਅਜੇ ਤੱਕ ਗ੍ਰਿਫਤਾਰ ਨਹੀਂ ਕੀਤਾ ਗਿਆ ਹੈ। ਆਗੂਆਂ ਨੇ ਕਿਹਾ ਜਿਨ੍ਹਾਂ ਚਿਰ ਪਰਚੇ 'ਚ ਨਾਮਜ਼ਦ ਵਿਕਅਤੀ ਗ੍ਰਿਫ਼ਤਾਰ ਨਹੀਂ ਕੀਤਾ ਜਾਂਦਾ ਅਤੇ ਬਾਕੀ ਦੋਸ਼ੀਆਂ ਨੂੰ ਨਾਮਜ਼ਦ ਕਰਕੇ ਗ੍ਰਿਫ਼ਤਾਰ ਨਹੀਂ ਕੀਤਾ ਜਾਂਦਾ ਸੰਘਰਸ਼ ਜਾਰੀ ਰਹੇਗਾ। ਇਸ ਮੌਕੇ ਚਰਨਜੀਤ ਸਿੰਘ (ਜ਼ਿਲ੍ਹਾ ਪ੍ਰਧਾਨ), ਹਰਜੀਤ ਸਿੰਘ ਟਿਕਾਣੀ, ਸੁਖਵਿੰਦਰ ਸਿੰਘ, ਨਾਨਕ ਸਿੰਘ, ਜਗਦੇਵ ਸਿੰਘ ਅਤੇ ਹੋਰ ਵੱਡੀ ਗਿਣਤੀ ਵਿੱਚ ਵਰਕਰ ਅਤੇ ਕਿਸਾਨ ਆਗੂ ਹਾਜ਼ਰ ਸਨ। ਜਥੇਬੰਦੀਆਂ ਨੇ ਸਾਫ਼ ਕਰ ਦਿੱਤਾ ਹੈ ਕਿ ਇਹ ਲੜਾਈ ਇਨਸਾਫ਼ ਮਿਲਣ ਤੱਕ ਜਾਰੀ ਰਹੇਗੀ।

**❖ ਓਧਰ ਡੀਐਸਪੀ ਮਲੋਟ ਨੇ ਕਿਹਾ ਕਿ ਬੀਤੀ 08 ਮਈ ਨੂੰ ਪਿੰਡ ਸ਼ੇਰਗੜ੍ਹ ਵਿਖੇ ਜ਼ਮੀਨ ਦੇ ਰੌਲੇ ਨੂੰ ਲੈ ਕੇ ਝਗੜਾ ਹੋਇਆ ਸੀ ਤੇ ਇਸ ਦੌਰਾਨ ਇਕ ਵਕੀਲ ਦਾ ਕਤਲ ਹੋ ਗਿਆ ਸੀ ਜਿਸਤੋਂ ਬਾਅਦ ਪੁਲਿਸ ਨੇ ਤਿੰਨ ਵਿਅਕਤੀਆਂ ਖਿਲਾਫ਼ ਪਰਚਾ ਦਰਜ ਕੀਤਾ ਸੀ। ਜਿਸ ਵਿੱਚ ਜਗਮੀਤ ਸਿੰਘ ਦੀ ਗ੍ਰਿਫ਼ਤਾਰੀ ਪਾ ਲਈ ਸੀ। ਕੰਵਲਜੀਤ ਸਿੰਘ ਦੀ ਲੱਤ 'ਤੇ ਸੱਟ ਸੀ ਅਤੇ ਉਹ ਸ਼ੂਗਰ ਦਾ ਮਰੀਜ ਸੀ ਜਿਸਦੀ ਮੌਤ ਹੋ ਗਈ। ਕੰਵਲਜੀਤ ਮਰਨ ਤੋਂ ਪਹਿਲਾਂ ਬਿਆਨ ਦੇ ਗਿਆ ਸੀ ਜਿਸਦੇ ਅਧਾਰ 'ਤੇ ਰਾਜੂ ਮੁਨਸੀ ਤੇ ਹੋਰ ਦੋ ਅਣਪਛਾਤੇ ਵਿਅਕਤੀਆਂ ਖਿਲਾਫ ਪਰਚਾ ਦਰਜ਼ ਕੀਤਾ ਸੀ। ਮਾਮਲੇ ਦੀ ਜਾਂਚ ਚਲ ਰਹੀ ਹੈ।**

# ਜ਼ਿਲ੍ਹਾ ਕਚਹਿਰੀ ਕੰਪਲੈਕਸ, ਸ੍ਰੀ ਮੁਕਤਸਰ ਸਾਹਿਬ ਵਿਖੇ ਵਾਤਾਵਰਨ ਨੂੰ ਬਚਾਉਣ ਲਈ ਪੌਦੇ ਲਗਾਉਣ ਸਬੰਧੀ ਮੁਹਿੰਮ ਦੀ ਸ਼ੁਰੂਆਤ




**ਦੋਦਾ/ਸ੍ਰੀ ਮੁਕਤਸਰ ਸਾਹਿਬ, 22 ਮਈ (ਮਨਜੀਤ ਸਿੱਧੂ):** ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸ.ਏ.ਐੱਸ. ਨਗਰ (ਮੋਹਾਲੀ) ਜੀਆਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਜਿਲ੍ਹਾ ਕਚਹਿਰੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਸਪੈਸਲ ਵਾਤਾਵਰਨ ਬਚਾਉਣ ਲਈ ਚਲਾਈ ਮੁਹਿੰਮ ਤਹਿਤ ਸ੍ਰੀਮਤੀ ਜਸਵਿੰਦਰ ਸ਼ੀਮਰ, ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਕਮ-ਚੇਅਰਮੈਨ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ੍ਰੀ ਮੁਕਤਸਰ ਸਾਹਿਬ ਵਲੋ ਅੱਜ ਮਿਤੀ 22.05.2026 ਨੂੰ ਕਚਹਿਰੀ ਕੰਪਲੈਕਸ, ਸ੍ਰੀ ਮੁਕਤਸਰ ਸਾਹਿਬ ਵਿਖੇ ਵੱਖ-ਵੱਖ ਤਰ੍ਹਾਂ ਦੇ ਫਲਦਾਰ ਪੌਦੇ ਲਗਾਏ ਗਏ। ਇਸ ਮੌਕੇ ਸ੍ਰੀ ਅਵਤਾਰ ਸਿੰਘ, ਵਧੀਕ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ; ਸ੍ਰੀ ਰਮਨ ਸ਼ਰਮਾ, ਵਧੀਕ ਜਿਲ੍ਹਾ ਅਤੇ ਸੈਸ਼ਨ ਜੱਜ, ਮਿਸ: ਗਰੀਸ, ਪ੍ਰਿੰਸੀਪਲ ਜੱਜ ਫੈਮਿਲੀ ਕੋਰਟ, ਸ਼੍ਰੀ ਨੀਰਜ ਕੁਮਾਰ ਸਿੰਗਲਾ, ਸਿਵਲ ਜੱਜ (ਸੀਨੀਅਰ ਡਿਵੀਜਨ), ਮਿਸ: ਰੂਪਾ ਧਾਲੀਵਾਲ, ਚੀਫ ਜੂਡੀਸ਼ੀਅਲ ਮੈਜਿਸਟ੍ਰੇਟ; ਮਿਸ: ਰਾਜਬੀਰ ਕੌਰ, ਵਧੀਕ ਸਿਵਲ ਜੱਜ (ਸੀਨੀ.ਡਵੀ.); ਮਿਸ: ਜਸਕਿਰਨ ਸੋਂਧ, ਜੂਡੀਸ਼ੀਅਲ ਮੈਜਿਸਟ੍ਰੇਟ ਦਰਜਾ ਪਹਿਲਾ; ਮਿਸ: ਅਸਮਿਤਾ ਰੋਮਾਨਾ, ਜੂਡੀਸ਼ੀਅਲ ਮੈਜਿਸਟ੍ਰੇਟ ਦਰਜਾ ਪਹਿਲਾ; ਵਲੋ ਵੀ ਵੱਖ-ਵੱਖ ਤਰ੍ਹਾਂ ਦੇ ਪੌਦੇ ਲਗਾਏ ਗਏ। ਸ੍ਰੀਮਤੀ ਜਸਵਿੰਦਰ ਸ਼ੀਮਰ, ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਕਮ-ਚੇਅਰਮੈਨ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਜੀਆ ਨੇ ਦੱਸਿਆ ਕਿ ਚੰਗੇ ਤੇ ਸ਼ਾਂਤ ਵਾਤਾਵਰਨ ਵਿਚ ਚੰਗੀ ਸਖਸ਼ੀਅਤ ਦਾ ਵਿਕਾਸ ਪੈਦਾ ਹੁੰਦਾ ਹੈ ਤੇ ਗੰਦਲੇ ਵਾਤਾਵਰਨ ਵਿਚ ਅਪੰਗ ਸਖਸ਼ੀਅਤ ਵਿਕਸਿਤ ਹੁੰਦੀ ਹੈ ਅਤੇ ਤਨਾਅ ਪੈਦਾ ਹੁੰਦਾ ਹੈ। ਵਾਤਾਵਰਨ ਪ੍ਰਦੂਸ਼ਨ ਦੀ ਸਮਸਿਆ ਦੇ ਹੱਲ ਲਈ 1952 ਵਿਚ ਸੁਯੰਕਤ ਰਾਸ਼ਟਰ ਸੰਗ ਨੇ ਸਟਾਕਹੋਮ (ਸਵੀਡਨ) ਵਿਚ ਦੁਨੀਆ ਭਰ ਵਿਚ ਪਹਿਲਾ ਵਾਤਾਵਰਨ ਸਮੇਲਨ ਆਯੋਜਿਤ ਕੀਤਾ ਗਿਆ ਸੀ। ਇਸ ਮੌਕੇ ਵਣ ਵਿਭਾਗ ਦੇ ਸਹਿਯੋਗ ਨਾਲ ਸਟਾਫ ਵਲੋ ਵੀ ਬੂਟੇ ਲਗਾਏ ਗਏ।

**ਰੋਜ਼ਾਨਾ ਦੇਸ਼ ਪ੍ਰਦੇਸ਼ ਵੱਲੋਂ ਬਠਿੰਡਾ ਲਈ ਰਾਣਾ ਸ਼ਰਮਾ ਨੂੰ ਜ਼ਿਲ੍ਹਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਖਬਰਾਂ, ਸਮਾਜਿਕ ਗਤੀਵਿਧੀਆਂ ਅਤੇ ਇਸ਼ਤਿਹਾਰ ਸਮੱਗਰੀ ਪ੍ਰਕਾਸ਼ਿਤ ਕਰਵਾਉਣ ਲਈ ਸੰਪਰਕ ਕਰੋ: 75080-01908**
**Email: bathindanews0164@gmail.com**



# ਆਈ.ਐਸ.ਐਫ ਕਾਲਜ ਆਫ਼ ਫਾਰਮੇਸੀ ਤੋਂ 5 ਵਿਦਿਆਰਥੀ ਸੁਰੱਖਿਅਤ ਪਲੇਸਮੈਂਟ



ਮੋਗਾ, 22 ਮਈ ( ਜਗਰਾਜ ਸੰਘਾ ) : ਰਾਜ ਦੀ ਇੱਕ ਪ੍ਰਮੁੱਖ ਵਿਦਿਅਕ ਸੰਸਥਾ 9 ਆਈ.ਐਸ.ਐਫ ਕਾਲਜ ਆਫ਼ ਫਾਰਮੇਸੀ ਦੇ ਪੰਜ ਵਿਦਿਆਰਥੀਆਂ ਨੂੰ ਵੱਖ-ਵੱਖ ਕੰਪਨੀਆਂ ਵਿੱਚ ਰੁਜ਼ਗਾਰ ਲਈ ਚੁਣਿਆ ਗਿਆ ਹੈ। ਇਸ ਪ੍ਰਾਪਤੀ ਬਾਰੇ ਵੇਰਵੇ ਦਿੰਦੇ ਹੋਏ, ਸੰਸਥਾ ਦੇ ਪਲੇਸਮੈਂਟ ਅਫ਼ਸਰ, ਡਾ. ਅਮਨਦੀਪ ਸਿੰਘ ਨੇ ਸਫਲ ਪਲੇਸਮੈਂਟਾਂ ਦਾ ਐਲਾਨ ਕੀਤਾ: ਸਯਾਨ ਸਮੂਈ, ਇੱਕ ਐਮ.ਫਾਰਮ (ਫਾਰਮਾਸਿਊਟਿਕਸ) ਵਿਦਿਆਰਥੀ, ਨੂੰ ਬਾਇਓਵੇਨਿਕ ਹੈਲਥਕੇਅਰ ਪ੍ਰਾਈਵੇਟ ਲਿਮਿਟਿਡ ਵਿਖੇ ਫਾਰਮੂਲੇਸ਼ਨ ਡਿਵੈਲਪਮੈਂਟ (ਪੈਰੇਂਟਰਲ) ਦੇ ਅਹੁਦੇ ਲਈ ਚੁਣਿਆ ਗਿਆ ਹੈ। ਵਿਦਿਆਰਥੀ ਵੀਰੇਸ਼ ਕੁਮਾਰ ਨੂੰ ਜੈਸਪਰ ਕੋਲਿਨ ਵਿਖੇ ਰਿਸਰਚ ਐਸੋਸੀਏਟ ਵਜੋਂ ਚੁਣਿਆ ਗਿਆ ਹੈ; ਸੁਭਰਾਜੋਤੀ ਮੁਖਰਜੀ ਨੂੰ ਵਿਪਰੋ ਵਿਖੇ ਐਸੋਸੀਏਟ ਵਜੋਂ; ਬੀ.ਫਾਰਮ ਦੇ ਵਿਦਿਆਰਥੀ ਵਿੱਕੀ ਕੁਮਾਰ ਨੂੰ ਸ਼੍ਰੀ ਧਨਵੰਤਰੀ ਹਰਬਲ ਵਿਖੇ ਪ੍ਰੋਡਕਸ਼ਨ ਅਫ਼ਸਰ ਵਜੋਂ; ਅਤੇ ਰਿਆ ਕੌਸ਼ਲ, ਇੱਕ 6ਵੇਂ ਸਾਲ ਦੀ ਫਾਰਮਾ.ਡੀ. ਦੀ ਵਿਦਿਆਰਥਣ, ਮਾਈਕ੍ਰੋ ਡੇਟਾ ਲੈਬ, ਹਰਿਆਣਾ ਵਿਖੇ ਜੂਨੀਅਰ ਕਲੀਨਿਕਲ ਰਿਸਰਚ ਕੋਆਰਡੀਨੇਟਰ ਵਜੋਂ। ਇਸ ਮੌਕੇ @ਤੇ ਬੋਲਦਿਆਂ, ਸੰਸਥਾ ਦੇ ਡਾਇਰੈਕਟਰ, ਡਾ. ਜੀ.ਡੀ. ਗੁਪਤਾ ਨੇ ਕਿਹਾ ਕਿ ਮਿਆਰੀ ਸਿੱਖਿਆ ਪ੍ਰਦਾਨ ਕਰਨ ਦੇ ਨਾਲ-ਨਾਲ, ਸੰਸਥਾ ਆਪਣੇ ਵਿਦਿਆਰਥੀਆਂ ਲਈ ਖੋਜ, ਸ਼ਖਸੀਅਤ ਵਿਕਾਸ, ਹੁਨਰ ਵਾਧਾ ਅਤੇ ਨਰਮ ਹੁਨਰਾਂ @ਤੇ ਲਗਾਤਾਰ ਧਿਆਨ ਕੇਂਦਰਤ ਕਰਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਪਲੇਸਮੈਂਟ ਅਫਸਰ ਡਾ. ਅਮਨਦੀਪ ਸਿੰਘ ਅਤੇ ਫਾਰਮ.ਡੀ. ਵਿਭਾਗ ਦੇ ਮੁਖੀ, ਡਾ. ਸੌਰਭ ਕੋਸੇ, ਵਿਦਿਆਰਥੀਆਂ ਨੂੰ ਲਗਾਤਾਰ ਮਾਰਗਦਰਸ਼ਨ ਕਰ ਰਹੇ ਹਨ - ਤਕਨੀਕੀ ਗਿਆਨ ਪ੍ਰਦਾਨ ਕਰ ਰਹੇ ਹਨ ਅਤੇ ਉਨ੍ਹਾਂ ਨੂੰ ਨਾਮਵਰ ਕੰਪਨੀਆਂ ਅਤੇ ਹਸਪਤਾਲਾਂ ਵਿੱਚ ਪਲੇਸਮੈਂਟ ਪ੍ਰਾਪਤ ਕਰਨ ਲਈ ਪ੍ਰੇਰਿਤ ਕਰ ਰਹੇ ਹਨ। ਚੁਣੇ ਗਏ ਵਿਦਿਆਰਥੀਆਂ ਨੂੰ ਆਪਣੀਆਂ ਸ਼ੁਭਕਾਮਨਾਵਾਂ ਦੇਣ ਲਈ ਇਸ ਸਮਾਗਮ ਵਿੱਚ ਸੰਸਥਾ ਦੇ ਚੇਅਰਮੈਨ ਪ੍ਰਵੀਨ ਗਰਗ, ਸਕੱਤਰ ਇੰਜੀਨੀਅਰ ਜਨੇਸ਼ ਗਰਗ, ਡਾ. ਮੁਸਕਾਨ ਗਰਗ, ਡਾਇਰੈਕਟਰ ਡਾ. ਜੀ.ਡੀ. ਗੁਪਤਾ, ਆਈਐਸਐਫਸੀਪੀਆਰ ਦੇ ਪ੍ਰਿੰਸੀਪਲ ਡਾ. ਆਰ.ਕੇ. ਨਾਰੰਗ, ਪ੍ਰੀਖਿਆਵਾਂ ਦੇ ਡੀਨ ਇੰਜੀਨੀਅਰ ਜਸਪ੍ਰੀਤ ਇੰਦਰ ਸਿੰਘ, ਵਿਦਿਆਰਥੀ ਭਲਾਈ ਦੇ ਡੀਨ ਡਾ. ਜੀ.ਐਸ. ਸ਼ਰਮਾ, ਡਾ. ਸੌਰਭ ਕੋਸੇ, ਡਾ. ਅਮਨਦੀਪ ਸਿੰਘ, ਡਾ. ਸ਼ਮਸ਼ੇਰ ਸਿੰਘ, ਡਾ. ਸੰਤ ਕੁਮਾਰ ਵਰਮਾ, ਡਾ. ਕਾਲੀਚਰਨ ਸ਼ਰਮਾ, ਡਾ. ਖੜਗ ਰਾਜ ਅਤੇ ਡਾ. ਬਾਲਕ ਦਾਸ ਕੁਰਮੀ ਮੌਜੂਦ ਸਨ।

## ਦਿੱਲੀ ਤੋਂ ਚੱਲਦੀਆਂ ਪਾਰਟੀਆਂ ਨੇ ਪੰਜਾਬ ਦਾ ਵੱਡਾ ਨੁਕਸਾਨ ਕੀਤਾ - ਸੁਖਬੀਰ ਸਿੰਘ ਬਾਦਲ



ਗਿੱਦੜਬਾਹਾ, 22 ਮਈ (ਕੁਲਦੀਪ ਜਿੰਦਲ) - ਦਿੱਲੀ ਤੋਂ ਚੱਲਦੀਆਂ ਪਾਰਟੀਆਂ ਨੇ ਪਿਛਲੇ 10 ਸਾਲਾਂ ਵਿੱਚ ਪੰਜਾਬ ਦਾ ਵੱਡਾ ਨੁਕਸਾਨ ਕੀਤਾ ਹੈ, ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਗਿੱਦੜਬਾਹਾ ਵਿਖੇ ਸਾਬਕਾ ਵਿਧਾਇਕ ਸਵ. ਰਘਬੀਰ ਸਿੰਘ ਪ੍ਰਧਾਨ ਦੇ ਗ੍ਰਹਿ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਗਿੱਦੜਬਾਹਾ ਹਲਕਾ ਬਾਦਲ ਪਰਿਵਾਰ ਦਾ ਨਿੱਜੀ ਹਲਕਾ ਹੈ ਅਤੇ ਅਕਾਲੀ ਵਰਕਰ ਉਨ੍ਹਾਂ ਨੂੰ ਹਰ ਸਮੇਂ ਗਿੱਦੜਬਾਹਾ ਵਿਖੇ ਮੌਜੂਦ ਹੋਣ ਦਾ ਅਹਿਸਾਸ ਕਰਵਾਉਣ ਕਿਉਂਕਿ ਉਹ ਆਪਣੇ ਪਾਰਟੀ ਵਰਕਰਾਂ ਨਾਲ ਹਮੇਸ਼ਾ ਡਟ ਕੇ ਖੜੇ ਰਹੇ ਹਨ, ਖੜੇ ਹਨ ਅਤੇ ਖੜੇ ਹੀ ਰਹਿਣਗੇ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਨਤਾ ਹੀ ਬਦਲਾਓ ਵਾਲੀ ਆਪ ਸਰਕਾਰ ਤੋਂ ਅੱਕ ਚੁੱਕੀ ਹੈ ਤੇ ਲੋਕ ਹੁਣ ਆਪਣੀ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲ ਵੇਖ ਰਹੇ ਹਨ ਅਤੇ 2027 ਵਿੱਚ ਪੰਜਾਬ ਅੰਦਰ ਲੋਕਾਂ ਦੀ ਆਪਣੀ ਸਰਕਾਰ ਹੋਵੇਗੀ। ਉਨ੍ਹਾਂ ਕਿਹਾ ਕਿ ਲੋਕ ਪੰਜਾਬ ਦੇ ਲੋਕਾਂ ਦੇ ਹਿੱਤ ਲਈ ਜੋ ਕੰਮ ਉਨ੍ਹਾਂ ਦੇ ਪਿਤਾ ਤੇ ਸਾਬਕਾ ਮੁੱਖ ਮੰਤਰੀ ਸਵਰਗੀ ਪ੍ਰਕਾਸ਼ ਸਿੰਘ ਬਾਦਲ ਅਤੇ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਵੱਲੋਂ ਕੀਤੇ ਗਏ ਹਨ, ਉਹ ਕੰਮ ਦਿੱਲੀ ਤੋਂ ਚੱਲਦੀਆਂ ਪਾਰਟੀਆਂ ਨੇ 60 ਸਾਲ ਵਿੱਚ ਵੀ ਨਹੀਂ ਕੀਤੇ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਬਚਾਉਣ ਲਈ ਖੇਤਰੀ ਪਾਰਟੀ ਦਾ ਮਜ਼ਬੂਤ ਹੋਣਾ ਜ਼ਰੂਰੀ ਹੈ। ਪੰਜਾਬ ਅੰਦਰ ਹੋ ਰਹੀਆਂ ਨਗਰ ਨਿਗਮ ਅਤੇ ਨਗਰ ਕੌਂਸਲ ਚੋਣਾਂ ਵਿੱਚ ਅਕਾਲੀ ਦਲ ਦੀ ਵੱਡੀ ਜਿੱਤ ਦਾ ਦਾਅਵਾ ਕਰਦਿਆਂ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਲੋਕ ਅਕਾਲੀ ਪਾਰਟੀ ਦੇ ਹੱਕ ਵਿੱਚ ਵੋਟ ਪਾ ਕੇ ਪੰਜਾਬ ਵਿੱਚ 2027 ਵਿੱਚ ਅਕਾਲੀ ਦਲ ਦੀ ਸਰਕਾਰ ਦਾ ਮੁੱਢ ਬੰਨ੍ਹਣ ਜਾ ਰਹੇ ਹਨ। ਇਸ ਮੌਕੇ ਸਵ. ਰਘਬੀਰ ਸਿੰਘ ਪ੍ਰਧਾਨ ਦੇ ਬੇਟੇ ਦੀਪਕ ਗਰਗ, ਦਿਨੇਸ਼ ਗਰਗ ਅਤੇ ਪਰਿਵਾਰਕ ਮੈਂਬਰਾਂ ਤੋਂ ਇਲਾਵਾ ਬੀਬੀ ਗੁਰਦਿਆਲ ਕੌਰ ਮੱਲਣ, ਐਡਵੋਕੇਟ ਗੁਰਮੀਤ ਸਿੰਘ ਮਾਨ, ਗੁਰਵਿੰਦਰ ਸਿੰਘ ਵਣਵਾਲਾ, ਜੱਥੇਦਾਰ ਨਵਤੇਜ ਸਿੰਘ ਕਾਉਣੀ, ਡਾ. ਭੁਪਿੰਦਰ ਸਿੰਘ, ਡਾ. ਬਲਤੇਜ ਸਿੰਘ, ਭੁਪਿੰਦਰ ਸਿੰਘ ਬੇਦੀ, ਡਾ. ਰਜਿੰਦਰ ਸਿੰਘ ਪੁਰਬਾ, ਬਲਦੇਵ ਬਾਘਲਾ, ਮੇਘ ਰਾਜ ਬੁੱਟਰ, ਰਾਜੂ ਗਰੋਵਰ, ਦੁਰਗਾ ਪ੍ਰਦਾਸ ਬਾਂਸਲ ਅਤੇ ਗੁਲਸ਼ਨ ਬਾਂਸਲ ਆਦਿ ਵੀ ਮੌਜੂਦ ਸਨ।

## ਕਿਸਾਨਾਂ ਨੂੰ ਖੇਤਾਂ ਵਾਲੀ ਮੋਟਰਾਂ ਦੀ ਬਿਜਲੀ ਅੱਠ ਘੰਟੇ ਦਿੱਤੀ ਜਾਵੇ



ਮੋਗਾ 22 ਮਈ (ਜਗਰਾਜ ਸਿੰਘ ਸੰਘਾ )ਪਿੰਡ ਢੁੱਡੀਕੇ ਕਿਲੀ ਚਾਹਲਾਂ ਕੋਕਰੀ ਕਲਾਂ, ਮਟਵਾਣੀ, ਨੱਥੂਵਾਲਾ ਆਦਿ ਦੇ ਕਿਸਾਨਾ ਨੇ ਇਕੱਠੇ ਹੋਕੇ ਭਾਰਤੀ ਕਿਸਾਨ ਯੂਨੀਅਤ (ਕ ਰਾਂਤੀਕਾਰੀ ਦੀ ਅਗਵਾਈ ਹੇਠ ਸਬ ਸਟੇਸ਼ਨ ਅਜੀਤਵਾਲ ਦੇ ਐਸਡੀਓ ਨੂੰ ਮੰਗ ਪੱਤਰ ਦਿੰਦੇ ਹੋਏ ਇਹ ਜਰੂਰੀ ਮੰਗ ਕਰਦੇ ਹੋਏ ਕਿਹਾ ਕਿ ਉਪਰੋਕਤ ਪਿੰਡਾ ਦੇ ਕਿਸਾਨਾਂ ਨੂੰ 8 ਘੰਟੇ ਲਗਾਤਾਰ ਬਿਜਲੀ ਦੀ ਸਪਲਾਈ ਦਿੱਤੀ ਜਾਵੇ ਇਹਨਾਂ ਪਿੰਡਾਂ ਦੇ ਕਿਸਾਨਾਂ ਨੂੰ ਬਿਜਲੀ ਇੱਕ ਦਿਨ ਛੱਡਕੇ ਆ ਰਹੀ ਹੈ ਉਹ ਵੀ ਪੂਰੀ ਨਹੀ ਆ ਰਹੀ ਜਿਸ ਵਿੱਚ ਪਾਵਰ ਕੱਟ ਵੀ ਆ ਜਾਂਦਾ ਹੈ ਜਿਸ ਕਰਕੇ ਕੋਈ ਕਿਆਰਾ ਸਿਰੇ ਨਹੀਂ ਚੜਦਾ ਇਸ ਕਰਕੇ ਪਾਣੀ ਦੀ ਬਰਬਾਦੀ ਦੀ ਹੋ ਰਹੀ ਹੈ ਫਸਲਾਂ ਦਾ ਨੁਕਸਾਨ ਵੀ ਹੋ ਰਿਹਾ ਝੋਨੇ ਦੇ ਸੀਜ਼ਨ ਤੋਂ ਪਹਿਲਾਂ ਟਰਾਂਸਫਰ ਸਵਿਚਾਂ ਤੇ ਜੰਪਰਾ ਦੀ ਮੁਕੰਮਲ ਮੁਰੰਮਤ ਕੀਤੀ ਜਾਵੇ ਜੇਕਰ ਜੇਕਰ ਸਾਡੀ ਮੰਗ ਨੂੰ ਨਾ ਮੰਨਿਆ ਗਿਆ ਤਾਂ ਕਿਸਾਨਾਂ ਨੂੰ ਮਜਬੂਰੀ ਵਸ ਸੰਘਰਸ਼ ਕਰਨਾ ਪਵੇਗਾ ਜਿਸ ਦੀ ਜਿੰਮੇਵਾਰੀ ਬਿਜਲੀ ਬੋਰਡ ਦੀ ਹੋਵੇਗੀ

## ਪੀ.ਏ.ਯੂ. ਨੇ ਨਾਗਪੁਰ ਸਥਿਤ ਕੰਪਨੀ ਨਾਲ ਨਰਮੇ ਦੀ ਵਿਕਸਿਤ ਕਿਸਮ ਲਈ ਸਮਝੌਤਾ ਕੀਤਾ



ਲੁਧਿਆਣਾ 22 ਮਈ, 2026 ਅੱਜ ਪੀ.ਏ.ਯੂ. ਅਤੇ ਨਾਗਪੁਰ ਮਹਾਂਰਾਸ਼ਟਰ ਸਥਿਤ ਕੰਪਨੀ ਅੰਕੁਰ ਸੀਡਜ਼ ਪ੍ਰਾਈਵੇਟ ਲਿਮਿਟਡ ਵਿਚਕਾਰ ਇਕ ਸਮਝੌਤੇ ਉੱਪਰ ਦਸਤਖਤ ਕੀਤੇ ਗਏ। ਪੀ.ਏ.ਯੂ. ਦੀ ਤਰਫੋਂ ਨਿਰਦੇਸ਼ਕ ਖੋਜ ਡਾ. ਅਜਮੇਰ ਸਿੰਘ ਢੱਟ ਅਤੇ ਸੰਬੰਧਿਤ ਕੰਪਨੀ ਵੱਲੋਂ ਡਾ. ਆਰ ਕੇ ਗੁੰਬਰ ਨੇ ਸਮਝੌਤੇ ਦੀਆਂ ਸ਼ਰਤਾਂ ਉੱਪਰ ਸਹੀ ਪਾਈ। ਇਸ ਮੌਕੇ ਖੇਤੀਬਾੜੀ ਅਤੇ ਬਾਗਬਾਨੀ ਬਾਰੇ ਵਧੀਕ ਨਿਰਦੇਸ਼ਕ ਖੋਜ ਡਾ. ਗੁਰਜੀਤ ਸਿੰਘ ਮਾਂਗਟ, ਡਾ. ਮਹੇਸ਼ ਕੁਮਾਰ, ਤਕਨਾਲੋਜੀ ਵਪਾਰੀਕਰਨ ਸੈੱਲ ਦੇ ਸਹਿਯੋਗੀ ਨਿਰਦੇਸ਼ਕ ਡਾ. ਖੁਸ਼ਦੀਪ ਧਰਨੀ ਅਤੇ ਪਲਾਂਟ ਬਰੀਡਿੰਗ ਵਿਭਾਗ ਦੇ ਮੁਖੀ ਡਾ. ਸੁਰਿੰਦਰ ਸੰਧੂ ਤੋਂ ਇਲਾਵਾ ਖੇਤਰੀ ਖੋਜ ਕੇਂਦਰ ਫਰੀਦਕੋਟ ਦੇ ਨਿਰਦੇਸ਼ਕ ਡਾ. ਕੁਲਦੀਪ ਸਿੰਘ ਮੌਜੂਦ ਰਹੇ। ਡਾ. ਅਜਮੇਰ ਸਿੰਘ ਢੱਟ ਨੇ ਇਸ ਸਮਝੌਤੇ ਲਈ ਵਿਗਿਆਨੀਆਂ ਨੂੰ ਵਧਾਈ ਦਿੱਤੀ। ਉਹਨਾਂ ਕਿਹਾ ਕਿ ਇਸ ਸਮਝੌਤੇ ਨਾਲ ਨਰਮੇ ਦੇ ਪੱਤਾ ਮਰੋੜ ਰੋਗ ਨੂੰ ਕਾਬੂ ਕਰਨ ਦੇ ਰਾਹ ਵਿਚ ਸਫਲਤਾ ਹਾਸਲ ਹੋਵੇਗੀ। ਡਾ. ਕੁਲਦੀਪ ਸਿੰਘ ਨੇ ਦੱਸਿਆ ਕਿ ਨਰਮੇ ਵਿਚ ਪੱਤਾ ਮਰੋੜ ਰੋਗ ਉੱਤਰੀ ਭਾਰਤ ਦੇ ਨਰਮਾ ਉਤਪਾਦਕ ਰਾਜਾਂ ਪੰਜਾਬ, ਹਰਿਆਣਾ ਅਤੇ ਰਾਜਸਥਾਨ ਵਿਚ ਅਮਰੀਕਨ ਨਰਮੇ ਦੀ ਕਾਸ਼ਤ ਲਈ ਗੰਭੀਰ ਖਤਰਾ ਬਣ ਕੇ ਸਾਹਮਣੇ ਆਇਆ ਹੈ। ਇਸਦਾ ਕਾਰਨ ਚਿੱਟੀ ਮੱਖੀ ਵੱਲੋਂ ਡੀ ਐੱਨ ਏ ਵਾਇਰਸ ਦਾ ਪ੍ਰਸਾਰ ਕਰ ਦੇਣਾ ਹੈ। ਪੱਤਾ ਮਰੋੜ ਬਿਮਾਰੀ ਕਾਰਨ ਫਸਲ ਦੇ ਵਿਕਾਸ ਦੇ ਮੁੱਢਲੇ ਪੜਾਅ ਪ੍ਰਭਾਵਿਤ ਹੁੰਦੇ ਹਨ। ਪੀ.ਏ.ਯੂ. ਨੇ ਇਸ ਬਿਮਾਰੀ ਦੀ ਰੋਕਥਾਮ ਲਈ ਅਮਰੀਕਨ ਨਰਮਾ ਲਾਈਨ ਨੂੰ ਪੀ.ਏ.ਯੂ. ਆਰਮਰ-1 ਦੇ ਰੂਪ ਵਿਚ ਵਿਕਸਿਤ ਕੀਤਾ ਹੈ। ਇਸ ਕਿਸਮ ਦੇ ਵਿਕਾਸ ਵਿਚ ਅਮਰੀਕਨ ਨਰਮੇ ਅਤੇ ਜੰਗਲੀ ਕਪਾਹ ਦੇ ਤੱਤਾਂ ਦਾ ਸੁਮੇਲ ਕੀਤਾ ਗਿਆ ਹੈ। ਮੌਜੂਦਾ ਸਮੇਂ ਵਿਚ ਪੱਤਾ ਮਰੋੜ ਦਾ ਸਾਹਮਣਾ ਕਰਨ ਦੀ ਸਮਰਥਾ ਵਾਲੀ ਕਿਸਮ ਇਸ ਬਿਮਾਰੀ ਨੂੰ ਰੋਕਣ ਲਈ ਮਹੱਤਵਪੂਰਨ ਬਦਲ ਹੈ। ਡਾ. ਖੁਸ਼ਦੀਪ ਧਰਨੀ ਨੇ ਇਸ ਸਮਝੌਤੇ ਲਈ ਦੋਵਾਂ ਧਿਰਾਂ ਨੂੰ ਵਧਾਈ ਦਿੱਤੀ।

## ਗੁਰਮੇਲ ਸਿੰਘ ਪਹਿਲਵਾਨ ਵਲੋਂ ਹਲਕਾ ਪੂਰਬੀ ਵਿਖੇ ਵਿਧਾਨ ਸਭਾ ਚੋਣਾਂ ਸਬੰਧੀ ਮੀਟਿੰਗਾਂ ਦਾ ਸਿਲਸਿਲਾ ਜਾਰੀ



ਲੁਧਿਆਣਾ, 22 ਮਈ (ਸੂਰਜ) ਹਲਕਾ ਪੂਰਬੀ ਦੇ ਵਾਰਡ ਨੰਬਰ 14 ਵਿੱਚ ਪੈਂਦੇ ਮਹਾਰਾਣਾ ਪ੍ਰਤਾਪ ਸਿੰਘ ਨਗਰ ਵਿੱਚ ਸ਼ਮਸ਼ੇਰ ਪਾਲ ਦੇ ਗ੍ਰਹਿ ਵਿਖੇ ਇਕ ਵਿਸ਼ੇਸ਼ ਮੀਟਿੰਗ ਹੋਈ। ਜਿਸ ਵਿਚ ਪੰਜਾਬ ਕਾਂਗਰਸ ਦੇ ਸੀਨੀਅਰ ਆਗੂ ਗੁਰਮੇਲ ਸਿੰਘ ਪਹਿਲਵਾਨ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਸੰਬੰਧੀ ਚਰਚਾ ਕੀਤੀ ਗਈ। ਇਸ ਮੌਕੇ ਗੁਰਮੇਲ ਪਹਿਲਵਾਨ ਨੇ ਕਿਹਾ ਕਿ ਆਉਣ ਵਾਲਾ ਸਮਾਂ ਕਾਂਗਰਸ ਦਾ ਹੈ ਅਤੇ ਹਾਈ ਕਮਾਂਡ ਨੂੰ ਵੀ ਸਾਫ਼ ਸੁਥਰੀ ਛਵੀ ਵਾਲੇ ਟਕਸਾਲੀ ਕਾਂਗਰਸੀਆਂ ਨੂੰ ਟਿਕਟ ਦੇ ਕੇ ਮੈਦਾਨ ਵਿੱਚ ਉਤਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸੀ ਵਰਕਰਾਂ ਨੂੰ ਇੱਕਜੁਟ ਹੋ ਕੇ ਹੰਭਲਾ ਮਾਰਨ ਦੀ ਲੋੜ ਹੈ। ਕਿਉਂਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਬਹੁਤ ਦੁਖੀ ਹੋਏ ਪਏ ਹਨ ਅਤੇ ਕੇਂਦਰ ਦੀ ਸੱਤਾ ਤੇ ਬੈਠੀ ਭਾਜਪਾ ਪੰਜਾਬ ਤੇ ਪੰਜਾਬੀਆਂ ਨਾਲ ਮਤਰੇਈ ਮਾਂ ਵਾਲਾ ਵਿਵਹਾਰ ਕਰ ਰਹੀ ਹੈ। ਜਿਸ ਕਾਰਣ ਲੋਕ ਭਾਜਪਾ ਨੂੰ ਮੂੰਹ ਨਹੀਂ ਲਗਾਉਣਗੇ ਤੇ ਚੋਣਾਂ ਤੋਂ ਬਾਅਦ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣੇਗੀ। ਇਸ ਮੌਕੇ ਤੇ ਸੰਨੀ ਪਾਹੂਜਾ, ਮਹਿੰਦਰ ਪਾਲ, ਸ਼ੇਰ ਸਿੰਘ, ਲਾਲ ਚੰਦ ਫੌਜੀ, ਪ੍ਰਮੋਦ ਕੁਮਾਰ, ਵਿਕਾਸ ਪਾਸੀ, ਸੌਰਭ ਪਾਸੀ, ਪ੍ਰੀਤਮ ਸਿੰਘ, ਧਰਮਵੀਰ, ਆਸ਼ੀਸ਼, ਸਾਜਿਦ, ਲਾਡੀ ਪੰਡਿਤ, ਸੁਰਜੀਤ ਸਿੰਘ, ਸ਼ਮਸ਼ਾਦ ਅਲੀ, ਸੁਮਿਤ ਪਾਲ, ਸੂਰਜ ਭਾਨ, ਸਨੁਜ ਪਾਲ ਕਲਿਆਣ, ਸੁਸ਼ੀਲ ਕੁਮਾਰ, ਅਜੇਪਾਲ, ਰਿਸ਼ੀਪਾਲ, ਨਿਰਦੋਸ਼ ਕੁਮਾਰ, ਸਚਿਨ ਪਾਲ, ਪ੍ਰਵੀਨ ਕੁਮਾਰ ਅਤੇ ਸੋਨੂੰ ਲਾਖਾ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਮੌਜੂਦ ਸਨ।

# ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ

### ਸਿਹਤ ਬਲਾਕ ਮਹਿਲ ਕਲਾਂ ਦੇ ਦਫ਼ਤਰਾਂ 'ਚ ਕੀਤੀ ਗਈ ਡੇਂਗੂ ਲਾਰਵਾ ਦੀ ਚੈਕਿੰਗ



ਮਹਿਲ ਕਲਾਂ, 22 ਮਈ (ਅਵਤਾਰ ਸਿੰਘ ਫਰਵਾਹੀ) ਸਿਵਲ ਸਰਜਨ ਬਰਨਾਲਾ ਡਾ. ਹਰੀਪਾਲ ਸਿੰਘ ਦੇ ਨਿਰਦੇਸ਼ਾਂ ਅਤੇ ਸੀਐਚਸੀ ਮਹਿਲ ਕਲਾਂ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਗੁਰਤੇਜਿੰਦਰ ਕੌਰ ਦੀ ਅਗਵਾਈ ਹੇਠ ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ ਮੁਹਿੰਮ ਤਹਿਤ ਅੱਜ ਮਹਿਲ ਕਲਾਂ ਬਲਾਕ ਦੇ ਵੱਖ-ਵੱਖ ਸਰਕਾਰੀ ਅਤੇ ਪ੍ਰਾਈਵੇਟ ਦਫ਼ਤਰਾਂ ਵਿੱਚ ਡੇਂਗੂ ਬੁਖਾਰ ਤੋਂ ਬਚਾਅ ਲਈ ਟੀਮਾਂ ਵੱਲੋਂ ਡੇਂਗੂ ਲਾਰਵਾ ਦੀ ਚੈਕਿੰਗ ਕੀਤੀ ਗਈ ਅਤੇ ਜਾਗਰੂਕਤਾ ਗਤੀਵਿਧੀਆਂ ਕੀਤੀਆਂ ਗਈਆਂ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਐੱਸ ਐਮ ਓ ਡਾ. ਗੁਰਤੇਜਿੰਦਰ ਕੌਰ ਨੇ ਦੱਸਿਆ ਕਿ ਇਸ ਮੁਹਿੰਮ ਦਾ ਉਦੇਸ਼ ਲੋਕਾਂ ਨੂੰ ਡੇਂਗੂ ਬੁਖਾਰ ਦੇ ਕਾਰਨ, ਲੱਛਣ, ਬਚਾਅ ਅਤੇ ਇਲਾਜ ਬਾਰੇ ਜਾਗਰੂਕ ਕਰਨਾ ਹੈ। ਇਸ ਮੌਕੇ ਸਹਿਕਾਰੀ ਕਾਪਰੇਟਿਵ ਸੋਸਾਇਟੀ ਵਜੀਦਕੇ ਕਲਾਂ ਦੇ ਦਫ਼ਤਰ ਵਿਖੇ ਜਾਗਰੂਕਤਾ ਕੈਂਪ ਦੌਰਾਨ ਜਾਣਕਾਰੀ ਦਿੰਦੇ ਹੋਏ ਹੈਲਥ ਵਰਕਰ ਰੁਪਿੰਦਰ ਸਿੰਘ ਨੇ ਦੱਸਿਆ ਕਿ ਡੇਂਗੂ ਦਾ ਮੱਛਰ ਖੜੇ ਪਾਣੀ ਦੇ ਸੋਮਿਆਂ ਵਿੱਚ ਪੈਦਾ ਹੁੰਦਾ ਹੈ ਇਸ ਲਈ ਕੂਲਰਾਂ, ਗਮਲਿਆਂ, ਫਰਿਜਾਂ ਦੀਆਂ ਟਰੇਆਂ ਆਦਿ ਨੂੰ ਹਫ਼ਤੇ ਵਿੱਚ ਇੱਕ ਵਾਰ ਖਾਲੀ ਕਰਕੇ ਜਰੂਰ ਸੁਕਾਉਣਾ ਚਾਹੀਦਾ ਹੈ।ਸ਼ਰੀਰ ਨੂੰ ਢੱਕ ਕੇ ਰੱਖਣ, ਸੌਣ ਵੇਲੇ ਮੱਛਰਦਾਨੀ ਦਾ ਇਸਤੇਮਾਲ ਕਰਨ ਆਦਿ ਤਰੀਕੇ ਵਰਤ ਕੇ ਡੇਂਗੂ ਬੁਖਾਰ ਤੋਂ ਬਚਿਆ ਜਾ ਸਕਦਾ ਹੈ। ਉਨਾਂ ਅੱਗੇ ਦੱਸਿਆ ਕਿ ਡੇਂਗੂ ਦਾ ਟੈਸਟ ਅਤੇ ਇਲਾਜ ਰਾਜ ਦੇ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਮੁਫ਼ਤ ਕੀਤਾ ਜਾਂਦਾ ਹੈ। ਇਸ ਮੌਕੇ ਸਿਹਤ ਵਿਭਾਗ ਦੀ ਟੀਮ ਵੱਲੋਂ ਡੇਂਗੂ ਬਾਰੇ ਜਾਗਰੂਕਤਾ ਸਬੰਧੀ ਪੋਸਟਰ ਅਤੇ ਪੈਂਫਲਟ ਵੀ ਵੰਡੇ ਗਏ। ਇਸ ਮੌਕੇ ਗੁਰਦੇਵ ਸਿੰਘ ਸੈਕਰੇਟਰੀ, ਨਿਰਭੈ ਸਿੰਘ ਅਤੇ ਹੋਰ ਸਟਾਫ ਮੈਂਬਰ ਮੌਜੂਦ ਸਨ।

# ਨਗਰ ਨਿਗਮ/ਨਗਰ ਕੌਂਸਲ ਚੋਣਾਂ: ਚੋਣ ਅਮਲੇ ਦੀ ਦੂਜੀ ਰਿਹਰਸਲ ਹੋਈ



ਬਰਨਾਲਾ, 22 ਮਈ( ਅਵਤਾਰ ਸਿੰਘ ਫਰਵਾਹੀ) ਜ਼ਿਲ੍ਹਾ ਬਰਨਾਲਾ ਵਿੱਚ ਨਗਰ ਨਿਗਮ ਬਰਨਾਲਾ ਅਤੇ ਨਗਰ ਕੌਂਸਲ ਤਪਾ, ਨਗਰ ਕੌਂਸਲ ਭਦੌੜ, ਨਗਰ ਕੌਂਸਲ ਧਨੌਲਾ ਲਈ ਚੋਣਾਂ ਦਾ ਅਮਲ ਨੇਪਰੇ ਚੜ੍ਹਾਉਣ ਲਈ ਤਾਇਨਾਤ ਚੋਣ ਅਮਲੇ ਦੀ ਅੱਜ ਦੂਜੀ ਰਿਹਰਸਲ ਹੋਈ।ਜ਼ਿਲ੍ਹਾ ਚੋਣ ਅਫ਼ਸਰ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਆਈ ਏ ਐੱਸ ਨੇ ਦੱਸਿਆ ਕਿ ਨਿਗਮ ਅਤੇ ਕੌਂਸਲਾਂ ਦੀਆਂ ਹੋਣ ਵਾਲੀਆਂ ਚੋਣਾਂ ਨੂੰ ਨਿਰਵਿਘਨ ਤੇ ਸੁਚਾਰੂ ਢੰਗ ਨਾਲ ਨੇਪਰੇ ਚੜ੍ਹਾਉਣ ਲਈ ਟਰੇਨਿੰਗ ਟੀਮਾਂ ਵੱਲੋਂ ਪੋਲਿੰਗ ਸਟਾਫ਼ ਦੀਆਂ ਜ਼ਿੰਮੇਵਾਰੀਆਂ, ਲੋੜੀਂਦੇ ਦਸਤਾਵੇਜ਼, ਪੋਲਿੰਗ ਪ੍ਰਬੰਧਾਂ ਸਬੰਧੀ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਨਗਰ ਨਿਗਮ ਬਰਨਾਲਾ ਦੇ 48 ਵਾਰਡਾਂ ਲਈ 95 ਪੋਲਿੰਗ ਬੂਥਾਂ, ਨਗਰ ਕੌਂਸਲ ਧਨੌਲਾ, ਤਪਾ ਅਤੇ ਭਦੌੜ ਲਈ ਕ੍ਰਮਵਾਰ 13,15 ਅਤੇ 13 ਵਾਰਡ ਹਨ ਤੇ ਕ੍ਰਮਵਾਰ 21 ਬੂਥਾਂ,18 ਬੂਥਾਂ ਅਤੇ 16 ਪੋਲਿੰਗ ਬੂਥਾਂ @ਤੇ ਵੋਟਾਂ ਪੈਣੀਆਂ ਹਨ। ਨਗਰ ਨਿਗਮ ਬਰਨਾਲਾ ਲਈ ਅੱਜ ਰਿਟਰਨਿੰਗ ਅਫ਼ਸਰ ਸਹਿਤ ਵਧੀਕ ਡਿਪਟੀ ਕਮਿਸ਼ਨਰ (ਜ) ਵਿਵੇਕ ਕੁਮਾਰ ਮੋਦੀ ਦੀ ਅਗਵਾਈ ਹੇਠ ਸੈਕਰੇਡ ਹਾਰਟ ਕੌਨਵੈਂਟ ਸਕੂਲ ਰਾਏਕੋਟ ਰੋਡ ਬਰਨਾਲਾ ਵਿਖੇ ਰਿਹਰਸਲ ਕਰਵਾਈ ਗਈ। ਨਗਰ ਕੌਂਸਲ ਧਨੌਲਾ ਲਈ ਰਿਟਰਨਿੰਗ ਅਫ਼ਸਰ ਸਹਿਤ ਐੱਸ ਡੀ ਐਮ ਬਰਨਾਲਾ ਡਾ. ਅਜੀਤਪਾਲ ਸਿੰਘ ਚਹਿਲ ਦੀ ਅਗਵਾਈ ਹੇਠ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਧਨੌਲਾ, ਨਗਰ ਕੌਂਸਲ ਭਦੌੜ ਲਈ ਰਿਟਰਨਿੰਗ ਅਫ਼ਸਰ ਸਹਿਤ ਐੱਸ ਡੀ ਐਮ ਮਹਿਲ ਕਲਾਂ ਕ੍ਰਿਤਿਕਾ ਗੋਇਲ ਦੀ ਅਗਵਾਈ ਹੇਠ ਪੀ ਐਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਕੰਨਿਆ) ਭਦੌੜ ਅਤੇ ਨਗਰ ਕੌਂਸਲ ਤਪਾ ਲਈ ਰਿਟਰਨਿੰਗ ਅਫ਼ਸਰ ਸਹਿਤ ਐੱਸ ਡੀ ਐਮ ਤਪਾ ਆਯੂਸ਼ ਗੋਇਲ ਦੀ ਅਗਵਾਈ ਹੇਠ ਯੂਨੀਵਰਸਿਟੀ ਕਾਲਜ ਢਿੱਲਵਾਂ ਵਿਖੇ ਚੋਣ ਅਮਲੇ ਦੀ ਪਹਿਲੀ ਰਿਹਰਸਲ ਹੋਈ।

ਜ਼ਿਕਰਯੋਗ ਹੈ ਕਿ ਜ਼ਿਲ੍ਹੇ ਵਿਚ ਨਗਰ ਨਿਗਮ ਅਤੇ ਨਗਰ ਕੌਂਸਲ ਚੋਣਾਂ ਲਈ ਵੋਟਾਂ ਮਿਤੀ 26 ਮਈ ਦਿਨ ਮੰਗਲਵਾਰ ਨੂੰ ਸਵੇਰੇ 8 ਵਜੇ ਤੋਂ ਸ਼ਾਮ ਦੇ 5 ਵਜੇ ਤੱਕ ਪੈਣਗੀਆਂ ਅਤੇ ਪੋਲ ਹੋਈਆਂ ਵੋਟਾਂ ਦੀ ਗਿਣਤੀ ਮਿਤੀ 29 ਮਈ ਦਿਨ ਸ਼ੁੱਕਰਵਾਰ ਨੂੰ ਇਸ ਉਦੇਸ਼ ਲਈ ਸਥਾਪਿਤ ਕੀਤੇ ਗਿਣਤੀ ਕੇਂਦਰਾਂ @ਤੇ ਹੋਵੇਗੀ।

# ਸੀਨੀਅਰ ਅਕਾਲੀ ਆਗੂ ਰਣਜੀਤ ਸਿੰਘ ਢਿੱਲੋਂ ਦੇ ਕੈਨੇਡਾ ਦੌਰੇ ਤੋਂ ਵਾਪਸ ਪਰਤਣ ਤੇ ਜਗਬੀਰ ਸਿੰਘ ਸੋਖੀ ਵਲੋਂ ਸਾਥੀਆਂ ਸਮੇਤ ਭਰਵਾਂ ਸੁਆਗਤ

### ਵੱਡੀ ਗਿਣਤੀ ਵਿਚ ਚੋਣਾਂ ਤੋਂ ਪਹਿਲਾ ਐਨ.ਆਰ.ਆਈ. ਅਕਾਲੀ ਦਲ ਦੇ ਹੱਕ ਵਿੱਚ ਪ੍ਰਚਾਰ ਕਰਨ ਲਈ ਆਉਣਗੇ ਪੰਜਾਬ : ਢਿੱਲੋਂ



ਲੁਧਿਆਣਾ, 22 ਮਈ (ਸੂਰਜ) ਸੀਨੀਅਰ ਅਕਾਲੀ ਆਗੂ ਅਤੇ ਸਾਬਕਾ ਵਿਧਾਇਕ ਸ. ਰਣਜੀਤ ਸਿੰਘ ਢਿੱਲੋਂ ਦੇ ਕੈਨੇਡਾ ਦੌਰੇ ਤੋਂ ਵਾਪਸ ਪਰਤਣ ਤੇ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੇ ਜਨਰਲ ਸਕੱਤਰ ਅਤੇ ਵਿਧਾਨ ਸਭਾ ਹਲਕਾ ਆਤਮ ਨਗਰ ਦੇ ਇੰਚਾਰਜ ਸ. ਜਗਬੀਰ ਸਿੰਘ ਸੋਖੀ ਵਲੋਂ ਆਪਣੇ ਸਾਥੀਆਂ ਦੇ ਨਾਲ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਭਰਵਾਂ ਸੁਆਗਤ ਕੀਤਾ ਗਿਆ। ਇਸ ਮੌਕੇ ਤੇ ਆਪਣੇ ਦੌਰੇ ਦੀਆਂ ਸਰਗਰਮੀਆਂ ਸਾਂਝੀਆਂ ਕਰਦੇ ਹੋਏ ਸ. ਢਿੱਲੋਂ ਨੇ ਦੱਸਿਆ ਕਿ ਉਹ ਕੈਨੇਡਾ ਦੇ ਕਈ ਸੂਬਿਆਂ ਵਿੱਚ ਗਏ ਅਤੇ ਪੰਜਾਬ ਦੇ ਸਿਆਸੀ ਹਾਲਾਤਾਂ ਬਾਰੇ ਚਰਚਾ ਕੀਤੀ। ਉਨ੍ਹਾਂ ਹੋਰ ਦੱਸਿਆ ਕਿ ਹੁਣ ਐਨ. ਆਰ. ਆਈ. ਵੀਰ ਚਾਹੁੰਦੇ ਹਨ ਕਿ ਪੰਜਾਬ ਵਿੱਚ ਇੱਕੋ ਇਕ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣੇ। ਕਿਉਂ ਕਿ ਉਹ ਚਾਹੁੰਦੇ ਹਨ ਕਿ ਪੰਜਾਬ ਦਾ ਸਰਮਾਇਆ ਪੰਜਾਬ ਵਿੱਚ ਹੀ ਰਹੇ ਨਾਂ ਕਿ ਦਿੱਲੀ ਵਾਲੀਆਂ ਪਾਰਟੀਆਂ ਦੇ ਆਗੂ ਪੰਜਾਬੀਆਂ ਨੂੰ ਹੀ ਮੋਹਰਾ ਬਣਾ ਕੇ ਪੰਜਾਬ ਨੂੰ ਲੁੱਟ ਕੇ ਪੈਸੇ ਦੂਜਿਆਂ ਸੂਬਿਆਂ ਤੇ ਆਪਣੀਆਂ ਪਾਰਟੀਆਂ ਦੇ ਚੋਣ ਪ੍ਰਚਾਰ ਤੇ ਖਰਚ ਕਰ ਸਕਣ। ਜਿਵੇਂ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਪੰਜਾਬ ਦੇ ਪੈਸੇ ਨਾਲ ਸਾਰੇ ਦੇਸ਼ ਵਿੱਚ ਚੋਣਾਂ ਲੜਦੇ ਫਿਰਦੇ ਹਨ ਅਤੇ ਪੰਜਾਬ ਦਾ ਹੈਲੀਕਾਪਟਰ ਪੰਜਾਬ ਦੇ ਖਰਚੇ ਤੇ ਸਾਰੇ ਦੇਸ਼ ਵਿੱਚ ਲਈ ਫਿਰਦੇ ਹਨ। ਸ. ਢਿੱਲੋਂ ਨੇ ਕਿਹਾ ਕਿ ਐਨ.ਆਰ.ਆਈ. ਵੀਰਾਂ ਨੇ ਵਿਸ਼ਵਾਸ਼ ਦੁਆਇਆ ਹੈ ਕਿ ਉਹ ਪੰਜਾਬ ਵਿਚ ਹੋਣ ਜਾ ਰਹੀਆਂ ਵਿਧਾਨ ਸਭ ਦੀਆਂ ਚੋਣਾਂ ਤੋਂ ਪਹਿਲਾਂ ਸ਼੍ਰੋਮਣੀ ਅਕਾਲੀ ਦਲ ਦਾ ਪ੍ਰਚਾਰ ਕਰਨ ਲਈ ਪੰਜਾਬ ਆਉਣਗੇ ਅਤੇ ਹੁਣ ਤੋਂ ਹੀ ਆਪਣੇ ਰਿਸ਼ਤੇਦਾਰਾਂ, ਦੋਸਤਾਂ ਮਿੱਤਰਾਂ ਨੂੰ ਅਕਾਲੀ ਦਲ ਦੀ ਤਨ ਮਨ ਧਨ ਨਾਲ ਮਦਦ ਕਰਨ ਲਈ ਟੈਲੀਫੋਨ ਕਰਨੇ ਸ਼ੁਰੂ ਕਰ ਦੇਣਗੇ। ਇਸ ਮੌਕੇ ਤੇ ਸ. ਢਿੱਲੋਂ ਨੇ ਪੰਜਾਬ ਦੇ ਸਾਰੇ ਹਲਕਾ ਇੰਚਾਰਜਾਂ ਨੂੰ ਕਮਰਕਸੇ ਕਰਨ ਲਈ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਆਉਣ ਵਾਲੀ ਸਰਕਾਰ ਸ਼੍ਰੋਮਣੀ ਅਕਾਲੀ ਦਲ ਦੀ ਬਣਨੀ ਯਕੀਨੀ ਹੈ। ਇਸ ਮੌਕੇ ਤੇ ਸ. ਜਗਬੀਰ ਸਿੰਘ ਸੋਖੀ ਨੇ ਕਿਹਾ ਕਿ ਪੰਜਾਬ ਨੂੰ ਮੁੜ ਤਰੱਕੀ ਦੀਆਂ ਲੀਹਾਂ ਤੇ ਤੋਰਨ ਲਈ ਪੰਜਾਬ ਵਾਸੀ ਅਕਾਲੀ ਦਲ ਦੀ ਸਰਕਾਰ ਬਣਾਉਣ ਲਈ ਅਤੇ ਆਪ ਦੇ ਲੋਟੂ ਟੋਲੇ ਨੂੰ ਚਲਦਾ ਕਰਨ ਲਈ ਪੱਬਾਂ ਭਾਰ ਹੋਏ ਪਏ ਹਨ। ਸ. ਸੁਖਬੀਰ ਸਿੰਘ ਬਾਦਲ ਦੇ ਮੁੱਖ ਮੰਤਰੀ ਬਣਦੇ ਹੀ ਪੰਜਾਬ ਵਿੱਚ ਸਰਬਪੱਖੀ ਵਿਕਾਸ ਦੀ ਸ਼ੁਰੂਆਤ ਹੋ ਜਾਵੇਗੀ ਅਤੇ ਲੁਟੇਰੇ ਜਾਂ ਤਾਂ ਭੱਜ ਜਾਣਗੇ ਨਹੀਂ ਤਾਂ ਜੇਲ ਦੀਆਂ ਰੋਟੀਆਂ ਤੋੜਦੇ ਨਜਰ ਆਉਣਗੇ। ਇਸ ਮੌਕੇ ਤੇ ਸ. ਰਣਜੀਤ ਸਿੰਘ ਢਿੱਲੋਂ ਦਾ ਸੁਆਗਤ ਕਰਨ ਵਾਲਿਆਂ ਵਿਚ ਜਗਬੀਰ ਸਿੰਘ ਸੋਖੀ ਤੋਂ ਇਲਾਵਾ ਜ਼ਿਲ੍ਹਾ ਜਥੇਦਾਰ ਭੁਪਿੰਦਰ ਸਿੰਘ ਭਿੰਦਾ, ਪ੍ਰਵੀਨ ਭਾਰਤੀ, ਅਪਜਿੰਦਰ ਸਿੰਘ ਗੋਲਡੀ, ਜੱਥੇਦਾਰ ਸੁੱਖਵਿੰਦਰ ਸਿੰਘ, ਸੋਢੀ ਸਾਬ੍ਹ, ਅਸ਼ੋਕ ਬੇਦੀ, ਕੁਲਦੀਪ ਸਿੰਘ ਖਾਲਸਾ, ਜਤਿੰਦਰ ਸਿੰਘ ਖਾਲਸਾ, ਤਰਨਦੀਪ ਸਿੰਘ ਸੰਨੀ, ਅਮਿਤ ਗੋਸਾਈਂ ਆਦਿ ਸ਼ਾਮਲ ਸਨ।

# ਪੰਜਾਬ ਦੇ ਨੌਜਵਾਨੋ, ਬਾਜ਼ ਬਣੋ-ਕਾਕਰੋਚ ਨਹੀਂ: ਕਰਨੈਲ ਸਿੰਘ ਪੀਰ ਮੁਹੰਮਦ



ਮੋਗਾ, 22 ਮਈ ( ਜਗਰਾਜ ਸਿੰਘ ਸੰਘਾ) ਪੰਜਾਬ ਅਤੇ ਦੇਸ਼ ਦੇ ਨੌਜਵਾਨਾਂ ਨੂੰ ਅੱਜ ਸਭ ਤੋਂ ਵੱਧ ਲੋੜ ਗੰਭੀਰ ਆਤਮ-ਚਿੰਤਨ ਅਤੇ ਸੂਝਬੂਝ ਨਾਲ ਸੋਚਣ ਦੀ ਹੈ। ਸੋਸ਼ਲ ਮੀਡੀਆ ਉੱਤੇ ਹਰ ਰੋਜ਼ ਨਵੇਂ ਟਰੈਂਡ, ਮੀਮ, ਰੀਲਾਂ, ਸਸਤੇ ਤਮਾਸ਼ੇ ਅਤੇ ਸਿਆਸੀ ਵਿਅੰਗ ਚੱਲਦੇ ਹਨ, ਜਿੱਥੇ ਕਦੇ ਕਿਸੇ ਪਾਰਟੀ ਦਾ ਮਜ਼ਾਕ ਉਡਾਇਆ ਜਾਂਦਾ ਹੈ ਤੇ ਕਦੇ ਕਿਸੇ ਆਗੂ ਦਾ। ਪਰ ਵੱਡਾ ਸਵਾਲ ਇਹ ਹੈ ਕਿ ਕੀ ਇਹ ਸਭ ਪੰਜਾਬ ਦੇ ਭਖਦੇ ਅਸਲ ਮੁੱਦਿਆਂ ਦਾ ਹੱਲ ਹੈ ? ਇਨ੍ਹਾਂ ਗੰਭੀਰ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਮੀਤ ਪ੍ਰਧਾਨ ਸ. ਕਰਨੈਲ ਸਿੰਘ ਪੀਰ ਮੁਹੰਮਦ ਨੇ ਅੱਜ ਦੇਸ਼ ਅਤੇ ਪੰਜਾਬ ਦੀ ਨੌਜਵਾਨੀ ਦੇ ਨਾਂ ਇੱਕ ਵਿਸ਼ੇਸ਼ ਪ੍ਰੈੱਸ ਬਿਆਨ ਜਾਰੀ ਕਰਦਿਆਂ ਕੀਤਾ।ਸ. ਪੀਰ ਮੁਹੰਮਦ ਨੇ ਮੌਜੂਦਾ ਹਾਲਾਤ 'ਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਜਦੋਂ ਦੇਸ਼ ਅਤੇ ਪੰਜਾਬ ਕਈ ਨਾਜ਼ੁਕ ਮੋੜਾਂ ਵਿੱਚੋਂ ਲੰਘ ਰਹੇ ਹਨ, ਉਦੋਂ ਨੌਜਵਾਨੀ ਦੀ ਊਰਜਾ ਨੂੰ ਟਰੋਲ ਆਰਮੀ ਅਤੇ ਸੋਸ਼ਲ ਮੀਡੀਆ ਦੀਆਂ ਬੇਮਤਲਬ ਬਹਿਸਾਂ ਵਿੱਚ ਬਰਬਾਦ ਕੀਤਾ ਜਾ ਰਿਹਾ ਹੈ। ਉਨ੍ਹਾਂ ਅੱਜ ਦੇ ਮੁੱਖ ਰਾਸ਼ਟਰੀ ਅਤੇ ਖੇਤਰੀ ਮੁੱਦਿਆਂ ਵੱਲ ਧਿਆਨ ਦਿਵਾਉਂਦਿਆਂ ਕਿਹਾ ਕਿ ਸਾਡਾ ਮੁਕਾਬਲਾ ਬੇਰੁਜ਼ਗਾਰੀ, ਪੇਪਰ ਲੀਕ ਦੇ ਕੋਹੜ, ਬੇਤਹਾਸ਼ਾ ਹੋ ਰਹੇ ਪਰਵਾਸ, ਆਰਥਿਕ ਮੰਦਹਾਲੀ, ਸੂਬੇ ਸਿਰ ਚੜ੍ਹੇ ਭਾਰੀ ਕਰਜ਼ੇ, ਖੇਤੀਬਾੜੀ ਸੰਕਟ ਅਤੇ ਕੁਦਰਤੀ ਸਰੋਤਾਂ ਦੀ ਹੋ ਰਹੀ ਲੁੱਟ ਵਰਗੀਆਂ ਵੱਡੀਆਂ ਚੁਣੌਤੀਆਂ ਨਾਲ ਹੈ। ਅਕਾਲੀ ਆਗੂ ਨੇ ਵਿਸ਼ੇਸ਼ ਤੌਰ @ਤੇ ਜ਼ੋਰ ਦਿੰਦਿਆਂ ਕਿਹਾ ਕਿ ਅੱਜ ਸੋਸ਼ਲ ਮੀਡੀਆ ਦੇ ਉੱਪਰ ਜੋ ਕੁਝ ਚੱਲ ਰਿਹਾ ਹੈ, ਉਹ ਬੇਹੱਦ ਗੰਭੀਰ ਮਸਲਾ ਹੈ ਅਤੇ ਇਹ ਨੌਜਵਾਨਾਂ ਦੀ ਮਾਨਸਿਕਤਾ ਨੂੰ ਗੁੰਮਰਾਹ ਕਰ ਰਿਹਾ ਹੈ। ਦੇਸ਼ ਦੀ ਸਰਕਾਰ ਨੂੰ ਇਸ ਮਸਲੇ ਨੂੰ ਬੇਹੱਦ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ। ਨੌਜਵਾਨਾਂ ਦੇ ਵਿੱਚ ਹਰ ਦਿਨ ਵੱਧ ਰਹੀ ਨਿਰਾਸ਼ਤਾ ਅਤੇ ਅਸੁਰੱਖਿਆ ਦੀ ਭਾਵਨਾ ਨੂੰ ਦੂਰ ਕਰਨ ਅਤੇ ਉਨ੍ਹਾਂ ਨੂੰ ਸੰਤੁਸ਼ਟ ਕਰਨ ਵਾਸਤੇ ਸਰਕਾਰਾਂ ਵੱਲੋਂ ਵੱਧ ਤੋਂ ਵੱਧ ਨੌਕਰੀਆਂ ਅਤੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕੀਤਾ ਜਾਣਾ ਚਾਹੀਦਾ ਹੈ। ਅਜੋਕੇ ਦੌਰ ਦੇ ਹਿਸਾਬ ਨਾਲ ਨੌਜਵਾਨਾਂ ਦੀ ਕਾਬਲੀਅਤ ਅਤੇ ਹੁਨਰ ਨੂੰ ਵਧਾਉਣ ਲਈ ਦੇਸ਼ ਦੇ ਅੰਦਰ ਅਤੇ ਵੱਖ-ਵੱਖ ਰਾਜਾਂ ਵਿੱਚ ਵੱਧ ਤੋਂ ਵੱਧ ਸਕਿੱਲ ਯੂਨੀਵਰਸਿਟੀਆਂ ਸਥਾਪਿਤ ਕੀਤੀਆਂ ਜਾਣ, ਤਾਂ ਜੋ ਨੌਜਵਾਨ ਹੁਨਰਮੰਦ ਹੋ ਕੇ ਆਪਣੇ ਪੈਰਾਂ @ਤੇ ਖੜ੍ਹੇ ਹੋ ਸਕਣ। ਦੇਸ਼-ਦੁਨੀਆਂ ਅੰਦਰ ਇਸ ਨੌਜਵਾਨ ਸ਼ਕਤੀ ਨੂੰ ਸਹੀ ਦਿਸ਼ਾ ਦੇਣੀ ਅੱਜ ਦੀ ਰਾਜਨੀਤਿਕ ਲੀਡਰਸ਼ਿਪ ਦੀ ਸਭ ਤੋਂ ਮੁੱਖ ਜ਼ਿੰਮੇਵਾਰੀ ਹੈ। ਉਨ੍ਹਾਂ ਦੇਸ਼ ਅਤੇ ਰਾਜਾਂ ਦੀ ਸਮੁੱਚੀ ਲੀਡਰਸ਼ਿਪ ਨੂੰ ਤਾਕੀਦ ਕੀਤੀ ਕਿ ਉਹ ਭ੍ਰਿਸ਼ਟਾਚਾਰ, ਲੁੱਟ-ਤੰਤਰ ਅਤੇ ਪਰਿਵਾਰਵਾਦ ਵਰਗੀਆਂ ਘਿਨੌਣੀਆਂ ਗੱਲਾਂ ਤੋਂ ਆਪਣੇ ਆਪ ਨੂੰ ਦੂਰ ਕਰਕੇ ਨੌਜਵਾਨਾਂ ਦੇ ਭਵਿੱਖ ਵੱਲ ਧਿਆਨ ਦੇਣ। ਸ. ਪੀਰ ਮੁਹੰਮਦ ਨੇ ਆਖਿਆ ਕਿ ਸਿੱਖ ਕੌਮ ਦਾ ਇਤਿਹਾਸ ਹਿੰਮਤ, ਸੂਝ, ਉੱਚੇ ਕਿਰਦਾਰ ਅਤੇ ਸੰਘਰਸ਼ ਦਾ ਇਤਿਹਾਸ ਹੈ। ਸਾਡੇ ਗੁਰੂਆਂ ਨੇ ਸਾਨੂੰ ਚੜ੍ਹਦੀ ਕਲਾ, ਇਨਸਾਫ਼, ਮਨੁੱਖੀ ਅਧਿਕਾਰਾਂ ਅਤੇ ਸੱਚ ਲਈ ਖੜ੍ਹਨਾ ਸਿਖਾਇਆ ਹੈ। ਸਾਡਾ ਰਹਿਬਰ 'ਬਾਜ਼ਾਂ ਵਾਲਾ' ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਹੈ, ਜਿਨ੍ਹਾਂ ਨੇ ਸਾਨੂੰ ਗੁਲਾਮੀ ਦੀ ਸੋਚ ਤੋਂ ਮੁਕਤ ਕਰਕੇ ਬਾਜ਼ ਵਰਗੀ ਉੱਚੀ ਤੇ ਆਜ਼ਾਦ ਉਡਾਣ ਭਰਨੀ ਸਿਖਾਈ। ਇਸ ਲਈ ਪੰਜਾਬ ਦੇ ਨੌਜਵਾਨੋ, ਬਾਜ਼ ਬਣੋ, ਨਾ ਕਿ ਕੋਈ ਕਾਕਰੋਚ, ਜੋ ਸਿਰਫ਼ ਗੰਦਗੀ ਵਿੱਚ ਰਹਿ ਕੇ ਇੱਕ ਦੂਜੇ ਨੂੰ ਨੀਵਾਂ ਦਿਖਾਉਣ ਵਾਲੀ ਨਕਾਰਾਤਮਕ ਸੋਚ ਵਿੱਚ ਜਿਉਂਦੇ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਕਿਸੇ ਵੀ ਸਿਆਸੀ ਪਾਰਟੀ ਜਾਂ ਆਗੂ ਦਾ ਸਮਰਥਨ ਜਾਂ ਵਿਰੋਧ ਸਿਰਫ਼ ਸੋਸ਼ਲ ਮੀਡੀਆ ਦੇ ਮੀਮਾਂ ਜਾਂ ਅੰਨ੍ਹੀਆਂ ਭਾਵਨਾਵਾਂ ਦੇ ਆਧਾਰ 'ਤੇ ਨਹੀਂ, ਸਗੋਂ ਉਸ ਦੀਆਂ ਨੀਤੀਆਂ, ਪੰਜਾਬ ਦੇ ਮੁੱਦਿਆਂ ਪ੍ਰਤੀ ਪਹੁੰਚ ਅਤੇ ਕੀਤੇ ਗਏ ਠੋਸ ਕੰਮਾਂ ਦੇ ਆਧਾਰ 'ਤੇ ਹੋਣਾ ਚਾਹੀਦਾ ਹੈ। ਉਨ੍ਹਾਂ ਆਖਿਰ ਵਿੱਚ ਸੱਦਾ ਦਿੱਤਾ ਕਿ ਜੇਕਰ ਪੰਜਾਬ ਦੀ ਨੌਜਵਾਨੀ ਸੂਝਵਾਨ ਸੋਚ ਨਾਲ ਇੱਕ ਮੰਚ 'ਤੇ ਲਾਮਬੰਦ ਹੋਵੇ, ਤਾਂ ਸੂਬੇ ਵਿੱਚ ਇੱਕ ਐਸੀ ਸੁਹਿਰਦ ਅਤੇ ਮਜ਼ਬੂਤ ਧਿਰ ਖੜ੍ਹੀ ਹੋ ਸਕਦੀ ਹੈ ਜੋ ਪੰਜਾਬ ਅਤੇ ਸਿੱਖਾਂ ਦੇ ਹੱਕਾਂ ਦੀ ਰਾਖੀ ਕਰਦਿਆਂ ਸੂਬੇ ਦੇ ਭਵਿੱਖ ਨੂੰ ਸੁਰੱਖਿਅਤ ਅਤੇ ਸੁਨਹਿਰੀ ਬਣਾ ਸਕੇ। ਸਿਆਸੀ ਕਲੋਲਾਂ ਅਤੇ ਸਸਤੇ ਤਮਾਸ਼ਿਆਂ ਨੂੰ ਛੱਡ ਕੇ ਅਸਲ ਮਸਲਿਆਂ ਲਈ ਜਾਗਰੂਕ ਹੋਣਾ ਹੀ ਸਮੇਂ ਦੀ ਸਭ ਤੋਂ ਵੱਡੀ ਪੁਕਾਰ ਹੈ।

## ਚਿੰਤਪੁਰਨੀ ਸੇਵਾ ਕਮੇਟੀ ਵਲੋਂ 155ਵੀਂ ਬੱਸ ਮਾਤਾ ਨੈਣਾ ਦੇਵੀ ਅਤੇ ਸ਼੍ਰੀ ਆਨੰਦਪੁਰ ਸਾਹਿਬ ਦੇ ਦਰਸ਼ਨਾਂ ਲਈ ਰਵਾਨਾ



ਲੁਧਿਆਣਾ, 22 ਮਈ (ਸੂਰਜ) ਚਿੰਤਪੁਰਨੀ ਸੇਵਾ ਕਮੇਟੀ ਵਲੋਂ ਸ਼੍ਰੀ ਰਮਨ ਕੌੜਾ ਦੀ ਅਗਵਾਈ ਹੇਠ 155ਵੀਂ ਬੱਸ ਯਾਤਰਾ ਅੱਜ ਮਾਤਾ ਨੈਣਾ ਦੇਵੀ ਅਤੇ ਸ਼੍ਰੀ ਆਨੰਦਪੁਰ ਸਾਹਿਬ ਲਈ ਰਵਾਨਾ ਹੋਈ। ਸਵੇਰੇ ਲਗਭਗ 5 ਵਜੇ ਕੰਨਿਆ ਪੂਜਨ ਕਰਨ ਉਪਰੰਤ ਸ਼੍ਰੀ ਮੋਹਨ ਲਾਲ ਅਰੋੜਾ ਨੇ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਤੇ ਸ਼੍ਰੀ ਰਮਨ ਕੌੜਾ ਨੇ ਕਿਹਾ ਕਿ ਜਦ ਤੱਕ ਮਹਾਂਮਾਈ ਦਾ ਅਸ਼ੀਰਵਾਦ ਉਨ੍ਹਾਂ ਤੇ ਰਹੇਗਾ ਉਹ ਹਰੇਕ ਮਹੀਨੇ ਧਾਰਮਿਕ ਯਾਤਰਾ ਚਾਲੂ ਰੱਖਣਗੇ। ਉਨ੍ਹਾਂ ਕਿਹਾ ਕਿ ਸੱਚੇ ਮਨ ਨਾਲ ਕੀਤੇ ਦਰਸ਼ਨ ਨਾਲ ਭਗਤਾਂ ਦੀਆਂ ਹਰੇਕ ਮਨੋਕਾਮਨਾਵਾਂ ਪੂਰੀਆਂ ਹੁੰਦੀਆਂ ਹਨ। ਬੱਸ ਯਾਤਰਾ ਦੌਰਾਨ ਸ਼੍ਰੀ ਸ਼ੀਸ਼ਪਾਲ ਗੋਇਲ ਜੀ ਰਾਜਪਾਲ ਜੀ, ਨੈਣਾ ਦੇਵੀ, ਬਲਵੀਰ ਕੁਮਾਰ, ਉਪਦੇਸ਼ ਸ਼ਰਮਾ, ਸੁਰਿੰਦਰ ਕੁਮਾਰ ਗੁਲਾਟੀ, ਵਿਨੋਦ ਕੁਮਾਰ ਗੁਲਾਟੀ, ਸੰਦੀਪ ਤੁਲੀ, ਰੋਹਿਤ ਕੌੜਾ, ਅਸ਼ਵਨੀ ਪਾਠਕ, ਸੁਸ਼ੀਲ ਚੋਪੜਾ, ਵਿਪਨ ਚੋਪੜਾ, ਸੁਨੀਲ ਸੋਨੀ ਅਤੇ ਜਤਿੰਦਰ ਪਾਲ ਸ਼ਰਮਾ ਨੇ ਰਸਤੇ ਵਿੱਚ ਮਹਾਮਾਈ ਦਾ ਗੁਣਗਾਨ ਕੀਤਾ। ਸ਼੍ਰੀ ਸਤਪਾਲ ਜੀ ਸਤੀ ਅਤੇ ਹੋਰ ਸ਼ਰਧਾਲੂਆਂ ਨੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ।

## ਅਗਰਵਾਲ ਪੀਰਖਾਨਾ ਗਿੱਦੜਬਾਹਾ ਵਿਖੇ ਧਾਰਮਿਕ ਸਮਾਰੋਹ ਆਯੋਜਿਤ



ਗਿੱਦੜਬਾਹਾ, 22 ਮਈ (ਕੁਲਦੀਪ ਜਿੰਦਲ) - ਬੀਤੀ ਰਾਤ ਅਗਰਵਾਲ ਪੀਰਖਾਨਾ ਗਿੱਦੜਬਾਹਾ ਵਲੋਂ ਪੀਰਖਾਨਾ ਵਿਖੇ ਪੀਰ ਮੀਰਾਂ ਸਾਹਿਬ ਬਾਬਾ ਜੀ ਦਾ ਧਾਰਮਿਕ ਸਮਾਰੋਹ ਆਯੋਜਿਤ ਕੀਤਾ ਗਿਆ। ਸਮਾਰੋਹ ਦੌਰਾਨ ਬਾਬਾ ਕਾਲਾ ਸਿੰਗਲਾ ਅਤੇ ਬਾਬਾ ਡਿੰਪਲ ਵਲੋਂ ਦੀਵਾਨ ਸਜਾਏ ਗਏ ਅਤੇ ਭਜਨ ਗਾਇਕ ਫੌਜੀ ਭੰਗਚੜੀ ਐਂਡ ਪਾਰਟੀ ਵੱਲੋਂ ਬਾਬਾ ਦੀ ਭਜਨ ਬੰਦਗੀ ਕੀਤੀ ਗਈ। ਇਸ ਮੌਕੇ ਅਗਰਵਾਲ ਪੀਰਖਾਨਾ ਕਮੇਟੀ ਦੇ ਪ੍ਰਧਾਨ ਓਮ ਪ੍ਰਕਾਸ਼ ਕਾਕਾ ਨੇ ਦੱਸਿਆ ਕਿ ਪੀਰ ਬਾਬਾ ਮੀਰਾਂ ਜੀ ਦੀ ਦਰਗਾਹ ਤੇ ਹਰ ਮਹੀਨੇ ਦੀ ਤਰ੍ਹਾਂ ਇਸ ਵਾਰ ਵੀ ਧਾਰਮਿਕ ਸਮਾਰੋਹ ਦਾ ਆਯੋਜਨ ਕੀਤਾ ਗਿਆ ਹੈ। ਸਮਾਰੋਹ ਦੌਰਾਨ ਬਾਬਾ ਜੀ ਦਾ ਅਤੁੱਟ ਲੰਗਰ ਵੀ ਲਗਾਇਆ ਗਿਆ। ਉਨਾਂ ਨੇ ਦੱਸਿਆ ਕਿ ਧਾਰਮਿਕ ਸਮਾਰੋਹ ਦੌਰਾਨ ਪਾਣੀ ਸੇਵਾ ਸ਼ਿਵ ਆਰ.ਓ. ਵੱਲੋਂ ਨਿਭਾਈ ਗਈ। ਇਸ ਮੌਕੇ ਸਾਬਕਾ ਪ੍ਰਧਾਨ ਪਿਆਰੇ ਲਾਲ ਮਿੱਤਲ, ਡਾ. ਕੇਵਲ ਕ੍ਰਿਸ਼ਨ ਸਿੰਗਲਾ, ਡਾ. ਸਵਰਨ ਲਤਾ ਸਿੰਗਲਾ, ਰਤਨ ਸੋਨੀ, ਮੀਤ ਪ੍ਰਧਾਨ ਪ੍ਰਸ਼ੋਤਮ ਗੋਇਲ, ਕੈਸ਼ੀਅਰ ਮਹਿੰਦਰਪਾਲ ਗਰਗ, ਸਟੋਰ ਇੰਚਾਰਜ ਰਿੰਕੂ ਬਾਂਸਲ, ਦੁਰਗਾ ਪ੍ਰਦਾਸ ਟੁਨੀਆ, ਰਾਜਿੰਦਰ ਗੋਰਖਾ, ਬਲਦੇਵ ਮੰਗਲਾ, ਸੁਰਜੀਤ ਰਾਹੀ, ਰਾਕੇਸ਼ ਪਟਵਾਰੀ, ਛਿੰਦੀ ਚੋਟੀਆਂਵਾਲਾ, ਅਨਿਲ ਗਰਗ ਤੋਂ ਇਲਾਵਾ ਪੀਰਖਾਨਾ ਦੇ ਸੇਵਾਦਾਰ ਬਾਬਾ ਦਲਜੀਤ ਆਦਿ ਵੀ ਮੌਜੂਦ ਸਨ।

## ਗੁਰਦੁਆਰਾ ਗੁਰਗਿਆਨ ਪ੍ਰਕਾਸ਼ ਜਵੱਦੀ ਟਕਸਾਲ ਵਿਖੇ ਚੁਪਹਿਰਾ ਸਮਾਗਮ ਭਲਕੇ



ਲੁਧਿਆਣਾ, 22 ਮਈ (ਸੂਰਜ) - ਸੱਚਖੰਡ ਵਾਸੀ ਪਰਮ ਸੰਤ ਸੁਚਾ ਸਿੰਘ ਜੀ ਵੱਲੋਂ ਸਿਰਜਿਤ ਗੁਰਬਾਣੀ ਗੁਰ ਇਤਿਹਾਸ ਅਤੇ ਪੁਰਾਤਨ ਗੁਰਮਤਿ ਸੰਗੀਤ ਦੀ ਬਹਾਲੀ ਲਈ ਨਿਰੰਤਰ ਕਾਰਜਸ਼ੀਲ ਗੁਰਦੁਆਰਾ ਗੁਰਗਿਆਨ ਪ੍ਰਕਾਸ਼ ਸਾਹਿਬ ÷ਜਵੱਦੀ ਟਕਸਾਲ÷ ਵਿਖੇ 24 ਮਈ, ਦਿਨ ਐਤਵਾਰ, ਸ਼ਾਮ 6:00 ਵਜੇ ਤੋਂ 10:00 ਵਜੇ ਤੱਕ ਚੁਪਹਿਰਾ ਸਮਾਗਮ ਹੋਵੇਗਾ। ਦਫਤਰ ਜਵੱਦੀ ਟਕਸਾਲ ਵਲੋਂ ਭਾਈ ਮਨਿੰਦਰ ਸਿੰਘ ਅਹੂਜਾ ਅਤੇ ਭਾਈ ਦਲਬੀਰ ਸਿੰਘ ਮੱਕੜ ਵਲੋਂ ਭੇਜੀ ਗਈ ਜਾਣਕਾਰੀ ਅਨੁਸਾਰ ਸਮਾਗਮ ਦੌਰਾਨ ਭਾਈ ਅਮਨਦੀਪ ਸਿੰਘ ਜੀ ਬੀਬੀ ਕੌਲਾਂ ਜੀ ਅੰਮ੍ਰਿਤਸਰ ਸਾਹਿਬ ਵਾਲੇ ਕੀਰਤਨ ਦੀਆਂ ਹਾਜ਼ਰੀਆਂ ਭਰਨਗੇ। ਜਵੱਦੀ ਟਕਸਾਲ ਦੇ ਮੌਜੂਦਾ ਮੁਖੀ ਸੰਤ ਬਾਬਾ ਅਮੀਰ ਸਿੰਘ ਜੀ ਨੇ ਸਮੂਹ ਮੈਂਬਰ ਸਾਹਿਬਾਨਾਂ ਵਲੋਂ ਸੰਗਤਾਂ ਨੂੰ ਕਲਯੁੱਗ ਦੇ ਭਿਆਨਕ ਦੌਰ ਤੋਂ ਬਚਣ ਲਈ ਗੁਰਬਾਣੀ ਨਾਲ ਜੁੜਨ ਦੀ ਅਪੀਲ ਕਰਦਿਆਂ ਸਮੂਹ ਸੰਗਤਾਂ ਨੂੰ ਜਪ-ਤਪ ਸਮਾਗਮ ਵਿੱਚ ਹਾਜ਼ਰੀਆਂ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ। ਗੁਰੂ ਕਾ ਲੰਗਰ ਅਤੁੱਟ ਵਰਤੇਗਾ, ਗਰਮੀ ਦੇ ਮੱਦੇਨਜ਼ਰ ਲੋੜੀਂਦੇ ਪ੍ਰਬੰਧ ਕੀਤੇ ਜਾਣਗੇ।

## ਪਿੰਡ ਬੀਹਲਾ ਵਿਚ ਪੀ.ਏ.ਯੂ ਫਾਰਮ ਸਲਾਹਕਾਰ ਸੇਵਾ ਕੇਂਦਰ ਬਰਨਾਲਾ ਵੱਲੋਂ ਜਾਗਰੂਕਤਾ ਕੈਂਪ



ਬਰਨਾਲਾ, 22 ਮਈ( ਅਵਤਾਰ ਸਿੰਘ ਫਰਵਾਹੀ)

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਫਾਰਮ ਸਲਾਹਕਾਰ ਸੇਵਾ ਕੇਂਦਰ, ਬਰਨਾਲਾ ਵੱਲੋਂ ਕਿਸਾਨਾਂ ਨੂੰ ਝੋਨੇ ਦੀਆਂ ਘੱਟ ਸਮਾਂ ਲੈਣ ਵਾਲੀਆਂ ਕਿਸਮਾਂ ਅਤੇ ਖਾਦਾਂ ਦੀ ਸੰਤੁਲਿਤ ਵਰਤੋਂ ਬਾਰੇ ਜਾਗਰੂਕ ਕਰਨ ਲਈ ਪਿੰਡ ਬੀਹਲਾ ਦੀ ਸਹਿਕਾਰੀ ਸਭਾ ਵਿਖੇ ਸਕੱਤਰ ਗਗਨਦੀਪ ਸਿੰਘ, ਪ੍ਰਧਾਨ ਰੁਪਿੰਦਰ ਸਿੰਘ, ਮੀਤਪ੍ਰਧਾਨ ਗੁਰਮੀਤ ਸਿੰਘ ਅਤੇ ਸਮੂਹ ਕਮੇਟੀ ਮੈਬਰਾਂ ਦੇ ਪ੍ਰਬੰਧਾਂ ਹੇਠ ਅੱਜ ਜਾਗਰੂਕਤਾ ਕੈਂਪ ਲਾਇਆ ਗਿਆ। ਇਸ ਮੌਕੇ ਡਾ. ਅਮਨਦੀਪ ਕੌਰ, ਜ਼ਿਲ੍ਹਾ ਪਸਾਰ ਵਿਗਿਆਨੀ ਨੇ ਕਿਸਾਨਾਂ ਨੂੰ ਮਿੱਟੀ ਪਰਖ ਕਰਾਉਣ ਲਈ ਨਮੂਨਾ ਲੈਣ ਦੇ ਢੰਗ ਬਾਰੇ ਵਿਸਥਾਰਪੂਰਵਕ ਦੱਸਿਆ ਅਤੇ ਰਸਾਇਣਕ ਖਾਦਾਂ ਦੀ ਸੁਚੱਜੀ ਅਤੇ ਸੰਤੁਲਿਤ ਵਰਤੋਂ ਸਬੰਧੀ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਖਾਦਾਂ ਦੀ ਲੋੜ ਅਨੁਸਾਰ ਅਤੇ ਮਿੱਟੀ ਦੀ ਜਾਂਚ ਦੇ ਅਧਾਰ 'ਤੇ ਵਰਤੋਂ ਕਰਨ ਨਾਲ ਖਰਚੇ ਘਟਦੇ ਹਨ ਅਤੇ ਮਿੱਟੀ ਦੀ ਸਿਹਤ ਵੀ ਬਿਹਤਰ ਰਹਿੰਦੀ ਹੈ। ਕਿਸਾਨਾਂ ਨੂੰ ਝੋਨੇ ਦੀਆਂ ਘੱਟ ਸਮਾਂ ਲੈਣ ਵਾਲੀਆਂ ਕਿਸਮਾਂ (ਪੀ ਆਰ 133, ਪੀ ਆਰ 132, ਪੀ ਆਰ 131, ਪੀ ਆਰ 128, ਪੀ ਆਰ 126 ਅਤੇ ਬਾਸਮਤੀ 1509) ਦੀ ਚੋਣ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਘੱਟ ਸਮੇਂ ਵਿੱਚ ਤਿਆਰ ਹੋਣ ਵਾਲੀਆਂ ਕਿਸਮਾਂ ਪਾਣੀ ਦੀ ਬੱਚਤ ਦੇ ਨਾਲ-ਨਾਲ ਅਗਲੀ ਫ਼ਸਲ ਦੀ ਸਮੇਂ ਸਿਰ ਬਿਜਾਈ ਵਿੱਚ ਵੀ ਮਦਦਗਾਰ ਸਾਬਤ ਹੁੰਦੀਆਂ ਹਨ।

ਕੈਂਪ ਦੌਰਾਨ ਝੋਨੇ ਦੀ ਨਵੀਂ ਕਿਸਮ ਪੀ ਆਰ 133 ਦੀਆਂ ਵਿਸ਼ੇਸ਼ਤਾਵਾਂ ਬਾਰੇ ਵੀ ਵਿਚਾਰ ਚਰਚਾ ਕੀਤੀ ਗਈ। ਕਿਸਾਨਾਂ ਨੂੰ ਝੋਨੇ ਅਤੇ ਬਾਸਮਤੀ ਦੀ ਫ਼ਸਲ ਵਿੱਚ ਬੀਜ ਦੀ ਸੋਧ ਅਤੇ ਬਿਮਾਰੀਆਂ ਦੀ ਰੋਕਥਾਮ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਝੋਨੇ ਦੀ ਸਿਹਤਮੰਦ ਪੌਦ ਤਿਆਰ ਕਰਨ ਲਈ ਜ਼ਰੂਰੀ ਨੁਕਤੇ ਸਾਂਝੇ ਕੀਤੇ। ਝੋਨੇ ਦੇ ਮਧਰੇਪਣ ਦੇ ਰੋਗ ਦੀ ਪਹਿਚਾਣ ਅਤੇ ਵਾਧੇ ਬਾਰੇ ਵਿਸਥਾਰ ਨਾਲ ਗੱਲਬਾਤ ਕੀਤੀ। ਇਸ ਮੌਕੇ ਤੇ ਕਿਸਾਨਾਂ ਨੂੰ ਝੋਨੇ ਦਾ ਬੀਜ ਵੀ ਮੁਹੱਇਆ ਕਰਵਾਇਆ ਗਿਆ।

# ਨਿਗਮ ਚੋਣਾਂ 'ਚ ਹਲਕਾ ਇੰਚਾਰਜ ਮਾਲਵਿਕਾ ਸੂਦ ਨੇ ਕਾਂਗਰਸੀ ਉਮੀਦਵਾਰਾਂ ਦੇ ਹੱਕ 'ਚ ਕੀਤੀ ਲਹਿਰ ਖੜ੍ਹੀ

ਮੋਗਾ, 21 ਮਈ (ਜਗਰਾਜ ਸਿੰਘ ਸੰਘਾ) ਵਿਧਾਨ ਸਭਾ ਹਲਕਾ ਮੋਗਾ ਵਿਚ ਨਗਰ ਨਿਗਮ ਚੋਣਾਂ ਨੂੰ ਲੈ ਕੇ ਕਾਂਗਰਸ ਪਾਰਟੀ ਵੱਲੋਂ ਚੋਣ ਪ੍ਰਚਾਰ ਨੂੰ ਪੂਰੀ ਤਰ੍ਹਾਂ ਤੇਜ਼ ਕਰ ਦਿੱਤਾ ਗਿਆ ਹੈ। ਹਲਕਾ ਇੰਚਾਰਜ ਮਾਲਵਿਕਾ ਸੂਦ ਦੀ ਅਗਵਾਈ ਹੇਠ ਕਾਂਗਰਸ ਦੇ ਉਮੀਦਵਾਰਾਂ ਦੇ ਹੱਕ ਵਿਚ ਪ੍ਰਚਾਰ ਕੀਤਾ ਜਾ ਰਿਹਾ ਹੈ। ਇਸ ਮੁਹਿੰਮ ਵਿੱਚ ਪਾਰਟੀ ਦੇ ਸੀਨੀਅਰ ਆਗੂਆਂ ਅਤੇ ਵਰਕਰਾਂ ਦੀ ਵੱਡੀ ਭਾਗੀਦਾਰੀ ਵੇਖਣ ਨੂੰ ਮਿਲ ਰਹੀ ਹੈ, ਜੋ ਸਵੇਰੇ ਤੋਂ ਲੈ ਕੇ ਅੱਧੀ ਰਾਤ ਤੱਕ ਹਰ ਘਰ ਤੱਕ ਪਹੁੰਚ ਕਰ ਰਹੇ ਹਨ। ਪ੍ਰਚਾਰ ਦੌਰਾਨ ਕਾਂਗਰਸੀ ਆਗੂ ਲੋਕਾਂ ਨੂੰ ਮਿਲ ਕੇ ਉਨ੍ਹਾਂ ਨੂੰ ਪਾਰਟੀ ਦੀਆਂ ਨੀਤੀਆਂ ਬਾਰੇ ਜਾਣੂ ਕਰਵਾ ਰਹੇ ਹਨ ਅਤੇ ਕਾਂਗਰਸ ਦੇ ਉਮੀਦਵਾਰਾਂ ਦੇ ਹੱਕ ਵਿਚ ਵੋਟ ਪਾਉਣ ਦੀ ਅਪੀਲ ਕਰ ਰਹੇ ਹਨ। ਮਾਲਵਿਕਾ ਸੂਦ ਨੇ ਕਿਹਾ ਕਿ ਇਸ ਵਾਰ ਮੋਗਾ ਦੇ ਲੋਕ ਕਾਂਗਰਸ ਪਾਰਟੀ ਨੂੰ ਪੂਰਾ ਸਮਰਥਨ ਦੇਣ ਲਈ ਤਿਆਰ ਹਨ ਅਤੇ ਨਿਗਮ ਚੋਣਾਂ ਵਿਚ ਕਾਂਗਰਸ ਵੱਡੀ ਲੀਡ ਨਾਲ ਜਿੱਤ ਦਰਜ ਕਰੇਗੀ। ਉਨ੍ਹਾਂ ਦੱਸਿਆ ਕਿ ਪ੍ਰਚਾਰ ਦੌਰਾਨ ਉਨ੍ਹਾਂ ਨੂੰ ਨਗਰ ਨਿਗਮ ਖੇਤਰ ਦੇ ਵਸਨੀਕਾਂ ਵੱਲੋਂ ਭਾਰੀ ਪਿਆਰ ਅਤੇ ਹੁੰਗਾਰਾ ਮਿਲ ਰਿਹਾ ਹੈ, ਜੋ ਇਸ ਗੱਲ ਦਾ ਸਪੱਸ਼ਟ ਸੰਕੇਤ ਹੈ ਕਿ ਲੋਕ ਕਾਂਗਰਸ ਦੇ ਹੱਕ ਵਿੱਚ ਫੈਸਲਾ ਕਰਨ ਲਈ ਮਨ ਬਣਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦੇ ਵਰਕਰ ਹਰ ਵਾਰਡ ਵਿਚ ਜਾ ਕੇ ਲੋਕਾਂ ਨਾਲ ਸਿੱਧੀ ਗੱਲਬਾਤ ਕਰ ਰਹੇ ਹਨ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸੁਣ ਰਹੇ ਹਨ। ਮਾਲਵਿਕਾ ਸੂਦ ਨੇ ਇਹ ਵੀ ਕਿਹਾ ਕਿ ਚੋਣ ਪ੍ਰਚਾਰ ਦੌਰਾਨ ਲੋਕਾਂ ਨੂੰ



ਕਾਂਗਰਸ ਸਰਕਾਰ ਦੇ ਸਮੇਂ ਮੋਗਾ ਵਿਚ ਹੋਏ ਵਿਕਾਸੀ ਕੰਮਾਂ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਜਾ ਰਹੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਕਾਂਗਰਸ ਸਰਕਾਰ ਨੇ ਹਮੇਸ਼ਾ ਲੋਕਾਂ ਦੇ ਹਿਤਾਂ ਨੂੰ ਪਹਿਲ ਦਿੱਤੀ ਹੈ ਅਤੇ ਆਉਣ ਵਾਲੇ ਸਮੇਂ ਵਿਚ ਵੀ ਇਹੀ ਰਵੱਈਆ ਜਾਰੀ ਰਹੇਗਾ। ਅੰਤ ਵਿੱਚ ਉਨ੍ਹਾਂ ਨੇ ਮੋਗਾ ਦੇ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ 26 ਮਈ ਨੂੰ ਵੱਡੀ ਗਿਣਤੀ ਵਿੱਚ ਨਿਕਲ ਕੇ ਕਾਂਗਰਸ ਪਾਰਟੀ ਦੇ ਹੱਕ ਵਿਚ ਵੋਟ ਪਾਉਣ ਅਤੇ ਸ਼ਹਿਰ ਦੇ ਵਿਕਾਸ ਲਈ ਕਾਂਗਰਸ ਨੂੰ ਮਜ਼ਬੂਤ ਬਣਾਉਣ।

## ਦਾਣਾ ਮੰਡੀ ਸ੍ਰੀ ਮਾਛੀਵਾੜਾ ਸਾਹਿਬ ਵਿੱਖੇ ਪ੍ਰਵਾਸੀ ਮਜ਼ਦੂਰ ਦੀ ਲਾਸ਼ ਮਿਲਣ ਨਾਲ ਸਨਸਨੀ ਫੈਲੀ!



ਸ੍ਰੀ ਮਾਛੀਵਾੜਾ ਸਾਹਿਬ :- ਦਰਸ਼ਨ ਚੋਪੜਾ, ਰਾਜੀਵ ਕੁਮਾਰ ਰੋਜ਼ੀ, ਨਰੇਸ਼ ਭਾਟੀਆ -ਅੱਜ ਸਵੇਰੇ ਤਕਰੀਬਨ ਛੇ ਵੱਜੇ ਦਾਣਾ ਮੰਡੀ ਸ੍ਰੀ ਮਾਛੀਵਾੜਾ ਸਾਹਿਬ ਵਿੱਚ ਉਸ ਸਮੇਂ ਸਨਸਨੀ ਫੈਲ ਗਈ ਜਦੋਂ ਦਾਣਾ ਮੰਡੀ ਵਿੱਚ ਇੱਕ ਚਾਹ ਦੀ ਦੁਕਾਨ ਨੇੜੇ ਇੱਕ ਪ੍ਰਵਾਸੀ ਮਜ਼ਦੂਰ ਦੀ ਲਾਸ਼ ਨੂੰ ਲੋਕਾਂ ਨੇ ਪਈ ਦੇਖਿਆ ਮਿਲੀ ਜਾਣਕਾਰੀ ਅਨੁਸਾਰ ਇਹ ਪ੍ਰਵਾਸੀ ਮਜ਼ਦੂਰ ਜਿਸਦਾ ਨਾਂ ਬਾਦਲ ਸੀ ਇਹ ਆਪਣੀ ਪਤਨੀ ਤੇ ਦੋ ਬੱਚਿਆਂ ਨਾਲ ਦਾਣਾ ਮੰਡੀ ਤੋਂ ਬਾਹਰ ਕਿਰਾਏ ਦਾ ਮਕਾਨ ਲੈ ਕੇ ਰਹਿੰਦਾ ਸੀ ਇਹ ਰਾਤ 1.30 ਤੋਂ 2 ਵੱਜੇ ਪੱਲੇਦਾਰੀ ਦਾ ਕੰਮ ਕਰਕੇ ਆਪਣਾ ਪਰ ਅਪਣੇ ਘਰ ਨਹੀਂ ਪਹੁੰਚਿਆ ਇਸ ਸੰਬੰਧੀ ਪੁਲਿਸ ਨੂੰ ਸੂਚਿਤ ਕੀਤਾ ਗਿਆ ਮੁੱਢਲੀ ਜਾਂਚ ਅਨੁਸਾਰ ਇਹ ਨਸ਼ਾ ਕਰਨ ਦਾ ਆਦਿ ਸੀ ਤੇ ਹੋ ਸਕਦਾ ਹੈ ਜਿਆਦਾ ਨਸ਼ਾ ਕਰਨ ਨਾਲ ਇਸ ਦੀ ਮੌਤ ਹੋ ਗਈ ਹੋਵੇ ਪੁਲਿਸ ਵਲੋਂ ਮੌਕੇ ਤੇ ਪਹੁੰਚ ਕੇ ਲਾਸ਼ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ ਹੈ ਤੇ ਪੋਸਟਮਾਰਟਮ ਲਈ ਭੇਜ ਦਿੱਤਾ ਹੈ

## ਗਿਆਨ ਗੰਗਾ ਇੰਟਰਨੈਸ਼ਨਲ ਸਕੂਲ ਵਿੱਚ ਨੰਨੇ-ਮੁੰਨੇ ਬੱਚਿਆਂ ਦੀ ਪੂਲ ਪਾਰਟੀ ਚ ਬੱਚਿਆਂ ਨੇ ਕੀਤੀ ਖੂਬ ਮਸਤੀ



ਮੂਣਕ, 22 ਮਈ (ਪ੍ਰਤਾਪ ਸਿੰਘ ਖੁਰਾਣਾ) ਗਰਮੀ ਦੀਆਂ ਛੁੱਟੀਆਂ ਤੋਂ ਪਹਿਲਾਂ ਬੱਚਿਆਂ ਨੂੰ ਗਰਮੀ ਤੋਂ ਰਾਹਤ ਦੇਣ ਅਤੇ ਉਹਨਾਂ ਦੇ ਚਿਹਰਿਆਂ 'ਤੇ ਮੁਸਕਾਨ ਲਿਆਉਣ ਦੇ ਉਦੇਸ਼ ਨਾਲ ਗਿਆਨ ਗੰਗਾ ਇੰਟਰਨੈਸ਼ਨਲ ਸਕੂਲ ਵਿੱਚ ਨਰਸਰੀ ਤੋਂ ਦੂਜੀ ਕਲਾਸ ਤੱਕ ਦੇ ਬੱਚਿਆਂ ਲਈ ਵਿਸ਼ੇਸ਼ 'ਪੂਲ ਪਾਰਟੀ' ਦਾ ਆਯੋਜਨ ਕੀਤਾ ਗਿਆ।ਸਕੂਲ ਕੈਂਪਸ ਵਿੱਚ ਬਣੇ ਸਵਿਮਿੰਗ ਪੂਲ ਨੂੰ ਰੰਗ-ਬਿਰੰਗੇ ਗੁਬਾਰਿਆਂ ਅਤੇ ਆਕਰਸ਼ਕ ਖਿਡੌਣਿਆਂ ਨਾਲ ਸਜਾਇਆ ਗਿਆ ਸੀ। ਅਧਿਆਪਿਕਾਵਾਂ ਦੀ ਦੇਖ-ਰੇਖ ਹੇਠ ਬੱਚਿਆਂ ਨੂੰ ਸੁਰੱਖਿਅਤ ਢੰਗ ਨਾਲ ਪੂਲ ਵਿੱਚ ਉਤਾਰਿਆ ਗਿਆ, ਜਿੱਥੇ ਉਹਨਾਂ ਨੇ ਪਾਣੀ ਵਿੱਚ ਖੂਬ ਮਸਤੀ ਕੀਤੀ। ਬੱਚਿਆਂ ਨੇ ਤੈਰਦੇ ਖਿਡੌਣਿਆਂ ਨਾਲ ਖੇਡਦੇ ਹੋਏ ਸੰਗੀਤ ਦੀਆਂ ਧੁਨਾਂ 'ਤੇ ਝੂਮ ਕੇ ਗਰਮੀ ਦਾ ਆਨੰਦ ਮਾਣਿਆ। ਇਸ ਦੌਰਾਨ ਅਧਿਆਪਕਾਂ ਵੱਲੋਂ ਬੱਚਿਆਂ ਨੂੰ ਜਲ-ਸੁਰੱਖਿਆ ਨਾਲ ਸੰਬੰਧਿਤ ਜ਼ਰੂਰੀ ਨਿਯਮਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ।ਕਾਰਜਕ੍ਰਮ ਦੌਰਾਨ ਬੱਚਿਆਂ ਲਈ ਠੰਡੇ ਫਲ, ਜੂਸ ਅਤੇ ਹਲਕੇ ਸਨੈਕਸ ਦੀ ਵਿਸ਼ੇਸ਼ ਵਿਵਸਥਾ ਕੀਤੀ ਗਈ ਸੀ।ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਰਣਪ੍ਰੀਤ ਕੌਰ ਨੇ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਬੱਚਿਆਂ ਦੇ ਮਨ ਨੂੰ ਖੁਸ਼ੀ ਅਤੇ ਉਤਸ਼ਾਹ ਨਾਲ ਭਰ ਦਿੰਦੀਆਂ ਹਨ। ਉਹਨਾਂ ਨੇ ਦੱਸਿਆ ਕਿ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਬੱਚਿਆਂ ਦੇ ਸ਼ਾਰੀਰਿਕ ਅਤੇ ਮਾਨਸਿਕ ਵਿਕਾਸ ਵਿੱਚ ਸਹਾਇਕ ਹੁੰਦੀਆਂ ਹਨ ਅਤੇ ਸਕੂਲ ਪ੍ਰਤੀ ਉਹਨਾਂ ਦਾ ਲਗਾਵ ਵਧਾਉਂਦੀਆਂ ਹਨ।ਸਕੂਲ ਦੇ ਚੇਅਰਮੈਨ ਸ੍ਰੀ ਸੁਰੇਸ਼ ਮਿੱਤਲ ਨੇ ਕਿਹਾ ਕਿ ਬੱਚਿਆਂ ਦੀ ਖੁਸ਼ੀ ਹੀ ਸਕੂਲ ਦੀ ਸਭ ਤੋਂ ਵੱਡੀ ਤਰਜੀਹ ਹੈ। ਉਹਨਾਂ ਨੇ ਕਿਹਾ ਕਿ ਛੁੱਟੀਆਂ ਤੋਂ ਪਹਿਲਾਂ ਇਸ ਤਰ੍ਹਾਂ ਦੇ ਆਯੋਜਨ ਬੱਚਿਆਂ ਨੂੰ ਤਾਜ਼ਗੀ ਪ੍ਰਦਾਨ ਕਰਦੇ ਹਨ ਅਤੇ ਸਕੂਲ ਆਉਣ ਲਈ ਉਤਸ਼ਾਹ ਬਣਾਈ ਰੱਖਦੇ ਹਨ। ਇਸ ਕਾਰਜਕ੍ਰਮ ਦੇ ਅੰਤ ਵਿੱਚ ਸਾਰੇ ਬੱਚਿਆਂ ਦੀ ਉਤਸ਼ਾਹ ਪੂਰਨ ਭਾਗੀਦਾਰੀ ਦੀ ਸਰਾਹਨਾ ਕੀਤੀ ਗਈ। ਨੰਨੇ-ਮੁੰਨੇ ਬੱਚਿਆਂ ਦੇ ਖਿੜਦੇ ਚਿਹਰਿਆਂ ਨੇ ਪੂਰੇ ਮਾਹੌਲ ਨੂੰ ਖੁਸ਼ਗਵਾਰ ਬਣਾ ਦਿੱਤਾ।

## ਡੀ.ਸੀ ਹਿਮਾਂਸ਼ੂ ਜੈਨ ਨੇ ਨਿੱਜੀ ਸਕੂਲਾਂ ਦੀ ਫੀਸ ਨਿਗਰਾਨੀ ਲਈ ਜ਼ਿਲ੍ਹਾ ਪੱਧਰੀ ਰੈਗੂਲੇਟਰੀ ਕਮੇਟੀ ਦਾ ਕੀਤਾ ਗਠਨ

**ਗੈਰ-ਸਹਾਇਤਾ ਪ੍ਰਾਪਤ ਸਕੂਲਾਂ ਦੀ ਫੀਸ ਵਾਧੇ 'ਤੇ ਜ਼ਿਲ੍ਹਾ ਕਮੇਟੀ ਰੱਖੇਗੀ ਨਿਗਰਾਨੀ**

ਲੁਧਿਆਣਾ, 22 ਮਈ (ਵਰਿੰਦਰ) ਪੰਜਾਬ ਰੈਗੂਲੇਟਰੀ ਸੰਸਥਾਨ ਦੀ ਫੀਸ ਨਿਯਮਨ ਐਕਟ, 2016, ਪੰਜਾਬ ਰੈਗੂਲੇਟਰੀ ਸੰਸਥਾ ਦੀ ਫੀਸ ਨਿਯਮਨ (ਸੋਧ) ਐਕਟ, 2019 ਅਤੇ ਪੰਜਾਬ ਸਟੇਟ ਰੈਗੂਲੇਟਰੀ ਸੰਸਥਾ ਦੀ ਫੀਸ ਨਿਯਮਨ ਗੈਰ-ਸਹਾਇਤਾ ਪ੍ਰਾਪਤ ਵਿਦਿਅਕ ਸੰਸਥਾਵਾਂ ਨਿਯਮ, 2017 ਦੇ ਉਪਬੰਧਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਨੂੰ ਯਕੀਨੀ ਬਣਾਉਣ ਲਈ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਤੁਰੰਤ ਪ੍ਰਭਾਵ ਨਾਲ ਜ਼ਿਲ੍ਹੇ ਲਈ ਇੱਕ ਜ਼ਿਲ੍ਹਾ ਪੱਧਰੀ ਰੈਗੂਲੇਟਰੀ ਕਮੇਟੀ ਦਾ ਗਠਨ ਕੀਤਾ ਹੈ। ਇਹ ਕਮੇਟੀ ਜ਼ਿਲ੍ਹੇ ਵਿੱਚ ਗੈਰ-ਸਹਾਇਤਾ ਪ੍ਰਾਪਤ ਵਿਦਿਅਕ ਸੰਸਥਾਵਾਂ ਦੁਆਰਾ ਫੀਸਾਂ ਦੇ ਨਿਰਧਾਰਨ ਅਤੇ ਵਾਧੇ ਨਾਲ ਸਬੰਧਤ ਮਾਮਲਿਆਂ ਨੂੰ ਨਿਯਮਤ ਕਰਨ ਅਤੇ ਜਾਂਚ ਕਰਨ ਲਈ ਬਣਾਈ ਗਈ ਹੈ। ਇਸ ਕਦਮ ਦਾ ਉਦੇਸ਼ ਸਬੰਧਤ ਐਕਟਾਂ ਅਤੇ ਨਿਯਮਾਂ ਅਧੀਨ ਨਿਰਧਾਰਤ ਉਪਬੰਧਾਂ ਦੀ ਪਾਰਦਰਸ਼ਤਾ, ਨਿਰਪੱਖਤਾ ਅਤੇ ਪਾਲਣਾ ਨੂੰ ਯਕੀਨੀ ਬਣਾਉਣਾ ਹੈ। ਰੈਗੂਲੇਟਰੀ ਸੰਸਥਾ ਦੀ ਅਗਵਾਈ ਖੰਨਾ, ਜਗਰਾਉਂ ਅਤੇ ਪੇਂਡੂ ਵਿਕਾਸ ਦੇ ਵਧੀਕ ਡਿਪਟੀ ਕਮਿਸ਼ਨਰ ਆਪਣੇ-ਆਪਣੇ ਖੇਤਰਾਂ, ਨਗਰ ਨਿਗਮ ਸੀਮਾਵਾਂ ਅਤੇ ਸ਼ਹਿਰੀ ਖੇਤਰਾਂ ਵਿੱਚ



ਚੇਅਰਪਰਸਨ ਵਜੋਂ ਕਰਨਗੇ। ਮੁੱਖ ਮੰਤਰੀ ਫੀਲਡ ਅਫਸਰ, ਲੁਧਿਆਣਾ ਨੋਡਲ-ਕਮ-ਮੈਂਬਰ ਵਜੋਂ ਸੇਵਾ ਨਿਭਾਏਗਾ, ਜਦੋਂ ਕਿ ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ), ਲੁਧਿਆਣਾ ਨੂੰ ਮੈਂਬਰ ਸਕੱਤਰ ਵਜੋਂ ਨਾਮਜ਼ਦ ਕੀਤਾ ਗਿਆ ਹੈ। ਜ਼ਿਲ੍ਹਾ ਸਿੱਖਿਆ ਅਫਸਰ (ਐਲੀਮੈਂਟਰੀ), ਲੁਧਿਆਣਾ ਅਤੇ ਡਿਪਟੀ ਕਮਿਸ਼ਨਰ, ਲੁਧਿਆਣਾ ਦੇ ਦਫ਼ਤਰ ਤੋਂ ਸੁਪਰਡੈਂਟ ਗ੍ਰੇਡ-1 ਕਮੇਟੀ ਦੇ ਮੈਂਬਰ ਵਜੋਂ ਸੇਵਾ ਨਿਭਾਉਣਗੇ। ਸੰਯੁਕਤ ਪ੍ਰਿੰਸੀਪਲ ਤਸਕੀਨ ਅਖ਼ਤਰ ਅਤੇ ਨਾਹਰ ਸਿੰਘ ਨੂੰ ਵੀ ਰੈਗੂਲੇਟਰੀ ਬਾਡੀ ਦੇ ਮੈਂਬਰ ਵਜੋਂ ਨਾਮਜ਼ਦ ਕੀਤਾ ਹੈ। ਨੋਟੀਫਿਕੇਸ਼ਨ ਦੇ ਅਨੁਸਾਰ ਰੈਗੂਲੇਟਰੀ ਬਾਡੀ ਫੀਸ ਢਾਂਚੇ ਦੀ ਨਿਗਰਾਨੀ ਕਰੇਗੀ ਅਤੇ ਨਿੱਜੀ ਗੈਰ-ਸਹਾਇਤਾ ਪ੍ਰਾਪਤ ਵਿਦਿਅਕ ਸੰਸਥਾਵਾਂ ਵਿੱਚ ਫੀਸ ਵਾਧੇ ਨਾਲ ਸਬੰਧਤ ਪ੍ਰਸਤਾਵਾਂ ਦੀ ਜਾਂਚ ਕਰੇਗੀ। ਪ੍ਰਸ਼ਾਸਨ ਨੇ ਸਪੱਸ਼ਟ ਕੀਤਾ ਕਿ ਵਿਦਿਅਕ ਸੰਸਥਾਵਾਂ ਦੇ ਸੁਚਾਰੂ ਕੰਮਕਾਜ ਲਈ ਅਤੇ ਵਿਦਿਆਰਥੀਆਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਲਈ ਫੰਡਾਂ ਦੀ ਜ਼ਰੂਰਤ ਨੂੰ ਧਿਆਨ ਵਿੱਚ ਰੱਖਦੇ ਹੋਏ ਆਪਣਾ ਫੀਸ ਢਾਂਚਾ ਨਿਰਧਾਰਤ ਕਰਨ ਦੇ ਸਮਰੱਥ ਹਨ। ਹਾਲਾਂਕਿ, ਸੰਸਥਾਵਾਂ ਨੂੰ ਫੀਸਾਂ ਨਿਰਧਾਰਤ ਕਰਨ ਜਾਂ ਵਧਾਉਣ ਵੇਲੇ ਐਕਟ ਦੀ ਧਾਰਾ 6(1) ਅਧੀਨ ਨਿਰਧਾਰਤ ਕਾਰਕਾਂ ਦੀ ਪਾਲਣਾ ਕਰਨੀ ਚਾਹੀਦੀ ਹੈ। ਪ੍ਰਸ਼ਾਸਨ ਨੇ ਅੱਗੇ ਕਿਹਾ ਕਿ ਫੀਸਾਂ ਵਿੱਚ ਕੋਈ ਵੀ ਵਾਧਾ ਪਿਛਲੇ ਅਕਾਦਮਿਕ ਸਾਲ ਦੌਰਾਨ ਲਈ ਗਈ ਫੀਸ ਦੇ ਅੱਠ ਪ੍ਰਤੀਸ਼ਤ ਤੋਂ ਵੱਧ ਨਹੀਂ ਹੋਣਾ ਚਾਹੀਦਾ। ਇਸ ਗੱਲ @ਤੇ ਵੀ ਜ਼ੋਰ ਦਿੱਤਾ ਗਿਆ ਕਿ ਕੋਈ ਵੀ ਗੈਰ-ਸਹਾਇਤਾ ਪ੍ਰਾਪਤ ਵਿਦਿਅਕ ਸੰਸਥਾ ਮੁਨਾਫ਼ਾਖੋਰੀ ਵਿੱਚ ਸ਼ਾਮਲ ਨਹੀਂ ਹੋਵੇਗੀ ਜਾਂ ਕਿਸੇ ਵੀ ਰੂਪ ਵਿੱਚ ਕੈਪੀਟੇਸ਼ਨ ਫੀਸ ਨਹੀਂ ਲਵੇਗੀ।

## ਨਹਿਰੀ ਪਾਣੀ ਦੀ ਸਮੱਸਿਆ ਨੂੰ ਲੈ ਕੇ ਲਾਇਆ ਗਿਆ ਰੋਸ ਧਰਨਾ



ਮੂਣਕ /ਲਹਿਰਾ 22 ਮਈ (ਪ੍ਰਤਾਪ ਸਿੰਘ ਖੁਰਾਣਾ/ ਮਨਜੀਤ ਕੌਰ ਜੋ ਲੜ ਕਲਾਂ)ਅੱਜ ਭਾਰਤੀ ਕਿਸਾਨ ਯੂਨੀਅਨ ਏਕਤਾ (ਅਜ਼ਾਦ) ਵੱਲੋਂ ਇਲਾਕੇ ਦੇ ਕਿਸਾਨਾਂ ਨੂੰ ਆ ਰਹੀ ਨਹਿਰੀ ਪਾਣੀ ਦੀ ਭਾਰੀ ਸਮੱਸਿਆ ਦੇ ਹੱਲ ਲਈ **ਗੋਬਿੰਦਗੜ੍ਹ ਛਾਜਲੀ ਰੋਡ** @ਤੇ ਇੱਕ ਵਿਸ਼ਾਲ ਰੋਸ ਧਰਨਾ ਦਿੱਤਾ ਗਿਆ। ਇਸ ਧਰਨੇ ਦੀ ਅਗਵਾਈ ਜਥੇਬੰਦੀ ਦੇ ਮੁੱਖ ਆਗੂਆਂ ਜਿਨ੍ਹਾਂ ਵਿੱਚ,ਪ੍ਰਧਾਨ ਬੇਅੰਤ ਸਿੰਘ,ਜਨਰਲ ਸੈਕਟਰੀ ਬਲਜੀਤ ਸਿੰਘ,ਕਿਸਾਨ ਆਗੂ,ਲੀਲਾ ਸਿੰਘ ਜੀ ਚੋਟੀਆ, ਕਿਸਾਨ ਆਗੂ ਭੀਮ ਸਿੰਘ, ਅਤੇ ਗੁਰਪ੍ਰੀਤ ਬਾਂਸਲ ਸ਼ਾਮਲ ਸਨ, ਵੱਲੋਂ ਕੀਤੀ ਗਈ। ਇਸ ਮੌਕੇ ਵਿਸ਼ੇਸ਼ ਤੌਰ @ਤੇ ਪਹੁੰਚੇ,ਅਵਤਾਰ ਸਿੰਘ ਗਿੱਲ (ਸਰਪੰਚ ),ਦੀਪ ਚੰਦ ਮੈਬਰ, ਅਤੇ ਲੀਲਾ ਗਰੇਵਾਲ ਗੋਰਖਾ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਅਤੇ ਕਿਸਾਨਾਂ ਨੇ ਸ਼ਮੂਲੀਅਤ ਕੀਤੀ।ਧਰਨੇ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਪ੍ਰਸ਼ਾਸਨ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਨਹਿਰੀ ਪਾਣੀ ਦੀ ਸਮੱਸਿਆ ਦਾ ਜਲਦੀ ਹੱਲ ਨਾ ਕੀਤਾ ਗਿਆ ਅਤੇ ਖੇਤਾਂ ਤੱਕ ਪੂਰਾ ਪਾਣੀ ਨਾ ਪਹੁੰਚਾਇਆ ਗਿਆ, ਤਾਂ ਆਉਣ ਵਾਲੇ ਦਿਨਾਂ ਵਿੱਚ ਜਥੇਬੰਦੀ ਵੱਲੋਂ ਇਸ ਸੰਘਰਸ਼ ਨੂੰ ਹੋਰ ਵੀ ਤਿੱਖਾ ਕੀਤਾ ਜਾਵੇਗਾ।ਇਸ ਮੌਕੇ ਸਮੂਹ ਇਲਾਕਾ ਨਿਵਾਸੀਆਂ ਅਤੇ ਕਿਸਾਨ ਭਰਾਵਾਂ ਨੂੰ ਅਪੀਲ ਕੀਤੀ ਕਿ ਜਥੇਬੰਦੀ ਦੇ ਅਗਲੇ ਫੈਸਲਿਆਂ ਅਤੇ ਸੰਘਰਸ਼ਾਂ ਵਿੱਚ ਵੱਧ-ਚੜ੍ਹ ਕੇ ਸਾਥ ਦੇਣ।

## ਮਰਦਮਸ਼ੁਮਾਰੀ 2027 ਤਹਿਤ ਪਹਿਲਕਦਮੀ: ਡਿਪਟੀ ਕਮਿਸ਼ਨਰ ਵਲੋਂ ਮੋਹਰੀ ਰਹਿਣ ਵਾਲੇ ਗਿਣਤੀਕਾਰਾਂ ਦਾ ਸਨਮਾਨ

**ਜਨਗਣਨਾ ਸਰਕਲ ਮੁਕੰਮਲ ਕਰਨ ਵਾਲੇ ਸੁਪਰਵਾਇਜ਼ਰਾਂ ਦੀ ਵੀ ਕੀਤੀ ਜਾਵੇਗੀ ਹੌਸਲਾ ਅਫਜ਼ਾਈ**

ਬਰਨਾਲਾ, 22 ਮਈ( ਅਵਤਾਰ ਸਿੰਘ ਫਰਵਾਹੀ) ਜ਼ਿਲ੍ਹਾ ਪ੍ਰਸ਼ਾਸਨ ਬਰਨਾਲਾ ਵਲੋਂ ਜ਼ਿਲ੍ਹੇ ਵਿੱਚ ਮਰਦਮਸ਼ੁਮਾਰੀ 2027 ਦੇ ਪਹਿਲੇ ਪੜਾਅ ਲਈ ਵਧੀਆ ਸੇਵਾਵਾਂ ਨਿਭਾਉਣ ਵਾਲੇ ਗਿਣਤੀਕਾਰਾਂ ਅਤੇ ਸੁਪਰਵਾਇਜ਼ਰਾਂ ਦੀ ਹੌਸਲਾ ਅਫਜ਼ਾਈ ਦੀ ਪਹਿਲਕਦਮੀ ਕੀਤੀ ਗਈ ਹੈ, ਜਿਸ ਤਹਿਤ ਅੱਜ ਡਿਪਟੀ ਕਮਿਸ਼ਨਰ ਵਲੋਂ ਗਿਣਤੀਕਾਰਾਂ ਦਾ ਪ੍ਰਸ਼ੰਸਾ ਪੱਤਰਾਂ ਨਾਲ ਸਨਮਾਨ ਕੀਤਾ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਸਹਿਤ ਪ੍ਰਮੁੱਖ ਜਨਗਣਨਾ ਅਫ਼ਸਰ ਸ੍ਰੀ ਹਰਪ੍ਰੀਤ ਸਿੰਘ ਆਈ ਏ ਐੱਸ ਨੇ ਗਿਣਤੀਕਾਰਾਂ ਅਤੇ ਸਬੰਧਤ ਸਰਕਲ ਦੇ ਸੁਪਰਵਾਇਜ਼ਰਾਂ ਦੇ ਰੂਬਰੂ ਹੁੰਦਿਆਂ ਕਿਹਾ ਕਿ ਜਨਗਣਨਾ 2027 ਬੜਾ ਅਹਿਮ ਕਾਰਜ ਹੈ ਅਤੇ ਸਾਡੇ ਜ਼ਿਲ੍ਹੇ ਵਿਚ ਬੜੇ ਵਧੀਆ ਤਰੀਕੇ ਅਤੇ ਤੇਜ਼ੀ ਦੇ ਨਾਲ ਘਰਾਂ ਦਾ ਸੂਚੀਕਰਨ ਚੱਲ ਰਿਹਾ ਹੈ ਅਤੇ ਸਾਰੇ ਗਿਣਤੀਕਾਰ ਅਤੇ ਸੁਪਰਵਾਇਜ਼ਰ ਤਨਦੇਹੀ ਨਾਲ ਇਹ ਕੰਮ ਨੇਪਰੇ



ਚਾੜ੍ਹਨ ਲਈ ਹੋਏ ਹਨ। ਜਿਨ੍ਹਾਂ ਗਿਣਤੀਕਾਰਾਂ ਨੇ ਸਭ ਤੋਂ ਪਹਿਲਾਂ ਆਪਣਾ ਬਲਾਕ ਮੁਕੰਮਲ ਕੀਤਾ ਹੈ, ਓਹਨਾਂ ਦਾ ਅੱਜ ਜ਼ਿਲ੍ਹਾ ਪੱਧਰ @ਤੇ ਸਨਮਾਨ ਕੀਤਾ ਗਿਆ ਹੈ ਅਤੇ ਆਉਣ ਵਾਲੇ ਦਿਨਾਂ ਵਿਚ ਸਰਕਲ ਮੁਕੰਮਲ ਕਰਨ ਵਾਲੇ ਸੁਪਰਵਾਇਜ਼ਰਾਂ ਦਾ ਵੀ ਸਨਮਾਨ ਕੀਤਾ ਜਾਵੇਗਾ।

ਇਸ ਮੌਕੇ ਡਿਪਟੀ ਕਮਿਸ਼ਨਰ ਵੱਲੋਂ ਸੁਪਰਵਾਇਜ਼ਰ ਸਿੰਪਲ ਜੱਗਾ, ਵਿਸ਼ਾਲੀ ਰਾਣੀ, ਤਲਵਿੰਦਰ ਸਿੰਘ, ਜਯੋਤੀ ਫੁਟੇਲਾ, ਕਿਰਨ ਜੋਸ਼ੀ, ਅਰਚਨਾ, ਸੁਖਦੀਪ ਕੌਰ, ਕਰਮਜੀਤ ਕੌਰ, ਅਮਨਦੀਪ ਕੌਰ ਤੇ ਗਗਨਦੀਪ ਕੌਰ ਦੀ ਵੀ ਸ਼ਲਾਘਾ ਕੀਤੀ। ਓਹਨਾਂ ਸਾਰੇ ਗਿਣਤੀਕਾਰ ਅਤੇ ਸੁਪਰਵਾਇਜ਼ਰਾਂ ਦੀ ਸ਼ਲਾਘਾ ਕੀਤੀ ਅਤੇ ਬਾਕੀਆਂ ਨੂੰ ਵੀ ਪੂਰੀ ਸ਼ਿੱਦਤ ਨਾਲ ਇਹ ਅਹਿਮ ਪ੍ਰੋਜੈਕਟ ਨੇਪਰੇ ਚਾੜ੍ਹਨ ਦਾ ਸੱਦਾ ਦਿੱਤਾ। ਓਹਨਾਂ ਕਿਹਾ ਕਿ ਜ਼ਿਲ੍ਹਾ ਬਰਨਾਲਾ ਇਸ ਪੜਾਅ ਵਿੱਚ ਮੋਹਰੀ ਜ਼ਿਲ੍ਹਿਆਂ ਵਿੱਚ ਹੈ ਅਤੇ ਸਾਂਝੇ ਹੰਭਲੇ ਨਾਲ ਮੋਹਰੀ ਰਹਿੰਦੇ ਹੋਏ ਇਹ ਪੜਾਅ ਨੇਪਰੇ ਚਾੜ੍ਹਿਆ ਜਾਵੇ। ਇਸ ਮੌਕੇ ਸਰਕਾਰੀ ਪ੍ਰਾਇਮਰੀ ਸਕੂਲ ਪੱਤੀ ਨੈਣੇਵਾਲ, ਭਦੌੜ ਦੇ ਅਧਿਆਪਕ ਰਮਨਦੀਪ ਕੰਬੋਜ ਨੇ ਕਿਹਾ ਕਿ ਉਹ ਜਨਗਣਨਾ 2027 ਲਈ ਗਿਣਤੀਕਾਰ ਵਜੋਂ ਸੇਵਾਵਾਂ ਨਿਭਾਅ ਰਹੇ ਹਨ ਅਤੇ ਉਸ ਨੇ 282 ਘਰਾਂ ਦਾ ਹਾਊਸ ਲਿਸਟਿੰਗ ਬਲਾਕ ਦਾ ਕੰਮ 4 ਦਿਨਾਂ ਵਿਚ ਮੁਕੰਮਲ ਕੀਤਾ ਹੈ। ਇਸ ਮੌਕੇ ਹੰਡਿਆਇਆ ਸਕੂਲ ਦੀ ਅਧਿਆਪਕ ਮੈਡਮ ਸਵਾਤੀ ਨੇ ਦੱਸਿਆ ਕਿ ਉਸਨੇ ਵੀ ਆਪਣਾ ਹਾਊਸ ਲਿਸਟਿੰਗ ਬਲਾਕ ਮੁਕੰਮਲ ਕਰ ਲਿਆ ਹੈ ਅਤੇ ਇਹ ਤਜਰਬਾ ਬਹੁਤ ਵਧੀਆ ਰਿਹਾ। ਇਸ ਮੌਕੇ ਖੋਜ ਅਫ਼ਸਰ ਦਫ਼ਤਰ ਉਪ-ਅਰਥ ਅਤੇ ਅੰਕੜਾ ਸਲਾਹਕਾਰ ਸ੍ਰੀਮਤੀ ਚਰਨਜੀਤ ਕੌਰ, ਕਾਰਜਸਾਧਕ ਅਫ਼ਸਰ ਹਰਪ੍ਰੀਤ ਸਿੰਘ, ਜਨਗਣਨਾ ਸੈੱਲ ਇੰਚਾਰਜ ਹਰਜੀਤ ਸਿੰਘ, ਡਾਇਰੈਕਟੋਰੇਟ ਆਫ ਸੈਂਸਜ਼ ਤੋਂ ਲਵਦੀਪ ਸਿੰਘ ਤੇ ਹੋਰ ਅਧਿਕਾਰੀ/ਕਰਮਚਾਰੀ ਮੌਜੂਦ ਸਨ।

## ਵਾਰਡ 21 ਤੋਂ ਕਾਂਗਰਸ ਉਮੀਦਵਾਰ ਬੀਬੀ ਕੁਲਵਿੰਦਰ ਕੌਰ ਸਿੱਧੂ ਅਤੇ ਵਾਰਡ 14 ਤੋਂ ਮਨਜੀਤ ਸਿੰਘ ਸਿੱਧੂ ਮਜ਼ਬੂਤ ਦਾਅਵੇਦਾਰ ਹਨ - ਅਵਤਾਰ ਸਿੰਘ ਸਿੱਧੂ



ਜੇ.ਕੇ ਬੱਤਾ ਨਿਊ - ਚੰਡੀਗੜ੍ਹ - ਖਰੜ ਆਗਾਮੀ ਨਯਾਗਾਓਂ ਨਗਰ ਕੌਂਸਲ ਚੋਣਾਂ ਵਿੱਚ ਕਾਂਗਰਸ ਦੇ ਮਜ਼ਬੂਤ ਦਾਅਵੇਦਾਰ ਮਨਜੀਤ ਸਿੰਘ ਸਿੱਧੂ ਨੂੰ ਉਨ੍ਹਾਂ ਦੀ ਪਤਨੀ ਬੀਬੀ ਕੁਲਵਿੰਦਰ ਕੌਰ ਸਿੱਧੂ ਦੇ ਨਾਲ ਇੱਕ ਮਜ਼ਬੂਤ ਦਾਅਵੇਦਾਰ ਮੰਨਿਆ ਜਾ ਰਿਹਾ ਹੈ, ਜੋ ਵਾਰਡ 21 ਵਿੱਚ ਕਾਂਗਰਸ ਦੀ ਮਜ਼ਬੂਤ ਦਾਅਵੇਦਾਰ ਹੈ। ਦੋਵਾਂ ਨੂੰ ਹੁਣ ਜਨਤਾ ਦੁਆਰਾ ਨਯਾਗਾਓਂ ਨਗਰ ਕੌਂਸਲ ਵਿੱਚ ਕਾਂਗਰਸ ਦੇ ਗੜ੍ਹ ਦੇ ਹਿੱਸੇ ਵਜੋਂ ਵਿਆਪਕ ਤੌਰ @ਤੇ ਮਾਨਤਾ ਦਿੱਤੀ ਜਾ ਰਹੀ ਹੈ। ਕਾਂਗਰਸ ਉਮੀਦਵਾਰ ਮਨਜੀਤ ਸਿੰਘ ਨੇ ਕਿਹਾ ਕਿ ਉਨ੍ਹਾਂ ਨੂੰ ਸੀਨੀਅਰ ਕਾਂਗਰਸੀ ਆਗੂ ਅਤੇ ਪੰਜਾਬ ਗਊ ਸੇਵਾ ਕਮਿਸ਼ਨ ਦੇ ਸਾਬਕਾ ਉਪ ਚੇਅਰਮੈਨ, ਸ਼੍ਰੀ ਕਮਲਜੀਤ ਸਿੰਘ ਚਾਵਲਾ ਅਤੇ ਪੰਜਾਬ ਕਾਂਗਰਸ ਕਿਸਾਨ ਸੈੱਲ ਦੇ ਸਕੱਤਰ ਅਤੇ ਸਮਾਜ ਸੇਵਕ ਗੁਰਪ੍ਰਤਾਪ ਸਿੰਘ ਪਡਿਆਲਾ ਦਾ ਆਸ਼ੀਰਵਾਦ ਪ੍ਰਾਪਤ ਹੈ। ਉਨ੍ਹਾਂ ਕਿਹਾ, ÷ਅਸੀਂ ਕਾਂਗਰਸ ਲਈ ਦੋਵੇਂ ਸੀਟਾਂ ਜਿੱਤਾਂਗੇ ਅਤੇ ਆਪਣੇ ਹੋਰ ਕਾਂਗਰਸੀ ਸਹਿਯੋਗੀਆਂ ਤੋਂ ਨਯਾਗਾਓਂ ਨਗਰ ਕੌਂਸਲ ਕਮੇਟੀ ਦਾ ਕੰਟਰੋਲ ਆਪਣੇ ਹੱਥ ਵਿੱਚ ਲੈ ਲਵਾਂਗੇ।÷ ਉਨ੍ਹਾਂ ਨੇ ਪਹਿਲਾਂ ਰੁਕੇ ਹੋਏ ਵਿਕਾਸ ਪ੍ਰੋਜੈਕਟਾਂ ਨੂੰ ਪੂਰਾ ਕਰਨ ਦਾ ਕੰਮ ਕੀਤਾ ਹੈ। ਗੁਰਪ੍ਰਤਾਪ ਸਿੰਘ ਪਡਿਆਲਾ ਦਾ ਕਹਿਣਾ ਹੈ ਕਿ ਕਾਂਗਰਸ 2027 ਵਿੱਚ ਪੰਜਾਬ ਵਿੱਚ ਸਰਕਾਰ ਬਣਾਏਗੀ।

## ਵਾਰਡ ਨੰਬਰ 14 ਵਿੱਚ ਕਾਂਗਰਸ ਦੀ ਨੁੱਕੜ ਮੀਟਿੰਗ ਨੂੰ ਮਿਲਿਆ ਭਰਪੂਰ ਸਮਰਥਨ

ਡੇਰਾਬੱਸੀ, 22 ਮਈ (ਸੁਖਵਿੰਦਰ ਸੈਣੀ) ਨਗਰ ਕੌਂਸਲ ਚੋਣਾਂ ਦੇ ਮੱਦੇਨਜ਼ਰ ਵਾਰਡ ਨੰਬਰ 14 ਦੇ ਆਦਰਸ਼ ਨਗਰ ਵਿੱਚ ਅੱਜ ਕਾਂਗਰਸ ਪਾਰਟੀ ਵੱਲੋਂ ਇੱਕ ਪ੍ਰਭਾਵਸ਼ਾਲੀ ਨੁੱਕੜ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਵਾਰਡ ਵਾਸੀਆਂ ਨੇ ਸ਼ਮੂਲੀਅਤ ਕਰਕੇ ਕਾਂਗਰਸ ਉਮੀਦਵਾਰ ਅੰਕਿਤ ਜੈਨ ਨੂੰ ਆਪਣਾ ਸਮਰਥਨ ਦਿੱਤਾ। ਮੀਟਿੰਗ ਦੌਰਾਨ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਸਰਦਾਰ ਦੀਪਇੰਦਰ ਸਿੰਘ ਢਿੱਲੋਂ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਲਗਾਈ ਅਤੇ ਲੋਕਾਂ ਨੂੰ ਕਾਂਗਰਸ ਦੇ ਹੱਕ ਵਿੱਚ ਵੋਟ ਪਾਉਣ ਦੀ ਅਪੀਲ ਕੀਤੀ।



ਸਰਦਾਰ ਦੀਪਇੰਦਰ ਸਿੰਘ ਢਿੱਲੋਂ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਲੋਕਾਂ ਦੀ ਭਲਾਈ ਅਤੇ ਇਲਾਕੇ ਦੇ ਵਿਕਾਸ ਲਈ ਵਚਨਬੱਧ ਰਹੀ ਹੈ। ਉਨ੍ਹਾਂ ਕਿਹਾ ਕਿ ਅੰਕਿਤ ਜੈਨ ਇੱਕ ਇਮਾਨਦਾਰ ਅਤੇ ਨੌਜਵਾਨ ਚਿਹਰਾ ਹਨ, ਜੋ ਵਾਰਡ ਦੀਆਂ ਸਮੱਸਿਆਵਾਂ ਨੂੰ ਸਮਝਦੇ ਹਨ ਅਤੇ ਉਨ੍ਹਾਂ ਦੇ ਹੱਲ ਲਈ ਲਗਾਤਾਰ ਲੋਕਾਂ ਦੇ ਵਿਚਕਾਰ ਰਹਿੰਦੇ ਹਨ। ਉਨ੍ਹਾਂ ਨੇ ਕਿਹਾ ਕਿ ਵਾਰਡ ਨੰਬਰ 14 ਵਿੱਚ ਵਿਕਾਸ ਕਾਰਜਾਂ ਨੂੰ ਹੋਰ ਤੇਜ਼ੀ ਨਾਲ ਅੱਗੇ ਵਧਾਉਣ ਲਈ ਕਾਂਗਰਸ ਉਮੀਦਵਾਰ ਨੂੰ ਜਿਤਾਉਣਾ ਜ਼ਰੂਰੀ ਹੈ। ਇਸ ਮੌਕੇ ਉਮੀਦਵਾਰ ਅੰਕਿਤ ਜੈਨ ਨੇ ਵੀ ਵਾਰਡ ਵਾਸੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਉਹ ਹਮੇਸ਼ਾ ਲੋਕਾਂ ਦੀ ਸੇਵਾ ਲਈ ਤਤਪਰ ਰਹਿਣਗੇ ਅਤੇ ਵਾਰਡ ਵਿੱਚ ਸਫਾਈ, ਸੜਕਾਂ, ਪੀਣ ਵਾਲੇ ਪਾਣੀ ਅਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਪਹਿਲ ਦੇ ਆਧਾਰ 'ਤੇ ਸੁਧਾਰਿਆ ਜਾਵੇਗਾ। ਉਨ੍ਹਾਂ ਕਿਹਾ ਕਿ ਵਾਰਡ ਦੇ ਹਰ ਇਕ ਨਿਵਾਸੀ ਦੀ ਸਮੱਸਿਆ ਨੂੰ ਆਪਣੀ ਸਮੱਸਿਆ ਸਮਝ ਕੇ ਹੱਲ ਕੀਤਾ ਜਾਵੇਗਾ।

## ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾਂ ਵੱਲੋਂ ਸਿਫਾਰਿਸ਼ ਬੀਜ ਹੀ ਵੇਚਣ ਦੁਕਾਨਦਾਰ-ਡਾ.ਇਕਬਾਲਜੀਤ ਸਿੰਘ ਬੈਨੀਪਾਲ



ਫ਼ਤਹਿਗੜ੍ਹ ਸਾਹਿਬ, 22 ਮਈ (ਅਭਿਸ਼ੇਕ ਮਲਹੋਤਰਾ) ਮੁੱਖ ਖੇਤੀਬਾੜੀ ਅਫ਼ਸਰ ਫ਼ਤਹਿਗੜ੍ਹ ਸਾਹਿਬ ਡਾ.ਜਗਦੇਵ ਸਿੰਘ ਦੇ ਦਿਸਾ ਨਿਰਦੇਸ਼ਾਂ ਤਹਿਤ ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ ਮਿਆਰੀ ਬੀਜ ਉਪਲਬਧ ਕਰਵਾਉਣ ਦੇ ਉਦੇਸ਼ ਨਾਲ ਸ਼ੁਰੂ ਕੀਤੀਆਂ ਗਈਆਂ ਵਿਸ਼ੇਸ਼ ਮੁਹਿੰਮਾ ਤਹਿਤ ਖੇਤੀਬਾੜੀ ਅਫ਼ਸਰ ਡਾ.ਇਕਬਾਲਜੀਤ ਸਿੰਘ ਬੈਨੀਪਾਲ ਦਾ ਅਗਵਾਈ ਹੇਠ ਬਲਾਕ ਸਰਹਿੰਦ ਵਿਖੇ ਬੀਜ ਵੇਚੱਣ ਵਾਲੇ ਦੁਕਾਨਾਂ ਦੀ ਅਚਣਚੇਤ ਚੈਕਿੰਗ ਕੀਤੀ ਗਈ । ਡਾ.ਬੈਨੀਪਾਲ ਨੇ ਬੀਜ ਵਿਕ੍ਰੇਤਾਵਾਂ ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾਂ ਵੱਲੋਂ ਸਿਫਾਰਸ਼ ਕੀਤੇ ਬੀਜਾਂ ਨੂੰ ਹੀ ਵੇਚਣ ਦੀ ਹਦਾਇਤ ਕੀਤੀ ।ਚੈਕਿੰਗ ਦੌਰਾਨ ਖੇਤੀਬਾੜੀ ਵਿਕਾਸ ਅਫਸਰ ਸਤਿੰਦਰ ਸਿੰਘ ਵੱਲੋਂ ਬੀਜ ਡੀਲਰਾਂ ਦੇ ਸਟਾਕ ਰਜਿਸਟਰ, ਬਿੱਲ ਬੁੱਕ ਅਤੇ ਬੀਜ ਸਪਲਾਈ ਦੇ ਬਿਲਾਂ ਦੀ ਜਾਂਚ ਕੀਤੀ ਗੀ । ਵਿਭਾਗ ਦੇ ਅਧਿਕਾਰੀਆਂ ਵੱਲੋਂ ਬੀਜ ਡੀਲਰਾਂ ਨੂੰ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਕਿ ਨਿਯਮ ਤੋੜਣ ਵਾਲੇ ਡੀਲਰਾਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ

## ਸਾਬਕਾ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਦੀ ਅਗਵਾਈ ਵਿੱਚ ਭਾਜਪਾ ਉਮੀਦਵਾਰਾਂ ਲਈ ਘਰ-ਘਰ ਜਾ ਕੇ ਚੋਣ ਮੁਹਿੰਮ ਦੀ ਸ਼ੁਰੂਆਤ

ਮੋਗਾ, 22 ਮਈ ( ਜਗਰਾਜ ਸਿੰਘ ਸੰਘਾ ) : ਮੋਗਾ ਨਗਰ ਨਿਗਮ ਚੋਣਾਂ ਲੜ ਰਹੇ ਉਮੀਦਵਾਰਾਂ ਨੂੰ ਚੋਣ ਨਿਸ਼ਾਨ ਅਲਾਟ ਹੋਣ ਤੋਂ ਬਾਅਦ, ਭਿਆਨਕ ਗਰਮੀ ਦੇ ਬਾਵਜੂਦ ਘਰ-ਘਰ ਪ੍ਰਚਾਰ ਪੂਰੇ ਜੋਸ਼ ਨਾਲ ਸ਼ੁਰੂ ਹੋ ਗਿਆ ਹੈ। ਇਸ ਕੋਸ਼ਿਸ਼ ਦੀ ਅਗਵਾਈ ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਕਰ ਰਹੇ ਹਨ, ਜੋ ਸ਼ਹਿਰ ਭਰ ਦੇ ਵੱਖ-ਵੱਖ ਵਾਰਡਾਂ ਵਿੱਚ ਖੜ੍ਹੇ ਭਾਜਪਾ ਉਮੀਦਵਾਰਾਂ ਲਈ ਘਰ-ਘਰ ਜਾ ਕੇ ਸਰਗਰਮੀ ਨਾਲ ਪ੍ਰਚਾਰ ਕਰ ਰਹੇ ਹਨ। ਇਸ ਪਹਿਲਕਦਮੀ ਦੇ ਹਿੱਸੇ ਵਜੋਂ,ਡਾ. ਸੀਮਾਂਤ ਗਰਗ ਵਾਰਡ ਨੰਬਰ 38 (ਸੋਨੀ ਮੰਗਲਾ ਦੀ ਪਤਨੀ ਰੇਣੂ ਮੰਗਲਾ ਲਈ), ਵਾਰਡ ਨੰਬਰ 19, ਵਾਰਡ ਨੰਬਰ 20 (ਸੋਨੂੰ ਅਰੋੜਾ ਦੀ ਪਤਨੀ ਕਵਿਤਾ ਅਰੋੜਾ ਲਈ), ਵਾਰਡ ਨੰਬਰ 21, ਵਾਰਡ ਨੰਬਰ 23, ਵਾਰਡ ਨੰਬਰ 41, ਵਾਰਡ ਨੰਬਰ 37, ਵਾਰਡ ਨੰਬਰ 07 ਅਤੇ ਵਾਰਡ ਨੰਬਰ 14 ਵਰਗੇ ਵਾਰਡਾਂ ਵਿੱਚ ਭਾਜਪਾ ਉਮੀਦਵਾਰਾਂ ਦੇ ਹੱਕ ਵਿੱਚ ਪ੍ਰਚਾਰ ਕਰ ਰਹੇ ਹਨ। ਵੋਟਰਾਂ ਨੂੰ ÷ਕਮਲ÷ ਚਿੰਨ੍ਹ ਲਈ ਵੋਟ ਪਾਉਣ ਦੀ ਅਪੀਲ ਕਰਦੇ ਹੋਏ, ਉਨ੍ਹਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਨੀਤੀਆਂ ਅਤੇ ਯੋਜਨਾਵਾਂ ਦੇ ਲਾਭਾਂ ਬਾਰੇ ਵੀ ਜਾਣਕਾਰੀ ਦਿੱਤੀ ਜੋ ਜ਼ਮੀਨੀ ਪੱਧਰ @ਤੇ ਲੋਕਾਂ ਤੱਕ ਪਹੁੰਚ ਰਹੀਆਂ



ਹਨ। ਇਸ ਤੋਂ ਇਲਾਵਾ, ਉਨ੍ਹਾਂ ਨੇ ਜਨਤਾ ਨੂੰ ਪੰਜਾਬ ਵਿੱਚ ਸ਼ਾਂਤੀ ਅਤੇ ਸਦਭਾਵਨਾ ਨੂੰ ਯਕੀਨੀ ਬਣਾਉਣ ਅਤੇ ਰਾਜ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਲਈ ਭਾਜਪਾ ਨੂੰ ਵੋਟ ਪਾਉਣ ਦੀ ਅਪੀਲ ਕੀਤੀ। ਡਾ. ਸੀਮਾਂਤ ਗਰਗ ਨੇ ਦੱਸਿਆ ਕਿ ਪੁਰਾਣੀ ਦਾਣਾ ਮੰਡੀ ਸਥਿਤ ਉਨ੍ਹਾਂ ਦੇ ਦਫ਼ਤਰ ਵਿਖੇ ਵੱਖ-ਵੱਖ ਵਾਰਡਾਂ ਵਿੱਚ ਚੋਣ ਲੜ ਰਹੇ ਭਾਜਪਾ ਉਮੀਦਵਾਰਾਂ ਅਤੇ ਉਨ੍ਹਾਂ ਦੇ ਪਾਰਟੀ ਵਰਕਰਾਂ ਲਈ ਖਾਣੇ ਦਾ ਪ੍ਰਬੰਧ ਕੀਤਾ ਗਿਆ ਹੈ, ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਭਾਜਪਾ ਉਮੀਦਵਾਰਾਂ ਦਾ ਸਮਰਥਨ ਕਰਨ ਵਾਲੇ ਵਰਕਰਾਂ ਨੂੰ ਚੋਣ ਸਮੇਂ ਦੌਰਾਨ ਕੋਈ ਮੁਸ਼ਕਲ ਨਾ ਆਵੇ। ਉਨ੍ਹਾਂ ਕਿਹਾ ਕਿ ਭਾਜਪਾ ਦਾ ਵੋਟ ਬੈਂਕ ਹਾਲ ਹੀ ਦੇ ਸਮੇਂ ਵਿੱਚ ਕਾਫ਼ੀ ਮਜ਼ਬੂਤ ਹੋਇਆ ਹੈ, ਸਮਾਜ ਦੇ ਵੱਖ-ਵੱਖ ਵਰਗਾਂ ਅਤੇ ਵੱਖ-ਵੱਖ ਰਾਜਨੀਤਿਕ ਪਿਛੋਕੜਾਂ ਦੇ ਲੋਕ ਪਾਰਟੀ ਦੀ ਸਥਿਤੀ ਨੂੰ ਮਜ਼ਬੂਤ ਕਰਨ ਲਈ ਇਸ ਵਿੱਚ ਸ਼ਾਮਲ ਹੋਏ ਹਨ। ਉਨ੍ਹਾਂ ਅੱਗੇ ਕਿਹਾ ਕਿ ਭਾਜਪਾ ਉਮੀਦਵਾਰ ਇਸ ਸਮੇਂ ਦੂਜੀਆਂ ਰਾਜਨੀਤਿਕ ਪਾਰਟੀਆਂ ਲਈ ਇੱਕ ਵੱਡੀ ਚੁਣੌਤੀ ਪੇਸ਼ ਕਰ ਰਹੇ ਹਨ; ਭਾਜਪਾ ਨੇੜਲੇ ਭਵਿੱਖ ਵਿੱਚ ਇੱਕ ਸ਼ਕਤੀਸ਼ਾਲੀ ਰਾਜਨੀਤਿਕ ਸ਼ਕਤੀ ਵਜੋਂ ਉਭਰਨ ਲਈ ਤਿਆਰ ਹੈ, ਅਤੇ ਮੌਜੂਦਾ ਨਗਰ ਨਿਗਮ ਚੋਣਾਂ 2027 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਪੰਜਾਬ ਵਿੱਚ ਭਾਜਪਾ ਸਰਕਾਰ ਸਥਾਪਤ ਕਰਨ ਲਈ ਇੱਕ ਨੀਂਹ ਪੱਥਰ ਵਜੋਂ ਕੰਮ ਕਰਨਗੀਆਂ। ਮੋਗਾ ਸ਼ਹਿਰ ਦੇ ਵਸਨੀਕਾਂ ਨੂੰ ਅਪੀਲ ਕਰਦਿਆਂ ਉਨ੍ਹਾਂ ਕਿਹਾ ਕਿ ਸ਼ਹਿਰ ਦੇ ਵਿਕਾਸ ਅਤੇ ਪੰਜਾਬ ਦੀ ਮਜ਼ਬੂਤੀ ਲਈ, ਲੋਕਾਂ ਨੂੰ ਭਾਜਪਾ ਉਮੀਦਵਾਰਾਂ ਨੂੰ ਆਪਣਾ ਪੂਰਾ ਸਮਰਥਨ ਦੇਣਾ ਚਾਹੀਦਾ ਹੈ ਅਤੇ ਉਨ੍ਹਾਂ ਦੀ ਜਿੱਤ ਨੂੰ ਯਕੀਨੀ ਬਣਾਉਣਾ ਚਾਹੀਦਾ ਹੈ। ਇਸ ਮੌਕੇ ਭਾਜਪਾ ਦੇ ਮੀਤ ਪ੍ਰਧਾਨ ਰਾਹੁਲ ਗਰਗ, ਵਿੱਕੀ ਸਿਤਾਰਾ, ਜਤਿੰਦਰ ਚੱਢਾ, ਮੁਕੇਸ਼ ਸ਼ਰਮਾ, ਕਮਲ ਘਾਰੂ, ਭੁਪਿੰਦਰ ਹੈਪੀ, ਸੋਨੀ ਮੰਗਲਾ, ਰਾਜਿੰਦਰ ਗਾਬਾ, ਸੁਕੇਸ਼ ਸੂਦ, ਅਮਿਤ ਗੁਪਤਾ, ਸੰਜੀਵ ਅਗਰਵਾਲ, ਗੀਤਾ ਆਰੀਆ, ਦੀਪਕ ਤਲਵਾਰ, ਸੋਨੀ ਪੰਪ ਵਾਲੇ, ਨੀਤੂ ਗੁੱਪ ਆਦਿ ਹਾਜ਼ਰ ਸਨ।

## ਪੰਜਾਬ ਤੇ ਹਰਿਆਣਾ ਹਾਈਕੋਰਟ ਵਲੋਂ ਨਗਰ ਨਿਗਮ ਤੇ ਨਗਰ ਕੌਂਸਲ ਚੋਣਾਂ ਸੰਬਧੀ ਅਹਿਮ ਫ਼ੈਸਲਾ ਚੋਣਾਂ ਬੈਲਟ ਪੇਪਰ ਰਾਹੀਂ ਹੀ ਹੋਣਗੀਆਂ



ਸ੍ਰੀ ਮਾਛੀਵਾੜਾ ਸਾਹਿਬ :- ਦਰਸ਼ਨ ਚੋਪੜਾ, ਰਾਜੀਵ ਕੁਮਾਰ ਰੋਜ਼ੀ, ਨਰੇਸ਼ ਭਾਟੀਆ - ਪੰਜਾਬ ਤੇ ਹਰਿਆਣਾ ਹਾਈਕੋਰਟ ਨੇ ਨਗਰ ਨਿਗਮ ਤੇ ਨਗਰ ਕੌਂਸਲ ਚੋਣਾਂ ਈ ਵੀ ਐਮ ਰਾਹੀਂ ਕਰਵਾਉਣ ਸੰਬੰਧੀ ਪਟੀਸ਼ਨ ਨੂੰ ਖਾਰਜ ਕਰ ਦਿੱਤਾ ਹੈ। ਇਹ ਪਟੀਸ਼ਨ ਮੋਹਾਲੀ ਦੀ ਐਡਵੋਕੇਟ ਰੁਚਿਕਾ ਗਰਗ ਵੱਲੋਂ ਦਾਖ਼ਲ ਕੀਤੀ ਗਈ ਸੀ, ਜਿਸ @ਤੇ ਸੁਣਵਾਈ ਮਗਰੋਂ ਅੱਜ ਅਦਾਲਤ ਨੇ ਆਪਣਾ ਫ਼ੈਸਲਾ ਸੁਣਾਇਆ ਹੈ। ਸੁਣਵਾਈ ਦੌਰਾਨ ਹਾਈ ਕੋਰਟ ਨੇ ਕਿਹਾ ਕਿ ਚੋਣਾਂ ਦਾ ਪੂਰਾ ਸ਼ਡਿਊਲ ਜਾਰੀ ਹੋ ਚੁੱਕਿਆ ਹੈ ਅਤੇ ਹੁਣ ਇਸ ਮਾਮਲੇ ਵਿਚ ਦਖ਼ਲ ਦੇਣਾ ਠੀਕ ਨਹੀਂ ਹੈ। ਅਦਾਲਤ ਦੇ ਇਸ ਫ਼ੈਸਲੇ ਤੋਂ ਬਾਅਦ ਹੁਣ ਇਹ ਸਪਸ਼ਟ ਹੋ ਗਿਆ ਹੈ ਕਿ ਨਗਰ ਨਿਗਮ ਤੇ ਨਗਰ ਕੌਂਸਲ ਚੋਣਾਂ ਪੁਰਾਣੀ ਪ੍ਰਣਾਲੀ ਯਾਨੀ ਬੈਲਟ ਪੇਪਰ ਰਾਹੀਂ ਹੀ ਕਰਵਾਈਆਂ ਜਾਣਗੀਆਂ। ਤੈਅ ਸ਼ਡਿਊਲ ਮੁਤਾਬਕ 26 ਮਈ ਨੂੰ ਵੋਟਾਂ ਪੈਣਗੀਆਂ ਅਤੇ 29 ਮਈ ਨੂੰ ਨਤੀਜੇ ਐਲਾਨੇ ਜਾਣਗੇ।

## ਨਨਕਾਣਾ ਸਾਹਿਬ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਫਤਿਹਗੜ੍ਹ ਜੱਟਾਂ ਵਿਖੇ ਕਰਵਾਈ ਗਈ ਮਾਪੇ ਅਧਿਆਪਕ ਮਿਲਣੀ ਤੇ ਲਗਾਈ ਗਈ ਠੰਡੇ ਮਿੱਠੇ ਜਲ ਦੀ ਛਬੀਲ



ਸ੍ਰੀ ਮਾਛੀਵਾੜਾ ਸਾਹਿਬ :- ਦਰਸ਼ਨ ਚੋਪੜਾ, ਰਾਜੀਵ ਕੁਮਾਰ ਰੋਜ਼ੀ, ਨਰੇਸ਼ ਭਾਟੀਆ – ਨਨਕਾਣਾ ਸਾਹਿਬ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਫਤਿਹਗੜ੍ਹ ਜੱਟਾਂ ਵਿਖੇ PTI ਪ੍ਰੀਖਿਆ ਦੇ ਨਤੀਜੇ ਲਈ ਮਾਪੇ ਅਧਿਆਪਕ ਮਿਲਣੀ ਕਰਵਾਈ ਗਈ । ਇਸ ਮੌਕੇ ਹੀ ਸ਼ਹੀਦਾਂ ਦੇ ਸਿਰਤਾਜ ਅਤੇ ਸ਼ਾਂਤੀ ਦੇ ਪੁੰਜ ਧੰਨ ਧੰਨ ਸ਼੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਮੁੱਖ ਰੱਖਦਿਆਂ ਸਕੂਲ ਦੀ ਸਮੂਹ ਪ੍ਰਬੰਧਕ ਕਮੇਟੀ ਅਤੇ ਸਕੂਲ ਦੇ ਪ੍ਰਿੰਸੀਪਲ ਮੈਡਮ ਦੀਪਾਲੀ ਜੀ ਦੀ ਰਹਿਨੁਮਾਈ ਹੇਠ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ । ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਮੈਡਮ ਦੀਪਾਲੀ ਜੀ ਨੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਸਾਨੂੰ ਆਪਣੇ ਗੁਰੂਆਂ ਦੀਆਂ ਦਿੱਤੀਆਂ ਸ਼ਹੀਦੀਆਂ ਯਾਦ ਰੱਖਣੀਆਂ ਚਾਹੀਦੀਆਂ ਹਨ। ਉਹਨਾਂ ਦੀਆਂ ਦਿੱਤੀਆਂ ਸਿੱਖਿਆਵਾਂ ਤੇ ਸਾਨੂੰ ਪਹਿਰਾ ਦੇਣਾ ਚਾਹੀਦਾ ਹੈ

## ਐਮ ਟੀ ਐਸ ਬਰਨਾਲਾ ਵਿਖੇ ਖੁਸ਼ੀ ਦੇ ਛਿੱਟੇ



ਬਰਨਾਲਾ 22 ਮਈ ( ਅਵਤਾਰ ਸਿੰਘ ਫਰਵਾਹੀ) ਐਮਟੀਐਸ ਬਰਨਾਲਾ ਦੇ ਕੈਂਪਸ ਵਿੱਚ ਹਾਸਾ ਗੂੰਜ ਉੱਠਿਆ ਜਦੋਂ ਪਲੇ ਵੇਅ ਤੋਂ ਲੈ ਕੇ ਦੂਜੀ ਕਲਾਸ ਤੱਕ ਦੇ ਛੋਟੇ ਬੱਚਿਆਂ ਨੇ ਮੌਜ-ਮਸਤੀ, ਸੰਗੀਤ ਅਤੇ ਖੁਸ਼ੀਆਂ ਭਰੇ ਛਿੱਟਿਆਂ ਨਾਲ ਭਰੀ ਇੱਕ ਰੋਮਾਂਚਕ ਪੂਲ ਪਾਰਟੀ ਦਾ ਆਨੰਦ ਮਾਣਿਆ। ਰੰਗੀਨ ਪੂਲ ਖੇਤਰ ਇੱਕ ਛੋਟੇ ਪਾਣੀ ਦੇ ਸਵਰਗ ਵਿੱਚ ਬਦਲ ਗਿਆ ਜਿੱਥੇ ਬੱਚੇ ਖੁਸ਼ੀ ਨਾਲ ਤੈਰਦੇ, ਤੈਰਦੇ, ਡੁਬਕੀ ਲਗਾਉਂਦੇ ਅਤੇ ਚਮਕਦੇ ਉਤਸ਼ਾਹ ਨਾਲ ਪਾਣੀ ਦੇ ਛਿੱਟੇ ਪਾਉਂਦੇ ਸਨ। ਜਸ਼ਨ ਵਿੱਚ ਜਾਦੂ ਜੋੜਦੇ ਹੋਏ, ਵਾਟਰ ਪਾਰਕ ਪ੍ਰਦਰਸ਼ਨਾਂ ਨੇ ਇੱਕ ਤਿਉਹਾਰੀ ਮਾਹੌਲ ਬਣਾਇਆ ਜਿਸਨੇ ਤੁਰੰਤ ਹਰ ਨੌਜਵਾਨ ਦਿਲ ਨੂੰ ਮੋਹ ਲਿਆ। ਜੋਸ਼ੀਲੇ ਸੰਗੀਤ @ਤੇ ਊਰਜਾਵਾਨ ਡਾਂਸ ਪ੍ਰਦਰਸ਼ਨਾਂ ਨੇ ਸਥਾਨ ਨੂੰ ਖੁਸ਼ੀ ਦੇ ਕਾਰਨੀਵਲ ਵਿੱਚ ਬਦਲ ਦਿੱਤਾ, ਜਦੋਂ ਕਿ ਸੁਆਦੀ ਸਨੈਕਸ ਦਿਨ ਭਰ ਛੋਟੇ ਪਾਰਟੀ ਪ੍ਰੇਮੀਆਂ ਨੂੰ ਤਾਜ਼ਗੀ ਦਿੰਦੇ ਰਹੇ। ਖੁਸ਼ਹਾਲ ਹਾਸੇ, ਖੇਡਦੇ ਪਲ, ਅਤੇ ਚਮਕਦੀਆਂ ਮੁਸਕਰਾਹਟਾਂ ਨੇ ਬਚਪਨ ਦੀ ਭਾਵਨਾ ਨੂੰ ਸੁੰਦਰਤਾ ਨਾਲ ਦਰਸਾਇਆ। ਇਸ ਸਮਾਗਮ ਨੇ ਨਾ ਸਿਰਫ਼ ਆਰਾਮ ਅਤੇ ਆਨੰਦ ਪ੍ਰਦਾਨ ਕੀਤਾ ਬਲਕਿ ਵਿਦਿਆਰਥੀਆਂ ਲਈ ਅਭੁੱਲ ਯਾਦਾਂ ਵੀ ਪੈਦਾ ਕੀਤੀਆਂ। ਪੂਲ ਪਾਰਟੀ ਸੱਚਮੁੱਚ ਐਮਟੀਐਸ ਬਰਨਾਲਾ ਵਿਖੇ ਮਾਸੂਮੀਅਤ, ਊਰਜਾ ਅਤੇ ਏਕਤਾ ਦਾ ਇੱਕ ਅਨੰਦਮਈ ਜਸ਼ਨ ਬਣ ਗਈ।

## ਤੰਦਰੁਸਤ ਮਨ ਅਤੇ ਸ਼ਾਂਤ ਜੀਵਨ ਵੱਲ ਇੱਕ ਕਦਮ - ਐਮਟੀਐਸ ਬਰਨਾਲਾ ਵਿੱਚ ਸਿਹਤ ਜਾਗਰੂਕਤਾ ਅਤੇ ਧਿਆਨ ਸੈਸ਼ਨ ਆਯੋਜਿਤ



ਬਰਨਾਲਾ 22 ਮਈ (ਅਵਤਾਰ ਸਿੰਘ ਫਰਵਾਹੀ) ਐਮਟੀਐਸ ਬਰਨਾਲਾ ਵਿੱਚ ਨੌਵੀਂ ਜਮਾਤ ਦੇ ਵਿਦਿਆਰਥੀਆਂ ਲਈ ਧਿਆਨ ਅਤੇ ਸਿਹਤ ਜਾਗਰੂਕਤਾ ਸੈਸ਼ਨ ਆਯੋਜਿਤ ਕੀਤਾ ਗਿਆ। ਇਸ ਸੈਸ਼ਨ ਦਾ ਉਦੇਸ਼ ਵਿਦਿਆਰਥੀਆਂ ਨੂੰ ਮਾਨਸਿਕ ਸ਼ਾਂਤੀ, ਤੰਦਰੁਸਤ ਜੀਵਨਸ਼ੈਲੀ ਅਤੇ ਚੰਗੀ ਸਿਹਤ ਦੇ ਮਹੱਤਵ ਬਾਰੇ ਜਾਗਰੂਕ ਕਰਨਾ ਸੀ। ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਧਿਆਨ ਗਤੀਵਿਧੀਆਂ ਵਿੱਚ ਭਾਗ ਲਿਆ ਅਤੇ ਮਨ ਨੂੰ ਸ਼ਾਂਤ, ਕੇਂਦ੍ਰਿਤ ਅਤੇ ਤਣਾਅ-ਮੁਕਤ ਰੱਖਣ ਦੇ ਆਸਾਨ ਤਰੀਕੇ ਸਿੱਖੇ। ਸੈਸ਼ਨ ਦੌਰਾਨ ਸੰਤੁਲਿਤ ਆਹਾਰ, ਨਿਯਮਿਤ ਕਸਰਤ ਅਤੇ ਸਕਾਰਾਤਮਕ ਸੋਚ ਦੇ ਮਹੱਤਵ ਬਾਰੇ ਵੀ ਜਾਣਕਾਰੀ ਦਿੱਤੀ ਗਈ। ਇਹ ਸੈਸ਼ਨ ਵਿਦਿਆਰਥੀਆਂ ਲਈ ਬਹੁਤ ਹੀ ਲਾਭਦਾਇਕ ਅਤੇ ਪ੍ਰੇਰਣਾਦਾਇਕ ਸਾਬਤ ਹੋਇਆ। ਇਸ ਨਾਲ ਵਿਦਿਆਰਥੀਆਂ ਨੂੰ ਸਰੀਰਕ ਅਤੇ ਮਾਨਸਿਕ ਸਿਹਤ ਦੀ ਮਹੱਤਤਾ ਸਮਝਣ ਅਤੇ ਚੰਗੀਆਂ ਆਦਤਾਂ ਅਪਣਾਉਣ ਲਈ ਪ੍ਰੇਰਣਾ ਮਿਲੀ।

## ਸਾਬਕਾ ਮੰਤਰੀ ਜਥੇਦਾਰ ਤੋਤਾ ਸਿੰਘ ਦੇ ਅਧੂਰੇ ਸੁਪਨੇ ਪੂਰੇ ਕਰਨਾ ਹੀ ਮੇਰਾ ਮਕਸਦ : ਬਰਜਿੰਦਰ ਸਿੰਘ ਬਰਾੜ



ਧਰਮਕੋਟ 22 ਮਈ( ਜਗਰਾਜ ਸਿੰਘ ਸੰਘਾ )ਸਾਬਕਾ ਕੈਬਨਿਟ ਮੰਤਰੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਜਥੇਦਾਰ ਤੋਤਾ ਸਿੰਘ ਦੀ ਸਲਾਨਾ ਬਰਸੀ ਮੌਕੇ ਕਰਵਾਏ ਗਏ ਵਿਸ਼ਾਲ ਸਮਾਗਮ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਸਮੇਤ ਵੱਡੀ ਗਿਣਤੀ ਵਿੱਚ ਪਹੁੰਚੇ ਅਕਾਲੀ ਦਲ ਦੇ ਆਗੂਆਂ, ਵਰਕਰਾਂ, ਸਮਰਥਕਾਂ ਅਤੇ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਦਾ ਧੰਨਵਾਦ ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ ਬਰਜਿੰਦਰ ਸਿੰਘ ਬਰਾੜ ਵੱਲੋਂ ਕੀਤਾ ਗਿਆ। ਬਰਜਿੰਦਰ ਸਿੰਘ ਬਰਾੜ ਨੇ ਕਿਹਾ ਕਿ ਜਥੇਦਾਰ ਤੋਤਾ ਸਿੰਘ ਦੀ ਬਰਸੀ ਮੌਕੇ ਲੋਕਾਂ ਵੱਲੋਂ ਦਿੱਤਾ ਗਿਆ ਪਿਆਰ, ਸਤਿਕਾਰ ਅਤੇ ਵੱਡਾ ਇਕੱਠ ਉਨ੍ਹਾਂ ਲਈ ਹੌਸਲਾ ਵਧਾਉਣ ਵਾਲਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੇ ਜਿਸ ਤਰ੍ਹਾਂ ਸਮਾਗਮ ਵਿੱਚ ਸ਼ਮੂਲੀਅਤ ਕਰਕੇ ਜਥੇਦਾਰ ਤੋਤਾ ਸਿੰਘ ਨੂੰ ਸ਼ਰਧਾਂਜਲੀ ਭੇਟ ਕੀਤੀ ਹੈ, ਉਹ ਦਰਸਾਉਂਦਾ ਹੈ ਕਿ ਅੱਜ ਵੀ ਲੋਕਾਂ ਦੇ ਦਿਲਾਂ ਵਿੱਚ ਜਥੇਦਾਰ ਤੋਤਾ ਸਿੰਘ ਲਈ ਬੇਅੰਤ ਸਤਿਕਾਰ ਮੌਜੂਦ ਹੈ। ਉਨ੍ਹਾਂ ਕਿਹਾ ਕਿ ਜਥੇਦਾਰ ਤੋਤਾ ਸਿੰਘ ਨੇ ਆਪਣੀ ਪੂਰੀ ਜ਼ਿੰਦਗੀ ਲੋਕ ਸੇਵਾ, ਪੰਜਾਬ ਦੀ ਤਰੱਕੀ ਅਤੇ ਸ਼੍ਰੋਮਣੀ ਅਕਾਲੀ ਦਲ ਨੂੰ ਮਜ਼ਬੂਤ ਕਰਨ ਲਈ ਸਮਰਪਿਤ ਕੀਤੀ ਸੀ। ਉਨ੍ਹਾਂ ਵੱਲੋਂ ਸ਼ੁਰੂ ਕੀਤੇ ਵਿਕਾਸ ਕਾਰਜ ਅਤੇ ਲੋਕ ਭਲਾਈ ਦੀ ਸੋਚ ਨੂੰ ਅੱਗੇ ਵਧਾਉਣਾ ਹੀ ਉਨ੍ਹਾਂ ਲਈ ਸਭ ਤੋਂ ਵੱਡੀ ਜ਼ਿੰਮੇਵਾਰੀ ਹੈ। ਬਰਾੜ ਨੇ ਕਿਹਾ ਕਿ ਉਹ ਵਿਸ਼ਵਾਸ ਦਵਾਉਂਦੇ ਹਨ ਕਿ ਜਥੇਦਾਰ ਤੋਤਾ ਸਿੰਘ ਦੇ ਅਧੂਰੇ ਸੁਪਨਿਆਂ ਨੂੰ ਪੂਰਾ ਕਰਨ ਲਈ ਦਿਨ ਰਾਤ ਮਿਹਨਤ ਕੀਤੀ ਜਾਵੇਗੀ ਅਤੇ ਹਲਕੇ ਦੇ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਕਿਹਾ ਕਿ ਲੋਕਾਂ ਦਾ ਮਿਲ ਰਿਹਾ ਸਹਿਯੋਗ ਅਤੇ ਭਰੋਸਾ ਉਨ੍ਹਾਂ ਨੂੰ ਹੋਰ ਮਜ਼ਬੂਤੀ ਨਾਲ ਲੋਕਾਂ ਦੀ ਸੇਵਾ ਕਰਨ ਲਈ ਪ੍ਰੇਰਿਤ ਕਰਦਾ ਹੈ। ਉਨ੍ਹਾਂ ਦੱਸਿਆ ਕਿ ਹਲਕੇ ਦੇ ਹਰ ਵਰਗ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣ ਲਈ ਲਗਾਤਾਰ ਯਤਨ ਜਾਰੀ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਵਿਕਾਸ ਕਾਰਜਾਂ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਬਰਜਿੰਦਰ ਸਿੰਘ ਬਰਾੜ ਨੇ ਸਮਾਗਮ ਵਿੱਚ ਪਹੁੰਚੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਸੀਨੀਅਰ ਆਗੂਆਂ, ਧਾਰਮਿਕ ਸ਼ਖਸੀਅਤਾਂ, ਸਮਾਜ ਸੇਵੀਆਂ ਅਤੇ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਇਹ ਪਿਆਰ ਅਤੇ ਸਤਿਕਾਰ ਹੀ ਉਨ੍ਹਾਂ ਲਈ ਸਭ ਤੋਂ ਵੱਡੀ ਤਾਕਤ ਹੈ।

## ਡਿਪਟੀ ਕਮਿਸ਼ਨਰ ਵੱਲੋਂ ਮਾਲ ਵਿਭਾਗ ਦੇ ਕੰਮਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਮਹੀਨਾਵਾਰ ਸਮੀਖਿਆ ਮੀਟਿੰਗ

### ਅਧਿਕਾਰੀਆਂ ਨੂੰ ਕੰਮ ਸਮਾਂਬੱਧ, ਪਾਰਦਰਸ਼ੀ ਅਤੇ ਲੋਕ-ਪੱਖੀ ਢੰਗ ਨਾਲ ਨਿਪਟਾਉਣ ਦੇ ਨਿਰਦੇਸ਼



ਮਾਲੇਰਕੋਟਲਾ, 22 ਮਈ – (ਮੁਨਸ਼ੀ ਫ਼ਾਰੂਕ ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਵੱਲੋਂ ਜ਼ਿਲ੍ਹੇ ਵਿੱਚ ਮਾਲ ਵਿਭਾਗ ਨਾਲ ਸਬੰਧਿਤ ਕੰਮਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮਹੀਨਾਵਾਰ ਸਮੀਖਿਆ ਮੀਟਿੰਗ ਕੀਤੀ ਗਈ। ਉਨ੍ਹਾਂ ਮਾਲ ਵਿਭਾਗ ਦੇ ਅਧਿਕਾਰੀਆਂ ਨੂੰ ਸਖ਼ਤ ਨਿਰਦੇਸ਼ ਦਿੱਤੇ ਕਿ ਦਫ਼ਤਰਾਂ ਦੀ ਕਾਰਜਪ੍ਰਣਾਲੀ ਵਿੱਚ ਪਾਰਦਰਸ਼ਤਾ ਅਤੇ ਹੋਰ ਜਿਆਦਾ ਤੇਜ਼ੀ ਲਿਆਂਦੀ ਜਾਵੇ। ਉਨ੍ਹਾਂ ਹਦਾਇਤ ਕੀਤੀ ਕਿ ਅਦਾਲਤਾਂ ਵਿੱਚ ਲੰਬਿਤ ਮਾਲ ਕੇਸਾਂ ਦਾ ਸਮੇਂ ਸਿਰ ਨਿਪਟਾਰਾ ਯਕੀਨੀ ਬਣਾਇਆ ਜਾਵੇ ਅਤੇ ਰੋਜ਼ਾਨਾ ਰਿਪੋਰਟ ਉਨ੍ਹਾਂ ਦੇ ਦਫ਼ਤਰ ਨੂੰ ਮੁਹੱਈਆ ਕਰਵਾਈ ਜਾਵੇ। ਉਨ੍ਹਾਂ ਕਿਹਾ ਕਿ ਸਰਕਾਰੀ ਸੇਵਾਵਾਂ ਦੇ ਨਿਪਟਾਰੇ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਮੀਟਿੰਗ ਦੌਰਾਨ ਉਨ੍ਹਾਂ ਈਜ਼ੀ ਰਜਿਸਟ੍ਰੇਸ਼ਨ, ਈਜ਼ੀ ਜਮ੍ਹਾਂਬੰਦੀ ਅਤੇ ਆਨਲਾਈਨ ਮਿਊਟੇਸ਼ਨ ਨਾਲ ਸਬੰਧਿਤ ਰਿਪੋਰਟਾਂ ਦੀ ਸਮੀਖਿਆ ਕੀਤੀ ਅਤੇ ਲੰਬਿਤ ਪਏ ਜ਼ਮੀਨੀ ਮਾਲੀਏ ਦੀ ਵਸੂਲੀ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਜਾਰੀ ਕੀਤੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਮਾਲ ਵਿਭਾਗ ਦੀਆਂ ਸੇਵਾਵਾਂ ਨੂੰ ਆਮ ਲੋਕਾਂ ਲਈ ਹੋਰ ਸਰਲ, ਸੁਗਮ ਅਤੇ ਪਾਰਦਰਸ਼ੀ ਬਣਾਇਆ ਜਾਵੇ, ਤਾਂ ਜੋ ਲੋਕਾਂ ਨੂੰ ਬੇਲੋੜੀ ਦਫ਼ਤਰੀ ਦਿੱਕਤਾਂ ਦਾ ਸਾਹਮਣਾ ਨਾ ਕਰਨਾ ਪਵੇ। ਡਿਪਟੀ ਕਮਿਸ਼ਨਰ ਨੇ ਭੂਮੀ ਅਧਿਗ੍ਰਹਿਣ ਨਾਲ ਸਬੰਧਿਤ ਚੱਲ ਰਹੇ ਮਾਮਲਿਆਂ, ਖਸਰਾ-ਵਾਈਜ਼ ਮੈਪਿੰਗ, ਪੈਂਡਿੰਗ ਇੰਤਕਾਲਾਂ, ਜਮ੍ਹਾਂਬੰਦੀਆਂ ਅਤੇ ਨਿਸ਼ਾਨਦੇਹੀ ਦੇ ਕੇਸਾਂ ਦੀ ਵੀ ਵਿਸਥਾਰ ਨਾਲ ਸਮੀਖਿਆ ਕੀਤੀ। ਉਨ੍ਹਾਂ ਸਿਵਲ ਕੰਮਾਂ ਨਾਲ ਸਬੰਧਿਤ ਯੂਟਿਲਿਟੀ ਸਰਟੀਫਿਕੇਟ (ਯੂ.ਸੀ) ਸਮੇਂ ਸਿਰ ਜਮ੍ਹਾਂ ਕਰਵਾਉਣ ਦੀ ਹਦਾਇਤ ਕਰਦਿਆਂ ਅਧਿਕਾਰੀਆਂ ਨੂੰ ਕੰਮ ਵਿੱਚ ਹੋਰ ਤੇਜ਼ੀ ਅਤੇ ਪ੍ਰਭਾਵਸ਼ੀਲਤਾ ਲਿਆਉਣ ਲਈ ਕਿਹਾ। ਇਸ ਤੋਂ ਇਲਾਵਾ ਡਿਪਟੀ ਕਮਿਸ਼ਨਰ ਵੱਲੋਂ ਸਵਾਮਿਤਵਾ ਸਕੀਮ ਅਧੀਨ ਚੱਲ ਰਹੇ ਕੰਮਾਂ ਦੀ ਪ੍ਰਗਤੀ ਦੀ ਵੀ ਸਮੀਖਿਆ ਕੀਤੀ ਗਈ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਪਿੰਡਾਂ ਵਿੱਚ ਜਾਇਦਾਦੀ ਹੱਕਾਂ ਨਾਲ ਸਬੰਧਿਤ ਮਾਮਲਿਆਂ ਦਾ ਨਿਪਟਾਰਾ ਤਰਜੀਹ ਦੇ ਆਧਾਰ 'ਤੇ ਕੀਤਾ ਜਾਵੇ, ਤਾਂ ਜ਼ੋ ਲੋਕਾਂ ਨੂੰ ਸਕੀਮ ਦਾ ਲਾਭ ਸਮੇਂ ਸਿਰ ਪ੍ਰਾਪਤ ਹੋ ਸਕੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਰਾਜਦੀਪ ਸਿੰਘ ਬਰਾੜ, ਐਸ.ਡੀ.ਐਮ. ਮਾਲੇਰਕੋਟਲਾ ਕਨੂ ਗਰਗ, ਐਸ.ਡੀ.ਐਮ. ਅਹਿਮਦਗੜ੍ਹ/ਅਮਰਗੜ੍ਹ ਹਰਬੰਸ ਸਿੰਘ, ਤਹਿਸੀਲਦਾਰ ਰਿਤੂ ਗੁਪਤਾ, ਡੀ.ਡੀ.ਪੀ.ਓ ਰੂਪ ਸਿੰਘ, ਨਾਇਬ ਤਹਿਸੀਲਦਾਰ ਹਰੀਸ਼ ਕੁਮਾਰ, ਏ.ਐਮ.ਐਮ ਵਿਕਾਸ ਹੰਸ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ

## ਪੰਜਾਬ ਨਿਰਮਾਣ ਮਜ਼ਦੂਰ ਯੂਨੀਅਨ ਲੋਕ ਵਿਰੋਧੀ ਨੀਤੀਆਂ ਦਾ ਡੱਟ ਕੇ ਵਿਰੋਧ ਕਰੇਗੀ : ਮਜ਼ਦੂਰ ਆਗੂ



ਪਟਿਆਲਾ22ਮਈ (ਰਾਜਿੰਦਰ ਥਿੰਦ ) ਪੰਜਾਬ ਨਿਰਮਾਣ ਮਜ਼ਦੂਰ ਯੂਨੀਅਨ ਰਜਿ: ਪੰਜਾਬ ਜ਼ਿਲਾ ਪਟਿਆਲਾ ਦੀ ਮੀਟਿੰਗ ਲੇਬਰ ਦਫਤਰ ਪਟਿਆਲਾ ਵਿਖੇ ਹੋਈ। ਮੀਟਿੰਗ ਵਿੱਚ ਜਿਲੇ ਪਟਿਆਲੇ ਦੇ ਵੱਖ-ਵੱਖ ਪਿੰਡਾਂ ਤੋਂ ਨਿਰਮਾਣ ਮਜ਼ਦੂਰ ਯੂਨੀਅਨਾਂ ਦੇ ਆਗੂਆਂ ਅਤੇ ਵਰਕਰਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਹਰੀ ਸਿੰਘ ਦੌਣ ਕਲਾਂ, ਅਮਰਜੀਤ ਸਿੰਘ ਘਨੌਰ, ਦਰਸ਼ਨ ਸਿੰਘ ਬੇਲੂਮਾਜਰਾ, ਸੁਖਪਾਲ ਸਿੰਘ ਕਾਦਰਾ ਬਾਦ, ਰਾਜ ਕਿਸ਼ਨ, ਰਣਧੀਰ ਸਿੰਘ ਕਾਦਰਾਬਾਦ ਤੋਂ ਇਲਾਵਾ ਜਿਲੇ ਭਰ ਤੋਂ ਸਾਥੀਆਂ ਨੇ ਭਾਗ ਲਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਹਰੀ ਸਿੰਘ ਦੌਣ ਕਲਾਂ, ਸਾਥੀ ਦਰਸ਼ਨ ਸਿੰਘ ਬੇਲੂਮਾਜਰਾ, ਸੁੱਚਾ ਸਿੰਘ ਕੌਲ ਨੇ ਮੋਦੀ ਦੀ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਦੀ ਨਿੰਦਾ ਕਰਦਿਆਂ ਆਖਿਆ ਕਿ ਸਰਕਾਰਾਂ ਪੰਜਾਬ ਅਤੇ ਸੈਂਟਰ ਦੀਆਂ ਮਜ਼ਦੂਰ ਵਿਰੋਧੀ ਸਿੱਧ ਹੋਈਆਂ ਹਨ। ਨਿਰਮਾਣ ਖੇਤਰ ਵਿੱਚ ਕੰਮ ਕਰਦੇ ਮਜ਼ਦੂਰਾਂ ਦੀ ਭਲਾਈ ਲਈ ਬਣੇ ਬਿਲਡਿੰਗ ਐਂਡ ਅਦਰ ਕੰਸਟਰਕਸ਼ਨ ਵਰਕ ਵੈਲ ਫੇਅਰ ਬੋਰਡ ਤੋਂ ਕੇ ਕੱਡ ਆਫ ਸ਼ੋਸ਼ਲ ਸਕਿਊਰਟੀ ਬਣਾ ਕੇ ਮਿਲ ਦੀਆਂ ਸਕੀਮਾਂ ਖਤਮ ਕਰਨ ਵਲ ਜਾ ਰਹੀ ਹੈ ਬੋਰਡ ਦੀ ਆਮਦਨ ਦਾ ਜਰੀਆ ਸੀ ਸੈਸ ਜ਼ੋ ਕਿ ਪਹਿਲਾਂ 10 ਲੱਖ ਦੀ ਉਸਾਰੀ ਤੇ 1 ਪ੍ਰਤੀਸ਼ਤ ਬਦਦਾ ਸੀ ਹੁਣ 50 ਲੱਖ ਤੱਕ ਲੇਬਰ ਸੈਸ ਫਰੀ ਕਰਕੇ ਉਸਾਰੀ ਬੋਰਡ ਨੂੰ ਖਤਮ ਕਰਨ ਵਲ ਜਾ ਰਹੀ ਹੈ। ਮਨਰੇਗਾ ਮਜ਼ਦੂਰਾਂ ਦੀਆਂ ਉਜਰਤਾਂ ਵੀ ਅਜੇਕੇ ਸਮੇਂ ਵਿੱਚ 60 ਤੋਂ 40 ਪ੍ਰਤੀਸ਼ਤ ਦੀ ਰੇਸ਼ੋ ਕਰਕੇ ਕਾਨੂੰਨ ਖਤਮ ਕਰਨ ਵਲ ਜਾ ਰਹੇ ਹਨ। ਪਿਛਲੇ ਸਮੇਂ ਤੋਂ ਆਨ ਲਾਇਨ ਕੰਮ ਹੋਣ ਕਰਕੇ ਲੱਖਾਂ ਉਸਾਰੀ ਮਜ਼ਦੂਰ ਖਜਲ ਖੁਆਰੀ ਦਾ ਸਾਹਮਣਾ ਕਰ ਰਹੇ ਹਨ। ਕਿਉ ਕਿ ਸੇਵਾ ਕੇਂਦਰਾਂ ਅੰਦਰ ਹਰ ਰੋਜ਼ ਸਰਵਰ ਡਾਊਣ ਹਨ ਸਾਇਟ ਨਹੀਂ ਚਲਦੀ ਦਾ ਬਹਾਨਾ ਬਣਾ ਕੇ ਹਰ ਰੋਜ਼ ਮਜ਼ਦੂਰਾਂ ਨੂੰ ਦਿਹਾੜੀਆਂ ਛੱਡ ਕੇ ਵੱਡਾ ਯੂਨੀਅਨ ਦੇ ਆਗੂਆਂ ਨੇ ਰੇਤਾ, ਬਜਰੀ, ਸੀਮਿੰਟ, ਸਰੀਏ ਦੇ ਰੇਟਾ ਵਿੱਚ ਰੋਜ਼ ਹੁੰਦੇ ਵਾਧੇ ਦੀ ਨਿਖੇਧੀ ਕੀਤੀ ਕਿਉਂ ਕਿ ਮਟੀਰੀਅਲ ਰੇਟਾਂ ਵਿੱਚ ਨਜਾਇਜ ਵਾਧਾ ਹੋਣ ਕਰਕੇ ਉਸਾਰੀ ਦਾ ਕੰਮ ਖੜੋਤ ਵਿੱਚ ਆ ਰਿਹਾ ਹੈ। ਮੰਗ ਕਰਦੇ ਹਾਂ ਕਿ ਰੇਤਾ ਬਜਰੀ ਦੇ ਰੇਟਾਂ ਜਾਂ ਖਨਨ ਦੇ ਕਬਜਿਆ ਦੇ ਨਾਮ ਤੇ ਵੋਟਾ ਲੈ ਕੇ ਸਤਾ ਵਿੱਚ ਆਈ ਆਮ ਆਦਮੀ ਪਾਰਟੀ ਅੱਜ ਉਨ੍ਹਾਂ ਹੀ ਨਕਸ਼ੇ ਕਦਮ ਤੇ ਚਲਦਿਆਂ ਉਸਾਰੀ ਮਟੀਰੀਅਲ ਦੀਆਂ ਕੀਮਤਾਂ ਅਸਮਾਨ ਨੂੰ ਛੂਹ ਰਹੀਆਂ ਹਨ। ਸਾਥੀਆਂ ਨੇ ਬੋਲਦਿਆਂ ਆਖਿਆ ਕਿਮ ਨਰੇਗਾ ਮਜ਼ਦੂਰ ਨਿਰਮਾਣ ਦੇ ਕਾਮਿਆਂ ਨੇ ਆਉਣ ਵਾਲੇ ਸਮੇਂ ਵਿੱਚ ਸਾਂਝੇ ਸੰਘਰਸ਼ ਦੀ ਵਿਉਂਤਬੰਦੀ ਕਰਕੇ ਵੱਡੇ ਸੰਘਰਸ਼ਾਂ ਲਈ ਪ੍ਰੋਗਰਾਮ ਉਲੀਕੇ ਜਾਣਗੇ। ਸੈਂਟਰ ਅਤੇ ਪੰਜਾਬ ਸਰਕਾਰ ਦੇ ਲੀਡਰਾਂ ਦਾ ਪਿੰਡ ਵਿੱਚ ਵੜਨ ਤੇ ਡੱਟ ਕੇ ਵਿਰੋਧ ਕੀਤਾ ਜਾਵੇਗਾ ਅਤੇ ਪਿੰਡਾਂ ਵਿੱਚ ਸਵਾਲ ਕੀਤੇ ਜਾਣਗੇ। ਜੇਕਰ ਸਰਕਾਰਾਂ ਨੂੰ ਮਜ਼ਦੂਰਾਂ ਦੇ ਮਸਲਿਆਂ ਵਿੱਚ ਧਿਆਨ ਨਾ ਦਿੱਤਾ ਤਾਂ ਵੱਡੇ ਵੱਡੇ ਸੰਘਰਸ਼ਾਂ ਰਾਹੀਂ ਪਿੰਡਾਂ ਅਤੇ ਸ਼ਹਿਰਾਂ ਵਿੱਚ ਮੋਦੀ ਅਤੇ ਭਗਵੰਤ ਮਾਨ ਦੇ ਪੁਤਲੇ ਫੂਕੇ ਜਾਣਗੇ। ਹੋਰਨਾਂ ਤੋਂ ਇਲਾਵਾ ਸਾਥੀ ਸੁੱਚਾ ਸਿੰਘ ਕੌਲ ਅਮਰਜੀਤ ਸਿੰਘ ਘਨੌਰ, ਹਰੀ ਸਿੰਘ ਦੌਣ ਕਲਾਂ, ਸਾਥੀ ਦਰਸ਼ਨ ਸਿੰਘ ਬੇਲੂਮਾਜਰਾ, ਸੁਖਪਾਲ ਸਿੰਘ ਕਾਦਰਾਬਾਦ, ਰਫੀਕ ਮੁਹੰਮਦ ਮਾਧੋਹੇੜੀ, ਪ੍ਰਲਾਦ ਸਿੰਘ ਨਿਆਲ, ਸੁਖਦੇਵ ਸਿੰਘ ਨਿਆਲ, ਮੱਘਰ ਸਿੰਘ ਬਾਬਰਪੁਰ, ਰਣਧੀਰ ਸਿੰਘ ਕਾਦਰਾਬਾਦ, ਬੀਬੀ ਨਰਿੰਦਰ ਕੌਰ ਜੋੜਾ ਮਾਜਰਾ ਅਤੇ ਅਨੇਕਾਂ ਆਗੂਆਂ ਨੇ ਮੀਟਿੰਗ ਨੂੰ ਸੰਬੋਧਨ ਕੀਤਾ। ਜਾਰੀ ਕਰਤਾ ਦਰਸ਼ਨ ਬੇਲੂ ਮਾਜਰਾ ਮੋ9888844395

## ਭਾਰਤ ਵਿਕਾਸ ਪ੍ਰੀਸ਼ਦ ਬਸੀ ਪਠਾਨਾਂ ਵੱਲੋਂ ਪਾਈਨ ਗਰੋਵ ਪਬਲਿਕ ਸਕੂਲ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਤੇ ਸੈਮੀਨਾਰ ਦਾ ਆਯੋਜਨ




ਫ਼ਤਹਿਗੜ੍ਹ ਸਾਹਿਬ, 22 ਮਈ (ਅਭਿਸ਼ੇਕ ਮਲਹੋਤਰਾ) ਭਾਰਤ ਵਿਕਾਸ ਪ੍ਰੀਸ਼ਦ, ਬਸੀ ਪਠਾਨਾਂ ਵੱਲੋਂ ਸ਼ਾਖਾ ਪ੍ਰਧਾਨ ਨੀਰਜ ਮਲਹੋਤਰਾ ਦੀ ਅਗਵਾਈ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਵਿਸ਼ੇਸ਼ ਸੈਮੀਨਾਰ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਸਿੱਖ ਯੂਨੀਵਰਸਿਟੀ, ਸ੍ਰੀ ਫ਼ਤਹਿਗੜ੍ਹ ਸਾਹਿਬ ਦੇ ਵਾਈਸ ਚਾਂਸਲਰ ਡਾ.ਪਰਿਤ ਪਾਲ ਸਿੰਘ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕਰਦਿਆਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ ਅਤੇ ਸ਼ਹਾਦਤ ਤੇ ਚਾਨਣਾ ਪਾਇਆ। ਉਨ੍ਹਾਂ ਵਿਸਥਾਰ ਵਿੱਚ ਦੱਸਿਆ ਕਿ ਕਿਵੇਂ ਅਸੀਂ ਗੁਰੂ ਸਾਹਿਬ ਵੱਲੋਂ ਦਰਸਾਏ ਰਸਤੇ ਤੇ ਚੱਲ ਕੇ ਜੀਵਨ ਵਿੱਚ ਵੱਡੇ ਮੁਕਾਮ ਹਾਸਲ ਕਰ ਸਕਦੇ ਹਾਂ। ਉਨ੍ਹਾਂ ਕਿਹਾ ਕਿ ਅਜੋਕੀ ਪੀੜੀ ਨੂੰ ਆਪਣੇ ਮਹਾਨ ਵਿਰਸੇ ਨੂੰ ਯਾਦ ਰੱਖਣ ਦੀ ਲੋੜ ਹੈ। ਉਨ੍ਹਾਂ ਪ੍ਰੀਸ਼ਦ ਦੇ ਇਸ ਉਪਰਾਲੇ ਦੀ ਵੀ ਸ਼ਲਾਘਾ ਕੀਤੀ ਅਤੇ ਸਕੂਲ ਪ੍ਰਬੰਧਕਾਂ ਨੂੰ ਕਿਹਾ ਕਿ ਉਹ ਵਿਦਿਆਰਥੀਆਂ ਨੂੰ ਸਿੱਖਿਆ ਦੇ ਨਾਲ-ਨਾਲ ਆਪਣੇ ਧਰਮ ਅਤੇ ਦੇਸ਼ ਦੀ ਰਾਖੀ ਲਈ ਵੀ ਜਾਗਰੂਕ ਕਰਨ। ਸਕੂਲ ਪ੍ਰਬੰਧਕੀ ਦੇ ਪ੍ਰਧਾਨ ਸ੍ਰੀ ਵਿਜੇ ਕੌਸ਼ਲ, ਚੇਅਰਪਰਸਨ ਸ਼੍ਰੀਮਤੀ ਵੀਨਾ ਕੌਸ਼ਲ, ਪ੍ਰਿੰਸੀਪਲ ਸ਼੍ਰੀਮਤੀ ਨੀਤੂ ਕੁਮਾਰ, ਭਾਰਤ ਵਿਕਾਸ ਪ੍ਰੀਸ਼ਦ ਦੇ ਇਸ ਗੁਰੂ ਤੇਗ ਬਹਾਦਰ ਬਲਿਦਾਨ ਦਿਵਸ ਪ੍ਰੋਜੈਕਟ ਦੇ ਸਟੇਟ ਇੰਚਾਰਜ ਜਸਵੀਰ ਸਿੰਘ (ਪਟਿਆਲਾ) ਸਹਾਇਕ ਪ੍ਰੋਫੈਸਰ ਡਾ.ਹਰਨੀਤ ਕੌਰ, ਪ੍ਰੀਸ਼ਦ ਪ੍ਰਧਾਨ ਨੀਰਜ ਮਲਹੋਤਰਾ, ਕੈਸ਼ੀਅਰ ਪਰਦੀਪ ਮਲਹੋਤਰਾ, ਪ੍ਰੋਜੈਕਟ ਇੰਚਾਰਜ ਅਜੇ ਮਹੋਤਰਾ, ਸੰਜੀਵ ਸੋਨੀ, ਸਾਬਕਾ ਪ੍ਰਧਾਨ ਜੈ ਕ੍ਰਿਸ਼ਨ ਕਸ਼ਿਅਪ, ਰੁਪਿੰਦਰ ਸੁਰਜਨ, ਰਚਿਤ ਖੁੱਲਰ, ਵਿਨੋਦ ਸ਼ਰਮਾ, ਮਹਿਲਾ ਮੈਂਬਰ ਹਿਤੂ ਸੁਰਜਨ, ਮਿਨਾਕਸ਼ੀ ਸੋਨੀ ਅਤੇ ਹੋਰ ਮੈਂਬਰਾਂ ਦੀ ਮੌਜੂਦਗੀ ਵਿੱਚ ਗੁਰੂ ਗ੍ਰੰਥ ਸਾਹਿਬ ਵਰਲਡ ਸਿੱਖ ਯੂਨੀਵਰਸਿਟੀ ਦੇ ਧਰਮ ਅਧਿਐਨ ਵਿਭਾਗ ਦੇ ਮੁਖੀ ਡਾ.ਹਰਦੇਵ ਸਿੰਘ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਧਰਮ ਅਤੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਆਪਣਾ ਸੀਸ ਵਾਰ ਦਿੱਤਾ ਪਰ ਧਰਮ ਨਹੀਂ ਛੱਡਿਆ। ਉਹਨਾਂ ਨੂੰ ਹਿੰਦ ਦੀ ਚਾਦਰ ਦੇ ਨਾਮ ਨਾਲ ਵੀ ਜਾਣਿਆ ਜਾਂਦਾ ਹੈ। ਉਨ੍ਹਾਂ ਆਖਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਮਨੁੱਖਤਾ ਧਰਮ ਅਤੇ ਇਨਸਾਨੀ ਅਧਿਕਾਰਾਂ ਦੀ ਰੱਖਿਆ ਲਈ ਸੀ ਜਿਨਾਂ ਨੇ ਸੱਚ ਦੀ ਰੱਖਿਆ ਲਈ ਆਪਣਾ ਸੀਸ ਕੁਰਬਾਨ ਕਰਕੇ ਸੰਸਾਰ ਨੂੰ ਮਨੁੱਖਤਾ ਦਾ ਮਹਾਨ ਸੰਦੇਸ਼ ਦਿੱਤਾ। ਭਾਰਤ ਵਿਕਾਸ ਪਰਿਸ਼ਦ ਦੇ ਪ੍ਰੋਜੈਕਟ ਹੈਡ ਜਸਵੀਰ ਸਿੰਘ ਅਤੇ ਸ਼੍ਰੀਮਤੀ ਹਰਨੀਤ ਕੌਰ ਨੇ ਗੁਰੂ ਜੀ ਦੀ ਸ਼ਹਾਦਤ ਬਾਰੇ ਜਾਣੂ ਕਰਵਾਇਆ। ਇਸ ਮੌਕੇ ਯੂਨੀਵਰਸਿਟੀ ਦੇ ਹੀ ਬੱਚਿਆਂ ਨੇ ਕਵਿਸ਼ਰੀ ਦੇ ਰੂਪ ਵਿੱਚ ਸ੍ਰੀ ਗੁਰੂ ਜੀ ਦੀ ਸ਼ਹਾਦਤ ਬਾਰੇ ਪ੍ਰਸੰਗ ਸੁਣਾਇਆ ਭਾਰਤ ਵਿਕਾਸ ਪ੍ਰੀਸ਼ਦ ਦੇ ਪ੍ਰਧਾਨ ਸ੍ਰੀ ਨੀਰਜ ਮਲਹੋਤਰਾ ਅਜੇ ਮਲਹੋਤਰਾ ਨੇ ਆਏ ਮੁੱਖ ਮਹਿਮਾਨ ਅਤੇ ਹੋਰ ਮਹਿਮਾਨਾਂ ਅਤੇ ਬੱਚਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਰਿਸ਼ਦ ਆਉਣ ਵਾਲੇ ਸਮੇਂ ਵਿੱਚ ਵੀ ਆਪਣੇ ਅਮੀਰ ਵਿਰਸੇ ਤੋਂ ਬੱਚਿਆਂ ਨੂੰ ਜਾਣੂ ਕਰਵਾਉਣ ਲਈ ਅਜਿਹੇ ਸੈਮੀਨਾਰ ਜਾਰੀ ਰੱਖੇ ਜਾਣਗੇ ਇਸ ਮੌਕੇ ਤੇ ਸਕੂਲ ਪ੍ਰਿੰਸੀਪਲ ਸ਼੍ਰੀਮਤੀ ਨੀਤੂ ਕੁਮਾਰ ਪ੍ਰਧਾਨ ਸ੍ਰੀ ਵਿਜੇ ਕੌਸ਼ਲ ਚੇਅਰ ਪਰਸਨ ਸ਼੍ਰੀਮਤੀ ਵੀਨਾ ਕੌਸ਼ਲ ਅਜੇ ਮਲਹੋਤਰਾ ਨੇ ਨੇ ਆਏ ਮਹਿਮਾਨਾ ਦਾ ਧੰਨਵਾਦ ਕੀਤਾ।

## ਆਮ ਆਦਮੀ ਪਾਰਟੀ ਪੰਜਾਬ ਦੇ ਕਿਸੇ ਨਾਗਰਿਕ ਦੀ ਵੋਟ ਨਹੀਂ ਕੱਟਣ ਦੇਵੇਗੀ-ਡਾ . ਬਲਬੀਰ ਸਿੰਘ

### ਕਿਹਾ, ਐਸ.ਆਈ.ਆਰ. ਦੇ ਨਾਮ 'ਤੇ ਵੋਟਬੰਦੀ ਨਹੀਂ ਹੋਣ ਦੇਵਾਂਗੇ, ਲੋਕਾਂ ਨੂੰ ਕਰਾਂਗੇ ਜਾਗਰੂਕ



ਪਟਿਆਲਾ, 22 ਮਈ (ਰਾਜਿੰਦਰ ਸਿੰਘ ਥਿੰਦ): ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਵੀਜਨ @ਤੇ ਸਵਾਲ ਉਠਾਉਂਦਿਆਂ ਕਿਹਾ ਹੈ ਕਿ ਪੰਜਾਬ ਵਿੱਚ ਕਿਸੇ ਵੀ ਨਾਗਰਿਕ ਦੀ ਵੋਟ ਨਹੀਂ ਕੱਟਣ ਦਿੱਤੀ ਜਾਵੇਗੀ। ਅੱਜ ਇੱਥੇ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਦੇਸ਼ @ਚ 6 ਕਰੋੜ ਲੋਕਾਂ ਦੀਆਂ ਵੋਟਾਂ ਕੱਟਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਕਿਉਂਕਿ ਭਾਜਪਾ ਨੇ ਐਨ.ਆਰ.ਆਈ. ਦੀ ਟਰਮ ਦੀ ਜਗ੍ਹਾ ਹੁਣ (ਆਰ.ਐਨ.ਆਈ) ਰੈਜੀਡੈਂਟ ਨਾਨ ਇੰਡੀਅਨ ਬਣਾ ਦਿੱਤਾ ਹੈ, ਤੇ ਜਿਹੜੇ ਲੋਕਾਂ ਦੇ ਮਾਂ, ਬਾਪ ਤੇ ਦਾਦਾ ਇਸ ਦੇਸ਼ @ਚ ਰਹਿੰਦਾ ਹੈ, ਉਨ੍ਹਾਂ ਦੀਆਂ ਵੀ ਵੋਟਾਂ ਕੱਟੀਆ ਜਾ ਰਹੀਆਂ ਹਨ। ਸਿਹਤ ਮੰਤਰੀ ਨੇ ਕਿਹਾ ਕਿ ਐਸ.ਆਈ.ਆਰ. ਦੇ ਨਾਮ @ਤੇ ਵੋਟਬੰਦੀ ਹੋਵੇਗੀ, ਜਿਸ ਨੂੰ ਰੋਕਣ ਲਈ ਆਮ ਆਦਮੀ ਪਾਰਟੀ ਦੀ ਟੀਮ ਪੂਰੀ ਤਨਦੇਹੀ ਨਾਲ ਲੱਗੀ ਹੋਈ ਹੈ, ਕਿਉਂਕਿ ਭਾਰਤੀ ਜਨਤਾ ਪਾਰਟੀ ਦਾ ਬੰਗਾਲ ਤੋਂ ਬਾਅਦ ਅਗਲਾ ਨਿਸ਼ਾਨਾ ਪੰਜਾਬ ਹੈ, ਇਸ ਲਈ ਅਸੀਂ ਪੰਜਾਬ @ਚ ਅਜਿਹਾ ਨਹੀਂ ਹੋਣ ਦੇਵਾਂਗ। ਉਨ੍ਹਾਂ ਲੋਕਾਂ ਨੂੰ ਸੁਚੇਤ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਘਰ-ਘਰ ਸੰਪਰਕ ਕੀਤਾ ਜਾਵੇਗਾ, ਜਿਸ ਲਈ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ।ਡਾ. ਬਲਬੀਰ ਸਿੰਘ, ਅੱਜ ਇੱਥੇ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ ਦੀਆਂ ਦੋ ਨਵੀਆਂ ਬੱਸਾਂ ਤੇ ਇੱਕ ਨਵੀਂ ਅਰਟਿਗਾ ਗੱਡੀ ਵਿਦਿਆਰਥੀਆਂ ਨੂੰ ਸਮਰਪਿਤ ਕਰਨ ਲਈ ਪੁੱਜੇ ਹੋਏ ਸਨ। ਸਿਹਤ ਮੰਤਰੀ ਨੇ ਕਿਹਾ ਕਿ ਖੇਡ ਯੂਨੀਵਰਸਿਟੀ ਦਾ ਕੈਂਪਸ ਪਟਿਆਲਾ ਸ਼ਹਿਰ ਤੋਂ ਦੂਰ ਹੋਣ ਕਰਕੇ ਵਿਦਿਆਰਥੀਆਂ ਨੂੰ ਆ ਰਹੀ ਮੁਸ਼ਕਿਲ ਨਵੀਆਂ ਬੱਸਾਂ ਚੱਲਣ ਨਾਲ ਖ਼ਤਮ ਹੋ ਜਾਵੇਗੀ ਤੇ ਹੁਣ ਸਟਾਫ਼ ਸਮੇਤ ਵਿਦਿਆਰਥੀਆਂ ਨੂੰ ਆਵਾਜਾਈ ਦੀ ਚੰਗੀ ਸਹੂਲਤ ਪ੍ਰਦਾਨ ਹੋ ਗਈ ਹੈ। ਡਾ. ਬਲਬੀਰ ਸਿੰਘ ਨੇ ਇਸ ਮੌਕੇ ਮੀਡੀਆ ਨਾਲ ਗ਼ੈਰਰਸਮੀ ਗੱਲਬਾਤ ਕਰਦਿਆਂ ਕਿਹਾ ਕਿ ਜੋ ਇਸ ਵਾਰ ਬੰਗਾਲ ਵਿੱਚ ਹੋਇਆ ਉਹ ਪਹਿਲਾਂ ਦੇਸ਼, ਦੁਨੀਆਂ ਵਿੱਚ ਕਦੇ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਵੋਟਾਂ ਦੀ ਸਮਰੀ ਰਵੀਜਨ ਉਹ ਹਮੇਸ਼ਾ ਹੁੰਦੀ ਰਹਿੰਦੀ ਹੈ, ਜਿਸ @ਚ ਮ੍ਰਿਤਕ ਜਾਂ ਕਿਸੇ ਹੋਰ ਥਾਂ ਜਾਣ ਵਾਲੇ ਜਾਂ ਕਿਸੇ ਹੋਰ ਤੱਥਾਂ @ਤੇ ਅਧਾਰ @ਤੇ ਵੋਟਰਾਂ ਦੀਆਂ ਵੋਟਰਾਂ ਕੱਟ ਜਾਂਦੀਆਂ ਸਨ ਤੇ ਨਵੀਆਂ ਵੋਟਾਂ ਬਣਦੀਆਂ ਹਨ, ਪਰੰਤੂ ਚੋਣ ਕਮਿਸ਼ਨ ਨੇ ਅਜੀਬੋ ਗਰੀਬ ਕਾਰਨਾਮਾ ਕਰਦਿਆਂ ਬੰਗਾਲ ਵਿੱਚ 27 ਲੱਖ ਵੋਟਾਂ ਕੱਟ ਦਿੱਤੀਆਂ ਗਈਆਂ, ਜਿਨ੍ਹਾਂ @ਤੇ ਸਵਾਲ ਉਠੇ ਹਨ। ਉਨ੍ਹਾਂ ਕਿਹਾ ਕਿ ਦੇਸ਼ ਦੇ ਜਿਹੜੇ ਰਾਜਾਂ ਵਿੱਚ ਪ੍ਰਸਿੱਧ ਮੁੱਖ ਮੰਤਰੀਆਂ, ਮਮਤਾ ਬੈਨਰਜੀ, ਅਰਵਿੰਦ ਕੇਜਰੀਵਾਲ, ਸਟਾਲਿਨ, ਇਨ੍ਹਾਂ ਦੇ ਹਲਕਿਆਂ @ਚ ਲੱਖਾਂ ਵੋਟਾਂ ਕੱਟੀਆਂ ਗਈਆਂ ਅਤੇ ਕੁਝ ਅਜਿਹੇ ਵੋਟਰਾਂ ਦੀਆਂ ਆਖਰੀ ਸਟੇਜ @ਤੇ ਵੋਟਾਂ ਬਣਾ ਦਿੱਤੀਆਂ। ਇਸ ਮੌਕੇ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਵਿਦਿਆਰਥੀਆਂ ਨੂੰ ਯੂਨੀਵਰਸਿਟੀ ਲਿਜਾਣ ਲਈ ਇੱਕ ਬੱਸ ਫੁਹਾਰਾ ਚੌਂਕ ਤੋਂ ਚੱਲੇਗੀ ਅਤੇ ਦੂਜੀ ਬੱਸ ਸਟੈਂਡ ਤੋਂ ਚਲਾਈ ਜਾਵੇਗੀ। ਡਾ. ਗਿੱਲ ਨੇ ਦੱਸਿਆ ਕਿ ਨਵੀਂ ਅਰਟਿਗਾ ਆਵਾਜਾਈ ਦੇ ਸਾਧਨ ਮਿਲ ਜਾਣ ਕਰਕੇ ਇਮਤਿਹਾਨਾਂ ਨੂੰ ਸੁਖਾਲਾ ਕਰਵਾਉਣ @ਚ ਵੀ ਮਦਦ ਕਰੇਗੀ, ਇਸ ਵਾਰ ਯੂਨੀਵਰਸਿਟੀ ਪ੍ਰਸ਼ਾਸਨ ਨੇ ਅਜਿਹੇ ਪ੍ਰਬੰਧ ਕੀਤੇ ਹਨ ਕਿ ਵਿਦਿਆਰਥੀਆਂ ਦੀ 4 ਜੂਨ ਨੂੰ ਖ਼ਤਮ ਹੋਣ ਵਾਲੀ ਪ੍ਰੀਖਿਆ ਦਾ ਰਿਜਲਟ 15 ਜੂਨ ਤੱਕ ਆ ਜਾਵੇਗਾ, ਜਦੋਂਕਿ ਪਿਛਲੇ ਸਮੇਂ @ਚ ਪ੍ਰਬੰਧ ਸਹੀ ਨਾ ਹੋਣ ਕਰਕੇ ਦਸੰਬਰ ਮਹੀਨੇ ਲਈ ਗਈ ਪ੍ਰੀਖਿਆ ਦਾ ਰਿਜਲਟ ਅਜੇ ਤੱਕ ਲਟਕਿਆ ਹੋਇਆ ਹੈ, ਜਿਸ ਨੂੰ ਦਰੁਸਤ ਕੀਤਾ ਜਾ ਰਿਹਾ ਹੈ।

## ਸਿਮਰਪ੍ਰੀਤ ਕੌਰ ਅਤੇ ਮਨੀਸ਼ਾ ਨੇ ਬੋਰਡ ਪ੍ਰੀਖਿਆਵਾਂ ਵਿੱਚ ਜ਼ਿਲ੍ਹੇ ਵਿੱਚ ਦੂਜਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਮ ਕੀਤਾ ਰੌਸ਼ਨ



ਫ਼ਤਹਿਗੜ੍ਹ ਸਾਹਿਬ, 22 ਮਈ (ਅਭਿਸ਼ੇਕ ਮਲਹੋਤਰਾ) ਪਾਈਨ ਗਰੋਵ ਪਬਲਿਕ ਸਕੂਲ, ਬਸੀ ਪਠਾਨਾਂ ਦੀਆਂ ਹੋਣਹਾਰ ਵਿਦਿਆਰਥਣਾਂ ਸਿਮਰਪ੍ਰੀਤ ਕੌਰ ਅਤੇ ਮਨੀਸ਼ਾ ਨੇ ਸੀ.ਬੀ.ਐਸ.ਸੀ 10+2 ਬੋਰਡ ਪ੍ਰੀਖਿਆਵਾਂ ਵਿੱਚ 500 ਵਿੱਚੋਂ 487 (97.2 ਫੀਸਦੀ) ਅੰਕ ਪ੍ਰਾਪਤ ਕਰਕੇ ਜ਼ਿਲ੍ਹੇ ਵਿੱਚ ਸਾਂਝੇ ਤੌਰ @ਤੇ ਦੂਜਾ ਸਥਾਨ ਹਾਸਲ ਕਰਦਿਆਂ ਆਪਣੇ ਅ ਧਿਆਪਕਾਂ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ । ਇਹ ਸ਼ਾਨਦਾਰ ਉਪਲਬਧੀ ਸਕੂਲ ਪ੍ਰਬੰਧਕਾਂ ਲਈ ਮਾਣ ਵਾਲੀ ਗੱਲ੍ਹ ਹੈ । ਦੋਵੇਂ ਵਿਦਿਆਰਥਣਾਂ ਨੇ ਆਪਣੀ ਇਸ ਸ਼ਾਨਦਾਰ ਸ਼ਫਲਤਾ ਦਾ ਸਿਹਰਾ ਸਕੂਲ ਪ੍ਰਬੰਧਕ ਕਮੇਟੀ, ਪਿ੍ਰੰਸੀਪਲ ਨੀਤ ਕੁਮਾਰ, ਅਧਿਆਪਕਾਂ ਅਤੇ ਆਪਣੇ ਮਾਪਿਆਂ ਨੂੰ ਦਿੱਤਾ ਹੈ । ਆਪਣੀ ਕਾਮਯਾਬੀ ਬਾਰੇ ਗੱਲਬਾਤ ਕਰਦਿਆਂ ਦੋਹੇ ਵਿਦਿਆਰਥਣਾਂ ਨੇ ਕਿਹਾ ਕਿ ਇਸ ਦੇ ਪਿੱਛੇ ਨਿਯਮਿਤ ਪੜ੍ਹਾਈ, ਸਵੈ ਅਧਿਐਣ ਅਤੇ ਸਕੂਲ ਵਿੱਚ ਅਧਿਆਪਕਾਂ ਤੋਂ ਮਿਲੀ ਉਚ ਪੱਧਰੀ ਸਿੱਖਿਆ ਹੈ । ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਪੇਪਰਾਂ ਦੀ ਤਿਆਰੀ ਲਈ ਕਿਸੇ ਵੀ ਤਰਾਂ ਦੀ ਟਿਊਸ਼ਨ ਆਦਿ ਨਹੀ ਲਈ, ਸਿਰਫ ਸਕੂਲ ਅਧਿਆਪਕਾਂ ਦੀ ਰਹਿਨੁਮਾਈ ਨਾਲ ਹੀ ਇਹ ਮੁਕਾਮ ਹਾਸਲ ਹੋਇਆ ਹੈ । ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ਼੍ਰੀ ਵਿਜੇ ਕੌਸ਼ਲ ਅਤੇ ਚੇਅਰਪਰਸਨ ਸ਼੍ਰੀਮਤੀ ਵੀਨਾ ਕੌਸ਼ਲ ਨੇ ਦੋਵੇਂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਉਪਲਬਧੀ ਹੋਰ ਵਿਦਿਆਰਥੀਆਂ ਲਈ ਵੀ ਪ੍ਰੇਰਣਾ ਦਾ ਸਰੋਤ ਬਣੇਗੀ । ਇਸ ਮੌਕੇ ਪਿ੍ਰੰਸੀਪਲ ਨੀਤੂ ਕੁਮਾਰ ਨੇ ਕਿਹਾ ਕਿ ਸਕੂਲ ਹਮੇਸ਼ਾ ਵਿਦਿਆਰਥੀਆਂ ਨੂੰ ਮਿਆਰੀ ਗੁਣਵੱਤਾ ਵਾਲੀ ਸਿੱਖਿਆ ਅਤੇ ਨੈਤਿਕ ਕਦਰਾਂ ਕੀਮਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ ਤਾਂ ਜੋ ਵਿਦਿਆਰਥੀਆਂ ਜ਼ਿੰਦਗੀ ਵਿੱਚ ਵੱਡੇ ਮੁਕਾਮ ਹਾਸਲ ਕਰਨ ਦੇ ਨਾਲ-ਨਾਲ ਚੰਗੇ ਨਾਗਰਿਕ ਬਣਕੇ ਸੋਹਣੇ ਅਤੇ ਨਿਰੋਗ ਸਮਾਜ ਦੀ ਸਿਰਜਣਾ ਵਿੱਚ ਆਪਣਾ ਬਣਦਾ ਯੋਗਦਾਨ ਪਾ ਸਕਨ । ਜ਼ਿਕਰਯੋਗ ਹੈ ਕਿ ਬਸੀ ਪਠਾਨਾਂ ਅਤੇ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਵਿੱਚ ਪਾਈਨ ਗਰੋਵ ਪਬਲਿਕ ਸਕੂਲ ਨੇ ਆਪਣੀ ਅਲੱਗ ਪਹਿਚਾਣ ਬਣਾਈ ਹੈ । ਸਕੂਲ ਹਰ ਸਾਲ ਨਵੇਂ ਮਾਪਦੰਡ ਸਥਾਪਿਤ ਕਰਦਾ ਆ ਰਿਹਾ ਹੈ ।

## 6 ਜੂਨ ਤੱਕ ਮੰਗਾਂ ਨਾ ਮੰਨੀਆਂ ਤਾਂ ਸੰਗਰੂਰ 'ਚ ਹੋਵੇਗਾ ਵੱਡਾ ਰੋਸ ਪ੍ਰਦਰਸ਼ਨ : ਯੂਨੀਅਨ

**• ਵਾਰ-ਵਾਰ ਮੀਟਿੰਗਾਂ ਮੁਲਤਵੀ ਕਰਨ 'ਤੇ ਕੰਟਰੈਕਟ ਇੰਸਟਰਕਟਰਾਂ 'ਚ ਭਾਰੀ ਰੋਸ**

ਨੂਰਪੁਰਬੇਦੀ : 22 ਮਈ (ਮਨਦੀਪ ਬਾਲੀ) ਆਲ ਪੰਜਾਬ ਡੀ.ਐਸ.ਟੀ.ਸੀ.ਟੀ.ਐਸ. ਕੰਟਰੈਕਟ ਇੰਸਟਰਕਟਰ ਯੂਨੀਅਨ ਦੀ ਇਕ ਅਹਿਮ ਮੀਟਿੰਗ ਅੱਜ ਹੋਈ, ਜਿਸ ਦੌਰਾਨ ਯੂਨੀਅਨ ਆਗੂਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੰਜਾਬ ਸਰਕਾਰ ਪ੍ਰਤੀ ਗਹਿਰਾ ਰੋਸ ਪ੍ਰਗਟਾਇਆ। ਉਨ੍ਹਾਂ ਦੱਸਿਆ ਕਿ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ ਪੰਜਾਬ ਅਧੀਨ ਚੱਲ ਰਹੀਆਂ ਸਰਕਾਰੀ ਆਈ.ਟੀ.ਆਈਜ਼ ਵਿੱਚ ਕਰੀਬ 700 ਕੰਟਰੈਕਟ ਅਤੇ ਗੈਸਟ ਫੈਕਲਟੀ ਇੰਸਟਰਕਟਰ ਲੰਮੇ ਸਮੇਂ ਤੋਂ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ। ਯੂਨੀਅਨ ਆਗੂਆਂ ਨੇ ਦੱਸਿਆ ਕਿ ਉਹ ਆਪਣੀਆਂ ਮੰਗਾਂ ਸਬੰਧੀ ਕਈ ਵਾਰ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਤਕਨੀਕੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਹੋਰ ਮੰਤਰੀਆਂ ਨਾਲ ਮੀਟਿੰਗਾਂ ਕਰ ਚੁੱਕੇ ਹਨ, ਪਰ ਅਜੇ ਤੱਕ ਕੋਈ ਢੁਕਵਾਂ ਹੱਲ ਨਹੀਂ ਨਿਕਲਿਆ। ਉਨ੍ਹਾਂ ਕਿਹਾ ਕਿ ਯੂਨੀਅਨ ਵੱਲੋਂ ਦੁਬਾਰਾ ਮੀਟਿੰਗ ਲਈ ਸਮਾਂ ਮੰਗਿਆ ਗਿਆ ਸੀ, ਜਿਸ 'ਤੇ ਡਿਪਟੀ ਕਮਿਸ਼ਨਰ ਸੰਗਰੂਰ ਵੱਲੋਂ 29 ਜਨਵਰੀ 2026 ਨੂੰ ਵਿੱਤ ਮੰਤਰੀ ਨਾਲ ਮੀਟਿੰਗ ਨਿਰਧਾਰਤ ਕੀਤੀ ਗਈ, ਪਰ ਇਹ ਮੀਟਿੰਗ ਨਹੀਂ ਹੋ ਸਕੀ। ਇਸ ਤੋਂ ਬਾਅਦ 17 ਫਰਵਰੀ, 17 ਅਪ੍ਰੈਲ, 28 ਅਪ੍ਰੈਲ ਅਤੇ 14 ਮਈ 2026 ਦੀਆਂ ਮੀਟਿੰਗਾਂ ਵੀ ਵਾਰ-ਵਾਰ ਮੁਲਤਵੀ ਕਰ ਦਿੱਤੀਆਂ ਗਈਆਂ। ਯੂਨੀਅਨ ਆਗੂਆਂ ਨੇ ਕਿਹਾ ਕਿ ਸਰਕਾਰ ਦੇ ਇਸ ਰਵੱਈਏ ਤੋਂ ਸਾਫ਼ ਹੈ ਕਿ ਪੰਜਾਬ ਦੀਆਂ ਆਈ.ਟੀ.ਆਈਜ਼ ਵਿੱਚ ਕੰਮ ਕਰ ਰਹੇ ਗੈਸਟ ਫੈਕਲਟੀ ਅਤੇ ਕੱਚੇ ਇੰਸਟਰਕਟਰਾਂ ਦੇ ਭਵਿੱਖ ਪ੍ਰਤੀ ਸਰਕਾਰ ਗੰਭੀਰ ਨਹੀਂ ਹੈ।ਯੂਨੀਅਨ ਨੇ ਕਿਹਾ ਕਿ ਬੇਸਿਕ ਤਨਖਾਹ ਲਾਗੂ ਕਰਨ, ਵਿਭਾਗ ਅਧੀਨ ਕਰਨ ਅਤੇ ਸੇਵਾ ਸੁਰੱਖਿਆ ਵਰਗੀਆਂ ਜਾਇਜ਼ ਮੰਗਾਂ ਸਬੰਧੀ ਸਰਕਾਰ ਵੱਲੋਂ ਲੰਮੇ ਸਮੇਂ ਤੋਂ ਕੇਵਲ ਭਰੋਸੇ ਹੀ ਦਿੱਤੇ ਜਾ ਰਹੇ ਹਨ। ਇਸ ਕਾਰਨ ਯੂਨੀਅਨ ਨੇ ਫੈਸਲਾ ਕੀਤਾ ਹੈ ਕਿ ਜੇਕਰ 6 ਜੂਨ 2026 ਤੱਕ ਸਰਕਾਰ ਵੱਲੋਂ ਮੰਗਾਂ ਮੰਨਣ ਸਬੰਧੀ ਕੋਈ ਪੱਤਰ ਜਾਰੀ ਨਾ ਕੀਤਾ ਗਿਆ ਤਾਂ 6 ਜੂਨ ਨੂੰ ਸੰਗਰੂਰ ਵਿਖੇ ਵੱਡਾ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਯੂਨੀਅਨ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਲੋੜ ਪੈਣ 'ਤੇ ਇਸ ਰੋਸ ਪ੍ਰਦਰਸ਼ਨ ਨੂੰ ਪੱਕੇ ਧਰਨੇ ਵਿੱਚ ਵੀ ਤਬਦੀਲ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਇਸ ਦੌਰਾਨ ਕਿਸੇ ਵੀ ਤਰ੍ਹਾਂ ਦੇ ਨੁਕਸਾਨ ਦੀ ਪੂਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਦੀ ਹੋਵੇਗੀ। ਇਸ ਮੌਕੇ ਯੂਨੀਅਨ ਦੇ ਪ੍ਰਧਾਨ ਕਿਰਨਦੀਪ ਸਿੰਘ ਰੁਪਾਣਾ ਤੋਂ ਇਲਾਵਾ ਸਿਮਰਨਜੀਤ ਸਿੰਘ, ਪ੍ਰਦੀਪ ਸਿੰਘ, ਹਰਪ੍ਰੀਤ ਸਿੰਘ, ਸੁਖਬੀਰ ਸਿੰਘ, ਸਵਰਨ ਸਿੰਘ, ਮਨਜਿੰਦਰ ਸਿੰਘ, ਅਮਨਦੀਪ ਸਿੰਘ ਅਤੇ ਗੁਰਜੀਤ ਸਿੰਘ ਸਮੇਤ ਹੋਰ ਮੈਂਬਰ ਵੀ ਹਾਜ਼ਰ ਸਨ।

## ਕੜਕਦੀ ਗਰਮੀ ਚ, ਤਨਖਾਹਾਂ ਨਾ ਮਿਲਣ ਤੇ ਭੜਕੇ ਜੰਗਲਾਤ ਕਾਮੇ, ਪੰਜਾਬ ਸਰਕਾਰ ਨੂੰ ਭੇਜਿਆ ਮੰਗ ਪਤਰ

**• 10 ਜੂਨ ਨੂੰ ਵਣ ਮੰਤਰੀ ਹਲਕੇ ਚ ਕਰਨਗੇ ਪ੍ਰਦਰਸ਼ਨ**



ਪਟਿਆਲਾ 22 ਮਈ( ਰਾਜਿੰਦਰ ਸਿੰਘ ਥਿੰਦ) ਪੰਜਾਬ ਸੁਬਾਰਡੀਨੇਟ ਸਰਵਿਸਜ ਫੈਡਰੇਸ਼ਨ (1406/22ਬੀ) ਚੰਡੀਗੜ੍ਹ ਨਾਲ ਸੰਬੰਧਤ ਜੰਗਲਾਤ ਕਾਮਿਆਂ ਦੀ ਇੱਕੋ ਇੱਕ ਸਿਰਮੌਰ ਅਤੇ ਸੰਘਸ਼ੀਲ ਜਥੇਬੰਦੀ ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ ਦੀ ਸੂਬਾ ਕਮੇਟੀ ਦੇ ਫੈਸਲੇ ਤੇ ਅੱਜ 22ਮਈ ਨੂੰ ਸਰਕਾਰ ਨੂੰ ਮੰਗ ਪੱਤਰ ਦੇਣ ਦੀ ਕੜੀ ਤਹਿਤ ਅੱਜ ਜੰਗਲਾਤ ਵਰਕਰਜ਼ ਯੂਨੀਅਨ ਵੱਲੋ ਵਣ ਮੰਡਲ ਪਟਿਆਲਾ ਜੰਗਲੀਜੀਵ ਮੰਡਲ ਪਟਿਆਲਾ ਦੇ ਦਫਤਰ ਅੱਗੇ ਮੰਡਲ ਪ੍ਰਧਾਨ ਜਸਵਿੰਦਰ ਸਿੰਘ ਸੌਜਾ ਸੇਰ ਸਿੰਘ ਸਰਹਿੰਦ ਜਗਤਾਰ ਸਿੰਘ ਸਾਹਪੁਰ ਭੁਪਿੰਦਰ ਸਿੰਘ ਸਾਧੋਹੇੜੀ ਤੇ ਜੋਗਾ ਸਿੰਘ ਵਜੀਦਪੁਰ ਦੀ ਪ੍ਰਧਾਨਗੀ ਹੇਠ ਵਿਸਾਲ ਰੋਸ ਧਰਨਾ ਦਿੱਤਾ ਗਿਆ । ਅੱਜ ਸਵੇਰ ਤੋਂ ਹੀ ਭਾਰੀ ਗਰਮੀ ਦੇ ਬਾਵਜੂਦ ਵੱਡੀ ਗਿਣਤੀ ਵਿੱਚ ਜੰਗਲਾਤ ਕਾਮੇ ਆਪਣੇ ਝੰਡੇ ਮਾਟੋ ਤੇ ਬੈਨਰਾਂ ਨਾਲ ਲੈਸ ਹੋ ਕੇ ਪੂਰੇ ਜੋਸ਼ੋ ਖਰੋਸ਼ ਨਾਲ ਨਾਹਰੇ ਮਾਰਦੇ ਹੋਏ ਇਸ ਧਰਨੇ ਵਿੱਚ ਪੁੱਜੇ। ਧਰਨੇ ਨੂੰ ਸੰਬੋਧਨ ਕਰਦਿਆ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਆਗੂ ਦਰਸ਼ਨ ਸਿੰਘ ਬੇਲੂਮਾਜਰਾ,ਜਸਵੀਰ ਸਿੰਘ ਖੋਖਰ,ਧਰਮਪਾਲ ਸਿੰਘ ਲੌਟ ਤੇ ਰਾਜਪਾਲ ਲਸੋਈ ਨੇ ਆਖਿਆ ਕਿ ਪੰਜਾਬ ਸਰਕਾਰ ਵਣ ਅਤੇ ਜੰਗਲੀ ਜੀਵ ਵਿਭਾਗ ਦੇ ਵਿਚ 30/30ਸਾਲਾਂ ਤੋ ਕੰਮ ਕਰਦੇ ਕਾਮਿਆਂ ਨੂੰ ਪੱਕਿਆ ਨਹੀ ਕੀਤਾ ਜਾ ਰਿਹਾ ਸਿਰਫ ਇਕ ਪਲੇਸਮੈਂਟ ਪੋਲਸੀ ਬਣਾ ਕੇ 58ਸਾਲ ਵਿਭਾਗ ਵਿਚ 15ਹਜਾਰ ਤਨਖਾਹ ਤੇ ਕੰਮ ਦੇਣਾ ਜੰਗਲਾਤ ਕਾਮਿਆਂ ਨਾਲ ਕੋਝਾ ਮਜਾਕ ਕੀਤਾ, ਵਿਭਾਗ ਵਿਚ ਡੇਲੀਵੇਜ ਕਾਮਿਆ ਨੂੰ ਪਿਛਲੇ ਤਿੰਨ ਮਹੀਨਿਆ ਤੋ ਤਨਖਾਹਾਂ ਨਾ ਮਿਲਣ ਕਾਰਨ ਜੰਗਲਾਤ ਕਾਮਿਆ ਦੇ ਪਰਿਵਾਰ ਪ੍ਰੇਸ਼ਾਨ ਹਨ ਲੋਕਾਂ ਨਾਲ ਲਭਾਉਣੇ ਵਾਅਦੇ ਕਰਨ ਵਾਲੀ ਸਰਕਾਰ ਨੇ ਲਗਭਗ ਸਾਡੇ 4 ਸਾਲ ਬੀਤ ਜਾਣ ਦੇ ਬਾਵਜੂਦ ਜੰਗਲਾਤ ਦਾ ਇੱਕ ਵੀ ਕਾਮਾ ਪੱਕਾ ਨਹੀਂ ਕੀਤਾ ,ਜਿਸ ਕਾਰਨ ਜੰਗਲਾਤ ਕਾਮਿਆ ਵਿੱਚ ਭਾਰੀ ਰੋਸ ਤੇ ਬੇਚੈਨੀ ਪਾਈ ਜਾ ਰਹੀ ਹੈ, ਜੰਗਲਾਤ ਕਾਮਿਆ ਨੇ ਵਣ ਮੰਡਲ ਅਫਸਰ ਪਟਿਆਲਾ ਦੇ ਦਫਤਰ ਅੱਗੇ ਰੋਸ ਧਰਨਾ ਦਿੱਤਾ ਅਤੇ ਮਾਨਯੋਗ ਆਈ ਐਫ ਐੱਸ ਵਣ ਪਾਲ ਸਾਊਥ ਸਰਕਲ ਪਟਿਆਲਾ ਅਤੇ ਮਾਨਯੋਗ ਵਣ ਮੰਡਲ ਅਫਸਰ ਜੰਗਲੀ ਜੀਵ ਪਟਿਆਲਾ ਅਤੇ ਵਣ ਮੰਡਲ ਅਫਸਰ ਪਟਿਆਲਾ ਰਾਹੀ ਮੰਗ ਪੱਤਰ ਪੰਜਾਬ ਸਰਕਾਰ ਨੂੰ ਭੇਜਿਆ। ਉਨਾ ਫੈਸਲਾ ਕੀਤਾ ਕਿ ਜੇਕਰ ਸਰਕਾਰ ਨੇ ਜੰਗਲਾਤ ਅਤੇ ਜੰਗਲੀ ਜੀਵ ਦੇ ਕਾਮਿਆਂ ਨੂੰ ਤਨਖਾਹਾਂ ਨਾ ਦਿੱਤੀਆ ਜੰਗਲਾਤ ਅਤੇ ਜੰਗਲੀ ਜੀਵ ਵਿਭਾਗ ਵਿੱਚ ਲੰਮੇ ਸਮੇਂ ਤੋਂ ਕੰਮ ਕਰਦੇ ਅਨਪੜ੍ਹ ਕਾਮਿਆ ਤੇ ਲਗਾਤਾਰ 10ਸਾਲ ਦੀ ਸਰਵਿਸ ਖਤਮ ਕਰਕੇ ਕੱਚੇ ਕਾਮੇ ਪੱਕੇ ਨਾ ਕੀਤੇ ਅਤੇ ਹੋਰ ਮੰਗਾਂ ਦਾ ਹੱਲ ਨਾ ਕੀਤਾ, ਤਾਂ ਆਉਣ ਵਾਲੀ 10 ਜੂਨ ਨੂੰ ਵਣ ਮੰਤਰੀ ਪੰਜਾਬ ਦੇ ਹਲਕਾ ਭੋਆ ਵਿੱਚ ਵਿਸ਼ਾਲ ਰੋਸ ਧਰਨਾ ਦੇਣ ਉਪਰੰਤ ਝੰਡਾ ਮਾਰਚ ਕੀਤਾ ਜਾਵੇਗਾ। ਇਸ ਧਰਨੇ ਵਿੱਚ ਹੋਰਨਾ ਤੋ ਇਲਾਵਾ ਨਰੇਸ਼ ਕੁਮਾਰ ਬੋਸਰ, ਭਿੰਦਰ ਘੱਗਾ, ਸਵਰਨਜੀਤ ਸਿੰਘ,ਜਸਵੰਤ ਸਿੰਘ,ਮਹਿੰਦਰ ਸਿੰਘ ਕਾਠ ਮੱਠੀ,ਜੀਤ ਖਾਨ,ਗੁਰਦੇਵ ਕੌਰ, ਗੁਰਮੇਲ ਸਿੰਘ ਬਿਸ਼ਨਪੁਰਾ,ਬਲਕਾਰ ਸਿੰਘ ਬਠੋਈ,ਇੰਦਰਜੀਤ ਕੌਰ ਚੁਪਕੀ, ਜਸਪਾਲ ਕੌਰ,ਅਮਰਜੀਤ ਕੌਰ, ਜਸਵੀਰ ਕੌਰ,ਕੁਲਦੀਪ ਸਿੰਘ,ਹਾਕਮ ਖਾਨ, ਬੁੱਧ ਸਿੰਘ, ਸਤਨਾਮ ਸਿੰਘ ਸੌਜਾ ,ਹਰਚਰਨ ਸਿੰਘ,ਗੁਰਜੀਤ ਸਿੰਘ, ਜਸਵੀਰ ਕੌਰ,ਕੁਲਦੀਪ ਕੌਰ ਮਾਂਗੇਵਾਲ ਆਦਿ ਸਾਮਿਲ ਸਨ।

## ਪੀਰਖਾਨਾ ਜਲਾਲ ਵਿਖੇ 20 ਵਾਂ ਵਿਸ਼ਾਲ ਸਲਾਨਾ ਭੰਡਾਰਾ ਕਰਵਾਇਆ ਗਿਆ



ਭਗਤਾ ਭਾਈ 22 ਮਈ ( ਸਿਕੰਦਰ ਸਿੰਘ ਕੋਇਰ ਸਿੰਘ ਵਾਲਾ): ਸਥਾਨਕ ਸ਼ਹਿਰ ਨਜ਼ਦੀਕ ਪਿੰਡ ਜਲਾਲ ਵਿਖੇ ਲੱਖਾਂ ਦਾ ਦਾਤਾ ਲਾਲਾਂ ਵਾਲਾ ਪੀਰ ਜੀ ਦੇ ਅਸ਼ੀਰਵਾਦ ਸਦਕਾ ਪੀਰਖਾਨਾ ਲੋਕਲ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਬਾਬਾ ਜੀ ਦੇ ਦਰਬਾਰ ਵਿਖੇ 20 ਵਾਂ ਵਿਸ਼ਾਲ ਸਲਾਨਾ ਭੰਡਾਰਾ ਕਰਵਾਇਆ ਗਿਆ।ਇਸ ਸਮਾਗਮ ਦੌਰਾਨ ਵਿਵੇਕ ਆਸ਼ਰਮ ਗੁਰੂਸਰ ਜਲਾਲ ਦੇ ਸੰਤ ਬਾਬਾ ਗੰਗਾ ਰਾਮ ਜੀ ਨੇ ਆਈਆਂ ਹੋਈਆਂ ਸੰਗਤਾਂ ਨੂੰ ਅਸ਼ੀਰਵਾਦ ਦੇ ਕੇ ਚੰਗੇ ਸਮਾਜ ਦੀ ਸਿਰਜਣਾ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਸਾਨੂੰ ਪੀਰਾਂ ਫ਼ਕੀਰਾਂ ਦੇ ਦਿਨ ਮਨਾਉਣੇ ਚਾਹੀਦੇ ਹਨ।ਉਹਨਾਂ ਕਿਹਾ ਕਿ ਇਹ ਨਗਰ ਅੰਦਰ ਪੀਰਾਂ ਦਾ ਦਰਬਾਰ ਬਣਿਆ ਹੋਣ ਕਰਕੇ ਇੱਥੋਂ ਦੀ ਸੰਗਤ ਭਾਗਾਂ ਵਾਲੀ ਹੈ,ਜਿੱਥੇ ਹਰ ਸਾਲ ਪੀਰਾਂ ਦਾ ਦਿਨ ਮਨਾਇਆ ਜਾਂਦਾ।ਇਸ ਮੌਕੇ ਉਹਨਾਂ ਨਾਲ ਬਾਬਾ ਮਹਿੰਦਰ ਸਿੰਘ ਨਹਿੰਗ, ਡਾਕਟਰ ਵੀਰਭਾਨ ਨੇ ਵੀ ਹਾਜ਼ਰੀ ਲਵਾਈ।ਇਸ ਮੌਕੇ ਪੀਰਖਾਨਾ ਦੇ ਮੁੱਖ ਸੇਵਾਦਾਰ ਅਤੇ ਕਮੇਟੀ ਦੇ ਪ੍ਰਧਾਨ ਬਿੰਦਰ ਜਲਾਲ,ਮੀਤ ਪ੍ਰਧਾਨ ਜਸਕਰਨ ਸਿੰਘ ਅਤੇ ਬਾਬਾ ਹਰਵੰਸ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਾਬਾ ਜੀ ਦੀ ਯਾਦ ਵਿੱਚ ਹਰ ਸਾਲ ਜੇਠ ਮਹੀਨੇ ਦੇ ਚਾਨਣੇ ਵੀਰਵਾਰ ਨੂੰ ਜਲੇਬੀਆਂ ਅਤੇ ਗੁਰੂ ਕੇ ਲੰਗਰ ਤੇ ਠੰਡੇ ਮਿੱਠੇ ਦੁੱਧ ਦੀ ਛਬੀਲ ਬੜੀ ਸ਼ਰਧਾ ਭਾਵਨਾ ਨਾਲ ਲਾਕੇ ਬਾਬਾ ਜੀ ਦਾ ਦਿਨ ਮਨਾਇਆ ਜਾਂਦਾ ਹੈ। ਉਹਨਾਂ ਦੱਸਿਆ ਕਿ ਕੋਈ ਵੀ ਇਸ ਜਗ੍ਹਾ ਤੇ ਸੱਚੀ ਸ਼ਰਧਾ ਨਾਲ ਆਉਂਦਾ ਹੈ ਤਾਂ ਪੀਰ ਲੱਖਾਂ ਦਾ ਦਾਤਾ ਲਾਲਾਂ ਵਾਲੀ ਸੱਚੀ ਸਰਕਾਰ ਉਹਨਾਂ ਦੀਆਂ ਮਨੋਕਾਮਨਾਵਾਂ ਪੂਰੀਆਂ ਕਰਦੇ ਹਨ।ਇਸ ਮੌਕੇ ਬਾਬਾ ਹਰਬੰਸ ਸਿੰਘ,ਮੁੱਖ ਸੇਵਾਦਾਰ ਬਿੰਦਰ ਜਲਾਲ,ਜਸਕਰਨ ਸਿੰਘ ਮੀਤ ਪ੍ਰਧਾਨ, ਬੂਟਾ ਸਿੰਘ ਆੜਤੀਆਂ ਸਰਪੰਚ ਛਿੰਦਰਪਾਲ ਸਿੰਘ, ਸਾਬਕਾ ਸਰਪੰਚ ਜਗਦੀਸ਼ ਸਿੰਘ,ਸਰਬਜੀਤ ਸਿੰਘ ਸਰਬਾ ਸਾਬਕਾ ਪੰਚ,ਗੁਰਮੀਤ ਸਿੰਘ ਪੰਚ,ਗੁਰਜੀਤ ਸਿੰਘ ਪ੍ਰਧਾਨ,ਸੋਹਣ ਸਿੰਘ ਪੰਚ,ਜਗਜੀਤ ਸਿੰਘ,ਮੋਦਨ ਸਿੰਘ ਢਿੱਲੋਂ, ਪੰਚ ਪਰਮਜੀਤ ਸਿੰਘ ਹੈਪੀ,ਮੰਗਤ ਦੀਨ ਪੰਚ, ਵੀਰ ਸਿੰਘ ਹਮੀਰਗੜ੍ਹ,ਮਾਸਟਰ ਗੁਰਜੰਟ ਸਿੰਘ,ਛਿੰਦਾ ਜਲਾਲ, ਸੋਮਾ ਸਿੰਘ, ਬੁੱਧਾ ਖਾਨ, ਮਹਿੰਦਰ ਸਿੰਘ ਗਿਆਨੀ ਪੰਚ, ਸੰਦੀਪ ਸਨੀ ਪੰਚ, ਜਸਵੀਰ ਸਿੰਘ ਪੰਚ, ਭੀਮ ਸੈਨ ਜਲਾਲ, ਰਾਮੇਸ਼ ਕੁਮਾਰ ਡਿੱਪੂ ਵਾਲਾ ਅਤੇ ਮੋਹਣੀ ਹਲਵਾਈ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੇਵਾਦਾਰਾਂ ਸਮੇਤ ਬਾਬਾ ਜੀ ਦਾ ਗੁਣਗਾਨ ਕਰਨ ਵਾਲਿਆਂ ਨੇ ਹਾਜ਼ਰੀ ਭਰੀ। ਇਸ ਸਮਾਗਮ ਦੀ ਸਮਾਪਤੀ ਸਮੇਂ ਪੀਰਖਾਨਾ ਦੇ ਮੁੱਖ ਸੇਵਾਦਾਰ ਅਤੇ ਕਮੇਟੀ ਦੇ ਪ੍ਰਧਾਨ ਬਿੰਦਰ ਜਲਾਲ ਨੇ ਆਈਆਂ ਹੋਈਆਂ ਸਮੂਹ ਨਗਰ ਸੰਗਤਾਂ ਦਾ ਧੰਨਵਾਦ ਕੀਤਾ।

## ਸਿਮਰਨਜੀਤ ਸਿੰਘ ਮਾਨ ਵਲੋਂ 24 ਨੂੰ ਕੀਤੇ ਜਾ ਰਹੇ ਪੰਥਕ ਇਕੱਠ ਵਿੱਚ ਹਲਕਾ ਦਿੜ੍ਹਬਾ ਤੋਂ ਸੰਗਤਾ ਦੀਆਂ ਜਾਨਗੀਆਂ 8 ਤੋ 9 ਬੱਸਾਂ



ਦਿੜ੍ਹਬਾ 22 ਮਈ (ਜਸਵੀਰ ਸਿੰਘ) ਗੁਰਦੁਆਰਾ ਨਾਨਕਿਆਣਾ ਸਾਹਿਬ ਵਿਖੇ ਇੱਕ ਵਿਸ਼ਾਲ ਪੰਥਕ ਇਕੱਠ ਕੀਤਾ ਜਾ ਰਿਹਾ ਹੈ, ਜਿਸ ਦੀ ਅਗਵਾਈ ਸਿਮਰਨਜੀਤ ਸਿੰਘ ਮਾਨ ਕਰਨਗੇ। ਇਸ ਪੰਥਕ ਇਕੱਠ ਨੂੰ ਲੈ ਕੇ ਸੰਗਰੂਰ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਅਤੇ ਸਰਕਲਾਂ ਵਿੱਚ ਲਗਾਤਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਦੀ ਸ਼ਮੂਲੀਅਤ ਦੀ ਸੰਭਾਵਨਾ ਹੈ।ਮੀਡੀਆ ਨਾਲ ਗੱਲਬਾਤ ਕਰਦੇ ਦਿੜ੍ਹਬਾ ਹਲਕੇ ਦੇ ਇੰਚਾਰਜ ਹਰਜੀਤ ਸਿੰਘ ਸੰਜੂਮਾਂ ਨੇ ਦੱਸਿਆ ਕਿ ਦਿੜ੍ਹਬਾ ਹਲਕੇ ਵਿੱਚੋਂ 24 ਮਈ ਨੂੰ 8-9 ਬੱਸਾਂ ਦਾ ਕਾਫਲਾ ਭਰ ਕੇ ਗੁਰਦੁਆਰਾ ਨਾਨਕਿਆਣਾ ਸਾਹਿਬ ਸੰਗਰੂਰ ਵਿਖੇ ਪਹੁੰਚੇਗਾ। ਉਨ੍ਹਾਂ ਕਿਹਾ ਕਿ ਸੰਗਰੂਰ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚੋਂ ਵੀ ਵੱਡੀ ਗਿਣਤੀ ਵਿੱਚ ਸੰਗਤਾਂ ਇਸ ਪੰਥਕ ਇਕੱਠ ਵਿੱਚ ਸ਼ਾਮਲ ਹੋਣ ਲਈ ਪਹੁੰਚ ਰਹੀਆਂ ਹਨ।ਜਿਸ ਵਿੱਚ ਪੰਥਕ ਮੁੱਦਿਆਂ ਤੇ ਵਿਚਾਰ ਚਰਚਾ ਕੀਤ੍ਹੀ ਜਾਵੇਗੀ ।

## ਪੰਜ ਪੀਰਾਂ ਦੀ ਦਰਗਾਹ 'ਤੇ ਸਲਾਨਾ ਜੋੜ ਮੇਲਾ 4 ਜੂਨ ਨੂੰ



ਨੂਰਪੁਰਬੇਦੀ, 22 ਮਈ (ਮਨਦੀਪ ਬਾਲੀ) : ਪਿੰਡ ਨਲਹੋਟੀ ਉਪਰਲੀ ਵਿਖੇ ਸਥਿਤ ਪੰਜ ਪੀਰਾਂ ਦੀ ਦਰਗਾਹ 'ਤੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸਲਾਨਾ ਜੋੜ ਮੇਲਾ ਅਤੇ ਵਿਸ਼ਾਲ ਭੰਡਾਰਾ 4 ਜੂਨ ਦਿਨ ਵੀਰਵਾਰ ਨੂੰ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਸੇਵਾਦਾਰ ਬਾਬਾ ਰਾਕੇਸ਼ ਅਤੇ ਪਿੰਡ ਵਾਸੀਆਂ ਨੇ ਦੱਸਿਆ ਕਿ ਸਮਾਗਮ ਦੀ ਸ਼ੁਰੂਆਤ ਸਵੇਰੇ 10 ਵਜੇ ਤੋਂ 11 ਵਜੇ ਤੱਕ ਹਵਨ ਯੱਗ ਨਾਲ ਹੋਵੇਗੀ। ਇਸ ਉਪਰੰਤ ਝੰਡੇ ਦੀ ਰਸਮ ਅਦਾ ਕੀਤੀ ਜਾਵੇਗੀ। ਇਸ ਮੌਕੇ ਪ੍ਰਸਿੱਧ ਗਾਇਕ ਮਨਜੀਤ ਕਰਤਾਰਪੁਰੀ ਆਪਣੀ ਪਾਰਟੀ ਸਮੇਤ ਬਾਬਾ ਜੀ ਦੀ ਮਹਿਮਾ ਦਾ ਗੁਣਗਾਨ ਕਰਨਗੇ। ਉਨ੍ਹਾਂ ਦੱਸਿਆ ਕਿ ਸਮਾਗਮ ਦੌਰਾਨ ਆਉਣ ਵਾਲੀਆਂ ਸੰਗਤਾਂ ਲਈ ਬਾਬਾ ਜੀ ਦਾ ਵਿਸ਼ਾਲ ਭੰਡਾਰਾ ਵੀ ਲਗਾਤਾਰ ਚੱਲੇਗਾ। ਉਨ੍ਹਾਂ ਸਮੂਹ ਇਲਾਕਾ ਵਾਸੀਆਂ ਅਤੇ ਸੰਗਤਾਂ ਨੂੰ ਮੇਲੇ ਵਿੱਚ ਸ਼ਾਮਲ ਹੋ ਕੇ ਅਸੀਸਾਂ ਪ੍ਰਾਪਤ ਕਰਨ ਦੀ ਅਪੀਲ ਕੀਤੀ। ਇਸ ਮੌਕੇ ਰਾਕੇਸ਼ ਬਾਬਾ, ਸਰਪੰਚ ਹਰਮੇਸ਼ ਚੰਦ, ਮਹਿੰਦਰ ਸਿੰਘ, ਸੋਮ ਨਾਥ, ਸੰਜੂ, ਨੇਕੀ, ਸੱਤੂ, ਗੁਰਪ੍ਰੀਤ, ਬਿੱਕਰ, ਕਮਲਜੀਤ, ਕਸ਼ਮੀਰ ਸਿੰਘ ਅਤੇ ਹੋਰ ਪਿੰਡ ਵਾਸੀ ਹਾਜ਼ਰ ਸਨ।

## ਮੁੱਖ ਮੰਤਰੀ ਤੀਰਥ ਯਾਤਰਾ ਸ਼ਰਧਾਲੂਆਂ ਲਈ ਵਰਦਾਨ - ਅਜੀਤ ਪਾਲ ਸਿੰਘ ਕੋਹਲੀ



ਪਟਿਆਲਾ 22 ਮਈ (ਰਾਜਿੰਦਰ ਸਿੰਘ ਥਿੰਦ): ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਵਿਧਾਇਕ ਅਜੀਤ ਪਾਲ ਸਿੰਘ ਕੋਹਲੀ ਵੱਲੋਂ ਪਟਿਆਲਾ ਦੇ ਵਾਰਡ ਨੰਬਰ 39 ਤੋਂ ਸ਼ੀਸ਼ ਮਹਿਲ ਕਲੋਨੀ ਦੇ ਸ਼ਰਧਾਲੂਆਂ ਨੂੰ ਪਵਿੱਤਰ ਧਰਤੀ ਸ੍ਰੀ ਦਰਬਾਰ ਸਾਹਿਬ ਜੀ ਦੇ ਦਰਸ਼ਨਾਂ ਲਈ ਬੱਸ ਰਵਾਨਾ ਕੀਤੀ ਗਈ। ਵਿਧਾਇਕ ਅਜੀਤ ਪਾਲ ਸਿੰਘ ਕੋਹਲੀ ਨੇ ਇਸ ਮੌਕੇ ਸੰਗਤ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਸੁਖਮਈ ਅਤੇ ਸੁਰੱਖਿਅਤ ਯਾਤਰਾ ਲਈ ਅਰਦਾਸ ਕੀਤੀ।ਓਹਨਾ ਦਸਿਆ ਕਿ ਇਹ ਯਾਤਰੀ ਅੰਮ੍ਰਿਤਸਰ ਵਿਖੇ ਸਥਿਤ ਸੱਚਖੰਡ ਸ੍ਰੀ ਦਰਬਾਰ ਸਾਹਿਬ ਅਤੇ ਦੁਰਗਿਆਣਾ ਮੰਦਿਰ ਵਿਖੇ ਮੱਥਾ ਟੇਕਣਗੇ। ਵਿਧਾਇਕ ਕੋਹਲੀ ਨੇ ਕਿਹਾ ਕਿ ਇਹ ਯਾਤਰਾ ਸਿਰਫ ਧਾਰਮਿਕ ਹੀ ਨਹੀਂ ਸਗੋਂ ਸਮਾਜਿਕ ਏਕਤਾ ਅਤੇ ਸਾਂਝੇਪਣ ਦੀ ਮਜ਼ਬੂਤੀ ਦਾ ਪ੍ਰਤੀਕ ਵੀ ਹੈ। ਇਸ ਮੌਕੇ ਇਲਾਕਾ ਵਾਸੀਆਂ ਨੇ ਪੰਜਾਬ ਸਰਕਾਰ ਅਤੇ ਵਿਧਾਇਕ ਕੋਹਲੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਯੋਜਨਾ ਨਾਲ ਇਲਾਕੇ ਦੇ ਲੋਕਾਂ ਵਿੱਚ ਕਾਫੀ ਖੁਸ਼ੀ ਹੈ ਅਤੇ ਸ਼ਰਧਾਲੂਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਦਾ ਲਾਭ ਘਰ-ਘਰ ਤੱਕ ਪਹੁੰਚਾਇਆ ਜਾ ਰਿਹਾ ਹੈ।ਇਸ ਮੌਕੇ ਵਾਰਡ ਨੂੰ 39 ਤੋਂ ਇੰਚਾਰਜ ਜਯੋਤੀ , ਹਰਵਿੰਦਰਪਾਲ ਸਿੰਘ ਵਿੰਟੀ ਤੋਂ ਇਲਾਵਾ ਇਲ੍ਹਾਕਾ ਵਾਸ੍ਹੀ ਮੌਜੂਦ ਸਨ।

## ਕੁਲਵਿੰਦਰ ਸਿੰਘ ਸੁੱਖੇਵਾਲ ਜਰਨਲ ਸੈਕਟਰੀ ਐਸ ਸੀ ਵਿਭਾਗ ਪੰਜਾਬ ਕਾਂਗਰਸ ਨਿਯੁਕਤ



ਨਾਭਾ 22 ਮਈ (ਰਾਕੇਸ਼ ਜਿੰਦਲ)ਵਿਧਾਨ ਸਭਾ ਚੋਣਾਂ ਦੇ ਮੱਦੇ ਨਜ਼ਰ ਕਾਂਗਰਸ ਨੇ ਪੂਰੀ ਤਰ੍ਹਾਂ ਕਮਰ ਕੱਸੇ ਕੱਸ ਲਏ ਹਨ ਜਿਸ ਦੇ ਤਹਿਤ ਪੰਜਾਬ ਦੇ ਵਿੱਚ ਨਵੀਆਂ ਨਿਯੁਕਤੀਆਂ ਹੋ ਰਹੀਆਂ ਹਨ ਮੇਨ ਕਾਂਗਰਸ ਅਤੇ ਕਾਂਗਰਸ ਦੇ ਸੈਲਾਂ ਵਿੱਚ ਲਗਾਤਾਰ ਨਿਯੁਕਤੀਆਂ ਹੋ ਰਹੀਆਂ ਹਨ ਇਸੇ ਕੜੀ ਦੇ ਤਹਿਤ ਕੁਲਵਿੰਦਰ ਸਿੰਘ ਸੁੱਖੇਵਾਲ ਜਿਲਾ ਚੇਅਰਮੈਨ ਤੇ ਹਲਕਾ ਕੋਆਰਡੀਨੇਟਰ ਨਾਭਾ ਨੂੰ ਅੱਜ ਹਾਈ ਕਮਾਂਡ ਪੰਜਾਬ ਅਮਰਿੰਦਰ ਸਿੰਘ ਰਾਜਾ ਵੜਿੰਗ,ਸਰਦਾਰ ਪ੍ਰਤਾਪ ਸਿੰਘ ਬਾਜਵਾ, ਸਰਦਾਰ ਚਰਨਜੀਤ ਸਿੰਘ ਚੰਨੀ ਸਾਬਕਾ ਮੁੱਖ ਮੰਤਰੀ ਪੰਜਾਬ ਅਤੇ ਨੈਸ਼ਨਲ ਕੋਆਰਡੀਨੇਟਰ ਸੁਧੀਰ ਚੌਧਰੀ ਦੀ ਸਿਫਾਰਸ ਤੇ ਲੱਕੀ ਪੱਖੋਂ ਚੇਅਰਮੈਨ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਐਸਸੀ ਡਿਪਾਰਟਮੈਂਟ ਅਤੇ ਅਰਜਿੰਦਰ ਪਾਲ ਗੌਤਮ ਜੀ ਕੁੱਲ ਹਿੰਦ ਕਾਂਗਰਸ ਚੇਅਰਮੈਨ ਐਸਸੀ ਵਿਭਾਗ ਵਲੋਂ ਕੁਲਵਿੰਦਰ ਸਿੰਘ ਸੁੱਖੇਵਾਲ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਐਸਸੀ ਵਿਭਾਗ ਦਾ ਜਰਨਲ ਸੈਕਟਰੀ ਨਿਯੁਕਤ ਕੀਤਾ ਗਿਆ ਹੈ ਕਾਂਗਰਸ ਦਾ ਹਮੇਸ਼ਾ ਹੀ ਕਲਚਰ ਰਿਹਾ ਹੈ ਕਿ ਪਾਰਟੀ ਲਈ ਵਧੀਆ ਕੰਮ ਕਰਨ ਵਾਲਿਆਂ ਨੂੰ ਅਹੁਦਿਆਂ ਦੇ ਨਾਲ ਨਿਵਾਜਿਆ ਜਾਂਦਾ ਰਿਹਾ ਇਸ ਮੌਕੇ ਕੁਲਵਿੰਦਰ ਸਿੰਘ ਸੁੱਖੇਵਾਲ ਨੇ ਸਮੁੱਚੀ ਹਾਈ ਕਮਾਡ ਦਾ ਧੰਨਵਾਦ ਕਰਦਿਆ ਵਿਸਵਾਸ ਦਿਵਾਇਆ ਕਿ ਪਾਰਟੀ ਦੀ ਮਜਬੂਤੀ ਪਹਿਲਾ ਨਾਲੋ ਵੱਧ ਚੜ ਕੇ ਮਿਹਨਤ ਕਰਦੇ ਰਹਿਣਗੇ

## ਵਿਦੇਸ਼ਾਂ ਦੇ ਵਿੱਚ ਪਾਰਟੀ ਪ੍ਰਤੀ ਪ੍ਰਚਾਰ ਕਰਨ ਉਪਰੰਤ ਵਾਪਸ ਪਰਤੇ ਅਕਾਲੀ ਆਗੂ ਢਿੱਲੋਂ ਦਾ ਅਕਾਲੀ ਜਥਾ ਸ਼ਹਿਰੀ ਵੱਲੋਂ ਕੀਤਾ ਗਿਆ ਸਨਮਾਨ



ਲੁਧਿਆਣਾ, - ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਰਣਜੀਤ ਸਿੰਘ ਢਿੱਲੋਂ ਆਪਣੇ ਕਰੀਬ ਦੋ ਮਹੀਨਿਆਂ ਦੇ ਵਿਦੇਸ਼ੀ ਦੌਰੇ ਤੋਂ ਵਾਪਸ ਪੰਜਾਬ ਪਰਤਣ ਤੇ ਅਕਾਲੀ ਜੱਥਾ ਸ਼ਹਿਰੀ ਵੱਲੋਂ ਗਰਮ ਜੋਸ਼ੀ ਦੇ ਨਾਲ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ ਗਿਆ। ਗੱਲਬਾਤ ਦੌਰਾਨ ਰਣਜੀਤ ਢਿੱਲੋ ਨੇ ਦੱਸਿਆ ਕਿ ਕਨੇਡਾ ਦੇ ਵਿੱਚ ਗੱਲ ਪੰਜਾਬ ਦੀ ਪ੍ਰੋਗਰਾਮ ਦੇ ਤਹਿਤ ਕਨੇਡਾ ਦੇ ਵੱਖ-ਵੱਖ ਸ਼ਹਿਰਾਂ ਵਿੱਚ ਪੰਜਾਬੀਆਂ ਨਾਲ ਹੋਈਆਂ ਮੁਲਾਕਾਤਾਂ ਅਤੇ ਵਿਚਾਰਾਂ ਦੌਰਾਨ ਪੰਜਾਬ ਦੇ ਮੌਜੂਦਾ ਹਾਲਾਤ, ਨੌਜਵਾਨਾਂ ਦੇ ਭਵਿੱਖ, ਖੇਤੀਬਾੜੀ, ਪੰਜਾਬੀ ਭਾਸ਼ਾ ਅਤੇ ਸੱਭਿਆਚਾਰ ਦੀ ਸੁਰੱਖਿਆ ਵਰਗੇ ਅਹਿਮ ਮੁੱਦਿਆਂ ਉੱਤੇ ਖੁੱਲ੍ਹ ਕੇ ਚਰਚਾ ਹੋਈ। ਉਨ੍ਹਾਂ ਦੱਸਿਆ ਕਿ ਦੌਰੇ ਦੌਰਾਨ ਉਨ੍ਹਾਂ ਨੇ ਕੈਨੇਡਾ ਦੇ ਵੱਖ-ਵੱਖ ਸ਼ਹਿਰਾਂ ਵਿੱਚ ਵਸਦੇ ਪੰਜਾਬੀ ਭਾਈਚਾਰੇ ਨਾਲ ਸੰਪਰਕ ਕਰਕੇ ਸ਼੍ਰੋਮਣੀ ਅਕਾਲੀ ਦਲ ਦੀ ਵਿਚਾਰਧਾਰਾ ਅਤੇ ਪੰਜਾਬ ਦੇ ਹੱਕਾਂ ਲਈ ਪਾਰਟੀ ਵੱਲੋਂ ਕੀਤੇ ਜਾ ਰਹੇ ਸੰਘਰਸ਼ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਕੈਨੇਡਾ ਵਿੱਚ ਹੋਈਆਂ ਮੀਟਿੰਗਾਂ ਦੌਰਾਨ ਬਹੁਤ ਸਾਰੇ ਲੋਕਾਂ ਨੇ ਪੰਜਾਬ ਦੀ ਮੌਜੂਦਾ ਰਾਜਨੀਤਿਕ ਅਤੇ ਸਮਾਜਿਕ ਸਥਿਤੀ ਨੂੰ ਲੈ ਕੇ ਚਿੰਤਾ ਜ਼ਾਹਿਰ ਕੀਤੀ ਅਤੇ ਕਿਹਾ ਕਿ ਪੰਜਾਬ ਦੀ ਵਿਲੱਖਣ ਪਹਿਚਾਣ, ਸੱਭਿਆਚਾਰ ਅਤੇ ਪੰਥਕ ਮੁੱਲਾਂ ਦੀ ਰਾਖੀ ਲਈ ਮਜ਼ਬੂਤ ਖੇਤਰੀ ਸੋਚ ਦੀ ਲੋੜ ਹੈ। ਉਨ੍ਹਾਂ ਦੱਸਿਆ ਕਿ ਉਥੋਂ ਦੇ ਪੰਜਾਬੀਆਂ ਦਾ ਮੰਨਣਾ ਹੈ ਕਿ ਪੰਜਾਬ ਦੇ ਮੁੱਦਿਆਂ ਦਾ ਹੱਲ ਪੰਜਾਬ ਦੀ ਧਰਤੀ ਨਾਲ ਜੁੜੀਆਂ ਤਾਕਤਾਂ ਹੀ ਕਰ ਸਕਦੀਆਂ ਹਨ।ਢਿੱਲੋਂ ਨੇ ਕਿਹਾ ਕਿ ਕੈਨੇਡਾ ਵਿੱਚ ਰਹਿੰਦੇ ਪੰਜਾਬੀਆਂ ਨੇ ਸ਼੍ਰੋਮਣੀ ਅਕਾਲੀ ਦਲ ਦੇ ਇਤਿਹਾਸਕ ਯੋਗਦਾਨ ਨੂੰ ਯਾਦ ਕਰਦਿਆਂ ਕਿਹਾ ਕਿ ਪਾਰਟੀ ਨੇ ਹਮੇਸ਼ਾ ਪੰਜਾਬ, ਪੰਜਾਬੀਅਤ ਅਤੇ ਪੰਥ ਦੀ ਆਵਾਜ਼ ਨੂੰ ਬੁਲੰਦ ਕੀਤਾ ਹੈ। ਉਨ੍ਹਾਂ ਕਿਹਾ ਕਿ ਵਿਦੇਸ਼ਾਂ ਵਿੱਚ ਵਸਦੇ ਪੰਜਾਬੀ ਚਾਹੁੰਦੇ ਹਨ ਕਿ ਪੰਜਾਬ ਮੁੜ ਵਿਕਾਸ, ਅਮਨ ਅਤੇ ਖੁਸ਼ਹਾਲੀ ਦੇ ਰਾਹ ਉੱਤੇ ਅੱਗੇ ਵਧੇ ਅਤੇ ਨੌਜਵਾਨਾਂ ਨੂੰ ਆਪਣੇ ਸੂਬੇ ਵਿੱਚ ਹੀ ਬਿਹਤਰ ਮੌਕੇ ਮਿਲਣ। ਰਣਜੀਤ ਸਿੰਘ ਢਿੱਲੋਂ ਨੇ ਕਿਹਾ ਕਿ ਵਿਦੇਸ਼ ਦੌਰੇ ਦੌਰਾਨ ਮਿਲੇ ਪਿਆਰ, ਸਤਿਕਾਰ ਅਤੇ ਸਮਰਥਨ ਨੇ ਉਨ੍ਹਾਂ ਨੂੰ ਹੋਰ ਉਤਸ਼ਾਹਿਤ ਕੀਤਾ ਹੈ। ਉਨ੍ਹਾਂ ਕਿਹਾ ਕਿ ਉਹ ਪੰਜਾਬ ਵਿੱਚ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਅਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਹੋਰ ਵੱਧ ਤਨਦੇਹੀ ਨਾਲ ਕੰਮ ਕਰਨਗੇ। ਉਨ੍ਹਾਂ ਇਹ ਵੀ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੇ ਲੋਕਾਂ ਦੀਆਂ ਭਾਵਨਾਵਾਂ ਅਤੇ ਹੱਕਾਂ ਦੀ ਰਾਖੀ ਲਈ ਵਚਨਬੱਧ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਪਾਰਟੀ ਨੂੰ ਹੋਰ ਮਜ਼ਬੂਤ ਬਣਾਉਣ ਲਈ ਜਨ ਅਧਾਰ ਨੂੰ ਵਿਸ਼ਾਲ ਕੀਤਾ ਜਾਵੇਗਾ।